ਵੀਰਵਾਰ, 18 ਮਈ, 2023
4 ਜੇਠ { ਨਾਨਕਸ਼ਾਹੀ 555 / ਬਿਕਰਮੀ 2080
ਜਿਲਦ/VOL. : 71
ਅੰਕ/NO. : 347

# ਨਵਾਂ ਜ਼ਮਾਨਾ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

DAILY NAWAN ZAMANA • THURSDAY, 18 MAY, 2023 ਜਲੰਧਰ
You Tube nawan zamana TV
ਕੀਮਤ/PRICE : 5.00 ਰੁਪਏ Regd. No : Pb/JL-123/2021-23, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

## ਫੌਜ ਦੀ ਵਾਪਸੀ ਟਲੀ

**ਸ੍ਰੀਨਗਰ** : ਸਰਹੱਦ ਪਾਰੋਂ ਦਹਿਸ਼ਤਗਰਦਾਂ ਦੇ ਹਮਲਿਆਂ ਦੇ ਮੱਦੇਨਜ਼ਰ ਜੰਮੂ ਦੇ ਕੁਝ ਖੇਤਰਾਂ ਤੋਂ ਫੌਜ ਦੀ ਪੜਾਅਵਾਰ ਵਾਪਸੀ ਦੀ ਯੋਜਨਾ ਨੂੰ 'ਅਣਮਿੱਥੇ ਸਮੇਂ ਲਈ' ਟਾਲ ਦਿੱਤਾ ਗਿਆ ਹੈ। ਅਧਿਕਾਰੀਆਂ ਨੇ ਦੱਸਿਆ ਕਿ ਸਰਕਾਰ ਨੇ ਜੰਮੂ ਦੇ ਕੁਝ ਖੇਤਰਾਂ 'ਚ ਫੌਜ ਦੇ ਅੱਤਵਾਦ ਵਿਰੋਧੀ ਬਲ 'ਰਾਸ਼ਟਰੀ ਰਾਈਫਲਜ਼' ਦੇ ਜਵਾਨਾਂ ਦੀ ਤਾਇਨਾਤੀ ਨੂੰ ਘਟਾਉਣ ਅਤੇ ਸੁਰੱਖਿਆ ਜੰਮੂ-ਕਸ਼ਮੀਰ ਪੁਲਸ ਅਤੇ ਨੀਮ ਫੌਜੀ ਬਲਾਂ ਨੂੰ ਸੌਂਪਣ ਦੀ ਯੋਜਨਾ ਬਣਾਈ ਸੀ।

## ਮਨੀਪੁਰ ਦੇ ਕਬਾਇਲੀਆਂ ਦੀ ਰਾਖੀ ਕੀਤੀ ਜਾਵੇ : ਸੁਪਰੀਮ ਕੋਰਟ

**ਨਵੀਂ ਦਿੱਲੀ** : ਮਨੀਪੁਰ ਹਿੰਸਾ ਮਾਮਲੇ 'ਤੇ ਬੁੱਧਵਾਰ ਸੁਣਵਾਈ ਦੌਰਾਨ ਸੁਪਰੀਮ ਕੋਰਟ ਨੇ ਕਿਹਾ ਕਿ ਕਾਨੂੰਨ ਅਤੇ ਵਿਵਸਥਾ ਰਾਜ ਦਾ ਵਿਸ਼ਾ ਹੈ, ਪਰ ਉਹ ਇਹ ਯਕੀਨੀ ਬਣਾਏਗੀ ਕਿ ਰਾਜਨੀਤਕ ਤੰਤਰ ਅੱਖਾਂ ਬੰਦ ਨਾ ਕਰੇ। ਸੁਪਰੀਮ ਕੋਰਟ ਨੇ ਮੁੱਖ ਸਕੱਤਰ, ਉਨ੍ਹਾ ਦੇ ਸੁਰੱਖਿਆ ਸਲਾਹਕਾਰ ਨੂੰ ਕਬਾਇਲੀਆਂ 'ਤੇ ਸੰਭਾਵਤ ਹਮਲਿਆਂ ਬਾਰੇ ਚਿੰਤਾਵਾਂ ਦੂਰ ਕਰਨ ਲਈ ਢੁਕਵੇਂ ਕਦਮ ਚੁੱਕਣ ਲਈ ਕਿਹਾ। ਇਸ ਦੇ ਨਾਲ ਸੂਬਾ ਸਰਕਾਰ ਨੂੰ ਪ੍ਰਭਾਵਤ ਲੋਕਾਂ ਨੂੰ ਦਿੱਤੀ ਗਈ ਰਾਹਤ, ਸੁਰੱਖਿਆ ਅਤੇ ਮੁੜਵਸੇਬੇ ਬਾਰੇ ਤਾਜ਼ਾ ਸਥਿਤੀ ਰਿਪੋਰਟ ਦਾਇਰ ਕਰਨ ਦੇ ਨਿਰਦੇਸ਼ ਦਿੱਤੇ ਹਨ।

## ਅਮਿਤਾਭ ਤੇ ਅਨੁਸ਼ਕਾ ਨੂੰ ਲਿਫਟ ਦੇਣ ਵਾਲੇ ਚਲਾਨ ਕਰਵਾ ਬੈਠੇ

**ਮੁੰਬਈ** : ਪੁਲਸ ਨੇ ਸ਼ਹਿਰ 'ਚ ਅਮਿਤਾਭ ਬੱਚਨ ਅਤੇ ਅਨੁਸ਼ਕਾ ਸ਼ਰਮਾ ਨੂੰ 'ਲਿਫਟ' ਦੇਣ ਸਮੇਂ ਦੋ ਮੋਟਰਸਾਈਕਲ ਸਵਾਰਾਂ ਵੱਲੋਂ ਹੈਲਮਟ ਨਾ ਪਾਉਣ 'ਤੇ ਜੁਰਮਾਨਾ ਕੀਤਾ ਹੈ। ਲੋਕਾਂ ਵੱਲੋਂ ਸੋਸ਼ਲ ਮੀਡੀਆ 'ਤੇ ਨਿਯਮਾਂ ਦੀ ਉਲੰਘਣਾ ਦਾ ਮੁੱਦਾ ਉਠਾਏ ਜਾਣ ਤੋਂ ਬਾਅਦ ਇਹ ਕਾਰਵਾਈ ਕੀਤੀ ਗਈ। ਮੁੰਬਈ ਟ੍ਰੈਫਿਕ ਪੁਲਸ ਨੇ ਆਪਣੇ ਅਧਿਕਾਰਤ ਟਵਿੱਟਰ ਅਕਾਊਂਟ 'ਤੇ ਦੋਵਾਂ ਚਾਲਕਾਂ ਵਿਰੁੱਧ ਮੰਗਲਵਾਰ ਨੂੰ ਜਾਰੀ ਕੀਤੇ ਚਲਾਨ ਦੀਆਂ ਕਾਪੀਆਂ ਸਾਂਝੀਆਂ ਕੀਤੀਆਂ।

## ਪਾਕਿਸਤਾਨੀ ਡਰੋਨ ਫੁੰਡਿਆ

**ਅੰਮ੍ਰਿਤਸਰ** : ਬੀ ਐੱਸ ਐੱਫ ਨੇ ਅੰਮ੍ਰਿਤਸਰ ਦੇ ਕੱਕੜ ਪਿੰਡ 'ਚ ਪਾਕਿਸਤਾਨੀ ਡਰੋਨ ਡੇਗ ਕੇ 15.5 ਕਿਲੋ ਵਜ਼ਨ ਦੇ ਦੋ ਵੱਡੇ ਪੈਕੇਟ ਬਰਾਮਦ ਕੀਤੇ ਹਨ। ਇਨ੍ਹਾਂ ਪੈਕਟਾਂ 'ਚ ਹੈਰੋਇਨ ਹੋਣ ਦਾ ਸ਼ੱਕ ਹੈ।

## ਗਾਂਗੁਲੀ ਨੂੰ 'ਜ਼ੈੱਡ' ਸੁਰੱਖਿਆ

**ਕੋਲਕਾਤਾ** : ਪੱਛਮੀ ਬੰਗਾਲ ਸਰਕਾਰ ਨੇ ਭਾਰਤੀ ਕ੍ਰਿਕਟ ਟੀਮ ਦੇ ਸਾਬਕਾ ਕਪਤਾਨ ਸੌਰਵ ਗਾਂਗੁਲੀ ਦੀ ਸੁਰੱਖਿਆ ਨੂੰ 'ਜ਼ੈੱਡ' ਸ਼੍ਰੇਣੀ 'ਚ ਅੱਪਗ੍ਰੇਡ ਕਰਨ ਦਾ ਫੈਸਲਾ ਕੀਤਾ ਹੈ। ਗਾਂਗੁਲੀ ਨੂੰ ਪਹਿਲਾਂ 'ਵਾਈ' ਸ਼੍ਰੇਣੀ ਦੀ ਸੁਰੱਖਿਆ ਮਿਲੀ ਸੀ ਅਤੇ ਇਸ ਦੀ ਮਿਆਦ ਖਤਮ ਹੋਣ ਤੋਂ ਬਾਅਦ ਮੰਗਲਵਾਰ ਨੂੰ ਉਨ੍ਹਾ ਦੀ ਸੁਰੱਖਿਆ ਵਧਾਉਣ ਦਾ ਫੈਸਲਾ ਕੀਤਾ ਗਿਆ।

## ਸ਼ਿਵ ਕੁਮਾਰ ਖਿਲਾਫ ਪਟੀਸ਼ਨ 'ਤੇ ਸੁਣਵਾਈ 14 ਜੁਲਾਈ ਤੱਕ ਮੁਲਤਵੀ

**ਨਵੀਂ ਦਿੱਲੀ** : ਸੁਪਰੀਮ ਕੋਰਟ ਨੇ ਕਰਨਾਟਕ ਕਾਂਗਰਸ ਦੇ ਪ੍ਰਧਾਨ ਡੀ ਕੇ ਸ਼ਿਵਕੁਮਾਰ ਵਿਰੁੱਧ ਆਮਦਨ ਤੋਂ ਵੱਧ ਜਾਇਦਾਦ ਦੇ ਮਾਮਲੇ ਦੀ ਜਾਂਚ 'ਤੇ ਅੰਤਰਮ ਰੋਕ ਲਗਾਉਣ ਦੇ ਕਰਨਾਟਕ ਹਾਈ ਕੋਰਟ ਦੇ ਹੁਕਮ ਨੂੰ ਚੁਣੌਤੀ ਦੇਣ ਵਾਲੀ ਸੀ ਬੀ ਆਈ ਦੀ ਪਟੀਸ਼ਨ 'ਤੇ ਸੁਣਵਾਈ 14 ਜੁਲਾਈ ਤੱਕ ਮੁਲਤਵੀ ਕਰ ਦਿੱਤੀ ਹੈ।

## ਨਿਵੇਸ਼ ਤੇ ਨਿਰਯਾਤ ਹੋ ਸਕਦਾ ਹੈ ਪ੍ਰਭਾਵਤ

**ਸੰਯੁਕਤ ਰਾਸ਼ਟਰ** : ਮਜ਼ਬੂਤ ਘਰੇਲੂ ਮੰਗ ਕਾਰਨ ਭਾਰਤੀ ਅਰਥ ਵਿਵਸਥਾ 2024 ਕੈਲੰਡਰ ਸਾਲ 'ਚ 6.7 ਫੀਸਦੀ ਦੀ ਦਰ ਨਾਲ ਵਧਣ ਦੀ ਉਮੀਦ ਹੈ। ਸੰਯੁਕਤ ਰਾਸ਼ਟਰ ਦੀ ਰਿਪੋਰਟ 'ਚ ਇਹ ਅਨੁਮਾਨ ਲਗਾਇਆ ਗਿਆ ਹੈ। ਹਾਲਾਂਕਿ ਰਿਪੋਰਟ 'ਚ ਕਿਹਾ ਗਿਆ ਹੈ ਕਿ ਉੱਚ ਵਿਆਜ ਦਰਾਂ ਅਤੇ ਕਮਜ਼ੋਰ ਬਾਹਰੀ ਮੰਗ ਇਸ ਸਾਲ ਦੇਸ਼ ਦੇ ਨਿਵੇਸ਼ ਅਤੇ ਨਿਰਯਾਤ ਨੂੰ ਪ੍ਰਭਾਵਤ ਕਰੇਗੀ।

## ਅਡਾਨੀ ਮਾਮਲੇ 'ਚ 14 ਅਗਸਤ ਤੱਕ ਜਾਂਚ ਪੂਰੀ ਕਰਨ ਦੇ ਨਿਰਦੇਸ਼

**ਨਵੀਂ ਦਿੱਲੀ** : ਸੁਪਰੀਮ ਕੋਰਟ ਨੇ ਸੇਬੀ ਨੂੰ ਗੌਤਮ ਅਡਾਨੀ ਦੀ ਅਗਵਾਈ ਵਾਲੇ ਸਮੂਹ ਵੱਲੋਂ ਸ਼ੇਅਰਾਂ ਦੀਆਂ ਕੀਮਤਾਂ 'ਚ ਹੇਰਾਫੇਰੀ ਦੇ ਦੋਸ਼ਾਂ ਦੀ ਜਾਂਚ ਪੂਰੀ ਕਰਨ ਲਈ 14 ਅਗਸਤ ਤੱਕ ਦਾ ਸਮਾਂ ਦਿੱਤਾ ਹੈ। ਸੁਪਰੀਮ ਕੋਰਟ ਨੇ ਸੇਬੀ ਨੂੰ ਆਪਣੀ ਹੁਣ ਤੱਕ ਕੀਤੀ ਜਾਂਚ ਦੀ ਰਿਪੋਰਟ ਦਾਖਲ ਕਰਨ ਲਈ ਕਿਹਾ। ਅਦਾਲਤ ਨੇ ਅਡਾਨੀ ਕੇਸ 'ਚ ਸਾਬਕਾ ਜਸਟਿਸ ਏ ਐੱਮ ਸਪਰੇ ਦੀ ਅਗਵਾਈ ਵਾਲੀ ਕਮੇਟੀ ਦੀ ਰਿਪੋਰਟ ਨੂੰ ਸਾਰੀਆਂ ਧਿਰਾਂ ਨਾਲ ਸਾਂਝਾ ਕਰਨ ਦੇ ਹੁਕਮ ਦਿੱਤੇ ਹਨ। ਇਸ ਦੇ ਨਾਲ ਉਸ ਨੇ ਕਿਹਾ ਕਿ ਉਹ ਅਡਾਨੀ ਹਿੰਡਨਬਰਗ ਮਾਮਲੇ ਦੀ ਸੁਣਵਾਈ 11 ਜੁਲਾਈ ਨੂੰ ਕਰੇਗੀ।

## ਜੁੱਤੀਆਂ ਸਣੇ ਗੁਰਦੁਆਰੇ 'ਚ ਦਾਖਲ ਹੋਣ ਵਾਲਾ ਗ੍ਰਿਫਤਾਰ

**ਪਟਿਆਲਾ** : ਰਾਜਪੁਰਾ ਸ਼ਹਿਰ ਦੇ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ 'ਚ ਕਥਿਤ ਤੌਰ 'ਤੇ ਜੁੱਤੀਆਂ ਸਣੇ ਤੇ ਨੰਗੇ ਸਿਰ ਦਾਖਲ ਹੋਣ ਵਾਲੇ ਸਾਹਿਲ ਨੂੰ ਸੇਵਾਦਾਰਾਂ ਨੇ ਫੜ ਕੇ ਪੁਲਸ ਹਵਾਲੇ ਕਰ ਦਿੱਤਾ। ਬੁੱਧਵਾਰ ਸਵੇਰੇ ਇਹ ਖਬਰ ਫੈਲਦਿਆਂ ਹੀ ਥਾਣਾ ਸਿਟੀ (ਸਿਟੀ) ਰਾਜਪੁਰਾ ਦੇ ਬਾਹਰ ਵੱਡੀ ਗਿਣਤੀ ਵਿੱਚ ਲੋਕ ਇਕੱਠੇ ਹੋ ਗਏ। ਸਿਟੀ ਇੰਸਪੈਕਟਰ ਰਾਜੇਸ਼ ਮਲਹੋਤਰਾ ਨੇ ਦੱਸਿਆ ਕਿ ਮੁਲਜ਼ਮ ਖਿਲਾਫ ਧਾਰਾ 295 ਏ (ਜਾਣਬੁੱਝ ਕੇ ਧਾਰਮਕ ਭਾਵਨਾਵਾਂ ਨੂੰ ਭੜਕਾਉਣਾ) ਦੇ ਤਹਿਤ ਮਾਮਲਾ ਦਰਜ ਕੀਤਾ ਗਿਆ ਹੈ। ਮੁਲਜ਼ਮ ਦੀ ਮਾਂ ਨੇ ਦੱਸਿਆ ਕਿ ਉਸ ਦੇ ਪੁੱਤ ਦਾ ਪਟਿਆਲਾ ਦੇ ਹਸਪਤਾਲ 'ਚ ਇਲਾਜ ਚੱਲ ਰਿਹਾ ਹੈ।

# ਗਡਵਾਸੂ ਦੇ ਟੀਚਿੰਗ ਅਤੇ ਨਾਨ-ਟੀਚਿੰਗ ਸਟਾਫ ਲਈ ਯੂ ਜੀ ਸੀ ਸਕੇਲ ਮਨਜ਼ੂਰ

### ਜਲੰਧਰ 'ਚ ਹੋਈ ਕੈਬਨਿਟ ਮੀਟਿੰਗ ਨੇ ਕੀਤੇ ਕਈ ਹੋਰ ਅਹਿਮ ਫੈਸਲੇ



**ਜਲੰਧਰ. (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ, ਇਕਬਾਲ ਸਿੰਘ ਉੱਭੀ)**-ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਕੈਬਨਿਟ ਨੇ ਗੁਰੂ ਅੰਗਦ ਦੇਵ ਵੈਟਰਨਰੀ ਸਾਇੰਸਜ਼ ਯੂਨੀਵਰਸਿਟੀ (ਗਡਵਾਸੂ) ਦੇ ਟੀਚਿੰਗ ਤੇ ਨਾਨ-ਟੀਚਿੰਗ ਸਟਾਫ਼ ਲਈ ਯੂ.ਜੀ.ਸੀ. ਸਕੇਲ ਲਾਗੂ ਕਰਨ ਦੀ ਮਨਜ਼ੂਰੀ ਦੇ ਦਿੱਤੀ ਹੈ।

ਇਸ ਸੰਬੰਧੀ ਫੈਸਲਾ ਬੁੱਧਵਾਰ ਇੱਥੇ ਪੀ.ਏ.ਪੀ. ਕੰਪਲੈਕਸ ਵਿੱਚ ਮੁੱਖ ਮੰਤਰੀ ਦੀ ਅਗਵਾਈ ਹੇਠ ਹੋਈ ਮੰਤਰੀ ਮੰਡਲ ਦੀ ਮੀਟਿੰਗ ਵਿੱਚ ਲਿਆ ਗਿਆ। ਇਹ ਖੁਲਾਸਾ ਕਰਦਿਆਂ ਇੱਥੇ ਮੁੱਖ ਮੰਤਰੀ ਦਫਤਰ ਦੇ ਇਕ ਬੁਲਾਰੇ ਨੇ ਦੱਸਿਆ ਕਿ ਇਸ ਇਤਿਹਾਸਕ ਫੈਸਲੇ ਦਾ ਉਦੇਸ਼ ਪ੍ਰਮੁੱਖ ਵੈਟਰਨਰੀ ਯੂਨੀਵਰਸਿਟੀ ਦੇ ਸਟਾਫ ਨੂੰ ਆਪਣੀ ਡਿਊਟੀ ਕੁਸ਼ਲਤਾ ਨਾਲ ਨਿਭਾਉਣ ਲਈ ਉਤਸ਼ਾਹਿਤ ਕਰਨਾ ਹੈ। ਇਸ ਫੈਸਲੇ ਨਾਲ ਜਿੱਥੇ ਟੀਚਿੰਗ ਤੇ ਨਾਨ-ਟੀਚਿੰਗ ਸਟਾਫ਼ ਦੀਆਂ ਕੋਸ਼ਿਸ਼ਾਂ ਨਾਲ ਇਕ ਪਾਸੇ ਪੰਜਾਬ ਦੇ ਕਿਸਾਨਾਂ ਦੀ ਤਕਦੀਰ ਬਦਲੇਗੀ, ਉੱਥੇ ਦੂਜੇ ਪਾਸੇ ਪੰਜਾਬ ਬਾਕੀ ਸੂਬਿਆਂ ਤੋਂ ਮੋਹਰੀ ਬਣੇਗਾ।

ਵਜ਼ਾਰਤ ਨੇ ਪੰਜਾਬ ਰੈਵੇਨਿਊ ਪਟਵਾਰੀ (ਗਰੁੱਪ 3) ਸੇਵਾ ਨਿਯਮ 1966 ਨੂੰ ਰੱਦ ਕਰਨ ਅਤੇ ਪੰਜਾਬ ਰੈਵੇਨਿਊ ਪਟਵਾਰੀ (ਗਰੁੱਪ 3) ਸੇਵਾ ਨਿਯਮ 2023 ਦੇ ਖਰੜੇ ਨੂੰ ਵੀ ਪ੍ਰਵਾਨਗੀ ਦੇ ਦਿੱਤੀ। ਇਸ ਫੈਸਲੇ ਨਾਲ ਨਵੇਂ ਪਟਵਾਰੀ ਆਪਣੇ ਪਰਖ ਕਾਲ ਦੌਰਾਨ ਹੀ ਆਪਣੀ ਸਿਖਲਾਈ ਪੂਰੀ ਕਰਨ ਦੇ ਯੋਗ ਹੋਣਗੇ। ਨਵੇਂ ਨਿਯਮਾਂ ਮੁਤਾਬਕ ਪਟਵਾਰੀਆਂ ਲਈ ਪਹਿਲਾਂ ਚੱਲਦਾ ਸਿਖਲਾਈ ਦਾ ਡੇਢ ਸਾਲ ਦਾ ਸਮਾਂ, ਜਿਸ ਵਿੱਚ ਇਕ ਸਾਲ ਦੀ ਪਟਵਾਰ ਸਕੂਲ ਸਿਖਲਾਈ ਤੇ ਛੇ ਮਹੀਨੇ ਦੀ ਫੀਲਡ ਸਿਖਲਾਈ ਹੁੰਦੀ ਸੀ, ਨੂੰ ਹੁਣ ਘਟਾ ਕੇ ਇਕ ਸਾਲ ਕਰ ਦਿੱਤਾ ਗਿਆ ਹੈ। ਇਸ ਤਹਿਤ ਹੁਣ ਨੌਂ ਮਹੀਨਿਆਂ ਦੀ ਪਟਵਾਰ ਸਕੂਲ ਸਿਖਲਾਈ ਅਤੇ ਤਿੰਨ ਮਹੀਨਿਆਂ ਦੀ ਫੀਲਡ ਸਿਖਲਾਈ ਹੋਵੇਗੀ।

ਵਜ਼ਾਰਤ ਨੇ ਕਰ ਤੇ ਆਬਕਾਰੀ ਮਹਿਕਮੇ ਦੀ ਕਾਰਜਪ੍ਰਣਾਲੀ ਨੂੰ ਸੁਚਾਰੂ ਬਣਾਉਣ ਦੇ ਉਦੇਸ਼ ਨਾਲ ਵਿਭਾਗ ਵਿੱਚ ਐੱਸ.ਏ.ਐੱਸ. ਕਾਡਰ ਦੀਆਂ 18 ਆਸਾਮੀਆਂ ਸਿਰਜਣ ਦੀ ਮਨਜ਼ੂਰੀ ਦੇ ਦਿੱਤੀ। ਵਿਭਾਗ ਦਾ ਮੁੱਖ ਕਾਰਜ ਜੀ.ਐੱਸ.ਟੀ., ਵੈਟ, ਐਕਸਾਈਜ਼ ਤੇ ਹੋਰ ਟੈਕਸ ਇਕੱਤਰ ਕਰਨਾ ਹੈ। ਵਿਭਾਗ ● ਬਾਕੀ ਸਫ਼ਾ 2 'ਤੇ

# ਜਲੰਧਰ ਜ਼ਿਲ੍ਹੇ ਦੇ ਵਿਕਾਸ ਕਾਰਜਾਂ ਲਈ 100 ਕਰੋੜ ਤੋਂ ਵੱਧ ਗਰਾਂਟ

**ਜਲੰਧਰ** : ਜਲੰਧਰ ਲੋਕ ਸਭਾ ਹਲਕੇ ਦੇ ਵਾਸੀਆਂ ਲਈ ਵੱਡੇ ਤੋਹਫੇ ਦਾ ਐਲਾਨ ਕਰਦਿਆਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਬੁੱਧਵਾਰ ਜਲੰਧਰ ਜ਼ਿਲ੍ਹੇ ਦੇ ਵਿਕਾਸ ਕਾਰਜਾਂ ਲਈ 100 ਕਰੋੜ ਤੋਂ ਵੱਧ ਗਰਾਂਟ ਰਾਸ਼ੀ ਦੇਣ ਦਾ ਐਲਾਨ ਕੀਤਾ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਪਾਰਟੀ ਦੇ ਹੱਕ ਵਿੱਚ ਦਿੱਤੇ ਸ਼ਾਨਦਾਰ ਫਤਵੇ ਲਈ ਉਹ ਨਿੱਜੀ ਤੌਰ 'ਤੇ ਜਲੰਧਰ ਸੰਸਦੀ ਹਲਕੇ ਦੇ ਵੋਟਰਾਂ ਦੇ ਰਿਣੀ ਹਨ। ਭਗਵੰਤ ਮਾਨ ਨੇ ਕਿਹਾ, 'ਜਲੰਧਰ ਵਾਸੀਆਂ ਨੇ ਈ ਵੀ ਐੱਮ ਦਾ ਇੱਕ ਬਟਨ ਨੱਪ ਕੇ ਉਨ੍ਹਾਂ ਲੋਕਾਂ ਦੇ ਮੂੰਹ ਬੰਦ ਕਰ ਦਿੱਤੇ ਹਨ, ਜੋ ਇਸ ਮੁਹਿੰਮ ਦੌਰਾਨ ਮੇਰੇ ਖਿਲਾਫ ਜ਼ਹਿਰ ਉਗਲ ਰਹੇ ਸਨ।'

ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਨੇ ਸ਼ਹਿਰ ਦਾ ਵਿਕਾਸ ਕਰਨ ਲਈ 95 ਕਰੋੜ ਰੁਪਏ ਨਗਰ ਨਿਗਮ ਜਲੰਧਰ ਨੂੰ ਭੇਜ ਵੀ ਦਿੱਤੇ ਗਏ ਹਨ। ਉਨ੍ਹਾ ਕਿਹਾ ਕਿ ਇਨ੍ਹਾਂ ਫੰਡਾਂ ਦੀ ਵਰਤੋਂ ਨਗਰ ਨਿਗਮ ਵੱਲੋਂ ਸ਼ਹਿਰ ਦੇ ਵੱਖ-ਵੱਖ ਹਿੱਸਿਆਂ ਵਿੱਚ ਵਿਕਾਸ ਕਾਰਜਾਂ ਲਈ ਕੀਤੀ ਜਾਵੇਗੀ। ਇਸੇ ਤਰ੍ਹਾਂ ਮੁੱਖ ਮੰਤਰੀ ਨੇ ਕਿਹਾ ਕਿ 13.74 ਕਰੋੜ ਰੁਪਏ ਦੀ ਲਾਗਤ ਨਾਲ ਜਲੰਧਰ-ਆਦਮਪੁਰ-ਹੁਸ਼ਿਆਰਪੁਰ ਸੜਕ ਦਾ ਕਾਰਜ ਮੁਕੰਮਲ ਕੀਤਾ ਜਾਵੇਗਾ। ਉਨ੍ਹਾ ਕਿਹਾ ਕਿ ਇਸ ਅਹਿਮ ਪ੍ਰਾਜੈਕਟ ਦਾ ਕੰਮ ਸਤੰਬਰ ਤੱਕ ਮੁਕੰਮਲ ਕਰ ਲਿਆ ਜਾਵੇਗਾ। ਉਹਨਾ ਕਿਹਾ ਕਿ ਨਕੋਦਰ ਤੋਂ ਗੁਰਾਇਆ ਵਾਇਆ ਜੰਡਿਆਲਾ ਤੱਕ 17.46 ਕਿਲੋਮੀਟਰ ਲੰਮੀ ਸੜਕ ਦੇ ਨਿਰਮਾਣ ਦਾ ਕੰਮ ਵੀ ਸਤੰਬਰ ਤੱਕ ਮੁਕੰਮਲ ਕਰ ਲਿਆ ਜਾਵੇਗਾ।

ਮੁੱਖ ਮੰਤਰੀ ਨੇ ਕਿਹਾ ਕਿ ਜ਼ਿਲ੍ਹੇ ਦੇ ਲੋਕਾਂ ਲਈ ਅੱਜ ਦਾ ਦਿਨ 'ਇਤਿਹਾਸਕ ਦਿਨ' ਹੈ, ਕਿਉਂਕਿ ਇਸ ਪ੍ਰਾਜੈਕਟ ਦੇ ਮੁਕੰਮਲ ਹੋਣ ਨਾਲ ਲੋਕਾਂ ਨੂੰ ਵੱਡੀ ਸਹੂਲਤ ਮਿਲੇਗੀ, ਕਿਉਂਕਿ ਇਸ ਨਾਲ ਜਲੰਧਰ ਸ਼ਹਿਰ ਤੋਂ ਹੁਸ਼ਿਆਰਪੁਰ ਜਾਣ ਵਾਲੇ ਲੋਕਾਂ ਅਤੇ ਮਾਤਾ ਚਿੰਤਪੁਰਨੀ ਦੇ ਪਵਿੱਤਰ ਅਸਥਾਨ ਦੇ ਦਰਸ਼ਨ ਲਈ ਜਾਣ ਵਾਲਿਆਂ ਅਤੇ ਹੋਰ ਥਾਵਾਂ ਉਤੇ ਪਹੁੰਚਣ ਵਾਲੇ ਰਾਹਗੀਰਾਂ ਨੂੰ ਬਹੁਤ ਵੱਡੀ ਸਹੂਲਤ ਮਿਲੇਗੀ। ਭਗਵੰਤ ਮਾਨ ਨੇ ਕਿਹਾ ਕਿ ਇਹ ਪ੍ਰੋਜੈਕਟ ਮੁਕੰਮਲ ਹੋਣ ਨਾਲ ਇਸ ਖੇਤਰ ਵਿੱਚ ਵਪਾਰ ਅਤੇ ਉਦਯੋਗ ਨੂੰ ਵੀ ਢੁਕਵਾਂ ਹੁਲਾਰਾ ਮਿਲੇਗਾ।

ਮੁੱਖ ਮੰਤਰੀ ਨੇ ਸਪੱਸ਼ਟ ਤੌਰ 'ਤੇ ਕਿਹਾ ਕਿ ਇਸ ਸੜਕ ਦਾ ਕੰਮ ਸ਼ੁਰੂ ਹੋਣਾ ਸੂਬਾ ਸਰਕਾਰ ਦੀ ਲੋਕਾਂ ਨਾਲ ਕੀਤੇ ਵਾਅਦਿਆਂ ਨੂੰ ਪੂਰਾ ਕਰਨ ਪ੍ਰਤੀ ਗੰਭੀਰਤਾ ਨੂੰ ਦਰਸਾਉਂਦਾ ਹੈ।

ਉ ਨ੍ਹਾਂ ● ਬਾਕੀ ਸਫ਼ਾ 2 'ਤੇ

# ਧਰਤੀ ਨਾਲ ਜੁੜੇ ਲੋਕ ਹੀ ਹੁੰਦੇ ਨੇ ਸੱਭਿਆਚਾਰ ਦੇ ਅਸਲ ਨੁਮਾਇੰਦੇ : ਭਗਵੰਤ ਮਾਨ

### ਹਰਦੇਵ ਅਰਸ਼ੀ ਦੀ ਜੀਵਨੀ 'ਰੋਹੀ ਦਾ ਲਾਲ' ਲੋਕ ਅਰਪਣ




**ਚੰਡੀਗੜ੍ਹ** : ਪੰਜਾਬ ਭਵਨ ਵਿੱਚ ਸਾਬਕਾ ਵਿਧਾਇਕ ਤੇ ਸੀਨੀਅਰ ਸੀ ਪੀ ਆਈ ਨੇਤਾ ਹਰਦੇਵ ਅਰਸ਼ੀ ਦੀ ਜੀਵਨੀ 'ਰੋਹੀ ਦਾ ਲਾਲ : ਹਰਦੇਵ ਅਰਸ਼ੀ' ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਬੁੱਧਵਾਰ ਰਿਲੀਜ਼ ਕੀਤੀ ਗਈ, ਜਿਸ ਨੂੰ ਪ੍ਰਸਿੱਧ ਲੇਖਕ ਜਸਪਾਲ ਮਾਨਖੇੜਾ ਨੇ ਲਿਖਿਆ ਹੈ। ਸਾਰੇ ਮਹਿਮਾਨਾਂ ਦਾ ਸੁਆਗਤ ਕਰਦਿਆਂ ਪੰਜਾਬੀ ਲੇਖਕ ਸਭਾ ਚੰਡੀਗੜ੍ਹ ਦੇ ਪ੍ਰਧਾਨ ਬਲਕਾਰ ਸਿੱਧੂ ਨੇ ਕਿਹਾ ਕਿ ਮੁੱਖ ਮੰਤਰੀ ਦਾ ਕਲਾਕਾਰਾਂ ਤੇ ਸਾਹਿਤਕਾਰਾਂ ਪ੍ਰਤੀ ਪਿਆਰ ਇਸ ਗੱਲ ਨਾਲ ਹੀ ਜ਼ਾਹਿਰ ਹੋ ਜਾਂਦਾ ਹੈ ਕਿ ਬਹੁਤ ਰੁਝੇਵਿਆਂ ਦੇ ਬਾਵਜੂਦ ਉਨ੍ਹਾ ਕਿਤਾਬ ਰਿਲੀਜ਼ ਕਰਨ ਵਾਸਤੇ ਸਮਾਂ ਕੱਢਿਆ।

ਆਪਣੇ ਉਦਘਾਟਨੀ ਸ਼ਬਦਾਂ ਵਿੱਚ ਸੀ ਪੀ ਆਈ ਪੰਜਾਬ ਦੇ ਐਕਟਿੰਗ ਸਕੱਤਰ ਨਿਰਮਲ ਸਿੰਘ ਧਾਲੀਵਾਲ ਨੇ ਕਿਹਾ ਕਿ ਹਰਦੇਵ ਅਰਸ਼ੀ ਦੀ ਜੀਵਨੀ ਕਿਸੇ ਲਈ ਵੀ ਪ੍ਰੇਰਨਾਸਰੋਤ ਹੋ ਸਕਦੀ ਹੈ।

ਮੁੱਖ ਮੰਤਰੀ ਭਗਵੰਤ ਮਾਨ ਨੇ ਹਰਦੇਵ ਅਰਸ਼ੀ ਦੀ ਸ਼ਖ਼ਸੀਅਤ ਦੇ ਵੱਖ-ਵੱਖ ਪਹਿਲੂਆਂ ਦਾ ਵਿਸਥਾਰ ਨਾਲ ਜ਼ਿਕਰ ਕਰਦਿਆਂ ਉਹਨਾ ਨੂੰ ਇੱਕ ਪਾਕ-ਦਾਮਨ ਸਿਆਸਤਦਾਨ ਦੱਸਿਆ, ਜਿਨ੍ਹਾ ਦਾ ਲੰਮਾ ਸੰਘਰਸ਼ੀ ਤੇ ਬੇਦਾਗ਼ ਸਿਆਸੀ ਸਫ਼ਰ ਲਾਮਿਸਾਲ ਹੈ। ਉਹ ਦੋ ਵਾਰ ਪੰਜਾਬ ਵਿਧਾਨ ਸਭਾ ਵਿੱਚ ਬੁਢਲਾਡਾ ਹਲਕੇ ਦੀ ਨੁਮਾਇੰਦਗੀ ਕਰ ਚੁੱਕੇ ਹਨ। ਇਹ ਉਹਨਾ ਦੇ ਸਮਰਪਣ ਦਾ ਹੀ ਪ੍ਰਤੀਕ ਹੈ ਕਿ ਉਹਨਾ ਨੂੰ 'ਸਰਵੋਤਮ ਵਿਧਾਨਕਾਰ' ਵਜੋਂ ਸਨਮਾਨਤ ਕੀਤਾ ਗਿਆ।

ਮੁੱਖ ਮੰਤਰੀ ਨੇ ਕਿਹਾ ਕਿ ਹਰਦੇਵ ਅਰਸ਼ੀ ਦੀ ਵਿਧਾਨਿਕ ਕੰਮਕਾਜ ਬਾਰੇ ਗਹਿਰੀ ਪਕੜ ਹੈ ਤੇ ਉਹ ਖੁਦ ਵੀ ਮੈਂਬਰ ਪਾਰਲੀਮੈਂਟ ਹੁੰਦਿਆਂ ਕਈ ਮੁੱਦਿਆਂ 'ਤੇ ਉਹਨਾ ਦੀ ਸਲਾਹ ਲੈਂਦੇ ਰਹੇ ਹਨ। ਭਗਵੰਤ ਮਾਨ ਨੇ ਕਿਹਾ ਕਿ ਕਾਮਰੇਡ ਅਰਸ਼ੀ ਟਿੱਬਿਆਂ ਦੀ ਧਰਤੀ 'ਚ ਉੱਗੇ ਉਹ ਫੁੱਲ ਹਨ, ਜਿਨ੍ਹਾ ਆਪਣੀ ਘਾਲਣਾ ਤੇ ਮਹਿਕ ਸਦਕਾ ਸਾਰੇ ਇਲਾਕੇ ਦੀ ਇੱਜ਼ਤ ਵਧਾਈ ਹੈ।

ਮੁੱਖ ਮੰਤਰੀ ਨੇ ਇਸ ਮੌਕੇ ਆਪਣੇ ਵੱਖ-ਵੱਖ ਤਜਰਬੇ ਸਾਂਝੇ ਕਰਦਿਆਂ ਕਿਹਾ ਕਿ ਕਲਾ ਤੇ ਸਾਹਿਤ ਪੰਜਾਬ ਦੇ ਅਮੀਰ ਸੱਭਿਆਚਾਰ ਤੇ ਵਿਰਾਸਤ ਨੂੰ ਪੀੜ੍ਹੀ-ਦਰ-ਪੀੜ੍ਹੀ ਅੱਗੇ ਤੋਰੀ ਰੱਖਣ ਲਈ ਪੁਲ ਵਾਂਗੂੰ ਕੰਮ ਕਰਦੇ ਹਨ ਤੇ ਉਹਨਾ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਇਹ ਹਮੇਸ਼ਾ ਕੋਸ਼ਿਸ਼ ਰਹੇਗੀ ਕਿ ਪੰਜਾਬ ਦੀਆਂ ਕਦਰਾਂ-ਕੀਮਤਾਂ ਨੂੰ ਕਦੇ ਢਾਹ ਨਾ ਲੱਗੇ।

ਮੁੱਖ ਬੁਲਾਰੇ ਵਜੋਂ ਬੋਲਦਿਆਂ ਡਾ. ਸੁਖਦੇਵ ਸਿੰਘ ਸਿਰਸਾ ਨੇ ਕਿਹਾ ਕਿ ਦੇਸ਼ ਦੇ ਅਜੋਕੇ ਭ੍ਰਿਸ਼ਟ ਸੱਭਿਆਚਾਰ ਤੇ ਖੋਹ-ਖਿੰਝ ਵਾਲੇ ਮੰਜ਼ਰ ਵਿੱਚ ਹਰਦੇਵ ਅਰਸ਼ੀ ਦੀ ਬੇਦਾਗ਼ ਸ਼ਖ਼ਸੀਅਤ ਪ੍ਰੇਰਿਤ ਕਰਨ ਵਾਲੀ ਹੈ। ਉਹਨਾ ਮੁੱਖ ਮੰਤਰੀ ਨੂੰ ਕਿਹਾ ਕਿ ਸੂਬੇ ਵਿਚ ਪੰਜਾਬੀ ਭਾਸ਼ਾ ਦੇ ਪਸਾਰ-ਪ੍ਰਚਾਰ ਲਈ ਸਾਹਿਤਕ ਜਥੇਬੰਦੀਆਂ ਕੋਲੋਂ ਸਹਿਯੋਗ ਲਿਆ ਜਾਵੇ।

ਇਸ ਜੀਵਨੀ ਦੇ ਲੇਖਕ ਤੇ ਪ੍ਰਸਿੱਧ ਕਹਾਣੀਕਾਰ ਜਸਪਾਲ ਮਾਨਖੇੜਾ ਨੇ ਰਾਹਤ ਇੰਦੌਰੀ ਦੇ ਇੱਕ ਸ਼ੇਅਰ ਦੇ ਹਵਾਲੇ ਨਾਲ ਕਿਹਾ ਕਿ ਕਾਮਰੇਡ ਅਰਸ਼ੀ ਦਾ ਸਮੁੱਚਾ ਜੀਵਨ ਇਨਕਲਾਬੀ ਸੋਚ ਦੀ ਤਰਜਮਾਨੀ ਕਰਦਿਆਂ ਨਵੀਂਆਂ ਪੈੜਾਂ ਪਾਉਣ ਦੇ ਸਮਰੱਥ ਹੈ।

ਹਰਦੇਵ ਅਰਸ਼ੀ ਨੇ ਆਪਣੇ ਸੰਬੋਧਨ ਵਿਚ ਕਿਹਾ ਕਿ ਉਨ੍ਹਾ ਦੀ ਕੋਈ ਵੀ ਪ੍ਰਾਪਤੀ ਪਰਵਾਰ ਤੇ ਖਾਸ ਕਰ ਉਨ੍ਹਾ ਦੀ ਜੀਵਨ ਸਾਥਣ ਦਲਜੀਤ ਕੌਰ ਅਰਸ਼ੀ ਦੇ ਸਹਿਯੋਗ ਬਗ਼ੈਰ ਅਧੂਰੀ ਹੈ। ਲੋਕ ਸੇਵਾ ਦੇ ਜਜ਼ਬੇ ਨਾਲ ਹੀ ਉਹ ਇਹ ਸਭ ਰੁਤਬੇ ਹਾਸਲ ਕਰ ਪਾਏ ਹਨ।

ਬਹੁਤ ਵਧੀਆ ਤਰੀਕੇ ਨਾਲ ਮੰਚ ਸੰਚਾਲਨ ਕਰਦਿਆਂ ਗੁਰਨਾਮ ਕੰਵਰ ਨੇ ਕਿਹਾ ਕਿ ਅਰਸ਼ਾਂ 'ਤੇ ਉੱਡਦਾ ਹੋਇਆ ਵੀ ਅਰਸ਼ੀ ਆਪਣੇ ਪੈਰ ਜ਼ਮੀਨ ਉੱਤੇ ਹੀ ਰੱਖਦਾ ਹੈ। ਉਹਨਾ ਦੀ ਜ਼ਿੰਦਗੀ ਦੀ ਕਹਾਣੀ ਨਾਵਲ ਵਰਗੀ ਦਿਲਖਿੱਚਵੀਂ ਤੇ ਰੋਚਕ ਹੈ।

ਸਮਾਗਮ ਦੀ ਪ੍ਰਧਾਨਗੀ ਕਰਦਿਆਂ ਨਾਮਵਰ ਪੱਤਰਕਾਰ ਜਤਿੰਦਰ ਪਨੂੰ ਨੇ ਕਾਮਰੇਡ ਅਰਸ਼ੀ ਨਾਲ ਆਪਣੀ ਲੰਮੀ ਸਾਂਝ ਦਾ ਜ਼ਿਕਰ ਕਰਦਿਆਂ ਕਿਹਾ ਕਿ ਅਜਿਹੀਆਂ ਸ਼ਖ਼ਸੀਅਤਾਂ ਸਮਾਜ ਦੇ ਰਾਹ-ਦਸੇਰੇ ਬਣ ਕੇ ਅਗਵਾਈ ਕਰਨ ਦੇ ਸਮਰੱਥ ਹੁੰਦੀਆਂ ਹਨ। ਉਹਨਾ ਕਿਹਾ ਕਿ ਚੰਗੀ ● ਬਾਕੀ ਸਫ਼ਾ 2 'ਤੇ

# ਬਿਨਾਂ ਚੀਰ-ਫਾੜ ਦਿਲ ਦੀ ਸਰਜਰੀ



ਡਾ. ਜੀਤ ਰਾਮ ਕਸ਼ਯਪ

**ਚੰਡੀਗੜ੍ਹ** : ਇਥੋਂ ਦੇ ਸਰਕਾਰੀ ਮੈਡੀਕਲ ਕਾਲਜ ਅਤੇ ਹਸਪਤਾਲ (ਜੀ ਐੱਮ ਸੀ ਐੱਚ-32) 'ਚ ਪਹਿਲੀ ਵਾਰ ਹਿਮਾਚਲ ਦੇ 71 ਸਾਲਾ ਬੀ ਐੱਸ ਠਾਕੁਰ ਦੀ ਟਰਾਂਸਕੇਥੀਟਰ ਐਓਰਟਿਕ ਵਾਲਵ ਰਿਪਲੇਸਮੈਂਟ (ਟੀ ਏ ਵੀ ਆਰ) ਤਕਨੀਕ ਨਾਲ ਦਿਲ ਦੀ ਸਰਜਰੀ ਕੀਤੀ ਗਈ। ਐਓਰਟਿਕ ਸਟੈਨੋਸਿਸ ਤੋਂ ਪੀੜਤ ਮਰੀਜ਼ਾਂ ਲਈ ਇਸ ਤਕਨੀਕ ਰਾਹੀਂ ਦਿਲ ਦੀ ਸਰਜਰੀ ਸ਼ੁਰੂ ਕੀਤੀ ਗਈ ਹੈ। ਇਹ ਸਰਜਰੀ ਕਾਰਡੀਓਲਾਜੀ ਵਿਭਾਗ ਦੇ ਡਾ. ਜੀਤ ਰਾਮ ਕਸ਼ਯਪ ਦੀ ਟੀਮ ਵੱਲੋਂ ਵਿਭਾਗ ਦੇ ਮੁਖੀ ਪ੍ਰੋਫੈਸਰ ਸ੍ਰੀਨਿਵਾਸ ਰੈੱਡੀ ਦੀ ਅਗਵਾਈ ਹੇਠ ਕੀਤੀ ਗਈ। ਇਹ ਓਪਨ ਹਾਰਟ ਤੋਂ ਬਿਨਾਂ ਸਫਲ ਸਰਜਰੀ ਕੀਤੀ ਗਈ। ਡਾਕਟਰਾਂ ਦੀ ਟੀਮ 'ਚ ਐਨਸਥੀਸੀਆ ਵਿਭਾਗ ਦੇ ਮੁਖੀ ਪ੍ਰੋਫੈਸਰ ਸੰਜੀਵ ਪਲਟਾ, ਡਾ. ਲਿਪੀ ਉੱਪਲ, ਡਾ. ਸਵਾਤੀ ਜਿੰਦਲ ਅਤੇ ਡਾ. ਸਿਧਾਰਥ ਗਰਗ ਸ਼ਾਮਲ ਸਨ। ਅਹਿਮਦਾਬਾਦ ਤੋਂ ਦਿਲ ਦੀ ਸਰਜਰੀ ਦੇ ਮਾਹਰ ਡਾ. ਅਭਿਸ਼ੇਕ ਰਾਜ ਪੋਪਟ ਟੀਮ ਨਾਲ ਸ਼ਾਮਲ ਹੋਏ। ਪਹਿਲਾਂ ਸਿਰਫ ਪੀ ਜੀ ਆਈ ਚੰਡੀਗੜ੍ਹ ਅਤੇ ਪ੍ਰਾਈਵੇਟ ਹਸਪਤਾਲਾਂ 'ਚ ਇਲਾਜ ਲਈ ਟੀ ਏ ਵੀ ਆਰ ਤਕਨੀਕ ਦੀ ਵਰਤੋਂ ਕੀਤੀ ਗਈ ਹੈ। ਡਾ. ਜੀਤ ਰਾਮ ਕਸ਼ਯਪ ਨੇ ਦੱਸਿਆ ਕਿ ਟੀ ਏ ਵੀ ਆਰ ਤਕਨੀਕ ਬਜ਼ੁਰਗ ਮਰੀਜ਼ਾਂ ਲਈ ਬਹੁਤ ਵਧੀਆ ਹੈ। ਇਸ ਤਕਨੀਕ ਦਾ ਫਾਇਦਾ ਇਹ ਹੈ ਕਿ ਨਕਲੀ ਦਿਲ ਦਾ ਵਾਲਵ ਬਿਨਾਂ ਕਿਸੇ ਚੀਰੇ ਦੇ ਲਗਾਇਆ ਜਾਂਦਾ ਹੈ ਅਤੇ ਮਰੀਜ਼ ਜਲਦੀ ਠੀਕ ਹੋਣ ਤੋਂ ਬਾਅਦ ਘਰ ਜਾ ਸਕਦਾ ਹੈ। ਇਸ ਤਕਨੀਕ ਨੂੰ ਯੂਰਪ, ਅਮਰੀਕਾ ਦੇ ਡਾਕਟਰਾਂ ਵੱਲੋਂ ਕਾਫੀ ਤਰਜੀਹ ਦਿੱਤੀ ਜਾਂਦੀ ਹੈ, ਕਿਉਂਕਿ 50 ਪ੍ਰਤੀਸ਼ਤ ਮਰੀਜ਼ ਉਮਰ ਅਤੇ ਹੋਰ ਡਾਕਟਰੀ ਕਾਰਨਾਂ ਕਰਕੇ ਓਪਨ ਹਾਰਟ ਸਰਜਰੀ ਨਹੀਂ ਕਰਵਾ ਸਕਦੇ ਹਨ। ਵਾਈਸ ਚਾਂਸਲਰ ਡਾ. ਅਨੀਤਾ ਸਕਸੈਨਾ ਨੇ ਟੀਮ ਨੂੰ ਆਰਟੀਫੀਸ਼ੀਅਲ ਹਾਰਟ ਵਾਲਵ ਇੰਪਲਾਂਟ ਕਰਨ 'ਤੇ ਵਧਾਈ ਦਿੱਤੀ ਹੈ।

## ਲਾਪਤਾ ਬੱਚੀ ਦੀ ਲਾਸ਼ ਛੱਪੜ 'ਚੋਂ ਮਿਲੀ



**ਅਟਾਰੀ** : ਥਾਣਾ ਘਰਿੰਡਾ ਦੇ ਪਿੰਡ ਰਾਮਪੁਰਾ ਵਿਖੇ ਘਰੋਂ ਟਿਊਸ਼ਨ ਪੜ੍ਹਨ ਗਈ ਲਾਪਤਾ ਹੋਈ ਕੁੜੀ ਦੀ ਲਾਸ਼ ਪਿੰਡ ਦੇ ਛੱਪੜ 'ਚੋਂ ਬਰਾਮਦ ਹੋਈ ਹੈ। ਮਤਰੇਈ ਮਾਂ ਨੇ ਕਥਿਤ ਤੌਰ 'ਤੇ ਹੱਤਿਆ ਕਰ ਕੇ ਲਾਸ਼ ਪਿੰਡ ਦੇ ਛੱਪੜ 'ਚ ਸੁੱਟ ਦਿੱਤੀ ਸੀ। ਡੀ ਐੱਸ ਪੀ ਅਟਾਰੀ ਪ੍ਰਵੇਸ਼ ਚੋਪੜਾ ਨੇ ਦੱਸਿਆ ਕਿ ਮੰਗਲਵਾਰ ਦੇਰ ਰਾਤ ਜਦੋਂ ਔਰਤ ਨੂੰ ਹਿਰਾਸਤ 'ਚ ਲੈ ਕੇ ਸਖਤੀ ਨਾਲ ਪੁੱਛਗਿਛ ਕੀਤੀ ਗਈ ਤਾਂ ਉਸ ਨੇ ਜੁਰਮ ਕਬੂਲ ਕਰ ਲਿਆ। ਅਜੀਤ ਸਿੰਘ ਨੇ ਦੱਸਿਆ ਕਿ ਉਸ ਦੀ ਬੇਟੀ ਅਭਿਰੋਜ਼ਪ੍ਰੀਤ ਕੌਰ (7) 15 ਮਈ ਸ਼ਾਮ 4 ਵਜੇ ਘਰ ਤੋਂ ਕੁਝ ਕਦਮ ਦੂਰ ਗੁਆਂਢੀ ਦੇ ਘਰ ਟਿਊਸ਼ਨ ਪੜ੍ਹਨ ਗਈ, ਪਰ ਉੱਥੇ ਨਹੀਂ ਪਹੁੰਚੀ। ਮਤਰੇਈ ਮਾਂ ਮਨੀ ਨੇ ਤੁਰੰਤ ਕੁੜੀ ਦੀ ਭਾਲ ਕਰਨੀ ਸ਼ੁਰੂ ਕਰ ਦਿੱਤੀ, ਪਰ ਉਸ ਦਾ ਕਿਧਰੇ ਵੀ ਸੁਰਾਗ ਪਤਾ ਨਹੀਂ ਲੱਗਾ, ਜਿਸ ਤੋਂ ਬਾਅਦ ਉਸ ਨੇ ਤੁਰੰਤ ਥਾਣਾ ਘਰਿੰਡਾ ਵਿਖੇ ਗੁੰਮਸ਼ੁਦਗੀ ਦੀ ਸ਼ਿਕਾਇਤ ਦਰਜ ਕਰਵਾਈ। ਪੁਲਸ ਨੇ ਜਦੋਂ ਮਤਰੇਈ ਮਾਂ ਕੋਲੋਂ ਸ਼ੱਕ ਦੇ ਆਧਾਰ 'ਤੇ ਸਖਤੀ ਨਾਲ ਪੁੱਛਗਿਛ ਕੀਤੀ ਤਾਂ ਉਸ ਨੇ ਜੁਰਮ ਕਬੂਲ ਕਰ ਲਿਆ।

# ਸਮੱਗਲਰਾਂ-ਗੈਂਗਸਟਰਾਂ ਖਿਲਾਫ ਵਿਆਪਕ ਛਾਪੇਮਾਰੀ

**ਚੰਡੀਗੜ੍ਹ, (ਗੁਰਜੀਤ ਬਿੱਲਾ)**-ਪੰਜਾਬ ਪੁਲਸ ਨੇ ਬੁੱਧਵਾਰ ਨੂੰ ਰਾਸ਼ਟਰੀ ਜਾਂਚ ਏਜੰਸੀ (ਐੱਨ ਆਈ ਏ) ਨਾਲ ਸਾਂਝੇ ਅਪ੍ਰੇਸ਼ਨ ਤਹਿਤ ਸੂਬੇ ਭਰ ਵਿੱਚ ਇੱਕੋ ਸਮੇਂ ਗੈਂਗਸਟਰਾਂ ਅਤੇ ਸਮਾਜ ਵਿਰੋਧੀ ਅਨਸਰਾਂ ਦੀਆਂ ਛੁਪਣਗਾਹਾਂ 'ਤੇ ਘੇਰਾਬੰਦੀ ਤੇ ਤਲਾਸ਼ੀ ਅਪ੍ਰੇਸ਼ਨ (ਸੀ ਏ ਐੱਸ ਓ) ਚਲਾਇਆ। ਡੀ ਜੀ ਪੀ ਗੌਰਵ ਯਾਦਵ ਨੇ ਦੱਸਿਆ ਕਿ ਇਸ ਅਪ੍ਰੇਸ਼ਨ ਨੂੰ ਸਾਰੇ 28 ਪੁਲਿਸ ਜ਼ਿਲ੍ਹਿਆਂ ਵਿੱਚ ਅੰਜਾਮ ਦਿੱਤਾ ਗਿਆ ਸੀ, ਜਿਸ ਵਿੱਚ ਐੱਨ ਆਈ ਏ ਨੇ ਪੰਜਾਬ ਪੁਲਸ ਦੇ ਸਹਿਯੋਗ ਨਾਲ ਗੈਂਗਸਟਰਾਂ ਦੇ 58 ਟਿਕਾਣਿਆਂ 'ਤੇ ਛਾਪੇਮਾਰੀ ਕੀਤੀ, ਜਦਕਿ, ਪੰਜਾਬ ਪੁਲਸ ਨੇ ਗੈਂਗਸਟਰਾਂ ਅਤੇ ਸਮਾਜ ਵਿਰੋਧੀ ਅਨਸਰਾਂ ਦੇ 143 ਟਿਕਾਣਿਆਂ 'ਤੇ ਤਲਾਸ਼ੀ ਤੇ ਤਫ਼ਤੀਸ਼ ਅਪ੍ਰੇਸ਼ਨ (ਸੀ ਏ ਐੱਸ ਓ.) ਚਲਾਇਆ। ਇਸ ਦੌਰਾਨ ਪੰਜਾਬ ਪੁਲਸ ਦੀਆਂ ਘੱਟੋ-ਘੱਟ 125 ਪਾਰਟੀਆਂ, ਜਿਨ੍ਹਾਂ ਵਿੱਚ 1200 ਤੋਂ ਵੱਧ ਪੁਲਸ ਮੁਲਾਜ਼ਮ ਸ਼ਾਮਲ ਸਨ, ਨੇ ਇਸ ਕਾਰਵਾਈ ਨੂੰ ਅੰਜਾਮ ਦਿੱਤਾ। ਡੀ ਜੀ ਪੀ ਨੇ ਕਿਹਾ ਕਿ ਹਾਲ ਹੀ ਵਿੱਚ ਗ੍ਰਿਫਤਾਰ ਕੀਤੇ ਗਏ ਗੈਂਗਸਟਰਾਂ ਅਤੇ ਅਪਰਾਧੀਆਂ ਦੀ ਪੁੱਛਗਿੱਛ ਤੋਂ ਬਾਅਦ ਛਾਪੇਮਾਰੀ ਦੀ ਯੋਜਨਾ ਬਣਾਈ ਗਈ ਸੀ। ਸਪੈਸ਼ਲ ਡੀ ਜੀ ਪੀ ਕਾਨੂੰਨ ਤੇ ਵਿਵਸਥਾ ਅਰਪਿਤ ਸ਼ੁਕਲਾ ਨੇ ਦੱਸਿਆ ਕਿ ਪੁਲਸ ਟੀਮਾਂ ਵੱਲੋਂ ਘਰਾਂ ਅਤੇ ਹੋਰ ਅਹਾਤਿਆਂ ਦੀ ਡੂੰਘਾਈ ਨਾਲ ਤਲਾਸ਼ੀ ਲਈ ਗਈ ਹੈ ਅਤੇ ਮੋਬਾਇਲ ਫੋਨਾਂ ਅਤੇ ਹੋਰ ਇਲੈਕਟ੍ਰਾਨਿਕ ਉਪਕਰਣਾਂ ਤੋਂ ਡੇਟਾ ਵੀ ਇਕੱਤਰ ਕੀਤਾ ਗਿਆ ਹੈ, ਜਿਸ ਨੂੰ ਫੋਰੈਂਸਿਕ ਜਾਂਚ ਲਈ ਭੇਜਿਆ ਜਾਵੇਗਾ। ਉਨ੍ਹਾ ਕਿਹਾ ਕਿ ਪੁਲਿਸ ਟੀਮਾਂ ਨੂੰ ਅਪਰਾਧੀਆਂ/ਗੈਂਗਸਟਰਾਂ ਦੀ ਸਥਿਤੀ ਦਾ ਜਾਇਜ਼ਾ ਲੈਣ ਲਈ ਵੀ ਕਿਹਾ ਗਿਆ ਹੈ, ਤਾਂ ਜੋ ਇਹ ਪਤਾ ਲਗਾਇਆ ਜਾ ਸਕੇ ਕਿ ਕੀ ਉਹ ਜੇਲ੍ਹ ਵਿੱਚ ਹੈ, ਜ਼ਮਾਨਤ 'ਤੇ ਹੈ, ਬਰੀ ਹੋ ਗਿਆ ਹੈ ਜਾਂ ਭਗੌੜਾ ਹੈ। ਹੋਰ ਪੜਤਾਲ ਲਈ ਕਈ ਹੋਰ ਵਿਅਕਤੀਆਂ ਨੂੰ ਵੀ ਹਿਰਾਸਤ ਵਿੱਚ ਲਿਆ ਗਿਆ ਹੈ ਅਤੇ ਉਨ੍ਹਾਂ ਦੇ ਕਬਜ਼ੇ 'ਚੋਂ ਅਪਰਾਧਕ ਸਮਗਰੀ ਜ਼ਬਤ ਕੀਤੀ ਗਈ ਹੈ।

## ਕਿੱਕੀ ਢਿੱਲੋਂ ਦਾ ਪੰਜ ਦਿਨਾ ਪੁਲਸ ਰਿਮਾਂਡ

**ਫਰੀਦਕੋਟ** : ਫ਼ਰੀਦਕੋਟ ਦੇ ਸਾਬਕਾ ਵਿਧਾਇਕ ਕੁਸ਼ਲਦੀਪ ਸਿੰਘ ਉਰਫ ਕਿੱਕੀ ਢਿੱਲੋਂ ਨੂੰ ਬੁੱਧਵਾਰ ਇੱਥੇ ਡਿਊਟੀ ਮੈਜਿਸਟਰੇਟ ਦਮਨਦੀਪ ਕਮਲ ਹੀਰਾ ਦੀ ਅਦਾਲਤ 'ਚ ਪੇਸ਼ ਕੀਤਾ ਗਿਆ, ਜਿਨ੍ਹਾ ਪੁੱਛਗਿੱਛ ਲਈ ਪੰਜ ਦਿਨ ਦਾ ਪੁਲਸ ਰਿਮਾਂਡ ਦੇ ਦਿੱਤਾ। ਵਿਜੀਲੈਂਸ ਨੇ ਅਦਾਲਤ ਨੂੰ ਦੱਸਿਆ ਕਿ ਕੁਸ਼ਲਦੀਪ ਸਿੰਘ ਢਿੱਲੋਂ ਨੇ ਪੰਜ ਸਾਲਾਂ 'ਚ ਆਪਣੀ ਆਮਦਨ ਨਾਲੋਂ 7 ਕਰੋੜ 97 ਲੱਖ ਰੁਪਏ ਵੱਧ ਖਰਚੇ ਹਨ ਅਤੇ ਇਸ ਦੇ ਨਾਲ ਹੀ ਪਿੰਡ ਮੁਮਾਰਾ 'ਚ 42 ਕਿੱਲੇ ਬੇਨਾਮੀ ਜਾਇਦਾਦ ਬਣਾਈ ਹੈ। ਵਿਜੀਲੈਂਸ ਵੱਲੋਂ ਰਿਮਾਂਡ ਲਈ ਦਿੱਤੀ ਗਈ ਅਰਜ਼ੀ ਅਨੁਸਾਰ ਸਾਬਕਾ ਵਿਧਾਇਕ ਨੇ ਨਿਊ ਚੰਡੀਗੜ੍ਹ 'ਚ ਬਣ ਰਹੇ ਫਾਰਮ ਹਾਊਸ 'ਤੇ ਦੱਸੀ ਗਈ ਰਕਮ ਨਾਲੋਂ 2 ਕਰੋੜ 70 ਲੱਖ ਰੁਪਏ ਵੱਧ ਖਰਚੇ ਅਤੇ ਕਿੱਕੀ ਢਿੱਲੋਂ ਦੇ ਖਾਤੇ 'ਚ ਉਸ ਦੀ ਮਾਤਾ ਵੱਲੋਂ 1 ਕਰੋੜ 64 ਲੱਖ ਰੁਪਏ ਤੇ ਉਸ ਦੀ ਪਤਨੀ ਵੱਲੋਂ 96 ਲੱਖ ਰੁਪਏ ਭੇਜੇ ਗਏ ਹਨ। ਇਸ ਬਾਰੇ ਪੁੱਛਗਿੱਛ ਦੌਰਾਨ ਸਾਬਕਾ ਵਿਧਾਇਕ ਨੇ ਕੋਈ ਸਪੱਸ਼ਟੀਕਰਨ ਨਹੀਂ ਦਿੱਤਾ।

## ਭਲਵਾਨਾਂ ਵੱਲੋਂ ਹਨੂੰਮਾਨ ਮੰਦਰ ਵੱਲ ਮਾਰਚ



**ਨਵੀਂ ਦਿੱਲੀ** : ਭਾਰਤੀ ਕੁਸ਼ਤੀ ਫੈਡਰੇਸ਼ਨ ਦੇ ਪ੍ਰਧਾਨ ਤੇ ਭਾਜਪਾ ਸਾਂਸਦ ਬ੍ਰਿਜ ਭੂਸ਼ਣ ਸ਼ਰਣ ਸਿਘ ਦੀ ਗ੍ਰਿਫਤਾਰੀ ਲਈ ਅੰਦੋਲਨ ਕਰ ਰਹੇ ਭਲਵਾਨਾਂ ਅਤੇ ਉਨ੍ਹਾਂ ਦੇ ਸਮਰਥਕਾਂ ਨੇ ਬੁੱਧਵਾਰ ਇੱਥੇ ਕਨਾਟ ਪਲੇਸ ਸਥਿਤ ਹਨੂੰਮਾਨ ਮੰਦਰ ਵੱਲ ਮਾਰਚ ਕੀਤਾ। ਭੀਮ ਆਰਮੀ ਦੇ ਪ੍ਰਧਾਨ ਚੰਦਰਸ਼ੇਖਰ ਆਜ਼ਾਦ ਤੋਂ ਇਲਾਵਾ ਭਲਵਾਨਾਂ ਦੇ ਨਾਲ ਸੈਂਕੜੇ ਸਮਰਥਕ ਵੀ ਸਨ।

## ਅਸੀਂ ਨਹੀਂ ਕਰ ਰਹੇ, ਸਰਕਸ ਤਾਂ ਭਾਜਪਾ ਕਰਦੀ ਰਹੀ : ਰਮੇਸ਼

**ਨਵੀਂ ਦਿੱਲੀ** : ਕਰਨਾਟਕ ਦਾ ਮੁੱਖ ਮੰਤਰੀ ਚੁਣਨ ਲਈ ਕਾਂਗਰਸ ਵਿਚ ਚੱਲ ਰਹੇ ਮੀਟਿੰਗਾਂ ਦੇ ਦੌਰ ਨੂੰ ਭਾਜਪਾ ਵੱਲੋਂ 'ਸਰਕਸ' ਕਰਾਰ ਦੇਣ 'ਤੇ ਕਾਂਗਰਸ ਨੇ ਭਾਜਪਾ ਵੱਲੋਂ ਪਿਛਲੇ ਸਮੇਂ ਮੁੱਖ ਮੰਤਰੀਆਂ ਦੀ ਚੋਣ ਲਈ ਲਏ ਸਮੇਂ ਦਾ ਹਵਾਲਾ ਦਿੰਦਿਆਂ ਕਿਹਾ ਕਿ ਉਹ ਵੀ ਇਹੀ ਕਰਦੀ ਰਹੀ ਹੈ। ਕਾਂਗਰਸ ਦੇ ਜਨਰਲ ਸਕੱਤਰ ਜੈਰਾਮ ਰਮੇਸ਼ ਨੇ ਟਵੀਟ ਕੀਤਾ ਮੈਂ ਉਨ੍ਹਾਂ ਲੋਕਾਂ ਦੀ ਯਾਦ ਨੂੰ ਤਾਜ਼ਾ ਕਰਨਾ ਚਾਹੁੰਦਾ ਹਾਂ, ਜੋ ਪ੍ਰਧਾਨ ਮੰਤਰੀ ਦੀ ਤਾਰੀਫ ਕਰ ਰਹੇ ਹਨ। 2017 ਦੇ ਉੱਤਰ ਪ੍ਰਦੇਸ਼ ਵਿਧਾਨ ਸਭਾ ਚੋਣਾਂ ਦੇ ਨਤੀਜੇ 11 ਮਾਰਚ ਨੂੰ ਆਏ ਅਤੇ 8 ਦਿਨਾਂ ਬਾਅਦ 19 ਮਾਰਚ ਨੂੰ ਯੋਗੀ ਆਦਿਤਿਆਨਾਥ ਮੁੱਖ ਮੰਤਰੀ ਚੁਣੇ ਗਏ। 2021 'ਚ ਅਸਾਮ ਵਿਧਾਨ ਸਭਾ ਚੋਣਾਂ ਦੇ ਨਤੀਜੇ 3 ਮਾਰਚ ਨੂੰ ਆਏ ਤੇ ਹੇਮੰਤ ਵਿਸਵਾ ਸਰਮਾ 7 ਦਿਨ ਬਾਅਦ ਮੁੱਖ ਮੰਤਰੀ ਚੁਣੇ ਗਏ। ਅਜਿਹੀਆਂ ਹੋਰ ਵੀ ਕਈ ਉਦਾਹਰਣਾਂ ਹਨ। ਇਸ ਤੋਂ ਪਹਿਲਾਂ ਭਾਜਪਾ ਦੇ ਆਈ ਟੀ ਸੈੱਲ ਦੇ ਮੁਖੀ ਅਮਿਤ ਮਾਲਵੀਆ ਨੇ ਟਵੀਟ ਕੀਤਾ ਸੀ—ਕੀ ਤੁਸੀਂ ਸਰਕਸ ਦੇਖਣਾ ਚਾਹੁੰਦੇ ਹੋ? ਦੇਖੋ ਕਰਨਾਟਕ 'ਚ ਕਾਂਗਰਸ ਮੁੱਖ ਮੰਤਰੀ ਦੀ ਚੋਣ ਕਰ ਰਹੀ ਹੈ।

## ਸਰਬੀਆ 'ਚ ਦਰਜਨਾਂ ਸਕੂਲਾਂ ਨੂੰ ਉਡਾਉਣ ਦੀਆਂ ਧਮਕੀਆਂ

**ਬੈਲਗਰੇਡ** : ਸਰਬੀਆ ਦੇ ਦਰਜਨਾਂ ਸਕੂਲਾਂ ਨੂੰ ਬੰਬਾਂ ਨਾਲ ਉਡਾਉਣ ਦੀਆਂ ਧਮਕੀਆਂ ਮਿਲੀਆਂ ਹਨ। ਇਹ ਜਾਣਕਾਰੀ ਬੁੱਧਵਾਰ ਸਿੱਖਿਆ ਮੰਤਰਾਲੇ ਨੇ ਦਿੱਤੀ ਹੈ। ਮਈ ਮਹੀਨੇ ਦੇ ਸ਼ੁਰੂ 'ਚ ਗੋਲੀਬਾਰੀ ਦੀਆਂ ਦੋ ਘਟਨਾਵਾਂ ਵਾਪਰੀਆਂ ਸਨ, ਜਿਨ੍ਹਾਂ ਵਿੱਚੋਂ ਇਕ ਘਟਨਾ ਐਲੀਮੈਂਟਰੀ ਸਕੂਲ 'ਚ ਵਾਪਰੀ ਸੀ। ਸਿੱਖਿਆ ਮੰਤਰਾਲੇ ਅਨੁਸਾਰ ਬੈਲਗਰੇਡ ਦੇ 78 ਐਲੀਮੈਂਟਰੀ ਸਕੂਲਾਂ ਅਤੇ 37 ਹਾਈ ਸਕੂਲਾਂ ਨੂੰ ਈਮੇਲ ਰਾਹੀਂ ਧਮਕੀਆਂ ਮਿਲੀਆਂ ਕਿ ਸਕੂਲਾਂ ਨੂੰ ਉਡਾਉਣ ਲਈ ਧਮਾਕਾਖੇਜ ਸਮਗਰੀ ਪਲਾਂਟ ਕਰ ਦਿੱਤੀ ਗਈ ਹੈ। ਇਸ ਮਗਰੋਂ ਵਿਦਿਆਰਥੀਆਂ ਦੀਆਂ ਜਮਾਤਾਂ ਮੁਅੱਤਲ ਕਰ ਦਿੱਤੀਆਂ ਗਈਆਂ ਅਤੇ ਸਕੂਲੀ ਇਮਾਰਤਾਂ ਨੂੰ ਖਾਲੀ ਕਰਵਾ ਕੇ ਚੈਕਿੰਗ ਕੀਤੀ ਗਈ। ਫਿਲਹਾਲ ਪੁਲਸ ਨੂੰ ਕਿਸੇ ਵੀ ਇਮਾਰਤ ਵਿੱਚੋਂ ਧਮਾਕਾਖੇਜ ਸਮਗਰੀ ਨਹੀਂ ਮਿਲੀ, ਪਰ ਇਸ ਸੰਬੰਧੀ ਅੰਤਮ ਰਿਪੋਰਟ ਹਾਲੇ ਦਾਇਰ ਨਹੀਂ ਕੀਤੀ ਗਈ।

## ਅੱਜ-ਨਾਮਾ

ਫਿਕਰਾਂ ਵਿੱਚ ਹੈ ਭਾਜਪਾ ਨਜ਼ਰ ਆਉਂਦੀ,
ਲੱਗਦੀ ਅਕਸ ਨੂੰ ਜਾਪ ਰਹੀ ਢਾਹ ਬੇਲੀ।
ਹਾਰ ਗਈ ਸੀਟ ਜਲੰਧਰ ਦੀ ਫੇਰ ਕੀ ਆ,
ਅਗਲੇ ਸਾਲ ਕੋਈ ਲੱਭ ਜਾਊ ਰਾਹ ਬੇਲੀ।
ਭਾਣਾ ਆਵੇ ਨਹੀਂ ਸਮਝ ਕਰਨਾਟਕਾ ਦਾ,
ਸਾਰੇ ਈ ਪੁੱਛ ਰਹੇ ਹੋਈ ਕੀ ਆਹ ਬੇਲੀ।
ਸਾਰੇ ਈ ਦਾਅ ਸਿਆਸਤ ਦੇ ਵਰਤ ਡਿੱਠੇ,
ਵੋਟਰਾਂ ਮੂਹਰੇ ਨਹੀਂ ਚੱਲੀ ਸੀ ਵਾਹ ਬੇਲੀ।
ਰਾਜਸਥਾਨ ਵੱਲ ਦੀ ਅਗਲੀ ਨਜ਼ਰ ਲਗਦੀ,
ਲੜਦਾ ਕਾਂਗਰਸ ਦਾ ਧੜੇ ਨਾਲ ਧੜਾ ਬੇਲੀ।
ਭਾਜਪਾ ਅੰਦਰ ਵੀ ਧੜੇ ਕਈ ਭਿੜਨ ਲੱਗੇ,
ਖਤਰਾ ਅੰਦਰ ਦੀ ਖਹਿਬੜ ਦਾ ਖੜਾ ਬੇਲੀ।

-ਤੀਸ ਮਾਰ ਖਾਂ

# ਸਿੱਖ ਬੁੰਗਿਆਂ ਦੀ ਹੋਂਦ ਮਿਟਾਉਣ ਦੇ ਲੱਗ ਰਹੇ ਨੇ ਸ਼੍ਰੋਮਣੀ ਕਮੇਟੀ ਉੱਪਰ ਦੋਸ਼

### ਤਲਵੰਡੀ ਸਾਬੋ 'ਚ ਹੁਣ ਬਾਕੀ ਬਚਦੇ ਬੁੰਗਿਆਂ ਦੀ ਜ਼ਮੀਨ 'ਤੇ ਟਿਕੀ ਹੋਈ ਹੈ ਅੱਖ



ਬੁੰਗਾ ਨਾਨਕਸਰ ਰਵਿਦਾਸੀਏ ਸਿੰਘਾਂ ਵਿਖੇ ਇਕੱਠਾ ਹੋਇਆ ਰਵਿਦਾਸੀਆ ਸਿੱਖ ਭਾਈਚਾਰਾ ਤੇ ਭਰਾਤਰੀ ਜਥੇਬੰਦੀਆਂ ਦੇ ਲੋਕ।

**ਤਲਵੰਡੀ ਸਾਬੋ. (ਜਗਦੀਪ ਗਿੱਲ)**-ਸਿੱਖ ਧਰਮ ਵਿੱਚ ਪੁਰਾਤਨ ਕਾਲ ਤੋਂ ਚਲੇ ਆ ਰਹੇ ਅਤੇ ਅਹਿਮ ਸਥਾਨ ਰੱਖਦੇ ਵੱਖ-ਵੱਖ ਬੁੰਗਿਆਂ ਦੇ ਪ੍ਰਬੰਧ ਹੇਠਲੀਆਂ ਜਾਇਦਾਦਾਂ ਹਥਿਆ ਕੇ ਕੀ ਸ਼੍ਰੋਮਣੀ ਗੁਰਦਵਾਰਾ ਪ੍ਰਬੰਧਕ ਕਮੇਟੀ ਆਪਣੀ ਕਬਰ ਆਪ ਖੋਦਣ ਦੇ ਰਾਹ ਪੈ ਗਈ ਹੈ, ਸੁਚੇਤ ਹਲਕਿਆਂ ਵਿੱਚ ਇਹ ਸਵਾਲ ਅੱਜਕੱਲ੍ਹ ਭਾਰੀ ਚਰਚਾ ਦਾ ਵਿਸ਼ਾ ਬਣਿਆ ਹੋਇਆ ਹੈ।

ਗੁਰਦੁਆਰਾ ਨਾਨਕਸਰ ਬੁੰਗਾ ਰਵਿਦਾਸੀਏ ਸਿੰਘਾਂ, ਜਿਸ ਦੇ ਪ੍ਰਬੰਧ ਹੇਠਲੀ ਬੇਸ਼ਕੀਮਤੀ ਜ਼ਮੀਨ ਉਪਰ ਕਬਜ਼ਾ ਕਰਕੇ ਸ਼੍ਰੋਮਣੀ ਕਮੇਟੀ ਨੇ ਆਪਣੀ ਨਾਦਰਸ਼ਾਹੀ ਦਾ ਪ੍ਰਗਟਾਵਾ ਕੀਤਾ ਹੈ, ਦਰਜਨਾਂ ਦੇ ਕਰੀਬ ਸਥਾਨਕ ਬੁੰਗਿਆਂ ਵਿੱਚੋਂ ਇੱਕ ਹੈ, ਜਿਹੜੇ ਦਮਦਮਾ ਸਾਹਿਬ ਦੀ ਧਰਤੀ 'ਤੇ ਸ਼੍ਰੋਮਣੀ ਕਮੇਟੀ ਵੱਲੋਂ ਪ੍ਰਬੰਧ ਸੰਭਾਲਣ ਤੋਂ ਵੀ ਲੰਮਾ ਅਰਸਾ ਪਹਿਲਾਂ ਤੋਂ ਇੱਥੇ ਸਿੱਖੀ ਦੇ ਪ੍ਰਚਾਰ-ਪ੍ਰਸਾਰ ਦਾ ਕੰਮ ਕਰਦੇ ਆ ਰਹੇ ਹਨ।

ਮਾਲਵੇ ਦੇ ਇਕ ਖੋਜੀ ਸਿੱਖ ਵਿਦਵਾਨ ਬਲਵੰਤ ਸਿੰਘ ਕੋਠਾ ਗੁਰੂ ਨੇ ਆਪਣੀ ਪੁਸਤਕ ਤਲਵੰਡੀ ਸਾਬੋ ਦਾ ਇਤਿਹਾਸ ਵਿਚ ਇੱਥੇ ਇਕ ਦਰਜਨ ਦੇ ਕਰੀਬ ਪੁਰਾਤਨ ਸਿੱਖ ਬੁੰਗੇ ਹੋਣ ਦਾ ਜ਼ਿਕਰ ਕੀਤਾ ਹੈ, ਜਿਨ੍ਹਾਂ ਵਿੱਚੋਂ ਬਹੁਤਿਆਂ ਨੂੰ ਸ਼੍ਰੋਮਣੀ ਕਮੇਟੀ ਵੱਲੋਂ ਕਥਿਤ ਜਾਇਜ਼-ਨਾਜਾਇਜ਼ ਤਰੀਕੇ ਅਪਣਾਉਂਦਿਆਂ ਆਪਣੇ ਪ੍ਰਬੰਧ ਹੇਠ ਕਰ ਲਿਆ ਹੈ।

ਗੁਰਦੁਆਰਾ ਨਾਨਕਸਰ ਰਵਿਦਾਸੀਏ ਸਿੰਘਾਂ ਦੇ ਨਾਲ-ਨਾਲ ਬੁੰਗਾ "ਬਾਬਾ ਬੀਰ ਸਿੰਘ ਧੀਰ ਸਿੰਘ" ਵੀ ਲੱਗਭੱਗ ਚਾਰ ਦਹਾਕੇ ਪਹਿਲਾਂ ਇਸ ਇਲਾਕੇ ਦੇ ਮਜ਼ਬੀ ਸਿੱਖ ਭਾਈਚਾਰੇ ਦੇ ਲੋਕਾਂ ਨੂੰ ਉਸ ਦੀ ਅਸਲੀ ਇਤਿਹਾਸਕ ਜਗ੍ਹਾ ਤੋਂ ਦੂਰ ਬਣਾਉਣਾ ਪੈ ਗਿਆ ਸੀ, ਕਿਉਂਕਿ ਬੁੰਗਾ ਬਾਬਾ ਬੀਰ ਸਿੰਘ ਧੀਰ ਸਿੰਘ ਵਾਲੀ ਪੁਰਾਤਨ ਜਗ੍ਹਾ ਉਪਰ ਸ਼੍ਰੋਮਣੀ ਕਮੇਟੀ ਨੇ ਕਬਜ਼ਾ ਕਰ ਲਿਆ ਸੀ।

ਢਾਈ ਦਹਾਕੇ ਪਹਿਲਾਂ ਇੱਥੋਂ ਦੇ ਇਕ ਹੋਰ ਪੁਰਾਤਨ ਸਿੱਖ ਬੁੰਗੇ (ਬੋਹੜ ਖਾਈ) ਜਿਸ ਦੇ ਪ੍ਰਬੰਧ ਹੇਠ ਛੇ ਏਕੜ ਦੇ ਕਰੀਬ ਜ਼ਮੀਨ ਵੀ ਸੀ, ਦੇ ਉਸ ਵੇਲੇ ਦੇ 90 ਸਾਲਾ ਮਹੰਤ ਹਰਨਾਮ ਸਿੰਘ ਨਾਲ ਕੋਈ ਅਸਲੋਂ ਅਣਹੋਣੀ ਵਾਪਰੀ ਦੱਸੀ ਜਾਂਦੀ ਹੈ। ਤਲਵੰਡੀ ਸਾਬੋ ਦੇ ● ਬਾਕੀ ਸਫ਼ਾ 2 'ਤੇ

# ਦੇਸ਼ ਭਗਤ ਯਾਦਗਾਰ ਹਾਲ 'ਚ ਚਾਰ ਰੋਜ਼ਾ ਫੋਟੋਗ੍ਰਾਫ਼ਿਕ ਵਰਕਸ਼ਾਪ ਦਾ ਆਗਾਜ਼



**ਜਲੰਧਰ** : ਫੋਟੋ ਜਰਨਲਿਸਟ ਪਦਮਸ੍ਰੀ ਸੁਧਾਰਕ ਓਲਵੇ ਮੁੰਬਈ ਅਤੇ ਰਣਦੀਪ ਮੱਦੋਕੇ ਚੰਡੀਗੜ੍ਹ ਦੁਆਰਾ ਆਪਣੇ ਸਹਿਯੋਗੀ ਦਸਤਾਵੇਜ਼ੀ ਫ਼ਿਲਮਸਾਜ਼ ਨਿਰਮਾਣ ਚੌਧਰੀ ਮੁੰਬਈ ਨਾਲ ਸਥਾਨਕ ਦੇਸ਼ ਭਗਤ ਯਾਦਗਾਰ ਹਾਲ 'ਚ ਦੇਸ਼ ਭਗਤ ਯਾਦਗਾਰ ਕਮੇਟੀ ਦੇ ਸਹਿਯੋਗ ਨਾਲ ਫੋਟੋਗ੍ਰਾਫ਼ਿਕ ਵਰਕਸ਼ਾਪ ਦਾ ਆਗਾਜ਼ ਕੀਤਾ ਗਿਆ। ਸਿਖਿਆਰਥੀਆਂ ਦੀ ਭਾਵਪੂਰਤ ਹਾਜ਼ਰੀ ਵਾਲੀ ਵਰਕਸ਼ਾਪ ਦਾ ਆਗਾਜ਼ ਦੇਸ਼ ਭਗਤ ਯਾਦਗਾਰ ਕਮੇਟੀ ਜਲੰਧਰ ਦੇ ਪ੍ਰਧਾਨ ਅਜਮੇਰ ਸਿੰਘ, ਜਨਰਲ ਸਕੱਤਰ ਪ੍ਰਿਥੀਪਾਲ ਸਿੰਘ ਮਾੜੀਮੇਘਾ, ਸਹਾਇਕ ਸਕੱਤਰ ਚਰੰਜੀ ਲਾਲ ਕੰਗਣੀਵਾਲ, ਖਜ਼ਾਨਚੀ ਸੀਤਲ ਸਿੰਘ ਸੰਘਾ, ਸੱਭਿਆਚਾਰਕ ਵਿੰਗ ਦੇ ਕਨਵੀਨਰ ਅਮੋਲਕ ਸਿੰਘ, ਕਮੇਟੀ ਮੈਂਬਰ ਸੁਰਿੰਦਰ ਕੁਮਾਰੀ ਕੋਛੜ, ਰਣਜੀਤ ਸਿੰਘ ਔਲਖ, ਵਿਜੈ ਬੰਬੇਲੀ, ਡਾ. ਸੈਲੇਸ਼, ● ਬਾਕੀ ਸਫ਼ਾ 2 'ਤੇ

18-MAY-PAGE-1.qxd 5/17/2023 10:36 PM Page 2



## ਪਲੇਅ ਵੇਅ ਦੇ ਬੱਚਿਆਂ ਦੀ ਬੋਰਡ ਫਿਕਸਿੰਗ ਗਤੀਵਿਧੀ

**ਜਗਰਾਉਂ (ਅਮਿਤ ਖੰਨਾ)** ਬਲੌਜ਼ਮਜ਼ ਕਾਨਵੈਂਟ ਸਕੂਲ ਵਿਖੇ ਪਲੇਅ ਵੇਅ ਦੇ ਬੱਚਿਆਂ ਨੇ ਬੋਰਡ ਵਿਚ ਬਣੇ ਅਲੱਗ-ਅਲੱਗ ਆਕਾਰਾਂ ਨੂੰ ਭਰਨਾ ਸਿੱਖਿਆ, ਜੋ ਉਨ੍ਹਾਂ ਲਈ ਇੱਕ ਵੱਖਰੀ ਕਿਸਮ ਦੀ ਗਤੀਵਿਧੀ ਸੀ। ਉਨ੍ਹਾਂ ਨੇ ਇਸ ਖੇਡ ਨੂੰ ਬੜੇ ਹੀ ਮਨੋਰੰਜਕ ਤਰੀਕੇ ਨਾਲ ਖੇਡਿਆ ਅਤੇ ਖੇਡ-ਖੇਡ ਦੌਰਾਨ ਆਕਾਰਾਂ ਨੂੰ ਪਛਾਨਣਾ ਵੀ ਸਿੱਖਿਆ। ਇਸ ਮੌਕੇ ਉਨ੍ਹਾਂ ਦੇ ਅਧਿਆਪਕਾਂ ਨੇ ਉਨ੍ਹਾਂ ਦੀਆਂ ਗ਼ਲਤੀਆਂ ਨੂੰ ਵੀ ਸੋਧਿਆ। ਸਕੂਲ ਦੇ ਪ੍ਰਿੰਸੀਪਲ ਡਾ. ਅਮਰਜੀਤ ਕੌਰ ਨਾਜ਼ ਨੇ ਕਿਹਾ ਕਿ ਇਨ੍ਹਾਂ ਛੋਟੇ-ਛੋਟੇ ਬੱਚਿਆਂ ਨੇ ਅਜਿਹੀਆਂ ਗਤੀਵਿਧੀਆਂ ਰਾਹੀਂ ਹੀ ਆਪਣੇ ਵਿਸ਼ਿਆਂ ਵਿਚ ਮੁਹਾਰਤ ਹਾਸਲ ਕਰਨੀ ਹੈ। ਇਸ ਨਾਲ ਉਹ ਬਹੁਗੁਣੇ ਹੋ ਜਾਣਗੇ, ਜੋ ਉਨ੍ਹਾਂ ਦੀਆਂ ਅਗਲੇਰੀਆਂ ਜਮਾਤਾਂ ਲਈ ਲਾਹੇਵੰਦ ਸਾਬਤ ਹੋਵੇਗਾ। ਇਸ ਮੌਕੇ ਸਕੂਲ ਦੀ ਮੈਨੇਜਿੰਗ ਕਮੇਟੀ ਦੇ ਚੇਅਰਮੈਨ ਹਰਭਜਨ ਸਿੰਘ ਜੌਹਲ, ਪ੍ਰੈਜ਼ੀਡੈਂਟ ਮਨਪ੍ਰੀਤ ਸਿੰਘ ਬਰਾੜ, ਅਜਮੇਰ ਸਿੰਘ ਰੱਤੀਆ ਤੇ ਸਤਵੀਰ ਸਿੰਘ ਸੇਖੋਂ ਨੇ ਵੀ ਬੱਚਿਆਂ ਵੱਲੋਂ ਕੀਤੀ ਇਸ ਨਿੱਕੀ ਜਿਹੀ ਕੋਸ਼ਿਸ਼ ਦੀ ਸ਼ਲਾਘਾ ਕੀਤੀ ਤੇ ਕਿਹਾ ਕਿ ਬੱਚੇ ਇਨ੍ਹਾਂ ਖੇਡਾਂ ਰਾਹੀ ਹੀ ਵੱਡੇ-ਵੱਡੇ ਮੁਕਾਬਲਿਆਂ ਵਿਚ ਭਾਗ ਲੈਣ ਦੇ ਕਾਬਲ ਹੁੰਦੇ ਹਨ ਅਤੇ ਆਪਣੀ ਕਲਾ ਨੂੰ ਪ੍ਰਦਰਸ਼ਤ ਕਰਨ ਦਾ ਹੌਸਲਾ ਪੈਦਾ ਕਰਦੇ ਹਨ।

## ਬੱਚਿਆਂ ਨੂੰ ਸਿੱਖਿਅਤ ਕਰਨ ਲਈ ਢੁੱਕਵਾਂ ਵਾਤਾਵਰਣ ਜ਼ਰੂਰੀ : ਡਾ. ਮਿੱਢਾ

**ਮਾਨਸਾ, (ਆਤਮਾ ਸਿੰਘ ਪਮਾਰ)**- ਪੰਜਾਬ ਸਰਕਾਰ ਤੇ ਸਿੱਖਿਆ ਵਿਭਾਗ ਵੱਲੋਂ ਰਾਜ ਵਿੱਚ ਵਿਧਾਨ ਸਭਾ ਹਲਕਿਆਂ ਅਨੁਸਾਰ ਸਕੂਲਾਂ ਨੂੰ ਸਕੂਲ ਆਫ਼ ਐਮੀਨੈਂਸ ਦਾ ਦਰਜਾ ਪ੍ਰਦਾਨ ਕੀਤਾ ਗਿਆ ਹੈ। ਸਕੂਲ ਆਫ਼ ਐਮੀਨੈਂਸ ਨੂੰ ਨਵੀਂ ਦਿੱਖ ਪ੍ਰਦਾਨ ਕਰਨ ਲਈ ਨਵੀਂ ਉਸਾਰੀ ਦਾ ਕੰਮ ਜਲਦੀ ਸ਼ੁਰੂ ਕੀਤਾ ਜਾਵੇਗਾ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ ਸਿੱਖਿਆ) ਡਾ. ਵਿਜੈ ਕੁਮਾਰ ਮਿੱਢਾ ਨੇ ਵਿਸ਼ੇਸ਼ ਤੌਰ 'ਤੇ ਸਕੂਲ ਆਫ਼ ਐਮੀਨੈਂਸ ਸ਼ਹੀਦ ਜਗਸੀਰ ਸਿੰਘ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਬੋਹਾ ਦੀ ਇਮਾਰਤ ਤੇ ਕਮਰਿਆਂ ਦਾ ਨਿਰੀਖਣ ਕਰਨ ਮੌਕੇ ਕੀਤਾ। ਉਨ੍ਹਾਂ ਕਿਹਾ ਕਿ ਲੋੜ ਅਨੁਸਾਰ ਸਕੂਲਾਂ ਦੀਆਂ ਇਮਾਰਤਾਂ ਦੀ ਮੁਰੰਮਤ ਦਾ ਕਾਰਜ ਵੀ ਜਲਦ ਸ਼ੁਰੂ ਕੀਤਾ ਜਾਵੇਗਾ। ਡਾ. ਮਿੱਢਾ ਨੇ ਕਿਹਾ ਕਿ ਬੱਚੇ ਸਿੱਖਿਆ ਦਾ ਕੇਂਦਰੀ ਧੁਰਾ ਹਨ, ਬੱਚਿਆਂ ਨੂੰ ਸਿੱਖਿਅਤ ਕਰਨ ਲਈ ਉਚਿਤ ਅਤੇ ਢੁੱਕਵਾਂ ਵਾਤਾਵਰਣ ਅਤਿ ਜ਼ਰੂਰੀ ਹੈ। ਇਸ ਲਈ ਨਵੀਂ ਉਸਾਰੀ ਲਈ ਬੱਚਿਆਂ ਦੀ ਸਹੂਲਤ ਨੂੰ ਧਿਆਨ ਹਿੱਤ ਰੱਖਦਿਆਂ ਪ੍ਰਮੁੱਖਤਾ ਪ੍ਰਦਾਨ ਕੀਤੀ ਜਾਵੇਗੀ। ਉਨ੍ਹਾਂ ਸਕੂਲ ਆਫ ਐਮੀਨੈਂਸ ਦੀ ਨੌਂਵੀਂ ਜਮਾਤ 'ਚ ਪ੍ਰਤੀਯੋਗਤਾ ਪ੍ਰੀਖਿਆ ਪਾਸ ਕਰਕੇ ਆਏ ਵਿਦਿਆਰਥੀਆਂ ਨੂੰ ਵਧਾਈ ਵੀ ਦਿੱਤੀ ਤੇ ਭਵਿੱਖ ਵਿੱਚ ਮਿਲਣ ਵਾਲੀ ਸਹੂਲਤਾਂ ਤੋਂ ਜਾਣੂ ਕਰਾਇਆ। ਇਸ ਮੌਕੇ ਭੁਪਿੰਦਰ ਸਿੰਘ ਜੇ.ਈ. ਸਕੂਲ ਸਿੱਖਿਆ ਵਿਭਾਗ ਬਠਿੰਡਾ, ਵਿਜੈ ਕੁਮਾਰ ਜੇ.ਈ. ਬੁਢਲਾਡਾ, ਅਕਬਰ ਸਿੰਘ ਏ.ਸੀ.ਸਮਾਰਟ ਸਕੂਲ ਮਾਨਸਾ ਵੀ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਇਸ ਮੌਕੇ ਸਕੂਲ ਦੇ ਇੰਚਾਰਜ ਪ੍ਰਿੰਸੀਪਲ ਪਰਮਿੰਦਰ ਤਾਂਗੜੀ, ਗਗਨਪ੍ਰੀਤ ਵਰਮਾ, ਡਾ. ਵਨੀਤ ਕੁਮਾਰ ਸਿੰਗਲਾ, ਬਲਵਿੰਦਰ ਸਿੰਘ ਬੁਢਲਾਡਾ, ਨਵਨੀਤ ਕੁਮਾਰ ਕੱਕੜ ਨੇ ਨਿਰੀਖਣ ਟੀਮ ਦਾ ਸਹਿਯੋਗ ਕੀਤਾ।

## ਜਨਮੋਰਚਾ ਦੇ ਸੰਪਾਦਕ ਸੀਤਲਾ ਸਿੰਘ ਨਹੀਂ ਰਹੇ

**ਜੈਤੋ (ਸਤੀਸ਼ ਕੁਮਾਰ ਭੀਰੀ)**-ਨਵੀਂ ਦਿੱਲੀ ਇੰਡੀਅਨ ਇੰਸਟੀਚਿਊਟ ਆਫ ਮਾਸ ਕਮਿਊਨੀਕੇਸ਼ਨ ਦੇ ਡਾਇਰੈਕਟਰ ਜਨਰਲ ਪ੍ਰੋ. ਸੰਜੇ ਦਿਵੇਦੀ ਨੇ ਜਨਮੋਰਚਾ (ਅਯੁੱਧਿਆ) ਦੇ ਸੰਪਾਦਕ ਸੀਤਲਾ ਸਿੰਘ ਦੀ ਮੌਤ 'ਤੇ ਡੂੰਘਾ ਦੁੱਖ ਪ੍ਰਗਟਾਇਆ । ਉਨ੍ਹਾ ਕਿਹਾ ਕਿ ਉਹ ਪੱਤਰਕਾਰੀ ਵਿੱਚ ਵਚਨਬੱਧਤਾ, ਸੰਵੇਦਨਸ਼ੀਲਤਾ ਅਤੇ ਜਨਤਕ ਰਾਏ ਦੀ ਸਭ ਤੋਂ ਵੱਧ ਉਤਸ਼ਾਹੀ ਅਵਾਜ਼ ਸਨ। ਪ੍ਰਸਿੱਧ ਮੁੱਦਿਆਂ ਨੂੰ ਸਮਰਪਤ ਉਨ੍ਹਾ ਦੀ ਪੱਤਰਕਾਰੀ ਨੇ ਸਮਝੌਤਿਆਂ ਅਤੇ ਸੰਤੁਸ਼ਟੀ ਨੂੰ ਪਾਰ ਕਰ ਦਿੱਤਾ । ਉਹ ਮੁੱਲਾਂ 'ਤੇ ਅਧਾਰਤ ਪੱਤਰਕਾਰੀ ਦਾ ਪ੍ਰਤੀਨਿਧੀ ਅਤੇ ਚੇਤੰਨ ਸੰਪਾਦਕ ਸੀ । ਇਕ ਛੋਟੇ ਜਿਹੇ ਕਸਬੇ ਵਿਚ ਬੈਠ ਕੇ ਵੀ ਉਸ ਨੇ ਇਕ ਵੱਡੀ ਲਾਈਨ ਖਿੱਚੀ। ਪ੍ਰੋ. ਦਿਵੇਦੀ ਨੇ ਅੱਗੇ ਕਿਹਾ ਕਿ ਉਸ ਸਮੇਂ ਜਦੋਂ ਸੰਪਾਦਕ ਨਾਮ ਦੀ ਸੰਸਥਾ ਨੂੰ ਬੇਕਾਰ ਬਣਾਉਣ ਲਈ ਯਤਨ ਕੀਤੇ ਜਾ ਰਹੇ ਹਨ, ਸੀਤਲਾ ਸਿੰਘ ਪੱਤਰਕਾਰੀ ਦੇ ਰਾਹਾਂ ਤੇ ਇੱਕ ਆਸਾ ਦਾ ਦੀਪ ਬਣ ਕੇ ਜਗਿਆ । ਉਸ ਦੀ ਮੌਤ ਨਾਲ ਪੱਤਰਕਾਰਤਾ ਜਗਤ ਵਿੱਚ ਪੈਦਾ ਹੋਈ ਖਾਲੀ ਥਾਂ ਨੂੰ ਭਰਨਾ ਸੌਖਾ ਨਹੀਂ ਹੋਵੇਗਾ । ਭਾਰਤੀ ਪ੍ਰੈਸ ਕੌਂਸਲ ਦੇ ਮੈਂਬਰ ਵਜੋਂ ਸੀਤਲਾ ਸਿੰਘ ਦੀਆਂ ਸੇਵਾਵਾਂ ਵੀ ਯਾਦਗਾਰੀ ਰਹਿਣਗੀਆਂ ।

## ਜਵਾਹਰ ਨਵੋਦਿਆ ਵਿਦਿਆਲਿਆ ਫਰੋਰ ਵਿਖੇ 11ਵੀਂ ਦੇ ਦਾਖਲੇ ਲਈ ਪ੍ਰੀਖਿਆ 22 ਜੁਲਾਈ ਨੂੰ

**ਫ਼ਤਹਿਗੜ੍ਹ ਸਾਹਿਬ, (ਪ੍ਰਮੋਦ ਭਾਰਦਵਾਜ)**-ਜਵਾਹਰ ਨਵੋਦਿਆ ਵਿਦਿਆਲਿਆ ਫਰੋਰ ਵਿਖੇ ਵਿੱਦਿਅਕ ਸੈਸ਼ਨ 2023-24 ਲਈ 11ਵੀਂ ਜਮਾਤ ਵਿੱਚ ਖਾਲੀ ਪਈਆਂ ਸੀਟਾਂ ਦੇ ਦਾਖਲੇ ਲਈ 22 ਜੁਲਾਈ ਨੂੰ ਦਾਖਲਾ ਚੋਣ ਪ੍ਰੀਖਿਆ ਹੋਵੇਗੀ । ਜਿਸ ਲਈ 31 ਮਈ ਤੱਕ ਆਨਲਾਈਨ ਫਾਰਮ ਭਰੇ ਜਾ ਸਕਦੇ ਹਨ। ਇਹ ਜਾਣਕਾਰੀ ਦਿੰਦਿਆਂ ਵਿਦਿਆਲਿਆ ਦੇ ਪ੍ਰਿੰਸੀਪਲ ਸੁਨੀਤਾ ਦੇਵੀ ਨੇ ਦੱਸਿਆ ਕਿ ਅਪਲਾਈ ਕਰਨ ਵਾਲੇ ਵਿਦਿਆਰਥੀ ਫ਼ਤਹਿਗੜ੍ਹ ਸਾਹਿਬ ਜ਼ਿਲ੍ਹੇ ਨਾਲ ਸੰਬੰਧਤ ਹੋਣੇ ਚਾਹੀਦੇ ਹਨ ਅਤੇ ਉਮੀਦਵਾਰ ਵਿੱਦਿਅਕ ਸੈਸ਼ਨ 2022-23 ਵਿੱਚ ਜ਼ਿਲ੍ਹੇ ਦੇ ਕਿਸੇ ਵੀ ਸਰਕਾਰੀ/ਮਾਨਤਾ ਪ੍ਰਾਪਤ ਜਾਂ ਰਿਕੋਨਾਈਜ਼ਡ ਸਕੂਲ ਵਿੱਚ 10ਵੀਂ ਜਮਾਤ ਵਿੱਚ ਪੜ੍ਹਦਾ ਹੋਣਾ ਚਾਹੀਦਾ ਹੈ। ਉਨ੍ਹਾਂ ਦੱਸਿਆ ਕਿ ਚਾਹਵਾਨ ਵਿਦਿਆਰਥੀ ਵਿਦਿਆਲਿਆ ਦੀ ਵੈਬ ਸਾਈਟ 'ਤੇ ਆਪਣੀ ਰਜਿਸਟਰੇਸ਼ਨ ਮੁਫ਼ਤ ਕਰਵਾ ਸਕਦੇ ਹਨ। ਉਨ੍ਹਾਂ ਦੱਸਿਆ ਕਿ ਦਾਖਲਾ ਕਰਵਾਉਣ ਵਾਲੇ ਵਿਦਿਆਰਥੀ ਦਾ ਜਨਮ 01 ਜੂਨ, 2006 ਤੋਂ 31 ਜੁਲਾਈ, 2008 (ਦੋਵੇਂ ਦਿਨਾਂ ਸਮੇਤ) ਵਿਚਕਾਰ ਹੋਣੀ ਚਾਹੀਦਾ ਹੈ। ਉਨ੍ਹਾਂ ਦੱਸਿਆ ਕਿ ਵਿੱਦਿਅਕ ਸੈਸ਼ਨ 2022-23 ਤੋਂ ਪਹਿਲਾਂ 10ਵੀਂ ਜਮਾਤ ਪਾਸ ਕਰਨ ਵਾਲੇ ਵਿਦਿਆਰਥੀ ਇਸ ਦਾਖਲੇ ਲਈ ਯੋਗ ਨਹੀਂ ਹੋਣਗੇ। ਉਨ੍ਹਾਂ ਹੋਰ ਦੱਸਿਆ ਕਿ ਦਾਖਲੇ ਲਈ ਸਿਰਫ ਭਾਰਤੀ ਨਾਗਰਿਕ ਜੋ ਕਿ 10ਵੀਂ ਜਮਾਤ ਦੀ ਪੜ੍ਹਾਈ ਕਰ ਰਹੇ ਹਨ, ਅਪਲਾਈ ਕਰਨ ਦੇ ਯੋਗ ਹੋਣਗੇ। ਇਸ ਸੰਬੰਧੀ ਹੋਰ ਵਧੇਰੇ ਜਾਣਕਾਰੀ ਵਾਸਤੇ ਜਵਾਹਰ ਨਵੋਦਿਆ ਵਿਦਿਆਲਿਆ ਦੀ ਵੈਬਸਾਈਟ 'ਤੇ ਵਿਜ਼ਿਟ ਕੀਤਾ ਜਾ ਸਕਦਾ ਹੈ।

## ਸੀ ਐੱਚ ਸੀ ਕੋਟ ਈਸੇ ਖਾਂ 'ਚ ਰਾਸ਼ਟਰੀ ਡੇਂਗੂ ਦਿਵਸ ਮਨਾਇਆ

**ਕੋਟ ਈਸੇ ਖਾਂ, (ਅਰੋੜਾ)** ਸਿਹਤ ਅਤੇ ਪਰਿਵਾਰ ਭਲਾਈ ਵਿਭਾਗ ਪੰਜਾਬ ਅਤੇ ਸਿਵਲ ਸਰਜਨ ਮੋਗਾ ਡਾਕਟਰ ਰਾਜੇਸ਼ ਅੱਤਰੀ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਅਤੇ ਸੀਨੀਅਰ ਮੈਡੀਕਲ ਅਫ਼ਸਰ ਡਾ. ਸਮਰਪ੍ਰੀਤ ਕੌਰ ਸੋਢੀ ਦੀ ਅਗਵਾਈ ਵਿਚ ਕਮਿਊਨਿਟੀ ਹੈਲਥ ਸੈਂਟਰ ਕੋਟ ਈਸੇ ਖਾਂ ਵਿਖੇ ਰਾਸ਼ਟਰੀ ਡੇਂਗੂ ਦਿਵਸ ਮਨਾਇਆ ਗਿਆ। ਇਸ ਮੌਕੇ ਡਾ.ਸਮਰਪ੍ਰੀਤ ਕੌਰ ਸੋਢੀ ਨੇ ਦੱਸਿਆ ਕਿ ਡੇਂਗੂ ਇਲਾਜ ਯੋਗ ਹੈ ਅਤੇ ਡੇਂਗੂ ਏਡੀਜ ਨਾਂ ਦੇ ਮੱਛਰ ਦੇ ਕੱਟਣ ਨਾਲ ਫੈਲਦੇ ਹਨ। ਇਹ ਮੱਛਰ ਸਾਫ਼ ਅਤੇ ਪਾਣੀ ਦੇ ਸੋਮਿਆਂ ਵਿਚ ਪੈਦਾ ਹੁੰਦਾ ਹੈ ਅਤੇ ਇਹ ਸਿਰਫ ਦਿਨ ਵੇਲੇ ਕੱਟਦਾ ਹੈ। ਬਲਾਕ ਐਜੂਕੇਟਰ ਹਰਪ੍ਰੀਤ ਕੌਰ ਨੇ ਦੱਸਿਆ ਕਿ ਡੇਂਗੂ ਵਿਚ ਤੇਜ਼ ਬੁਖ਼ਾਰ ਵੀ ਸਿਰਦਰਦ, ਮਾਸਪੇਸ਼ੀਆਂ ਵਿੱਚ ਦਰਦ, ਚਮੜੀ 'ਤੇ ਦਾਣੇ, ਅੱਖਾਂ ਦੇ ਪਿਛਲੇ ਹਿੱਸੇ ਵਿਚ ਦਰਦ, ਮਸੂੜਿਆਂ ਅਤੇ ਨੱਕ ਵਿਚ ਖ਼ੂਨ ਆ ਸਕਦਾ ਹੈ। ਡੇਂਗੂ ਤੋਂ ਬਚਾਓ ਲਈ ਕੂਲਰਾਂ ਅਤੇ ਗਮਲਿਆਂ ਦੀਆਂ ਟਰੇਆਂ ਵਿੱਚ ਖੜ੍ਹੇ ਪਾਣੀ ਨੂੰ ਹਫਤੇ ਵਿੱਚ ਇੱਕ ਵਾਰ ਜ਼ਰੂਰ ਸਾਫ ਕਰੋ । ਕੱਪੜੇ ਅਜਿਹੇ ਪਹਿਨੋ ਜਿਸ ਨਾਲ ਸਰੀਰ ਢਕਿਆ ਰਹੇ ਤਾਂ ਕਿ ਤੁਹਾਨੂੰ ਮੱਛਰ ਨਾ ਕੱਟ ਸਕੇ ।ਮੱਛਰਦਾਨੀ, ਮੱਛਰ ਭਜਾਉਣ ਵਾਲੀਆਂ ਕਰੀਮਾਂ ਅਤੇ ਤੇਲ ਆਦਿ ਦਾ ਇਸਤੇਮਾਲ ਕਰੋ। ਜਗਮੀਤ ਸਿੰਘ ਨੇ ਦੱਸਿਆ ਕਿ ਡੇਂਗੂ ਦਾ ਮੱਛਰ ਹਫ਼ਤੇ ਵਿੱਚ ਅੰਡਾ ਤੋਂ ਪੂਰਾ ਮੱਛਰ ਬਣਦਾ ਹੈ, ਇਸ ਲਈ ਕੂਲਰਾਂ, ਗਮਲਿਆਂ, ਫਰਿੱਜਾਂ ਦੀ ਟ੍ਰੇਆਂ ਅਤੇ ਹੋਰ ਪਾਣੀ ਦੇ ਭਾਂਡਿਆਂ ਨੂੰ ਹਫਤੇ ਦੇ ਹਰੇਕ ਸ਼ੁੱਕਰਵਾਰ ਨੂੰ ਸਾਫ ਕਰਕੇ ਸੁੱਕਾ ਰੱਖਿਆ ਜਾਵੇ। ਜੇਕਰ ਡੇਂਗੂ ਦੇ ਲੱਛਣ ਸਾਹਮਣੇ ਆਉਣ ਤਾਂ ਡੇਂਗੂ ਟੈਸਟ ਅਤੇ ਸੁਪੋਰਟਿਵ ਇਲਾਜ ਰਾਜ ਦੇ ਸਰਕਾਰੀ ਹਸਪਤਾਲਾਂ ਵਿੱਚ ਮੁਫ਼ਤ ਕੀਤਾ ਜਾਂਦਾ ਹੈ। ਇਸ ਮੌਕੇ ਡਾ.ਸੁਖਮਨਦੀਪ ਕੌਰ, ਡਾ. ਰਣਜੀਤ ਥਿੰਦ, ਕੁਲਵੰਤ ਕੌਰ, ਵਿਕਰਮ ਸਿੰਘ, ਰਾਜੇਸ਼ ਗਾਬਾ, ਸਿਮਰਜੀਤ ਕੌਰ, ਗੁਰਜਸਪਰੀਤ ਸਿੰਘ,ਰਾਣੀ, ਹਰਸ਼ਰਨ ਸਿੰਘ, ਸਤਿੰਦਰ ਕੌਰ ਅਤੇ ਸਮੂਹ ਸਟਾਫ਼ ਹਾਜ਼ਰ ਰਹੇ।

## ਲੋਕ ਸੇਵਾ ਸੁਸਾਇਟੀ ਨੇ ਖ਼ੂਨਦਾਨ ਕੈਂਪ ਲਾਇਆ

**ਜਗਰਾਉਂ, (ਸੰਜੀਵ ਅਰੋੜਾ)** ਲੋਕ ਸੇਵਾ ਸੁਸਾਇਟੀ ਵੱਲੋਂ ਏ.ਪੀ.ਰਿਫਾਇਨਰੀ ਵਿਖੇ ਖ਼ੂਨਦਾਨ ਕੈਂਪ ਲਾਇਆ ਗਿਆ। ਸੁਸਾਇਟੀ ਚੇਅਰਮੈਨ ਗੁਲਸ਼ਨ ਅਰੋੜਾ, ਪ੍ਰਧਾਨ ਕੰਵਲ ਕੱਕੜ, ਸਰਪ੍ਰਸਤ ਰਾਜਿੰਦਰ ਜੈਨ, ਸੈਕਟਰੀ ਕੁਲਭੂਸ਼ਨ ਗੁਪਤਾ ਅਤੇ ਕੈਸ਼ੀਅਰ ਸੁਨੀਲ ਬਜਾਜ ਦੀ ਅਗਵਾਈ ਹੇਠ ਲਾਏ ਇਸ ਖ਼ੂਨਦਾਨ ਕੈਂਪ ਦਾ ਉਦਘਾਟਨ ਕਰਦਿਆਂ ਏ. ਡੀ. ਸੀ. ਮੇਜਰ ਅਮਿਤ ਸਰੀਨ ਨੇ ਜਿੱਥੇ ਜ਼ਿਆਦਾ ਤੋਂ ਜ਼ਿਆਦਾ ਵਿਅਕਤੀਆਂ ਨੂੰ ਖ਼ੂਨਦਾਨ ਕਲਿਆਣ ਮੁਹਿੰਮ ਵਿਚ ਆਪਣਾ ਖ਼ੂਨਦਾਨ ਕਰਨ ਦੀ ਅਪੀਲ ਕੀਤੀ, ਉੱਥੇ ਲੋਕ ਸੇਵਾ ਸੁਸਾਇਟੀ ਅਤੇ ਏ.ਪੀ. ਰਿਫਾਇਨਰੀ ਮਾਲਕਾਂ ਵੱਲੋਂ ਕੀਤੇ ਜਾ ਰਹੇ ਸਮਾਜ ਸੇਵੀ ਕੰਮਾਂ ਦੀ ਸ਼ਲਾਘਾ ਕੀਤੀ। ਇਸ ਮੌਕੇ ਚੇਅਰਮੈਨ ਗੁਲਸ਼ਨ ਅਰੋੜਾ, ਏ. ਪੀ. ਰਿਫਾਇਨਰੀ ਦੇ ਮਾਲਕ ਰਵੀ ਚੰਦਨ ਗੋਇਲ, ਸਰਪ੍ਰਸਤ ਰਾਜਿੰਦਰ ਜੈਨ, ਅਰੁਣ ਗੋਇਲ, ਸ਼ਿਵ ਕੁਮਾਰ ਗੋਇਲ ਅਤੇ ਪ੍ਰਧਾਨ ਕੰਵਲ ਕੱਕੜ ਨੇ ਦੱਸਿਆ ਕਿ ਕੈਂਪ ਵਿਚ ਭੁਵਨ ਗੋਇਲ ਅਤੇ ਇਸ਼ਾਂਤ ਗੋਇਲ ਨੇ ਖ਼ੁਦ ਸਭ ਤੋਂ ਪਹਿਲਾਂ ਖ਼ੂਨਦਾਨ ਕਰਕੇ ਕੈਂਪ ਦਾ ਆਰੰਭ ਕੀਤਾ। ਇਸ ਕੈਂਪ ਵਿੱਚ ਸਿਵਲ ਹਸਪਤਾਲ ਦੇ ਬਲੱਡ ਬੈਂਕ ਦੀ ਟੀਮ ਸੁਖਮਿੰਦਰ ਸਿੰਘ, ਨਿਰਮਲ ਸਿੰਘ, ਡਾ. ਮਨੀਤ ਲੂਥਰਾ ਤੇ ਸੰਦੀਪ ਕੌਰ ਆਪਣੀਆਂ ਸੇਵਾਵਾਂ ਨਿਭਾਈਆਂ ਅਤੇ ਕੈਂਪ ਵਿਚ 52 ਵਿਅਕਤੀਆਂ ਨੇ ਖ਼ੂਨ ਦਾਨ ਕੀਤਾ। ਇਸ ਮੌਕੇ ਹਰੇਕ ਖ਼ੂਨ ਦਾਨੀ ਨੂੰ ਸਰਟੀਫਿਕੇਟ ਵੀ ਦਿੱਤੇ ਗਏ।

## ਦਫਤਰੀ ਸਮੇਂ 'ਚ ਬਦਲਾਅ ਨਾਲ ਆਮ ਲੋਕਾਂ ਦੀ ਹੋਈ ਖੱਜਲ-ਖੁਆਰੀ : ਹਨੀ ਫੱਤਣਵਾਲਾ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ /ਪੂਜਾ)**-ਸਰਕਾਰੀ ਦਫਤਰਾਂ ਦੇ ਸਮੇਂ 'ਚ ਕੀਤਾ ਬਦਲਾਅ ਮਹਿਜ਼ ਆਮ ਲੋਕਾਂ ਦੀ ਖੱਜਲ ਖੁਆਰੀ ਦਾ ਕਾਰਨ ਬਣ ਰਿਹਾ ਹੈ। ਇਹ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਦੇ ਸਾਬਕਾ ਜਨਰਲ ਸਕੱਤਰ ਜਗਜੀਤ ਸਿੰਘ ਬਰਾੜ ਹਨੀ ਫੱਤਣਵਾਲਾ ਨੇ ਕੀਤਾ। ਹਨੀ ਫੱਤਣਵਾਲਾ ਨੇ ਕਿਹਾ ਕਿ 7 ਵਜੇ ਸਵੇਰੇ ਆਮ ਲੋਕ ਜਿਨ੍ਹਾ ਨੇ ਪਿੰਡਾਂ ਤੋਂ ਬੱਸ ਰਾਹੀਂ ਆਉਣਾ ਹੁੰਦਾ ਹੈ, ਪਹੁੰਚ ਹੀ ਨਹੀਂ ਸਕਦੇ ਕਿਉਂਕਿ ਏਨੀ ਸਵੇਰੇ ਬੱਸ ਸਰਵਿਸ ਬਹੁਤ ਘੱਟ ਪਿੰਡਾਂ ਚੋਂ ਹੈ। ਜਦ ਤੱਕ ਇਹ ਲੋਕ ਪਹੁੰਚਦੇ ਹਨ ਦਫਤਰ ਬੰਦ ਦਾ ਸਮਾਂ ਹੋ ਜਾਂਦਾ ਹੈ। ਉਨ੍ਹਾਂ ਕਿਹਾ ਕਿ ਸਰਕਾਰੀ ਮੁਲਾਜ਼ਮਾਂ ਦਾ ਵੀ ਸਵੇਰ ਸਮੇਂ 7 ਵਜੇ ਪਹੁੰਚਣਾ ਮੁਸ਼ਕਲ ਹੋਇਆ ਹੈ। ਬਿਜਲੀ ਦੀ ਬੱਚਤ ਦੇ ਨਾਂਅ 'ਤੇ ਜਾਰੀ ਇਸ ਫੁਰਮਾਨ ਦੇ ਚਲਦਿਆਂ ਇਹ ਡਰ ਸਤਾ ਰਿਹਾ ਕਿ ਝੋਨੇ ਦੇ ਸੀਜ਼ਨ ਵਿਚ ਬਿਜਲੀ ਕਿਸ ਤਰ੍ਹਾਂ ਪੂਰੀ ਆਵੇਗੀ। ਉਨ੍ਹਾ ਕਿਹਾ ਕਿ ਇਸ ਸਰਕਾਰੀ ਫੁਰਮਾਨ ਕਰਕੇ ਮਹਿਲਾ ਮੁਲਾਜ਼ਮਾਂ ਨੂੰ ਵੱਡੀ ਪ੍ਰੇਸ਼ਾਨੀ ਹੋਈ ਹੈ। ਕਿਉਕਿ ਬੱਚਿਆਂ ਦੀ ਸਕੂਲ ਸਮੇਂ ਤੇ ਪਹੁੰਚਣ ਲਈ ਤਿਆਰੀ ਅਤੇ ਉਹੋ ਸਮਾਂ ਡਿਊਟੀ ਦਾ ਹੋਣ ਕਾਰਨ ਵੱਡੀ ਪ੍ਰੇਸ਼ਾਨੀ ਆ ਰਹੀ ਹੈ। ਫੱਤਣਵਾਲਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਸਰਕਾਰ ਵੱਲੋਂ ਆਪ ਮੁਹਾਰੇ ਲਏ ਜਾਂ ਰਹੇ ਫੈਸਲੇ ਆਮ ਲੋਕਾਂ ਦੇ ਹੱਕ ਵਿਚ ਨਹੀਂ ਅਤੇ ਅਜਿਹੇ ਫੈਸਲਿਆਂ 'ਤੇ ਸਰਕਾਰ ਮੁੜ ਵਿਚਾਰ ਕਰੇ।

## ਮੁੱਖ ਮੰਤਰੀ ਦੇ ਜਨ ਸੰਵਾਦ ਦੇ ਚਲਦੇ ਸਿਰਸਾ ਦੇ ਲੋਕ ਨਿਰਾਸ਼ : ਬਜਰੰਗ ਗਰਗ

**ਸਿਰਸਾ (ਸੁਰਿੰਦਰ ਪਾਲ ਸਿੰਘ)**- ਹਰਿਆਣਾ ਪ੍ਰਦੇਸ਼ ਕਾਂਗਰਸ ਸੂਬਾ ਕਮੇਟੀ ਦੇ ਸੀਨੀਅਰ ਬੁਲਾਰੇ ਅਤੇ ਸਿਰਸਾ ਦੇ ਇੰਚਾਰਜ ਬਜਰੰਗ ਦਾਸ ਗਰਗ ਨੇ ਪ੍ਰੈਸ ਕਾਨਫਰੰਸ ਦੌਰਾਨ ਕਿਹਾ ਕਿ ਮੁੱਖ ਮੰਤਰੀ ਮਨੋਹਰ ਲਾਲ ਖੱਟਰ ਦਾ ਜਨ ਸੰਵਾਦ ਕਾਰਨ ਸਿਰਸਾ ਦੇ ਲੋਕਾਂ ਹੱਥ ਸਿਰਫ਼ ਨਿਰਾਸ਼ਾ ਹੀ ਲੱਗੀ ਹੈ। ਉਨ੍ਹਾ ਕਿਹਾ ਕਿ ਮੁੱਖ ਮੰਤਰੀ ਦੇ ਜਨ ਸੰਵਾਦ ਪ੍ਰੋਗਰਾਮ ਦੌਰਾਨ 5 ਜ਼ਿਲ੍ਹਿਆਂ ਦੀ ਪੁਲਸ ਫੋਰਸ ਤਇਨਾਤ ਸੀ।ਜਦੋਂ ਮੁੱਖ ਮੰਤਰੀ ਆਪਣੇ ਆਪ ਨੂੰ ਸੁਰੱਖਿਅਤ ਨਹੀਂ ਸਮਝਦੇ ਤਾਂ ਉਹ ਲੋਕਾਂ ਦੀ ਸੁਰੱਖਿਆ ਕਿਵੇਂ ਕਰਨਗੇ? ਮੁੱਖ ਮੰਤਰੀ ਦੇ ਸੰਵਾਦ 'ਚ ਇੱਕ ਰਾਜਨੀਤੀਵਾਨ ਦੀ ਕੁੱਟਮਾਰ ਅਤੇ ਉਸ ਨੂੰ ਚੁੱਕ ਕੇ ਬਾਹਰ ਕੱਢਣ ਦਾ ਬਿਆਨ ਨਿੰਦਣਯੋਗ ਹੈ।ਇਸ ਤੋਂ ਸਾਬਤ ਹੈ ਕਿ ਮੁੱਖ ਮੰਤਰੀ ਰਾਜਸੱਤਾ ਦੇ ਨਸ਼ੇ ਵਿਚ ਚੂਰ ਹਨ। ਮੁੱਖ ਮੰਤਰੀ ਨੇ ਵੱਖਰੇ ਵਿਚਾਰ ਰੱਖਣ ਵਾਲੀ ਮਹਿਲਾ ਸਰਪੰਚ ਦਾ ਅਪਮਾਨ ਕੀਤਾ ਹੈ। ਉਨ੍ਹਾ ਕਿਹਾ ਕਿ ਸਰਕਾਰ ਵੱਲੋਂ ਸਰ੍ਹੋਂ ਦੀ ਖਰੀਦ ਲਈ ਕਿਸਾਨਾਂ ਵੱਲੋਂ ਮੁੱਖ ਮੰਤਰੀ ਨੂੰ ਮਿਲਣਾ ਚਾਹਿਆ ਤਾਂ ਉਨ੍ਹਾਂ ਦੀ ਗੱਲ ਸੁਣਨ ਦੀ ਬਜਾਏ ਕਿਸਾਨਾਂ 'ਤੇ ਲਾਠੀਚਾਰਜ ਕੀਤਾ ਗਿਆ। ਇਸ ਮੌਕੇ ਉਨ੍ਹਾ ਦੇ ਨਾਲ ਸਾਬਕਾ ਸੰਸਦ ਮੈਂਬਰ ਸੁਸ਼ੀਲ ਇੰਦੌਰਾ, ਸਾਬਕਾ ਸੰਸਦ ਮੈਂਬਰ ਚਰਨਜੀਤ ਰੋੜੀ, ਸੀਨੀਅਰ ਕਾਂਗਰਸੀ ਆਗੂ ਰਾਜਕੁਮਾਰ ਸ਼ਰਮਾ, ਆਨੰਦ ਬਿਆਨੀ ਅਤੇ ਉਰਮਿਲਾ ਭਾਰਦਵਾਜ ਸਮੇਤ ਬਹੁਤ ਸਾਰੇ ਕਾਂਗਰਸੀ ਕਾਰਕੁੰਨ ਵੀ ਹਾਜ਼ਰ ਸਨ।

## ਸ਼ਤਾਬਗੜ੍ਹ ਦੇ ਸਰਪੰਚ ਤੇ ਗ੍ਰਾਮ ਪੰਚਾਇਤ ਵੱਲੋਂ ਸੇਵਾਮੁਕਤ ਪੰਚਾਇਤ ਅਫਸਰ ਦੇ ਦੋਸ਼ਾਂ ਦਾ ਖੰਡਨ




ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ, ਰਾਜਵੀਰ ਸਿੰਘ)

ਬੀਤੇ ਦਿਨੀਂ ਸੁਲਤਾਨਪੁਰ ਲੋਧੀ ਪ੍ਰੈੱਸ ਕਲੱਬ ਵਿਖੇ ਸ਼ਤਾਬਗੜ੍ਹ ਪਿੰਡ ਦੇ ਵਸਨੀਕ ਅਤੇ ਸੇਵਾ-ਮੁਕਤ ਪੰਚਾਇਤ ਅਫਸਰ ਦਰਸ਼ਨ ਸਿੰਘ ਵੱਲੋਂ ਸਾਥੀਆਂ ਸਮੇਤ ਪ੍ਰੈੱਸ ਕਾਨਫਰੰਸ ਕਰਕੇ ਪਿੰਡ ਦੀ ਪੰਚਾਇਤ ਅਤੇ ਸਰਪੰਚ 'ਤੇ ਗ੍ਰਾਂਟਾਂ ਵਿੱਚ ਘਪਲੇਬਾਜ਼ੀ ਕਰਨ ਦੇ ਦੋਸ਼ ਲਗਾਏ ਗਏ ਸਨ। ਦੂਜੇ ਇਸ ਮਾਮਲੇ ਨੂੰ ਲੈ ਕੇ ਹਲਕਾ ਸੁਲਤਾਨਪੁਰ ਲੋਧੀ ਦੇ ਪਿੰਡ ਸ਼ਤਾਬਗੜ੍ਹ ਦੇ ਸਰਪੰਚ ਹਰਬੀਰ ਸਿੰਘ ਤੇ ਸਮੂਹ ਗ੍ਰਾਮ ਪੰਚਾਇਤ ਦੇ ਮੈਂਬਰਾਂ ਵੱਲੋਂ ਵੱਡੀ ਗਿਣਤੀ 'ਚ ਪਿੰਡ ਵਾਸੀਆਂ ਦੀ ਮੌਜੂਦਗੀ 'ਚ ਬੁੱਧਵਾਰ ਨੂੰ ਇੱਥੇ ਸਥਾਨਕ ਸ੍ਰੀ ਗੁਰੂ ਨਾਨਕ ਦੇਵ ਜੀ ਪ੍ਰੈੱਸ ਕਲੱਬ ਵਿਖੇ ਪ੍ਰੈੱਸ ਕਾਨਫਰੰਸ ਕਰਕੇ ਸੇਵਾਮੁਕਤ ਪੰਚਾਇਤ ਅਫਸਰ ਦਰਸ਼ਨ ਸਿੰਘ ਵੱਲੋਂ ਲਗਾਏ ਗਏ ਦੋਸ਼ਾਂ ਨੂੰ ਝੂਠੇ ਤੇ ਬੇਬੁਨਿਆਦ ਕਰਾਰ ਦਿੰਦਿਆ ਸਮੂਹ ਦੋਸ਼ਾਂ ਨੂੰ ਨਕਾਰਦਿਆਂ ਖੰਡਨ ਕੀਤਾ ਗਿਆ। ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਸਰਪੰਚ ਹਰਬੀਰ ਸਿੰਘ ਤੇ ਹੋਰ ਮੈਂਬਰ ਪੰਚਾਇਤਾਂ ਨੇ ਕਿਹਾ ਕਿ ਉਕਤ ਸੇਵਾਮੁਕਤ ਪੰਚਾਇਤ ਅਫਸਰ ਵੱਲੋਂ ਪਿੰਡ ਵਿੱਚ ਹੀ ਇੱਕ ਸਰਕਾਰੀ ਜ਼ਮੀਨ (ਸਕੂਲ ਦੀ ਗਰਾਊਂਡ) ਜੋ ਕਿ ਤਕਰੀਬਨ 5 ਮਰਲੇ ਹੈ, ਉੱਤੇ ਆਪਣੇ ਸੇਵਾ ਕਾਲ ਦੌਰਾਨ ਤੋਂ ਹੀ ਅਹੁਦੇ ਦੀ ਦੁਰਵਰਤੋਂ ਕਰਦੇ ਹੋਏ ਨਜਾਇਜ ਤੌਰ 'ਤੇ ਕਬਜ਼ਾ ਕਰਕੇ ਉਸ ਉਪਰ ਗੈਰ-ਕਾਨੂੰਨੀ ਉਸਾਰੀ ਕਰਕੇ ਅੱਗੋਂ ਪਿੰਡ ਦੀ ਹੀ ਵਸਨੀਕ ਇੱਕ ਔਰਤ ਨੂੰ ਲੱਖਾਂ ਰੁਪਏ 'ਚ ਵੇਚ ਦਿੱਤਾ ਹੈ, ਜਿਸ ਦਾ ਵੱਡੀ ਗਿਣਤੀ ਵਿੱਚ ਪਿੰਡ ਵਾਸੀਆਂ ਵੱਲੋਂ ਵਿਰੋਧ ਕੀਤਾ ਗਿਆ।

ਉਨ੍ਹਾਂ ਦੱਸਿਆ ਕਿ ਜਿਸ ਮਗਰੋਂ ਇਸ ਸੰਬੰਧੀ ਪਿੰਡ ਦੀ ਗ੍ਰਾਮ ਪੰਚਾਇਤ ਵੱਲੋਂ ਮਤਾ ਪਾਸ ਕਰਕੇ ਪ੍ਰਸ਼ਾਸਨ ਨੂੰ ਨਿਸ਼ਾਨਦੇਹੀ ਕਰਨ ਲਈ ਲਿਖਤੀ ਮੰਗ ਕੀਤੀ ਗਈ ਅਤੇ ਉਕਤ ਸੇਵਾਮੁਕਤ ਪੰਚਾਇਤ ਅਫਸਰ ਦੇ ਖਿਲਾਫ ਬਣਦੀ ਅਨੁਸ਼ਾਸਨਿਕ ਕਾਰਵਾਈ ਕਰਕੇ ਇਸ ਦੀ ਪੈਨਸ਼ਨ 'ਤੇ ਰੋਕ ਲਗਾਉਣ ਦੀ ਸੰਬੰਧਤ ਵਿਭਾਗ ਪਾਸੋਂ ਮੰਗ ਕੀਤੀ ਸੀ। ਐੱਸ ਐੱਸ ਪੀ ਕਪੂਰਥਲਾ ਪਾਸੋਂ ਵੀ ਉਕਤ ਨਾਜਾਇਜ਼ ਕਬਜ਼ੇ ਨੂੰ ਖਾਲੀ ਕਰਵਾਉਣ ਦੀ ਲਿਖਤੀ ਤੌਰ 'ਤੇ ਮੰਗ ਕੀਤੀ ਗਈ। ਇਸ ਤੋਂ ਇਲਾਵਾ 13 ਅਪ੍ਰੈਲ ਨੂੰ ਵੱਖ-ਵੱਖ ਵਿਭਾਗਾਂ ਨੂੰ ਗ੍ਰਾਮ ਪੰਚਾਇਤ ਵੱਲੋਂ ਲਿਖਤੀ ਪੱਤਰ ਭੇਜ ਕੇ ਉਕਤ ਨਜਾਇਜ ਕਬਜ਼ੇ ਖਿਲਾਫ ਕਾਰਵਾਈ ਕਰਨ ਦੀ ਮੰਗ ਵੀ ਕੀਤੀ ਗਈ ਸੀ, ਜਿਸ ਸੰਬੰਧੀ ਹਾਲੇ ਵੀ ਕੋਈ ਕਾਰਵਾਈ ਨਹੀਂ ਹੋ ਸਕੀ।

ਉਨ੍ਹਾਂ ਦੱਸਿਆ ਕਿ ਗ੍ਰਾਮ ਪੰਚਾਇਤ ਵੱਲੋਂ ਕੀਤੀ ਗਈ ਉਕਤ ਕਾਰਵਾਈ ਤੋਂ ਬਾਅਦ ਬੁਖਲਾਹਟ ਵਿੱਚ ਆ ਕੇ ਉਕਤ ਸੇਵਾਮੁਕਤ ਪੰਚਾਇਤ ਅਫਸਰ ਦਰਸ਼ਨ ਸਿੰਘ ਵੱਲੋਂ ਮੀਡੀਆ ਸਾਹਮਣੇ ਆ ਕੇ ਸਾਡੇ ਉੱਤੇ ਝੂਠੇ ਅਤੇ ਬੇਬੁਨਿਆਦ ਦੋਸ਼ ਲਗਾਏ ਜਾ ਰਹੇ ਹਨ ਅਤੇ ਉਪਰੋਕਤ ਵਿਸ਼ੇ ਦੇ ਸੰਬੰਧ 'ਚ ਉਸ ਦੇ ਖਿਲਾਫ ਕੀਤੀਆਂ ਗਈਆਂ ਉਕਤ ਸ਼ਿਕਾਇਤਾਂ ਨੂੰ ਵਾਪਸ ਲੈਣ ਲਈ ਦਬਾਅ ਬਣਾਇਆ ਜਾ ਰਿਹਾ ਹੈ, ਤਾਂ ਜੋ ਉਹ ਕਾਰਵਾਈ ਤੋਂ ਬਚ ਸਕੇ।

ਗ੍ਰਾਂਟਾਂ 'ਚ ਕਥਿਤ ਘਪਲੇ ਦੇ ਲਗਾਏ ਜਾ ਰਹੇ ਦੋਸ਼ਾਂ ਦੇ ਸਵਾਲ ਦਾ ਜਵਾਬ ਦਿੰਦਿਆਂ ਸਰਪੰਚ ਹਰਬੀਰ ਸਿੰਘ ਅਤੇ ਸਮੂਹ ਪੰਚਾਇਤ ਮੈਂਬਰਾਂ ਨੇ ਕਿਹਾ ਕਿ ਪਿੰਡ ਲਈ ਆਈਆਂ ਗਰਾਂਟਾਂ ਦੀ ਵਰਤੋਂ 'ਚ ਕਿਸੇ ਕਿਸਮ ਦੀ ਕੋਈ ਵੀ ਬੇਨਿਯਮੀ ਨਹੀਂ ਹੋਈ, ਜਿੰਨੀ ਗਰਾਂਟ ਪਿੰਡ 'ਚ ਆਈ ਹੈ, ਉਸ ਦੀ ਪੂਰੀ ਸਹੀ ਢੰਗ ਨਾਲ ਵਰਤੋਂ ਕੀਤੀ ਗਈ ਹੈ, ਪ੍ਰੰਤੂ ਉਕਤ ਸੇਵਾਮੁਕਤ ਪੰਚਾਇਤ ਅਫਸਰ ਆਪਣੇ ਕੁਝ ਸਾਥੀਆਂ ਨਾਲ ਰਲ ਕੇ ਤੱਥਹੀਣ ਗੱਲਾਂ ਕਰਕੇ ਲੋਕਾਂ ਨੂੰ ਗੁੰਮਰਾਹ ਕਰਨ ਦੀ ਬੇਲੋੜੀ ਕੋਸ਼ਿਸ਼ ਕਰ ਰਹੇ ਹਨ, ਜਦਕਿ ਪਿੰਡ ਦੇ ਹਰ ਵਸਨੀਕ ਨੂੰ ਪਿੰਡ ਦੇ ਵਿਕਾਸ ਕੰਮਾਂ ਬਾਰੇ ਭਲੀਭਾਂਤ ਜਾਣਕਾਰੀ ਹੈ।

ਸਰਪੰਚ ਹਰਬੀਰ ਸਿੰਘ ਨੇ ਕਿਹਾ ਕਿ ਸਾਡੇ ਪਰਵਾਰ ਨੇ 25 ਸਾਲ ਪਿੰਡ ਦੀ ਨੁਮਾਇੰਦਗੀ ਕੀਤੀ ਹੈ ਤੇ ਮੈਂ ਖੁਦ ਤੀਜੀ ਵਾਰ ਸਰਪੰਚ ਬਣਿਆ ਹਾਂ। ਸਾਡੇ ਪਰਵਾਰ ਦੇ ਕਿਰਦਾਰ ਤੋਂ ਪੂਰਾ ਇਲਾਕਾ ਜਾਣੂ ਹੈ, ਪ੍ਰੰਤੂ ਉਕਤ ਸੇਵਾਮੁਕਤ ਪੰਚਾਇਤ ਅਫਸਰ ਕਾਰਵਾਈ ਦੇ ਖੌਫ ਤੋਂ ਸਾਡੇ ਪਰਵਾਰ ਦੇ ਅਕਸ ਨੂੰ ਵਿਗਾੜਨ ਦੀ ਕੋਸ਼ਿਸ਼ ਕਰ ਰਿਹਾ ਹੈ।

## ਡਾ. ਨਵਸ਼ਰਨ ਨੂੰ ਤੰਗ-ਪ੍ਰੇਸ਼ਾਨ ਕਰਨ ਦੀ ਤਰਕਸ਼ੀਲ ਸੁਸਾਇਟੀ ਵੱਲੋਂ ਸਖ਼ਤ ਨਿਖੇਧੀ

**ਅੰਮ੍ਰਿਤਸਰ (ਜਸਬੀਰ ਪੱਟੀ)** ਤਰਕਸ਼ੀਲ ਸੁਸਾਇਟੀ ਪੰਜਾਬ ਦੀ ਸੂਬਾ ਕਮੇਟੀ ਨੇ ਕੇਂਦਰੀ ਏਜੰਸੀ ਈ ਡੀ ਵੱਲੋਂ ਬਿਨਾਂ ਕਿਸੇ ਦੋਸ਼ ਦੇ ਜਮਹੂਰੀ ਅਤੇ ਮਨੁੱਖੀ ਅਧਿਕਾਰਾਂ ਦੀ ਕਾਰਕੁੰਨ ਅਤੇ ਨਾਮਵਰ ਵਿਦਵਾਨ ਡਾ. ਨਵਸ਼ਰਨ ਨੂੰ ਸੰਮਨ ਭੇਜ ਕੇ ਅੱਠ ਘੰਟੇ ਪੁੱਛ ਪੜਤਾਲ ਕਰਨ ਦੀ ਸਖਤ ਸ਼ਬਦਾਂ 'ਚ ਨਿਖੇਧੀ ਕੀਤੀ ਅਤੇ ਇਸਨੂੰ ਦੇਸ਼ ਦੀ ਸਮੁੱਚੀ ਜਮਹੂਰੀ ਲਹਿਰ 'ਤੇ ਵੱਡਾ ਹਮਲਾ ਕਰਾਰ ਦਿੰਦਿਆ ਸਮੂਹ ਲੋਕ ਪੱਖੀ ਅਤੇ ਜਮਹੂਰੀ ਜਨਤਕ ਜਥੇਬੰਦੀਆਂ ਨੂੰ ਬੁੱਧੀਜੀਵੀਆਂ ਖਿਲਾਫ ਮੋਦੀ ਹਕੂਮਤ ਦੀ ਇਸ ਤਾਨਾਸ਼ਾਹੀ ਕਾਰਵਾਈ ਦਾ ਵਿਰੋਧ ਕਰਨ ਦਾ ਸੱਦਾ ਦਿੱਤਾ। ਇਸ ਸੰਬੰਧੀ ਸੂਬਾ ਕਮੇਟੀ ਆਗੂਆਂ ਮਾਸਟਰ ਰਾਜਿੰਦਰ ਭਦੌੜ, ਜੋਗਿੰਦਰ ਕੁੱਲੇਵਾਲ, ਜਸਵੰਤ ਮੋਹਾਲੀ, ਸੁਮੀਤ ਸਿੰਘ, ਰਾਜੇਸ਼ ਅਕਲੀਆ ਅਤੇ ਜਸਵਿੰਦਰ ਫਗਵਾੜਾ ਨੇ ਕਿਹਾ ਕਿ ਮੋਦੀ ਹਕੂਮਤ ਦੀ ਇਸ ਫਾਸ਼ੀਵਾਦੀ ਕਾਰਵਾਈ ਦਾ ਵਿਰੋਧ ਕਰਦਿਆਂ ਕਿਹਾ ਕਿ ਡਾ. ਨਵਸ਼ਰਨ ਪਿਛਲੇ ਤਿੰਨ ਦਹਾਕਿਆਂ ਤੋਂ ਹਕੂਮਤਾਂ ਦੀਆਂ ਸਾਮਰਾਜੀ ਪੱਖੀ ਨੀਤੀਆਂ, ਫਿਰਕੂ ਹਮਲਿਆਂ, ਕਾਲੇ ਕਾਨੂੰਨਾਂ, ਝੂਠੇ ਕੇਸਾਂ, ਨਜਾਇਜ ਗ੍ਰਿਫਤਾਰੀਆਂ ਦੇ ਸਤਾਏ ਹੋਏ ਕਿਸਾਨਾਂ, ਮਜ਼ਦੂਰਾਂ, ਔਰਤਾਂ, ਆਦਿਵਾਸੀਆਂ, ਦਲਿਤਾਂ ਅਤੇ ਹੋਰਨਾਂ ਪੀੜਤ ਵਰਗਾਂ ਦੇ ਜਮਹੂਰੀ ਹੱਕਾਂ ਦੀ ਰਾਖੀ ਲਈ ਲਗਾਤਾਰ ਜਮਹੂਰੀ ਸੰਘਰਸ਼ ਕਰਦੇ ਆ ਰਹੇ ਹਨ ਅਤੇ ਇਸੇ ਲਈ ਉਹ ਮੋਦੀ ਹਕੂਮਤ ਦੀਆਂ ਅੱਖਾਂ 'ਚ ਰੜਕ ਰਹੇ ਹਨ। ਤਰਕਸ਼ੀਲ ਆਗੂਆਂ ਨੇ ਡਾ. ਨਵਸ਼ਰਨ ਨੂੰ ਪੀ ਐਮ ਐਲ ਏ ਦੇ ਲੋਕ ਵਿਰੋਧੀ ਕਾਨੂੰਨ ਤਹਿਤ ਭੇਜੇ ਸੰਮਨਾਂ ਦਾ ਡਟਵਾਂ ਵਿਰੋਧ ਕਰਦਿਆਂ ਮੋਦੀ ਸਰਕਾਰ ਉਤੇ ਦੋਸ਼ ਲਾਇਆ ਕਿ ਉਹ ਹਕੂਮਤਾਂ ਦੀਆਂ ਜਲ, ਜੰਗਲ, ਜ਼ਮੀਨ, ਕੁਦਰਤੀ ਖਣਿਜ ਪਦਾਰਥਾਂ ਦੀ ਲੁੱਟ ਖਿਲਾਫ ਅਤੇ ਦੱਬੇ ਕੁਚਲੇ ਲੋਕਾਂ ਦੇ ਹੱਕਾਂ ਦੀ ਰਾਖੀ ਲਈ ਆਵਾਜ਼ ਬੁਲੰਦ ਕਰਨ ਵਾਲੇ ਬੁੱਧੀਜੀਵੀਆਂ, ਵਕੀਲਾਂ, ਸਮਾਜਿਕ ਕਾਰਕੁਨਾਂ, ਪੱਤਰਕਾਰਾਂ ਅਤੇ ਲੇਖਕਾਂ ਨੂੰ ਯੂ ਏ ਪੀ ਏ ਦੇ ਕਾਲੇ ਕਾਨੂੰਨ ਤਹਿਤ ਝੂਠੇ ਕੇਸਾਂ ਹੇਠ ਜੇਲ੍ਹਾਂ 'ਚ ਨਜ਼ਰਬੰਦ ਕਰਕੇ ਉਨ੍ਹਾਂ ਦੀ ਜਬਾਨਬੰਦੀ ਕਰਨਾ ਚਾਹੁੰਦੀ ਹੈ ਤਾਂ ਕਿ ਹਕੂਮਤੀ ਸਰਪ੍ਰਸਤੀ ਹੇਠ ਕਾਰਪੋਰੇਟ ਘਰਾਣਿਆਂ ਵੱਲੋਂ ਇਨ੍ਹਾਂ ਕੁਦਰਤੀ ਸਰੋਤਾਂ ਦੀ ਕੀਤੀ ਜਾ ਰਹੀ ਅੰਨੀ ਲੁੱਟ ਬੇਰੋਕ ਟੋਕ ਜਾਰੀ ਰਹਿ ਸਕੇ। ਤਰਕਸ਼ੀਲ ਸੁਸਾਇਟੀ ਨੇ ਡਾ.ਨਵਸ਼ਰਨ ਦੀ ਡਟਵੀਂ ਹਮਾਇਤ ਕਰਦਿਆਂ ਸਮੂਹ ਲੋਕ ਪੱਖੀ ਅਤੇ ਇਨਸਾਫ ਪਸੰਦ ਜਮਹੂਰੀ ਜਥੇਬੰਦੀਆਂ ਨੂੰ ਮੋਦੀ ਹਕੂਮਤ ਵੱਲੋਂ ਕੇਂਦਰੀ ਏਜੰਸੀਆਂ ਰਾਹੀਂ ਬੁੱਧੀਜੀਵੀ ਵਰਗ ਦੇ ਖਿਲਾਫ ਵਰਤੇ ਜਾ ਰਹੇ ਹੋਛੇ ਹੱਥਕੰਡਿਆਂ ਅਤੇ ਫਾਸ਼ੀਵਾਦੀ ਨੀਤੀਆਂ ਦਾ ਡਟਵਾਂ ਵਿਰੋਧ ਕਰਨ ਦਾ ਸੱਦਾ ਦਿੱਤਾ।


AXIS BANK ਰਿਟੇਲ ਐਸੇਟ ਸੈਂਟਰ : ਐਕਸਿਸ ਬੈਂਕ ਲਿਮ., ਦੂਜੀ ਤੇ ਤੀਜੀ ਮੰਜ਼ਲ, ਜਾਇਦਾਦ ਨੰ. 7-ਈ, ਮਲਹਾਰ ਰੋਡ, ਸਰਾਭਾ ਨਗਰ, ਲੁਧਿਆਣਾ-141001
ਕਾਰਪੋਰੇਟ ਦਫਤਰ : ਤੀਜੀ ਮੰਜ਼ਲ, ਬਲਾਕ-ਬੀ, ਬੰਬੇ ਡਾਇੰਗ ਮਿਲਜ਼ ਕੰਪਾਊਂਡ, ਪਾਂਡੂਰੰਗ ਬੁੱਧਕਰ ਮਾਰਗ, ਵਰਲੀ, ਮੁੰਬਈ-400025
ਰਜਿਸਟਰਡ ਦਫਤਰ : "ਤ੍ਰਿਸ਼ੂਲ" ਤੀਜੀ ਮੰਜ਼ਲ, ਸਾਹਮਣੇ ਸਮਰਥੇਸ਼ਵਰ ਟੈਂਪਲ, ਲਾਅ ਗਾਰਡਨ, ਐਲਿਜ਼ਬ੍ਰਿਜ, ਅਹਿਮਦਾਬਾਦ-380006

**[ ਰੂਲ-8 (1)] ਕਬਜ਼ਾ ਨੋਟਿਸ (ਅਚੱਲ ਜਾਇਦਾਦ ਵਾਸਤੇ)**

ਜਦੋਂ ਕਿ ਨਿਮਨਹਸਤਾਖਰੀ ਨੇ ਐਕਸਿਸ ਬੈਂਕ ਲਿਮਟਿਡ, ਰਿਟੇਲ ਐਸੇਟ ਸੈਂਟਰ, ਐੱਸ ਸੀ ਓ-5, ਪਹਿਲੀ ਮੰਜ਼ਲ, ਛੋਟੀ ਬਾਰਾਂਦਰੀ, ਪਟਿਆਲਾ, ਪੰਜਾਬ-147001 ਦੇ ਅਧਿਕਾਰਤ ਅਫਸਰ ਵਜੋਂ ਸਕਿਉਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਤੇ ਸਕਿਉਰਟਾਈਜੇਸ਼ਨ ਐਂਡ ਰੀਕੰਸਟਰਕਸ਼ਨ ਆਫ ਫਾਈਨੈਂਸ਼ੀਅਲ ਐਸੇਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ 2002 (2002 ਦਾ 54) ਤਹਿਤ ਮੈਸ: ਹਰੀ ਚੰਦ ਹਰਮੇਸ਼ ਕੁਮਾਰ ਨੂੰ ਰਾਹੀਂ ਇਸ ਦੇ ਮਾਲਕਾਂ ਸੁਮਿਤ ਮਿੱਤਲ ਅਤੇ ਸ੍ਰੀ ਸੁਮਿਤ ਮਿੱਤਲ ਨੂੰ ਨੋਟਿਸ 'ਚ ਦਰਸਾਈ ਰਕਮ ਰੁਪਏ 74,64,443/- (ਚੁਹੱਤਰ ਲੱਖ ਚੌਂਹਠ ਹਜ਼ਾਰ ਚਾਰ ਸੌ ਤਰਤਾਲੀ ਰੁਪਏ ਕੇਵਲ) ਸਮੇਤ 7 ਅਕਤੂਬਰ 2022 ਤੋਂ ਉਪਰ ਲਾਗੂ ਨਾ ਕੀਤੇ ਗਏ ਇਕਰਾਰਨਾਮੇ ਦੀ ਦਰ 'ਤੇ ਅਦਾਇਗੀ ਦੀ ਮਿਤੀ ਤੱਕ ਵਿਆਜ, ਇਸ ਨੋਟਿਸ ਦੀ ਪ੍ਰਾਪਤੀ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਅਦਾ ਕਰਨ ਲਈ 10 ਅਕਤੂਬਰ 2022 ਨੂੰ ਡਿਮਾਂਡ ਨੋਟਿਸ ਜਾਰੀ ਕੀਤਾ ਸੀ। ਕਰਜ਼ਦਾਰ ਰਕਮ ਵਾਪਸ ਮੋੜਨ 'ਚ ਅਸਫਲ ਰਿਹਾ ਹੈ, ਕਰਜ਼ਦਾਰ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਸਕਿਉਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 8 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਈ ਜਾਇਦਾਦ ਦਾ 15 ਮਈ 2023 ਨੂੰ ਕਬਜ਼ਾ ਹਾਸਲ ਕਰ ਲਿਆ ਹੈ। ਕਰਜ਼ਦਾਰ ਨੂੰ ਖਾਸ ਕਰਕੇ ਅਤੇ ਆਮ ਜਨਤਾ ਨੂੰ ਇਸ ਜਾਇਦਾਦ ਸੰਬੰਧੀ ਕਿਸੇ ਤਰ੍ਹਾਂ ਦੀ ਸੌਦੇਬਾਜ਼ੀ ਨਾ ਕੀਤੇ ਜਾਣ ਲਈ ਖਬਰਦਾਰ ਕੀਤਾ ਜਾਂਦਾ ਹੈ। ਜਾਇਦਾਦ ਸੰਬੰਧੀ ਕਿਸੇ ਤਰ੍ਹਾਂ ਦੀ ਸੌਦੇਬਾਜ਼ੀ ਐਕਸਿਸ ਬੈਂਕ ਲਿਮਟਿਡ ਦੀ 6 ਅਕਤੂਬਰ 2022 ਨੂੰ ਰੁਪਏ 74,64,443/- (ਚੁਹੱਤਰ ਲੱਖ ਚੌਂਹਠ ਹਜ਼ਾਰ ਚਾਰ ਸੌ ਤਰਤਾਲੀ ਰੁਪਏ ਕੇਵਲ) ਦੀ ਰਕਮ ਦੀ ਦੇਣਦਾਰੀ ਹੇਠ ਹੋਵੇਗੀ। ਤੁਹਾਨੂੰ ਇਸ 'ਤੇ 7 ਅਕਤੂਬਰ 2022 ਤੋਂ ਭਵਿੱਖੀ ਵਿਆਜ ਅਤੇ ਚਾਰਜਿਜ/ਖਰਚੇ ਆਦਿ ਵੀ ਅਦਾ ਕਰਨੇ ਪੈਣਗੇ। ਉਪਲੱਬਧ ਸਮੇਂ 'ਚ ਸਕਿਉਰਡ ਐਸੇਟਸ ਦੇ ਪੁਨਰ ਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

**ਅਚੱਲ ਜਾਇਦਾਦ ਦਾ ਵੇਰਵਾ**

ਪਲਾਟ ਨੰ. 68, ਰਕਬਾ 2500 ਵਰਗ ਫੁੱਟ, ਮੰਡੀ ਟਾਊਨਸ਼ਿਪ ਵਿਭਾਗ ਦੇ ਪੱਤਰ ਮਿਤੀ 18/2/2011 ਵੱਲੋਂ ਅਲਾਟ ਅਤੇ ਬੈਨਾਮਾ ਨੰ. 1221 ਮਿਤੀ 26/8/2011, ਵਸੀਕਾ ਨੰ. 1221 ਰਾਹੀਂ ਸ੍ਰੀ ਸੁਮਿਤ ਮਿੱਤਲ ਪੁੱਤਰ ਸ੍ਰੀ ਹਰੀ ਚੰਦ ਮਿੱਤਲ ਮਾਰਫਤ ਮੈਸ : ਹਰੀ ਚੰਦ ਹਰਮੇਸ਼ ਕੁਮਾਰ ਦੇ ਨਾਂਅ 'ਤੇ ਰਜਿਸਟਰਡ ਨਾਲ ਸੰਬੰਧਤ ਸਭ ਕੁੱਝ। ਹੱਦਾਂ : ਪੂਰਬ : ਸੜਕ, ਪੱਛਮ : ਖਾਲੀ ਪਲਾਟ, ਉੱਤਰ : ਖਾਲੀ ਪਲਾਟ, ਦੱਖਣ : ਖਾਲੀ ਪਲਾਟ।

ਮਿਤੀ : 15.05.2023 ਸਥਾਨ : ਅਮਲੋਹ — ਅਧਿਕਾਰਤ ਅਫਸਰ, ਐਕਸਿਸ ਬੈਂਕ ਲਿਮਟਿਡ


## ...ਸ.ਫ਼ਾ 1 ਦੇ ਬਾਕੀ

### ਦੇਸ਼ ਭਗਤ ਯਾਦਗਾਰ...

ਵਿਸ਼ੇਸ਼ ਅਧਿਆਪਕ ਸੁਧਾਰਕ ਓਲਵੇ ਅਤੇ ਰਣਦੀਪ ਮੱਦੋਕੇ ਦੁਆਰਾ ਸ਼ਮ੍ਹਾ ਰੌਸ਼ਨ ਕਰਨ ਨਾਲ ਹੋਇਆ। ਲੈਕਚਰ, ਸਕਰੀਨ ਸ਼ੋਅ, ਪ੍ਰੈਕਟੀਕਲ ਤੋਂ ਇਲਾਵਾ ਫ਼ੋਟੋ ਕਲਾ ਵਰਕਸ਼ਾਪ 'ਚ ਸ਼ਿਰਕਤ ਕਰਨ ਵਾਲੇ ਸਿਖਿਆਰਥੀਆਂ ਨੇ 'ਕਲਾ ਲੋਕਾਂ ਦੁਆਰਾ ਲੋਕਾਂ ਲਈ' ਦੇ ਸੰਕਲਪ ਨੂੰ ਬੁਲੰਦ ਕਰਨ ਦਾ ਅਹਿਦ ਲਿਆ।ਦੇਸ਼ ਭਗਤ ਯਾਦਗਾਰ ਕਮੇਟੀ ਵੱਲੋਂ ਅਮੋਲਕ ਸਿੰਘ ਨੇ ਮੌਜੂਦਾ ਸੰਦਰਭ 'ਚ ਕੈਮਰੇ ਅਤੇ ਫੋਟੋ ਦੀ ਅਹਿਮੀਅਤ ਬਿਆਨਦਿਆਂ ਕਿਹਾ ਕਿ ਇਤਿਹਾਸ, ਸਾਹਿਤ, ਕਲਾ ਅਤੇ ਸਮਾਜ ਨੂੰ ਜਾਨਣ ਅਤੇ ਸਚਿਆਰਾ ਬਣਾਉਣ 'ਚ ਫੋਟੋ ਕਲਾ ਦੀ ਵਿਸ਼ੇਸ਼ ਭੂਮਿਕਾ ਹੈ। ਉਪਰੰਤ ਜਨਰਲ ਸਕੱਤਰ ਪ੍ਰਿਥੀਪਾਲ ਸਿੰਘ ਮਾੜੀਮੇਘਾ ਅਤੇ ਪ੍ਰਧਾਨ ਅਜਮੇਰ ਸਿੰਘ ਨੇ ਦੇਸ਼ ਭਗਤ ਯਾਦਗਾਰ ਕਮੇਟੀ ਵਲੋਂ ਸਮੇਂ-ਸਮੇਂ ਅਜਿਹੇ ਪ੍ਰੋਗਰਾਮਾਂ ਦੀ ਸਾਰਥਿਕਤਾ ਬਾਰੇ ਦੱਸਦਿਆਂ ਕਲਾ ਵਰਕਸ਼ਾਪ 'ਚ ਪੁੱਜੀ ਜੁਆਨੀ ਨੂੰ ਮੁਬਾਰਕਬਾਦ ਦਿੱਤੀ। ਸ੍ਰੀ ਓਲਵੇ, ਮੱਦੋਕੇ ਅਤੇ ਨਿਰਮਾਣ ਨੇ ਫ਼ੋਟੋ ਕਲਾ ਬਾਰੇ ਸਮਝਾਉਂਦਿਆਂ ਮੌਜੂਦਾ ਸਿਸਟਮ ਦੇ ਲੋਕ-ਦੋਖੀ ਵਰਤਾਰੇ 'ਤੇ ਬਾਜ਼ ਅੱਖ ਰੱਖਣ ਵਾਲੀ ਅਤੇ ਲਤਾੜੇ ਲੋਕਾਂ ਦਾ ਦਮ ਭਰਨ ਵਾਲੀ ਫ਼ੋਟੋਗ੍ਰਾਫੀ ਦੀਆਂ ਬਾਰੀਕੀਆਂ ਬਾਰੇ ਚਾਨਣਾ ਪਾਇਆ। ਲੋਕ ਘੋਲਾਂ ਦੇ ਦਸਤਾਵੇਜ਼ੀ ਫੋਟੋ ਜਰਨਲਿਸਟ ਮੱਦੋਕੇ ਨੇ ਸਮਾਜਕ ਵਰਤਾਰਿਆਂ ਦੀ ਸਾਰਥਿਕ ਰਿਪੋਰਟਿੰਗ ਦੀ ਮਹੱਤਤਾ ਬੁਝਣ ਲਈ ਇਸ ਵੱਲੋਂ ਸਾਰਥਿਕ ਤਬਦੀਲੀ 'ਚ ਪਾਏ ਜਾਣ ਵਾਲੇ ਹਿੱਸੇ ਦੀ ਮਹੱਤਤਾ ਦੱਸੀ, ਉਥੇ ਪਦਮਸ੍ਰੀ ਸੁਧਾਰਕ ਓਲਵੇ ਨੇ ਦੇਸ਼ ਭਗਤ ਯਾਦਗਾਰ ਕੰਪਲੈਕਸ ਨੂੰ ਅਤੀਤ ਅਤੇ ਵਰਤਮਾਨ ਦੇ ਸੰਦਰਭ 'ਚ ਇਤਿਹਾਸ ਦਾ ਸਤੰਭ ਆਖਦਿਆਂ ਹੈਰਾਨੀ ਪ੍ਰਗਟਾਈ ਕਿ ਇਸ ਅਦਾਰੇ ਦੀ ਅਹਿਮੀਅਤ ਤਾਂ ਕੌਮੀ ਅਤੇ ਕੌਮਾਂਤਰੀ ਪੱਧਰ ਦੀ ਹੈ, ਪਰ ਇਸ ਤੋਂ ਦੇਸ਼ ਵਾਸੀ ਜਾਣੂੰ ਨਹੀਂ।

ਉਹਨਾਂ ਇਥੇ ਆਉਣ 'ਤੇ ਮਾਣ ਮਹਿਸੂਸ ਕਰਦਿਆਂ ਕਿਹਾ ਕਿ ਇਥੇ ਸਾਂਭਿਆ ਗਿਆ ਹਰ ਦਸਤਾਵੇਜ਼ ਅਤੇ ਦੇਸ਼ ਭਗਤਾਂ ਦੀਆਂ ਫੋਟੋਆਂ ਆਉਣ ਵਾਲੀਆਂ ਨਸਲਾਂ ਲਈ ਸੂਹਾ ਚਾਨਣ ਮੁਨਾਰਾ ਹੈ, ਜਿਸ ਨੂੰ ਵਰਕਸ਼ਾਪ ਸਿਖਿਆਰਥੀਆਂ ਦਾ ਕੈਮਰਾ ਸਾਂਭਣ ਦਾ ਹਰ ਸੰਭਵ ਯਤਨ ਕਰੇਗਾ। ਜ਼ਿਕਰਯੋਗ ਹੈ ਕਿ ਚੱਲ ਰਹੀ ਵਰਕਸ਼ਾਪ 'ਚ ਡਾ. ਨਵਸ਼ਰਨ ਨੇ ਫੋਨ ਕਰਕੇ ਦੇਸ਼ ਭਗਤ ਯਾਦਗਾਰ ਕਮੇਟੀ, ਵਰਕਸ਼ਾਪ ਦੇ ਅਧਿਆਪਕਾਂ ਅਤੇ ਸਿਖਿਆਰਥੀਆਂ ਨੂੰ ਮੁਬਾਰਕਬਾਦ ਦਿੱਤੀ ਅਤੇ ਉਹਨਾਂ ਦੇ ਜਮਹੂਰੀ ਹੱਕਾਂ ਲਈ ਆਵਾਜ਼ ਬੁਲੰਦ ਕਰਨ 'ਤੇ ਦਿਲੀ ਧੰਨਵਾਦ ਕੀਤਾ। ਵਰਨਣਯੋਗ ਹੈ ਕਿ ਸਿਖਿਆਰਥੀਆਂ ਨੇ ਪਹਿਲੇ ਦਿਨ ਹੀ ਵਰਕਸ਼ਾਪ 'ਚ ਡੂੰਘੀ ਦਿਲਚਸਪੀ ਲਈ। ਇਸ ਮੌਕੇ 'ਵਾਕ ਵਿਦ ਕੈਮਰਾ' ਦਸਤਾਵੇਜ਼ੀ ਫ਼ਿਲਮ ਵੀ ਦਿਖਾਈ ਗਈ।

### ਸਿੱਖ ਬੁੰਗਿਆਂ ਦੀ ...

ਸਾਬਕਾ ਸਰਪੰਚ ਮਾਸਟਰ ਜਗਦੀਪ ਸਿੰਘ ਗੋਗੀ ਵੱਲੋਂ ਲਾਏ ਜਾਂਦੇ ਦੋਸ਼ਾਂ ਅਨੁਸਾਰ 1995 ਦੀ ਵਿਸਾਖੀ ਵਾਲੇ ਦਿਨ ਉੱਥੇ ਵਰਤਾਏ ਗਏ ਕਥਿਤ ਜ਼ਹਿਰੀਲੇ ਪ੍ਰਸਾਦ ਦੀ ਵਜ੍ਹਾ ਕਰਕੇ ਉਕਤ ਮਹੰਤ ਦੀ ਪਤਨੀ ਅਤੇ ਕੁਝ ਹੋਰ ਲੋਕ ਤਾਂ ਘਟਨਾ ਉਪਰੰਤ ਹਸਪਤਾਲ ਵਿਚ ਹੋਏ ਇਲਾਜ ਪਿੱਛੋਂ ਬਚ ਗਏ ਸਨ, ਪਰ ਉਕਤ ਘਟਨਾ ਵਿੱਚ ਰੱਬ ਨੂੰ ਪਿਆਰੇ ਹੋ ਗਏ ਮਹੰਤ ਦਾ ਸਸਕਾਰ 'ਤੇ ਕੀਰਤਨ ਸੋਹਲਾ ਉਥੇ ਹੀ ਪੜ੍ਹ ਦਿੱਤਾ ਗਿਆ ਸੀ। ਸਿੱਖ ਜਿਨ੍ਹਾਂ ਚੌਂਕੀਆਂ, ਝੰਡੇ ਬੁੰਗਿਆਂ ਦਾ ਜ਼ਿਕਰ ਅਰਦਾਸ ਵਿੱਚ ਕਰਦੇ ਹਨ, ਖੋਜੀ ਵਿਦਵਾਨਾਂ ਅਨੁਸਾਰ ਉਹ ਚੌਂਕੀਆਂ ਇਹਨਾਂ ਬੁੰਗਿਆਂ ਤੋਂ ਹੀ ਨਿਕਲਦੀਆਂ ਸਨ। ਇਕ ਜਾਣਕਾਰੀ ਅਨੁਸਾਰ ਦਮਦਮਾ ਸਾਹਿਬ ਤੋਂ ਮੁਕਤਸਰੀ, ਅਨੰਦਪੁਰੀ ਅਤੇ ਹੋਰ ਵੱਖ-ਵੱਖ ਧਾਮਾਂ ਵੱਲ ਚੌਂਕੀਆਂ ਕੱਢੇ ਜਾਣ ਦਾ ਇਤਿਹਾਸ ਵਿਚ ਜ਼ਿਕਰ ਮਿਲਦਾ ਹੈ। ਇਹ ਚੌਂਕੀਆਂ ਤੇ ਬੁੰਗੇ ਹੀ ਸਨ, ਜਿਹੜੇ ਪੁਰਾਤਨ ਸਮੇਂ ਵਿੱਚ ਸਿੱਖੀ ਦੇ ਪ੍ਰਸਾਰ-ਪ੍ਰਚਾਰ ਦੇ ਮੁੱਖ ਸੋਮੇ ਹੋਇਆ ਕਰਦੇ ਸਨ। ਸਥਾਨਕ ਬੁੰਗਾ ਨਾਨਕਸਰ ਰਵਿਦਾਸੀਏ ਸਿੱਖਾਂ ਦੇ ਪ੍ਰਬੰਧ ਹੇਠਲੀ ਬੇਸ਼ਕੀਮਤੀ ਜ਼ਮੀਨ ਉਪਰ ਪਿਛਲੇ ਦਿਨੀਂ ਸ਼੍ਰੋਮਣੀ ਕਮੇਟੀ ਵੱਲੋਂ ਭਾਰੀ ਟਾਸਕ ਫੋਰਸ ਲਾ ਕੇ ਕੀਤੇ ਗਏ ਕਬਜ਼ੇ ਪਿੱਛੋਂ ਰਵਿਦਾਸੀਆ ਸਿੱਖ ਭਾਈਚਾਰਾ ਉੱਬਲ ਉੱਠਿਆ ਹੈ। ਗਰਮ ਹੋਏ ਲੋਹੇ ਨੂੰ ਆਪਣੇ ਅਨੁਸਾਰ ਢਾਲਣ ਲਈ ਵੱਖ-ਵੱਖ ਸਿਆਸੀ ਦਲਾਂ ਦੇ ਵੱਡੇ ਲੀਡਰਾਂ ਵੱਲੋਂ ਤਲਵੰਡੀ ਸਾਬੋ ਦੇ ਭਲਵਾਨੀ ਗੇੜੇ ਸ਼ੁਰੂ ਹੋ ਗਏ ਹਨ। ਲੰਘੇ ਦਿਨ ਉਸ ਪਾਰਟੀ ਦਾ ਇੱਕ ਵੱਡਾ ਲੀਡਰ ਵੀ ਮਗਰਮੱਛ ਦੇ ਕਥਿਤ ਅੱਥਰੂ ਵਹਾ ਕੇ ਦਲਿਤਾਂ ਦੇ ਦਿਲ ਜਿੱਤਣ ਦਾ ਯਤਨ ਕਰਦਾ ਵੇਖਿਆ ਗਿਆ, ਜਿਸ ਪਾਰਟੀ ਦੇ ਰਾਜ ਵਿੱਚ 1995 ਦੀ ਵਿਸਾਖੀ ਵਾਲਾ ਉਕਤ ਕਾਂਡ ਵਾਪਰਿਆ ਤੇ ਉਨ੍ਹਾਂ ਸਮੇਤ ਅੱਜ ਤੱਕ ਕਿਸੇ ਵੱਲੋਂ ਵੀ ਉਕਤ ਕਾਂਡ ਦੀ ਜਾਂਚ ਕਰਵਾਉਣ ਦੀ ਜ਼ਰੂਰਤ ਨਹੀਂ ਸਮਝੀ ਗਈ।

### ਗਡਵਾਸੂ ਦੇ ਟੀਚਿੰਗ...

ਸਾਲਾਨਾ ਅੰਦਾਜ਼ਨ 30 ਹਜ਼ਾਰ ਕਰੋੜ ਰੁਪਏ ਤੋਂ ਵੱਧ ਦਾ ਮਾਲੀਆ ਇਕੱਤਰ ਕਰਦਾ ਹੈ ਪਰ ਜੀ.ਐੱਸ.ਟੀ. ਲਾਗੂ ਹੋਣ ਮਗਰੋਂ ਵਿਭਾਗ ਨੂੰ ਦੋ ਕਮਿਸ਼ਨਰੇਟ, ਪੰਜਾਬ ਟੈਕਸੇਸ਼ਨ ਕਮਿਸ਼ਨਰੇਟ ਅਤੇ ਪੰਜਾਬ ਐਕਸਾਈਜ਼ ਕਮਿਸ਼ਨਰੇਟ ਵਿੱਚ ਵੰਡ ਦਿੱਤਾ ਗਿਆ ਹੈ। ਵਿਭਾਗ ਦੇ ਲੇਖੇ-ਜੋਖੇ ਨਾਲ ਸੰਬੰਧਤ ਕੰਮਕਾਜ ਨੂੰ ਸੁਚਾਰੂ ਤੇ ਪ੍ਰਭਾਵਸ਼ਾਲੀ ਤਰੀਕੇ ਨਾਲ ਨੇਪਰੇ ਚਾੜ੍ਹਨ ਲਈ ਐੱਸ.ਏ.ਐੱਸ. ਕਾਡਰ ਦੀਆਂ ਆਸਾਮੀਆਂ ਸਿਰਜੀਆਂ ਗਈਆਂ ਹਨ। ਐੱਸ.ਏ.ਐੱਸ. ਕਾਡਰ ਦੀਆਂ 18 ਨਵੀਆਂ ਆਸਾਮੀਆਂ ਸਿਰਜਣ ਦੇ ਫੈਸਲੇ ਨਾਲ ਵਿਭਾਗ ਦੀ ਕਾਰਜਪ੍ਰਣਾਲੀ ਤੇ ਮਾਲੀਆ ਉਗਰਾਹੀ ਨੂੰ ਹੋਰ ਕੁਸ਼ਲ ਬਣਾਉਣ ਵਿੱਚ ਮਦਦ ਮਿਲੇਗੀ। ਇਸ ਫੈਸਲੇ ਨਾਲ ਇਕ ਵਧੀਕ ਡਾਇਰੈਕਟਰ (ਵਿੱਤ ਤੇ ਲੇਖਾ), ਇਕ ਡਿਪਟੀ ਕੰਟਰੋਲਰ (ਵਿੱਤ ਤੇ ਲੇਖਾ), 2 ਸਹਾਇਕ ਕੰਟਰੋਲਰ (ਵਿੱਤ ਤੇ ਲੇਖਾ) ਅਤੇ 14 ਸੈਕਸ਼ਨ ਅਫ਼ਸਰਾਂ ਸਣੇ ਕੁੱਲ 18 ਆਸਾਮੀਆਂ ਮਨਜ਼ੂਰ ਹੋਈਆਂ ਹਨ। ਪੰਜਾਬ ਕੈਬਨਿਟ ਨੇ ਸਰਕਾਰੀ ਆਯੁਰਵੈਦਿਕ ਕਾਲਜ ਪਟਿਆਲਾ/ਸਰਕਾਰੀ ਆਯੁਰਵੈਦਿਕ ਹਸਪਤਾਲ ਪਟਿਆਲਾ ਤੇ ਸਰਕਾਰੀ ਆਯੁਰਵੈਦਿਕ ਫਾਰਮੇਸੀ ਪਟਿਆਲਾ ਨੂੰ ਗੁਰੂ ਰਵੀਦਾਸ ਆਯੁਰਵੇਦਾ ਯੂਨੀਵਰਸਿਟੀ ਹੁਸ਼ਿਆਰਪੁਰ ਵਿੱਚ ਤਬਦੀਲ ਕਰਨ ਨੂੰ ਹਰੀ ਝੰਡੀ ਦੇ ਦਿੱਤੀ ਹੈ। ਇਸ ਫੈਸਲੇ ਨਾਲ ਯੂਨੀਵਰਸਿਟੀ ਅਧੀਨ ਇਨ੍ਹਾਂ ਕਾਲਜਾਂ ਵਿੱਚ ਆਯੂਸ਼ ਨਾਲ ਸੰਬੰਧਤ ਹੋਰ ਆਧੁਨਿਕ ਕੋਰਸ ਸ਼ੁਰੂ ਕੀਤੇ ਜਾ ਸਕਣਗੇ। ਇਸ ਤੋਂ ਇਲਾਵਾ ਇਸ ਫੈਸਲੇ ਨਾਲ ਸੂਬੇ ਵਿੱਚ ਆਯੁਰਵੇਦਾ ਤੇ ਹੋਮਿਓਪੈਥੀ ਦੀ ਪੜ੍ਹਾਈ ਕਰ ਰਹੇ ਵਿਦਿਆਰਥੀਆਂ ਨੂੰ ਕਲੀਨਿਕਲ ਖੋਜ, ਮੈਡੀਸਨਲ ਪੌਦਿਆਂ ਬਾਰੇ ਖੋਜ, ਦਵਾਈਆਂ ਦੀ ਟੈਸਟਿੰਗ ਲੈਬ ਤੇ ਹੋਰ ਸਹੂਲਤਾਂ ਵਿੱਚ ਵੀ ਮਦਦ ਮਿਲੇਗੀ। ਪਸ਼ੂਆਂ ਲਈ ਬਿਹਤਰ ਸਿਹਤ ਸੰਭਾਲ ਸੇਵਾਵਾਂ ਮੁਹੱਈਆ ਕਰਨ ਦੇ ਉਦੇਸ਼ ਨਾਲ ਕੈਬਨਿਟ ਨੇ 582 ਸਿਵਲ ਵੈਟਰਨਰੀ ਹਸਪਤਾਲਾਂ ਵਿੱਚ ਵੈਟਰਨਰੀ ਫਾਰਮਾਸਿਸਟਾਂ ਤੇ ਸਫ਼ਾਈ ਸੇਵਕਾਂ ਵਰਗੇ ਸਰਵਿਸ ਪ੍ਰੋਵਾਈਡਰਾਂ ਦੇ ਕਾਰਜਕਾਲ ਵਿੱਚ ਪਹਿਲੀ ਅਪਰੈਲ 2023 ਤੋਂ 31 ਮਾਰਚ 2024 ਤੱਕ ਵਾਧੇ ਨੂੰ ਵੀ ਪ੍ਰਵਾਨ ਕਰ ਲਿਆ। ਇਹ ਵੀ ਫੈਸਲਾ ਕੀਤਾ ਗਿਆ ਕਿ ਉਜਰਤਾਂ ਵਿੱਚ ਬਰਾਬਰੀ ਲਿਆਉਣ ਲਈ ਇਨ੍ਹਾਂ ਸਾਰੇ ਸਰਵਿਸ ਪ੍ਰੋਵਾਈਡਰਾਂ ਨੂੰ ਡੀ.ਸੀ. ਰੇਟ ਮੁਹੱਈਆ ਕੀਤੇ ਜਾਣ। ਜ਼ਿਕਰਯੋਗ ਹੈ ਕਿ ਸਰਕਾਰ ਨੇ ਇਨ੍ਹਾਂ 582 ਸਿਵਲ ਵੈਟਰਨਰੀ ਹਸਪਤਾਲਾਂ (ਪੇਂਡੂ ਵੈਟਰਨਰੀ ਅਫ਼ਸਰਾਂ ਦੀਆਂ ਮਨਜ਼ੂਰ ਆਸਾਮੀਆਂ ਸਮੇਤ) ਨੂੰ ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਅਧੀਨ ਜ਼ਿਲ੍ਹਾ ਪ੍ਰੀਸ਼ਦ ਦੇ ਪ੍ਰਬੰਧਨ ਤੋਂ ਹਟਾ ਕੇ ਵਾਪਸ ਪਸ਼ੂ ਪਾਲਣ, ਮੱਛੀ ਪਾਲਣ ਅਤੇ ਡੇਅਰੀ ਵਿਕਾਸ ਵਿਭਾਗ ਅਧੀਨ ਕਰ ਦਿੱਤਾ ਸੀ। ਮੰਤਰੀ ਮੰਡਲ ਨੇ ਸੂਬੇ ਦੀਆਂ ਜੇਲ੍ਹਾਂ ਵਿੱਚ ਉਮਰ ਕੈਦ ਦੀ ਸਜ਼ਾ ਭੁਗਤ ਰਹੇ ਚਾਰ ਕੈਦੀਆਂ ਦੀ ਛੇਤੀ ਰਿਹਾਈ ਦੇ ਕੇਸ ਭੇਜਣ ਦੀ ਵੀ ਇਜਾਜ਼ਤ ਦੇ ਦਿੱਤੀ ਹੈ। ਭਾਰਤੀ ਸੰਵਿਧਾਨ ਦੀ ਧਾਰਾ 163 ਅਧੀਨ ਕੈਬਨਿਟ ਦੀ ਮਨਜ਼ੂਰੀ ਮਿਲਣ ਮਗਰੋਂ ਸਜ਼ਾ ਵਿੱਚ ਛੋਟ/ਛੇਤੀ ਰਿਹਾਈ ਦੇ ਇਹ ਕੇਸ ਨਜ਼ਰਸਾਨੀ/ਪ੍ਰਵਾਨਗੀ ਲਈ ਭਾਰਤੀ ਸੰਵਿਧਾਨ ਦੀ ਧਾਰਾ 161 ਅਧੀਨ ਪੰਜਾਬ ਦੇ ਰਾਜਪਾਲ ਨੂੰ ਭੇਜੇ ਜਾਣਗੇ।

### ਧਰਤੀ ਨਾਲ ਜੁੜੇ ...

ਵਿਚਾਰਧਾਰਾ ਨਾਲ ਹੀ ਕੋਈ ਮਨੁੱਖ ਪ੍ਰਭਾਵਸ਼ਾਲੀ ਬਣ ਕੇ ਉੱਭਰਦਾ ਹੈ। ਇਸ ਮੌਕੇ ਅਰਸ਼ੀ ਪਰਵਾਰ ਵੱਲੋਂ ਮੁੱਖ ਮੰਤਰੀ ਭਗਵੰਤ ਮਾਨ ਨੂੰ ਸਨਮਾਨਤ ਵੀ ਕੀਤਾ ਗਿਆ। ਸਾਰੇ ਆਏ ਮਹਿਮਾਨਾਂ ਦਾ ਧੰਨਵਾਦ ਕਰਦਿਆਂ ਪੰਜਾਬੀ ਲੇਖਕ ਸਭਾ ਚੰਡੀਗੜ੍ਹ ਦੇ ਜਨਰਲ ਸਕੱਤਰ ਭੁਪਿੰਦਰ ਸਿੰਘ ਮਲਿਕ ਨੇ ਕਿਹਾ ਕਿ ਕਾਮਰੇਡ ਅਰਸ਼ੀ ਦੀ ਜੀਵਨੀ ਨੂੰ ਰਿਲੀਜ਼ ਕਰਨ ਦੇ ਇਸ ਸਮਾਗਮ ਨਾਲ ਸਭਾ ਦਾ ਵੀ ਮਾਣ ਵਧਿਆ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਜੰਗ ਬਹਾਦਰ ਗੋਇਲ, ਬਲਦੇਵ ਸਿੰਘ ਨਿਹਾਲਗੜ੍ਹ, ਡਾ. ਸੁਨੀਤਾ ਰਾਣੀ, ਸੂਰਤ ਸਿੰਘ ਧਰਮਕੋਟ, ਕੁਲਵੰਤ ਸਿੰਘ ਮੌਲਵੀਵਾਲਾ, ਦਰਸ਼ਨ ਸਿੰਘ ਨਿਹਾਲਗੜ੍ਹ, ਤਰਸੇਮ ਬਰਨਾਲਾ, ਭੋਲਾ ਸਿੰਘ ਸੰਘੇੜਾ, ਕਰਮ ਚੰਦ ਭਾਰਦਵਾਜ, ਬ੍ਰਿਜ ਲਾਲ, ਲੱਲੂ ਰਾਮ, ਮਲੂਕ ਸਿੰਘ, ਸ਼ਬੇਗ ਸਿੰਘ, ਹਰਦਿਆਲ ਸਿੰਘ ਆਲੀ, ਬਲਜੀਤ ਸਿੰਘ, ਕੁਲਵਿੰਦਰ ਸਿੰਘ ਉੱਡਤ, ਦਲਜੀਤ ਅਰਸ਼ੀ, ਰਮਨਦੀਪ ਕੌਰ, ਕਾਜਲ ਹਾਂਡਾ ਅਰਸ਼ੀ, ਅਰਮਾਨਪ੍ਰੀਤ ਸਿੰਘ ਅਰਸ਼ੀ, ਮਨੋਜ ਹਾਂਡਾ, ਨੀਲਮ ਹਾਂਡਾ, ਨਰੇਸ਼ ਗੋਇਲ, ਹਰਚੰਦ ਸਿੰਘ ਬਾਠ, ਅਸ਼ੋਕ ਮੈਣੀ, ਭੋਲਾ ਸਿੰਘ, ਹਰਬੰਸ ਲਾਲ, ਸਤੀਸ਼ ਕੁਮਾਰ, ਸੁਰਜਨ ਰਾਮ, ਰਕੇਸ਼ ਕੁਮਾਰ, ਰਮਨਦੀਪ, ਰਣਬੀਰ ਰਾਣਾ, ਊਸ਼ਾ ਕੰਵਰ, ਮਨਜੀਤ ਕੌਰ ਮੀਤ, ਸੁਨੀਤਾ ਰਾਣੀ, ਬੀ ਐੱਨ ਗੋਇਲ, ਪੀ ਐੱਸ ਧਾਲੀਵਾਲ, ਸੁਰਜੀਤ ਸਿੰਘ ਐਡਵੋਕੇਟ, ਨੀਰੂ ਰਤਨ, ਪ੍ਰੇਮ ਇੰਦਰਾ ਰਤਨ, ਇੰਦਰਜੀਤ ਪ੍ਰੇਮੀ, ਅਵਤਾਰ ਸਿੰਘ, ਕਮਲਜੀਤ ਸਿੰਘ, ਪ੍ਰੋ. ਦਿਲਬਾਗ ਸਿੰਘ, ਨਵਦੀਪ ਸਿੰਘ, ਦਰਸ਼ਨਾ ਕੁਮਾਰੀ, ਗੁਰਮੀਤ ਕੌਰ, ਰਵਿੰਦਰ ਸਿੰਘ, ਬਲਵੀਰ ਸਿੰਘ, ਨਵਦੀਪ ਅਗਰੋਈਨ, ਡਾ. ਕੁਲਦੀਪ ਸਿੰਘ ਦੀਪ, ਅੰਮ੍ਰਿਤ ਪਾਲ ਮੰਘਾਣੀਆਂ, ਸ਼ਮਸ਼ੇਰ ਸਿੰਘ, ਲਾਲਜੀ ਲਾਲੀ, ਸਿਰੀ ਰਾਮ ਅਰਸ਼, ਬਲਬੀਰ ਸਿੰਘ ਜੰਡੂ, ਗੁਰਦੇਵ ਕੌਰ ਪਾਲ, ਏ. ਐੱਸ ਪਾਲ, ਸੁਰਜੀਤ ਕੌਰ, ਕਰਮ ਸਿੰਘ ਵਕੀਲ, ਮਹਿੰਦਰ ਪਾਲ ਸਿੰਘ, ਸੱਚਪ੍ਰੀਤ ਖੀਵਾ, ਡਾ. ਲਾਭ ਸਿੰਘ ਖੀਵਾ, ਸ਼ਾਇਰ ਭੱਟੀ, ਚਰਨਜੀਤ ਭੁੱਲਰ, ਬਲਵਿੰਦਰ ਜੰਮੂ, ਹਰਮਿੰਦਰ ਸਿੰਘ ਕਾਲੜਾ, ਡਾ. ਮੇਘਾ ਸਿੰਘ, ਚਰਨਜੀਤ ਕੌਰ, ਮਨਜੀਤ ਕੌਰ ਮੁਹਾਲੀ, ਜੋਗਿੰਦਰ ਸਿੰਘ ਜੱਗਾ, ਜਸਵੀਰ ਕੌਰ ਧਾਲੀਵਾਲ, ਅਮਰਪਾਲ ਸਿੰਘ, ਕ੍ਰਿਸ਼ਨ ਚੰਦ, ਪਾਲ ਅਜਨਬੀ, ਡਾ. ਅਵਤਾਰ ਸਿੰਘ ਪਤੰਗ, ਸਿਮਰਜੀਤ ਕੌਰ ਗਰੇਵਾਲ, ਜੈ ਸਿੰਘ ਛਿੱਬਰ, ਪ੍ਰੀਤਮ ਸਿੰਘ ਰੁਪਾਲ ਅਤੇ ਹੋਰ ਉੱਘੀਆਂ ਸ਼ਖਸੀਅਤਾਂ ਨੇ ਸ਼ਿਰਕਤ ਕੀਤੀ।

### ਜਲੰਧਰ ਜ਼ਿਲ੍ਹੇ ਦੇ...

ਕਿਹਾ ਕਿ ਭਾਵੇਂ ਜਲੰਧਰ ਤੋਂ ਨਵੇਂ ਸੰਸਦ ਮੈਂਬਰ ਸੁਸ਼ੀਲ ਕੁਮਾਰ ਰਿੰਕੂ ਦਾ ਸਹੁੰ ਚੁੱਕਣਾ ਅਜੇ ਬਾਕੀ ਹੈ, ਪਰ ਸੜਕ ਦਾ ਕੰਮ ਸ਼ੁਰੂ ਵੀ ਹੋ ਚੁੱਕਾ ਹੈ। ਭਗਵੰਤ ਮਾਨ ਨੇ ਕਿਹਾ ਕਿ ਸੜਕ ਦਾ ਨਿਰਮਾਣ ਸਤੰਬਰ ਤੱਕ ਮੁਕੰਮਲ ਕਰ ਲਿਆ ਜਾਵੇਗਾ। ਮੁੱਖ ਮੰਤਰੀ ਨੇ ਅਧਿਕਾਰੀਆਂ ਨੂੰ ਇਸ ਸੜਕ ਦੇ ਨਿਰਮਾਣ ਲਈ ਗੁਣਵੱਤਾ ਨੂੰ ਯਕੀਨੀ ਬਣਾਉਣ ਲਈ ਆਖਿਆ। ਉਨ੍ਹਾ ਕਿਹਾ ਕਿ ਸੜਕ ਦੇ ਨਿਰਮਾਣ ਕਾਰਜ ਨੂੰ ਪੂਰਾ ਕਰਨ ਸਮੇਂ ਉੱਚ ਗੁਣਵੱਤਾ ਦੇ ਮਿਆਰ ਦੀ ਪਾਲਣਾ ਕੀਤੀ ਜਾਣੀ ਚਾਹੀਦੀ ਹੈ। ਉਨ੍ਹਾ ਕਿਹਾ ਕਿ ਇਸ ਕਾਰਜ ਨੂੰ ਨਿਰਧਾਰਤ ਸਮੇਂ ਵਿੱਚ ਪੂਰਾ ਕਰਨ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ।


YES BANK — Regd. Office: YES BANK House, Off Western Express Highway, Santacruz (East), Mumbai – 400055
Branch Office: YES BANK LIMITED.| B-XX 2427 – 928, 1st Floor, Gobind Nagar, Ferozepur Road, Ludhiana – 141001, website: www.yesbank.in

**ਸਰਫੇਸੀ ਰੂਲਜ਼ ਦੇ ਰੂਲ 9 (1) ਨਾਲ ਪੜ੍ਹੇ ਜਾਂਦੇ ਰੂਲ 8(6) ਤਹਿਤ ਅਚੱਲ ਜਾਇਦਾਦਾਂ ਦੀ ਵਿਕਰੀ ਲਈ ਵਿਕਰੀ ਨੋਟਿਸ**

ਸਕਿਉਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 8 (6) ਦੀਆਂ ਵਿਵਸਥਾਵਾਂ ਨਾਲ ਪੜ੍ਹੇ ਜਾਂਦੇ ਸਕਿਉਰਟਾਈਜੇਸ਼ਨ ਐਂਡ ਰੀਕੰਸਟਰਕਸ਼ਨ ਆਫ ਫਾਈਨੈਂਸ਼ੀਅਲ ਐਸੇਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ, 2002 ਤਹਿਤ ਐਸੇਟਸ ਦੀ ਵਿਕਰੀ ਲਈ ਈ-ਨਿਲਾਮੀ ਵਿਕਰੀ ਨੋਟਿਸ ਆਮ ਜਨਤਾ ਅਤੇ ਖਾਸ ਕਰਕੇ ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਸਕਿਉਰਡ ਕ੍ਰੈਡਿਟਰ ਕੋਲ ਰਹਿਣ/ਚਾਰਜਡ ਹੇਠਾਂ ਦਰਸਾਈ ਅਚੱਲ ਜਾਇਦਾਦ, ਜਿਸ ਦਾ ਯੈੱਸ ਬੈਂਕ ਲਿਮਟਿਡ ਦੇ ਅਧਿਕਾਰਤ ਅਫਸਰ ਵੱਲੋਂ ਭੌਤਿਕ ਕਬਜ਼ਾ ਪ੍ਰਾਪਤ ਕੀਤਾ ਜਾ ਚੁੱਕਾ ਹੈ ਕਿ ਸਕਿਉਰਡ ਕ੍ਰੈਡਿਟਰ ਵੱਲੋਂ 30 ਸਤੰਬਰ 2022 ਨੂੰ ਕਰਜ਼ਦਾਰ ਵੱਲ ਬਕਾਇਆ ਰਕਮ ਰੁ. 4,31,92,379.25/- (ਚਾਰ ਕਰੋੜ ਇਕੱਤੀ ਲੱਖ ਬਾਨਵੇਂ ਹਜ਼ਾਰ ਤਿੰਨ ਸੌ ਉਨਾਸੀ ਰੁਪਏ ਅਤੇ ਪੱਚੀ ਪੈਸੇ ਕੇਵਲ) ਵਸੂਲ ਕਰਨ ਲਈ "ਜਿਵੇਂ ਹੈ ਜਿੱਥੇ ਹੈ" 'ਜੋ ਵੀ ਹੈ ਜਿਵੇਂ ਹੈ ਅਤੇ ਉੱਥੇ ਜੋ ਵੀ ਹੈ', ਦੇ ਆਧਾਰ 'ਤੇ 26 ਜੂਨ 2023 ਨੂੰ ਵਿਕਰੀ ਕੀਤੀ ਜਾਵੇਗੀ। ਦਰਸਾਈਆਂ ਜਾਇਦਾਦਾਂ ਦਾ ਨਿਰੀਖਣ, ਚਾਹਵਾਨ ਪਾਰਟੀਆਂ/ਟੈਂਡਰਕਰਤਾ, ਅਧਿਕਾਰਤ ਅਫਸਰ ਤੋਂ ਪਹਿਲਾਂ ਸਮਾਂ ਨਿਯੁਕਤੀ ਹਾਸਲ ਕਰਕੇ 05 ਜੂਨ 2023 ਨੂੰ ਸਵੇਰੇ ਦੇ 11.00 ਵਜੇ ਤੋਂ ਦੁਪਹਿਰ 2.00 ਵਜੇ ਤੱਕ ਕਰ ਸਕਦੇ ਹਨ।

**ਜਾਇਦਾਦ ਦਾ ਵੇਰਵਾ**

| | |
|---|---|
| ਕਰਜ਼ਦਾਰਾਂ/ਗਰੰਟਰਾਂ/ਸਕਿਉਰਿਟੀ ਪ੍ਰੋਵਾਈਡਰਾਂ ਦਾ ਨਾਂਅ | 1. ਮੈਸ. ਮਹਾਰਾਜਾ ਬੈਂਡ (ਕਰਜ਼ਦਾਰ ਤੇ ਰਹਿਣਕਾਰ) ਰਾਹੀਂ ਇਸ ਦੇ ਮਾਲਕ ਸ੍ਰੀ ਨਰਿੰਦਰ ਸਿੰਘ ਪੁੱਤਰ ਸ੍ਰੀ ਸਤਨਾਮ ਸਿੰਘ, ਮਕਾਨ ਨੰ. 6828/31, ਨੇੜੇ ਮਹਾਰਾਜਾ ਬੈਂਡ, ਗਲੀ ਨੰ. 7, ਮੋਹਰ ਸਿੰਘ ਨਗਰ, ਲੁਧਿਆਣਾ-141008, ਨਾਲ ਹੀ : ਮਕਾਨ ਨੰ. 6828/1, ਗਲੀ ਨੰ. 7, ਮੋਹਰ ਸਿੰਘ ਨਗਰ, ਲੁਧਿਆਣਾ-141008, ਨਾਲ ਹੀ : 6833/22, ਖਸਰਾ ਨੰ. 1989/1372-1987/1371, ਖੱਤਾ ਨੰ. 901/976-977-905/983 ਤੋਂ 985, ਪਿੰਡ ਤਰਫ ਸੈਦਾਂ, ਹਦਬਸਤ ਨੰ. 172, ਮੋਹਰ ਸਿੰਘ ਨਗਰ ਵਜੋਂ ਜਾਣੀ ਜਾਂਦੀ ਅਬਾਦੀ, ਗਲੀ ਨੰ. 8, ਨੇੜੇ ਗੰਦਾ ਨਾਲਾ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ-141008.<br>2. ਸ੍ਰੀਮਤੀ ਅਰਵਿੰਦਰ ਕੌਰ ਪਤਨੀ ਸ੍ਰੀ ਨਰਿੰਦਰ (ਸਹਿ-ਕਰਜ਼ਦਾਰ ਅਤੇ ਰਹਿਣਕਾਰ) ਮਕਾਨ ਨੰ. 6828/31, ਨੇੜੇ ਮਹਾਰਾਜਾ ਬੈਂਡ, ਗਲੀ ਨੰ. 7, ਮੋਹਰ ਸਿੰਘ ਨਗਰ, ਲੁਧਿਆਣਾ-141008 ਨਾਲ ਹੀ : ਖਸਰਾ ਨੰ. 473, ਖੱਤਾ ਨੰ. 64/85 (ਖੱਤਾ ਨੰ. 65/82, ਜਮ੍ਹਾਂਬੰਦੀ ਸਾਲ 2009-2010) ਅਨੁਸਾਰ ਪਿੰਡ ਦਾਦ, ਹਦਬਸਤ ਨੰ. 279, ਵਿਸ਼ਨੂੰ ਇਨਕਲੇਵ ਵਜੋਂ ਜਾਣੀ ਜਾਂਦੀ ਆਬਾਦੀ, ਨੇੜੇ ਟਾਪ ਇਨਕਲੇਵ ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ-141001, ਨਾਲ ਹੀ : ਐੱਮ ਸੀ ਨੰ. ਬੀ-XXIII-3368/2, (ਪੁਰਾਣਾ), ਐੱਮ ਸੀ ਨੰ. ਬੀ-XXIII-6833 (ਨਵਾਂ) ਪਲਾਟ ਨੰ. 4, ਖੱਤਾ ਨੰ. 919/992, 993, ਖਸਰਾ ਨੰ. 1989/1372, ਪਿੰਡ ਤਰਫ ਸੈਦਾਂ, ਹਦਬਸਤ ਨੰ. 172, ਅਬਾਦੀ ਮੋਹਰ ਸਿੰਘ ਨਗਰ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ-141008 |
| 30 ਸਤੰਬਰ 2022 ਨੂੰ ਬਕਾਇਆ ਰਕਮ | ਰੁ. 4,31,92,3.79.25/-(ਚਾਰ ਕਰੋੜ ਇਕੱਤੀ ਲੱਖ ਬਾਨਵੇਂ ਹਜ਼ਾਰ ਤਿੰਨ ਸੌ ਉਨਾਸੀ ਰੁਪਏ ਅਤੇ ਪੱਚੀ ਪੈਸੇ ਕੇਵਲ) |
| ਜਾਇਦਾਦ ਦੇ ਵੇਰਵਾ | 1. ਮਕਾਨ ਨੰ. 6833/22, ਖਸਰਾ ਨੰ. 1989/1372, 1987/1371, ਖੱਤਾ ਨੰ. 901/976-977-905/983 ਤੋਂ 985, ਜਮ੍ਹਾਂਬੰਦੀ ਸਾਲ 2002-03, ਪਿੰਡ ਤਰਫ ਸੈਦਾਂ, ਹਦਬਸਤ ਨੰ. 172, ਮੋਹਰ ਸਿੰਘ ਨਗਰ ਵਜੋਂ ਜਾਣੀ ਜਾਂਦੀ ਅਬਾਦੀ, ਗਲੀ ਨੰ. 8, ਨੇੜੇ ਗੰਦਾ ਨਾਲਾ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ ਨਾਲ ਸੰਬੰਧਤ ਸਭ ਕੁਝ। ਰਕਬਾ ਕਰੀਬ 192 ਵਰਗ ਗਜ਼।<br>2. ਮਕਾਨ ਨੰ. 6833/22, ਖਸਰਾ ਨੰ. 1989/1372, 1987/1371, ਖੱਤਾ ਨੰ. 901/976-971-905/985, ਜਮ੍ਹਾਂਬੰਦੀ ਸਾਲ 2002-03, ਪਿੰਡ ਤਰਫ ਸੈਦਾਂ, ਹਦਬਸਤ ਨੰ. 172, ਮੋਹਰ ਸਿੰਘ ਨਗਰ ਵਜੋਂ ਜਾਣੀ ਜਾਂਦੀ ਅਬਾਦੀ, ਗਲੀ ਨੰ. 8, ਨੇੜੇ ਗੰਦਾ ਨਾਲਾ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ ਨਾਲ ਸੰਬੰਧਤ ਸਭ ਕੁਝ। ਰਕਬਾ ਕਰੀਬ 120 ਵਰਗ ਗਜ਼।<br>3. ਜਾਇਦਾਦ ਐੱਮ ਸੀ ਨੰ. ਬੀ-XXIII-3368/2 (ਪੁਰਾਣਾ), ਐੱਮ ਸੀ ਨੰ. ਬੀ-XXIII-6833 (ਨਵਾਂ) ਅਤੇ ਪਲਾਟ ਨੰ. 4 ਮਿਨ, ਰਕਬਾ ਕਰੀਬ 126 ਵਰਗਗਜ਼, ਖੱਤਾ ਨੰ. 919/992, 993, ਖਸਰਾ ਨੰ. 1989/1372, ਜਮ੍ਹਾਂਬੰਦੀ ਸਾਲ 2007-2008, ਮਾਲੀਆ ਅਸਟੇਟ ਪਿੰਡ ਤਰਫ ਸੈਦਾਂ, ਹਦਬਸਤ ਨੰ. 172, ਅਬਾਦੀ ਮੋਹਰ ਸਿੰਘ ਨਗਰ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ।<br>4. ਜਾਇਦਾਦ, ਖਸਰਾ ਨੰ. 473, ਖੱਤਾ ਨੰ. 64/85, ਜਮ੍ਹਾਂਬੰਦੀ ਸਾਲ 2004-2005 (ਖੱਤਾ ਨੰ. 65/82, ਜਮ੍ਹਾਂਬੰਦੀ ਸਾਲ 2009-2010 ਅਨੁਸਾਰ) ਪਿੰਡ ਦਾਦ, ਹਦਬਸਤ ਨੰ. 279, ਵਿਸ਼ਨੂੰ ਇਨਕਲੇਵ ਵਜੋਂ ਜਾਣੀ ਜਾਂਦੀ ਅਬਾਦੀ ਨੇੜੇ ਟਾਪ ਇਨਕਲੇਵ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ, ਰਕਬਾ ਕਰੀਬ 400 ਵਰਗ ਗਜ਼। |
| ਰਾਖਵੀਂ ਕੀਮਤ | Rs. 2,95,00,000/- (ਦੋ ਕਰੋੜ ਪਚਨਾਵੇਂ ਲੱਖ ਰੁਪਏ ਕੇਵਲ) |
| ਬਿਆਨਾ ਰਕਮ ਡਿਪਾਜ਼ਟ | Rs. 29,50,000/- (ਉਨੱਤੀ ਲੱਖ ਪੰਜਾਹ ਹਜ਼ਾਰ ਰੁਪਏ ਕੇਵਲ) |
| ਭੌਤਿਕ ਕਬਜ਼ੇ ਦੀ ਮਿਤੀ | 26 ਅਪ੍ਰੈਲ 2023 |
| ਡਿਮਾਂਡ ਨੋਟਿਸ ਦੀ ਮਿਤੀ | 30 ਸਤੰਬਰ 2022 |
| ਬੋਲੀ ਜਮ੍ਹਾਂ ਕਰਵਾਉਣ ਦੀ ਅੰਤਮ ਮਿਤੀ | 22 ਜੂਨ, 2023 ਸ਼ਾਮ ਦੇ 3.00 ਵਜੇ ਤੱਕ |
| ਈ-ਨਿਲਾਮੀ ਮਿਤੀ ਅਤੇ ਸਮਾਂ | 26 ਜੂਨ 2023 ਸਵੇਰੇ 11.00 ਵਜੇ ਤੋਂ ਦੁਪਹਿਰ 2.00 ਵਜੇ ਤੱਕ ਹਰੇਕ 5 ਮਿੰਟਾਂ ਦੇ ਵਾਧੇ ਨਾਲ। |

ਵਿਕਰੀ ਦੀਆਂ ਸ਼ਰਤਾਂ ਅਤੇ ਨਿਯਮਾਂ ਬਾਰੇ ਕ੍ਰਿਪਾ ਕਰਕੇ http://10.0.49.5/about-us/media/auction-property ਸਕਿਉਰਡ ਕ੍ਰੈਡਿਟਰ ਦੀ ਵੈੱਬਸਾਈਟ www.yesbank.in 'ਤੇ ਮੁਹੱਈਆ ਲਿੰਕ ਦਾ ਹਵਾਲਾ ਲਿਆ ਜਾਵੇ।
ਟੈਂਡਰ ਦਸਤਾਵੇਜ਼/ਈ-ਬੋਲੀ ਕੈਟਾਲਾਗ ਜਾਂ ਅਚੱਲ ਜਾਇਦਾਦਾਂ/ਸਕਿਉਰਡ ਐਸੇਟਸ ਹਾਸਲ ਕਰਨ 'ਚ ਕਿਸੇ ਮੁਸ਼ਕਲ ਅਤੇ ਪੁੱਛਗਿੱਛ ਲਈ ਕ੍ਰਿਪਾ ਕਰਕੇ ਯੈੱਸ ਬੈਂਕ ਦੇ ਸੰਬੰਧਤ ਅਧਿਕਾਰੀਆਂ : ਸ੍ਰੀ ਵਿਨੀਤ ਕੁਮਾਰ 9555490380 ਜਾਂ ਈ ਮੇਲ vineet.kumar12@yesbank.in ਅਤੇ ਮੈਸ. ਈ-ਪ੍ਰੋਕਿਉਰਮੈਂਟ ਟੈਕਨਾਲੋਜੀਜ਼ ਲਿਮਟਿਡ (ਆਕਸ਼ਨ ਟਾਈਗਰ) ਅਹਿਮਦਾਬਾਦ ਵੈੱਬ ਪੋਰਟਲ ਪਤਾ https://sarfaesi.auctiontiger.net ਬੋਲੀ ਸਮਰਥਨ ਨੰ.+91 9265562821/18& 9978591888, 079-68136880/68136837 ਈ ਮੇਲ : support@auctiontiger.net ਅਤੇ ramprasad@auctiontiger.net ਨਾਲ ਸੰਪਰਕ ਕੀਤਾ ਜਾਵੇ, ਸੰਪਰਕ ਵਿਅਕਤੀ ਸ੍ਰੀ ਰਾਮ ਸ਼ਰਮਾ-9978591888
ਸਾਡੇ ਬਕਾਏ ਸਮੇਤ ਸਾਡੇ ਵੱਲੋਂ ਸਹਿਣ ਕੀਤੀਆਂ ਗਈਆਂ ਲਾਗਤਾਂ, ਚਾਰਜਿਜ ਅਤੇ ਖਰਚੇ ਵਿਕਰੀ ਜਾਂ ਤਬਾਦਲੇ ਲਈ ਨਿਰਧਾਰਤ ਕੀਤੀ ਗਈ ਮਿਤੀ ਤੋਂ ਪਹਿਲਾਂ ਕਿਸੇ ਸਮੇਂ ਵੀ ਅਦਾ ਕੀਤੇ ਜਾਣ ਦੇ ਮਾਮਲੇ 'ਚ ਐਕਟ ਦੇ ਸੈਕਸ਼ਨ 13 (8) ਤਹਿਤ ਵਿਚਾਰ ਕੀਤੀ ਜਾ ਸਕਦੀ ਹੈ। ਸਕਿਉਰਡ ਐਸੇਟ ਦੀ ਸਾਡੇ ਵੱਲੋਂ ਵਿਕਰੀ ਜਾਂ ਤਬਾਦਲਾ ਕਰਨ ਸੰਬੰਧੀ ਕੋਈ ਕਦਮ ਨਹੀਂ ਉਠਾਇਆ ਜਾਵੇਗਾ।

**ਕਰਜ਼ਦਾਰਾਂ/ਗਰੰਟਰਾਂ ਲਈ ਵਿਕਰੀ ਨੋਟਿਸ**

ਉਪਰੋਕਤ, ਸਕਿਉਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 8 (6) ਨਾਲ ਪੜ੍ਹੇ ਜਾਂਦੇ ਰੂਲ 9 (1) ਤਹਿਤ, ਜ਼ਿੰਮੇਵਾਰਾਂ ਲਈ ਪ੍ਰਕਾਸ਼ਨਾਂ ਮਿਤੀ ਤੋਂ 30 ਦਿਨਾਂ ਅੰਦਰ ਅਦਾਇਗੀ ਦਾ ਨੋਟਿਸ ਸਮਝਿਆ ਜਾਵੇ।

ਮਿਤੀ 18 ਮਈ, 2023, — ਸਥਾਨ : ਪੰਜਾਬ — ਸਹੀ/-ਅਧਿਕਾਰਤ ਅਫਸਰ



**ANMOL INDIA LIMITED**

CIN: L51909PB1998PLC050300
Registered Office: 2nd Floor, 2/43, B- Block, Aggar Nagar, Ludhiana, Punjab- 141001.
Tel.: 0161-4503400, Website: www.anmolindialtd.com, Email: csprabhjot@anmolindialtd.com

**EXTRACT OF AUDITED STANDALONE FINANCIAL RESULTS FOR THE QUARTER AND FINANCIAL YEAR ENDED 31ST MARCH, 2023**
(Amount in Crores except EPS)

| Particulars | Quarter Ended | | | Year Ended | |
|---|---|---|---|---|---|
| | 31.03.2023 (Audited) | 31.12.2022 (Un-audited) | 31.03.2022 (Audited) | 31.03.2023 (Audited) | 31.03.2022 (Audited) |
| Total Income from Operations | 372.48 | 355.27 | 312.55 | 1418.16 | 1064.57 |
| Net Profit/(Loss) for the period (before Tax, Exceptional and/or Extraordinary items#) | 6.02 | 5.52 | 4.43 | 25.04 | 20.83 |
| Net Profit/ (Loss) for the period before tax (after Exceptional and / or Extraordinary items#) | 6.02 | 5.52 | 4.43 | 25.04 | 20.83 |
| Net Profit/ (Loss) for the period after tax (after Exceptional and / or Extraordinary items#) | 4.43 | 4.13 | 3.16 | 18.66 | 15.55 |
| Total Comprehensive Income for the period [Comprising Profit/ (Loss) for the period (after tax) and Other Comprehensive Income (after tax)] | 4.52 | 4.13 | 3.19 | 18.75 | 15.58 |
| Paid Up Equity Share Capital | 11.38 | 11.38 | 11.38 | 11.38 | 11.38 |
| Reserves (excluding Revaluation Reserve) | 56.36 | 37.66 | 37.66 | 56.36 | 37.66 |
| Securities Premium Account | 11.36 | 11.36 | 11.36 | 11.36 | 11.36 |
| Net Worth | 79.11 | 60.40 | 60.40 | 79.11 | 60.40 |
| Debt Equity Ratio | 1.52 | 0.43 | 0.95 | 1.52 | 0.95 |
| International Service Coverage Ratio | 2.44 | 2.19 | 2.44 | 2.69 | 3.45 |
| Earnings Per Share (of Rs.10/-each) (for continuing and discontinued operations)- | | | | | |
| 1.Basic: | 3.89 | 3.63 | 2.78 | 16.39 | 13.67 |
| 2.Diluted: | 3.89 | 3.63 | 2.78 | 16.39 | 13.67 |

**Notes:** The above is an extract of the detailed format of Quarterly and Year-end Financial Results filed with the Stock Exchanges under Regulation 33 of the SEBI (Listing and Other Disclosure Requirements) Regulations, 2015. The full format of the said results are available on the websites of the Stock Exchanges websites at www.bseindia.com, www.nseindia.com and also on website of the Company at www.anmolindialtd.com. The figures for the last quarter ended 31st March, 2023, as reported in these Annual Financial Results, are the balancing figures between audited figures in respect of the full financial year and the published year to date figures upto the end of third quarter of the relevant financial year. Also, the figures upto the end of third quarter of had only been reviewed and not subject to audit. For the other line items referred in Regulation 52(4) of the Listing Regulations, pertinent disclosures have been made to the stock exchanges i.e. BSE Limited and National Stock Exchange of India Limited and can be assessed on Company's website i.e. www.anmolindialtd.com and on the website of stock exchanges i.e. www.bseindia.com and www.nseindia.com. The Standalone Financial Results have been prepared in accordance with principles of Indian Accounting Standards (Ind AS) as prescribed under Section 133 of the Companies Act, 2013 read with relevant rules issued thereunder.

**For & On behalf of Anmol India Limited**
Sd/-
Vijay Kumar
Managing Director & CFO
DIN: 00574900

Place : Ludhiana
Date : 18.05.2022



ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by **Gurmit Singh Shugli** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: **Chand Fatehpuri**
ਸੰਪਾਦਕ : **ਚੰਦ ਫਤਿਹਪੁਰੀ** * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ **ਗੁਰਮੀਤ ਸਿੰਘ ਸ਼ੁਗਲੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।
**ਫੋਨ ਨੰਬਰ ਪ੍ਰਬੰਧਕੀ ਵਿਭਾਗ** : 0181-5097300, **ਸਮਾਚਾਰ ਵਿਭਾਗ** : 0181-5097310, **ਈ-ਮੇਲ** : nawanzamana@gmail.com * Web : www.nawanzamana.in


CMYK

# ਪਾਵਰਕਾਮ ਤੇ ਟਰਾਂਸਕੋ ਪੈਨਸ਼ਨਰਜ਼ ਯੂਨੀਅਨ ਪੰਜਾਬ ਮੰਡਲ ਧਾਰੀਵਾਲ ਦੀ ਮੀਟਿੰਗ




**ਧਾਰੀਵਾਲ (ਮਨਦੀਪ ਸਿੰਘ ਵਿੱਕੀ)**-ਪਾਵਰਕਾਮ ਤੇ ਟਰਾਂਸਕੋ ਪੈਨਸ਼ਨਰਜ਼ ਯੂਨੀਅਨ ਪੰਜਾਬ ਮੰਡਲ ਧਾਰੀਵਾਲ ਦੀ ਮੀਟਿੰਗ ਸਥਾਨਕ 132 ਕੇ ਵੀ ਸਬ ਸਟੇਸ਼ਨ ਧਾਰੀਵਾਲ ਵਿਖੇ ਸਾਥੀ ਤਰਸੇਮ ਸਿੰਘ ਅਠਵਾਲ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ ਯੂਨੀਅਨ ਦੇ ਸਰਕਲ ਪ੍ਰਧਾਨ ਸਾਥੀ ਹਜਾਰਾ ਸਿੰਘ ਗਿੱਲ ਵਿਸ਼ੇਸ਼ ਤੌਰ 'ਤੇ ਸ਼ਾਮਿਲ ਹੋਏ। ਮੀਟਿੰਗ ਦੌਰਾਨ ਸੰਬੋਧਨ ਕਰਦਿਆਂ ਪ੍ਰਧਾਨ ਹਜਾਰਾ ਸਿੰਘ ਗਿੱਲ, ਸਕੱਤਰ ਮਹਿੰਦਰ ਸਿੰਘ ਆਦਿ ਆਗੂਆਂ ਨੇ ਦੱਸਿਆ ਕਿ ਪਾਵਰਕੌਮ ਦੀ ਮੈਨੇਜਮੈਂਟ ਤੇ ਮੌਜੂਦਾ ਪੰਜਾਬ ਸਰਕਾਰ ਪਿਛਲੀਆਂ ਸਰਕਾਰਾਂ ਦੀ ਤਰਜ਼ 'ਤੇ ਮੁਲਾਜ਼ਮਾਂ ਪੈਨਸ਼ਨਰਾਂ ਨਾਲ ਧੋਖਾ ਕਰ ਰਹੀ ਹੈ। ਪੰਜਾਬ ਦੀ ਮੌਜੂਦਾ ਸਰਕਾਰ, ਦਿੱਲੀ ਸਰਕਾਰ ਦੀਆਂ ਗਲਤ ਨੀਤੀਆਂ ਤੇ ਚੱਲ ਕੇ ਪੰਜਾਬ ਤੇ ਪੰਜਾਬੀਅਤ ਨੂੰ ਬਰਬਾਦ ਕਰਨ ਤੇ ਤੁਲੀ ਹੋਈ ਹੈ ਜਿਸ ਤਹਿਤ ਵੋਟਾਂ ਦੀ ਖਾਤਰ ਕੰਮ ਕਰਨ ਵਾਲਿਆਂ ਨੂੰ ਲਾਰੇ ਤੇ ਵਿਹਲੜਾਂ ਨੂੰ ਮੁਫਤ ਹਜ਼ਾਰਾਂ ਕਰੋੜਾਂ ਦੀਆਂ ਸਹੂਲਤਾਂ ਦੇ ਗੱਫੇ ਦਿੱਤੇ ਜਾ ਰਹੇ ਹਨ। ਬੁਲਾਰਿਆਂ ਨੇ ਸਰਕਾਰ ਚਣੌਤੀ ਦਿੰਦਿਆਂ ਕਿਹਾ ਕਿ ਜੇਕਰ ਸਰਕਾਰ ਨੇ ਆਪਣੀਆਂ ਮੁਲਾਜ਼ਮ ਮਜ਼ਦੂਰ, ਪੈਨਸ਼ਨਰਾਂ ਪ੍ਰਤੀ ਮਾੜੀਆਂ ਨੀਤੀਆਂ ਨਾ ਬਦਲੀਆਂ ਤਾਂ ਸਰਕਾਰ ਨੂੰ ਪੈਨਸ਼ਨਰਾਂ ਦੇ ਰੋਹ ਸਾਹਮਣਾ ਕਰਨਾ ਔਖਾ ਹੋ ਜਾਵੇਗਾ। ਪੈਨਸ਼ਨਰਾਂ ਨੇ ਪਾਵਰਕੌਮ ਮੈਨੇਜਮੈਂਟ ਤੋਂ ਮੰਗ ਕੀਤੀ ਹੈ ਕਿ ਪੈਨਸ਼ਨਰਾਂ ਦੀਆਂ ਪੈਨਸ਼ਨਾਂ 2.59 ਗੁਣਾਂਕ ਨਾਲ ਸੋਧ ਕੇ 1-1-2016 ਤੋਂ 30-6-2021 ਤੱਕ ਦਾ ਬਕਾਇਆ ਯਕਮੁਸ਼ਤ ਅਦਾ ਕੀਤਾ ਜਾਵੇ, ਪੁਰਾਣੀ ਪੈਨਸ਼ਨ ਸਕੀਮ ਲਾਗੂ ਕੀਤੀ ਜਾਵੇ, ਲੀਵ ਇੰਨਕੈਸ਼ਮੈਂਟ ਤੇ ਗਰੈਚੁਟੀ ਦਾ ਬਕਾਇਆ ਤੁਰੰਤ ਜਾਰੀ ਕੀਤਾ ਜਾਵੇ, ਕੈਸ਼ਲੈੱਸ ਮੈਡੀਕਲ ਸਕੀਮ ਸੋਧ ਕੇ ਮੁੜ ਲਾਗੂ ਕੀਤੀ ਜਾਵੇ ਆਦਿ। ਇਸ ਮੀਟਿੰਗ ਵਿੱਚ ਹਰਦੀਪ ਸਿੰਘ ਖਹਿਰਾ, ਕੁਲਵੰਤ ਸਿੰਘ ਸੱਗੂ, ਤਰਸੇਮ ਸਿੰਘ ਅਠਵਾਲ, ਸਤਨਾਮ ਸਿੰਘ, ਵਰਿੰਦਰ ਸਿੰਘ, ਵਰਿੰਦਰ ਕੁਮਾਰ, ਹਰਭਜਨ ਸਿੰਘ, ਜਸਬੀਰ ਸਿੰਘ, ਸਵਰਨ ਸਿੰਘ, ਸੁਰਜੀਤ ਸਿੰਘ, ਗੁਰਬੇਜ ਸਿੰਘ, ਸੱਤਪਾਲ ਐੱਸਡੀਓ, ਸਰੂਪ ਸਿੰਘ, ਹਰਕ੍ਰਿਪਾਲ ਸਿੰਘ ਸੋਹਲ ਆਦਿ ਪੈਨਸ਼ਨਰ ਹਾਜ਼ਰ ਸਨ।

# ਨੌਜਵਾਨ ਵੱਲੋਂ ਨਾਬਾਲਿਗ ਲੜਕੀ ਦੀਆਂ ਅਸ਼ਲੀਲ ਫੋਟੋਆਂ ਤੇ ਵੀਡੀਓ ਸੋਸ਼ਲ ਮੀਡੀਆ 'ਤੇ ਵਾਇਰਲ

**ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)**-ਤਰਨਤਾਰਨ ਜ਼ਿਲ੍ਹੇ ਦੇ ਇੱਕ ਪਿੰਡ ਦੀ ਸਾਢੇ 17 ਸਾਲਾ ਲੜਕੀ ਦੀ ਪਿੰਡ ਦੇ ਹੀ ਇੱਕ ਨੌਜਵਾਨ ਵੱਲੋਂ ਅਸ਼ਲੀਲ ਫੋਟੋਆਂ ਤੇ ਵੀਡੀਓ ਵਾਇਰਲ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ ਜਿਸ ਤਹਿਤ ਇਸ ਮਾਮਲੇ 'ਚ ਸਬੰਧਤ ਥਾਣੇ ਦੀ ਪੁਲਸ ਨੇ ਲੜਕੀ ਦੀ ਸ਼ਿਕਾਇਤ ਦੇ ਆਧਾਰ 'ਤੇ ਕਾਰਵਾਈ ਕਰਦਿਆਂ ਨੌਜਵਾਨ ਖਿਲਾਫ ਵੱਖ-ਵੱਖ ਧਾਰਾਵਾਂ ਤਹਿਤ ਮੁਕੱਦਮਾ ਦਰਜ ਕਰ ਲਿਆ ਹੈ। ਪੁਲਸ ਨੂੰ ਦਿੱਤੀ ਦਰਖਾਸਤ 'ਚ ਪੀੜਤਾ ਨੇ ਦੋਸ਼ ਲਗਾਇਆ ਕਿ ਉਸਦੇ ਗੁਆਂਢ 'ਚ ਰਹਿੰਦੇ ਨੌਜਵਾਨ ਨਾਲ ਉਸਦੀ ਦੋਸਤੀ ਹੋ ਗਈ ਅਤੇ ਫਿਰ ਉਨ੍ਹਾਂ ਦੋਵਾਂ ਦੇ ਸਰੀਰਕ ਸੰਬੰਧ ਬਣ ਗਏ ਅਤੇ ਉਸਦੀਆਂ ਕੁੱਝ ਅਸ਼ਲੀਲ ਵੀਡੀਓ ਤੇ ਫੋਟੋਆਂ ਉਕਤ ਲੜਕੇ ਨੇ ਆਪਣੇ ਮੋਬਾਇਲ ਫੋਨ ਵਿੱਚ ਕੈਦ ਕਰ ਲਈਆਂ ਅਤੇ ਕੁੱਝ ਟਾਇਮ ਬਾਅਦ ਹੀ ਨੌਜਵਾਨ ਵਿਦੇਸ਼ ਚਲਾ ਗਿਆ। ਲੜਕੀ ਨੇ ਦੱਸਿਆ ਕਿ ਜਦ ਉਕਤ ਨੌਜਵਾਨ ਵਾਪਿਸ ਪਿੰਡ ਆਇਆ ਤਾਂ ਉਸਨੂੰ ਅਸ਼ਲੀਲ ਫੋਟੋਆਂ ਤੇ ਵੀਡੀਓ ਦਾ ਡਰਾਵਾ ਦੇ ਕੇ ਉਸ ਨਾਲ ਉਸਦੇ ਘਰ ਵਿੱਚ ਫਿਰ ਸਰੀਰਕ ਸੰਬੰਧ ਬਣਾਏ। ਲੜਕੀ ਨੇ ਦੱਸਿਆ ਕਿ ਨੌਜਵਾਨ ਉਸਨੂੰ ਵਾਰ-ਵਾਰ ਧਮਕੀਆਂ ਦੇ ਰਿਹਾ ਸੀ ਕਿ ਜੇਕਰ ਇਸ ਬਾਰੇ ਕਿਸੇ ਨਾਲ ਗੱਲ ਕੀਤੀ ਤਾਂ ਮੈਂ ਤੇਰੀਆਂ ਅਸ਼ਲੀਲ ਵੀਡੀਓ ਤੇ ਫੋਟੋਆਂ ਸੋਸ਼ਲ ਮੀਡੀਆ 'ਤੇ ਵਾਇਰਲ ਕਰ ਦੇਵਾਂਗਾ ਅਤੇ ਉਕਤ ਨੌਜਵਾਨ ਨੇ ਅਸ਼ਲੀਲ ਵੀਡੀਓ ਤੇ ਫੋਟੋਆਂ ਵਾਇਰਲ ਕਰ ਦਿੱਤੀਆਂ ਹਨ, ਜਿਸ ਨਾਲ ਉਸ ਦੀ ਪਿੰਡ ਤੇ ਇਲਾਕੇ ਵਿੱਚ ਬਹੁਤ ਬਦਨਾਮੀ ਹੋਈ ਹੈ। ਉਧਰ ਸਬੰਧਤ ਥਾਣੇ ਦੀ ਪੁਲਸ ਨੇ ਪੀੜਤ ਲੜਕੀ ਦੇ ਬਿਆਨਾਂ ਦੇ ਆਧਾਰ 'ਤੇ ਕਾਰਵਾਈ ਕਰਦਿਆਂ ਮੁਲਜ਼ਮ ਲੜਕੇ ਖਿਲਾਫ ਧਾਰਾ 376, 6 ਪੋਕਸੋ ਐਕਟ ਅਤੇ 67 ਏ. ਆਈ. ਐਕਟ ਅਧੀਨ ਮੁਕੱਦਮਾ ਦਰਜ ਕਰਕੇ ਮੁਲਜ਼ਮ ਨੌਜਵਾਨ ਦੀ ਭਾਲ ਸ਼ੁਰੂ ਕਰ ਦਿੱਤੀ ਹੈ।

# ਸ਼ਾਇਰ ਮਲਵਿੰਦਰ ਨਾਲ ਰਚਾਈ ਸਾਹਿਤਕ ਗੁ਼ਫਤਗੂ



ਅੰਮ੍ਰਿਤਸਰ,(ਨ ਜ਼ ਸ) ਗੁਰੂਆਂ, ਪੀਰਾਂ-ਫਕੀਰਾਂ ਅਤੇ ਸਾਹਿਤਕਾਰਾਂ ਵੱਲੋਂ ਹੋਂਦ ਵਿਚ ਲਿਆਂਦੀ ਗੌਰਵਮਈ ਆਪਸੀ ਸੰਵਾਦ ਦੀ ਪਰੰਪਰਾ ਤਹਿਤ 'ਕਿਛ ਸੁਣੀਐ ਕਿਛੁ ਕਹੀਐ' ਦੇ ਅੰਤਰਗਤ ਰਾਬਤਾ ਮੁਕਾਲਮਾਂ ਕਾਵਿ ਮੰਚ ਵਲੋਂ ਸ਼ੁਰੂ ਕੀਤੀ ਸਾਹਿੱਤਕ ਸਮਾਗਮਾਂ ਦੀ ਲੜੀ ਦੇ ਪਲੇਠੇ ਸਮਾਗਮ ਵਿਚ ਸ਼ਾਇਰ ਮਲਵਿੰਦਰ ਨਾਲ ਸਾਹਿਤਕ ਸੰਵਾਦ ਰਚਾਇਆ ਗਿਆ। ਸਮਾਗਮ ਦੇ ਕਨਵੀਨਰ ਸਰਬਜੀਤ ਸਿੰਘ ਸੰਧੂ ਨੇ ਸਵਾਗਤੀ ਸ਼ਬਦ ਕਹੇ। ਵਿਦੇਸ਼ ਤੋਂ ਪਰਤੇ ਸ਼ਾਇਰ ਮਲਵਿੰਦਰ ਨੇ ਕਿਹਾ ਕਿ ਬੇਸ਼ੱਕ ਉਹ ਆਪਣੇ ਬਚਿਆਂ ਕੋਲੋਂ ਹੱਸ ਖੇਡ ਕੇ ਆਏ ਹਨ ਫਿਰ ਵੀ ਮਾਨਸਿਕ ਸਕੂਨ ਆਪਣੀ ਧਰਤੀ, ਆਪਣੇ ਲੋਕ ਅਤੇ ਆਪਣੀ ਭਾਸ਼ਾ 'ਚ ਵਿਚਰਦਿਆਂ ਹੀ ਮਿਲਦਾ ਹੈ। ਕਥਾਕਾਰ ਦੀਪ ਦੇਵਿੰਦਰ ਸਿੰਘ ਨੇ ਕਿਹਾ ਕਿ ਅਜੋਕੀ ਨੱਠ ਭੱਜ ਵਾਲੀ ਜੀਵਨ ਸ਼ੈਲੀ ਵਿਚ ਅਜਿਹੀ ਅਦਬੀ ਮਹਿਫਲ ਸਹਿਜਤਾ ਬਖਸ਼ਦੀ ਹੈ। ਡਾ. ਮੋਹਨ ਤੇ ਪ੍ਰਿੰ. ਹਰਜੀਤ ਕੌਰ ਸੰਧੂ ਨੇ ਕਿਹਾ ਕਿ ਇਹੋ ਜਿਹੀਆਂ ਬੈਠਕਾਂ ਕੇਵਲ ਰਚਨਾਵਾਂ ਦਾ ਅਦਾਨ ਪ੍ਰਦਾਨ ਹੀ ਨਹੀਂ ਕਰਦੀਆਂ ਬਲਕਿ ਸਮਾਜਿਕ ਸਾਂਝ ਦਾ ਮੁੱਢ ਵੀ ਬੰਨ੍ਹਦੀਆਂ ਹਨ। ਇਸ ਸਮੇਂ ਮਲਵਿੰਦਰ ਦੀ ਪੁਸਤਕ 'ਚੁੱਪ ਦਾ ਮਰਮ ਪਛਾਣੀਏ' ਹਾਜ਼ਰ ਸਾਹਿਤਕਾਰਾਂ ਵੱਲੋਂ ਲੋਕ ਅਰਪਿਤ ਕੀਤੀ ਗਈ। ਰਚਨਾਵਾਂ ਦੇ ਚੱਲੇ ਦੌਰ ਵਿੱਚ ਅਰਤਿੰਦਰ ਸੰਧੂ, ਵਿਜੇਤਾ ਭਾਰਦਵਾਜ, ਜਗਤਾਰ ਗਿੱਲ, ਬਲਜਿੰਦਰ ਮਾਂਗਟ, ਜਸਵੰਤ ਧਾਪ, ਡਾ. ਭੁਪਿੰਦਰ ਸਿੰਘ ਫੇਰੂਮਾਨ, ਸਤਿੰਦਰ ਓਠੀ, ਡਾ. ਰਾਜੇਸ਼, ਤਰਸੇਮ ਲਾਲ ਬਾਵਾ, ਰਾਜ ਖੁਸ਼ਵੰਤ ਸਿੰਘ ਸੰਧੂ ਅਤੇ ਬਲਵਿੰਦਰ ਕੌਰ ਆਦਿ ਨੇ ਅਦਬੀ ਰੰਗ ਬਿਖੇਰਿਆ। ਆਏ ਸਾਹਿਤਕਾਰਾਂ ਦਾ ਧੰਨਵਾਦ ਰੰਗ ਕਰਮੀ ਹਰਜੀਤ ਸਿੰਘ ਸੰਧੂ ਨੇ ਕੀਤਾ ਅਤੇ ਅਰਤਿੰਦਰ ਸੰਧੂ ਨੇ ਆਪਣੀ ਪੁਸਤਕ ਚੋਣਵੇਂ ਲੇਖਕਾਂ ਨੂੰ ਭੇਟ ਕੀਤੀ।

# ਹੈਰਇਨ ਸਮੇਤ ਇੱਕ ਕਾਬੂ

**ਗੁਰਦਾਸਪੁਰ, (ਜਨਕ ਮਹਾਜਨ)**- ਥਾਣਾ ਕਲਾਨੌਰ ਦੇ ਏ ਐੱਸ ਆਈ ਨਿਰਮਲ ਸਿੰਘ ਨੇ ਸਮੇਤ ਪੁਲਸ ਪਾਰਟੀ ਗਸ਼ਤ ਬਾ-ਤਲਾਸ਼ ਭੈੜੇ ਪੁਰਸ਼ਾਂ ਦੇ ਸੰਬੰਧ ਵਿੱਚ ਟੀ ਪੁਆਇੰਟ ਨਜਦੀਕ ਬਿਜਲੀ ਘਰ ਕਲਾਨੌਰ ਤੋਂ ਮੁਲਜ਼ਮ ਅਜੇ ਮਸੀਹ ਪੁੱਤਰ ਇਮੈਨੂਅਲ ਮਸੀਹ ਵਾਸੀ ਆਈ ਟੀ ਆਈ ਕਲੋਨੀ ਕਲਾਨੌਰ ਨੂੰ ਸ਼ੱਕ ਦੇ ਅਧਾਰ 'ਤੇ ਸਕੂਟਰੀ ਨੰਬਰੀ ਪੀਬੀ.06.ਬੀਡੀ. 3793 ਸਮੇਤ ਕਾਬੂ ਕਰਕੇ ਦੋਸ਼ੀ ਪਾਸੋਂ ਬ੍ਰਾਮਦ ਮੋਮੀ ਲਿਫਾਫੇ ਨੂੰ ਚੈੱਕ ਕੀਤਾ ਜਿਸ ਵਿੱਚੋਂ 10 ਗ੍ਰਾਮ ਹੈਰਇਨ ਬ੍ਰਾਮਦ ਹੋਈ ਹੈ।

# ਖਾਲਸਾ ਸਕੂਲ ਗੁਰਦਾਸ ਨੰਗਲ ਦਾ ਦਸਵੀਂ ਜਮਾਤ ਦਾ ਨਤੀਜਾ ਸ਼ਾਨਦਾਰ



**ਧਾਰੀਵਾਲ (ਮਨਦੀਪ ਸਿੰਘ ਵਿੱਕੀ)**-ਸੀ.ਬੀ.ਐਸ.ਸੀ. ਬੋਰਡ ਵੱਲੋਂ ਐਲਾਨੇ ਗਏ ਦਸਵੀਂ ਜਮਾਤ ਦੇ ਨਤੀਜੇ ਵਿੱਚੋਂ ਬਾਬਾ ਅਜੈ ਸਿੰਘ ਖਾਲਸਾ ਪਬਲਿਕ ਸਕੂਲ ਗੁਰਦਾਸ ਨੰਗਲ ਦਾ ਨਤੀਜਾ ਸ਼ਾਨਦਾਰ ਰਿਹਾ। ਸਕੂਲ ਦੇ ਪ੍ਰਿੰਸੀਪਲ ਡਾ. ਗੁਰਜੀਤ ਸਿੰਘ ਸਿੰਘ ਨੇ ਦੱਸਿਆ ਕਿ ਵਿਦਿਆਰਥੀ ਧੀਰਜਪਾਲ ਸਿੰਘ ਨੇ 87 ਫੀਸਦੀ ਅੰਕ ਲੈ ਕੇ ਸਕੂਲ ਵਿੱਚੋਂ ਪਹਿਲਾ ਸਥਾਨ, ਦਾਮਨਪ੍ਰੀਤ ਕੌਰ ਨੇ 83 ਫੀਸਦੀ ਅੰਕ ਲੈ ਕੇ ਦੂਜਾ ਸਥਾਨ ਅਤੇ ਬਲਕਰਨ ਸਿੰਘ ਨੇ 62 ਫੀਸਦੀ ਅੰਕ ਲੈ ਕੇ ਤੀਜਾ ਸਥਾਨ ਹਾਸਲ ਕਰਕੇ ਆਪਣੇ ਸਕੂਲ ਤੇ ਪਾਪਿਆਂ ਦਾ ਨਾਮ ਰੌਸ਼ਨ ਕੀਤਾ ਹੈ। ਇਨ੍ਹਾਂ ਤੋਂ ਇਲਾਵਾ ਵੀ ਬਾਕੀ ਬੱਚੇ ਵਧੀਆ ਅੰਕ ਲੈ ਕੇ ਪਾਸ ਹੋਏ ਹਨ। ਸਕੂਲ ਦੇ ਇਸ ਸ਼ਾਨਦਾਰ ਨਤੀਜੇ ਲਈ ਪ੍ਰਿੰਸੀਪਲ ਡਾ. ਗੁਰਜੀਤ ਸਿੰਘ ਨੇ ਵਿਦਿਆਰਥੀਆਂ ਤੇ ਉਨ੍ਹਾਂ ਦੇ ਮਾਪਿਆਂ ਅਤੇ ਸਕੂਲ ਅਧਿਆਪਕਾਂ ਨੂੰ ਵਧਾਈ ਦਿੰਦੇ ਹੋਏ ਭਵਿੱਖ ਵਿੱਚ ਹੋਰ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ।

# ਵਧ ਰਹੀ ਗਰਮੀ ਤੇ ਲੂ ਤੋਂ ਬਚਾਅ ਲਈ ਵਧੇਰੇ ਸੁਚੇਤ ਹੋਣ ਦੀ ਲੋੜ: ਡਾ. ਅਦਿਤੀ ਸਲਾਰੀਆ

**ਪਠਾਨਕੋਟ, (ਦਵਿੰਦਰ ਸਿੰਘ)**-ਵੱਧ ਰਹੀ ਗਰਮੀ ਤੇ ਤਾਪਮਾਨ ਵਿੱਚ ਰੋਜ਼ਾਨਾ ਹੋ ਰਹੇ ਵਾਧੇ ਨੂੰ ਧਿਆਨ ਵਿਚ ਰੱਖਦਿਆਂ ਲੋਕਾਂ ਨੂੰ ਗਰਮੀ ਤੇ ਲੂ ਤੋਂ ਬਚਾਅ ਲਈ ਵਧੇਰੇ ਸੁਚੇਤ ਹੋਣ ਦੀ ਲੋੜ ਹੈ। ਇਹ ਪ੍ਰਗਟਾਵਾ ਡਾ. ਅਦਿੱਤੀ ਸਲਾਰੀਆ ਸਿਵਲ ਸਰਜਨ ਪਠਾਨਕੋਟ ਸਿਹਤ ਵਿਭਾਗ ਵੱਲੋਂ ਜਾਰੀ ਐਡਵਾਇਜ਼ਰੀ ਨੂੰ ਜਾਰੀ ਕਰਦਿਆਂ ਕੀਤਾ। ਉਨ੍ਹਾਂ ਦੱਸਿਆ ਕਿ 40 ਡਿਗਰੀ ਤੋਂ ਵੱਧ ਤਾਪਮਾਨ ਹੋ ਜਾਣ ਕਾਰਨ ਲੂ ਦੀ ਸਥਿਤੀ ਬਣ ਜਾਂਦੀ ਹੈ ਜੋ ਕਿ ਸਰੀਰ ਦੇ ਤਾਪਮਾਨ ਨਿਯਮ ਪ੍ਰਣਾਲੀ ਨੂੰ ਵਿਗਾੜ ਦਿੰਦੀ ਹੈ ਤੇ ਗਰਮੀ ਨਾਲ ਸਬੰਧਿਤ ਬੀਮਾਰੀਆਂ ਦਾ ਕਾਰਨ ਬਣਦੀ ਹੈ। ਉਨ੍ਹਾਂ ਕਿਹਾ ਕਿ ਨਵਜੰਮੇ ਅਤੇ ਛੋਟੇ ਬੱਚੇ, ਗਰਭਵਤੀ ਔਰਤਾਂ, 65 ਸਾਲ ਜਾਂ ਇਸ ਤੋਂ ਵਧੇਰੇ ਉਮਰ ਦੇ ਵਿਅਕਤੀ, ਮਜ਼ਦੂਰੀ ਕਰਨ ਵਾਲੇ ਅਤੇ ਉਹ ਲੋਕ ਜੋ ਕਿ ਸਰੀਰਕ ਤੌਰ 'ਤੇ ਬਿਮਾਰ ਹਨ, ਖਾਸ ਕਰ ਦਿਲ ਦੀ ਬੀਮਾਰੀ ਜਾਂ ਬਲੱਡ ਪ੍ਰੈਸ਼ਰ ਤੋਂ ਪੀੜਤ ਹਨ ਉਨ੍ਹਾਂ ਨੂੰ ਲੂ ਦਾ ਵਧੇਰੇ ਜੋਖਮ ਹੁੰਦਾ ਹੈ। ਉਨ੍ਹਾਂ ਕਿਹਾ ਕਿ ਲੂ ਦੌਰਾਨ ਸਾਨੂੰ ਆਪਣੇ ਖਾਣ ਪੀਣ ਦਾ ਵਧੇਰੇ ਧਿਆਨ ਰੱਖਣਾ ਚਾਹੀਦਾ ਹੈ। ਹਰੀਆਂ ਸਬਜ਼ੀਆਂ ਅਤੇ ਮੌਸਮੀ ਫ਼ਲ ਜਿਵੇਂ ਖਰਬੂਜ਼ਾ, ਤਰਬੂਜ਼, ਅੰਗੂਰ, ਲੀਚੀ, ਖੀਰਾ, ਨਿੰਬੂ ਪਾਣੀ, ਲੱਸੀ, ਨਾਰੀਅਲ ਪਾਣੀ ਆਦਿ ਦਾ ਸੇਵਨ ਕਰਨਾ ਚਾਹੀਦਾ ਹੈ ਕਿਉਂਕਿ ਇਨ੍ਹਾਂ ਵਿੱਚ ਪਾਣੀ ਦੀ ਵਧੇਰੇ ਮਾਤਰਾ ਹੁੰਦੀ ਹੈ। ਉਨ੍ਹਾਂ ਕਿਹਾ ਕਿ ਸਰੀਰ ਦਾ ਤਾਪਮਾਨ 40 ਡਿਗਰੀ ਸੈਲਸੀਅਸ ਤੋਂ ਵੱਧ ਹੋਣਾ, ਬਹੁਤ ਤੇਜ਼ ਸਿਰ ਦਰਦ, ਬੇਚੈਨੀ, ਚੱਕਰ ਆਉਣਾ, ਮਾਸਪੇਸ਼ੀਆਂ ਦੀ ਕਮਜ਼ੋਰੀ, ਦਿਲ ਦੀ ਧੜਕਣ ਦਾ ਤੇਜ਼ ਹੋਣਾ, ਜੀਅ ਕੱਚਾ ਹੋਣਾ ਅਤੇ ਉਲਟੀ ਆਉਣਾ ਆਦਿ ਲੂ ਲੱਗਣ ਦੇ ਲੱਛਣ ਹਨ। ਅਜਿਹੇ ਲੱਛਣ ਦਿਖਾਈ ਦੇਣ 'ਤੇ ਪ੍ਰਭਾਵਿਤ ਵਿਅਕਤੀ ਨੂੰ ਤੁਰੰਤ ਨਜ਼ਦੀਕੀ ਸਿਹਤ ਕੇਂਦਰ 'ਤੇ ਜਾ ਕੇ ਜਾਂਚ ਕਰਵਾਉਣੀ ਚਾਹੀਦੀ ਹੈ।

# ਅੰਤਰਰਾਸ਼ਟਰੀ ਪਰਿਵਾਰ ਦਿਵਸ ਮਨਾਇਆ

**ਝਬਾਲ (ਹਰਜਿੰਦਰ ਸਿੰਘ ਸੋਨੀ/ਰੌਬਿਨ ਸਿੰਘ ਸੋਨੀ)**-ਜੇ. ਆਰ. ਐੱਸ. ਡੀਏਵੀ ਪਬਲਿਕ



ਸਕੂਲ ਝਬਾਲ ਵਿਖੇ ਡਾ. ਪੂਨਮ ਸੂਰੀ ਪ੍ਰਧਾਨ ਡੀਏਵੀ ਕਾਲਜ ਪ੍ਰਬੰਧਕ ਕਮੇਟੀ, ਆਰਿਆ ਪ੍ਰਦੇਸ਼ਿਕ ਪ੍ਰਤੀਨਿਧੀ ਸਭਾ ਨਵੀਂ ਦਿੱਲੀ ਅਤੇ ਆਰਿਆ ਪ੍ਰਦੇਸ਼ਿਕ ਉਪ-ਸਭਾ ਪੰਜਾਬ ਦੇ ਪ੍ਰਧਾਨ ਡਾਕਟਰ ਜੇ. ਪੀ. ਸ਼ੂਰ ਦੇ ਦਿਸ਼ਾ ਨਿਰਦੇਸ਼ਨ, ਚੇਅਰਮੈਨ ਮਹੇਸ਼ ਚੋਪੜਾ, ਪੰਜਾਬ ਜ਼ੋਨ ਏ ਦੇ ਖੇਤਰੀ ਅਧਿਕਾਰੀ ਡਾਕਟਰ ਨੀਲਮ ਕਾਮਰਾ, ਸਕੂਲ ਦੇ ਮੈਨੇਜਰ ਨੀਰਾ ਸ਼ਰਮਾ ਅਤੇ ਜੇ. ਆਰ. ਐੱਸ. ਡੀਏਵੀ ਪਬਲਿਕ ਸਕੂਲ ਝਬਾਲ ਦੇ ਪ੍ਰਿੰਸੀਪਲ ਅਸ਼ਵਨੀ ਕੁਮਾਰ ਦੀ ਯੋਗ ਅਗਵਾਈ ਵਿੱਚ ਸਕੂਲ ਵਿਖੇ 'ਅੰਤਰਰਾਸ਼ਟਰੀ ਪਰਿਵਾਰ ਦਿਵਸ' ਬੜੀ ਧੂਮਧਾਮ ਨਾਲ ਮਨਾਇਆ ਗਿਆ ਜਿਸ ਵਿੱਚ ਸਕੂਲ ਦੇ ਬੱਚਿਆਂ ਨੇ ਵੱਧ-ਚੜ੍ਹ ਕੇ ਹਿੱਸਾ ਲਿਆ ਅਤੇ ਗੀਤ, ਨਾਚ ਅਤੇ ਭਾਸ਼ਣ ਪੇਸ਼ ਕੀਤੇ। ਇਸ ਮੌਕੇ ਸਕੂਲ ਪ੍ਰਿੰਸੀਪਲ ਅਸ਼ਵਨੀ ਕੁਮਾਰ ਨੇ ਬੱਚਿਆਂ ਨੂੰ ਪਰਿਵਾਰ ਦੀ ਮਹੱਤਤਾ ਬਾਰੇ ਦੱਸਿਆ ਤੇ ਪਰਿਵਾਰਕ ਰਿਸ਼ਤਿਆਂ ਦੀ ਕਦਰ ਕਰਨ ਦੀ ਸਿੱਖਿਆ ਦਿੱਤੀ।

# ਪੁਲਸ ਵੱਲੋਂ 50 ਕਿਲੋ ਲਾਹਣ ਬਰਾਮਦ

ਗੁਰਦਾਸਪੁਰ, 16 ਮਈ (ਜਨਕ ਮਹਾਜਨ)-ਥਾਣਾ ਘੁੰਮਣ ਕਲਾਂ ਦੇ ਏ. ਐੱਸ. ਆਈ. ਹਰਪਾਲ ਸਿੰਘ ਸਮੇਤ ਪੁਲਸ ਪਾਰਟੀ ਗਸ਼ਤ ਬਾ ਤਲਾਸ਼ ਭੈੜੇ ਪੁਰਸ਼ਾ ਦੇ ਸਬੰਧ ਵਿੱਚ ਪਿੰਡ ਖਾਨੋਵਾਲ ਸ਼ਕਰੀ ਨੂੰ ਜਾ ਰਹੇ ਸੀ ਤਾਂ ਮੁੱਖਬਰ ਖਾਸ ਦੀ ਇਤਲਾਹ 'ਤੇ ਅਜੀਤ ਸਿੰਘ ਪੁੱਤਰ ਅਮਰ ਸਿੰਘ ਵਾਸੀ ਖਾਨੋਵਾਲ ਦੀ ਹਵੇਲੀ ਵਿੱਚ ਰੇਡ ਕੀਤੀ ਤਾਂ ਉੱਥੋ 50 ਕਿੱਲੋ ਲਾਹਣ ਬਰਾਮਦ ਕੀਤੀ ਗਈ। ਪੁਲਸ ਨੇ ਕਥਿਤ ਦੋਸ਼ੀ ਖਿਲਾਫ ਐਕਸਾਈਜ਼ ਐਕਟ ਅਧੀਨ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਅਰੰਭ ਕਰ ਦਿੱਤੀ ਹੈ।

# ਗੁਰੂ ਤੇਗ ਬਹਾਦਰ ਇੰਟਰਨੈਸ਼ਨਲ ਸਕੂਲ ਨੇ ਦਸਵੀਂ ਦੇ ਨਤੀਜਿਆਂ 'ਚ ਮਾਰੀਆਂ ਮੱਲਾਂ



**ਧਾਰੀਵਾਲ (ਮਨਦੀਪ ਸਿੰਘ ਵਿੱਕੀ)**-ਸੀਆਈਐੱਸਸੀਈ ਨਵੀਂ ਦਿੱਲੀ ਵੱਲੋਂ ਐਲਾਨੇ ਦਸਵੀਂ ਦੇ ਨਤੀਜ਼ੇ ਵਿੱਚ ਗੁਰੂ ਤੇਗ ਬਹਾਦਰ ਇੰਟਰਨੈਸ਼ਨਲ ਸਕੂਲ ਕਲਿਆਣਪੁਰ (ਧਾਰੀਵਾਲ) ਦਾ ਨਤੀਜਾ ਸ਼ਾਨਦਾਰ ਰਿਹਾ। ਇਸ ਸਬੰਧੀ ਪ੍ਰਿੰਸੀਪਲ ਡਾ. ਰਵਨੀਤ ਕੌਰ ਨੇ ਦੱਸਿਆ ਕਿ ਦਸਵੀਂ ਜਮਾਤ ਵਿੱਚੋਂ ਜਸਕੀਰਤ ਸਿੰਘ 95.2% ਅੰਕ ਲੈ ਕੇ ਸਕੂਲ 'ਚੋਂ ਪਹਿਲਾ ਸਥਾਨ, ਪ੍ਰਭਨੂਰ ਕੌਰ 94.8% ਅੰਕ ਲੈ ਕੇ ਦੂਜਾ ਸਥਾਨ, ਜੈਦੀਪ ਸਿੰਘ 94.2% ਅੰਕ ਲੈ ਕੇ ਤੀਸਰਾ ਸਥਾਨ ਪ੍ਰਾਪਤ ਕੀਤਾ। ਇਸ ਤੋਂ ਇਲਾਵਾ ਮੋਹਿਤ ਸ਼ਰਮਾ ਨੇ 94% ਅੰਕ, ਹਰਨੂਰ ਕੌਰ 93% ਅਤੇ ਵਰੁਣ ਕਾਲੀਆ 92% ਅੰਕ ਪ੍ਰਾਪਤ ਕੀਤੇ ਹਨ।

ਇਸ ਸਾਲ ਸਕੂਲ ਦੇ ਕੁੱਲ 134 ਵਿਦਿਆਰਥੀਆਂ ਨੇ ਪ੍ਰੀਖਿਆ ਦਿੱਤੀ ਸੀ, ਜਿਨ੍ਹਾਂ ਵਿੱਚ 11 ਵਿਦਿਆਰਥੀਆਂ ਨੇ 90% ਵੱਧ ਅੰਕ, 36 ਵਿਦਿਆਰਥੀਆਂ ਨੇ 80% ਤੋਂ ਵੱਧ, 33 ਵਿਦਿਆਰਥੀਆਂ ਨੇ 70% ਤੋਂ ਵੱਧ ਅੰਕ ਅਤੇ ਬਾਕੀ ਸਾਰੇ ਬੱਚਿਆਂ ਨੇ ਵੀ ਚੰਗੇ ਅੰਕ ਪ੍ਰਾਪਤ ਕਰਕੇ ਆਪਣੇ ਸਕੂਲ ਅਤੇ ਮਾਤਾ-ਪਿਤਾ ਦਾ ਨਾਮ ਰੌਸ਼ਨ ਕੀਤਾ ਹੈ। ਇਸ ਸ਼ਾਨਦਾਰ ਨਤੀਜੇ ਤੇ ਖੁਸ਼ੀ ਪ੍ਰਗਟ ਕਰਦਿਆਂ ਸਕੂਲ ਦੇ ਚੇਅਰਮੈਨ ਤਰਸੇਮ ਸਿੰਘ, ਡਾਇਰੈਕਟਰ ਸੁਰਜੀਤ ਸਿੰਘ ਅਤੇ ਪ੍ਰਿੰਸੀਪਲ ਡਾ: ਰਵਨੀਤ ਕੌਰ ਨੇ ਪ੍ਰਮਾਤਮਾ ਦਾ ਸ਼ੁਕਰਾਨਾ ਕਰਦੇ ਹੋਏ ਸਮੂਹ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ ਅਤੇ ਅਧਿਆਪਕਾਂ ਨੂੰ ਵਧਾਈ ਦਿੱਤੀ।

# ਠੱਗੀ ਮਾਰਨ ਵਾਲਿਆਂ ਖਿਲਾਫ ਮਾਮਲਾ ਦਰਜ

**ਗੁਰਦਾਸਪੁਰ, (ਜਨਕ ਮਹਾਜਨ)**-ਥਾਣਾ ਭੈਣੀ ਮੀਆਂ ਖਾਂ ਪੁਲਸ ਵੱਲੋਂ ਦਰਖਾਸਤ ਕਰਤਾ ਜਗੀਰ ਸਿੰਘ ਪੁੱਤਰ ਬੰਤਾ ਸਿੰਘ ਵਾਸੀ ਛਿਛਰਾ ਦੀ ਸ਼ਿਕਾਇਤ 'ਤੇ ਸੰਜੇ ਸਿੰਘ ਹਨੀਆ, ਰਘੁਰਾਜ, ਬਾਬੂ ਰਾਮ ਤ੍ਰਿਪਾਠੀ ਖਿਲਾਫ ਵੱਲੋਂ ਫਰਾਡ ਕਰਕੇ 5,74,000 ਰਕਮ ਦੀ ਠੱਗੀ ਮਾਰਨ 'ਤੇ ਧਾਰਾ 420, 120 ਤਹਿਤ ਮਾਮਲਾ ਦਰਜ ਕੀਤਾ ਗਿਆ ਹੈ

# ਝੋਨੇ ਦੀ ਸਿੱਧੀ ਬਿਜਾਈ ਤਕਨੀਕ ਅਪਨਾਉਣਾ ਸਮੇਂ ਦੀ ਮੁੱਖ ਲੋੜ : ਮੁੱਖ ਖੇਤੀਬਾੜੀ ਅਫ਼ਸਰ



ਡੇਰਾ ਬਾਬਾ ਨਾਨਕ/ਧਾਰੀਵਾਲ (ਗੁਰਦਾਸਪੁਰ), 16 ਮਈ (ਰਮੇਸ਼ ਸ਼ਰਮਾ, ਮਨਦੀਪ ਸਿੰਘ ਵਿੱਕੀ)- ਪੰਜਾਬ ਵਿੱਚ ਜ਼ਮੀਨ ਹੇਠਲੇ ਪਾਣੀ ਦਾ ਪੱਧਰ ਲਗਾਤਾਰ ਨੀਵਾਂ ਜਾਣ ਦੇ ਨਾਲ-ਨਾਲ ਜ਼ਮੀਨ ਦੇ ਭੌਤਿਕੀ ਗੁਣਾਂ ਅਤੇ ਉਤਪਾਦਕਤਾ ਵਿੱਚ ਨਿਘਾਰ ਆ ਰਿਹਾ ਹੈ, ਜਿਸ ਦੇ ਚਲਦਿਆਂ ਭੂਮੀਗਤ ਪਾਣੀ ਦੀ ਸੰਭਾਲ ਲਈ ਸਾਨੂੰ ਸਾਰਿਆਂ ਨੂੰ ਜਾਗਰੂਕ ਹੋਣ ਦੀ ਲੋੜ ਹੈ। ਕਿਸਾਨਾਂ ਨੂੰ ਝੋਨੇ ਦੀ ਸਿੱਧੀ ਬਿਜਾਈ ਕਰਨ ਦੀ ਅਪੀਲ ਕਰਦਿਆਂ ਮੁੱਖ ਖੇਤੀਬਾੜੀ ਅਫ਼ਸਰ ਗੁਰਦਾਸਪੁਰ ਕ੍ਰਿਪਾਲ ਸਿੰਘ ਢਿੱਲੋਂ ਨੇ ਕਿਹਾ ਹੈ ਕਿ ਪੰਜਾਬ ਵਿੱਚ ਪਿਛਲੇ ਸਾਲਾਂ ਤੋਂ ਧਰਤੀ ਹੇਠਲੇ ਪਾਣੀ ਦਾ ਪੱਧਰ ਘੱਟ ਰਿਹਾ ਹੈ ਜਿਸ ਨੂੰ ਬਚਾਉਣ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਝੋਨੇ ਦੀ ਫਸਲ ਵਿੱਚ ਲਗਾਤਾਰ ਪਾਣੀ ਖੜ੍ਹਾ ਰੱਖਣ ਨਾਲ ਆਲਮੀ ਤਪਸ਼ ਲਈ ਜ਼ਿੰਮੇਵਾਰ ਮੁੱਖ ਗੈਸ ਮੀਥੇਨ ਦਾ ਕਾਫੀ ਹਿੱਸਾ ਝੋਨੇ ਦੇ ਖੇਤਾਂ ਤੋਂ ਵਿਸਰਜਿਤ ਹੁੰਦਾ ਹੈ। ਉਪਰੋਕਤ ਸਮੱਸਿਆਵਾਂ ਅਤੇ ਪਾਣੀ ਦੀ ਹੁੰਦੀ ਇਸ ਦੁਰਵਰਤੋਂ ਨੂੰ ਕੁਝ ਹੱਦ ਤੱਕ ਰੋਕਿਆ ਜਾ ਸਕਦਾ ਹੈ, ਜੇਕਰ ਝੋਨੇ ਦੀ ਕਾਸ਼ਤ ਬਾਕੀ ਫਸਲਾਂ ਵਾਂਗੂ ਬਿਨਾਂ ਕੱਦੂ ਕੀਤਿਆਂ ਕੀਤੀ ਜਾਵੇ। ਮੁੱਖ ਖੇਤੀਬਾੜੀ ਅਫਸਰ ਢਿੱਲੋਂ ਨੇ ਅੱਗੇ ਦੱਸਿਆ ਕਿ ਪੰਜਾਬ ਵਿੱਚ ਝੋਨੇ ਦੀ ਸਿੱਧੀ ਬਿਜਾਈ ਦੀ ਸਿਫਾਰਸ਼ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਸਾਲ 2010 ਵਿੱਚ ਕੀਤੀ ਗਈ ਸੀ। ਪੰਜਾਬ ਦੇ ਕੁਝ ਉੱਦਮੀ ਕਿਸਾਨਾਂ ਵੱਲੋਂ ਝੋਨੇ ਦੀ ਸਿੱਧੀ ਬਿਜਾਈ ਤਕਨੀਕ ਨਾਲ ਸਫਲ ਨਤੀਜੇ ਹਾਸਲ ਕੀਤੇ ਹਨ। ਇਸ ਸਫਲਤਾ ਨੂੰ ਵੇਖਦਿਆਂ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਦੁਆਰਾ ਚਲਾਈ ਮੁਹਿੰਮ ਸਦਕਾ ਇਸ ਤਕਨੀਕ ਨੂੰ ਗੰਭੀਰਤਾ ਨਾਲ ਲੈਂਦਿਆਂ ਹਜ਼ਾਰਾਂ ਹੈਕਟੇਅਰ ਰਕਬੇ ਵਿੱਚ ਇਸ ਤਕਨੀਕ ਨੂੰ ਅਪਨਾਇਆ ਗਿਆ ਹੈ। ਮੁੱਖ ਖੇਤੀਬਾੜੀ ਅਫ਼ਸਰ ਨੇ ਕਿਹਾ ਕਿ ਝੋਨੇ ਦੀ ਸਿੱਧੀ ਬਿਜਾਈ ਦੀ ਤਕਨੀਕ ਬਾਰੇ ਵਧੇਰੇ ਜਾਣਕਾਰੀ ਲਈ ਕਿਸਾਨ ਆਪਣੇ ਹਲਕੇ ਨਾਲ ਸੰਬੰਧਤ ਖੇਤੀਬਾੜੀ ਅਫ਼ਸਰ/ਬਲਾਕ ਖੇਤੀਬਾੜੀ ਅਫ਼ਸਰ/ਖੇਤੀਬਾੜੀ ਵਿਕਾਸ ਅਫ਼ਸਰ, ਕ੍ਰਿਸ਼ੀ ਵਿਗਿਆਨ ਕੇਂਦਰ ਦੇ ਖੇਤੀਬਾੜੀ ਮਾਹਿਰਾਂ ਜਾਂ ਕਿਸਾਨ ਕਾਲ ਸੈਂਟਰ ਦੇ ਟੋਲ ਫਰੀ ਨੰ 1800-180-1551 ਨਾਲ ਸੰਪਰਕ ਕਰ ਸਕਦੇ ਹਨ।

# ਕਿਸਾਨਾਂ ਨੂੰ ਸਰਕਾਰੀ ਗਊਸ਼ਾਲਾ ਕਲਾਨੌਰ ਲਈ ਤੂੜੀ ਦਾਨ ਕਰਨ ਦੀ ਅਪੀਲ

**ਗੁਰਦਾਸਪੁਰ (ਜਨਕ ਮਹਾਜਨ)**- ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਗੁਰਦਾਸਪੁਰ ਮਨਮੋਹਨ ਸਿੰਘ ਨੇ ਜ਼ਿਲ੍ਹੇ ਦੇ ਕਿਸਾਨਾਂ ਨੂੰ ਅਪੀਲ ਕੀਤੀ ਹੈ ਕਿ ਉਹ ਸਰਕਾਰੀ ਗਊਸ਼ਾਲਾ ਕਲਾਨੌਰ ਨੂੰ ਵੱਧ ਤੋਂ ਵੱਧ ਤੂੜੀ ਦਾਨ ਕਰਨ ਤਾਂ ਜੋ ਗਊਵੰਸ਼ ਲਈ ਸੁੱਕਾ ਚਾਰਾ ਭੰਡਾਰ ਕੀਤਾ ਜਾ ਸਕੇ। ਉਨ੍ਹਾਂ ਕਿਹਾ ਕਿ ਕਲਾਨੌਰ ਦੀ ਸਰਕਾਰੀ ਗਊਸ਼ਾਲਾ ਵਿੱਚ ਮੌਜੂਦਾ ਸਮੇਂ 480 ਗਊਵੰਸ਼ ਦੀ ਸੇਵਾ ਕੀਤੀ ਜਾ ਰਹੀ ਹੈ ਅਤੇ ਹਰ ਰੋਜ਼ ਤਕਰੀਬਨ 115 ਕੁਇੰਟਲ ਹਰਾ ਚਾਰਾ ਅਤੇ 25 ਕੁਇੰਟਲ ਤੂੜੀ ਦੀ ਲੋੜ ਹੁੰਦੀ ਹੈ। ਉਨ੍ਹਾਂ ਕਿਹਾ ਕਿ ਅਜਿਹੇ ਵਿੱਚ ਸੁੱਕੇ ਚਾਰੇ ਵਜੋਂ ਤੂੜੀ ਦਾ ਵੱਡਾ ਭੰਡਾਰਨ ਕਰਨਾ ਪੈਂਦਾ ਹੈ। ਵਧੀਕ ਡਿਪਟੀ ਕਮਿਸ਼ਨਰ ਮਨਮੋਹਨ ਸਿੰਘ ਨੇ ਜ਼ਿਲ੍ਹੇ ਦੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਗਊਸ਼ਾਲਾ ਕਲਾਨੌਰ ਲਈ ਆਪਣੇ ਵੱਲੋਂ ਤੂੜੀ ਜ਼ਰੂਰ ਦਾਨ ਕਰਨ ਤਾਂ ਜੋ ਗਊਵੰਸ਼ ਨੂੰ ਸੁੱਕੇ ਚਾਰੇ ਦੀ ਕੋਈ ਥੋੜ ਨਾ ਆਵੇ।

ਉਨ੍ਹਾਂ ਕਿਹਾ ਕਿ ਗਊਵੰਸ਼ ਦੀ ਸੇਵਾ ਕਰਨੀ ਸਾਡੀ ਪਰੰਪਰਾ ਰਹੀ ਹੈ। ਉਨ੍ਹਾਂ ਕਿਹਾ ਕਿ ਸੜਕਾਂ ਉੱਪਰ ਘੁੰਮਣ ਵਾਲੇ ਪਸ਼ੂਆਂ ਨੂੰ ਸਰਕਾਰੀ ਗਊਸ਼ਾਲਾ ਵਿੱਚ ਲਿਜਾ ਕੇ ਉਨ੍ਹਾਂ ਦੀ ਬਹੁਤ ਵਧੀਆ ਢੰਗ ਨਾਲ ਸੇਵਾ ਕੀਤੀ ਜਾ ਰਹੀ ਹੈ

# ਲੋਕਾਂ ਨੂੰ ਟ੍ਰੈਫਿਕ ਨਿਯਮਾਂ ਬਾਰੇ ਕਰਵਾਇਆ ਜਾਣੂ




**ਮਾਨਾਂਵਾਲਾ (ਮਨਦੀਪ ਸਿੰਘ ਜੰਮੂ)**-ਜ਼ਿਲ੍ਹਾ ਟ੍ਰੈਫਿਕ ਐਜੂਕੇਸ਼ਨ ਸੈੱਲ ਵੱਲੋਂ ਮਾਨਯੋਗ ਵਧੀਕ ਡਾਇਰੈਕਟਰ ਜਨਰਲ ਪੁਲਸ ਟੈਫਿਕ ਤੇ ਡਾਇਰੈਕਟਰ ਜਨਰਲ ਲੀਡ ਰੋਡ ਸੇਫਟੀ ਪੰਜਾਬ ਵੱਲੋਂ ਮਨਾਏ ਜਾ ਰਹੇ ਸਤਵੇਂ ਸੰਯੁਕਤ ਰਾਸ਼ਟਰ ਗਲੋਬਲ ਰੋਡ ਸੇਫਟੀ ਹਫਤੇ 15 ਤੋਂ 21 ਮਈ ਤੱਕ ਦੀ ਸ਼ੁਰੂਆਤ ਨੈਸ਼ਨਲ ਹਾਈਵੇ ਟੋਲ ਪਲਾਜ਼ਾ ਜੀ. ਟੀ. ਰੋਡ ਮਾਨਾਂਵਾਲਾ ਤੋਂ ਕੀਤੀ ਗਈ ਜਿਸ ਵਿੱਚ ਟ੍ਰੈਫਿਕ ਦੇ ਜ਼ਿਲਾ ਇੰਚਾਰਜ ਚਰਨਜੀਤ ਸਿੰਘ ਅਤੇ ਟ੍ਰੈਫਿਕ ਐਜੂਕੇਸ਼ਨ ਸੈੱਲ ਅੰਮ੍ਰਿਤਸਰ (ਦਿਹਾਤੀ) ਦੇ ਏਐੱਸਆਈ ਇੰਦਰ ਮੋਹਨ ਸਿੰਘ ਨੇ ਆਮ ਪਬਲਿਕ, ਟੈਕਸੀ ਡਰਾਈਵਰਾਂ ਥ੍ਰੀ ਵ੍ਹੀਲਰ ਚਾਲਕਾਂ ਨੂੰ ਸ਼ਾਮਲ ਕਰਕੇ ਟ੍ਰੈਫਿਕ ਸਬੰਧੀ ਇਸ਼ਤਿਹਾਰ ਤੇ ਟ੍ਰੈਫਿਕ ਬੈਜਿਸ ਤੇ ਬੈਨਰ ਵੰਡੇ ਅਤੇ ਟ੍ਰੈਫਿਕ ਨਿਯਮਾਂ ਦੀ ਜਾਣਕਾਰੀ ਦਿੱਤੀ। ਸਪੈਸ਼ਲ ਚੈਕਿੰਗ ਕਰਕੇ ਟੂਵੀਲਰ ਚਾਲਕਾਂ ਨੂੰ ਹੈਲਮੇਟ ਪਾਉਣ ਤੇ ਗੱਡੀ ਚਲਾਉਣ ਸਮੇਂ ਸੀਟ ਬੈਲਟ ਲਗਾਉਣ ਲਈ ਜਾਗਰੂਕ ਕੀਤਾ ਗਿਆ ਤੇ ਸੀਟ ਬੈਲਟ ਦੀ ਅਹਿਮੀਅਤ ਬਾਰੇ ਜਾਣਕਾਰੀ ਦਿੱਤੀ ਗਈ। ਟਰੈਕਟਰ ਟਰਾਲੀਆਂ ਥ੍ਰੀਵ੍ਹੀਲਰ ਟਰੱਕਾਂ ਤੇ ਦੋਵਾਂ ਵਹੀਕਲਾਂ ਨੂੰ ਰਿਫਲੈਕਟਰ ਲਗਾਏ ਤੇ ਇਨਾਂ ਦੀ ਅਹਿਮੀਅਤ ਬਾਰੇ ਜਾਗਰੂਕ ਕੀਤਾ ਗਿਆ। ਇਸ ਮੌਕੇ ਸੁਰਵੀਜਨ ਅਫਸਰ ਏਐਸਆਈ ਰਣਜੀਤ ਸਿੰਘ, ਏਐਸਆਈ ਹਰਦਿਆਲ ਸਿੰਘ, ਥਾਨਾ ਸਾਂਝ ਕੇਂਦਰ ਜੰਡਿਆਲਾ ਗੁਰੂ, ਏਐਸਆਈ ਰਣਜੀਤ ਸਿੰਘ ਸਾਂਝ ਕੇਂਦਰ, ਐਚ ਸੀ ਦਵਿੰਦਰ ਪਾਲ ਸਿੰਘ, ਸੀਟੀ ਕਮਲਦੀਪ ਸਿੰਘ, ਐਚ. ਸੀ. ਕੁਲਵਿੰਦਰ ਕੌਰ, ਐਚ ਸੀ ਮੇਜਰ ਸਿੰਘ, ਆਰਤੀ, ਸੁਰਜਨ ਸਿੰਘ, ਟੈਫਿਕ ਇੰਚਾਰਜ ਐਸਆਈ ਅਜੇ ਕੁਮਾਰ, ਐਸਆਈ ਦਲਜੀਤ ਸਿੰਘ, ਏਐਸਆਈ ਅਮਨਦੀਪ ਸਿੰਘ ਏਐੱਸਆਈ ਸੁਭਾਸ਼ ਚੰਦਰ ਸੁਰਜੀਤ ਸਿੰਘ ਵਿਨੋਦ ਕੁਮਾਰ ਜੀਤ ਸਿੰਘ ਅਸ਼ੋਕ ਕੁਮਾਰ ਪੁਨੀਤ ਕੁਮਾਰ ਆਦਿ ਨੇ ਹਿੱਸਾ ਲਿਆ।

# ਚੁਤਾਲਾ 'ਚ ਕਣਕ ਦੇ ਨਾੜ ਨੂੰ ਅੱਗ ਨਾ ਲਾਉਣ ਦਾ ਮਤਾ ਪਾਸ

**ਤਰਨ ਤਾਰਨ (ਪ੍ਰਿਤਪਾਲ ਸਿੰਘ)**-ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੀ ਇਕਾਈ ਪਿੰਡ ਚੁਤਾਲਾ ਦੀ ਮੀਟਿੰਗ ਇਕਾਈ ਪ੍ਰਧਾਨ ਸਤਨਾਮ ਸਿੰਘ ਚੁਤਾਲਾ ਦੀ ਪ੍ਰਧਾਨਗੀ ਹੇਠ ਗੁਰਦੁਆਰਾ ਬਾਬਾ ਸ਼ਹੀਦਾਂ ਵਿਖੇ ਹੋਈ। ਮੀਟਿੰਗ ਵਿੱਚ ਨਸ਼ੇ ਤੋਂ ਇਲਾਵਾ ਹੋਰਨਾਂ ਮੁਦਿਆਂ ਤੇ ਵਿਚਾਰ ਵਟਾਂਦਰਾ ਕੀਤਾ ਗਿਆ। ਮੀਟਿੰਗ ਨੂੰ ਸੰਬੋਧਨ ਕਰਦਿਆਂ ਜੱਥੇਬੰਦੀ ਦੇ ਸੂਬਾ ਆਗੂ ਸਵਿੰਦਰ ਸਿੰਘ ਚੁਤਾਲਾ, ਤਰਸੇਮ ਸਿੰਘ ਨੇ ਕਿਹਾ ਕਿ ਕਿਸਾਨਾਂ ਨੂੰ ਕਣਕ ਦੇ ਨਾੜ ਨੂੰ ਅੱਗ ਲਾਉਣ ਦੀ ਬਜਾਏ ਧਰਤੀ ਵਿੱਚ ਦਬਾ ਦੇਣਾ ਚਾਹੀਦਾ ਹੈ ਜਿਸ ਨਾਲ ਧਰਤੀ ਦੀ ਉਪਜਾਊ ਸਕਤੀ ਵਧਦੀ ਹੈ। ਮੀਟਿੰਗ ਵਿੱਚ ਹਾਜ਼ਰ ਕਿਸਾਨਾਂ ਮਜ਼ਦੂਰਾਂ ਨੇ ਨਾੜ ਨੂੰ ਅੱਗ ਨਾ ਲਗਾਉਣ ਦਾ ਮਤਾ ਪਾਸ ਕੀਤਾ। ਇਸ ਤੋਂ ਇਲਾਵਾ ਆਗੂਆਂ ਨੇ ਕਿਹਾ ਕਿ ਬਿਜਲੀ ਦੇ ਚਿੱਪ ਵਾਲੇ ਮੀਟਰਾਂ ਦਾ ਘਰਾਂ ਵਿੱਚ ਲੱਗਣ ਤੇ ਵਿਰੋਧ ਵੀ ਕੀਤਾ ਜਾਵੇਗਾ। ਪੈਡੀ ਸੀਜ਼ਨ ਨੂੰ ਮੁੱਖ ਰੱਖਦਿਆਂ ਬਿਜਲੀ ਦੇ ਖੰਭਿਆਂ, ਤਾਰਾਂ ਅਤੇ ਜੀਉ ਸਵਿਚਾਂ ਨੂੰ ਠੀਕ ਕਰਨ ਲਈ ਪਾਵਰਕੌਮ ਦੇ ਅਧਿਕਾਰੀਆਂ 'ਤੇ ਜ਼ੋਰ ਪਾਇਆ ਜਾਵੇਗਾ। 19 ਤਰੀਕ ਨੂੰ ਵੱਡਾ ਇਕੱਠ ਕਰਕੇ ਪਿੰਡ ਵਿਚੋਂ ਫੰਡ ਇਕੱਠਾ ਕੀਤਾ ਜਾਵੇਗਾ। ਪਿੰਡ ਇਕਾਈ ਦੀ ਅਗਲੀ ਮੀਟਿੰਗ 31 ਮਈ ਨੂੰ ਰਖੀਂ ਗਈ।

# ਗਹਿਣੇ, ਨਗਦੀ ਤੇ ਪਿਸਤੌਲ ਚੋਰੀ ਦੇ ਮਾਮਲੇ 'ਚ ਪੁਲਸ ਦੇ ਹੱਥ ਅੱਜ ਤੱਕ ਖਾਲੀ



**ਪੱਟੀ (ਬਲਦੇਵ ਸਿੰਘ ਕਿਰਤੋਵਾਲ/ਸ਼ਮਸ਼ੇਰ ਸਿੰਘ ਯੋਧਾ)**-ਕਸਬਾ ਹਰੀਕੇ ਅੰਦਰ ਪਾਸ਼ ਇਲਾਕੇ 'ਚ ਹੋਈ ਚੋਰੀ ਦੀ ਵਾਰਦਾਤ ਨੂੰ 24 ਘੰਟੇ ਬੀਤ ਜਾਣ ਮਗਰੋਂ ਵੀ ਪੁਲਸ ਦੇ ਹੱਥ ਖਾਲੀ ਹਨ ਹਾਲਾਂਕਿ ਪੁਲਸ ਵੱਲੋਂ ਅਣਪਛਾਤੇ ਵਿਅਕਤੀ ਖਿਲਾਫ ਮਾਮਲਾ ਦਰਜ ਕਰਕੇ ਤਫਤੀਸ਼ ਕਰਨ ਦੀ ਗੱਲ ਕਹੀ ਜਾ ਰਹੀ ਹੈ। ਉਧਰ ਪੀੜਤਾਂ ਨੇ ਵਾਰਦਾਤ ਨੂੰ ਅੰਜਾਮ ਦੇਣ ਵਾਲੇ ਵਿਅਕਤੀ ਦੀ ਸੂਹ ਦੇਣ ਬਦਲੇ 50000 ਨਕਦ ਇਨਾਮ ਦੇਣ ਦਾ ਐਲਾਨ ਵੀ ਕਰ ਦਿੱਤਾ। ਦੱਸਣਯੋਗ ਹੈ ਕਿ ਕਸਬੇ ਦੇ ਮੱਖੂ ਰੋਡ ਤੇ ਸੰਘਣੀ ਆਬਾਦੀ ਵਿਚਲੇ ਇਕ ਘਰ ਨੂੰ ਨਿਸ਼ਾਨਾ ਬਣਾਇਆ ਗਿਆ ਜਿਸ ਦੌਰਾਨ ਕਰੀਬ ਅੱਧੇ ਘੰਟੇ ਵਿਚ ਇਕ ਨੌਜਵਾਨ ਨੇ 85 ਤੋਲੇ ਸੋਨਾ, 13 ਲੱਖ ਨਕਦੀ ਅਤੇ ਲਾਇਸੈਂਸੀ ਪਿਸਟਲ ਚੋਰੀ ਕਰ ਲਿਆ। ਸਾਰੀ ਘਟਨਾ ਸੀਸੀਟੀਵੀ ਕੈਮਰੇ ਵਿਚ ਕੈਦ ਹੋ ਗਈ। ਮੌਕੇ 'ਤੇ ਪਹੁੰਚੇ ਡੀਐੱਸਪੀ ਸਤਨਾਮ ਸਿੰਘ ਅਤੇ ਥਾਣਾ ਮੁਖੀ ਸੁਨੀਤਾ ਰਾਣੀ ਨੇ ਮਾਮਲਾ ਜਲਦੀ ਹੱਲ ਕਰ ਲੈਣ ਦਾ ਦਾਅਵਾ ਕੀਤਾ। ਸਥਾਨਕ ਪੁਲਸ ਨੇ ਜਿਥੇ ਅੱਜ ਫਿੰਗਰ ਪ੍ਰਿੰਟ ਲਏ ਉਥੇ 24 ਘੰਟੇ ਬੀਤ ਜਾਣ ਬਾਵਜੂਦ ਵੀ ਪੁਲਸ ਦੇ ਹੱਥ ਖਾਲੀ ਸਨ। ਇੰਨੀ ਵੱਡੀ ਵਾਰਦਾਤ ਨੂੰ ਲੈ ਕੇ ਪੁਲਸ ਦਾ ਅਵੇਸਲਾਪਣ ਇਸ ਤੋਂ ਵੀ ਜ਼ਾਹਰ ਹੁੰਦਾ ਹੈ ਕਿ ਜ਼ਿਲ੍ਹਾ ਪੱਧਰੀ ਕਿਸੇ ਅਧਿਕਾਰੀ ਨੇ ਪੀੜਤਾਂ ਨੂੰ ਇਨਸਾਫ ਦਿਵਾਉਣ ਲਈ ਪਹਿਲਕਦਮੀ ਦੀ ਜ਼ਰੂਰਤ ਨਹੀਂ ਸਮਝੀ। ਤ੍ਰਾਸਦੀ ਇਹ ਹੈ ਰਹੀ ਕਿ ਅੱਜ ਦਾ ਸਾਰਾ ਦਿਨ ਵੀ ਮੋਬਾਈਲ ਡੰਪ ਦੇ ਇੰਤਜ਼ਾਰ ਵਿਚ ਲੰਘ ਗਿਆ ਜਦੋਂਕਿ ਪੀੜਤਾਂ ਵੱਲੋ ਮੁਲਜ਼ਮ ਦੀ ਸੂਹ ਦੇਣ ਵਾਲੇ ਨੂੰ 50000 ਨਕਦ ਇਨਾਮ ਦੇਣ ਦਾ ਐਲਾਨ ਵੀ ਕਰ ਦਿੱਤਾ।

ਸੰਪਰਕ ਕਰਨ 'ਤੇ ਸਬ ਡਵੀਜ਼ਨ ਦੇ ਡੀਐੱਸਪੀ ਸਤਨਾਮ ਸਿੰਘ ਨੇ ਦੱਸਿਆ ਕਿ ਪੁਲਸ ਵਲੋਂ ਕੋਈ ਢਿੱਲ ਨਹੀਂ ਵਰਤੀ ਜਾ ਰਹੀ। ਉਨ੍ਹਾਂ ਕਿਹਾ ਕਿ ਅੱਜ ਫਿੰਗਰ ਪ੍ਰਿੰਟ ਲਏ ਜਾ ਚੁੱਕੇ ਹਨ ਅਤੇ ਸਾਈਬਰ ਸੈੱਲ ਦੀ ਤਕਨੀਕੀ ਮਦਦ ਵੀ ਲਈ ਜਾ ਰਹੀ ਹੈ।

# ਜ਼ਿਲ੍ਹੇ ਦੀਆਂ ਮੰਡੀਆਂ 'ਚ 643289 ਮੀਟ੍ਰਿਕ ਟਨ ਕਣਕ ਦੀ ਸਰਕਾਰੀ ਖਰੀਦ

**ਗੁਰਦਾਸਪੁਰ, (ਜਨਕ ਮਹਾਜਨ)** - ਜ਼ਿਲਾ ਗੁਰਦਾਸਪੁਰ ਦੀਆਂ ਮੰਡੀਆਂ ਵਿੱਚ ਬੀਤੀ ਸ਼ਾਮ ਤੱਕ 643438 ਮੀਟ੍ਰਿਕ ਟਨ ਕਣਕ ਦੀ ਫਸਲ ਵਿਕਣ ਲਈ ਪਹੁੰਚੀ ਸੀ ਜਿਸ ਵਿੱਚੋਂ ਵੱਖ-ਵੱਖ ਸਰਕਾਰੀ ਖਰੀਦ ਏਜੰਸੀਆਂ ਵੱਲੋਂ 643289 ਮੀਟ੍ਰਿਕ ਟਨ ਫਸਲ ਖਰੀਦ ਲਈ ਗਈ ਹੈ। ਖਰੀਦੀ ਗਈ ਕਣਕ ਦੀ ਫਸਲ ਦੀ ਲਿਫਟਿੰਗ ਵੀ ਜਾਰੀ ਹੈ ਅਤੇ ਬੀਤੀ ਸ਼ਾਮ ਤੱਕ 562118 ਮੀਟ੍ਰਿਕ ਟਨ ਫਸਲ ਦੀ ਲਿਫਟਿੰਗ ਮੁਕੰਮਲ ਕਰ ਲਈ ਗਈ ਹੈ, ਜੋ 88 ਫੀਸਦੀ ਬਣਦੀ ਹੈ। ਕਣਕ ਦੀ ਖਰੀਦ ਬਾਰੇ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਦੱਸਿਆ ਕਿ ਜ਼ਿਲੇ ਦੀਆਂ ਸਾਰੀਆਂ ਮੰਡੀਆਂ ਵਿੱਚ ਕਣਕ ਦੀ ਖਰੀਦ ਨਿਰਵਿਗਨ ਚੱਲ ਰਹੀ ਹੈ ਅਤੇ ਕਿਸਾਨਾਂ ਨੂੰ ਉਨਾਂ ਦੀ ਫਸਲ ਦੀ ਅਦਾਇਗੀ 48 ਘੰਟਿਆਂ ਵਿੱਚ ਕੀਤੀ ਜਾ ਰਹੀ ਹੈ।

ਉਨਾਂ ਦੱਸਿਆ ਕਿ ਬੀਤੀ ਸ਼ਾਮ ਤੱਕ ਵੱਖ-ਵੱਖ ਸਰਕਾਰੀ ਖਰੀਦ ਏਜੰਸੀਆਂ ਵੱਲੋਂ 1332.93 ਕਰੋੜ ਰੁਪਏ ਦੀ ਪੇਮੈਂਟ ਕਿਸਾਨਾਂ ਨੂੰ ਕਰ ਦਿੱਤੀ ਗਈ ਹੈ।

# ਮਹਿਲਾ ਪਹਿਲਵਾਨਾਂ ਨੂੰ ਤੁਰੰਤ ਇਨਸਾਫ ਦਿੱਤਾ ਜਾਵੇ : ਰਾਜਿੰਦਰਪਾਲ ਕੌਰ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**-ਦਿੱਲੀ ਦੇ ਜੰਤਰ ਮੰਤਰ ਵਿਖੇ ਧਰਨਾ ਲਗਾ ਕੇ ਬੈਠੇ ਮਹਿਲਾ ਪਹਿਲਵਾਨਾਂ ਦੇ ਹੱਕ ਵਿੱਚ ਹਾਅ ਦਾ ਨਾਅਰਾ ਮਾਰਦਿਆਂ ਪੰਜਾਬ ਇਸਤਰੀ ਸਭਾ ਦੇ ਆਗੂਆਂ ਨੇ ਰੋਸ ਮੁਜ਼ਾਹਰਾ ਕਰਦਿਆਂ ਮੰਗ ਕੀਤੀ ਕਿ ਰੈਸਲਰ ਫੈਡਰੇਸ਼ਨ ਆਫ ਇੰਡੀਆ ਦੇ ਪ੍ਰਧਾਨ ਬ੍ਰਿਜ ਭੂਸ਼ਨ ਸ਼ਰਨ ਸਿੰਘ ਨੂੰ ਮਹਿਲਾ ਪਹਿਲਵਾਨਾਂ ਨਾਲ ਛੇੜਛਾੜ ਕਰਨ ਦੇ ਦੋਸ਼ ਵਿੱਚ ਬਿਨਾਂ ਕਿਸੇ ਦੇਰੀ ਤੋਂ ਗ੍ਰਿਫਤਾਰ ਕੀਤਾ ਜਾਵੇ ਅਤੇ ਫੈਡਰੇਸ਼ਨ ਦੀ ਪ੍ਰਧਾਨਗੀ ਤੋਂ ਤੁਰੰਤ ਲਾਂਭੇ ਕੀਤਾ ਜਾਵੇ। ਇਸਤਰੀ ਸਭਾ ਦੀ ਆਗੂ ਤੇ ਸਾਬਕਾ ਪ੍ਰਿੰਸੀਪਲ ਰਾਜਿੰਦਰਪਾਲ ਕੌਰ ਨੇ ਕਿਹਾ ਕਿ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਇੱਕ ਪਾਸੇ ਤਾਂ ਬੇਟੀ ਪੜ੍ਹਾਉ ਬੇਟੀ ਬਚਾਉ ਦਾ ਨਾਅਰਾ ਦੇ ਕੇ ਬੇਟੀਆਂ ਦੇ ਵਿਕਾਸ ਦੀ ਗੱਲ ਕਰ ਰਹੇ ਹਨ ਤੇ ਦੂਜੇ ਪਾਸੇ ਇੱਕ ਦਬੰਗ ਕਿਸਮ ਦੇ ਵਿਅਕਤੀ ਨੂੰ ਕੀਤੇ ਬੱਜਰ ਦੋਸ਼ ਤੋਂ ਬਚਾ ਰਹੇ ਹਨ। ਪ੍ਰਧਾਨ ਮੰਤਰੀ ਦੀ ਦੋਹਰੇ ਮਾਪਦੰਡਾਂ ਵਾਲੀ ਨੀਤੀ ਸਮਝ ਤੋਂ ਬਾਹਰ ਹੈ। ਉਨ੍ਹਾਂ ਕਿਹਾ ਕਿ ਦਿੱਲੀ ਦੇ ਜੰਤਰ ਮੰਤਰ ਰੋਡ 'ਤੇ ਬੈਠੀਆਂ ਪਹਿਲਵਾਨ ਲੜਕੀਆਂ ਨੂੰ ਜੇਕਰ ਇਨਸਾਫ ਨਹੀਂ ਮਿਲਦਾ ਤਾਂ ਪੰਜਾਬ ਇਸਤਰੀ ਸਭਾ ਵੱਲੋਂ ਸੰਘਰਸ਼ ਨੂੰ ਹੋਰ ਤੇਜ਼ ਕਰ ਦਿੱਤਾ ਜਾਵੇਗਾ ਜਿਸ ਤੋਂ ਨਿਕਲਣ ਵਾਲੇ ਸਿੱਟਿਆਂ ਲਈ ਸਰਕਾਰ ਜ਼ਿੰਮੇਵਾਰ ਹੋਵੇਗੀ।

# ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਦਾ ਦਸਵੀਂ/ਬਾਰ੍ਹਵੀਂ ਦਾ ਨਤੀਜਾ ਹਰ ਸਾਲ ਦੀ ਤਰ੍ਹਾਂ ਸ਼ਾਨਦਾਰ



**ਤਰਨ ਤਾਰਨ (ਪ੍ਰਿਤਪਾਲ ਸਿੰਘ)**-ਸ੍ਰੀ ਗੁਰੂ ਹਰਿਕ੍ਰਿਸਨ ਪਬਲਿਕ ਸਕੂਲ ਤਰਨ ਤਾਰਨ ਦਾ ਦਸਵੀਂ ਅਤੇ ਬਾਰ੍ਹਵੀਂ ਜਮਾਤ ਦਾ ਨਤੀਜਾ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਸੌ ਫੀਸਦੀ ਰਿਹਾ। ਦਸਵੀਂ ਜਮਾਤ ਦੀ ਵਿਦਿਆਰਥਣ ਪੁਨੀਤ ਕੌਰ ਨੇ 96.4%ਅੰਕ ਲੈ ਕੇ ਪਹਿਲਾ ਸਥਾਨ, ਅਰਸ਼ਦੀਪ ਕੌਰ ਅਤੇ ਰਾਜਪਾਲ ਕੌਰ ਨੇ 95% ਅੰਕ ਲੈ ਕੇ ਦੂਸਰਾ ਸਥਾਨ ਤੇ ਮਹਿਕਪ੍ਰੀਤ ਕੌਰ ਨੇ 94.4 % ਅੰਕ ਲੈ ਕੇ ਤੀਸਰਾ ਸਥਾਨ ਹਾਸਲ ਕੀਤਾ। ਆਈ. ਟੀ. ਵਿਸੇ ਵਿੱਚ ਨਵਰੀਤ ਕੌਰ ਨੇ 100 ਅੰਕ, ਪੰਜਾਬੀ ਵਿੱਚ ਜੈਸਮੀਨ ਕੌਰ ਅਤੇ ਨਵਰੀਤ ਕੌਰ ਨੇ 99 ਅੰਕ, ਹਿੰਦੀ ਵਿੱਚ ਅਰਸਦੀਪ ਕੌਰ, ਮਹਿਕਪ੍ਰੀਤ ਕੌਰ, ਰਾਜਪਾਲ ਕੌਰ ਅਤੇ ਪੁਨੀਤ ਕੌਰ ਨੇ 95 ਅੰਕ, ਸੋਸਲ ਸਾਇਸ ਵਿੱਚ ਰਾਜਪਾਲ ਕੌਰ ਅਤੇ ਅਰਸ਼ਦੀਪ ਕੌਰ ਨੇ 96 ਅੰਕ, ਸਾਇੰਸ ਵਿੱਚ ਮਹਿਕਪ੍ਰੀਤ ਕੌਰ ਅਤੇ ਪੁਨੀਤ ਕੌਰ ਨੇ 95 ਅੰਕ, ਅੰਗਰੇਜ਼ੀ ਵਿੱਚ ਰਾਜਪਾਲ ਕੌਰ ਨੇ 93 ਅੰਕ, ਹਿਸਾਬ ਵਿੱਚ ਜਸਕੀਰਤਬੀਰ ਸਿੰਘ, ਅਰਮਾਨਦੀਪ ਸਿੰਘ, ਅਰਸ਼ਦੀਪ ਕੌਰ ਅਤੇ ਮਹਿਕਪ੍ਰੀਤ ਕੌਰ ਨੇ 95 ਅੰਕ ਹਾਸਲ ਕਰਕੇ ਸਕੂਲ ਦਾ ਨਾਮ ਰੌਸ਼ਨ ਕੀਤਾ।

ਬਾਰ੍ਹਵੀਂ ਜਮਾਤ ਵਿੱਚ ਕਾਮਰਸ ਦੀ ਵਿਦਿਆਰਥਣ ਸਯਮ ਨੇ 95%, ਜਪਨੀਤ ਕੌਰ ਨੇ 94%, ਸਿਮਰਨਜੀਤ ਕੌਰ ਨੇ 91% ਅੰਕ ਹਾਸਲ ਕੀਤੇ। ਮੈਡੀਕਲ ਵਿੱਚ ਅਸਨੀਤ ਕੌਰ ਅਤੇ ਪਲਕਪ੍ਰੀਤ ਕੌਰ ਨੇ 92.4%, ਇਸਰਤਦੀਪ ਕੌਰ ਨੇ 92%, ਮਹਿਕਦੀਪ ਕੌਰ ਨੇ 91% ਅੰਕ ਹਾਸਲ ਕੀਤੇ। ਨਾਨ-ਮੈਡੀਕਲ ਵਿੱਚ ਸਗਲਜੋਤ ਕੌਰ ਨੇ 92.2%, ਮਨਮੀਤ ਕੌਰ ਨੇ 88%, ਮਹਿਕਦੀਪ ਕੌਰ ਨੇ 87.2% ਅੰਕ ਹਾਸਲ ਕੀਤੇ। ਆਰਟਸ ਦੀ ਵਿਦਿਆਰਥਣ ਸਿਮਰਨਜੀਤ ਕੌਰ ਨੇ 85%, ਸੁਮਨਪ੍ਰੀਤ ਕੌਰ ਨੇ 78% ਅਤੇ ਅਰਸਪ੍ਰੀਤ ਕੌਰ ਨੇ 69% ਅੰਕ ਹਾਸਲ ਕਰਕੇ ਆਪਣੇ ਮਾਪਿਆਂ ਅਤੇ ਸਕੂਲ ਦਾ ਨਾਮ ਰੌਸ਼ਨ ਕੀਤਾ। ਚੀਫ ਖਾਲਸਾ ਦੀਵਾਨ ਦੇ ਅਡੀਸ਼ਨਲ ਸਕੱਤਰ, ਲੋਕਲ ਕਮੇਟੀ ਦੇ ਪ੍ਰਧਾਨ ਅਤੇ ਸਕੂਲ ਦੇ ਮੈਂਬਰ ਇੰਚਾਰਜ ਹਰਜੀਤ ਸਿੰਘ ਨੇ ਪਹਿਲੇ, ਦੂਜੇ ਅਤੇ ਤੀਜੇ ਸਥਾਨ ਤੇ ਆਉਣ ਵਾਲੇ ਵਿਦਿਆਰਥੀਆਂ, ਉਨਾਂ ਦੇ ਮਾਤਾ ਪਿਤਾ ਅਤੇ ਸਮੂਹ ਸਟਾਫ ਨੂੰ ਵਧਾਈ ਦਿੱਤੀ ਅਤੇ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਕਾਮਯਾਬੀ ਹਾਸਲ ਕਰਦੇ ਰਹਿਣ ਦਾ ਅਸ਼ੀਰਵਾਦ ਦਿੱਤਾ।

ਚੀਫ ਖਾਲਸਾ ਦੀਵਾਨ ਲੋਕਲ ਕਮੇਟੀ ਦੇ ਮੀਤ ਪ੍ਰਧਾਨ ਅਤੇ ਸਕੂਲ ਦੇ ਮੈਂਬਰ ਇੰਚਾਰਜ ਗੁਰਿੰਦਰ ਸਿੰਘ ਨੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਉਨਾਂ ਨੇ ਸਖਤ ਮਿਹਨਤ ਕਰਕੇ ਸਕੂਲ ਦਾ ਨਾਮ ਰੌਸ਼ਨ ਕੀਤਾ ਹੈ। ਸਕੂਲ ਦੇ ਮੈਂਬਰ ਇੰਚਾਰਜ ਰਣਦੀਪ ਸਿੰਘ ਨੇ ਵਿਦਿਆਰਥੀਆਂ ਨੂੰ ਉਨਾਂ ਦੀ ਵਧੀਆ ਕਾਰਗੁਜ਼ਾਰੀ ਲਈ ਵਧਾਈ ਦਿੱਤੀ। ਸਕੂਲ ਦੇ ਪ੍ਰਿੰਸੀਪਲ ਰਣਜੀਤ ਭਾਟੀਆ ਨੇ ਵਿਦਿਆਰਥੀਆਂ ਦੀ ਪ੍ਰਸੰਸਾ ਕੀਤੀ ਅਤੇ ਉਨਾਂ ਦੇ ਮਾਤਾ-ਪਿਤਾ ਅਤੇ ਅਧਿਆਪਕਾਂ ਨੂੰ ਉਨਾਂ ਦੀ ਪੂਰੇ ਸਾਲ ਦੀ ਸਖਤ ਮਿਹਨਤ ਲਈ ਵਧਾਈ ਦਿੱਤੀ।

# ਧਾਰਮਿਕ ਸਮਾਗਮ ਦੌਰਾਨ ਮਸੀਹ ਭਜਨਾਂ ਦਾ ਪੋਸਟਰ ਜਾਰੀ



**ਅਜਨਾਲਾ (ਸੁਖਤਿੰਦਰ ਸਿੰਘ ਰਾਜੂ)**-ਤਹਿਸੀਲ ਅਜਨਾਲਾ ਦੇ ਪਿੰਡ ਸੁਧਾਰ ਦੇ ਸਮਰੱਥ ਚਰਚ ਵਿਖੇ ਮੁੱਖ ਪਾਸਟਰ ਜੌਹਨ ਮਸੀਹ ਦੀ ਅਗਵਾਈ 'ਚ ਸਰਬੱਤ ਦੇ ਭਲੇ ਲਈ ਕਰਵਾਏ ਮਸੀਹ ਧਾਰਮਿਕ ਸਮਾਗਮ ਮੌਕੇ ਨਗਰ ਪੰਚਾਇਤ ਅਜਨਾਲਾ ਦੇ ਚੇਅਰਮੈਨ ਤੇ ਕੌਂਸਲਰ ਅਵਿਨਾਸ ਮਸੀਹ ਨੇ ਉਚੇਚੇ ਤੌਰ 'ਤੇ ਹਾਜ਼ਰੀ ਭਰਦੇ ਹੋਏ ਮਸੀਹ ਭਜਨਾਂ ਦਾ ਪੋਸਟਰ ਰਿਲੀਜ਼ ਕੀਤਾ। ਇਸ ਮੌਕੇ ਉਨ੍ਹਾਂ ਕਿਹਾ ਕਿ ਸਾਨੂੰ ਸਮਾਜਿਕ ਬੁਰਾਈਆਂ ਖਾਸ ਕਰਕੇ ਨਸ਼ਿਆਂ ਦੀ ਦਲਦਲ ਵਿੱਚ ਧੱਸਣ ਤੋਂ ਬਚ ਕੇ ਰਹਿਣ ਲਈ ਨਸ਼ੇ ਦੇ ਧੰਦੇਬਾਜ਼ਾਂ ਵਿਰੁੱਧ ਆਵਾਜ਼ ਬੁਲੰਦ ਕਰਨੀ ਚਾਹੀਦੀ ਹੈ। ਇਸ ਮੌਕੇ ਵੱਖ-ਵੱਖ ਮਸੀਹ ਪਾਸਟਰਾਂ ਵੱਲੋਂ ਸਰਬੱਤ ਦੇ ਭਲੇ ਲਈ ਅਰਾਧਨਾ ਕਰਨ ਉਪਰੰਤ ਪ੍ਰਭ ਯਿਸੂ ਮਸੀਹ ਦੀ ਮਹਿਮਾ 'ਚ ਸੰਗਤਾਂ ਨੂੰ ਰੂਹਾਨੀਅਤ ਨਾਲ ਜੋੜਦੇ ਹੋਏ ਪ੍ਰਵਚਨ ਸੁਣਾਏ। ਇਸ ਮੌਕੇ ਚਰਚ ਪ੍ਰਬੰਧਕ ਕਮੇਟੀ ਵੱਲੋਂ ਸਮੂਹ ਪਾਸਟਰਾਂ ਸਣੇ ਕੌਂਸਲਰ ਅਵਿਨਾਸ਼ ਮਸੀਹ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਠੇਕੇਦਾਰ ਅਸ਼ੋਕ ਮਸੀਹ, ਗਰੇਸ, ਸਾਬਾ ਮਸੀਹ, ਬ੍ਰਦਰ ਅਰਸ਼, ਦਰਸ਼ਨ ਮਸੀਹ, ਪਾਸਟਰ ਸੰਤ ਅਤੇ ਬ੍ਰਦਰ ਹਰਮਨ ਆਦਿ ਹਾਜ਼ਰ ਸਨ।

# ਸੰਧਵਾਂ ਵੱਲੋਂ ਭਗਤ ਪੂਰਨ ਸਿੰਘ ਕੁਦਰਤੀ ਖੇਤੀ ਫ਼ਾਰਮ ਤੇ ਰਿਸਰਚ ਸੈਂਟਰ ਦਾ ਦੌਰਾ

**ਮਾਨਾਂਵਾਲਾ (ਮਨਦੀਪ ਸਿੰਘ ਜੰਮੂ)**-ਪੰਜਾਬ ਵਿਧਾਨ ਸਭਾ ਸਪੀਕਰ ਕੁਲਤਾਰ ਸਿੰਘ ਸੰਧਵਾ ਅਤੇ ਉਨ੍ਹਾਂ ਦੀ ਟੀਮ ਨੇ ਭਗਤ ਪੂਰਨ ਸਿੰਘ ਕੁਦਰਤੀ ਖੇਤੀ ਫ਼ਾਰਮ ਅਤੇ ਰਿਸਰਚ ਸੈਂਟਰ ਵਿਖੇ ਦੌਰਾ ਕੀਤਾ। ਉਨਾਂ ਨੇ 1 ਏਕੜ ਵਿਚ ਗੰਨਾ ਅਤੇ ਉਸ ਦੇ ਵਿਚ 12 ਹੋਰ ਫ਼ਸਲਾਂ ਦੇਖੀਆਂ, ਅਨਾਰਾਂ ਦਾ ਬਾਗ਼ ਉਸ ਵਿਚ ਸਬਜ਼ੀਆਂ ਅਤੇ ਅਮਰਪਾਲੀ ਅੰਬਾਂ ਦਾ ਬਾਗ਼, ਪਾਪੂਲਰ ਖੇਤ ਵਿਚ ਹਲਦੀ ਅਤੇ ਪਸ਼ੂਆਂ ਦਾ ਚਾਰਾ ਦੇਖ ਕੇ ਬਹੁਤ ਖੁਸ਼ੀ ਮਹਿਸੂਸ ਕੀਤੀ। ਪਿੰਗਲਵਾੜਾ ਦੇ ਮੁੱਖ ਸੇਵਾਦਾਰ ਡਾ. ਇੰਦਰਜੀਤ ਕੌਰ ਨੇ ਸੋਸਲਰ ਟਿਊਬਵੈੱਲ ਦੇ ਨਾਲ ਪੈਨਲ ਸਿਸਟਮ ਰਾਹੀਂ ਪਸ਼ੂ ਚਾਰਾ ਮਸ਼ੀਨ, ਫ਼ਾਰਮ ਹਾਊਸ ਦੀ ਲਾਈਟ ਅਤੇ ਪਾਣੀ ਦਾ ਪ੍ਰਬੰਧ ਸਪੀਕਰ ਸਾਹਿਬ ਨੂੰ ਦਿਖਾਇਆ। ਸੋਸਲਰ ਸਿਸਟਮ ਪ੍ਰਬੰਧ ਪਿੰਗਲਵਾੜਾ ਦੀ ਇਕ ਨਵਕੇਲੀ ਵਿਧੀ ਸੀ। ਸੰਧਵਾ ਨੇ ਫ਼ਾਰਮ ਇੰਚਾਰਜ ਰਾਜਬੀਰ ਸਿੰਘ ਨੂੰ ਬਾਕੀ ਕਿਸਾਨਾਂ ਨੂੰ ਵੀ ਇਸ ਵਿਧੀ ਬਾਰੇ ਦੱਸਣ ਲਈ ਕਿਹਾ।



# ਪੇਂਡੂ ਕਾਮਿਆਂ ਨੂੰ ਆਪਣੇ ਹੱਕ ਲੈਣ ਲਈ ਘੋਲ ਹੋਰ ਤੇਜ਼ ਕਰਨ ਦਾ ਸੱਦਾ



**ਖਡੂਰ ਸਾਹਿਬ (ਨਜ਼ਸ)**-ਪੰਜਾਬ ਖੇਤ ਮਜ਼ਦੂਰ ਸਭਾ ਦੀ ਮੀਟਿੰਗ ਖਡੂਰ ਸਾਹਿਬ ਵਿਖੇ ਕਾਮਰੇਡ ਹੀਰਾ ਸਿੰਘ ਖਡੂਰ ਸਾਹਿਬ ਦੀ ਪ੍ਰਧਾਨਗੀ ਹੇਠ ਕੀਤੀ ਗਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਪੰਜਾਬ ਖੇਤ ਮਜ਼ਦੂਰ ਸਭਾ ਦੇ ਜ਼ਿਲ੍ਹਾ ਸਕੱਤਰ ਕਾਮਰੇਡ ਸੁਖਦੇਵ ਸਿੰਘ ਕੋਟ ਧਰਮ ਚੰਦ ਕਲਾਂ, ਬਲਾਕ ਸਕੱਤਰ ਕਾਮਰੇਡ ਮੇਜਰ ਸਿੰਘ ਦਾਰਾਪੁਰ, ਜ਼ਿਲ੍ਹਾ ਵਰਕਿੰਗ ਕਮੇਟੀ ਮੈਂਬਰ ਕਾਮਰੇਡ ਬੂਟਾ ਸਿੰਘ ਢੋਟੀਆਂ ਨੇ ਆਪਣੇ ਸਾਂਝੇ ਬਿਆਨ ਵਿੱਚ ਕਿਹਾ ਕਿ ਦੇਸ਼ ਵਿੱਚ ਖੇਤ ਮਜ਼ਦੂਰ ਆਪਣੇ ਵਾਸਤੇ ਰੁਜ਼ਗਾਰ, ਮਕਾਨ, ਸਮਾਜਿਕ ਸੁਰੱਖਿਆ, ਵਿੱਦਿਆ, ਸਿਹਤ ਸਹੂਲਤਾਂ ਅਤੇ ਸਮਾਜਿਕ ਅੱਤਿਆਚਾਰਾਂ ਦੇ ਖਿਲਾਫ ਅਤੇ ਇਨ੍ਹਾਂ ਕਾਮਿਆਂ ਦੀ ਘੱਟੋ-ਘੱਟ ਉਜਰਤ 21 ਹਜ਼ਾਰ ਰੁਪਏ ਪ੍ਰਤੀ ਮਹੀਨਾ ਪ੍ਰਤੀ ਪਰਿਵਾਰ ਦੇ ਆਮਦਨ ਦੇ ਪੱਕੇ ਵਸੀਲੇ ਪੈਦਾ ਕਰਨ ਲਈ ਜੱਦੋਜਹਿਦ ਕਰ ਰਹੇ ਹਨ। ਕੇਂਦਰ ਵਿੱਚ ਰਾਜ ਕਰਦੀ ਮੋਦੀ ਸਰਕਾਰ ਨੇ ਇਨ੍ਹਾਂ ਕਾਮਿਆਂ ਦੀ ਹਾਲਤ ਸੁਧਾਰਨ ਦਾ ਕੋਈ ਠੋਸ ਪ੍ਰਬੰਧ ਨਹੀਂ ਕੀਤਾ। ਬੈਂਕਾਂ ਰਾਹੀਂ ਕਰਜ਼ੇ ਦੇਣ ਦੇ ਦਾਅਵੇ ਕੀਤੇ ਜਾ ਰਹੇ ਹਨ ਪਰ ਬੈਂਕਾਂ ਦੀਆਂ ਕਰੜੀਆਂ ਸ਼ਰਤਾਂ ਨੇ ਪਿੰਡਾਂ ਦੇ ਕਾਮੇ ਲੋਕਾਂ ਦੀਆਂ ਆਸਾਂ 'ਤੇ ਪਾਣੀ ਫੇਰ ਦਿੱਤਾ ਹੈ। ਉਨਾਂ ਪਿੰਡਾਂ ਦੇ ਕਾਮੇ ਲੋਕਾਂ ਨੂੰ ਅਪੀਲ ਕੀਤੀ ਕਿ ਘੋਲਾਂ ਨੂੰ ਹੋਰ ਤੇਜ਼ ਕਰਨ। ਉਨ੍ਹਾਂ ਪੰਜਾਬ ਸਰਕਾਰ ਨੂੰ ਚਿਤਾਵਨੀ ਦਿੰਦਿਆਂ ਕਿਹਾ ਕਿ ਪੰਜਾਬ ਸਰਕਾਰ ਆਪਣੀਆਂ ਕੀਤੀਅ ਗਰੰਟੀਆਂ ਪੂਰੀਆਂ ਕਰੇ। ਬੇਘਰੇ ਤੇ ਲੋੜਵੰਦ ਲੋਕਾਂ ਨੂੰ ਦਸ-ਦਸ ਮਰਲੇ ਦੇ ਪਲਾਟ ਅਤੇ ਮਕਾਨ ਉਸਾਰੀ ਲਈ ਪੰਜ ਲੱਖ ਰੁਪਏ ਦੀ ਗ੍ਰਾਂਟ ਦਿੱਤੀ ਜਾਵੇ ਅਤੇ ਔਰਤਾਂ ਦੇ ਖਾਤਿਆਂ ਵਿੱਚ ਇੱਕ ਇੱਕ ਹਜ਼ਾਰ ਰੁਪਏ ਤੁਰੰਤ ਪਾਏ ਜਾਣ, ਵਿਧਵਾ ਤੇ ਬੁਢਾਪਾ ਪੈਨਸ਼ਨ ਪੰਜ ਹਜ਼ਾਰ ਰੁਪਏ ਕੀਤੀ ਜਾਵੇ ਅਤੇ ਮਨਰੇਗਾ ਕਾਮਿਆਂ ਨੂੰ ਪੂਰਾ ਸਾਲ ਕੰਮ ਅਤੇ ਕੰਮ ਦਿਹਾੜੀ ਸੱਤ ਸੌ ਰੁਪਏ ਦਿਤੀ ਜਾਵੇ, ਕੰਮ ਮੰਗਣ ਤੇ ਕੰਮ ਦਿੱਤਾ ਜਾਵੇ ਅਤੇ ਕੀਤੇ ਹੋਏ ਕੰਮ ਦਾ ਭੁਗਤਾਨ ਪੰਦਰਾਂ ਦਿਨ ਦੇ ਅੰਦਰ-ਅੰਦਰ ਕੀਤਾ ਜਾਵੇ। ਉਨ੍ਹਾਂ ਕਿਰਤੀ ਲੋਕਾਂ ਨੂੰ ਅਪੀਲ ਕੀਤੀ ਕਿ 30 ਮਈ ਨੂੰ ਦਿੱਲੀ ਦੇ ਜੰਤਰ-ਮੰਤਰ ਵਿਖੇ ਦੇਸ਼ ਵਿਆਪੀ ਰੈਲੀ ਕੀਤੀ ਜਾ ਰਹੀ ਹੈ। ਉਸ ਰੈਲੀ ਨੂੰ ਕਾਮਯਾਬ ਕਰਨ ਲਈ ਪੰਜਾਬ ਖੇਤ ਮਜ਼ਦੂਰ ਸਭਾ ਦੇ ਕਾਮੇ ਲੋਕ ਸੈਂਕੜਿਆਂ ਦੀ ਗਿਣਤੀ ਵਿੱਚ ਪਹੁੰਚ ਕੇ ਰੈਲੀ ਨੂੰ ਹੋਰ ਵਿਸ਼ਾਲ ਕੀਤਾ ਜਾਵੇ। ਹੋਰਨਾਂ ਤੋਂ ਇਲਾਵਾ ਕੁਲਵਿੰਦਰ ਕੌਰ, ਚਰਨਜੀਤ ਸਿੰਘ, ਜਗੀਰ ਕੌਰ, ਬਲਵਿੰਦਰ ਕੌਰ, ਸੁਰਜੀਤ ਸਿੰਘ, ਗੁਰਜੀਤ ਸਿੰਘ, ਕਸ਼ਮੀਰ ਕੌਰ, ਰਾਜਵਿੰਦਰ ਕੌਰ, ਧੀਰਾ ਸਿੰਘ, ਬੀਰਾ ਸਿੰਘ, ਲਖਵਿੰਦਰ ਕੌਰ, ਸਤਬੀਰ ਸਿੰਘ, ਕੁਲਵਿੰਦਰ ਕੌਰ ਆਦਿ ਹਾਜ਼ਰ ਸਨ।

# ਧੀ ਦੇ ਅਪਰੇਸ਼ਨ ਲਈ ਵਿਧਵਾ ਮਾਂ ਵੱਲੋਂ ਦਾਨੀ ਸੱਜਣਾਂ ਨੂੰ ਫਰਿਆਦ



**ਸਰਹਾਲੀ ਕਲਾਂ (ਹਰਪ੍ਰੀਤ ਸਿੰਘ ਚੰਬਾ)**-ਇਥੋਂ ਨੇੜਲੇ ਪਿੰਡ ਚੰਬਾ ਕਲਾਂ ਦੀ ਅੱਤ ਗਰੀਬ ਵਿਧਵਾ ਔਰਤ ਬਲਜਿੰਦਰ ਕੌਰ ਨੇ ਬੜੇ ਭਰੇ ਹੋਏ ਮਨ ਨਾਲ ਆਪਣੇ ਖੇਤਾਂ ਵਿੱਚ ਬਣੇ ਘਰ 'ਚ ਪੱਤਰਕਾਰਾ ਨੂੰ ਦੱਸਿਆ ਕਿ ਉਸਦੀ ਲਾਡਲੀ ਧੀ ਆਸਮੀਤ ਕੌਰ (10) ਚੋਹਲਾ ਸਾਹਿਬ ਦੇ ਸਕੂਲ ਵਿੱਚ ਤੀਸਰੀ ਜਮਾਤ ਦੀ ਵਿਦਿਆਰਥਣ ਹੈ।

ਉਸਨੇ ਆਪਣੇ ਪਤੀ ਦੀ ਮੌਤ ਤੋਂ ਬਾਅਦ ਦਿਨ-ਰਾਤ ਮਿਹਨਤ ਮਜ਼ਦੂਰੀ ਕਰਕੇ ਆਪਣੀਆਂ ਦੋ ਧੀਆਂ ਅਤੇ ਇੱਕ ਪੁੱਤਰ ਨੂੰ ਰੁੱਖੀ-ਮਿੱਸੀ ਦੇ ਕੇ ਪਲਿਆ। ਕਰੀਬ ਮਹੀਨਾ ਕੁ ਪਹਿਲਾਂ ਨਸ਼ੇੜੀ ਮੇਰੀ ਧੀ ਦੀਆਂ ਲੱਤਾਂ 'ਤੇ ਮੋਟਰਸਾਈਕਲ ਚਾੜ੍ਹ ਕੇ ਉਸ ਨੂੰ ਜ਼ਖਮੀ ਕਰ ਗਿਆ। ਐਕਸਰੇ ਰਾਹੀਂ ਪਤਾ ਲੱਗਾ ਕਿ ਇਕ ਲੱਤ ਟੁੱਟ ਗਈ ਹੈ ਤੇ ਦੂਸਰੀ ਗੰਭੀਰ ਜ਼ਖਮੀ ਹੈ, ਆਪਰੇਸ਼ਨ ਹੋਣਾ ਹੈ। ਪੈਸਾ ਧੇਲਾ ਮੇਰੇ ਕੋਲ ਹੈ ਨਹੀਂ। ਵਿਧਵਾ ਔਰਤ ਨੇ ਸਮੂਹ ਨਾਨਕ ਲੇਵਾ ਸੰਗਤਾਂ ਨੂੰ ਅਪੀਲ ਕੀਤੀ ਕਿ ਮੇਰੀ ਧੀ ਦਾ ਇਲਾਜ ਕਰਵਾ ਦਿਓ। ਦਾਨੀ ਵੀਰ ਪੰਜਾਬ ਨੈਸ਼ਨਲ ਬੈਂਕ ਚੋਹਲਾ ਸਾਹਿਬ ਬ੍ਰਾਂਚ ਵਿੱਚ ਉਨ੍ਹਾਂ ਦੇ ਖਾਤਾ ਨੰਬਰ 3418000101169387 'ਚ ਸਰਦੀ ਬਣਦੀ ਰਕਮ ਭੇਜ ਕੇ ਉਨ੍ਹਾਂ ਦੇ ਮੋਬਾਇਲ ਨੰਬਰ 8437201632 'ਤੇ ਸੰਪਰਕ ਕਰਕੇ ਵੱਧ ਤੋਂ ਵੱਧ ਮਦਦ ਕਰਨ।

# ਸਫਾਈ ਪੱਖਵਾੜੇ ਦਾ ਆਗਾਜ਼




**ਚੰਡੀਗੜ੍ਹ**-ਐੱਨਐੱਚਪੀਸੀ ਦੇ ਖੇਤਰੀ ਦਫਤਰ ਚੰਡੀਗੜ੍ਹ ਵਿਖੇ 16 ਤੋਂ 31 ਮਈ ਤੱਕ ਸਫਾਈ ਮੁਹਿੰਮ ਜਾਰੀ ਰੱਖਣ ਦਾ ਸ਼ੁਭ ਆਰੰਭ ਕੀਤਾ ਗਿਆ। ਇਸ ਮੌਕੇ ਗਰੁੱਪ ਮਹਾਂ ਪ੍ਰਬੰਧਕ ਨੰਨ੍ਹੇ ਰਾਮ ਨੇ ਦਫਤਰ ਦੇ ਸਮੂਹ ਕਰਮਚਾਰੀਆਂ ਨੂੰ ਸਾਫ-ਸਫਾਈ ਰੱਖਣ ਦਾ ਅਹਿਦ ਕਰਵਾਇਆ।

ਨੰਨ੍ਹੇ ਰਾਮ ਨੇ ਦੱਸਿਆ ਕਿ ਇਸ ਸਫਾਈ ਪੱਖਵਾੜੇ ਦੌਰਾਨ ਸਫਾਈ ਮੁਹਿੰਮ ਅਤੇ ਪ੍ਰਤੀਯੋਗਤਾਵਾਂ ਨੂੰ ਜ਼ੋਰ-ਸ਼ੋਰ ਨਾਲ ਨੇਪਰੇ ਚਾੜ੍ਹਿਆ ਜਾਵੇਗਾ।

18-May-PAGE-3.qxd 5/17/2023 10:45 PM Page 1

ਨਵਾਂ ਜ਼ਮਾਨਾ
ਵੀਰਵਾਰ, 18 ਮਈ 2023

# ਮਸਨੂਈ ਮਿੱਠੇ ਦੇ ਖ਼ਤਰੇ

*ਵਜ਼ਨ ਘਟਾਉਣ ਲਈ ਲੋਕ ਖਾਣ-ਪੀਣ 'ਤੇ ਕੰਟਰੋਲ ਕਰਨ ਤੋਂ ਇਲਾਵਾ ਜ਼ਿੰਮਾਂ ਵਿਚ ਘੰਟਿਆਂ-ਬੱਧੀ ਕਸਰਤ ਕਰਦੇ ਹਨ, ਖਾਣੇ ਵਿਚ ਇੱਕ-ਇੱਕ ਕੈਲੋਰੀ ਦੀ ਗਿਣਤੀ ਕਰਦੇ ਹਨ, ਫਿਰ ਵੀ ਮਨ ਚਾਹੀ ਬਾਡੀ ਨਹੀਂ ਮਿਲਦੀ ਤਾਂ ਡਾਈਟ 'ਚ ਆਰਟੀਫੀਸ਼ੀਅਲ ਸਵੀਟਨਰ (ਮਸਨੂਈ ਮਿਠਾਸ) ਦਾ ਇਸਤੇਮਾਲ ਵਧਾ ਦਿੰਦੇ ਹਨ। ਇਸ ਦੀ ਵਰਤੋਂ ਉਹ ਚਾਹ, ਕੌਫੀ ਤੇ ਡ੍ਰਿੰਕਸ ਵਿਚ ਕਰਦੇ ਹਨ। ਇਹ ਸਵੀਟਨਰ ਤੇਜ਼ੀ ਨਾਲ ਲੋਕਪ੍ਰਿਯ ਹੋ ਰਹੇ ਹਨ, ਖਾਸਕਰ ਉਨ੍ਹਾਂ ਲੋਕਾਂ ਵਿਚ, ਜਿਹੜੇ ਬਾਡੀ 'ਚ ਵਾਧੂ ਫੈਟ ਘਟਾਉਣੀ ਚਾਹੁੰਦੇ ਹਨ, ਪਰ ਸਵੀਟਨਰ ਦੀ ਵਰਤੋਂ ਕਿੰਨੀ ਖਤਰਨਾਕ ਹੈ, ਇਸ ਦਾ ਖੁਲਾਸਾ 'ਵਿਸ਼ਵ ਸਿਹਤ ਜਥੇਬੰਦੀ' ਨੇ ਕਰਦਿਆਂ ਚਿਤਾਵਨੀ ਦਿੱਤੀ ਹੈ ਕਿ ਇਹ ਸਰੀਰ ਵਿਚ ਜ਼ਹਿਰ ਦੀ ਤਰ੍ਹਾਂ ਅਸਰ ਕਰਦਾ ਹੈ। ਇਸ ਤੋਂ ਇਲਾਵਾ ਕਈ ਲਾਇਲਾਜ ਬਿਮਾਰੀਆਂ ਦਾ ਜੋਖਮ ਵਧਾ ਦਿੰਦਾ ਹੈ। ਇੱਕ ਵਿਗਿਆਨਕ ਸਮੀਖਿਆ ਵਿਚ ਪਤਾ ਲੱਗਾ ਹੈ ਕਿ ਇਸ ਤਰ੍ਹਾਂ ਦੀ ਮਿਠਾਸ ਦਾ ਸੇਵਨ ਟਾਈਪ-2 ਡਾਇਬਟੀਜ਼, ਦਿਲ ਦੇ ਰੋਗਾਂ ਤੇ ਮੌਤ ਦੇ ਜੋਖਮ ਨਾਲ ਜੁੜਿਆ ਹੋਇਆ ਹੈ। ਇਕ ਡੈਟੇ ਮੁਤਾਬਕ ਆਰਟੀਫੀਸ਼ੀਅਲ ਸਵੀਟਨਰ ਦੀ ਵਰਤੋਂ ਨਾਲ ਪਿਸ਼ਾਬ ਦੀ ਗੁਥਲੀ ਦੇ ਕੈਂਸਰ ਦਾ ਖਤਰਾ ਵਧਣ ਲਗਦਾ ਹੈ। ਗਰਭਵਤੀਆਂ ਵੱਲੋਂ ਇਸ ਦੀ ਵਰਤੋਂ ਨਾਲ ਬੱਚੇ ਦੇ ਸਮੇਂ ਤੋਂ ਪਹਿਲਾਂ ਜਨਮ ਲੈਣ ਦਾ ਖ਼ਤਰਾ ਵਧ ਸਕਦਾ ਹੈ। ਜਥੇਬੰਦੀ ਨੇ ਸਲਾਹ ਦਿੱਤੀ ਹੈ ਕਿ ਵਜ਼ਨ ਘੱਟ ਕਰਨ ਤੇ ਬਾਡੀ ਵਿਚ ਕੈਲੋਰੀ ਦੀ ਮਾਤਰਾ ਘੱਟ ਕਰਨ ਲਈ ਕੁਦਰਤੀ ਫਰੂਟ ਸਵੀਟਨਰ ਜ਼ਿਆਦਾ ਫਾਇਦੇਮੰਦ ਹੈ। ਡਾਇਬਟੀਜ਼ ਦੇ ਮਰੀਜ਼ਾਂ ਤੋਂ ਮੋਟਾਪੇ ਤੋਂ ਪ੍ਰੇਸ਼ਾਨ ਲੋਕਾਂ ਨੂੰ ਵਜ਼ਨ ਘਟਾਉਣ ਲਈ ਮਸਨੂਈ ਸਵੀਟਨਰਾਂ ਤੋਂ ਬਚਣਾ ਚਾਹੀਦਾ ਹੈ। ਜਥੇਬੰਦੀ ਨੇ ਸਾਵਧਾਨ ਕੀਤਾ ਹੈ ਕਿ ਮਸਨੂਈ ਸਵੀਟਨਰ ਦਾ ਮਤਲਬ ਇਹ ਨਹੀਂ ਕਿ ਇਸ ਵਿਚ ਸ਼ੂਗਰ ਨਹੀਂ ਹੁੰਦੀ। ਇਸ ਤੋਂ ਇਲਾਵਾ ਇਸ ਵਿਚ ਕੋਈ ਪੌਸ਼ਕ ਤੱਤ ਵੀ ਨਹੀਂ ਹੁੰਦਾ। ਜੇ ਲੋਕ ਸਿਹਤਮੰਦ ਰਹਿਣਾ ਚਾਹੁੰਦੇ ਹਨ ਤਾਂ ਉਨ੍ਹਾਂ ਨੂੰ ਸ਼ੁਰੂਆਤ ਵਿਚ ਹੀ ਮਿੱਠੇ ਦਾ ਸੇਵਨ ਘੱਟ ਰੱਖਣਾ ਚਾਹੀਦਾ ਹੈ। ਜਥੇਬੰਦੀ ਮੁਤਾਬਕ ਡਾਇਬਿਟੀਜ਼ ਦੇ ਜਿਹੜੇ ਮਰੀਜ਼ ਬਲੱਡ ਸ਼ੂਗਰ ਨੂੰ ਕੰਟਰੋਲ ਕਰਨ ਲਈ ਸਵੀਟਨਰ ਦੀ ਵਰਤੋਂ ਕਰਦੇ ਹਨ, ਉਨ੍ਹਾਂ ਨੂੰ ਸ਼ੂਗਰ ਕੰਟਰੋਲ ਕਰਨ ਦੇ ਕਿਸੇ ਹੋਰ ਵਿਕਲਪ ਨੂੰ ਚੁਣਨਾ ਚਾਹੀਦਾ ਹੈ। ਉਹ ਮਿੱਠੇ ਫਲ, ਬਿਨਾਂ ਖੰਡ ਵਾਲੀਆਂ ਮਠਿਆਈਆਂ ਤੇ ਤਰਲ ਪਦਾਰਥਾਂ ਦਾ ਸੇਵਨ ਕਰਨ। ਨੇਚਰ ਮੈਡੀਸਨ ਵਿਚ ਪ੍ਰਕਾਸ਼ਤ ਇਕ ਖੋਜ ਵਿਚ ਵੀ ਕਿਹਾ ਗਿਆ ਹੈ ਕਿ ਐਰੀਥ੍ਰਿਟੋਲ ਨਾਂਅ ਦਾ ਲੋਕਪ੍ਰਿਯ ਮਸਨੂਈ ਸਵੀਟਨਰ ਦਿਲ ਦੇ ਦੌਰੇ ਤੇ ਸਟਰੋਕ ਦਾ ਖ਼ਤਰਾ ਵਧਾਉਂਦਾ ਹੈ।*

# ਵਿਸ਼ਵ ਉੱਪਰ ਮੰਡਰਾ ਰਹੇ ਆਰਥਕ ਮੰਦੀ ਦੇ ਕਾਲੇ ਬੱਦਲ



ਪਵਨ ਕੁਮਾਰ ਕੌਸ਼ਲ

ਹੁਣ ਤੱਕ ਵਿਸ਼ਵ ਅੰਦਰ ਕਈ ਆਰਥਕ ਮੰਦੀਆਂ ਦੇਖਣ ਨੂੰ ਮਿਲੀਆਂ ਹਨ, ਜਿਨ੍ਹਾਂ ਵਿੱਚੋਂ ਦੋ ਸਭ ਤੋਂ ਭਿਆਨਕ ਮੰਦੀਆਂ ਵਾਪਰੀਆਂ ਹਨ, ਜਿਨ੍ਹਾਂ ਵਿਚੋਂ ਇੱਕ 1929-39 ਦੀ ਮਹਾਨ ਮੰਦੀ; ਇਹ 20ਵੀਂ ਸਦੀ ਦੀ ਸਭ ਤੋਂ ਭੈੜੀ ਵਿੱਤੀ ਅਤੇ ਆਰਥਕ ਤਬਾਹੀ ਸੀ ਅਤੇ ਨਤੀਜੇ ਵਜੋਂ ਆਮਦਨ ਦਾ ਭਾਰੀ ਨੁਕਸਾਨ, ਰਿਕਾਰਡ ਬੇਰੁਜ਼ਗਾਰੀ ਦਰਾਂ ਅਤੇ ਉਤਪਾਦਨ ਦਾ ਨੁਕਸਾਨ, ਖਾਸ ਕਰਕੇ ਉਦਯੋਗਿਕ ਦੇਸ਼ਾਂ ਵਿੱਚ। ਸੰਯੁਕਤ ਰਾਜ ਅਮਰੀਕਾ ਵਿੱਚ 1933 ਵਿੱਚ ਸੰਕਟ ਦੇ ਸਿਖਰ 'ਤੇ ਬੇਰੁਜ਼ਗਾਰੀ ਦੀ ਦਰ ਲਗਭਗ 25 ਪ੍ਰਤੀਸ਼ਤ ਤੱਕ ਪਹੁੰਚ ਗਈ ਸੀ।

ਦੂਜੀ ਮੰਦੀ ਸੀ 2007-08 ਦਾ ਵਿੱਤੀ ਸੰਕਟ, ਇਸ ਨੇ ਮਹਾਂ ਮੰਦਵਾੜੇ/ਮੰਦੀ ਨੂੰ ਜਨਮ ਦਿੱਤਾ, ਜੋ ਕਿ ਮਹਾਨ ਮੰਦੀ ਤੋਂ ਬਾਅਦ ਸਭ ਤੋਂ ਗੰਭੀਰ ਵਿੱਤੀ ਸੰਕਟ ਹੈ। ਇਸ ਨੇ ਦੁਨੀਆ ਭਰ ਦੇ ਵਿੱਤੀ ਬਾਜ਼ਾਰਾਂ ਵਿੱਚ ਤਬਾਹੀ ਮਚਾ ਦਿੱਤੀ। ਬਹੁਤ ਸਾਰੀਆਂ ਪ੍ਰਮੁੱਖ ਵਿੱਤੀ ਸੰਸਥਾਵਾਂ ਅਤੇ ਕਾਰੋਬਾਰਾਂ ਨੂੰ ਢਹਿ-ਢੇਰੀ ਹੋਣ ਦੇ ਕੰਢੇ 'ਤੇ ਲੈ ਆਂਦਾ । ਹਾਲਾਤ ਨੂੰ ਸਧਾਰਨ ਹੋਣ ਵਿੱਚ ਲਗਭਗ ਇੱਕ ਦਹਾਕਾ ਲੱਗ ਗਿਆ, ਲੱਖਾਂ ਨੌਕਰੀਆਂ ਅਤੇ ਅਰਬਾਂ ਡਾਲਰ ਦੀ ਆਮਦਨ ਨੂੰ ਖਤਮ ਕੀਤਾ, ਪ੍ਰੰਤੂ ਉਸ ਦਾ ਵਿਆਪਕ ਅਸਰ ਅਜੇ ਵੀ ਖਤਮ ਨਹੀ ਹੋਇਆ।

2023 ਅੰਦਰ ਦਸਤਕ ਦੇ ਰਹੀ ਆਰਥਕ ਮੰਦੀ ਦੇ ਪਹਿਲੀਆਂ ਮੰਦੀਆਂ ਤੋਂ ਭੈੜੀ ਸਾਬਤ ਹੋਣ ਦੇ ਸੰਕੇਤ ਮਿਲ ਰਹੇ ਹਨ। ਵਿਸ਼ਵ ਦੀ ਕੁੱਲ ਉਤਪਾਦ (ਪੈਦਾਵਾਰ) ਵਾਧਾ ਦਰ 2022 ਵਿੱਚ ਅੰਦਾਜ਼ਨ 3.0 ਫੀਸਦੀ ਤੋਂ ਘਟ ਕੇ 2023 ਵਿੱਚ ਸਿਰਫ 1.9 ਫੀਸਦੀ ਰਹਿਣ ਦਾ ਅਨੁਮਾਨ ਹੈ, ਜੋ ਕਿ ਹਾਲ ਹੀ ਦੇ ਦਹਾਕਿਆਂ ਵਿੱਚ ਸਭ ਤੋਂ ਘੱਟ ਵਿਕਾਸ ਦਰਾਂ ਵਿੱਚੋਂ ਇੱਕ ਹੈ। ਸੈਂਟਰ ਫਾਰ ਇਕਨਾਮਿਕਸ ਐਂਡ ਬਿਜ਼ਨਸ ਰਿਸਰਚ ਦੇ ਅਨੁਸਾਰ 2023 ਵਿੱਚ ਇੱਕ ਗਲੋਬਲ ਮੰਦੀ ਸ਼ੁਰੂ ਹੋਵੇਗੀ।

ਅੰਤਰਰਾਸ਼ਟਰੀ ਮੁਦਰਾ ਕੋਸ਼ ਦੇ ਮੁਖੀ ਕ੍ਰਿਸਟਾਲੀਨਾ ਜਾਰਜੀਵਾ ਨੇ 6 ਅਪ੍ਰੈਲ 2023 ਨੂੰ ਕਿਹਾ ਕਿ ਵਿਸ਼ਵ ਅਰਥਚਾਰੇ ਦੇ ਇਸ ਸਾਲ 3 ਫੀਸਦੀ ਤੋਂ ਘੱਟ ਵਿਕਾਸ ਦਰ ਦੀ ਉਮੀਦ ਹੈ, ਜੋ ਕਿ ਪਿਛਲੇ ਸਾਲ 3.4 ਫੀਸਦੀ ਤੋਂ ਘੱਟ ਹੈ, ਜਿਸ ਨਾਲ ਵਿਸ਼ਵ ਪੱਧਰ 'ਤੇ ਭੁੱਖਮਰੀ ਅਤੇ ਗਰੀਬੀ ਦਾ ਖਤਰਾ ਵਧ ਗਿਆ ਹੈ। ਗਰੀਬੀ ਅਤੇ ਭੁੱਖ ਹੋਰ ਵਧ ਸਕਦੀ ਹੈ, ਇੱਕ ਖਤਰਨਾਕ ਰੁਝਾਨ ਜੋ ਕੋਵਿਡ ਸੰਕਟ ਦੁਆਰਾ ਸ਼ੁਰੂ ਕੀਤਾ ਗਿਆ ਸੀ।

ਆਈ ਐੱਮ ਐੱਫ ਦੇ ਮੁਖੀ ਨੇ ਕਿਹਾ ਕਿ ਲਗਾਤਾਰ ਉੱਚੀਆਂ ਵਿਆਜ ਦਰਾਂ, ਅਮਰੀਕਾ ਅਤੇ ਯੂਰਪ ਵਿੱਚ ਬੈਂਕਾਂ ਦੀਆਂ ਅਸਫਲਤਾਵਾਂ ਦੀ ਇੱਕ ਲੜੀ ਅਤੇ ਭੂ-ਰਾਜਨੀਤਕ ਵੰਡ ਨੂੰ ਡੂੰਘਾ ਕਰਨ ਨਾਲ ਵਿਸ਼ਵ ਵਿੱਤੀ ਸਥਿਰਤਾ ਨੂੰ ਖ਼ਤਰਾ ਪੈਦਾ ਹੋ ਰਿਹਾ ਹੈ। ਜਾਰਜੀਵਾ ਨੇ ਕਿਹਾ ਕਿ ਦੇਸ਼ ਇਸ ਤਰ੍ਹਾਂ ਹੁਣ ਤੱਕ ਕੋਰੋਨਾ ਵਾਇਰਸ ਮਹਾਂਮਾਰੀ, ਜਿਸ ਨੇ ਵਿਸ਼ਵ ਸਿਹਤ ਸੰਗਠਨ ਦੇ ਅਨੁਸਾਰ ਵਿਸ਼ਵ ਪੱਧਰ 'ਤੇ ਲਗਭਗ 69 ਲੱਖ ਲੋਕਾਂ ਦੀ ਮੌਤ ਕੀਤੀ ਹੈ ਅਤੇ ਵਿਸ਼ਵਵਿਆਪੀ ਭੋਜਨ ਅਸੁਰੱਖਿਆ ਨੂੰ ਵਧਾ ਦਿੱਤਾ ਹੈ।

ਕੁਝ ਵਿਸ਼ਲੇਸ਼ਕ ਭਵਿੱਖਬਾਣੀ ਕਰਦੇ ਹਨ ਕਿ ਜੇਕਰ ਵਿਸ਼ਵ ਆਰਥਕ ਮੰਚ ਵਿਸ਼ਵ ਦਾ ਪੁਨਰਗਠਨ ਕਰਨ/ਰੀਸੈਟ ਕਰਨ ਦੇ ਯੋਗ ਹੋ ਜਾਂਦਾ ਹੈ, ਤਾਂ ਇਹ ਯੂਰਪ ਨੂੰ 'ਪੱਥਰ ਦੇ ਯੁੱਗ' ਵਿੱਚ ਵਾਪਸ ਲੈ ਜਾਵੇਗਾ, ਜਿਸ ਨਾਲ ਅਣਗਿਣਤ ਦੁੱਖ, ਬੇਰੁਜ਼ਗਾਰੀ, ਭੋਜਨ ਅਤੇ ਊਰਜਾ ਦੀ ਕਮੀ, ਮੁਦਰਾ ਸਫੀਤੀ 'ਚ ਵਾਧਾ ਹੋਵੇਗਾ। ਇਹ ਰੀਸੈਟ/ਏਜੰਡਾ 2030 ਦੇ ਟੀਚਿਆਂ ਵਿੱਚੋਂ ਇੱਕ ਹੈ। ਇਸ ਦਾ ਅੰਤਮ ਦਾਅਵਾ ਇਹ ਹੈ ਕਿ ਏਜੰਡਾ 2030 ਸੰਯੁਕਤ ਰਾਸ਼ਟਰ ਅਤੇ ਵਿਸ਼ਵ ਸਿਹਤ ਸੰਸਥਾ ਦੀ ਤਾਨਾਸ਼ਾਹੀ ਨੂੰ ਪ੍ਰਾਪਤ ਕਰਨ ਲਈ ਇਕ ਵਾਹਨ ਹੈ। ਏਜੰਡਾ 2030 ਵਿੱਚ ਗਲੋਬਲ ਪ੍ਰਭੂਸੱਤਾ ਦਾ ਕੋਈ ਸੰਦਰਭ ਸ਼ਾਮਲ ਨਹੀਂ ਅਤੇ ਕਿਹਾ ਗਿਆ ਹੈ ਕਿ 'ਲੋਕਤੰਤਰ, ਚੰਗਾ ਸ਼ਾਸਨ ਅਤੇ ਕਾਨੂੰਨ ਦਾ ਰਾਜ', ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਟਿਕਾਊ ਵਿਕਾਸ ਲਈ ਜ਼ਰੂਰੀ ਹਨ।

2008-2009 ਦੇ ਸਮੇਂ ਦੇ ਦੌਰਾਨ ਸੰਸਾਰ ਨੇ 1930 ਦੇ ਦਹਾਕੇ ਦੀ ਮਹਾਨ ਮੰਦੀ ਤੋਂ ਬਾਅਦ ਸਭ ਤੋਂ ਭੈੜੇ ਵਿੱਤੀ ਅਤੇ ਆਰਥਕ ਸੰਕਟ ਦਾ ਸਾਹਮਣਾ ਕੀਤਾ। ਤੇਜ਼ ਗਲੋਬਲ ਆਰਥਿਕ ਮੰਦਵਾੜੇ ਨੇ ਦੁਨੀਆ ਭਰ ਵਿੱਚ ਆਰਥਕ ਵਿਕਾਸ ਵਿੱਚ ਬੁਰੀ ਤਰ੍ਹਾਂ ਵਿਘਨ ਪਾਇਆ ਅਤੇ ਹਜ਼ਾਰਾਂ ਸਾਲਾਂ ਦੇ ਵਿਕਾਸ ਟੀਚਿਆਂ ਅਤੇ ਹੋਰ ਅੰਤਰਰਾਸ਼ਟਰੀ ਪੱਧਰ 'ਤੇ ਸਹਿਮਤ ਹੋਏ ਵਿਕਾਸ ਟੀਚਿਆਂ ਨੂੰ ਪ੍ਰਾਪਤ ਕਰਨ ਲਈ ਕੀਤੀ ਪ੍ਰਗਤੀ ਵਿੱਚ ਮਹੱਤਵਪੂਰਨ ਝਟਕੇ ਪੈਦਾ ਕੀਤੇ। ਵਧੀ ਹੋਈ ਬੇਰੁਜ਼ਗਾਰੀ, ਆਮਦਨੀ ਦਾ ਨੁਕਸਾਨ ਅਤੇ ਵਧੀ ਹੋਈ ਕਮਜ਼ੋਰ ਆਰਥਕਤਾ ਸੰਕਟ ਦੇ ਪ੍ਰਮੁੱਖ ਸਮਾਜਿਕ ਪ੍ਰਭਾਵਾਂ ਵਿੱਚੋਂ ਹਨ।

**ਪੂੰਜੀਵਾਦ ਦੇ ਸੰਕਟ ਦਾ ਕਾਰਨ ਕੀ ਹੈ ?**

ਮਾਰਕਸ ਲਈ ਪੂੰਜੀਵਾਦੀ ਸੰਕਟ 'ਵੱਧ ਉਤਪਾਦਨ' ਦੇ ਸੰਕਟ ਹਨ: ਬਹੁਤ ਸਾਰੀਆਂ ਵਸਤੂਆਂ ਦਾ ਉਤਪਾਦਨ ਕੀਤਾ ਜਾਂਦਾ ਹੈ, ਜਿਨ੍ਹਾਂ ਨੂੰ ਲਾਭਦਾਇਕ ਤੌਰ 'ਤੇ ਵੇਚਿਆ ਜਾ ਸਕਦਾ ਹੈ ਅਤੇ ਉਪਲੱਬਧ ਮੁਨਾਫਿਆਂ ਦੇ ਹਿੱਸੇ ਦਾ ਦਾਅਵਾ ਕਰਨ ਦੀ ਕੋਸ਼ਿਸ਼ ਵਿੱਚ ਉਦਯੋਗ ਵਿੱਚ ਬਹੁਤ ਜ਼ਿਆਦਾ ਪੂੰਜੀ ਨਿਵੇਸ਼ ਕੀਤੀ ਜਾਂਦੀ ਹੈ। ਪੂੰਜੀਵਾਦ ਦਾ ਚੱਕਰਵਾਤੀ ਸੰਕਟ ਜਾਂ 'ਕਾਰੋਬਾਰੀ ਚੱਕਰ' ਉਛਾਲ ਅਤੇ ਮੰਦੀ ਦੇ ਵਿਚਕਾਰ ਮਹਿੰਗਾਈ ਅਤੇ ਮੰਦੀ ਦੇ ਵਿਚਕਾਰ, ਜੋ ਕਿ ਤਕਰੀਬਨ ਹਰ ਦਸ ਸਾਲਾਂ ਬਾਅਦ ਪੂੰਜੀਵਾਦੀ ਅਰਥਚਾਰੇ ਵਿੱਚੋਂ ਲੰਘਦਾ ਹੈ।

ਸੰਖੇਪ ਰੂਪ ਵਿੱਚ ਮਜ਼ਦੂਰ ਜਮਾਤ ਨੂੰ ਉਜਰਤਾਂ ਵਿੱਚ ਏਨਾ ਨਹੀਂ ਮਿਲਦਾ ਸੀ ਕਿ ਉਹ ਉਹਨਾਂ ਦੁਆਰਾ ਪੈਦਾ ਕੀਤੀਆਂ ਵਸਤਾਂ ਨੂੰ ਖਰੀਦ ਸਕੇ, ਜੋ ਕਿ ਪੂੰਜੀਵਾਦ ਦੇ ਅਧੀਨ ਹਮੇਸ਼ਾ ਹੁੰਦਾ ਹੈ।

ਜਦੋਂ ਸਮਾਂ ਚੰਗਾ ਹੁੰਦਾ ਹੈ, ਤਾਂ ਉਤਪਾਦਨ ਵਿੱਚ ਨਵੀਂ ਸਥਿਰ ਪੂੰਜੀ ਲਿਆਉਣ ਲਈ ਸਾਰੇ ਸਰੋਤਾਂ ਦਾ ਦਬਾਅ ਹੁੰਦਾ ਹੈ, ਪਰ ਇੱਕ ਵਾਰ ਜਦੋਂ ਇਹ ਪੂੰਜੀ ਪੈਦਾ ਕਰਨਾ ਸ਼ੁਰੂ ਕਰ ਦਿੰਦੀ ਹੈ, ਤਾਂ ਮੰਡੀ ਵਿੱਚ ਵਸਤੂਆਂ ਦਾ ਹੜ੍ਹ ਆ ਜਾਂਦਾ ਹੈ ਅਤੇ ਸੰਕਟ ਪੈਦਾ ਹੋ ਜਾਂਦਾ ਹੈ। ਬੇਰੁਜ਼ਗਾਰੀ, ਜੋ ਉਛਾਲ ਦੇ ਦੌਰਾਨ ਡਿੱਗਦੀ ਹੈ, ਫਿਰ ਵਧਦੀ ਹੈ, ਮੁਨਾਫ਼ੇ ਦੀ ਉੱਚ ਦਰ ਜਿਸ ਨੇ ਉਛਾਲ ਨੂੰ ਉਤੇਜਿਤ ਕੀਤਾ, ਵਿੱਚ ਗਿਰਾਵਟ ਆਉਂਦੀ ਹੈ, ਪਹਿਲਾਂ ਜਦੋਂ ਬੇਰੁਜ਼ਗਾਰੀ ਦਾ ਨੀਵਾਂ ਪੱਧਰ ਮਜ਼ਦੂਰਾਂ ਦੀ ਸੌਦੇਬਾਜ਼ੀ ਦੀ ਸ਼ਕਤੀ ਨੂੰ ਮਜ਼ਬੂਤ ਕਰਦਾ ਹੈ ਅਤੇ ਅੱਗੇ ਜਦੋਂ ਸੰਕਟ ਉਤਪਾਦਨ ਨੂੰ ਸੁਸਤ ਕਰਨ ਲਈ ਮਜਬੂਰ ਕਰਦਾ ਹੈ।

ਸੰਕਟ ਆਖਰਕਾਰ ਆਪਣਾ ਅਸਰ ਦਿਖਾਉਂਦਾ ਹੈ: ਮਜ਼ਦੂਰਾਂ ਦੀ ਵੱਡੀ ਗਿਣਤੀ ਨੂੰ ਉਨ੍ਹਾਂ ਦੀਆਂ ਨੌਕਰੀਆਂ ਤੋਂ ਬਾਹਰ ਕਰ ਦਿੱਤਾ ਜਾਂਦਾ ਹੈ, ਨਤੀਜੇ ਵਜੋਂ ਉਜਰਤਾਂ ਨੂੰ ਗੁਜ਼ਾਰਾ ਜਾਂ ਇਸ ਤੋਂ ਹੇਠਾਂ ਵੱਲ ਵਾਪਸ ਮਜਬੂਰ ਕੀਤਾ ਜਾਂਦਾ ਹੈ ਅਤੇ ਸਭ ਤੋਂ ਕਮਜ਼ੋਰ, ਸਭ ਤੋਂ ਛੋਟੇ ਅਤੇ ਸਭ ਤੋਂ ਘੱਟ ਆਧੁਨਿਕ ਕਾਰੋਬਾਰ ਹੇਠਾਂ ਚਲੇ ਜਾਂਦੇ ਹਨ।' ਪਰ ਮੰਦੀ ਦੇ ਪ੍ਰਭਾਵ ਮੁਨਾਫੇ ਨੂੰ ਮੁੜ ਸੁਰਜੀਤ ਕਰਨ ਦੇ ਯੋਗ ਬਣਾਉਂਦੇ ਹਨ। ਮਜ਼ਦੂਰਾਂ ਨੂੰ ਘੱਟ ਉਜਰਤਾਂ 'ਤੇ ਵੱਧ ਕੰਮ ਘੰਟੇ ਦੀ ਦਿਹਾੜੀ 'ਤੇ ਲਿਆਂਦਾ ਜਾ ਸਕਦਾ ਹੈ।

ਅਜਿਹੀ ਥਿਊਰੀ ਨਾਲ ਪੇਚੀਦਾ ਸਮੱਸਿਆਵਾਂ ਜੁੜੀਆਂ ਹੁੰਦੀਆਂ ਹਨ। ਸਭ ਤੋਂ ਪਹਿਲਾਂ, ਜਿਵੇਂ ਕਿ ਮਾਰਕਸ ਨੇ ਇਸ਼ਾਰਾ ਕੀਤਾ ਹੈ, ਕਿਰਤ ਲਈ ਚੱਕਰਵਾਤੀ ਤੌਰ 'ਤੇ ਉੱਚ ਉਜਰਤਾਂ ਦੇ ਮੱਦੇਨਜ਼ਰ ਸੰਕਟ ਪੈਦਾ ਹੁੰਦੇ ਹਨ। ਦੂਜੇ ਇਸ ਦੇ ਨਾਲ ਹੀ ਪੂੰਜੀਵਾਦ ਦੇ ਅਧੀਨ ਜੋ ਵੀ ਪੈਦਾ ਹੁੰਦਾ ਹੈ ਅਤੇ ਬਹੁਤ ਜ਼ਿਆਦਾ ਪੈਦਾ ਹੁੰਦਾ ਹੈ, ਉਹ ਉਤਪਾਦਨ ਦੇ ਸਾਧਨ ਹਨ, ਨਾ ਕਿ ਸਿਰਫ਼ ਮਜ਼ਦੂਰ-ਸ਼੍ਰੇਣੀ ਦੀ ਖਪਤ ਲਈ ਵਸਤੂਆਂ, ਇੱਥੋਂ ਤੱਕ ਕਿ ਸਭ ਤੋਂ ਵਧੀਆ ਤਨਖਾਹ ਵਾਲੇ ਕਾਮੇ ਵੀ ਨਿਰਮਾਣ ਉਪਕਰਣ ਨਹੀਂ ਖਰੀਦ ਸਕਦੇ। ਤੀਸਰਾ, ਜਨਤਾ ਵਲੋਂ ਘੱਟ ਖਪਤ - ਇੱਕ ਆਰਾਮਦਾਇਕ ਜੀਵਨ ਪੱਧਰ ਲਈ ਲੋੜੀਂਦੀਆਂ ਵਸਤੂਆਂ ਦੀ ਪੂਰੀ ਸ਼੍ਰੇਣੀ ਨੂੰ ਬਰਦਾਸ਼ਤ ਕਰਨ ਵਿੱਚ ਉਹਨਾਂ ਦੀ ਅਸਮਰੱਥਾ ।

ਇਸ ਦਾ ਮੂਲ ਕਾਰਨ ਪੂੰਜੀ ਦੀ ਵਧ ਰਹੀ ਇਕਾਗਰਤਾ (ਇਕੱਤਰੀਕਰਣ) ਹੈ, ਉਤਪਾਦਕਤਾ ਨੂੰ ਵਧਾਉਣ ਦੀ ਲੋੜ ਹੈ, ਜੋ ਕਿ ਪੂੰਜੀ ਨੂੰ ਜੀਵਤ ਕਿਰਤ ਨਾਲੋਂ "ਮਰੀ ਕਿਰਤ" (ਮਸ਼ੀਨਰੀ, ਇਮਾਰਤਾਂ, ਕੱਚਾ ਮਾਲ) ਦੀ ਵੱਧ ਰਹੀ ਪ੍ਰਮੁੱਖਤਾ ਨਾਲ ਪੈਦਾ ਕਰਨ ਲਈ ਮਜਬੂਰ ਕਰਦੀ ਹੈ। ਕਿਉਂਕਿ ਸਰਪਲੱਸ-ਮੁੱਲ ਕੇਵਲ ਮੌਜੂਦਾ ਮਜ਼ਦੂਰਾਂ ਦੀ ਮਿਹਨਤ ਵਿੱਚੋਂ ਕੱਢਿਆ ਜਾਂਦਾ ਹੈ, ਨਿਵੇਸ਼ ਕੀਤੀ ਪੂੰਜੀ ਦੇ ਅਨੁਪਾਤ ਦੇ ਰੂਪ ਵਿੱਚ ਮੁਨਾਫ਼ੇ ਦੀ ਦਰ ਜ਼ਰੂਰੀ ਤੌਰ 'ਤੇ ਘਟਦੀ ਹੈ"।

ਕਾਰਪੋਰੇਸ਼ਨਾਂ ਨੇ ਉਤਪਾਦਨ ਵਿੱਚ ਬਹੁਤ ਜ਼ਿਆਦਾ ਸੁਪਰਵਾਈਜ਼ਰੀ ਨਿਯੰਤਰਣ ਵਿਕਸਤ ਕੀਤੇ ਅਤੇ ਦੁਰਵਿਹਾਰ ਕੀਤਾ। ਕਾਰਪੋਰੇਟ ਬਣਾਈਆਂ ਗਈਆਂ ਅਤੇ ਇੱਕ ਉੱਚ-ਭਾਰੀ ਕਾਰਪੋਰੇਟ ਨੌਕਰਸ਼ਾਹੀ ਨਾਲ ਲਗਭਗ ਸਾਡਾ ਗਲਾ ਘੁੱਟ ਦਿੱਤਾ। ਘੱਟੋ-ਘੱਟ ਮਾਰਕੀਟ ਜਾਂ ਅਨੁਸ਼ਾਸਨ ਦੇ ਅਧੀਨ ਕਾਰਪੋਰੇਸ਼ਨਾਂ ਨੇ ਸਰੋਤਾਂ ਅਤੇ ਉਤਪਾਦਾਂ ਦੀ ਬਰਬਾਦੀ ਪੈਦਾ ਕੀਤੀ। ਇਹਨਾਂ ਸਾਰੀਆਂ ਸਮੱਸਿਆਵਾਂ ਦੇ ਹੇਠਾਂ, ਸਮੱਸਿਆਵਾਂ ਉਭਰੀਆਂ, ਕਿਉਂਕਿ ਵੱਧ ਤੋਂ ਵੱਧ ਲੋਕਾਂ ਨੇ ਘਰੇਲੂ ਅਤੇ ਵਿਸ਼ਵ ਅਰਥਚਾਰੇ ਵਿੱਚ ਕਾਰਪੋਰੇਟ ਗਲਬੇ ਵਿਰੁੱਧ ਬਗਾਵਤ ਕਰਨੀ ਜ਼ਰੂਰੀ ਸਮਝੀ।

ਮਨੁੱਖੀ ਕਿਰਤ ਦੀ ਇਹ ਉਤਪਾਦਕਤਾ ਜਿਸ ਬਾਰੇ ਪਹਿਲਾਂ ਅਣਸੁਣਿਆ ਹੋਇਆ ਸੀ, ਦਿਨੋ-ਦਿਨ ਵਧਦੀ ਜਾ ਰਹੀ ਹੈ, ਅੰਤ ਵਿੱਚ ਇੱਕ ਸੰਘਰਸ਼ ਨੂੰ ਜਨਮ ਦਿੰਦਾ ਹੈ, ਜਿਸ ਵਿੱਚ ਅਜੋਕੇ ਪੂੰਜੀਵਾਦੀ ਅਰਥਚਾਰੇ ਨੂੰ ਨਸ਼ਟ ਹੋਣਾ ਚਾਹੀਦਾ ਹੈ। ਇੱਕ ਪਾਸੇ ਬੇਅੰਤ ਦੌਲਤ ਅਤੇ ਉਤਪਾਦਾਂ ਦੀ ਇੱਕ ਬਹੁਤਾਤ (ਉੱਤਮ-ਭਰਪੂਰਤਾ) ਹੈ, ਜਿਨ੍ਹਾਂ ਨੂੰ ਖਰੀਦਦਾਰ ਸਹਿਣ ਨਹੀਂ ਕਰ ਸਕਦੇ; ਦੂਜੇ ਪਾਸੇ, ਸਮਾਜ ਦਾ ਵਿਸ਼ਾਲ ਸਮੂਹ ਦਾ ਪ੍ਰੋਲੇਤਾਰੀਕਰਨ ਹੋ ਗਿਆ, ਉਜਰਤ-ਮਜ਼ਦੂਰਾਂ ਵਿੱਚ ਬਦਲ ਗਿਆ ਅਤੇ ਬਿਲਕੁਲ ਇਸੇ ਕਾਰਨ ਉਤਪਾਦਾਂ ਦੀ ਇਸ ਅਤਿਅੰਤਤਾ (ਅਤਿ-ਬਹੁਲਤਾ) ਨੂੰ ਆਪਣੇ ਲਈ ਅਨੁਕੂਲਿਤ ਕਰਨ ਵਿੱਚ ਅਸਮਰੱਥ ਹੋ ਗਿਆ।

ਭਾਰਤ 'ਤੇ ਕੋਰੋਨਾ ਵਾਇਰਸ ਮਹਾਂਮਾਰੀ ਦਾ ਪ੍ਰਭਾਵ ਆਰਥਕ ਗਤੀਵਿਧੀਆਂ ਦੇ ਨਾਲ-ਨਾਲ ਮਨੁੱਖੀ ਜਾਨਾਂ ਦੇ ਨੁਕਸਾਨ ਦੇ ਰੂਪ ਵਿੱਚ ਵੱਡੇ ਪੱਧਰ 'ਤੇ ਵਿਘਨਕਾਰੀ ਰਿਹਾ ਹੈ। ਲਗਭਗ ਸਾਰੇ ਸੈਕਟਰਾਂ 'ਤੇ ਮਾੜਾ ਅਸਰ ਪਿਆ ਹੈ, ਕਿਉਂਕਿ ਘਰੇਲੂ ਮੰਗ ਅਤੇ ਨਿਰਯਾਤ ਕੁਝ ਮਹੱਤਵਪੂਰਨ ਅਪਵਾਦਾਂ ਦੇ ਨਾਲ ਤੇਜ਼ੀ ਨਾਲ ਘਟੇ ਹਨ, ਜਿੱਥੇ ਉੱਚ ਵਾਧਾ ਦੇਖਿਆ ਗਿਆ ਸੀ

ਗਲੋਬਲ ਮੰਦੀ ਦੇ ਮਾੜੇ ਪ੍ਰਭਾਵਾਂ ਕਾਰਨ ਕੱਚੇ ਤੇਲ, ਧਾਤੂ ਅਤੇ ਖਾਣ ਵਾਲੇ ਤੇਲ ਵਰਗੀਆਂ ਵਸਤੂਆਂ ਦੀਆਂ ਕੀਮਤਾਂ ਹੇਠਾਂ ਆ ਰਹੀਆਂ ਹਨ। ਇਹ ਇਹਨਾਂ ਵਸਤੂਆਂ ਦੇ ਆਯਾਤਕ ਵਜੋਂ ਭਾਰਤ ਦੇ ਵਪਾਰ ਲਈ ਬਹੁਤ ਲਾਹੇਵੰਦ ਹੈ। ਬਾਵਜੂਦ ਇਸਦੇ ਭਾਰਤ ਅੰਦਰ ਇਨ੍ਹਾਂ ਚੀਜ਼ਾਂ ਦੀਆਂ ਕੀਮਤਾ'ਚ ਵਾਧਾ ਹੋ ਰਿਹਾ ਹੈ।

ਇੱਕ ਖਾਸ ਵਸਤੂ, ਜਿਸ ਲਈ ਭਾਰਤ ਕਮਜ਼ੋਰ ਹੈ, ਉਹ ਹੈ ਤੇਲ ਦੀ ਕੀਮਤ, ਕਿਉਂਕਿ ਦੇਸ਼ ਆਪਣੇ ਤੇਲ ਦੀ ਖਪਤ ਦਾ ਲਗਭਗ 80% ਦਰਾਮਦ ਕਰਦਾ ਹੈ। 2022 ਵਿੱਚ ਭਾਰਤ ਨੇ ਯੂਰਪੀਅਨ ਯੂਨੀਅਨ ਅਤੇ ਯੂ ਐੱਸ ਦੀਆਂ ਪਾਬੰਦੀਆਂ ਦੇ ਵਿਚਕਾਰ ਇੱਕ ਮਹੱਤਵਪੂਰਨ ਛੋਟ ਵਾਲੀ ਦਰ 'ਤੇ ਕੱਚਾ ਤੇਲ ਖਰੀਦਣ ਲਈ ਰੂਸ ਨਾਲ ਇੱਕ ਸੌਦਾ ਕੀਤਾ, ਜਿਸ ਨਾਲ ਭਾਰਤ ਨੂੰ ਪੱਛਮੀ ਦੇਸ਼ਾਂ ਦੇ ਮੁਕਾਬਲੇ ਮਹਿੰਗਾਈ ਨੂੰ ਮੱਧਮ ਕਰਨ ਵਿੱਚ ਮਦਦ ਮਿਲੀ।

ਹਾਲਾਂਕਿ ਮੌਜੂਦਾ ਸਮੇਂ ਦੀਆਂ ਏਕੀਕ੍ਰਿਤ ਅਰਥ-ਵਿਵਸਥਾਵਾਂ ਕਾਰਨ ਭਾਰਤੀ ਅਰਥਵਿਵਸਥਾ 'ਤੇ ਵਿਸ਼ਵ-ਵਿਆਪੀ ਮੰਦੀ ਦਾ ਅਸਰ ਯਕੀਨੀ ਤੌਰ 'ਤੇ ਹੋਵੇਗਾ, ਪਰ ਪੱਛਮੀ ਦੇਸ਼ਾਂ ਦੇ ਮੁਕਾਬਲੇ ਇਹ ਬਹੁਤ ਘੱਟ ਹੋਵੇਗਾ। ਭਾਰਤ ਸਰਕਾਰ ਪੂਰਨ ਰੂਪ ਵਿੱਚ ਕਾਰਪੋਰੇਟ ਘਰਾਣਿਆਂ ਨੂੰ ਸਮਰਪਤ ਹੋਣ ਕਾਰਨ ਲੋਕਾਂ ਦੀ ਕੀਮਤ 'ਤੇ ਕਾਰਪੋਰੇਟ ਘਰਾਣਿਆ ਦੇ ਹਿੱਤਾਂ ਦੀ ਪਾਲਣਾ ਕਰ ਰਹੀ ਹੈ।

ਸਮਾਜ ਦੀ ਇੱਕ ਬਹੁਤ ਘੱਟ ਗਿਣਤੀ, ਬਹੁਤ ਜ਼ਿਆਦਾ ਅਮੀਰ ਜਮਾਤ ਅਤੇ ਮਜ਼ਦੂਰਾਂ ਦੀ ਇੱਕ ਬਹੁਤ ਵੱਡੀ ਗਿਣਤੀ, ਜਾਇਦਾਦ ਰਹਿਤ ਜਮਾਤ ਵਿੱਚ ਵੰਡ ਦੇ ਨਤੀਜੇ ਵਜੋਂ ਇਸ ਸਮਾਜ ਅੰਦਰ ਇਸ ਦੀ ਆਪਣੀ ਬਹੁਤਾਤ ਗਿਣਤੀ ਵਿੱਚ ਦਮ ਘੁੱਟ ਰਿਹਾ ਹੈ। ਆਰਥਕ ਅਸਮਾਨਤਾ ਹੋਰ ਵਧੇਰੇ ਹੁੰਦੀ ਜਾਂਦੀ ਹੈ ਅਤੇ ਇਹ ਪਾੜਾ ਦਿਨ-ਬ-ਦਿਨ ਵਧਦਾ ਜਾਂਦਾ ਹੈ। ਇਸ ਨੂੰ ਖਤਮ ਕੀਤਾ ਜਾਣਾ ਚਾਹੀਦਾ ਹੈ, ਇਸ ਨੂੰ ਖਤਮ ਕੀਤਾ ਜਾ ਸਕਦਾ ਹੈ।

***# ਸੰਪਰਕ : 98550-04500***

# ਭਟਕਣ ਦੇ ਦੌਰ 'ਚ ਸਫ਼ਲਤਾ ਦਾ ਸਫ਼ਰ



ਡਾ. ਗੁਰਤੇਜ ਸਿੰਘ

ਜ਼ਿੰਦਗੀ ਇੱਕ ਸਫ਼ਰ ਹੈ, ਹਰ ਜੀਵਿਤ ਮਨੁੱਖ ਇਸ ਦਾ ਹਿੱਸਾ ਹੈ। ਇਸ ਦਾ ਆਗਾਜ਼ ਜਨਮ ਦੇ ਨਾਲ ਹੁੰਦਾ ਹੈ ਅਤੇ ਅੱਖਾਂ ਮੀਟਣ ਤੱਕ ਪ੍ਰਤੱਖ ਰੂਪ 'ਚ ਸੰਸਾਰ ਅੰਦਰ ਨਸ਼ਰ ਹੁੰਦਾ ਹੈ। ਸਫ਼ਰ ਅਤੇ ਟਹਿਲਣ ਵਿੱਚ ਇੰਨਾ ਕੁ ਹੀ ਫ਼ਰਕ ਹੈ, ਸਫ਼ਰ ਸਮੇਂ ਮਨੁੱਖ ਪੁਖ਼ਤਾ ਤਿਆਰੀ ਕਰਕੇ ਘਰੋਂ ਨਿਕਲਦਾ ਹੈ, ਟਹਿਲਣ ਸਮੇਂ ਇਹ ਸਭ ਜ਼ਰੂਰੀ ਨਹੀਂ ਹੁੰਦਾ। ਚਹਿਲ-ਕਦਮੀ ਕਦਮਾਂ ਨੂੰ ਤਾਂ ਚਾਹੇ ਤੰਦਰੁਸਤ ਬਣਾਉਣ ਦੇ ਸਮਰੱਥ ਹੁੰਦੀ ਹੀ ਹੈ, ਬਲਕਿ ਰਾਤ ਦਾ ਖਾਣਾ ਖਾ ਕੇ 100 ਕਦਮ ਚੱਲਣਾ ਪਾਚਨ ਤੰਤਰ ਨੂੰ ਵੀ ਸੁਧਾਰਦਾ ਹੈ, ਪਰ ਵੱਖ-ਵੱਖ ਥਾਵਾਂ ਦੀ ਯਾਤਰਾ ਮਨੁੱਖ ਦੇ ਗਿਆਨ ਨੂੰ ਅਸਮਾਨ ਦੀ ਉਚਾਈ ਦਿੰਦੀ ਹੈ। ਹੋਰਨਾਂ ਸੱਭਿਅਤਾਵਾਂ ਨੂੰ ਪ੍ਰਸਪਰ ਨੇੜਤਾ ਦਿੰਦੀ ਹੈ। ਦੋਵਾਂ ਹਾਲਤਾਂ ਵਿੱਚ ਸਰੀਰ ਅਤੇ ਮਨ ਨੂੰ ਉਸ ਦੀ ਲੋੜੀਂਦੀ ਖ਼ੁਰਾਕ ਮਿਲਦੀ ਹੈ, ਜੋ ਤੰਦਰੁਸਤ ਜੀਵਨ ਦਾ ਸਬੱਬ ਹੋ ਨਿੱਬੜਦੀ ਹੈ। ਜੀਵਨ ਅਗਾਂਹਵਧੂ ਸੋਚ ਦਾ ਨਾਂਅ ਹੈ। ਪਿੱਛੇ ਖਿੱਚੂ ਸੋਚ ਦੇ ਲੋਕ ਇਸ ਨਾਂਅ ਨਾਲ ਅਕਸਰ ਹੀ ਨਿਆਂ ਨਹੀਂ ਕਰ ਪਾਉਂਦੇ, ਜਿਸ ਦਾ ਨਤੀਜਾ ਜੀਵਨ ਅਤੇ ਸੰਸਾਰ ਪ੍ਰਤੀ ਉਦਾਸੀਨਤਾ ਤੇ ਆਖ਼ਰ ਖ਼ੁਦਕੁਸ਼ੀ। ਸਫ਼ਰ ਦੌਰਾਨ ਮਨੁੱਖ ਨੂੰ ਮੰਜ਼ਲ 'ਤੇ ਪੁੱਜਣ ਦਾ ਚਾਅ ਤੇ ਭੈਅ ਹੁੰਦਾ ਹੈ, ਜਿਸ ਕਰਕੇ ਉਹ ਓਪਰੇ ਰਾਹਾਂ ਦੀ ਨਵੀਨਤਾ ਨੂੰ ਨਹੀ ਮਾਣਦਾ ਹੈ ਤੇ ਮੰਜ਼ਿਲ 'ਤੇ ਪੁੱਜ ਕੇ ਇਨ੍ਹਾਂ ਰਾਹਾਂ ਨੂੰ ਯਾਦ ਕਰਕੇ ਭਾਵੁਕ ਹੁੰਦਾ ਹੈ। ਖਿੰਡਾਵਾਂ, ਭਟਕਣ ਜਦੋਂ ਸਫ਼ਰ ਦੀ ਨੀਰਸਤਾ ਦਾ ਸਬੱਬ ਬਣ ਜਾਣ ਤਾਂ ਹੁਸੀਨ ਵਾਦੀਆਂ ਵੀ ਉਜਾੜ ਜਾਪਦੀਆਂ ਹਨ।

ਜ਼ਿੰਦਗੀ 'ਚ ਅੱਗੇ ਵਧਣ ਲਈ ਕਈ ਵਾਰ ਆਸ-ਪਾਸ ਪਰ ਸਾਡੇ ਨਾਲ ਹੀ ਸੰਬੰਧਤ ਵਰਤਾਰਿਆਂ ਪ੍ਰਤੀ ਮੌਨ ਧਾਰਨਾ, ਅਣਗੌਲਿਆਂ ਕਰਨਾ ਲਾਜ਼ਮੀ ਹੋ ਜਾਂਦਾ ਹੈ, ਭਟਕਣ ਲੱਗਦਿਆਂ, ਧਿਆਨ ਭਟਕਦਿਆਂ ਹੀ ਰਸਤਾ ਹਾਸ਼ੀਏ 'ਚ ਤਬਦੀਲ ਹੋ ਜਾਂਦਾ ਹੈ। ਮੁੱਖ ਧਾਰਾ 'ਚ ਪਰਤਦੇ-ਪਰਤਦੇ ਬੜੀ ਦੇਰ ਹੋ ਜਾਂਦੀ ਹੈ। ਪਿਛਲੱਗ ਲੋਕ ਅਜਿਹੇ ਵਰਤਾਰਿਆਂ ਦੇ ਅਕਸਰ ਸ਼ਿਕਾਰ ਹੋ ਜਾਂਦੇ ਹਨ ਤੇ ਸਫ਼ਰ ਦੀ ਰੌਚਕਤਾ ਦੇ ਖ਼ਾਤਮੇ ਦਾ ਸਬੱਬ ਹੋ ਨਿੱਬੜਦੇ ਹਨ। ਆਪਣਾ ਕਾਰਜ ਛੱਡ ਜੋ ਆਪਣੇ-ਆਪ ਨੂੰ ਗਿਆਨ ਗੁਰੂ ਹੋਣ ਦਾ ਭਰਮ ਪਾਲ ਬੈਠਦੇ ਹਨ ਅਤੇ ਉਸ ਰਸਤੇ 'ਤੇ ਸਿਰਫ਼ ਟਹਿਲ਼ਣ ਆਏ ਲੋਕਾਂ ਨੂੰ ਆਪਣਾ ਹਮਸਫ਼ਰ ਸਮਝਣ ਦੀ ਭੁੱਲ ਕਰਦੇ ਹਨ, ਉਨ੍ਹਾਂ ਦਾ ਹਸ਼ਰ ਮਾੜਾ ਹੋਣੋਂ ਕੋਈ ਤਾਕਤ ਰੋਕ ਹੀ ਨਹੀਂ ਸਕਦੀ।

ਬਹੁਤ ਵਾਰ ਕਿਸੇ ਨੂੰ ਸਮਝਾਉਣ ਨਾਲੋਂ ਖ਼ੁਦ ਨੂੰ ਸਮਝਾਉਣ ਨਾਲ ਮੁਸ਼ਕਲਾਂ ਦੇ ਬਿਹਤਰ ਹੱਲ ਭਾਵੇਂ ਨਾ ਹੋਣ, ਪਰ ਅੰਦਰੂਨੀ ਅਸ਼ਾਂਤੀ ਦਾ ਤੂਫਾਨ ਜ਼ਰੂਰ ਠੱਲ੍ਹ ਜਾਂਦਾ ਹੈ। ਖ਼ੁਦ ਨਾਲ ਬੈਠਣ ਦੀ ਆਦਤ ਸਵੈ ਤਸਦੀਕ ਦੇ ਰਾਹ ਤੋਰਦੀ ਹੈ ਤੇ ਰਾਤੀਂ ਸੌਣ ਤੋਂ ਪਹਿਲਾਂ ਬੀਤੇ ਦਿਨ ਦਾ ਕੀਤਾ ਗਿਆ ਵਿਸ਼ਲੇਸ਼ਣ ਤਜਰਬਾ ਬਣ ਕੇ ਮੁਸ਼ਕਲਾਂ ਦੇ ਹੱਲ 'ਚ ਸਹਾਈ ਸਿੱਧ ਹੁੰਦਾ ਹੈ। ਉਪਦੇਸ਼ਕ ਦੀ ਜਗ੍ਹਾ ਉਦਾਹਰਨ ਬਣੋ, ਸਿਰਫ ਸੋਚਣ, ਬੋਲਣ ਦੀ ਥਾਂ ਮਿੱਥੇ ਨਿਸ਼ਾਨੇ ਦਾ ਜੇਤੂ ਬਣਨ ਦੀ ਸਾਰਥਿਕ ਕੋਸ਼ਿਸ਼ ਕਰੋ। ਸੰਸਾਰ ਨੇ ਸਦਾ ਸਿਰਫ ਨਤੀਜਿਆਂ ਨੂੰ ਕਬੂਲਿਆ ਤੇ ਸਲਾਹਿਆ ਹੈ, ਸਫ਼ਰ ਦੌਰਾਨ ਆਈਆਂ ਅੜਚਣਾਂ ਤੇ ਕੋਸ਼ਿਸ਼ਾਂ ਨੂੰ ਤਾਂ ਹਰਗਿਜ਼ ਨਹੀਂ। ਸੀਮਤ ਸਾਧਨਾਂ ਦੇ ਬਾਵਜੂਦ ਜਿਸ ਕੋਲ ਚੁਣੌਤੀਆਂ ਨੂੰ ਸਵੀਕਾਰਨ ਦੀ ਸਮਰੱਥਾ ਹੈ, ਜੋਖ਼ਮ ਉਠਾਉਣ ਦਾ ਬਲ ਹੈ, ਨਿਰੰਤਰ ਮਿਹਨਤ ਕਰਨ ਦਾ ਨਿਸ਼ਚਾ ਹੈ। ਭਵਿੱਖ ਦੀ ਕੈਨਵਸ 'ਤੇ ਉਹ ਮਨੁੱਖ ਆਪਣੀ ਜਿੱਤ ਦੇ ਨਿਸ਼ਾਨ ਜ਼ਰੂਰ ਉਕੇਰਦਾ ਹੈ।

ਸਫ਼ਰ ਹਮੇਸ਼ਾ ਚੁਕੰਨੇ ਹੋ ਕੇ ਕੀਤੇ ਜਾਂਦੇ ਹਨ, ਕਰਨੇ ਲਾਜ਼ਮੀ ਵੀ ਹਨ ਤੇ ਅਜਿਹੇ ਸਮੇਂ ਚੌਕਸ ਰਹਿਣਾ ਜ਼ਰੂਰੀ ਹੁੰਦਾ ਹੈ। ਜਦ ਤੁਹਾਡੇ ਹਾਲਾਤ ਸੁਖ਼ਦ ਨਾ ਹੋਣ, ਉੱਪਰੋਂ ਕੀਮਤੀ ਸਾਮਾਨ ਕੋਲ ਹੋਵੇ ਤਾਂ ਹਰ ਪਲ ਜਾਗਰੂਕ ਰਹਿਣਾ ਹੀ ਸਮਝਦਾਰ ਮਨੁੱਖ ਦੀ ਨਿਸ਼ਾਨੀ ਹੁੰਦੀ ਹੈ। ਉਹ ਹਰ ਕੰਮ, ਆਹਾਰ-ਵਿਹਾਰ, ਲੋਕ-ਲਾਜ, ਆਦਤ ਆਦਿ ਦਾ ਤਿਆਗ ਲਾਜ਼ਮੀ ਹੈ, ਜੋ ਸਾਨੂੰ ਸਾਡੇ ਰਸਤੇ ਤੋਂ ਭਟਕਣ ਲਈ ਮਜਬੂਰ ਕਰਦੇ ਹਨ। ਇਹ ਕੰਮ ਸੌਖਾ ਨਹੀਂ ਹੈ, ਪਰ ਨਾਮੁਮਕਿਨ ਤਾਂ ਹਰਗਿਜ਼ ਨਹੀਂ ਹੈ। ਭਟਕਣ ਅਤੇ ਖਿੰਡਾਵਾਂ ਤਰੱਕੀ ਦੇ ਰਾਹ 'ਚ ਅੜਿੱਕਾ ਹਨ, ਇਨ੍ਹਾਂ ਦੇ ਕਾਰਕਾਂ ਜਿਵੇਂ ਕਿ ਪੁਰਾਣੇ ਤੇ ਘਟੀਆ ਵਿਚਾਰ, ਅਸੰਤੁਲਿਤ ਆਹਾਰ ਵਿਹਾਰ, ਅਨੁਸ਼ਾਸਨਹੀਣਤਾ ਆਦਿ ਦਾ ਤਿਆਗ ਲਾਜ਼ਮੀ ਹੈ। ਇਹ ਤਿਆਗ ਸਫ਼ਲ ਲੋਕਾਂ ਦੇ ਜੀਵਨ ਦਾ ਅਹਿਮ ਅੰਗ ਹੁੰਦਾ ਹੈ। ਨਿਰੰਤਰ ਵਿਕਾਸ ਹਿੱਤ ਪੱਤਝੜ ਦੌਰਾਨ ਦਰੱਖਤ ਆਪਣੇ ਮਹੱਤਵਪੂਰਨ ਅੰਗ ਪੁਰਾਣੇ ਪੱਤਿਆਂ ਦਾ ਤਿਆਗ ਕਰਦੇ ਹਨ ਤੇ ਨਵੀਨਤਾ ਨਾਲ ਅਸਮਾਨ ਵੱਲ ਰੁਖ਼ ਕਰਦੇ ਹਨ। ਕਣਕ ਦੇ ਨਾਜ਼ੁਕ ਪੌਦੇ ਤੋਂ ਸਵਾਦੀ ਪਕਵਾਨ ਬਣਨ ਲਈ ਧੁੱਪਾਂ-ਛਾਵਾਂ, ਹੱਡ ਚੀਰਵੀਂ ਸਰਦੀ ਤੇ ਸਰੀਰ ਜਲਾਉਣ ਸਮਰੱਥ ਗਰਮੀ ਦਾ ਸਹਿਣ ਪੈਂਦਾ ਹੈ। ਮੌਕੇ ਦਾ ਸਹੀ ਇਸਤੇਮਾਲ ਹੀ ਸਫ਼ਲਤਾ ਦਾ ਸਬੱਬ ਹੋ ਨਿੱਬੜਦਾ ਹੈ। ਜੋ ਲੋਕ ਅਸਫ਼ਲ ਹੁੰਦੇ ਹਨ, ਕਈਆਂ ਨੂੰ ਮੌਕਾ ਨਹੀਂ ਮਿਲਦਾ। ਅਕਸਰ ਲੋਕਾਂ ਨੇ ਮਿਲੇ ਅਵਸਰ ਦਾ ਠੋਸ ਰਣਨੀਤੀ ਨਾਲ ਫਾਇਦਾ ਹੀ ਨਹੀਂ ਉਠਾਇਆ ਹੁੰਦਾ।

ਉਦੇਸ਼ ਹੌਸਲੇ ਨਾਲ ਮਿੱਥੇ ਜਾਂਦੇ ਹਨ, ਉੱਥੇ ਤੱਕ ਪਹੁੰਚਣ ਲਈ ਦ੍ਰਿੜ੍ਹ ਇੱਛਾ ਸ਼ਕਤੀ ਆਪਣਾ ਕਾਰਜ ਕਰਦੀ ਹੈ, ਜਦਕਿ ਇੱਛਾ ਦੀ ਪੂਰਤੀ ਹਿੱਤ ਸਿਰਫ ਕਾਮਨਾ ਕੀਤੀ ਜਾਂਦੀ ਹੈ, ਜੋ ਅਧੂਰੀਆਂ ਸਧਰਾਂ ਦਾ ਸਬੱਬ ਹੋ ਨਿੱਬੜਦੀ ਹੈ। ਸੰਘਰਸ਼ ਸਮੇਂ ਇਨਸਾਨ ਧਰਤੀ ਨਾਲ ਜੁੜਿਆ ਹੁੰਦਾ ਹੈ ਤੇ ਸਫ਼ਲਤਾ ਉਸ ਨੂੰ ਅਸਮਾਨ ਦੇ ਸਫ਼ਰ 'ਤੇ ਲੈ ਜਾਂਦੀ ਹੈ। ਸੰਘਰਸ਼ ਇਨਸਾਨ ਦੀ ਖ਼ੁਦ ਨਾਲ ਜੰਗ ਹੁੰਦੀ ਹੈ ਤੇ ਇਸ 'ਚ ਜਿੱਤ-ਹਾਰ ਉਸ ਦੁਆਰਾ ਕੀਤੇ ਕਰਮ 'ਤੇ ਨਿਰਭਰ ਹੁੰਦੀ ਹੈ। ਜੋ ਲੋਕ ਰੋਜ਼ਾਨਾ ਖ਼ੁਦ ਨੂੰ ਬੀਤੇ ਕੱਲ੍ਹ ਤੋਂ ਬਿਹਤਰ ਬਣਾਉਣ ਦੀ ਕੋਸ਼ਿਸ਼ 'ਚ ਜੁਟਦੇ ਹਨ ਉਨ੍ਹਾਂ ਦੇ ਸਫ਼ਰ ਦੀ ਕਾਮਯਾਬੀ ਨਿਸ਼ਚਿਤ ਮੰਨੀ ਜਾ ਸਕਦੀ ਹੈ, ਜੋ ਲੋਕ ਸਵੈਪੜਚੋਲ ਦਾ ਪੱਲਾ ਨਹੀਂ ਫੜਦੇ, ਉਨ੍ਹਾਂ ਦਾ ਭਟਕਣਾ ਤੈਅ ਹੀ ਹੁੰਦਾ ਹੈ। ਜ਼ਿੰਦਗੀ 'ਚ ਉੱਚੇ ਮੁਕਾਮ ਹਾਸਲ ਕਰਨ ਲਈ ਵਾਧੂ ਜ਼ੋਰ ਲਗਾਉਣ ਦੀ ਲੋੜ ਨਹੀਂ ਹੁੰਦੀ, ਬਲਕਿ ਸਹੀ ਦਿਸ਼ਾ ਵਿੱਚ ਨਿਰੰਤਰ ਮਿਹਨਤ ਕਰਨ ਦੀ ਜ਼ਰੂਰਤ ਹੁੰਦੀ ਹੈ। ਇਹੀ ਲਗਾਤਾਰਤਾ ਧੀਮੀ ਗਤੀ ਵਾਲੇ ਕੱਛੂ ਦੇ ਮਿੱਥੀ ਮੰਜ਼ਲ 'ਤੇ ਪੁੱਜਣ ਦਾ ਸਬੱਬ ਹੋ ਨਿੱਬੜਦੀ ਹੈ। ਸਫ਼ਲਤਾ ਸਫ਼ਲ ਲੋਕਾਂ ਦੁਆਰਾ ਚੁੱਕੇ ਵੱਡੇ ਜੋਖ਼ਮਾਂ, ਤਿਆਗ, ਸੰਘਰਸ਼ ਅਤੇ ਲੋਕਾਂ ਦੇ ਦਿੱਤੇ ਮਿਹਣਿਆਂ ਦਾ ਸੰਖੇਪ ਰੂਪ ਹੁੰਦੀ ਹੈ।

ਸਫ਼ਰ ਦੌਰਾਨ ਸੰਜਮ ਲਾਜ਼ਮੀ ਹੈ, ਚੰਗਾ ਕੰਮ ਕਰਦੇ ਦੇਖ ਕੰਮਚੋਰ ਲੋਕ ਜਲਨ ਮਹਿਸੂਸ ਕਰਦੇ ਹਨ ਤੇ ਕੁਝ ਲੋਕ ਧਿਆਨ ਭਟਕਾਉਣ ਲਈ ਸਦਾ ਤਤਪਰ ਰਹਿੰਦੇ ਹਨ। ਉਨ੍ਹਾਂ ਦੇ ਭੜਕਾਊ ਬੋਲ ਗੁੱਸੇ ਨੂੰ ਚਰਮ ਸੀਮਾ 'ਤੇ ਪਹੁੰਚਾਉਣ ਦੇ ਸਮਰੱਥ ਹੁੰਦੇ ਹਨ। ਸਵੈ ਅਨੁਸ਼ਾਸਿਤ ਸੂਝਵਾਨ ਮਨੁੱਖ ਆਪਣੇ ਗੁੱਸੇ ਨੂੰ ਵੀ ਪੂੰਜੀ ਦੀ ਤਰ੍ਹਾਂ ਸਾਂਭਦੇ, ਵਿਉਂਤਦੇ ਤੇ ਖਰਚਦੇ ਹਨ। ਇਸ ਖਜ਼ਾਨੇ ਦੀ ਚਾਬੀ ਉਨ੍ਹਾਂ ਦੇ ਕੰਨਾਂ ਦੀ ਬਜਾਇ ਦਿਮਾਗ ਕੋਲ ਹੁੰਦੀ ਹੈ। ਵੈਸੇ ਵੀ ਦਿਮਾਗ 'ਚ ਜੇਕਰ ਕੁਝ ਭਰਨਾ ਹੀ ਹੈ ਤਾਂ ਸਕਾਰਾਤਮਕ ਨਜ਼ਰੀਏ ਨਾਲ ਲਬਰੇਜ ਵਿਚਾਰ ਕਿਉਂ ਨਾ ਭਰੇ ਜਾਣ, ਜੋ ਦੁਨੀਆਂ ਨੂੰ ਹੋਰ ਚੰਗੇਰੀ ਬਣਾਉਣ, ਕਿਸੇ ਲਈ ਪ੍ਰੇਰਨਾ ਦਾ ਸ੍ਰੋਤ ਤੇ ਮਾਰਗ ਦਰਸ਼ਨ ਦਾ ਸਬੱਬ ਬਣਨ। ਹਰ ਮੰਜ਼ਲ ਦਾ ਕੋਈ ਨਾਇਕ ਜ਼ਰੂਰ ਹੁੰਦਾ ਹੈ, ਜਿਸ ਤੋਂ ਪ੍ਰੇਰਣਾ ਲੈ ਕੇ ਸਫ਼ਰ ਨੂੰ ਮੁਕੰਮਲ ਕਰਨਾ ਹੁੰਦਾ ਹੈ। ਹਰ ਸਮਿਆਂ ਵਿੱਚ ਜਵਾਨੀ ਦਾ ਕੋਈ ਨਾ ਕੋਈ ਨਾਇਕ ਜ਼ਰੂਰ ਰਿਹਾ ਹੁੰਦਾ ਹੈ ਜਿਸ ਦਾ ਪ੍ਰਭਾਵ ਨੌਜਵਾਨੀ ਦੀ ਦਸ਼ਾ ਤੇ ਦਿਸ਼ਾ ਮਿੱਥਦਾ ਹੈ। ਜਿਸ ਜਵਾਨੀ ਦਾ ਨਾਇਕ ਸੁੱਘੜ, ਦੂਰਦਰਸ਼ੀ ਤੇ ਚੁਣੌਤੀਆਂ ਸਵੀਕਾਰਨ ਵਾਲੇ ਗੁਣਾਂ ਨਾਲ ਲਬਰੇਜ਼ ਹੋਵੇ, ਉਹ ਇਤਿਹਾਸ ਦੇ ਸਫ਼ਿਆਂ 'ਚ ਵਰਨਣਯੋਗ ਬਣ ਉੱਭਰੀ ਹੈ। ਸੰਸਾਰ 'ਚ ਹੁਨਰ, ਮਿਹਨਤ ਤੇ ਚੰਗੇ ਵਿਵਹਾਰ ਨੇ ਆਪਣਾ ਲੋਹਾ ਸਦਾ ਮਨਵਾਇਆ ਹੈ। ਇਹ ਕਾਰਜ ਚਾਹੇ ਹੌਲ਼ੀ-ਹੌਲ਼ੀ ਵਾਪਰਦਾ ਹੈ , ਪਰ ਇਸ ਦਾ ਪ੍ਰਭਾਵ ਸਥਾਈ ਹੁੰਦਾ ਹੈ। ਭਟਕਣਾ ਮਨੁੱਖੀ ਸੁਭਾਅ ਹੈ, ਜਿਸ ਤੋਂ ਸ਼ਾਇਦ ਹੀ ਕੋਈ ਇਨਸਾਨ ਬਚ ਸਕਿਆ ਹੋਵੇ, ਜ਼ਿੰਦਗੀ ਦੇ ਕਿਸੇ ਮੋੜ 'ਤੇ ਭਟਕਣ ਦਾ ਕੋਈ ਸਬੱਬ ਸਾਰਿਆਂ ਨਾਲ ਲਾਜ਼ਮੀ ਜੁੜਦਾ ਹੈ। ਖਿੰਡਾਵਾਂ ਮਨ ਦੀ ਇਕਾਗਰਤਾ ਖਿੰਡਾਉਣ ਲਈ ਅਹਿਮ ਕਾਰਕ ਹੋ ਨਿੱਬੜਦੀਆਂ ਹਨ। ਇਹ ਹਰ ਦੌਰ 'ਚ ਮੌਜੂਦ ਹੁੰਦੀਆਂ ਹਨ ਤੇ ਹਰ ਮਨੁੱਖ ਇਨ੍ਹਾਂ ਦੇ ਸੰਪਰਕ ਵਿੱਚ ਲਾਜ਼ਮੀ ਆਉਂਦਾ ਹੈ। ਉਸ ਵੇਲੇ ਜ਼ਰੂਰਤ ਇਹ ਹੁੰਦੀ ਹੈ ਕਿ ਆਪਣੇ ਨਿਸ਼ਾਨੇ, ਹਾਲਾਤ ਨੂੰ ਸਨਮੁੱਖ ਰੱਖ ਕੇ ਆਪਣੀ ਮੰਜ਼ਲ ਵੱਲ ਵਧਦੇ ਜਾਣ ਦੀ, ਪੜਾਵਾਂ ਨੂੰ ਆਖ਼ਰੀ ਮੰਜ਼ਲ ਸਮਝਣ ਦੀ ਗ਼ੁਸਤਾਖ਼ੀ ਨਹੀਂ ਕਰਨੀ ਚਾਹੀਦੀ, ਬਲਕਿ ਪੜਾਅ ਅਤੇ ਮੰਜ਼ਲ ਦੇ ਫ਼ਰਕ ਨੂੰ ਉੱਚੀ ਅਵਸਥਾ ਦੇ ਪ੍ਰਭਾਵ ਅਤੇ ਜੀਵਨ-ਜਾਚ ਨਾਲ ਸਮਝਣ ਦੀ ਕੋਸ਼ਿਸ਼ ਕੀਤੀ ਜਾਣੀ ਚਾਹੀਦੀ ਹੈ।

***ਸੰਪਰਕ : 95173-96001***

# ਜਲੰਧਰ ਚੋਣ ਨਤੀਜਾ ਬਦਲੇਗਾ ਸਿਆਸੀ ਦਿਸ਼ਾ

**ਦਰਸ਼ਨ ਸਿੰਘ ਸ਼ੰਕਰ**

ਜਲੰਧਰ ਲੋਕ ਸਭਾ ਜ਼ਿਮਨੀ ਚੋਣ 'ਆਪ' ਦੇ ਉਮੀਦਵਾਰ ਸੁਸ਼ੀਲ ਕੁਮਾਰ ਰਿੰਕੂ ਨੇ ਕਾਂਗਰਸ ਦੀ ਕਰਮਜੀਤ ਕੌਰ ਚੌਧਰੀ ਨੂੰ 58691 ਵੋਟਾਂ ਦੇ ਫਰਕ ਨਾਲ ਹਰਾ ਕੇ ਜਿੱਤ ਲਈ ਹੈ। ਇਸ ਤਰ੍ਹਾਂ 'ਆਪ' ਨੇ ਕਾਂਗਰਸ ਦੇ 24 ਸਾਲ ਤੋਂ ਚਲਿਆ ਆ ਰਿਹਾ ਮਜ਼ਬੂਤ ਕਿਲ੍ਹਾ ਢਹਿ-ਢੇਰੀ ਕਰ ਦਿਤੈ। ਸੁਸ਼ੀਲ ਰਿੰਕੂ (ਆਪ) ਨੂੰ 302279, ਕਰਮਜੀਤ ਕੌਰ (ਕਾਂਗਰਸ ) ਨੂੰ 243588, ਅਕਾਲੀ ਦਲ-ਬੀ ਐੱਸ ਪੀ ਦੇ ਸੁਖਵਿੰਦਰ ਕੁਮਾਰ ਸੁੱਖੀ ਨੂੰ 158445, ਬੀ ਜੇ ਪੀ ਉਮੀਦਵਾਰ ਇੰਦਰ ਇਕਬਾਲ ਸਿੰਘ ਅਟਵਾਲ ਨੂੰ 134800 ਅਤੇ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੇ ਉਮੀਦਵਾਰ ਗੁਰਜੰਟ ਸਿੰਘ ਕੱਟੂ ਨੂੰ 20366 ਵੋਟ ਮਿਲੇ। ਸੰਸਦੀ ਹਲਕੇ ਅੰਦਰ 9 ਵਿਧਾਨ ਸਭਾ ਹਲਕਿਆਂ ਵਿੱਚੋਂ ਆਮ ਆਦਮੀ ਪਾਰਟੀ ਦੀ 7 ਵਿਚ ਅਤੇ ਬੀਜੇਪੀ ਦੀ 2 ਵਿੱਚ ਜਿੱਤ ਹੋਈ। ਕਾਂਗਰਸ ਕਿਸੇ ਵੀ ਹਲਕੇ ਵਿਚ ਪਹਿਲੇ ਨੰਬਰ 'ਤੇ ਨਹੀਂ ਆ ਸਕੀ। 2019 ਚੋਣਾਂ ਦੌਰਾਨ ਸੀਟ ਕਾਂਗਰਸ ਦੇ ਚੌਧਰੀ ਸੰਤੋਖ ਸਿੰਘ ਨੇ ਅਕਾਲੀ ਦਲ-ਭਾਜਪਾ ਦੇ ਚਰਨਜੀਤ ਸਿੰਘ ਅਟਵਾਲ ਨੂੰ 19491 ਵੋਟਾਂ ਦੇ ਫਰਕ ਨਾਲ ਹਰਾਇਆ ਸੀ। ਇਸ ਵਾਰ 'ਆਪ' ਨੂੰ 34.05%, ਕਾਂਗਰਸ ਨੂੰ 27.44%, ਅਕਾਲੀ ਦਲ-ਬਸਪਾ ਨੂੰ 17.85% ਅਤੇ ਭਾਜਪਾ ਨੂੰ 15.19% ਵੋਟ ਮਿਲੇ। ਸਾਰੀਆਂ ਧਿਰਾਂ ਲਈ ਇਹ ਸੀਟ ਮੁੱਛ ਦਾ ਸਵਾਲ ਬਣੀ ਹੋਈ ਸੀ। ਵਿਚਾਰਦੇ ਹਾਂ ਕਿ ਨਤੀਜੇ ਦਾ ਸੂਬੇ ਦੀ ਰਾਜਨੀਤੀ ਉਪਰ ਕੀ ਪ੍ਰਭਾਵ ਰਹੇਗਾ।

**'ਆਪ' ਦਾ ਸਨਮਾਨ ਬਹਾਲ**

ਸੰਗਰੂਰ ਵਿਚ ਪਾਰਟੀ ਦੀ ਹਾਰ ਪਿੱਛੋਂ ਜਲੰਧਰ ਸੀਟ ਦੀ ਚੋਣ 'ਆਪ' ਲਈ ਅਤਿ ਅਹਿਮ ਸੀ। 2019 ਸੰਸਦੀ ਚੋਣਾਂ ਵਿਚ ਪਾਰਟੀ ਉਮੀਦਵਾਰ ਨੂੰ ਸਿਰਫ 2.5% ਵੋਟ ਹੀ ਮਿਲੇ ਸਨ, ਪਰ 2022 ਵਿਧਾਨ ਸਭਾ ਚੋਣਾਂ ਵਿਚ 9 ਵਿਚੋਂ 4 ਹਲਕਿਆਂ ਤੋਂ ਜਿੱਤਣ ਨਾਲ ਪਾਰਟੀ ਕਾਫੀ ਉਤਸ਼ਾਹਿਤ ਸੀ। ਇਸ ਵਾਰ 'ਆਪ' ਵੱਲੋਂ ਪ੍ਰਚਾਰ ਵਿੱਚ ਸੂਬੇ ਦੇ ਵਰਕਰਾਂ ਦੀ ਪੂਰੀ ਤਾਕਤ ਝੋਕੀ ਗਈ। ਮੁੱਖ ਮੰਤਰੀ ਨੇ ਪੂਰੀ ਮੁਹਿੰਮ ਆਪਣੇ ਬਲਬੂਤੇ ਚਲਾ ਕੇ ਵੱਡੀ ਜਿੱਤ ਦਰਜ ਕਰਾਈ। ਪਾਰਟੀ ਸੁਪਰੀਮੋ ਕੇਜਰੀਵਾਲ ਨੇ ਵੀ ਭਗਵੰਤ ਮਾਨ ਨਾਲ ਰੋਡ ਸ਼ੋਆਂ ਰਾਹੀਂ ਪ੍ਰਚਾਰ ਕੀਤਾ। ਚੋਣ ਇੰਚਾਰਜ ਵਿੱਤ ਮੰਤਰੀ ਹਰਪਾਲ ਚੀਮਾ ਨੇ ਜਲੰਧਰ ਟਿਕ ਕੇ ਕਮਾਨ ਸੰਭਾਲੀ। ਜਿੱਤ ਵਿਚ ਸਰਕਾਰ ਦੀ 14 ਮਹੀਨੇ ਦੀ ਕਾਰਗੁਜ਼ਾਰੀ 'ਤੇ ਵੋਟਰਾਂ ਵੱਲੋਂ ਲਗਾਈ ਮੋਹਰ ਸਪੱਸ਼ਟ ਝਲਕਦੀ ਹੈ। ਮੁੱਖ ਮੰਤਰੀ ਦਾ ਕਹਿਣੈ ਕਿ ਮੁਫਤ ਬਿਜਲੀ, ਆਮ ਆਦਮੀ ਕਲੀਨਿਕਾਂ, ਨੌਕਰੀਆਂ ਅਤੇ ਭ੍ਰਿਸ਼ਟਾਚਾਰ ਖਿਲਾਫ ਕਾਰਵਾਈ ਲਈ ਜਿੱਤ ਹੋਈ ਹੈ। ਪਾਰਟੀ ਸੰਗਰੂਰ ਹਾਰ ਦੀ ਨਮੋਸ਼ੀ ਵਿੱਚੋਂ ਨਿਕਲਣ ਵਿਚ ਸਫਲ ਰਹੀ ਅਤੇ ਨਾਲ ਹੀ ਪਾਰਟੀ ਵਰਕਰਾਂ ਦਾ ਹੌਸਲਾ ਵੀ ਵਧਿਐ। ਹੁਣ ਪਾਰਟੀ ਅੰਦਰ ਮੁੱਖ ਮੰਤਰੀ ਦਾ ਰੁਤਬਾ ਹੋਰ ਵੀ ਬੁਲੰਦ ਹੋਣਾ ਤੈਅ ਸਮਝਿਆ ਜਾ ਰਿਹੈ।

**ਕਾਂਗਰਸ ਨੂੰ ਝਟਕਾ**

ਕਾਂਗਰਸ ਦਾ ਗੜ੍ਹ ਰਹੀ ਜਲੰਧਰ ਸੀਟ 'ਤੇ ਹਾਰ ਪਾਰਟੀ ਲਈ ਬਹੁਤ ਵੱਡਾ ਝਟਕਾ ਹੈ। ਕਾਂਗਰਸ ਜਿੱਤ ਕੇ ਸੂਬੇ ਅੰਦਰ ਆਪਣਾ ਖੋਇਆ ਆਧਾਰ ਮੁੜ ਉਭਾਰਨ ਲਈ ਆਸਵੰਦ ਸੀ। ਪਾਰਟੀ ਦੇ ਵੱਡੇ ਲੀਡਰਾਂ ਨੇ ਏਕਤਾ ਦਾ ਵਿਖਾਵਾ ਤਾਂ ਕੀਤਾ, ਪਰ ਇਨ੍ਹਾਂ ਵਿਚ ਇਕਸੁਰਤਾ ਨਜ਼ਰ ਨਹੀਂ ਆਈ। ਕਾਂਗਰਸ ਸੀਟ ਨੂੰ ਆਪਣਾ ਗੜ੍ਹ ਮੰਨ ਕੇ ਜਿੱਤ ਯਕੀਨੀ ਸਮਝਦੀ ਰਹੀ। ਹਮਦਰਦੀ ਵੋਟ ਵੀ ਦਿਖਾਈ ਨਹੀਂ ਦਿੱਤੀ। ਪਾਰਟੀ ਦੇ ਸੀਨੀਅਰ ਕੌਮੀ ਪੱਧਰ ਦੇ ਲੀਡਰਾਂ ਦੀ ਗੈਰ ਹਾਜ਼ਰੀ ਕਾਰਨ ਵੀ ਪ੍ਰਚਾਰ ਮੁਹਿੰਮ ਮੱਠੀ ਰਹੀ। ਹਲਕੇ ਵਿਚ ਕਾਂਗਰਸ ਦੀ ਰਵਾਇਤੀ ਦਲਿਤ ਵੋਟ ਵੀ ਇਕ ਪਾਸੇ ਨਹੀਂ ਭੁਗਤੀ। ਪਰਵਾਰਕ ਮੈਂਬਰ ਅਤੇ ਕਰਤਾਰਪੁਰ ਦੇ ਸਾਬਕਾ ਵਿਧਾਇਕ ਸੁਰਿੰਦਰ ਸਿੰਘ ਦੇ 'ਆਪ' ਵਿਚ ਸ਼ਾਮਲ ਹੋਣ ਨਾਲ ਵੀ ਝਟਕਾ ਲੱਗਾ। ਬੇਸ਼ੱਕ ਉਸ ਨੇ ਸਮਝਾਉਣ 'ਤੇ ਵਾਪਸੀ ਕਰ ਲਈ, ਪਰ ਹਲਕੇ ਵਿੱਚੋਂ ਪਾਰਟੀ ਦੀ ਸਭ ਤੋਂ ਵੱਧ 139890 ਵੋਟ ਘਟੀ। ਉਮੀਦਵਾਰ ਆਪਣੇ ਵਿਧਾਇਕ ਪੁੱਤਰ ਦੇ ਫਿਲੌਰ ਹਲਕੇ ਵਿੱਚੋਂ ਵੀ 7000 ਵੋਟਾਂ ਦੇ ਫਰਕ ਨਾਲ ਪੱਛੜ ਗਈ । ਇਸ ਹਾਰ ਨਾਲ ਪਾਰਟੀ ਕੇਡਰ ਦੇ ਹੌਸਲੇ ਤੇ ਭਾਰੀ ਅਸਰ ਦਿਖੇਗਾ। ਸੂਬਾ ਪ੍ਰਧਾਨ ਰਾਜਾ ਵੜਿੰਗ ਦੀ ਅਗਵਾਈ ਵਿਚ ਇਹ ਦੂਜੀ ਵੱਡੀ ਹਾਰ ਹੈ, ਇਸ ਨਾਲ ਉਨ੍ਹਾਂ ਉੱਪਰ ਵੀ ਸਵਾਲ ਉੱਠਣਗੇ। ਨਮੋਸ਼ੀ 'ਚੋਂ ਵਰਕਰਾਂ ਨੂੰ ਬਾਹਰ ਕੱਢਣ ਲਈ ਪਾਰਟੀ ਨੂੰ ਏਕਤਾ ਦਿਖਾਉਂਦੇ ਜਨਤਾ ਦੇ ਮੁੱਦੇ ਚੁੱਕਣੇ ਹੋਣਗੇ। ਜੇਕਰ ਖਿੱਚੋਤਾਣ 'ਚ ਲੱਗੇ ਰਹੇ ਤਾਂ ਪਾਰਟੀ ਦਾ ਹੋਰ ਨਿਘਾਰ ਲਾਜ਼ਮੀ ਹੈ। ਇਸ ਹਾਰ ਨੂੰ ਪਿਛਲੀ ਸਰਕਾਰ ਸਮੇਂ ਦੇ ਕਾਟੋ-ਕਲੇਸ਼ ਅਤੇ ਲੁੱਟ ਦਾ ਖਮਿਆਜ਼ਾ ਹੀ ਸਮਝਿਆ ਜਾ ਸਕਦੈ। ਕਾਂਗਰਸ ਵੱਲੋਂ ਦੂਜੇ ਨੰਬਰ 'ਤੇ ਰਹਿਣ ਨਾਲ ਸੂਬੇ ਅੰਦਰ ਭਵਿੱਖ ਵਿਚ ਮੁੱਖ ਧਿਰ ਬਣ ਕੇ ਉਭਰਨ ਦੀਆਂ ਸੰਭਾਵਨਾਵਾਂ ਮੌਜੂਦ ਹਨ । ਜੇਕਰ ਸੂਬਾ ਕਾਂਗਰਸ ਦੀ ਅਗਵਾਈ ਕਿਸੇ ਚੰਗੇ ਅਕਸ਼ ਵਾਲੇ ਲੀਡਰ ਦੇ ਹਵਾਲੇ ਹੁੰਦੀ ਹੈ ਤਾਂ ਵਾਪਸੀ ਦੀ ਸੰਭਾਵਨਾ ਮੌਜੂਦ ਹੈ।

**ਭਾਜਪਾ ਬਨਾਮ ਅਕਾਲੀ ਦਲ**

ਇਹ ਚੋਣ ਜਿੱਤ ਤੋਂ ਇਲਾਵਾ ਬੀਜੇਪੀ ਅਤੇ ਅਕਾਲੀ ਦਲ ਵਿਚਕਾਰ ਇਕ-ਦੂਜੇ ਤੋਂ ਅੱਗੇ ਰਹਿਣ ਦਾ ਦਿਲਚਸਪ ਮੁਕਾਬਲਾ ਵੀ ਸੀ। ਜਿਸ ਵਿਚ ਅਕਾਲੀ ਦਲ-ਬੀ ਐੱਸ ਪੀ ਉਮੀਦਵਾਰ ਨੇ ਬੀਜੇਪੀ ਉਮੀਦਵਾਰ ਤੋਂ ਕਰੀਬ 23000 ਵੱਧ ਵੋਟਾਂ ਹਾਸਲ ਕੀਤੀਆਂ। ਉਂਝ ਇਸ ਵਿਚ ਵੱਡਾ ਯੋਗਦਾਨ ਬਸਪਾ ਦਾ ਵੀ ਦਿਖਾਈ ਦਿੰਦੈ, ਜਿਸ ਵੱਲੋਂ 2019 ਚੋਣਾਂ ਦੌਰਾਨ 2 ਲੱਖ ਵੋਟ ਲਏ ਸਨ । ਬੀਜੇਪੀ ਦਾ ਤਰਕ ਹੈ ਕਿ ਉਸ ਨੇ ਆਪਣੇ ਬਲ 'ਤੇ ਵਧੇਰੇ ਵੋਟਾਂ ਵੀ ਲਈਆਂ ਨੇ ਅਤੇ ਦੋ ਹਲਕਿਆਂ ਵਿਚ ਪਹਿਲੇ ਨੰਬਰ 'ਤੇ ਰਹੀ ਹੈ।

ਭਾਜਪਾ ਨੇ ਪੂਰੀ ਸ਼ਕਤੀ ਲਗਾ ਕੇ ਚੋਣ ਪ੍ਰਚਾਰ ਕੀਤਾ। ਕੇਂਦਰ ਤੋਂ ਕਈ ਵਜ਼ੀਰ ਅਤੇ ਸੀਨੀਅਰ ਆਗੂਆਂ ਵੱਲੋਂ ਪਾਰਟੀ ਉਮੀਦਵਾਰ ਲਈ ਪ੍ਰਚਾਰ ਕੀਤਾ। ਬੀਜੇਪੀ ਦੀ ਸ਼ਹਿਰੀ ਵੋਟਰਾਂ ਵਿਚ ਪੈਂਠ ਮਜ਼ਬੂਤ ਹੋਈ ਸਾਫ ਦਿਸਦੀ ਹੈ। ਬਹੁਤ ਸਾਰੇ ਵੱਡੇ ਚਿਹਰੇ ਪਾਰਟੀ ਵਿਚ ਸ਼ਾਮਲ ਕਰਾਉਣ ਦੇ ਬਾਵਜੂਦ ਪਾਰਟੀ ਪੇਂਡੂ ਖੇਤਰਾਂ ਵਿਚ ਅਜੇ ਪੈਰ ਨਹੀਂ ਜਮਾ ਸਕੀ। ਚੋਣ ਪ੍ਰਚਾਰ ਦੌਰਾਨ ਸਾਬਕਾ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ ਦੇ ਦਿਹਾਂਤ ਪਿੱਛੋਂ ਸੁਖਬੀਰ ਬਾਦਲ ਬਹੁਤਾ ਸਮਾਂ ਆਖਰੀ ਰਸਮਾਂ ਵਿਚ ਰੁੱਝੇ ਹੋਣ ਕਾਰਨ ਜਲੰਧਰ ਤੋਂ ਲਾਂਭੇ ਰਹੇ। ਬਾਕੀ ਅਕਾਲੀ ਲੀਡਰਾਂ ਅਤੇ ਬਸਪਾ ਨੇਤਾਵਾਂ ਨੇ ਪ੍ਰਚਾਰ ਵਿਚ ਕਾਫੀ ਮਿਹਨਤ ਕੀਤੀ, ਪਰ ਮੁਹਿੰਮ ਪੂਰੀ ਤਰ੍ਹਾਂ ਭਖੀ ਦਿਖਾਈ ਨਹੀਂ ਦਿੱਤੀ। ਬੀਜੇਪੀ ਅਤੇ ਅਕਾਲੀ ਦਲ ਦੀਆ ਵੋਟਾਂ ਜੋੜ ਜੇਤੂ ਉਮੀਦਵਾਰ ਦੇ ਨੇੜੇ ਪੁੱਜਦੈ। ਅਕਾਲੀ ਦਲ ਬੀਜੇਪੀ ਤੋਂ ਅੱਗੇ ਰਹਿਣ ਤੋਂ ਸੰਤੁਸ਼ਟ ਦਿਸਦੈ, ਪਰ ਬੀਜੇਪੀ ਇਕੱਲੇ ਤੌਰ ਤੇ ਦੋ ਵਿਧਾਨ ਸਭਾ ਸੀਟਾਂ ਜਿੱਤਣ 'ਤੇ ਉਤਸ਼ਾਹਿਤ ਹੈ। ਉਂਝ ਭਵਿਖ ਵਿਚ ਗੱਠਜੋੜ ਦੀਆਂ ਚਰਚਾਵਾਂ ਜ਼ਰੂਰ ਚੱਲੀਆਂ ਨੇ। ਵੱਡੇ ਬਾਦਲ ਦੀ ਮੌਤ ਪਿੱਛੋਂ ਖੁਦ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਉਚੇਚੇ ਤੌਰ 'ਤੇ ਚੰਡੀਗੜ੍ਹ ਪੁੱਜ ਕੇ ਪਰਵਾਰ ਨਾਲ ਦੁੱਖ ਸਾਂਝਾ ਕੀਤਾ ਅਤੇ ਸ. ਬਾਦਲ ਦੇ ਕੌਮੀ ਰਾਜਨੀਤੀ ਵਿਚ ਯੋਗਦਾਨ ਬਾਰੇ ਅਖਬਾਰਾਂ ਲਈ ਲੇਖ ਵੀ ਲਿਖਿਆ। ਅੰਤਿਮ ਅਰਦਾਸ ਮੌਕੇ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਵੀ ਬਾਦਲ ਪਿੰਡ ਜਾ ਕੇ ਸ਼ਰਧਾਂਜਲੀ ਭੇਟ ਕੀਤੀ। ਇਸ ਮੌਕੇ ਵੀ ਬੀਜੇਪੀ ਅਤੇ ਅਕਾਲੀ ਲੀਡਰ ਮੁੜ ਨਹੁੰ-ਮਾਸ ਦੇ ਰਿਸ਼ਤੇ ਨੂੰ ਜੋੜਨ ਲਈ ਉਤਸੁਕ ਦਿਸੇ ਸਨ। ਭਵਿੱਖ ਵਿਚ ਦੋਵਾਂ ਪਾਰਟੀਆਂ ਦੇ ਗੱਠਜੋੜ ਦੀਆਂ ਸੰਭਾਵਨਾਵਾਂ ਮੌਜੂਦ ਨੇ। ਬੀਜੇਪੀ ਦਾ ਸ਼ਹਿਰੀ ਅਤੇ ਅਕਾਲੀ ਦਲ ਦਾ ਪੇਂਡੂ ਆਧਾਰ ਮਿਲ ਕੇ ਚੰਗਾ ਬਦਲ ਦੇਣ ਲਈ ਉੱਭਰ ਸਕਦੈ। ਅਕਾਲੀ ਦਲ ਇਸ ਸਮੇਂ ਵੱਡੇ ਸੰਕਟ ਵਿੱਚੋਂ ਲੰਘ ਰਿਹੈ। ਜੇਕਰ ਇਸ ਸਮੇਂ ਇਸ ਦੇ ਖਿੱਲਰੇ ਧੜੇ ਸਮੇਂ ਦੀ ਨਜ਼ਾਕਤ ਨੂੰ ਦੇਖਦੇ ਏਕਤਾ ਨਹੀਂ ਕਰਦੇ ਤਾਂ ਮੁੜ ਵਾਪਸੀ ਕਾਫੀ ਦੂਰ ਨਜ਼ਰ ਆਉਂਦੀ ਹੈ।

**ਰਾਜਨੀਤਕ ਦਿਸ਼ਾ**

ਜੇਤੂ ਧਿਰ ਇਸ ਜਿੱਤ ਨੂੰ 'ਆਪ' ਸਰਕਾਰ ਦੀ ਇਕ ਸਾਲ ਦੀ ਸ਼ਾਨਦਾਰ ਕਾਰਗੁਜ਼ਾਰੀ ਅਤੇ ਮੁਫਤ ਬਿਜਲੀ ਆਦਿ ਸਹੂਲਤਾਂ 'ਤੇ ਜਨਤਾ ਵੱਲੋਂ ਲਗਾਈ ਮੋਹਰ ਦੱਸ ਰਹੀ ਹੈ। ਜੇਕਰ ਪਾਰਟੀ ਦੇ ਹੱਕ ਵਿਚ 34 % ਵੋਟ ਭੁਗਤੀ, ਤਾਂ ਸਪੱਸ਼ਟ ਹੈ ਕਿ 66% ਵੋਟ ਉਲਟ ਵੀ ਪਈ। ਵਿਰੋਧੀ ਧਿਰਾਂ 'ਆਪ' ਵਲੋਂ ਮਸ਼ੀਨਰੀ ਦੇ ਜ਼ੋਰ ਧੱਕੇਸ਼ਾਹੀ ਕਰਾਰ ਦਿੰਦੀਆਂ ਨੇ। ਕੁੱਝ ਵੀ ਹੋਵੇ, ਜਿੱਤ ਤਾਂ ਆਖਿਰ ਜਿੱਤ ਹੀ ਹੁੰਦੀ ਹੈ। ਇਸ ਜਿੱਤ ਨਾਲ ਮੁੱਖ ਮੰਤਰੀ ਦੇ ਪ੍ਰਭਾਵ ਵਿਚ ਵਾਧਾ ਹੋਇਆ ਸਪੱਸ਼ਟ ਝਲਕਦੈ ਅਤੇ ਭਵਿੱਖ ਵਿਚ ਉਹ ਬਾਹਰਲੇ ਦਖਲ 'ਚੋਂ ਨਿਕਲਣ ਦਾ ਪ੍ਰਭਾਵ ਦੇਣ ਦੇ ਸਮਰੱਥ ਹੋ ਸਕਦੇ ਨੇ। ਇਹ ਵੀ ਸਪੱਸ਼ਟ ਹੋਇਆ ਕਿ ਮਹਿੰਗਾਈ ਦੀ ਮਾਰ ਹੇਠ ਪਿੱਸ ਰਹੀ ਜਨਤਾ ਚੰਗੀਆਂ ਸਹੂਲਤਾਂ ਤੋਂ ਜ਼ਰੂਰ ਪ੍ਰਭਾਵਤ ਹੁੰਦੀ ਹੈ। ਹੁਣ ਸਰਕਾਰ ਨੂੰ ਪੂਰਾ ਧਿਆਨ ਸੂਬੇ ਨੂੰ ਵੱਡੇ ਕਰਜ਼ੇ ਦੇ ਬੋਝ ਤੋਂ ਕੱਢ ਕੇ ਬਾਕੀ ਦੇ ਰਹਿੰਦੇ ਚੋਣ ਵਾਅਦੇ ਪੂਰੇ ਕਰਨ 'ਤੇ ਦੇਣਾ ਹੋਵੇਗਾ।

**# ਸੰਪਰਕ : 99158-36543**

18-MAY-PAGE-5.qxd 5/17/2023 10:41 PM Page 1



# ਜਨਤਾ ਦੀ ਸਹੂਲਤ ਲਈ ਬਣਿਆ ਪੁਲ, ਸਰਵਿਸ ਰੋਡ ਤੰਗ ਹੋਣ ਕਾਰਨ ਦੁਕਾਨਦਾਰਾਂ 'ਚ ਰੋਸ

**ਸ੍ਰੀ ਮੁਕਤਸਰ ਸਾਹਿਬ, (ਸ਼ਮਿੰਦਰਪਾਲ/ਪੂਜਾ)** ਪੰਜਾਬ ਸਰਕਾਰ ਤੇ ਜ਼ਿਲ੍ਹਾ ਪ੍ਰਸ਼ਾਸਨ ਦੀਆਂ ਕੋਸ਼ਿਸ਼ਾਂ ਸਦਕਾ ਮੁਕਤਸਰ-ਜਲਾਲਾਬਾਦ ਰੋਡ ਦੇ ਫਾਟਕ ਨੰਬਰ ਬੀ-30 'ਤੇ ਉਸਾਰੀ ਅਧੀਨ ਪੁਲ ਮੁਕੰਮਲ ਹੋਣ 'ਤੇ ਚੱਲ ਰਿਹਾ ਹੈ। ਸ਼ਹਿਰ ਵਾਸੀਆਂ ਵਿਚ ਪੁਲ ਚਾਲੂ ਹੋਣ ਨਾਲ ਖੁਸ਼ੀ ਪਾਈ ਜਾ ਰਹੀ ਹੈ। ਪਰ ਫਾਟਕ ਤੋਂ ਲੈ ਕੇ ਸਾਇਨ ਪਾਇਲ ਸਿਨੇਮੇ ਤੱਕ ਪੁਲ਼ ਦੇ ਦੋਵੇਂ ਪਾਸੇ ਸਰਵਿਸ ਰੋਡ ਤੰਗ ਹੋਣ ਕਾਰਨ ਰੋਸ ਵੀ ਪਾਇਆ ਜਾ ਰਿਹਾ ਹੈ।

ਅਮ੍ਰਿਤ ਖੁਰਾਣਾ ਪ੍ਰਧਾਨ ਗਊਸ਼ਾਲਾ ਦਾ ਕਹਿਣਾ ਹੈ ਕਿ ਰਾਈਟਸ ਕੰਪਨੀ ਲਿਮ. ਦੇ ਅਨੁਸਾਰ ਪੁਲ ਲਈ ਜ਼ਮੀਨੀ ਚੌੜਾਈ 73 ਫੁੱਟ ਹੋਣੀ ਚਾਹੀਦੀ ਹੈ। ਫਾਟਕ ਤੋਂ ਲੈ ਕੇ ਰਾਮਾ ਕ੍ਰਿਸ਼ਨਾ ਸਕੂਲ ਤੱਕ ਸੜਕ ਦੀ ਚੌੜਾਈ 57 ਫੁੱਟ ਤੇ ਬਦਰਰਾਓ ਖਾਲੇ ਦੀ ਚੌੜਾਈ 23 ਫੁੱਟ ਪਾ ਕੇ 80 ਫੁੱਟ ਹੋ ਜਾਂਦੀ ਹੈ, ਪਰ ਅਲਾਈਨਮੈਂਟ ਬਦਲਣ ਕਾਰਨ ਪੁਲ ਸਟੇਸ਼ਨ ਵੱਲ ਹੋ ਗਿਆ, ਜਿਸ ਕਾਰਨ ਫਾਟਕ ਤੋਂ ਲੈ ਕੇ ਸਾਈਨ ਪਾਇਲ ਸਿਨੇਮੇ ਤੱਕ ਪੁਲ ਦੇ ਸੱਜੇ ਪਾਸੇ ਸਰਵਿਸ ਰੋਡ ਦੀ ਚੌੜਾਈ 22 ਫੁੱਟ ਦੀ ਬਜਾਏ 10-12 ਫੁੱਟ ਹੀ ਰਹਿ ਗਈ, ਜਿਸ ਕਾਰਨ ਸਰਵਿਸ ਰੋਡ 'ਤੇ ਆਵਾਜਾਈ ਸੰਭਵ ਨਹੀਂ ਹੈ। ਇਸੇ ਤਰ੍ਹਾਂ ਰਾਮਾ ਕ੍ਰਿਸ਼ਨਾ ਸਕੂਲ ਤੋਂ ਸਿਨੇਮੇ ਤੱਕ ਸੜਕ ਦੀ ਚੌੜਾਈ 57 ਫੁੱਟ ਤੋਂ ਘੱਟ ਹੋਣ ਕਾਰਨ ਸਰਵਿਸ ਰੋਡ ਦੀ ਚੌੜਾਈ 22 ਫੁੱਟ ਦੀ ਬਜਾਏ 12-13 ਫੁੱਟ ਹੀ ਰਹਿ ਗਈ, ਜਿਸ ਕਾਰਨ ਕੋਈ ਵੀ ਵਹੀਕਲ ਇਸ ਰੋਡ 'ਤੇ ਆ ਜਾ ਨਹੀਂ ਸਕਦਾ, ਜਿਸ ਕਾਰਨ ਕਈ ਦੁਕਾਨਦਾਰਾਂ ਦਾ ਕੰਮ ਫੇਲ੍ਹ ਹੋ ਗਿਆ ਹੈ ਅਤੇ ਕਈ ਦੁਕਾਨਦਾਰ ਆਪਣੀਆਂ ਦੁਕਾਨਾਂ ਬੰਦ ਕਰਕੇ ਚਲੇ ਗਏ ਹਨ।

ਦੁਕਾਨਦਾਰਾਂ ਦਾ ਕਹਿਣਾ ਹੈ ਕਿ ਸਾਡੇ ਕੋਲੋਂ ਪੁਲ਼ ਦੀ ਜਗ੍ਹਾ ਪੂਰੀ ਕਰਨ ਲਈ 10-10 ਫੁੱਟ ਜਗ੍ਹਾ ਦੀ ਮੰਗ ਕੀਤੀ ਸੀ ਅਤੇ ਅਸੀਂ ਜਗ੍ਹਾ ਦੇਣ ਲਈ ਵੀ ਤਿਆਰ ਸੀ। ਪਰ ਬਾਅਦ ਵਿਚ ਪੁਲ ਦਾ ਵਿਭਾਗ ਚੁੱਪ ਕਰ ਗਿਆ ਅਤੇ ਹੁਣ ਦੁਕਾਨਦਾਰਾਂ ਦੇ ਭੁੱਖੇ ਮਰਨ ਦੀ ਨੌਬਤ ਆ ਗਈ ਹੈ। ਫਰਵਰੀ 2019 ਤੋਂ ਜਲਾਲਾਬਾਦ ਰੋਡ ਦਾ ਫਾਟਕ ਪੱਕੇ ਤੌਰ 'ਤੇ ਬੰਦ ਹੋ ਗਿਆ, ਜਿਸ ਕਾਰਨ ਲੋਕ ਆਰ-ਪਾਰ ਨਹੀਂ ਜਾ ਸਕਦੇ ਅਤੇ ਦੁਕਾਨਦਾਰਾਂ ਦਾ ਕੰਮ ਪ੍ਰਭਾਵਿਤ ਹੋਇਆ ਹੈ। ਅਮ੍ਰਿਤ ਖੁਰਾਣਾ ਪ੍ਰਧਾਨ ਗਊਸ਼ਾਲਾ, ਪੰਕਜ ਗਰੋਵਰ, ਤਰਸੇਮ ਕੁਮਾਰ, ਸੁਰਿੰਦਰ ਕੁਮਾਰ ਦਾਬੜਾ ਤੇ ਹੋਰ ਦੁਕਾਨਦਾਰਾਂ ਨੇ ਜ਼ਿਲ੍ਹਾ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਸਰਵਿਸ ਰੋਡ ਪੂਰੀ ਕਰਨ ਲਈ ਜਗ੍ਹਾ ਅਕਵਾਇਰ ਕੀਤੀ ਜਾਵੇ ਤੇ ਅਦਾਇਗੀ ਕਰਨ ਤੋਂ ਬਾਅਦ ਸਰਵਿਸ ਰੋਡ ਪੂਰੀ ਕੀਤੀ ਜਾਵੇ, ਤਾਂ ਜੁ ਟ੍ਰੈਫ਼ਿਕ ਸੁਚਾਰੂ ਢੰਗ ਨਾਲ ਚਲਾਇਆ ਜਾ ਸਕੇ।

ਪੁਲ ਦੇ ਦੋਵੇਂ ਪਾਸੇ ਕਈ ਜਗ੍ਹਾ 'ਤੇ ਸਰਕਾਰੀ ਜਗ੍ਹਾ ਵੀ ਖਾਲੀ ਪਈ ਹੈ, ਜਿਥੇ ਲੋਕਾਂ ਨੇ ਨਜਾਇਜ਼ ਕਬਜ਼ਾ ਕੀਤਾ ਹੋਇਆ ਹੈ। ਇਸ ਨੂੰ ਵੀ ਸਰਵਿਸ ਰੋਡ ਵਿੱਚ ਸ਼ਾਮਲ ਕੀਤਾ ਜਾਵੇ। ਬਾਗ ਵਾਲੀ ਅਤੇ ਠੇਕੇ ਵਾਲੀ ਗਲੀ ਦੇ ਨਿਵਾਸੀਆਂ ਨੇ ਸ਼ਹਿਰ ਵੱਲ ਆਉਣਾ ਜਾਣਾ ਹੁੰਦਾ ਹੈ। ਉਨ੍ਹਾਂ ਨੂੰ ਪੁਲ ਤੋਂ ਉਤਰਣ ਲਈ ਯੂ ਟਰਨ ਲਈ ਕੋਈ ਰਾਸਤਾ ਨਹੀਂ ਹੈ। ਇਸ ਲਈ ਲੋਕਾਂ ਦੀ ਮੰਗ ਹੈ ਕਿ ਸਰਵਿਸ ਰੋਡ ਪੂਰੀ ਕੀਤੀ ਜਾਵੇ ਤਾਂ ਜੁ ਲੋਕ ਪੁਲ ਦਾ ਸਹੀ ਤਰੀਕੇ ਨਾਲ ਫ਼ਾਇਦਾ ਲੈ ਸਕਣ।

13 ਫਰਵਰੀ ਨੂੰ ਫਾਟਕ ਬੰਦ ਕਰਨ ਤੋਂ ਉਪਰੰਤ ਹੈਵੀ ਟ੍ਰੈਫ਼ਿਕ ਬੂੜਾ ਗੁੱਜਰ ਰੋਡ 'ਤੇ ਡਾਇਵਰਟ ਕਰ ਦਿੱਤਾ ਗਿਆ। ਜ਼ਰੂਰੀ ਹੈ ਕਿ ਬੂੜਾ ਗੁੱਜਰ ਲੰਕ ਰੋਡ ਕੈਟਾਗਿਰੀ ਵਿੱਚ ਆਉਂਦੀ ਹੈ ਤੇ ਹੈਵੀ ਟ੍ਰੈਫ਼ਿਕ ਦੇ ਸਮਰੱਥ ਨਹੀਂ ਹੈ। ਪੰਜ ਸਕੂਲ ਹੋਣ ਕਾਰਨ ਹਰ ਵੇਲੇ ਹਾਦਸੇ ਦਾ ਖਤਰਾ ਬਣਿਆ ਰਹਿੰਦਾ ਹੈ। ਬੂੜਾ ਗੁੱਜਰ ਰੋਡ ਦੇ ਨਿਵਾਸੀ ਮੋਹਕਮ ਸਿੰਘ, ਮਹਿਬੂਬ ਸਿੰਘ ਗਿੱਲ, ਬਲਜੀਤ ਸਿੰਘ, ਵਿਜੈ ਕੁਮਾਰ ਬਾਂਸਲ, ਚੌ. ਦੌਲਤ ਰਾਮ, ਰਿਟਾਇਰਡ ਪਟਵਾਰੀ ਪ੍ਰਮੋਦ ਕੁਮਾਰ ਆਰੀਆ ਆਦਿ ਨੇ ਜ਼ਿਲ੍ਹਾ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਬੂੜਾ ਗੁੱਜਰ ਰੋਡ ਤੋਂ ਹੈਵੀ ਟ੍ਰੈਫ਼ਿਕ ਬੰਦ ਕੀਤਾ ਜਾਵੇ।

# ਦੇਸ਼ ਭਗਤ 'ਵਰਸਿਟੀ ਤੇ ਹੋਲਾ ਇੰਡੀਆ ਵੱਲੋਂ ਸਪੇਨ ਦਾ ਟੂਰ

**ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**- ਦੇਸ਼ ਭਗਤ ਯੂਨੀਵਰਸਿਟੀ, ਮੰਡੀ ਗੋਬਿੰਦਗੜ੍ਹ ਵਲੋਂ ਹੋਲਾ ਇੰਡੀਆ ਦੇ ਸਹਿਯੋਗ ਨਾਲ ਸਪੇਨ ਦੀ 2 ਹਫਤਿਆਂ ਦੇ ਟੂਰ ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਸ ਟੂਰ ਦਾ ਥੀਮ "ਡਿਸਕਵਰਿੰਗ ਸਪੇਨ" ਹੈ। ਇਸ ਬਾਰੇ ਜਾਣਕਾਰੀ ਦੇਣ ਲਈ ਦੇਸ਼ ਭਗਤ ਯੂਨੀਵਰਸਿਟੀ ਵਿਖੇ ਇੱਕ ਵਿਸ਼ੇਸ਼ ਲੈਕਚਰ ਦਾ ਆਯੋਜਨ ਕੀਤਾ ਗਿਆ ਤਾਂ ਜੋ ਇਸ ਟੂਰ ਬਾਰੇ ਵਿਸਥਾਰਪੂਰਵਕ ਜਾਣਕਾਰੀ ਸਾਂਝੀ ਕੀਤੀ ਜਾ ਸਕੇ। ਸੀਮਾ ਪਠਾਣ, ਅਪਰੇਸ਼ਨਲ ਮੈਨੇਜਰ ਨੇ ਇਸ ਸਮਾਗਮ ਵਿੱਚ ਸ਼ਾਮਲ ਹੋਏ ਡਾ. ਜ਼ੋਰਾ ਸਿੰਘ, ਚਾਂਸਲਰ, ਦੇਸ਼ ਭਗਤ ਯੂਨੀਵਰਸਿਟੀ ਦਾ ਮੁੱਖ ਮਹਿਮਾਨ ਅਤੇ ਡਾ. ਤਜਿੰਦਰ ਕੌਰ, ਪ੍ਰੋ ਚਾਂਸਲਰ, ਡਾ. ਵਰਿੰਦਰ ਸਿੰਘ, ਵਾਈਸ ਚਾਂਸਲਰ, ਡਾ. ਐਲ.ਐਸ. ਬੇਦੀ, ਡੀਨ ਅਕਾਦਮਿਕ ਮਾਮਲੇ, ਕਰਨਲ ਪਰਦੀਪ ਕੁਮਾਰ, ਰਜਿਸਟਰਾਰ ਦਾ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਣ ਤੇ ਜੀ ਆਇਆਂ ਆਖਿਆ ਅਤੇ ਹੋਲਾ ਇੰਡੀਆ ਦੇ ਡਾਇਰੈਕਟਰ ਰਿਤੇਸ਼ ਵਸ਼ਿਸ਼ਟ ਇਸ ਸਮਾਗਮ ਦੇ ਵਿੱਚ ਮੁਖ ਬੁਲਾਰੇ ਸ਼ਾਮਲ ਹੋਏ। ਡਾ. ਜ਼ੋਰਾ ਸਿੰਘ ਮਾਣਯੋਗ ਚਾਂਸਲਰ, ਨੇ ਕਿਹਾ ਕਿ ਡੀਬੀਯੂ ਅਤੇ ਹੋਲਾ ਇੰਡੀਆ ਦਾ ਮੰਤਵ ਭਾਰਤ ਵਿੱਚ ਸਪੈਨਿਸ਼ ਭਾਸ਼ਾ, ਸਾਹਿਤ ਅਤੇ ਸੱਭਿਆਚਾਰ ਦੇ ਅਧਿਐਨ ਨੂੰ ਅੱਗੇ ਵਧਾਉਣਾ ਹੈ। ਡਾ. ਜ਼ੋਰਾ ਸਿੰਘ ਨੇ ਇਹ ਵੀ ਸਾਂਝਾ ਕੀਤਾ ਕਿ ਦੇਸ਼ ਭਗਤ ਯੂਨੀਵਰਸਿਟੀ ਦੇ ਵਿਦਿਆਰਥੀ ਇਸ ਮੌਕੇ ਰਾਹੀਂ ਉੱਚ ਪੱਧਰੀ ਭਾਸ਼ਾ ਦੀ ਸਿਖਲਾਈ ਅਤੇ ਮੁਹਾਰਤ ਵਾਲੇ ਭਾਰਤੀ ਅਤੇ ਵਿਦੇਸ਼ੀ ਫੈਕਲਟੀ ਮੈਂਬਰਾਂ ਦੀ ਵਿਆਪਕ ਅਧਿਆਪਨ ਮੁਹਾਰਤ ਦਾ ਵੱਧ ਤੋਂ ਵੱਧ ਲਾਭ ਉਠਾਉਣ ਦੇ ਯੋਗ ਹੋਣਗੇ। ਰਿਤੇਸ਼ ਵਸ਼ਿਸ਼ਟ, ਡਾਇਰੈਕਟਰ, ਹੋਲਾ ਇੰਡੀਆ ਨੇ ਜਾਣਕਾਰੀ ਸਾਂਝੀ ਕਰਦਿਆਂ ਕਿਹਾ ਕਿ ਇਹ ਟੂਰ, ਮਨੋਰੰਜਨ ਅਤੇ ਗਿਆਨ ਦਾ ਸੁਮੇਲ ਹੈ। ਉਨ੍ਹਾਂ ਇਹ ਵੀ ਕਿਹਾ ਕਿ ਯੂਨੀਵਰਸਿਟੀ ਦੇ ਵਿਦਿਆਰਥੀਆਂ ਅਤੇ ਫੈਕਲਟੀ ਮੈਂਬਰਾਂ ਲਈ 40 ਘੰਟੇ ਦੇ ਸਪੈਨਿਸ਼ ਕੋਰਸ ਸਿੱਖਣ ਤੇ ਇਕ ਸਰਟੀਫੀਕੇਟ ਵੀ ਦਿੱਤਾ ਜਾਵੇਗਾ। ਇਸ ਟੂਰ ਵਿੱਚ ਸਪੈਨਿਸ਼ ਕਲਾਸਾਂ, ਮੈਡਰਿਡ ਯੂਨੀਵਰਸਿਟੀ, ਬੋਰਡਿੰਗ,ਕੈਂਪਸ ਵਿੱਚ ਰਿਹਾਇਸ਼, ਮੈਡੀਕਲ ਬੀਮਾ, ਵੀਜ਼ਾ ਫੀਸ ਅਤੇ ਪ੍ਰੋਸੈਸਿੰਗ, ਟ੍ਰਾਂਸਪੋਟੇਸ਼ਨ ਸ਼ਾਮਲ ਹੈ। ਸੀਮਾ ਪਠਾਣ ਨੇ ਦੱਸਿਆ ਕਿ ਇਸ ਪ੍ਰੋਗਰਾਮ ਵਿੱਚ 250 ਤੋਂ ਵੱਧ ਵਿਦਿਆਰਥੀਆਂ ਨੇ ਭਾਗ ਲਿਆ।



# ਕਿਰਤੀ ਕਿਸਾਨ ਯੂਨੀਅਨ ਬਡਬਰ ਇਕਾਈ ਦੀ ਮੀਟਿੰਗ



**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ, ਕੁਲਦੀਪ ਅਤਰੀ)**-ਕਿਰਤੀ ਕਿਸਾਨ ਯੂਨੀਅਨ ਦੀ ਇਕਾਈ ਬਡਬਰ ਦੀ ਮੀਟਿੰਗ ਸੂਬਾ ਆਗੂ ਭੁਪਿੰਦਰ ਸਿੰਘ ਲੌਂਗੋਵਾਲ ਦੀ ਅਗਵਾਈ ਹੇਠ ਹੋਈ। ਕਿਰਤੀ ਕਿਸਾਨ ਯੂਨੀਅਨ ਦੀ ਸੂਬਾ ਕਮੇਟੀ ਵੱਲੋਂ ਹਰੇਕ ਖੇਤ ਤੱਕ ਨਹਿਰੀ ਪਾਣੀ ਪਹੁੰਚਾਉਣ, ਬਦਲਵੇਂ ਖੇਤੀ ਮਾਡਲ, ਵਾਹਗਾ ਤੇ ਹੁਸੈਨੀਵਾਲਾ ਬਾਰਡਰ ਰਾਹੀਂ ਭਾਰਤ-ਪਾਕਿਸਤਾਨ ਵਪਾਰ ਖੋਲ੍ਹਣ, ਕਿਸਾਨਾਂ ਦੀ ਕਰਜ਼ਾ ਮੁਕਤੀ, ਸੂਬਿਆਂ ਨੂੰ ਵੱਧ ਅਧਿਕਾਰਾਂ ਦੀਆਂ ਮੰਗਾਂ ਨੂੰ ਲੈ ਕੇ 26 ਮਈ ਨੂੰ ਮੋਗਾ ਦੀ ਅਨਾਜ ਮੰਡੀ ਵਿੱਚ ਕਿਰਤੀ ਕਿਸਾਨ ਯੂਨੀਅਨ ਵੱਲੋਂ ਕੀਤੀ ਜਾ ਰਹੀ ਵਿਸ਼ਾਲ ਰੈਲੀ ਦੀਆਂ ਤਿਆਰੀਆਂ ਸੰਬੰਧੀ ਚਰਚਾ ਕੀਤੀ ਗਈ।

ਪਿੰਡ ਵਿੱਚੋਂ ਕਿਸਾਨਾਂ ਦੀ ਵੱਡੀ ਲਾਮਬੰਦੀ ਕਰਕੇ ਸ਼ਾਮਲ ਹੋਣ ਦਾ ਫੈਸਲਾ ਕੀਤਾ ਗਿਆ। ਮੀਟਿੰਗ ਨੂੰ ਸੰਬੋਧਨ ਕਰਦਿਆਂ ਸੂਬਾ ਆਗੂ ਭੁਪਿੰਦਰ ਸਿੰਘ ਲੌਂਗੋਵਾਲ ਨੇ ਦੱਸਿਆ ਕਿ ਮੌਜੂਦਾ ਸਮੇਂ ਪੰਜਾਬ ਖੇਤੀ ਸੰਕਟ ਵਿੱਚੋਂ ਲੰਘ ਰਿਹਾ ਹੈ,ਪੰਜਾਬ ਦਾ ਧਰਤੀ ਹੇਠਲੇ ਪਾਣੀ ਦਾ ਲਗਾਤਾਰ ਡੂੰਘਾ ਹੋਣ ਅਤੇ ਪੰਜਾਬ ਦੇ ਹਰੇਕ ਖੇਤ ਨੂੰ ਨਹਿਰੀ ਪਾਣੀ ਨਾ ਲੱਗਣ ਅਤੇ ਕਿਸਾਨਾਂ ਦੀ ਕਰਜ਼ੇ ਦੀ ਸਮੱਸਿਆ ਹੈ। ਕਿਰਤੀ ਕਿਸਾਨ ਯੂਨੀਅਨ ਵੱਲੋਂ ਮੰਗ ਕੀਤੀ ਹੈ ਕਿ ਪੰਜਾਬ ਵਿੱਚ ਸਾਮਰਾਜੀ ਖੇਤੀ ਮਾਡਲ ਦੀ ਥਾਂ ਤੇ ਕੁਦਰਤ ਪੱਖੀ, ਮਨੁੱਖ ਪੱਖੀ ਅਤੇ ਸਥਾਨਕ ਲੋੜਾਂ ਮੁਤਾਬਕ ਖੇਤੀ ਮਾਡਲ ਤਿਆਰ ਕੀਤਾ ਜਾਵੇ ਅਤੇ ਸਰਕਾਰ ਵੱਖ ਵੱਖ ਜ਼ੋਨਾਂ ਵਿੱਚ ਬੀਜੀਆਂ ਫਸਲਾਂ ਨੂੰ ਸੁਆਮੀਨਾਥਨ ਦੇ 2+ 50% ਫਾਰਮੂਲੇ ਤਹਿਤ ਸਰਕਾਰੀ ਖਰੀਦ ਦੀ ਗਰੰਟੀ ਕਰੇ। ਬੇਰੁਜ਼ਗਾਰੀ ਨੂੰ ਦੂਰ ਕਰਨ ਲਈ ਖੇਤੀ ਅਧਾਰਤ ਸਨਅਤ ਪੰਜਾਬ ਵਿੱਚ ਲਾਈ ਜਾਵੇ ਅਤੇ ਪੰਜਾਬ ਦੇ ਵਪਾਰ ਨੂੰ ਹੁਲਾਰਾ ਦੇਣ ਲਈ ਵਾਹਗਾ ਅਤੇ ਹੁਸੈਨੀਵਾਲਾ ਬਾਰਡਰ ਰਾਹੀਂ ਪਾਕਿਸਤਾਨ ਨਾਲ ਸੜਕ ਰਸਤੇ ਵਪਾਰ ਖੋਲ੍ਹਿਆ ਜਾਵੇ ਕਿਉਂਕਿ ਜਿੱਥੇ ਇੱਕ ਪਾਸੇ ਚੀਨ ਨਾਲ ਵੱਡੀ ਪੱਧਰ 'ਤੇ ਵਪਾਰ ਕੀਤਾ ਜਾ ਰਿਹਾ ਹੈ, ਦੂਜੇ ਪਾਸੇ ਪਾਕਿਸਤਾਨ ਨਾਲ ਵੀ ਵਪਾਰ ਕੀਤਾ ਜਾ ਸਕਦਾ ਹੈ ਜਿਸ ਨਾਲ ਸਾਡੇ ਦੇਸ਼ ਦਾ ਆਰਥਕ ਲਾਭ ਵੀ ਹੋਵੇਗਾ। ਇਸੇ ਤਰਾਂ ਮੋਗਾ ਰੈਲੀ ਵਿਚ ਕਿਸਾਨਾਂ ਦੀ ਕਰਜ਼ਾ ਮੁਕਤੀ ਸਮੇਤ ਦਰਿਆਈ ਪਾਣੀਆਂ ਦਾ ਮਸਲਾ ਰਿਪੇਰੀਅਨ ਸਿਧਾਂਤ ਅਨੁਸਾਰ ਹੱਲ ਕਰਨ ਅਤੇ ਪੰਜਾਬ ਦੇ ਅਧਿਕਾਰਾਂ 'ਤੇ ਕੇਂਦਰ ਵੱਲੋਂ ਮਾਰੇ ਜਾ ਰਹੇ ਡਾਕੇ ਦੇ ਖਿਲਾਫ ਅਵਾਜ਼ ਬੁਲੰਦ ਕੀਤੀ ਜਾਵੇਗੀ। ਅੱਜ ਦੀ ਮੀਟਿੰਗ ਵਿੱਚ ਪਿੰਡ ਵਿੱਚ ਪੋਸਟਰ ਲਾ ਕੇ ਅਤੇ ਲੀਫਲੈਟ ਵੰਡ ਕੇ ਲਾਮਬੰਦੀ ਕਰਨ ਅਤੇ ਛਿਮਾਹੀ ਫੰਡ ਇਕੱਠਾ ਕਰਨ ਦਾ ਫੈਸਲਾ ਕੀਤਾ। ਇਸ ਸਮੇਂ ਇਕਾਈ ਪ੍ਰਧਾਨ ਮਲਕੀਤ ਸਿੰਘ ਗਿੱਲ, ਮੀਤ ਪ੍ਰਧਾਨ ਜਸਪ੍ਰੀਤ ਸਿੰਘ, ਮੀਤ ਪ੍ਰਧਾਨ ਜੰਗੀਰ ਸਿੰਘ, ਕਸ਼ਮੀਰ ਸਿੰਘ, ਬਲਵੀਰ ਸਿੰਘ ਸਮੇਤ ਇਕਾਈ ਦੇ ਆਗ ਹਾਜ਼ਰ ਸਨ।

## ਕਾਤਰਾਂ

### ਰਾਸ਼ਟਰੀ ਡੇਂਗੂ ਦਿਵਸ ਮਨਾਇਆ

**ਕੋਟ ਈਸੇ ਖਾਂ, (ਅਰੋੜਾ)** ਕਮਿਊਨਿਟੀ ਹੈਲਥ ਸੈਂਟਰ ਵਿਖੇ ਰਾਸ਼ਟਰੀ ਡੇਂਗੂ ਦਿਵਸ ਮਨਾਇਆ ਗਿਆ। ਡਾ. ਸਮਰਪ੍ਰੀਤ ਕੌਰ ਸੋਢੀ ਨੇ ਦੱਸਿਆ ਕਿ ਡੇਂਗੂ ਇਲਾਜ ਯੋਗ ਹੈ ਤੇ ਡੇਂਗੂ ਏਡੀਜ ਨਾਂਅ ਦੇ ਮੱਛਰ ਦੇ ਕੱਟਣ ਨਾਲ ਫੈਲਦਾ ਹੈ। ਇਹ ਮੱਛਰ ਸਾਫ਼ ਅਤੇ ਪਾਣੀ ਦੇ ਸੋਮਿਆਂ ਵਿਚ ਪੈਦਾ ਹੁੰਦਾ ਹੈ ਅਤੇ ਇਹ ਸਿਰਫ ਦਿਨ ਵੇਲੇ ਕੱਟਦਾ ਹੈ। ਬਲਾਕ ਐਜੂਕੇਟਰ ਹਰਪ੍ਰੀਤ ਕੌਰ ਨੇ ਦੱਸਿਆ ਕਿ ਡੇਂਗੂ ਵਿਚ ਤੇਜ਼ ਬੁਖਾਰ, ਸਿਰ ਦਰਦ, ਮਾਸ ਪੇਸ਼ੀਆਂ ਵਿੱਚ ਦਰਦ, ਚਮੜੀ ਦੇ ਦਾਣੇ, ਅੱਖਾਂ ਦੇ ਪਿਛਲੇ ਹਿੱਸੇ ਵਿਚ ਦਰਦ, ਮਸੂੜਿਆਂ ਅਤੇ ਨੱਕ ਵਿਚ ਖ਼ੂਨ ਆ ਸਕਦਾ ਹੈ। ਡੇਂਗੂ ਤੋਂ ਬਚਾਓ ਲਈ ਕੂਲਰਾਂ ਤੇ ਗਮਲਿਆਂ ਦੀਆਂ ਟਰੇਆਂ ਵਿੱਚ ਖੜੇ ਪਾਣੀ ਨੂੰ ਹਫਤੇ ਵਿੱਚ ਇੱਕ ਵਾਰ ਜ਼ਰੂਰ ਸਾਫ ਕਰੋ। ਇਸ ਮੌਕੇ ਡਾ. ਸੁਖਮਨਦੀਪ ਕੌਰ, ਡਾ. ਰਣਜੀਤ ਥਿੰਦ, ਕੁਲਵੰਤ ਕੌਰ, ਵਿਕਰਮ ਸਿੰਘ, ਰਾਜੇਸ਼ ਗਾਬਾ, ਸਿਮਰਜੀਤ ਕੌਰ, ਗੁਰਜਸਪ੍ਰੀਤ ਸਿੰਘ, ਰਾਣੀ, ਹਰਸ਼ਰਨ ਸਿੰਘ, ਸਤਿੰਦਰ ਕੌਰ ਤੇ ਸਮੂਹ ਸਟਾਫ਼ ਹਾਜ਼ਰ ਰਹੇ।

### ਦੋ ਰਿਫਿਊਜਲ ਹੋਣ ਦੇ ਬਾਵਜੂਦ ਲਗਵਾਇਆ ਕੈਨੇਡਾ ਦਾ ਸਟੱਡੀ ਵੀਜ਼ਾ

**ਬਾਘਾ ਪੁਰਾਣਾ (ਮਨੀ ਸਿੰਗਲਾ )**- ਇੰਗਲਿਸ਼ ਸਟੂਡੀਓ ਸੰਸਥਾ ਜੋ ਕਿ ਕੋਟਕਪੂਰਾ ਰੋਡ ਉਤੇ ਬਾਘਾ ਪੁਰਾਣਾ ਵਿਖੇ ਪੈਟ੍ਰੋਲ ਪੰਪ ਦੇ ਸਾਹਮਣੇ ਹੈ, ਇਥੇ ਵਿਦਿਆਰਥੀਆਂ ਨੂੰ ਸਾਰੀਆਂ ਆਧੁਨਿਕ ਅਤੇ ਬੁਨਿਆਦੀ ਸਹੂਲਤਾਂ ਪ੍ਰਧਾਨ ਕੀਤੀਆਂ ਜਾਂਦੀਆਂ ਹਨ। ਇਥੇ ਆਈਲੈਟਸ ਕਰਕੇ ਵਿਦਿਆਰਥੀ ਆਪਣੇ ਵਿਦੇਸ਼ ਜਾਣ ਦੇ ਸੁਪਨਿਆਂ ਨੂੰ ਸਾਕਾਰ ਕਰ ਰਹੇ ਹਨ। ਇਸ ਵਾਰ ਇਸ ਸੰਸਥਾ ਦੀ ਵਿਦਿਆਰਥਣ ਸੁਮਨਦੀਪ ਕੌਰ ਪੁੱਤਰੀ ਬੂਟਾ ਸਿੰਘ ਵਾਸੀ ਪਿੰਡ ਸਵੀਆ ਬਠਿੰਡਾ ਦਾ ਕੈਨੇਡਾ ਤੋਂ ਪਹਿਲਾਂ ਦੋ ਰਿਫਿਊਜਲ ਹੋਣ ਦੇ ਬਾਵਜੂਦ ਅਲਗੋਮਾ ਯੂਨੀਵਰਸਿਟੀ ਉਨਟਾਰੀਓ ਕੈਨੇਡਾ ਦਾ ਸਟੱਡੀ ਵੀਜ਼ਾ ਲਗਵਾਇਆ ਹੈ। ਸੰਸਥਾ ਦੇ ਮੁਖੀ ਪੰਕਜ ਬਾਂਸਲ ਅਤੇ ਗੌਰਵ ਕਾਲੜਾ ਨੇ ਵਿਦਿਆਰਥੀ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ ।

### ਮਾਤਾ ਚਰਨਜੀਤ ਕੌਰ ਦੁੱਲਟ ਨਮਿਤ ਭੋਗ ਭਲਕੇ

**ਲੌਂਗੋਵਾਲ ( ਪ੍ਰਦੀਪ ਸਿੰਘ ਸੱਪਲ, ਕੁਲਦੀਪ ਅਤਰੀ)**- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ (ਅੰਮ੍ਰਿਤਸਰ) ਦੇ ਸਾਬਕਾ ਮੈਂਬਰ ਜਥੇਦਾਰ ਉਦੇ ਸਿੰਘ ਦੁਲਟ ਲੌਂਗੋਵਾਲ, ਜਗਸੀਰ ਸਿੰਘ ਦੁਲਟ ਅਤੇ ਚਿਤਵੰਤ ਸਿੰਘ ਦੁਲਟ ਨੂੰ ਉਸ ਸਮੇਂ ਵੱਡਾ ਸਦਮਾ ਲੱਗਾ ਜਦੋਂ ਉਨ੍ਹਾਂ ਦੀ ਮਾਤਾ ਚਰਨਜੀਤ ਕੌਰ ਦਾ ਦੇਹਾਂਤ ਹੋ ਗਿਆ । ਇਸ ਮੌਤ 'ਤੇ ਸਾਬਕਾ ਮੰਤਰੀ ਭਾਈ ਗੋਬਿੰਦ ਸਿੰਘ ਲੌਂਗੋਵਾਲ, ਭਾਈ ਬਲਵਿੰਦਰ ਸਿੰਘ ਕੈਂਬੋਵਾਲ, ਗੁਰਦੁਆਰਾ ਚੁੱਲ੍ਹੇ ਬਾਬਾ ਆਲਾ ਸਿੰਘ ਲੌਂਗੋਵਾਲ ਦੇ ਮੈਨੇਜਰ ਭਾਈ ਮਨਪ੍ਰੀਤ ਸਿੰਘ, ਭਾਈ ਧਨਵੰਤ ਸਿੰਘ , ਭਾਈ ਮਨਦੀਪ ਸਿੰਘ ਕਥਾ ਵਾਚਕ ਪਟਿਆਲੇ ਵਾਲੇ, ਬੀਬੀ ਸਮਿੰਦਰ ਕੌਰ, ਮੇਲਾ ਸਿੰਘ ਸੂਬੇਦਾਰ, ਅਸ਼ੋਕ ਕੁਮਾਰ ਬਬਲੀ, ਭਾਜਪਾ ਦੇ ਸਰਕਲ ਪ੍ਰਧਾਨ ਵਿਜੈ ਕੁਮਾਰ ਗੋਇਲ ਅਤੇ ਸਮੂਹ ਪੱਤਰਕਾਰਾਂ ਨੇ ਇਸ ਮੌਤ 'ਤੇ ਵੱਡੇ ਦੁੱਖ ਦਾ ਪ੍ਰਗਟਾਵਾ ਕੀਤਾ। ਮਾਤਾ ਦੀ ਆਤਮਿਕ ਸ਼ਾਂਤੀ ਲਈ ਰੱਖੇ ਗਏ ਸਹਿਜ ਪਾਠ ਦਾ ਭੋਗ 19 ਮਈ ਦਿਨ ਸ਼ੁੱਕਰਵਾਰ ਨੂੰ ਗੁਰਦੁਆਰਾ ਬਾਬਾ ਆਲੇ ਦੀ ਢਾਬ ਪੱਤੀ ਵਡਿਆਣੀ ਲੌਂਗੋਵਾਲ ਵਿਖੇ ਪਵੇਗਾ।

### ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਦਾ ਜਨਮ ਦਿਹਾੜਾ ਮਨਾਇਆ

**ਜਗਰਾਉਂ (ਅਮਿਤ ਖੰਨਾ)** ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਦੀ ਤੀਜੀ ਜਨਮ ਸ਼ਤਾਬਦੀ ਨੂੰ ਸਮਰਪਤ ਵਿਸ਼ਵਕਰਮਾ ਵੈਲਫੇਅਰ ਸੁਸਾਇਟੀ (ਸਰਬ-ਸਾਂਝੀ) ਵੱਲੋਂ ਸੰਗਤਾਂ ਦੇ ਸਹਿਯੋਗ ਨਾਲ ਗੁਰਦੁਆਰਾ ਰਾਮਗੜ੍ਹੀਆ ਸਾਹਿਬ ਨੇੜੇ ਨਗਰ ਕੌਂਸਲ ਵਿਖੇ ਧੂਮ ਧਾਮ ਨਾਲ ਮਨਾਇਆ ਗਿਆ। ਸ੍ਰੀ ਸਹਿਜ ਪਾਠਾਂ ਦੇ ਭੋਗ ਪਾਏ ਗਏ। ਉਪਰੰਤ ਗੁਰਦੁਆਰਾ ਸਾਹਿਬ ਦੇ ਰਾਗੀ ਭਾਈ ਜਸਵੰਤ ਸਿੰਘ ਤੇ ਗਿਆਨੀ ਹਰਿੰਦਰ ਸਿੰਘ ਦੇ ਜਥੇ ਨੇ ਸੰਗਤਾਂ ਨੂੰ ਕਥਾ ਕੀਰਤਨ ਤੇ ਯੋਧੇ ਦੇ ਇਤਿਹਾਸ ਨੂੰ ਸੰਗਤਾਂ ਦੇ ਰੂ-ਬ-ਰੂ ਕੀਤਾ। 'ਪਹਿਰੇਦਾਰ' ਦੇ ਮੁੱਖ ਸੰਪਾਦਕ ਜਸਪਾਲ ਸਿੰਘ ਹੇਰਾਂ ਨੇ ਸੰਗਤਾਂ ਨੂੰ ਸੰਬੋਧਨ ਹੁੰਦਿਆਂ ਆਖਿਆ ਕਿ ਧਰਤੀ 'ਤੇ ਉਹੀ ਕੌਮਾਂ ਸੂਰਜ ਵਾਂਗ ਚਮਕਦੀਆਂ ਹਨ, ਜੋ ਆਪਣੇ ਗੁਰੂਆਂ, ਪੀਰਾਂ, ਯੋਧਿਆਂ ਨੂੰ ਯਾਦ ਕਰਦੀਆਂ ਹਨ ਅਤੇ ਉਨ੍ਹਾਂ ਦੇ ਦਿਨ ਮਨਾਉਂਦੀਆਂ ਹਨ। ਵਿਸ਼ਵਕਰਮਾ ਵੈਲਫੇਅਰ ਸੁਸਾਇਟੀ (ਸਰਬ-ਸਾਂਝੀ) ਦੇ ਪ੍ਰਧਾਨ ਪ੍ਰਿਤਪਾਲ ਸਿੰਘ ਮਨਕੂ ਨੇ ਆਪਣੇ ਸਹਿਯੋਗੀਆਂ ਤੇ ਸੰਗਤਾਂ ਦਾ ਧੰਨਵਾਦ ਕਰਦਿਆਂ ਆਖਿਆ ਕਿ ਅਜਿਹੇ ਯੋਧਿਆਂ ਦੇ ਦਿਨ ਮਨਾਉਣੇ ਸਾਡੇ ਫ਼ਰਜ਼ਾਂ ਵਿੱਚ ਸ਼ਾਮਲ ਹਨ।

# ਸ਼੍ਰੋਮਣੀ ਕਮੇਟੀ ਤੇ ਰਵੀਦਾਸੀਆ ਸਿੰਘਾਂ ਦਰਮਿਆਨ ਪੈਦਾ ਵਿਵਾਦ ਨੂੰ ਹੱਲ ਕਰਨ ਦੇ ਯਤਨ

**ਬਠਿੰਡਾ, (ਬਖਤੌਰ ਢਿੱਲੋਂ)** ਜ਼ਮੀਨ ਨੂੰ ਲੈ ਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਤੇ ਗੁਰਦੁਆਰਾ ਬੁੰਗਾ (ਰਵਿਦਾਸੀਆ ਸਿੰਘਾਂ) ਦਰਮਿਆਨ ਪੈਦਾ ਹੋਏ ਵਿਵਾਦ ਨੂੰ ਮੰਦਭਾਗਾ ਕਰਾਰ ਦਿੰਦਿਆਂ ਮੈਂਬਰ ਪਾਰਲੀਮੈਂਟ ਤੇ ਅਕਾਲੀ ਦਲ ਅੰਮ੍ਰਿਤਸਰ ਦੇ ਪ੍ਰਧਾਨ ਸਿਮਰਨਜੀਤ ਸਿੰਘ ਮਾਨ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਅਤੇ ਸ਼੍ਰੋਮਣੀ ਪ੍ਰਬੰਧਕ ਗੁਰਦੁਆਰਾ ਕਮੇਟੀ ਦੇ ਪ੍ਰਧਾਨ ਨੂੰ ਸੁਝਾਅ ਦਿੱਤਾ ਕਿ ਡਾਂਗਾਂ-ਸੋਟਿਆਂ ਦੀ ਬਜਾਏ ਇਸ ਮਾਮਲੇ ਦਾ ਨਿਪਟਾਰਾ ਆਪਸੀ ਸਹਿਮਤੀ ਨਾਲ ਕਰਾਉਣ ਲਈ ਉਹ ਖੁਦ ਪਹਿਲ ਕਰਨ।

ਜ਼ਿਕਰਯੋਗ ਹੈ ਕਿ ਅਦਾਲਤੀ ਲੜਾਈ ਜਿੱਤਣ ਉਪਰੰਤ ਬੀਤੇ ਦਿਨੀਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਆਪਣੀ ਟਾਸਕ ਫੋਰਸ ਦੀ ਮਦਦ ਰਾਹੀਂ ਤਲਵੰਡੀ ਸਾਬੋ ਵਿਖੇ ਸਥਿਤ ਗੁਰਦੁਆਰਾ ਨਾਨਕਸਰ ਰਵੀਦਾਸੀਆ ਸਿੰਘਾਂ ਦੇ ਕਬਜ਼ੇ ਹੇਠਲੀ ਜ਼ਮੀਨ 'ਤੇ ਆਪਣਾ ਏਕਾਧਿਕਾਰ ਸਥਾਪਿਤ ਕਰਨ ਲਈ ਜੋ ਕਾਰਵਾਈ ਕੀਤੀ ਸੀ, ਉਸ ਦੀ ਵਜ੍ਹਾ ਕਾਰਨ ਇਸ ਖਿੱਤੇ ਦੇ ਦਲਿਤ ਭਾਈਚਾਰੇ 'ਚ ਬੇਹੱਦ ਨਰਾਜ਼ਗੀ ਪੈਦਾ ਹੋਈ, ਜਿਸਦੇ ਚੱਲਦਿਆਂ ਦੋਵਾਂ ਧਿਰਾਂ ਦਰਮਿਆਨ ਪੈਦਾ ਹੋਈ ਕਸ਼ੀਦਗੀ ਇੱਕ ਖਤਰਨਾਕ ਟਕਰਾਅ ਵੱਲ ਵਧ ਰਹੀ ਹੈ।

ਤਲਵੰਡੀ ਸਾਬੋ ਵਿਖੇ ਦਲਿਤ ਭਾਈਚਾਰੇ ਦੇ ਸੱਦੇ 'ਤੇ ਇੱਕ ਵਿਸ਼ਾਲ ਇਕੱਤਰਤਾ ਹੋਈ, ਜਿਸ 'ਚ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਸਮੇਤ ਰਾਜ ਦੇ ਵੱਖ-ਵੱਖ ਭਾਗਾਂ 'ਚੋਂ ਆਏ ਦਲਿਤ ਆਗੂਆਂ ਨੇ ਵਿਚਾਰ ਪ੍ਰਗਟ ਕੀਤੇ। ਇਸ ਮੌਕੇ ਆਪਸੀ ਇਕਮੁਠਤਾ ਦਾ ਪ੍ਰਣ ਕਰਦਿਆਂ ਦਲਿਤ ਭਾਈਚਾਰੇ ਦੇ ਲੋਕਾਂ ਨੇ ਫ਼ੈਸਲਾ ਕੀਤਾ ਕਿ ਅਗਰ ਇਸ ਮਾਮਲੇ ਦਾ ਕੋਈ ਸਨਮਾਨਜਨਕ ਨਿਪਟਾਰਾ ਨਾ ਹੋਇਆ ਤਾਂ ਉਹ ਆਪਣੇ ਸਵੈਮਾਣ ਲਈ ਕਿਸੇ ਵੀ ਹੱਦ ਤੱਕ ਅੱਗੇ ਵਧਣ ਤੋਂ ਨਹੀਂ ਕਤਰਾਉਣਗੇ।

ਸਿਮਰਨਜੀਤ ਸਿੰਘ ਮਾਨ ਨੇ ਟੈਲੀਫੋਨ ਸੰਪਰਕ ਰਾਹੀਂ ਅਕਾਲ ਤਖਤ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਅਤੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਨੂੰ ਸੁਝਾਅ ਦਿੱਤਾ ਕਿ ਸਿੱਖ ਪੰਥ ਦੇ ਇਸ ਅੰਦਰੂਨੀ ਝਗੜੇ ਦਾ ਨਿਪਟਾਰਾ ਦੁਨਿਆਵੀ ਕਾਨੂੰਨਾਂ ਦੀ ਬਜਾਏ ਆਪਸੀ ਭਾਈਚਾਰਕ ਸਹਿਮਤੀ ਰਾਹੀਂ ਕਰਾਉਣ ਲਈ ਉਹ ਖੁਦ ਪਹਿਲ ਕਰਨ। ਸ. ਮਾਨ ਨੇ ਦੱਸਿਆ ਕਿ ਦੋਵਾਂ ਸ਼ਖ਼ਸੀਅਤਾਂ ਨੇ ਹਾਲਾਤ ਦੀ ਨਾਜ਼ੁਕਤਾ ਨੂੰ ਨੋਟ ਕਰਦਿਆਂ ਇਸ ਮਾਮਲੇ ਨੂੰ ਅਮਨਪੂਰਵਕ ਤਰੀਕੇ ਨਾਲ ਹੱਲ ਕਰਨ ਦਾ ਯਕੀਨ ਦੁਆਇਆ ਹੈ।

# ਮਾਣੂੰਕੇ ਵੱਲੋਂ ਹਲਕੇ ਦੇ ਕੰਮਾਂ 'ਚ ਤੇਜ਼ੀ ਲਿਆਉਣ ਲਈ ਹਦਾਇਤਾਂ ਜਾਰੀ

**ਜਗਰਾਉਂ, (ਸੰਜੀਵ ਅਰੋੜਾ)**-ਹਲਕੇ ਦੇ ਵਿਕਾਸ ਕਾਰਜਾਂ ਤੇ ਲੋਕਾਂ ਦੀਆਂ ਸਮੱਸਿਆਵਾਂ ਦੇ ਸਬੰਧ ਵਿੱਚ ਵਿਧਾਇਕਾ ਸਰਵਜੀਤ ਕੌਰ ਮਾਣੂੰਕੇ ਵੱਲੋਂ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਮਟਿੰਗ ਕਰਕੇ ਕੰਮਾਂ ਦੀ ਸਮੀਖਿਆ ਕੀਤੀ ਗਈ ਤੇ ਚੱਲ ਰਹੇ ਵਿਕਾਸ ਕਾਰਜਾਂ ਵਿੱਚ ਤੇਜ਼ੀ ਲਿਆਉਣ ਲਈ ਅਧਿਕਾਰੀਆਂ ਨੂੰ ਹਦਾਇਤਾਂ ਜਾਰੀ ਕੀਤੀਆਂ।

ਵਿਧਾਇਕਾ ਮਾਣੂੰਕੇ ਨੇ ਆਖਿਆ ਕਿ ਪੰਜਾਬ ਸਰਕਾਰ ਮੁੱਖ ਮੰਤਰੀ ਭਗਵੰਤ ਮਾਨ ਦੀ ਯੋਗ ਅਗਵਾਈ ਹੇਠ ਲੋਕਾਂ ਸਾਫ਼ ਸੁਥਰਾ ਪ੍ਰਸ਼ਾਸਨ ਅਤੇ ਲੋਕਾਂ ਦੀਆਂ ਲੋੜਾਂ ਅਨੁਸਾਰ ਕੁਸ਼ਲ ਪ੍ਰਬੰਧ ਕਰਨ ਲਈ ਯਤਨਸ਼ੀਲ ਹੈ। ਇਸ ਲਈ ਜੇਕਰ ਕੋਈ ਅਧਿਕਾਰੀ ਜਾਂ ਕ੍ਰਮਚਾਰੀ ਕਿਸੇ ਵੀ ਪ੍ਰਕਾਰ ਦੀ ਲਾਪ੍ਰਵਾਹੀ ਵਰਤੇਗਾ ਤਾਂ ਉਸ ਖਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇਗੀ ਅਤੇ ਕਿਸੇ ਨੂੰ ਵੀ ਬਖਸ਼ਿਆ ਨਹੀਂ ਜਾਵੇਗਾ।

ਮੀਟਿੰਗ ਦੌਰਾਨ ਐਸ.ਡੀ.ਐਮ. ਗੁਰਬੀਰ ਸਿੰਘ ਕੋਹਲੀ ਵੱਲੋਂ ਦੱਸਿਆ ਗਿਆ ਕਿ ਉਨ੍ਹਾਂ ਵੱਲੋਂ ਲੋਕ ਅਦਾਲਤ ਲਾ ਕੇ 154 ਪੈਡਿੰਗ ਇੰਤਕਾਲਾਂ ਦਾ ਨਿਪਟਾਰਾ ਕਰ ਦਿੱਤਾ ਗਿਆ ਹੈ। ਵਿਧਾਇਕਾ ਮਾਣੂੰਕੇ ਵੱਲੋਂ ਲੋਕਾਂ ਦੀਆਂ ਸਮੱਸਿਆਵਾਂ ਨੂੰ ਵੇਖਦੇ ਹੋਏ ਸੁਵਿਧਾ ਸੈਂਟਰਾਂ ਉਪਰ ਵੱਧ ਕਾਊਂਟਰ ਖੋਲ੍ਹਣ ਤੇ ਹੋਰ ਸੁਵਿਧਾ ਸੈਂਟਰ ਚਾਲੂ ਕਰਨ, ਸਰਕਾਰੀ ਇਮਾਰਤਾਂ ਦੀ ਸਾਂਭ-ਸੰਭਾਲ ਤੇ ਛੱਤਾਂ ਦੀ ਸਫ਼ਾਈ ਕਰਾਉਣ, ਹਸਪਤਾਲਾਂ ਅਤੇ ਮੁਹੱਲਾ ਕਲੀਨਿਕਾਂ ਵਿੱਚ ਦਵਾਈਆਂ ਉਪਲੱਬਧ ਕਰਾਉਣ, ਪਿੰਡਾਂ ਵਿਖੇ ਖੇਡ ਗਰਾਊਂਡ ਅਤੇ ਖੇਡ ਪਾਰਕਾਂ ਦਾ ਕੰਮ ਸ਼ੁਰੂ ਕਰਨ, ਵੈਰੀਫਿਕੇਸ਼ਨ ਦੌਰਾਨ ਕੱਟੇ ਗਏ ਲੋੜਵੰਦਾਂ ਦੇ ਰਾਸ਼ਨ ਕਾਰਡ ਮੁੜ ਬਣਾਉਣ, ਨਹਿਰੀ ਖਾਲਿਆਂ ਦੀ ਸਫ਼ਾਈ ਕਰਨ, ਹਲਕੇ ਦੇ ਬੱਸ ਸਰਵਿਸ ਤੋਂ ਵਾਂਝੇ 16 ਪਿੰਡਾਂ ਅੰਦਰ ਬੱਸਾਂ ਚਾਲੂ ਕਰਨ ਅਤੇ ਬੰਦ ਪਏ ਰੂਟ ਸ਼ੁਰੂ ਕਰਨ, ਪ੍ਰਮੁੱਖ ਚੌਂਕ ਵਿੱਚ ਖੜਦੀਆਂ ਬੱਸਾਂ ਅੱਡੇ ਦੇ ਅੰਦਰ ਲਿਜਾਣ, 5 ਨੰਬਰ ਚੁੰਗੀ ਵਿਖੇ ਡਾ. ਅੰਬੇਡਕਰ ਚੌਂਕ ਦਾ ਕੰਮ ਚਾਲੂ ਕਰਾਉਣ, ਅਗਵਾੜ ਲਧਾਈ ਵਿਖੇ ਅਤਿ-ਆਧੁਨਿਕ ਲਾਇਬ੍ਰੇਰੀ ਬਨਾਉਣ, ਸ਼ਹਿਰ ਦੇ ਸੀਵਰੇਜ ਦੀ ਸਫ਼ਾਈ ਕਰਵਾਉਣ, ਅਖਾੜੇ ਵਾਲੀ ਨਹਿਰ ਉਪਰ ਬਣਨ ਵਾਲੇ ਪੁਲ ਦਾ ਕੰਮ ਸ਼ੁਰੂ ਕਰਵਾਉਣ, ਦਾਣਾ ਮੰਡੀ ਵਿੱਚ ਕਿਸਾਨ ਭਵਨ ਬਣਾਉਣ, ਮੁਹੱਲਾ ਰਾਮ ਨਗਰ ਦੇ ਵਾਸੀਆਂ ਲਈ ਰਸਤੇ ਦਾ ਪ੍ਰਬੰਧ ਕਰਨ, ਸਕੂਲੀ ਬੱਚਿਆਂ ਦੇ ਸੁਰੱਖਿਆ ਅਤੇ ਟ੍ਰੈਫਿਕ ਦਾ ਪ੍ਰਬੰਧ ਕਰਨ, ਹਲਕੇ ਦੀਆਂ ਟੁੱਟ ਚੁੱਕੀਆਂ ਸੜਕਾਂ ਦੀ ਮੁਰੰਮਤ ਕਰਨ ਤੇ ਨਵੇਂ ਬਣ ਰਹੇ ਪੁਲਾਂ ਦੇ ਕੰਮ ਵਿੱਚ ਤੇਜ਼ੀ ਲਿਆਉਣ, ਬਿਜਲੀ ਸਪਲਾਈ ਲਈ ਪੁਖਤਾ ਪ੍ਰਬੰਧ ਕਰਨ, ਢਿੱਲੀਆਂ ਤਾਰਾਂ ਉਚੀਆਂ ਕਰਨ, ਆਂਗਨਵਾੜੀ ਸੈਂਟਰਾਂ ਵਿੱਚ ਸਾਰੀਆਂ ਸਹੂਲਤਾਂ ਦਾ ਪ੍ਰਬੰਧ ਕਰਨ ਅਤੇ ਲੋਕਾਂ ਨੂੰ ਸ਼ਗਨ ਸਕੀਮ ਦੇ ਪੈਸੇ ਦੇਣ ਲਈ ਸਬੰਧਿਤ ਅਧਿਕਾਰੀਆਂ ਨਾਲ ਚਰਚਾ ਕੀਤੀ ਗਈ ਅਤੇ ਕੰਮ ਮੁਕੰਮਲ ਕਰਨ ਲਈ ਹਦਾਇਤਾਂ ਕੀਤੀਆਂ ਗਈਆਂ। ਇਸ ਮੌਕੇ ਪੀ.ਡਬਲਿਯੂ.ਡੀ. ਵਿਭਾਗ ਦੇ ਅਧਿਕਾਰੀਆਂ ਵੱਲੋਂ ਦੱਸਿਆ ਗਿਆ ਕਿ ਜਗਰਾਉਂ ਦੇ ਰਾਏਕੋਟ ਅੱਡੇ ਨਜ਼ਦੀਕ ਬਣ ਰਿਹਾ ਲਾਲਾ ਲਾਜਪਤ ਰਾਏ ਭਵਨ ਤਿੰਨ ਮਹੀਨੇ ਤੱਕ ਮੁਕੰਮਲ ਹੋ ਜਾਵੇਗਾ ਅਤੇ ਹਲਕੇ ਅਧੀਨ ਪੈਂਦੀਆਂ ਪੀ.ਡਬਲਿਯੂ.ਡੀ. ਦੀਆਂ ਚਾਰ ਪ੍ਰਮੁੱਖ ਸੜਕਾਂ ਸ੍ਰੀ ਗੁਰੂ ਗੋਬਿੰਦ ਸਿੰਘ ਮਾਰਗ, ਝੋਰੜਾਂ ਤੋਂ ਹਠੂਰ, ਜੀ.ਟੀ.ਰੋਡ ਤੋਂ ਗਾਲਿਬ ਕਲਾਂ, ਕੋਕਰੀ, ਜ਼ਿਲ੍ਹੇ ਦੀ ਹੱਦ ਤੱਕ, ਸਿੱਧਵਾਂ ਬੇਟ ਤੋਂ ਕਿਸ਼ਨਪੁਰਾ ਆਦਿ ਦੇ ਨਿਰਮਾਣ ਦਾ ਕੰਮ ਜ਼ਲਦੀ ਸ਼ੁਰੂ ਕੀਤਾ ਜਾਵੇਗਾ। ਐਕਸੀਅਨ ਬਿਜਲੀ ਵਿਭਾਗ ਇੰਜ:ਗੁਰਪ੍ਰੀਤਮਹਿੰਦਰ ਸਿੰਘ ਸਿੱਧੂ ਨੇ ਦੱਸਿਆ ਕਿ ਹਲਕੇ ਦੇ ਪਿੰਡ ਗਿੱਦੜਵਿੰਡੀ ਵਿਖੇ ਨਵਾਂ 66 ਕੇਵੀ ਗਰਿੱਡ ਮੰਨਜ਼ੂਰ ਹੋ ਚੁੱਕਾ ਹੈ ਤੇ ਭੰਮੀਪੁਰਾ ਅਤੇ ਕਾਉਂਕੇ ਕਲਾਂ ਵਿਖੇ ਨਵੇਂ ਗਰਿੱਡ ਬਨਾਉਣ ਲਈ ਪ੍ਰਪੋਜ਼ਲਾਂ ਤਿਆਰ ਕੀਤੀਆਂ ਗਈਆਂ ਹਨ। ਨੈਸ਼ਲਲ ਹਾਈਵੇ ਦੇ ਅਧਿਕਾਰੀਆਂ ਨੇ ਦੱਸਿਆ ਕਿ ਜਲਦੀ ਹੀ ਪੁਲਾਂ ਦੇ ਆਸੇ-ਪਾਸੇ ਬਣੇ ਸਰਵਿਸ ਰੋਡ ਦਾ ਕੰਮ ਮੁਕੰਮਲ ਕਰਕੇ ਨਵੀਆਂ ਸੜਕਾਂ ਬਣਾ ਦਿੱਤੀਆਂ ਜਾਣਗੀਆਂ ਤੇ ਪ੍ਰਮੁੱਖ ਚੌਂਕ ਦੀ ਹਾਲਤ ਵੀ ਸੁਧਾਰੀ ਜਾਵੇਗੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਤਹਿਸੀਲਦਾਰ ਮਨਮੋਹਣ ਕੌਸ਼ਿਕ, ਡਾ. ਪੁਨੀਤ ਸਿੱਧੂ ਐਸ.ਐਮ.ਓ, ਡਾ. ਵਰੁਨ, ਸਤਵਿੰਦਰ ਸਿੰਘ ਵਿਰਕ ਡੀ.ਐਸ.ਪੀ., ਇੰਜ:ਪਰਮਜੀਤ ਸਿੰਘ ਚੀਮਾ, ਅਜੀਤ ਸਿੰਘ ਵਣ ਰੇਂਜ ਅਫ਼ਸਰ, ਬਲਜੀਤ ਸਿੰਘ ਬੱਗਾ ਬੀ.ਡੀ.ਪੀ.ਓ.ਜਗਰਾਉਂ, ਕੁਲਵੰਤ ਸਿੰਘ ਸੰਧੂ, ਜਗਰਾਜ ਸਿੰਘ ਜੀ.ਐਮ.ਰੋਡਵੇਜ਼, ਡਾ. ਗੁਰਮੁੱਖ ਸਿੰਘ ਖੇਤੀਬਾੜੀ ਅਫ਼ਸਰ, ਡਾ. ਗੁਰਦੀਪ ਸਿੰਘ ਖੇਤੀਬਾੜੀ ਅਫਸਰ, ਡਾ. ਮਨਦੀਪ ਸਿੰਘ, ਕਰਮਜੀਤ ਸਿੰਘ ਕਮਾਲਪੁਰਾ ਜੇਈ, ਸੀਮਾ ਰਾਣੀ, ਪਰਮਿੰਦਰ ਸਿੰਘ ਮੰਡੀ ਬੋਰਡ, ਸੁਭਾਸ਼ ਕੁਮਾਰ, ਮੁਨੀਸ਼ ਕੁਮਾਰ ਮੰਗਲਾ, ਹਰਪਿੰਦਰ ਕੌਰ ਸੁਪਰਵਾਈਜ਼ਰ, ਕਰਮਜੀਤ ਕੌਰ ਚੀਮਾਂ ਸੁਪਰਵਾਈਜ਼ਰ, ਜਸਵੀਰ ਸਿੰਘ ਨਰੇਗਾ ਅਧਿਕਾਰੀ, ਮੋਹਣਜੀਤ ਸਿੰਘ ਜੇਈ, ਜਸਪਾਲ ਸਿੰਘ ਜੌਹਲ, ਸੁਖਦੇਵ ਸਿੰਘ ਸ਼ੇਰਪੁਰੀ ਰੀਡਰ, ਇੰਦਰਜੀਤ ਸਿੰਘ ਲੰਮੇ ਤੇ ਸੁਖਵਿੰਦਰ ਸਿੰਘ ਆਦਿ ਵੀ ਹਾਜ਼ਰ ਸਨ।

# ਝੋਨੇ ਦੀ ਸਿੱਧੀ ਬਿਜਾਈ ਤੇ ਲੁਆਈ ਸੰਬੰਧੀ ਨਵੀਂਆਂ ਤਰੀਕਾਂ ਦਾ ਐਲਾਨ

**ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ)** ਦਿਨੋ-ਦਿਨ ਡੂੰਘੇ ਜਾ ਰਹੇ ਧਰਤੀ ਹੇਠਲੇ ਪਾਣੀ ਦੀ ਬੱਚਤ ਲਈ ਤੇ ਖੇਤੀ ਖਰਚਾ ਘਟਾ ਕੇ ਵਧੇਰੇ ਮੁਨਾਫ਼ੇ ਲਈ ਪੰਜਾਬ ਸਰਕਾਰ, ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਵੱਲੋਂ ਝੋਨੇ ਦੀ ਸਿੱਧੀ ਬਿਜਾਈ ਅਤੇ ਵੱਖ-ਵੱਖ ਜ਼ਿਲ੍ਹਿਆਂ ਵਿੱਚ ਕੱਦੂ ਵਿਧੀ ਰਾਹੀਂ ਝੋਨੇ ਦੀ ਲੁਆਈ ਲਈ ਨਵੀਆਂ ਤਾਰੀਕਾਂ ਦਾ ਐਲਾਨ ਕੀਤਾ ਗਿਆ ਹੈ।

ਮੁੱਖ ਖੇਤੀਬਾੜੀ ਅਫ਼ਸਰ ਡਾ. ਕਰਨਜੀਤ ਸਿੰਘ ਗਿੱਲ ਨੇ ਦੱਸਿਆ ਕਿ ਇਹ ਐਲਾਨ ਖੁਦ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਵੱਲੋਂ ਕੀਤਾ ਗਿਆ ਹੈ ਅਤੇ ਵਿਭਾਗ ਵੱਲੋਂ ਇਸ ਸਬੰਧੀ ਨੋਟੀਫਿਕੇਸ਼ਨ ਵੀ ਜਾਰੀ ਕਰ ਦਿੱਤਾ ਗਿਆ ਹੈ।

ਉਨ੍ਹਾਂ ਦੱਸਿਆ ਕਿ ਝੋਨੇ ਦੀ ਸਿੱਧੀ ਬਿਜਾਈ ਲਈ ਸਾਰੇ ਪੰਜਾਬ ਲਈ 20 ਮਈ ਦੀ ਤਰੀਕ ਨਿਸਚਿਤ ਕੀਤੀ ਗਈ ਹੈ, ਜਦਕਿ ਝੋਨੇ ਦੀ ਲੁਆਈ ਲਈ ਪੰਜਾਬ ਨੂੰ ਚਾਰ ਭਾਗਾਂ ਵਿੱਚ ਵੰਡਿਆ ਗਿਆ ਹੈ, ਜਿਸ ਵਿੱਚ ਜ਼ਿਲ੍ਹਾ ਫ਼ਰੀਦਕੋਟ ਲਈ ਝੋਨੇ ਦੀ ਲੁਆਈ ਲਈ 16 ਜੂਨ ਦੀ ਤਰੀਕ ਨਿਸ਼ਚਿਤ ਕੀਤੀ ਗਈ ਹੈ ਅਤੇ ਇਸ ਮਿਤੀ ਤੋਂ 8 ਘੰਟੇ ਬਿਜਲੀ ਨਿਰਵਿਘਨ ਮਿਲਣੀ ਸ਼ੁਰੂ ਹੋ ਜਾਵੇਗੀ।

ਸਿੱਧੀ ਬਿਜਾਈ ਕਰਨ ਵਾਲੇ ਕਿਸਾਨਾਂ ਨੂੰ 1500/- ਰੁਪਏ ਪ੍ਰਤੀ ਏਕੜ ਉਤਸ਼ਾਹਤ ਰਕਮ ਵੀ ਦਿੱਤੀ ਜਾਵੇਗੀ। ਸੋ ਸਿੱਧੀ ਬਿਜਾਈ ਕਰਨ ਵਾਲੇ ਕਿਸਾਨ ਆਪਣੀ ਰਜਿਸਟ੍ਰੇਸ਼ਨ ਡੀ.ਐੱਸ.ਆਰ ਪੋਰਟਲ 'ਤੇ ਕਰਾ ਲੈਣ।

# ਭਾਸ਼ਾ ਵਿਭਾਗ ਵੱਲੋਂ ਕਵਿਤਾ ਕਾਰਜਸ਼ਾਲਾ



**ਤਲਵੰਡੀ ਸਾਬੋ, (ਜਗਦੀਪ ਗਿੱਲ)** -ਭਾਸ਼ਾ ਵਿਭਾਗ ਪੰਜਾਬ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਤੇ ਜ਼ਿਲ੍ਹਾ ਭਾਸ਼ਾ ਅਫ਼ਸਰ ਕੀਰਤੀ ਕਿਰਪਾਲ ਦੀ ਅਗਵਾਈ 'ਚ ਜ਼ਿਲ੍ਹਾ ਭਾਸ਼ਾ ਦਫਤਰ ਵੱਲੋਂ ਕਵਿਤਾ ਕਾਰਜਸ਼ਾਲਾ ਪੰਜਾਬੀ ਯੂਨੀਵਰਸਿਟੀ ਕੈਂਪਸ ਦਮਦਮਾ ਸਾਹਿਬ ਵਿਖੇ ਆਯੋਜਤ ਕੀਤੀ ਗਈ। ਕਾਰਜਸ਼ਾਲਾ ਵਿੱਚ ਸ਼ਾਇਰ ਜਗਵਿੰਦਰ ਜੋਧਾ ਅਤੇ ਸ਼ਾਇਰਾ ਸਿਮਰਨ ਅਕਸ ਨੇ ਸ਼ਿਰਕਤ ਕੀਤੀ।

ਸੰਸਥਾ ਦੇ ਡਾਇਰੈਕਟਰ ਡਾ. ਜਸਬੀਰ ਸਿੰਘ ਹੁੰਦਲ ਨੇ ਮੁੱਖ ਮਹਿਮਾਨ ਤੇ ਕੈਂਪਸ ਦੇ ਭਾਸ਼ਾਵਾਂ ਵਿਭਾਗ ਦੇ ਮੁਖੀ ਡਾ ਕੁਮਾਰ ਸੁਸ਼ੀਲ ਵਿਸ਼ੇਸ਼ ਮਹਿਮਾਨ ਵਜੋਂ ਹਾਜ਼ਰ ਹੋਏ। ਸਵਾਗਤੀ ਭਾਸ਼ਣ ਦੌਰਾਨ ਜ਼ਿਲ੍ਹਾ ਭਾਸਾ ਅਫਸਰ ਨੇ ਕਿਹਾ ਕਿ ਇਹੋ ਜਿਹੀਆਂ ਕਾਰਜਸ਼ਾਲਾਵਾਂ ਰਾਹੀਂ ਸਮਰੱਥ ਸਾਹਿਤਕਾਰਾਂ ਨੂੰ ਵਿਦਿਆਰਥੀਆਂ ਦੇ ਰੂ-ਬ-ਰੂ ਕਰਨਾ ਹੀ ਭਾਸ਼ਾ ਵਿਭਾਗ ਪੰਜਾਬ ਦਾ ਮੁੱਖ ਮੰਤਵ ਹੈ ਤਾਂ ਜੁ ਵਿਦਿਆਰਥੀ ਸਾਹਿਤ ਦੀਆਂ ਬਾਰੀਕੀਆਂ ਤੋਂ ਜਾਣੂ ਹੋ ਸਕਣ।

ਮੁੱਖ ਮਹਿਮਾਨ ਵਜੋਂ ਪਹੁੰਚੇ ਡਾ. ਜਸਬੀਰ ਸਿੰਘ ਹੁੰਦਲ ਨੇ ਭਾਸ਼ਾ ਵਿਭਾਗ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ ਤੇ ਭਵਿੱਖ 'ਚ ਵੀ ਅਜਿਹੀਆਂ ਕਾਰਜਸ਼ਾਲਾਵਾਂ ਲਈ ਹਮੇਸ਼ਾ ਸਹਿਯੋਗ ਦੇਣ ਦਾ ਵਾਅਦਾ ਕੀਤਾ। ਇਸ ਦੌਰਾਨ ਸਿਮਰਨ ਅਕਸ ਨੇ ਕਵਿਤਾ ਦੇ ਪੁੰਗਰਨ ਤੋਂ ਲੈ ਕੇ ਸਫ਼ਿਆਂ ਤੱਕ ਦੇ ਸਫਰ ਦੀ ਚਰਚਾ ਕੀਤੀ ਅਤੇ ਆਪਣੀਆਂ ਕੁੱਝ ਨਜ਼ਮਾਂ ਵੀ ਸਾਂਝੀਆਂ ਕੀਤੀਆਂ। ਸ਼ਾਇਰ ਜਗਵਿੰਦਰ ਜੋਧਾ ਨੇ ਖੂਬਸੂਰਤ ਉਦਾਹਰਣਾਂ ਨਾਲ ਕਵਿਤਾ ਦੀ ਬਣਤਰ ਅਤੇ ਬੁਣਤਰ ਬਾਬਤ ਤਫ਼ਸੀਲ 'ਚ ਸਮਝਾਇਆ।

ਇਸ ਮੌਕੇ ਡਾ. ਕੁਮਾਰ ਸੁਸ਼ੀਲ ਨੇ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਇਹ ਸੰਸਥਾ ਹਮੇਸ਼ਾ ਹੀ ਅਜਿਹੇ ਸਾਹਿਤਕ ਪ੍ਰੋਗਰਾਮ ਕਰਾਉਣ ਲਈ ਕਾਰਜਸ਼ੀਲ ਹੈ।

ਪ੍ਰੋਗਰਾਮ ਮੌਕੇ ਮੰਚ ਸੰਚਾਲਨ ਸਹਾਇਕ ਪ੍ਰੋਫੈਸਰ ਪੰਜਾਬੀ ਸਤਿਨਾਮ ਸਿੰਘ ਵਾਹਿਦ ਤੇ ਪ੍ਰੋ. ਸੁਖਜਿੰਦਰ ਕੌਰ ਨੇ ਕੀਤਾ। ਇਸ ਮੌਕੇ ਸੰਸਥਾ ਦੇ ਸੋਸ਼ਲ ਸਾਇੰਸ ਦੇ ਮੁਖੀ ਪ੍ਰੋ. ਅਮਨਦੀਪ ਸੇਖੋਂ, ਖੋਜ ਅਫ਼ਸਰ ਨਵਪ੍ਰੀਤ ਸਿੰਘ, ਲੈਕਚਰਾਰ ਪੰਜਾਬੀ ਮਨਦੀਪ ਸਿੰਘ ਤੇ ਕੈਂਪਸ ਦਾ ਸਮੂਹ ਸਟਾਫ ਮੌਜੂਦ ਰਿਹਾ।

# ਲੁੱਟਾਂ-ਖੋਹਾਂ ਕਰਨ ਵਾਲੇ ਗਰੋਹ ਦੇ ਪੰਜ ਮੈਂਬਰ ਕਾਬੂ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)** -ਪੁਲਸ ਵੱਲੋਂ ਲੁੱਟਾਂ-ਖੋਹਾਂ ਕਰਨ ਵਾਲੇ ਗਿਰੋਹ ਦਾ ਪਰਦਾਫਾਸ਼ ਕਰਦੇ ਹੋਏ ਗਰੋਹ ਦੇ ਪੰਜ ਮੈਂਬਰਾਂ ਨੂੰ ਅਸਲੇ ਤੇ ਨਕਦੀ ਸਮੇਤ ਗ੍ਰਿਫ਼ਤਾਰ ਕੀਤੇ ਜਾਣ ਦਾ ਦਾਅਵਾ ਕੀਤਾ ਗਿਆ ਹੈ। ਜ਼ਿਲ੍ਹਾ ਪੁਲਸ ਮੁਖੀ ਡਾ. ਰਵਜੋਤ ਗਰੇਵਾਲ ਨੇ ਦੱਸਿਆ ਕਿ ਸੀ.ਆਈ.ਏ. ਸਟਾਫ ਸਰਹਿੰਦ ਦੇ ਇੰਚਾਰਜ ਇੰਸਪੈਕਟਰ ਅਮਰਬੀਰ ਸਿੰਘ ਦੀ ਅਗਵਾਈ 'ਚ ਕੰਮ ਕਰ ਰਹੀ ਸੀ.ਆਈ.ਏ. ਦੀ ਇੱਕ ਟੀਮ ਵੱਲੋਂ ਬੀਤੀ 11 ਮਈ ਨੂੰ ਅਮਲੋਹ ਦੇ ਇਲਾਕੇ 'ਚੋਂ ਅਰਸ਼ਦੀਪ ਸਿੰਘ ਅਰਸ਼ੂ, ਚੰਦ ਸਿੰਘ ਉਰਫ ਕਮਲੂ, ਸਖਮੰਦਰ ਸਿੰਘ ਉਰਫ ਗਗਨਾ, ਬਲਵੰਤ ਸਿੰਘ ਉਰਫ ਬੰਟੀ ਤੇ ਰਵੀਦੀਪ ਸਿੰਘ ਉਰਫ ਦੀਪ ਵਾਸੀਆਨ ਪਿੰਡ ਫ਼ਤਹਿਗੜ੍ਹ ਕੋਰੋਟਾਨਾ (ਮੋਗਾ) ਨੂੰ ਦੋ ਪਿਸਟਲ 315 ਬੋਰ, ਦੋ ਜਿੰਦਾ ਰੌਂਦ, ਇੱਕ ਆਲਟੋ ਕਾਰ, ਦੋ ਚਾਕੂ ਅਤੇ ਰਾਡ ਸਮੇਤ ਅ/ਧ 339, 402 ਆਈ.ਪੀ.ਸੀ. ਤਹਿਤ ਗ੍ਰਿਫ਼ਤਾਰ ਕੀਤਾ ਗਿਆ, ਜਿਸ ਉਪਰੰਤ ਤਫ਼ਤੀਸ਼ ਦੌਰਾਨ ਇਹ ਗੱਲ ਸਾਹਮਣੇ ਆਈ ਕਿ ਗ੍ਰਿਫ਼ਤਾਰ ਕੀਤੇ ਗਏ ਗਿਰੋਹ ਦੇ ਉਪਰੋਕਤ ਮੈਂਬਰਾਂ 'ਚੋਂ ਅਰਸ਼ਦੀਪ ਸਿੰਘ ਅਤੇ ਚੰਦ ਸਿੰਘ ਬੀਤੀ 22 ਅਪ੍ਰੈਲ ਨੂੰ ਮੰਡੀ ਗੋਬਿੰਦਗੜ੍ਹ ਵਿਖੇ ਹੋਈ 50 ਲੱਖ ਰੁਪਏ ਦੀ ਡਕੈਤੀ 'ਚ ਵੀ ਸ਼ਾਮਲ ਸਨ, ਜਿਨ੍ਹਾਂ ਵੱਲੋਂ ਡਕੈਤੀ ਦੇ ਪੈਸਿਆਂ 'ਚੋਂ ਖਰੀਦਿਆ ਗਿਆ 60,000/- ਰੁਪਏ ਦਾ ਕੈਮਰਾ ਤੇ 3,60,000/- ਰੁਪਏ ਦੀ ਨਕਦੀ ਵੀ ਬਰਾਮਦ ਕੀਤੀ ਗਈ ਹੈ।

ਡਾ. ਰਵਜੋਤ ਗਰੇਵਾਲ ਨੇ ਦੱਸਿਆ ਕਿ ਤਫ਼ਤੀਸ਼ ਦੌਰਾਨ ਖੁਲਾਸਾ ਹੋਇਆ ਕਿ ਇਸ ਗਰੋਹ ਦੇ ਮੈਂਬਰ ਚੰਦ ਸਿੰਘ ਉਰਫ ਕਮਲੂ, ਅਰਸ਼ਦੀਪ ਸਿੰਘ ਉਰਫ ਅਰਸ਼ੂ ਤੇ ਰਵੀਦੀਪ ਸਿੰਘ ਉਰਫ ਰਵੀ ਫਿਰੌਤੀਆਂ ਮੰਗਣ ਅਤੇ ਮੋਟਰਸਾਈਕਲ ਚੋਰੀ ਕਰਨ ਦਾ ਧੰਦਾ ਵੀ ਕਰਦੇ ਸਨ, ਜਿਨ੍ਹਾਂ ਦੀ ਨਿਸ਼ਾਨਦੇਹੀ 'ਤੇ 7 ਚੋਰੀਸ਼ੁਦਾ ਮੋਟਰਸਾਈਕਲ ਹੁਣ ਤੱਕ ਬਰਾਮਦ ਕੀਤੇ ਜਾ ਚੁੱਕੇ ਹਨ ਤੇ ਮਾਮਲੇ ਦੀ ਤਫ਼ਤੀਸ਼ ਹਾਲੇ ਜਾਰੀ ਹੈ, ਜਿਸ ਦੌਰਾਨ ਹੋਰ ਵੀ ਵਾਰਦਾਤਾਂ ਟਰੇਸ ਹੋਣ ਦੀ ਸੰਭਾਵਨਾ ਹੈ।

# ਬਿਜਲੀ ਰੇਟ ਵਧਾ ਕੇ ਸਰਕਾਰ ਨੇ ਦਿੱਤਾ ਤੋਹ.ਫ਼ਾ : ਹਨੀ ਫੱਤਣਵਾਲਾ



**ਸ੍ਰੀ ਮੁਕਤਸਰ ਸਾਹਿਬ, (ਸ਼ਮਿੰਦਰਪਾਲ/ਪੂਜਾ)**-ਜਲੰਧਰ ਚੋਣਾਂ ਜਿੱਤਣ ਦੇ ਬਾਅਦ ਬਿਜਲੀ ਰੇਟ ਵਧਾ ਕੇ ਸਰਕਾਰ ਨੇ ਪੰਜਾਬ ਵਾਸੀਆਂ ਨੂੰ ਤੋਹਫਾ ਦਿੱਤਾ ਹੈ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਦੇ ਸਾਬਕਾ ਜਨਰਲ ਸਕੱਤਰ ਜਗਜੀਤ ਸਿੰਘ ਬਰਾੜ ਹਨੀ ਫੱਤਣਵਾਲਾ ਨੇ ਕੀਤਾ।

ਉਨ੍ਹਾਂ ਕਿਹਾ ਕਿ ਪਹਿਲਾਂ ਹੀ ਘਾਟੇ ਦਾ ਸ਼ਿਕਾਰ ਹੋ ਚੁੱਕੀ ਇੰਡਸਟਰੀ ਤਾਂ ਡੁੱਬ ਗਈ ਹੈ। ਜੇਕਰ ਕੋਈ ਫੈਕਟਰੀ ਕਾਰਖਾਨਾ ਹੀ ਨਹੀਂ ਰਹਿਣਗੇ ਤਾਂ ਮਜ਼ਦੂਰ ਕੰਮ ਕਿੱਥੇ ਕਰਨਗੇ। ਬਿਜਲੀ ਦੇ ਵਧੇ ਰੇਟਾਂ ਨਾਲ ਜਨਰਲ ਵਰਗ ਵੀ ਪਿਸਿਆ ਗਿਆ ਹੈ। ਹਨੀ ਫੱਤਣਵਾਲਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੇ ਖਾਣ ਵਾਲੇ ਦੰਦ ਹੋਰ ਹਨ ਤੇ ਵਿਖਾਉਣ ਵਾਲੇ ਹੋਰ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਮਹਿੰਗਾਈ ਵਿੱਚ ਪੀਸ ਕੇ ਰੱਖ ਦਿੱਤਾ ਹੈ ਅਤੇ 300 ਯੂਨਿਟ ਮੁਫ਼ਤ ਦੇ ਨਾਂਅ 'ਤੇ ਵੱਡਾ ਧੋਖਾ ਹੈ ਤੇ ਹੋਰ ਚੀਜ਼ਾਂ ਦੇ ਰੇਟਾਂ 'ਤੇ ਟੈਕਸ ਵਧਾ ਦਿੱਤੇ ਹਨ। ਇਹ ਸਰਕਾਰ ਸਿਰਫ਼ ਵੋਟਾਂ ਦੀ ਰਾਜਨੀਤੀ ਕਰ ਰਹੀ ਹੈ।

ਹਨੀ ਫੱਤਣਵਾਲਾ ਨੇ ਕਿਹਾ ਕਿ ਜਲੰਧਰ ਦੇ ਲੋਕਾਂ ਨੂੰ ਝੂਠੇ ਸਬਜ਼ਬਾਗ਼ ਦਿਖਾ ਕੇ ਸੀਟ ਜਿੱਤ ਲਈ ਤੇ ਅਗਲੇ ਦਿਨ ਹੀ ਪੰਜਾਬੀਆਂ ਨੂੰ ਬਿਜਲੀ ਦੇ ਰੇਟ ਭਾਰੀ ਵਧਾ ਕੇ ਤੋਹਫ਼ਾ ਦੇ ਦਿੱਤਾ।

# 82 ਪੰਚਾਇਤਾਂ 'ਚੋਂ ਲੰਗੇਆਣਾ ਨਵਾਂ ਦੀ ਪੰਚਾਇਤ ਚੁਣੀ ਗਈ ਬੈੱਸਟ

## *2 ਲੱਖ 2 ਹਜ਼ਾਰ ਰੁਪਏ ਦੇ ਚੈੱਕ ਨਾਲ ਕੀਤਾ ਸਨਮਾਨਤ*

**ਬਾਘਾ ਪੁਰਾਣਾ, (ਮਨੀ ਸਿਗਲਾ)** ਮੁੱਦਕੀ ਰੋਡ ਉਪਰ ਸਥਿਤ ਪਿੰਡ ਲੰਗੇਆਣਾ ਕਲਾਂ ਦੇ ਲੋਕਾਂ ਵੱਲੋਂ 2019 ਵਿਚ ਪਿੰਡ ਵਾਸੀਆਂ ਨੇ ਆਪਣੀ ਵੋਟ ਦੇ ਨਾਲ ਇੱਕ ਅਜਿਹੇ ਵਿਅਕਤੀ ਨੂੰ ਪਿੰਡ ਦੀ ਕਮਾਂਡ ਸੰਭਾਲੀ, ਜੋ ਹਰ ਵੇਲੇ ਸੌਂਦੇ-ਜਾਗਦੇ ਪਿੰਡ ਦੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਦੂਰ ਕਰਨ ਲਈ ਅਤੇ ਪਿੰਡ ਦੇ ਵਿਕਾਸ ਕਾਰਜ ਕਰਾਉਣ ਲਈ ਤਤਪਰ ਰਹਿੰਦਾ ਹੈ, ਉਹ ਹੈ ਜਗਸੀਰ ਸਿੰਘ, ਜਿਸ ਨੂੰ ਪਿੰਡ ਵਾਸੀਆਂ ਨੇ 2019 ਵਿਚ ਪਹਿਲੀ ਵਾਰ ਪਿੰਡ ਦਾ ਸਰਪੰਚ ਬਣਾਇਆ, ਜਿਸ ਵੱਲੋਂ ਪਿੰਡ ਦੇ ਕਰਾਏ ਗਏ ਬੇ-ਅਥਾਹ ਵਿਕਾਸ ਕਾਰਜਾਂ ਦੀਆਂ ਮੂੰਹ ਬੋਲਦੀਆਂ ਤਸਵੀਰਾਂ ਬੋਲ ਰਹੀਆਂ ਹਨ ਅਤੇ ਪਿੰਡ ਵਾਸੀ ਆਪਣੇ ਆਪ 'ਤੇ ਫ਼ਖ਼ਰ ਮਹਿਸੂਸ ਕਰ ਰਹੇ ਹਨ। ਜਗਸੀਰ ਸਿੰਘ ਸਰਪੰਚ ਵੱਲੋਂ ਪਿੰਡ ਲੰਗੇਆਣਾ ਨਵਾਂ ਦੇ ਕਰਾਏ ਗਏ ਬੇਅਥਾਹ ਵਿਕਾਸ ਕਾਰਜਾਂ ਦਾ ਹੀ ਨਤੀਜਾ ਹੈ ਕਿ ਪੰਚਾਇਤ ਹਲਕਾ ਬਾਘਾਪੁਰਾਣਾ ਦੀਆਂ 82 ਪੰਚਾਇਤਾਂ ਵਿਚੋਂ ਬੈਸਟ ਚੁਣੀ ਗਈ ਹੈ, ਜਿਸ ਕਰਕੇ ਪੰਜਾਬ ਸਰਕਾਰ ਵੱਲੋਂ ਸਰਪੰਚ ਜਗਸੀਰ ਸਿੰਘ ਦੀ ਹੌਸਲਾ ਅਫ਼ਜ਼ਾਈ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਦੋ ਲੱਖ 2 ਹਜ਼ਾਰ ਰੁਪਏ ਰੁਪਏ ਦਾ ਚੈਕ ਪਿੰਡ ਪੰਚਾਇਤ ਨੂੰ ਦੇਣ ਦਾ ਐਲਾਨ ਕੀਤਾ ਗਿਆ। ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਅਤੇ ਵਿੱਕੀ ਸੁਖਾਨੰਦ ਸਮੇਤ ਸਮੁੱਚੀ ਟੀਮ ਨੇ ਪਿੰਡ ਲੰਗੇਆਣਾ ਕਲਾਂ ਵਿਖੇ ਪੁੱਜ ਕੇ ਸਰਪੰਚ ਜਗਸੀਰ ਸਿੰਘ ਤੇ ਉਨ੍ਹਾਂ ਦੀ ਸਮੁੱਚੀ ਟੀਮ ਦੀ ਹੌਂਸਲਾ ਅਫਜਾਈ ਕਰਦਿਆਂ ਢਾਈ ਲੱਖ ਰੁਪਏ ਦੇ ਚੈਕ ਨਾਲ ਪਿੰਡ ਪੰਚਾਇਤ ਨੂੰ ਸਨਮਾਨਤ ਕੀਤਾ ਗਿਆ, ਜਿਸ 'ਤੇ ਸਰਪੰਚ ਜਗਸੀਰ ਸਿੰਘ ਤੇ ਉਨ੍ਹਾਂ ਦੀ ਟੀਮ ਸਮੁੱਚੀ ਟੀਮ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਹਲਕਾ ਵਿਧਾਇਕ ਦਾ ਅੰਮ੍ਰਿਤਪਾਲ ਸਿੰਘ ਸੁਖਾਨੰਦ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਪੰਜਾਬ ਸਰਕਾਰ ਦੇ ਧੰਨਵਾਦੀ ਹਨ।ਇਸ ਮੌਕੇ ਸਮੁੱਚੀ ਪੰਚਾਇਤ ਦੇ ਇਲਾਵਾ ਕਾਂਗਰਸ ਦੇ ਯੂਥ ਆਗੂ ਸੁੱਖਾ ਲੰਗੇਆਣੀਆ, ਮੰਦਰ ਸਿੰਘ ਫੌਜੀ ਮੈਂਬਰ, ਅੰਗਰੇਜ਼ ਸਿੰਘ ਮੈਂਬਰ, ਜਗਦੀਸ਼ ਸਿੰਘ, ਡਾ. ਅਵਤਾਰ ਸਿੰਘ ਗਾਂਧੀ ਮੈਂਬਰ, ਗੁਰਤੇਜ ਸਿੰਘ ਪੰਚ, ਦੇਵ ਸਿੰਘ ਮੈਂਬਰ, ਇਕਬਾਲ ਸਿੰਘ, ਜਸਪ੍ਰੀਤ ਸਿੰਘ, ਸੁਖਦੇਵ ਸਿੰਘ ਪਟਵਾਰੀ, ਸੈਕਟਰੀ ਮਨਪ੍ਰੀਤ ਸਿੰਘ, ਸੋਨੀ ਧਾਲੀਵਾਲ, ਬਾਬਾ ਲਖਵਿੰਦਰ ਸਿੰਘ, ਆਦਿ ਹਾਜ਼ਰ ਸਨ।

# 'ਪਿੰਡ ਸੇਲਬਰਾਹ ਦੀ ਇਤਿਹਾਸਕ ਗਾਥਾ' ਲੋਕ ਅਰਪਣ ਕੀਤੀ

**ਰਾਮਪੁਰਾ ਫੂਲ (ਦਰਸ਼ਨ ਜਿੰਦਲ)** ਉੱਘੇ ਇਤਿਹਾਸਕਾਰ ਹਰਭਜਨ ਸਿੰਘ ਸੇਲਬਰਾਹ ਜਿਹੜੇ ਪੰਜਾਬੀ ਸਾਹਿਤ ਸਭਾ (ਰਜਿ.) ਦੇ ਪ੍ਰਧਾਨ ਵੀ ਹਨ, ਦੀ ਦੂਜੀ ਪੁਸਤਕ 'ਪਿੰਡ ਸੇਲਬਰਾਹ ਦੀ ਇਤਿਹਾਸਕ ਗਾਥਾ' ਦਾ ਪਿੰਡ ਸੇਲਬਰਾਹ ਵਿਖੇ ਨਵੀਂ ਬਣੀ ਲਾਇਬ੍ਰੇਰੀ ਵਿੱਚ ਇੱਕ ਵੱਡੇ ਇਕੱਠ ਵਿੱਚ ਲੋਕ ਅਰਪਣ ਕੀਤਾ ਗਿਆ। ਇਸ 'ਚ ਦੂਰੋਂ ਨੇੜਿਉਂ ਸਾਹਿਤਕਾਰਾਂ ਤੇ ਸਾਹਿਤ ਪ੍ਰੇਮੀਆਂ ਨੇ ਵੱਡੀ ਗਿਣਤੀ ਵਿੱਚ ਹਿੱਸਾ ਲਿਆ।



ਪ੍ਰਧਾਨਗੀ ਮੰਡਲ ਵਿੱਚ ਸਾਹਿਤ ਜਗਤ ਦੀਆਂ ਮਹਾਨ ਸਖਸ਼ੀਅਤਾਂ ਓਮ ਪ੍ਰਕਾਸ਼ ਗਾਸੋ, ਸਿੱਧੂ ਦਮਦਮੀ, ਸਤਬੀਰ ਸਿੰਘ ਲੁਧਿਆਣਾ, ਹਰਜੀਤ ਸਿੰਘ ਸੱਧਰ, ਸ੍ਰੀਮਤੀ ਹਰਜਿੰਦਰ ਕੌਰ ਸੱਧਰ, ਸੀ. ਮਾਰਕੰਡਾ, ਸੁਰਿੰਦਰਪ੍ਰੀਤ ਘਣੀਆ, ਜਸਪਾਲ ਮਾਨ ਖੇੜਾ, ਗੁਰਜੰਟ ਸਿੰਘ ਸਰਪੰਚ ਤੇ ਜਿਊਣ ਸਿੰਘ ਸੰਧੂ ਹਾਜ਼ਰ ਸਨ । ਹਰਜੀਤ ਸਿੰਘ ਸੱਧਰ ਨੇ ਇਸ ਕਿਤਾਬ ਬਾਰੇ ਪਰਚਾ ਪੜ੍ਹਿਆ, ਜਿਸ ਵਿੱਚ ਉਨ੍ਹਾਂ ਕਿਤਾਬ ਬਾਰੇ ਤੇ ਲੇਖਕ ਬਾਰੇ ਖੁੱਲ੍ਹ ਕੇ ਵਿਚਾਰ ਰੱਖੇ। ਉਨ੍ਹਾਂ ਦੱਸਿਆ ਕਿ ਕਿਸ ਤਰ੍ਹਾਂ ਲੇਖਕ ਹਰਭਜਨ ਸਿੰਘ ਸੇਲਬਰਾਹ ਨੇ ਤਕਰੀਬਨ ਸਤਾਰਾਂ ਸਾਲਾਂ ਦੀ ਮਿਹਨਤ ਤੋਂ ਬਾਅਦ ਇਹ ਕਿਤਾਬ ਲਿਖੀ ਹੈ। ਇਨ੍ਹਾਂ ਸਮਿਆਂ ਵਿੱਚ ਕਿਨ੍ਹਾਂ ਦੁਸ਼ਵਾਰੀਆਂ ਨੂੰ ਲੇਖਕ ਨੇ ਝੱਲਿਆ, ਉਨ੍ਹਾਂ ਦਾ ਵੀ ਜ਼ਿਕਰ ਕੀਤਾ। ਉਨ੍ਹਾਂ ਮੁਤਾਬਕ ਹਰਭਜਨ ਸਿੰਘ ਸੇਲਬਰਾਹ ਨਿਰੇ ਇਤਿਹਾਸਕਾਰ ਹੀ ਨਹੀਂ ਹਨ, ਸਗੋਂ ਇਸ ਇਲਾਕੇ ਦੇ ਇਤਿਹਾਸ ਦੇ ਉਹ ਕੋਸ਼ ਹਨ। ਇਲਾਕੇ ਦੇ ਤਕਰੀਬਨ ਸਾਰੇ ਪਿੰਡਾਂ ਦਾ ਇਤਿਹਾਸ ਉਨ੍ਹਾਂ ਦੇ ਜ਼ੁਬਾਨੀ ਯਾਦ ਹੈ। ਉਨ੍ਹਾਂ ਆਸ ਪ੍ਰਗਟਾਈ ਕਿ ਉਹ ਜਲਦੀ ਹੀ ਸਾਰੇ ਬਠਿੰਡੇ ਜ਼ਿਲ੍ਹੇ ਦੇ ਪਿੰਡਾਂ ਦਾ ਇਤਿਹਾਸ ਲਿਖ ਕੇ ਪ੍ਰਕਾਸ਼ਤ ਕਰ ਦੇਣਗੇ।

ਸ੍ਰੀਮਤੀ ਹਰਜਿੰਦਰ ਕੌਰ ਸੱਧਰ ਨੇ ਇਸ ਕਿਤਾਬ ਨੂੰ ਬਹਿਲੋ ਬੰਸ਼ੀਆਂ ਦੀ ਵਿਰਾਸਤ ਦੱਸਿਆ। ਸਿੱਧੂ ਦਮਦਮੀ ਜੀ ਨੇ ਪੁਸਤਕ ਦੀ ਤਾਰੀਫ਼ ਕਰਦੇ ਹੋਏ ਦੱਸਿਆ ਕਿ ਲੇਖਕ ਕਿਧਰੇ ਵੀ ਆਪਣੀ ਲੇਖਣੀ ਵਿੱਚ ਭਟਕਦਾ ਨਜਰ ਨਹੀਂ ਆਇਆ, ਸਗੋਂ ਹਵਾਲੇ ਤੇ ਟਿੱਪਣੀਆਂ ਦੇ ਕੇ ਆਪਣੀਆਂ ਲਿਖਤਾਂ ਦੀ ਪ੍ਰੋੜਤਾ ਵੀ ਕੀਤੀ ਹੈ। ਸਤਿਬੀਰ ਸਿੰਘ ਲੁਧਿਆਣਾ ਨੇ ਲੇਖਕ ਨਾਲ ਬਿਤਾਏ ਪਲਾਂ ਨੂੰ ਸਾਂਝਾ ਕੀਤਾ। ਉਨ੍ਹਾਂ ਦੱਸਿਆ ਕਿ ਇਹ ਪੁਸਤਕ ਬਹਿਲੋ ਬੰਸ਼ੀਆਂ ਦਾ ਇੱਕ ਕੋਸ਼ ਹੈ। ਸਾਹਿਤ ਜਗਤ ਦੀ ਵੱਡੀ ਹਸਤੀ ਓਮ ਪ੍ਰਕਾਸ਼ ਗਾਸੋ ਨੇ ਜਿੱਥੇ ਪੁਸਤਕ ਦੀ ਤਾਰੀਫ਼ ਕੀਤੀ, ਉੱਥੇ ਇਤਿਹਾਸ ਦੀ ਲੋੜ ਬਾਰੇ ਵੀ ਚਾਨਣਾ ਪਾਇਆ।

ਸੀ. ਮਾਰਕੰਡਾ ਨੇ ਪੁਸਤਕ ਵਿਚਲੀਆਂ ਬਰੀਕੀਆਂ ਦਾ ਵਰਨਣ ਕੀਤਾ। ਸੁਰਿੰਦਰਪ੍ਰੀਤ ਘਣੀਆਂ ਨੇ ਜਿੱਥੇ ਪੁਸਤਕ ਤੇ ਲੇਖਕ ਬਾਰੇ ਗੱਲ ਕੀਤੀ, ਉੱਥੇ ਆਪਣੀਆਂ ਗ਼ਜ਼ਲਾਂ ਸੁਣਾ ਕੇ ਸੰਗਤਾਂ ਨੂੰ ਮੰਤਰ ਮੁਗਧ ਕੀਤਾ। ਜਸਪਾਲ ਮਾਨ ਖੇੜਾ ਨੇ ਹਰਭਜਨ ਸਿੰਘ ਸੇਲਬਰਾਹ ਨੂੰ ਵੱਡੇ ਇਤਿਹਾਸਕਾਰ ਦੱਸਿਆ। ਲਖਬੀਰ ਸਿੰਘ ਨਾਮਧਾਰੀ ਨੇ ਪਿੰਡ ਦੇ ਕੂਕਾ ਲਹਿਰ ਵਿੱਚ ਸ਼ਹੀਦ ਹੋਏ ਬਸੰਤ ਸਿੰਘ ਦਾ ਜ਼ਿਕਰ ਕੀਤਾ। ਮਲਕੀਤ ਸਿੰਘ ਸਹਿਣਾ, ਵਿਸ਼ੇਸ਼ਵਾਨੰਦ, ਮੇਘ ਰਾਜ ਫੌਜੀ, ਨਛੱਤਰ ਸਿੰਘ, ਰੂਪ ਸਿੰਘ ਫੂਲ, ਲਛਮਣ ਸਿੰਘ ਮਲੂਕਾ, ਰਣਬੀਰ ਰਾਣਾ, ਦਰਸ਼ਨ ਮੌੜ, ਰਣਜੀਤ ਸਿੰਘ, ਡਾ. ਨਵਦੀਪ ਸਿੰਘ, ਡਾ. ਜਵਾਲਾ ਸਿੰਘ, ਗੁਰਦਰਸ਼ਨ ਲੁੱਧੜ, ਸੁਖਦਰਸ਼ਨ ਗਰਗ ਆਦਿ ਨੇ ਵੀ ਆਪਣੇ ਵਿਚਾਰ ਰੱਖੇ। ਸਟੇਜ ਸਕੱਤਰ ਦੀ ਭੂਮਿਕਾ ਸਾਹਿਤਕਾਰ ਜਸਵਿੰਦਰ ਸ਼ਰਮਾ ਨੇ ਬਾਖੂਬੀ ਨਿਭਾਈ।

ਸਮਾਗਮ 'ਚ ਕਰਨਵੀਰ ਸਿੰਘ ਸਿੱਧੂ ਸਕੱਤਰ ਪੰਜਾਬ ਸਰਕਾਰ ਨੇ ਵੀ ਆਉਣਾ ਸੀ, ਰੁਝੇਵਿਆਂ ਕਾਰਨ ਪਹੁੰਚ ਨਹੀਂ ਸਕੇ। ਉਨ੍ਹਾਂ ਵਧਾਈ ਸੰਦੇਸ਼ ਭੇਜ ਕੇ ਨਾਲ ਸੌ ਕਿਤਾਬਾਂ ਵੱਖ-ਵੱਖ ਸਕੂਲਾਂ ਵਿੱਚ ਦੇਣ ਦੀ ਗੱਲ ਕੀਤੀ, ਜਿਸਦੀ ਅਦਾਇਗੀ ਵੀ ਉਨ੍ਹਾਂ ਵੱਲੋਂ ਕਰ ਦਿੱਤੀ ਗਈ ਹੈ। ਕੁਲਬੀਰ ਸਿੰਘ ਸਿੱਧੂ ਸਾਬਕਾ ਕਮਿਸ਼ਨਰ ਨੇ ਸ਼ਿਰਕਤ ਕਰਨੀ ਸੀ, ਪਰ ਉਨ੍ਹਾਂ ਦੀ ਅਚਾਨਕ ਸਿਹਤ ਵਿਗੜਨ ਕਾਰਨ ਉਹ ਪਹੁੰਚ ਨਹੀਂ ਸਕੇ। ਇਸ ਮੌਕੇ ਕਿਤਾਬ ਦੇ ਲੇਖਕ ਹਰਭਜਨ ਸਿੰਘ ਸੇਲਬਰਾਹ ਦਾ ਸਨਮਾਨ ਵੀ ਕੀਤਾ ਗਿਆ। ਕਿਤਾਬ ਦੀ ਛਪਾਈ ਹਿੱਤ ਪਾਏ ਯੋਗਦਾਨ ਲਈ ਵਿੱਤੀ ਸਹਾਇਤਾ ਵਾਲੇ ਸੱਜਣਾਂ ਦਾ ਵੀ ਧੰਨਵਾਦ ਕੀਤਾ ਗਿਆ। ਸਮਾਗਮ ਵਿਚਲੇ ਸੰਧੂ ਪਰਵਾਰ (ਜਿਊਣ ਸਿੰਘ, ਘੀਲਾ ਸਿੰਘ, ਦਰਸ਼ਨ ਸਿੰਘ, ਅਜੈਬ ਸਿੰਘ) ਦਾ ਵਿੱਤੀ ਸਹਾਇਤਾ ਤੇ ਰੋਟੀ ਪਾਣੀ ਦੀ ਕੀਤੀ ਸੇਵਾ ਲਈ ਸਨਮਾਨ ਕੀਤਾ ਗਿਆ। ਚਾਹਪਾਣੀ ਦੀ ਸੇਵਾ ਦਾ ਸਾਰਾ ਪ੍ਰਬੰਧ ਗੁਰਜੰਟ ਸਿੰਘ ਬਾਠ ਤੇ ਸਮੂਹ ਨਗਰ ਪੰਚਾਇਤ ਵੱਲੋਂ ਕੀਤਾ ਗਿਆ।

ਸਮਾਗਮ ਵਿੱਚ ਜਿੱਥੇ ਵੱਡੀ ਗਿਣਤੀ 'ਚ ਸਾਹਿਤ ਪ੍ਰੇਮੀ/ਸਾਹਿਤਕਾਰ ਪਹੁੰਚੇ, ਉੱਥੇ ਇਲਾਕੇ ਦੇ ਪੰਚਾਂ ਸਰਪੰਚਾਂ ਤੇ ਮੋਹਤਬਰ ਸੱਜਣਾਂ ਨੇ ਵੀ ਹਾਜ਼ਰੀ ਲਵਾਈ। ਮਲਵਈ ਸੱਥ ਤੇ ਸਾਹਿਤਕ ਜਗਤ ਦੀ ਮਹਾਨ ਹਸਤੀ ਬਲਵੰਤ ਸਿੰਘ ਕੋਠਾ ਗੁਰੂ ਦੇ ਬੇਟੇ ਕੌਰ ਸਿੰਘ ਵੱਲੋਂ ਲਾਇਬ੍ਰੇਰੀ ਨੂੰ ਪੁਸਤਕਾਂ ਭੇਟ ਕੀਤੀਆਂ ਗਈਆਂ।

# 'ਲੋਕ ਪੱਖੀ ਆਵਾਜ਼ਾਂ ਨੂੰ ਦਬਾਉਣ ਲਈ ਈ ਡੀ ਦੀ ਕੀਤੀ ਜਾ ਰਹੀ ਹੈ ਵਰਤੋਂ'

**ਮੋਗਾ (ਅਮਰਜੀਤ ਬੱਬਰੀ)**-ਜ਼ੁਬਾਨਬੰਦੀ 'ਤੇ ਉੱਤਰੀ ਹੋਈ ਕੇਂਦਰ ਦੀ ਮੋਦੀ ਸਰਕਾਰ ਦੇ ਇਸ਼ਾਰੇ 'ਤੇ ਜਮਹੂਰੀ ਹੱਕਾਂ ਦੀ ਉੱਘੀ ਕਾਰਕੁੰਨ, ਲੇਖਿਕਾ ਅਤੇ ਹਰ ਲੋਕ-ਪੱਖੀ ਸੰਘਰਸ਼ ਦੀ ਹਮਦਰਦ ਡਾ. ਨਵਸ਼ਰਨ ਕੋਲੋਂ ਈ.ਡੀ. ਦੁਆਰਾ 10 ਮਈ ਨੂੰ ਆਪਣੇ ਦਫ਼ਤਰ 'ਚ ਬੁਲਾ ਕੇ 8 ਘੰਟੇ ਪੁੱਛਗਿੱਛ ਕੀਤੀ ਗਈ। ਡਾ. ਨਵਸ਼ਰਨ ਉੱਘੇ ਨਾਟਕਕਾਰ ਗੁਰਸ਼ਰਨ ਸਿੰਘ ਉਰਫ਼ ਭਾਈ ਮੰਨਾ ਸਿੰਘ ਦੀ ਬੇਟੀ ਹੈ। ਉਹ ਸਰਕਾਰਾਂ ਦੀ ਹਰ ਲੋਕ ਵਿਰੋਧੀ ਨੀਤੀ ਦਾ ਵਿਰੋਧ ਤੇ ਜਮਹੂਰੀ ਹੱਕਾਂ ਦੀ ਗੱਲ ਕਰਦੇ ਰਹਿੰਦੇ ਹਨ।

ਪੁੱਛ ਗਿੱਛ ਦੌਰਾਨ ਦੇਸ਼ ਧ੍ਰੋਹੀ ਖੋਜ ਪੁਸਤਕਾਂ/ਰਿਪੋਰਟਾਂ ਨੂੰ ਛਪਵਾਉਣ ਦੇ ਖਰਚੇ ਬਾਰੇ ਸਵਾਲ ਕੀਤੇ। ਈ.ਡੀ. ਵਰਗੀਆਂ ਆਪਣੀਆਂ ਹੱਥ ਠੋਕਾ ਏਜੰਸੀਆਂ ਦੀ ਕੇਂਦਰ ਸਰਕਾਰ ਵੱਲੋਂ ਲੋਕ-ਪੱਖੀ ਕਾਰਕੁੰਨਾਂ ਖਿਲਾਫ਼ ਨੰਗੇ ਚਿੱਟੇ ਰੂਪ ਵਿੱਚ ਵਰਤੋਂ, ਲੋਕ ਪੱਖੀ ਆਵਾਜ਼ਾਂ ਨੂੰ ਦਬਾਉਣ ਲਈ ਕੀਤੀ ਜਾ ਰਹੀ ਹੈ। ਡੈਮੋਕ੍ਰੈਟਿਕ ਟੀਚਰਜ ਫਰੰਟ ਦੇ ਸੂਬਾ ਪ੍ਰਧਾਨ ਦਿਗਵਿਜੇ ਪਾਲ ਸ਼ਰਮਾ ਤੇ ਸੂਬਾ ਜਨਰਲ ਸਕੱਤਰ ਬਲਬੀਰ ਲੌਂਗੋਵਾਲ ਨੇ ਕਿਹਾ ਕਿ ਜਿਸ ਪੀ.ਐਮ.ਐਲ.ਏ. ਕਾਨੂੰਨ ਤਹਿਤ ਡਾ. ਨਵਸ਼ਰਨ ਕੋਲੋਂ ਪੁੱਛਗਿੱਛ ਕੀਤੀ ਗਈ ਹੈ, ਇਸ ਤਹਿਤ ਉੱਘੀ ਲੋਕ ਪੱਖੀ ਪੱਤਰਕਾਰ ਰਾਣਾ ਆਯੂਬ ਅਤੇ ਬੰਦੀ ਸਮਾਜਿਕ ਕਾਰਕੁਨ ਤੀਸਤਾ ਸੀਤਲਵਾੜ ਆਦਿ ਨੂੰ ਵੀ ਕੇਂਦਰ ਸਰਕਾਰ ਤੰਗ ਪ੍ਰੇਸ਼ਾਨ ਕਰ ਚੁੱਕੀ ਹੈ। ਇਹ ਡਰਾਉਣ, ਧਮਕਾਉਣ ਅਤੇ ਦਹਿਸਤ ਪਾਉਣ ਦੀ ਨੀਤੀ ਹੈ, ਜਿਸ ਨੂੰ ਜਮਹੂਰੀ ਲੋਕ, ਸੰਸਥਾਵਾਂ ਕਿਸੇ ਵੀ ਹਾਲਤ ਵਿੱਚ ਬਰਦਾਸ਼ਤ ਨਹੀਂ ਕਰਨਗੀਆਂ।

ਸੂਬਾ ਸੀਨੀਅਰ ਮੀਤ ਪ੍ਰਧਾਨ ਸਰਵਣ ਸਿੰਘ ਔਜਲਾ, ਸੂਬਾ ਜਥੇਬੰਦਕ ਸਕੱਤਰ ਕਰਨੈਲ ਸਿੰਘ ਚਿੱਟੀ, ਸੂਬਾ ਮੀਤ ਪ੍ਰਧਾਨ ਸੁਖਵਿੰਦਰ ਸੁੱਖੀ, ਸੂਬਾ ਪ੍ਰੈੱਸ ਸਕੱਤਰ ਗੁਰਮੀਤ ਕੋਟਲੀ ਅਤੇ ਸੂਬਾ ਵਿੱਤ ਸਕੱਤਰ ਜਸਵਿੰਦਰ ਸਿੰਘ ਨੇ ਕਿਹਾ ਕਿ ਮੋਦੀ ਸਰਕਾਰ ਦੇ ਇਸ਼ਾਰਿਆਂ 'ਤੇ ਬੁੱਧੀਜੀਵੀਆਂ ਦੀ ਕੀਤੀ ਜਾ ਰਹੀ ਜ਼ੁਬਾਨਬੰਦੀ ਖਿਲਾਫ਼ ਡੀ.ਟੀ.ਐੱਫ. ਹਰ ਫਰੰਟ 'ਤੇ ਆਵਾਜ਼ ਬੁਲੰਦ ਕਰੇਗੀ।

# ਮੁੱਖ ਮੰਤਰੀ ਜੀ, ਹਾਈ ਕੋਰਟ 'ਚ ਦਿੱਤੇ ਹਲਫੀਆ ਬਿਆਨ ਨੂੰ ਲਾਗੂ ਕਰ ਦਿਓ : ਪੰਜਾਬ ਪੈਨਸ਼ਨਰਜ਼ ਯੂਨੀਅਨ




ਕੋਟਕਪੂਰਾ (ਰਛਪਾਲ ਭੁੱਲਰ) ਜਲੰਧਰ ਲੋਕ ਸਭਾ ਦੀ ਜ਼ਿਮਨੀ ਚੋਣ ਜਿੱਤਣ ਬਾਅਦ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਪਹਿਲਾ ਬਿਆਨ ਇਹ ਆਇਆ ਹੈ ਕਿ ਇਸ ਜਿੱਤ ਨਾਲ ਮੇਰੀ ਲੋਕਾਂ ਪ੍ਰਤੀ ਜ਼ਿੰਮੇਵਾਰੀ ਹੋਰ ਵੀ ਵਧ ਗਈ ਹੈ। ਮਾਨ ਸਾਹਿਬ ਦੇ ਇਸ ਬਿਆਨ ਦਾ ਸਵਾਗਤ ਕਰਦੇ ਹੋਏ ਪੰਜਾਬ ਪੈਨਸ਼ਨਰਜ ਯੂਨੀਅਨ ਏਟਕ ਜ਼ਿਲ੍ਹਾ ਫ਼ਰੀਦਕੋਟ ਦੇ ਪ੍ਰਧਾਨ ਕੁਲਵੰਤ ਸਿੰਘ ਚਾਨੀ, ਕੈਸ਼ੀਅਰ ਸੋਮ ਨਾਥ ਅਰੋੜਾ ਤੇ ਇਕਬਾਲ ਸਿੰਘ ਮੰਘੇੜਾ ਨੇ ਕਿਹਾ ਕਿ ਜੇ ਮਾਨ ਸਾਹਿਬ ਆਪਣੇ ਇਸ ਬਿਆਨ ਬਾਰੇ ਸੰਜੀਦਾ ਹਨ ਤਾਂ ਉਨ੍ਹਾਂ ਨੂੰ ਪੰਜਾਬ ਦੇ ਲੱਖਾਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੇ 6 ਫ਼ੀਸਦੀ ਮਹਿੰਗਾਈ ਭੱਤੇ ਬਾਰੇ ਸਰਕਾਰ ਦੇ ਐਡਵੋਕੇਟ ਜਨਰਲ ਵੱਲੋਂ ਪੰਜਾਬ ਤੇ ਹਰਿਆਣਾ ਹਾਈਕੋਰਟ ਵਿੱਚ ਦਿੱਤੇ ਐਫੀਡੇਵਿਟ ਨੂੰ ਲਾਜ਼ਮੀ ਲਾਗੂ ਕਰ ਦੇਣਾ ਚਾਹੀਦਾ ਹੈ।

ਵਰਨਣਯੋਗ ਹੈ ਕਿ 10 ਜਨਵਰੀ 2023 ਨੂੰ ਸਿਵਲ ਰਿਟ ਪਟੀਸ਼ਨ 29 ਆਫ 2023 ਦੀ ਸੁਣਵਾਈ ਸਮੇਂ ਪੰਜਾਬ ਸਰਕਾਰ ਦੇ ਐਡੀਸ਼ਨਲ ਐਡਵੋਕੇਟ ਜਨਰਲ ਨੇ ਅੰਡਰਟੇਕਿੰਗ ਦਿੱਤੀ ਸੀ ਕਿ ਨਾਨ ਪਟੀਸ਼ਨਰ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ ਵੀ ਪਟੀਸ਼ਨਰ ਵਾਂਗ ਜੁਲਾਈ 2015 ਤੋਂ ਦਸੰਬਰ 2015 ਤੱਕ ਦਾ ਰਹਿੰਦਾ 6 ਫ਼ੀਸਦੀ ਮਹਿੰਗਾਈ ਭੱਤੇ ਦਾ ਬਕਾਇਆ ਤਿੰਨ ਮਹੀਨਿਆਂ ਵਿੱਚ ਦੇ ਦਿੱਤਾ ਜਾਵੇਗਾ। ਮੀਟਿੰਗ ਨੂੰ ਜਥੇਬੰਦੀ ਦੇ ਸਰਪ੍ਰਸਤ ਬਲਦੇਵ ਸਿੰਘ ਸਹਿਦੇਵ, ਅਸ਼ੋਕ ਕੌਸ਼ਲ ਤੇ ਮਦਨ ਲਾਲ ਸ਼ਰਮਾ ਨੇ ਸੰਬੋਧਨ ਕਰਦੇ ਹੋਏ 2:59 ਦੇ ਗੁਣਾਂਕ ਨਾਲ ਪੈਨਸ਼ਨਾਂ ਦੀ ਸੋਧ ਕਰਨ, ਕੈਸ਼ਲੈਸ ਇਲਾਜ ਦੀ ਸਹੂਲਤ ਦੇਣ, ਡੀਏ ਦੀਆਂ ਰਹਿੰਦੀਆਂ ਦੋ ਕਿਸ਼ਤਾਂ ਜਾਰੀ ਕਰਨ ਤੇ ਤਨਖ਼ਾਹਾਂ/ਪੈਨਸ਼ਨਾਂ ਦੀ ਸੋਧ ਸਮੇਂ ਦਾ ਸਾਰਾ ਰਹਿੰਦਾ ਬਕਾਇਆ ਇਕਮੁਸ਼ਤ ਦੇਣ ਦੀ ਮੰਗ ਕੀਤੀ।

ਪ੍ਰਿੰਸੀਪਲ ਬਲਵੀਰ ਸਿੰਘ ਬਰਾੜ, ਸੁਪਰਡੈਂਟ ਅਸ਼ੋਕ ਚਾਵਲਾ, ਮੈਡਮ ਅਮਰਜੀਤ ਕੌਰ ਅਤੇ ਹਾਕਮ ਸਿੰਘ ਡੀਪੀਈ ਨੇ ਮੰਗ ਕੀਤੀ ਕਿ 1-1-2016 ਤੋਂ ਬਾਅਦ ਸੇਵਾਮੁਕਤ ਹੋਏ ਪੈਨਸ਼ਨਰਾਂ ਦੇ ਪੈਨਸ਼ਨ ਸੋਧ ਦੇ ਹਜ਼ਾਰਾਂ ਕੇਸ, ਜੋ ਏਜੀ ਪੰਜਾਬ ਦੇ ਦਫਤਰ ਵਿੱਚ ਰੁਕੇ ਪਏ ਹਨ, ਤੁਰੰਤ ਮਨਜ਼ੂਰ ਕਰਕੇ ਵਾਪਸ ਭੇਜੇ ਜਾਣ। ਇਸ ਮੌਕੇ ਪੀਆਰਟੀਸੀ ਦੇ ਗੁਰਦੀਪ ਭੋਲਾ, ਗੁਰਚਰਨ ਸਿੰਘ ਮਾਨ, ਮੈਡਮ ਪਰਮਜੀਤ ਕੌਰ ਬੀਪੀਈਓ, ਗੇਜ ਰਾਮ, ਗੁਰਾ ਸਿੰਘ, ਸੁਖਦਰਸ਼ਨ ਸਿੰਘ ਗਿੱਲ, ਵਿਜੇ ਕੁਮਾਰ ਤਿਵਾੜੀ, ਮੇਜਰ ਸਿੰਘ, ਸੁਖਮੰਦਰ ਸਿੰਘ ਰਾਮਸਰ, ਰੋਸ਼ਨ ਲਾਲ ਜੈਨ, ਕੀਰਤਨ ਸਿੰਘ, ਸੁਰਿੰਦਰ ਕੁਮਾਰ ਤੇ ਮਲਕੀਤ ਸਿੰਘ ਨੇ ਵੀ ਆਪਣੇ ਸੁਝਾਅ ਨੋਟ ਕਰਵਾਏ। ਇੱਕ ਸ਼ੋਕ ਮਤਾ ਪਾਸ ਕਰਕੇ ਮਾਸਟਰ ਸੋਮ ਨਾਥ ਅਰੋੜਾ ਦੀ ਵੱਡੀ ਭੈਣ ਦੇ ਸਦੀਵੀ ਵਿਛੋੜਾ ਦੇ ਜਾਣ 'ਤੇ ਮੌਨ ਧਾਰਨ ਕਰਕੇ ਸ਼ਰਧਾਂਜ਼ਲੀ ਭੇਟ ਕੀਤੀ ਗਈ।

## ਪਹਿਲਵਾਨਾਂ ਦੇ ਸਮਰਥਨ 'ਚ ਬੀ ਕੇ ਯੂ ਏਕਤਾ ਡਕੌਂਦਾ ਵੱਲੋਂ ਰਾਸ਼ਟਰਪਤੀ ਦੇ ਨਾਂਅ ਮੰਗ ਪੱਤਰ

ਮਨਸਾ (ਆਤਮਾ ਸਿੰਘ ਪਮਾਰ)-ਦਿੱਲੀ ਜੰਤਰ ਮੰਤਰ ਵਿਖੇ ਸੰਘਰਸ਼ ਕਰ ਰਹੇ ਪਹਿਲਵਾਨਾਂ ਦੇ ਸਮਰਥਨ 'ਚ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਨੇ ਆਪਣੇ ਸੂਬਾ ਕਾਰਜਕਾਰੀ ਪ੍ਰਧਾਨ ਮਨਜੀਤ ਸਿੰਘ ਧਨੇਰ ਅਤੇ ਸੂਬਾ ਜਨਰਲ ਸਕੱਤਰ ਹਰਨੇਕ ਸਿੰਘ ਮਹਿਮਾ ਦੇ ਦਿਸ਼ਾ ਨਿਰਦੇਸ਼ਾਂ ਹੇਠ ਹੇਠ ਪੰਜਾਬ ਦੇ 13 ਜ਼ਿਲਿਆਂ ਵਿੱਚ ਰਾਸ਼ਟਰਪਤੀ ਦੇ ਨਾਂਅ ਮੰਗ ਪੱਤਰ ਦਿੱਤੇ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਜਥੇਬੰਦੀ ਦੇ ਸੂਬਾ ਸੀਨੀਅਰ ਮੀਤ ਪ੍ਰਧਾਨ ਗੁਰਦੀਪ ਸਿੰਘ ਰਾਮਪੁਰਾ ਨੇ ਕਿਹਾ ਕਿ ਭਾਰਤੀ ਕੁਸ਼ਤੀ ਫੈਡਰੇਸ਼ਨ ਦੇ ਪ੍ਰਧਾਨ ਬ੍ਰਿਜ ਭੂਸ਼ਣ ਸਿੰਘ ਦੇ ਖਿਲਾਫ ਮਾਮਲਾ ਦਰਜ ਹੋਏ ਨੂੰ ਹਫਤਾ ਹੋ ਚੱਲਿਆ ਹੈ ਪਰ ਅੱਜ ਤੱਕ ਵੀ ਉਸ ਗੁੰਡੇ ਨੂੰ ਗ੍ਰਿਫਤਾਰ ਨਹੀਂ ਕੀਤਾ ਗਿਆ। ਬ੍ਰਿਜ ਭੂਸ਼ਣ ਖਿਲਾਫ ਇੱਕ ਮਾਮਲਾ ਨਬਾਲਗ ਨਾਲ ਜਿਨਸੀ ਦੁਰਵਿਹਾਰ ਕਰਨ ਦਾ ਵੀ ਹੈ ਅਤੇ ਪੋਕਸੋ ਐਕਟ ਅਧੀਨ ਐਫ ਆਈ ਆਰ ਦਰਜ ਹੋ ਚੁੱਕੀ ਹੈ। ਇਸ ਤਰ੍ਹਾਂ ਦੇ ਮਾਮਲੇ ਵਿੱਚ ਮੁਲਜ਼ਮ ਦੀ ਹਿਰਾਸਤੀ ਪੁੱਛਗਿੱਛ ਜ਼ਰੂਰੀ ਹੁੰਦੀ ਹੈ। ਆਗੂਆਂ ਕਿਹਾ ਕਿ ਜਿਸ ਤਰ੍ਹਾਂ ਇਨ੍ਹਾਂ ਕੁੜੀਆਂ ਨੂੰ ਜ਼ਲੀਲ ਕੀਤਾ ਜਾ ਰਿਹਾ ਹੈ, ਇਸ ਨਾਲ ਖੇਡਾਂ ਦੇ ਖੇਤਰ ਵਿੱਚ ਕੁੜੀਆਂ ਦਾ ਰਾਹ ਹਮੇਸ਼ਾ ਲਈ ਬੰਦ ਹੋ ਜਾਵੇਗਾ। ਇਸੇ ਤਹਿਤ ਮਾਨਸਾ ਜ਼ਿਲ੍ਹੇ ਵਿੱਚ ਸੂਬਾ ਕਮੇਟੀ ਮੈਂਬਰ ਕਲਵੰਤ ਸਿੰਘ ਕਿਸਨਗੜ੍ਹ ਜ਼ਿਲ੍ਹਾ ਪ੍ਰਧਾਨ ਮਹਿੰਦਰ ਦਿਆਲਪੁਰਾ, ਜ਼ਿਲ੍ਹਾ ਖਜ਼ਾਨਚੀ ਦੇਵੀ ਰਾਮ ਸ਼ਰਮਾ, ਝਨੀਰ ਬਲਾਕ ਦੇ ਮਿੱਠੂ ਸਿੰਘ ਭੰਮੇ ਕਲਾਂ, ਬੂਟਾ ਸਿੰਘ ਭੰਮੇ ਕਲਾਂ ਨੇ ਪਹਿਲਵਾਨ ਲੜਕੀਆਂ ਦੇ ਹੱਕ ਵਿੱਚ ਭਾਰਤ ਦੇ ਰਾਸ਼ਟਰਪਤੀ ਦੇ ਨਾਂਅ ਡਿਪਟੀ ਕਮਿਸ਼ਨਰ ਮਾਨਸਾ ਰਾਹੀਂ ਮੰਗ ਪੱਤਰ ਭੇਜਿਆ ਗਿਆ ਅਤੇ ਸਰਕਾਰ ਤੋਂ ਮੰਗ ਕੀਤੀ ਕਿ ਪਹਿਲਵਾਨ ਲੜਕੀਆਂ ਦੇ ਨਾਲ ਦੁਰਵਿਹਾਰ ਕਰਨ ਵਾਲੇ ਲੋਕ ਸਭਾ ਮੈਂਬਰ ਬ੍ਰਿਜ ਭੂਸ਼ਣ ਸਿੰਘ ਨੂੰ ਜਲਦ ਗ੍ਰਿਫਤਾਰ ਕੀਤਾ ਜਾਵੇ । ਜਥੇਬੰਦੀ ਨੇ ਇਸ ਮੌਕੇ ਐਲਾਨ ਕੀਤਾ ਕਿ ਪਹਿਲਵਾਨਾਂ ਦੇ ਸੰਘਰਸ਼ ਦੀ ਜਿੱਤ ਤੱਕ ਹਰ ਸੰਭਵ ਮਦਦ ਕੀਤੀ ਜਾਵੇਗੀ।

## ਬਰੌਂਡਵੇ ਪਬਲਿਕ ਸਕੂਲ 'ਚ ਮਾਂ ਦਿਵਸ ਮਨਾਇਆ




ਮਹਿਲ ਕਲਾਂ, (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)-ਬਰੌਂਡਵੇ ਪਬਲਿਕ ਸਕੂਲ ਮਨਾਲ ਵਿਖੇ ਕੌਮਾਂਤਰੀ ਮਾਂ ਦਿਵਸ ਧੂਮ ਧਾਮ ਨਾਲ ਮਨਾਇਆ ਗਿਆ। ਇਸ ਮੌਕੇ ਵਿਦਿਆਰਥੀਆਂ ਵੱਲੋਂ ਡਾਂਸ, ਕਵਿਤਾਵਾਂ, ਹਰਿਆਣਵੀਂ ਗੀਤ, ਭਾਸ਼ਣ ਆਦਿ ਦੀ ਪੇਸ਼ਕਾਰੀ ਬਾਕਮਾਲ ਸੀ। ਸੰਸਥਾ ਦੇ ਚੇਅਰਮੈਨ ਰਣਜੀਤ ਸਿੰਘ ਚੀਮਾ, ਡਾਇਰੈਕਟਰ ਨਵਰੀਤ ਕੌਰ ਚੀਮਾ ਨੇ ਮਾਂ ਦਿਵਸ ਦੀ ਮਹੱਤਤਾ ਬਾਰੇ ਵਿਸਥਾਰ ਪੂਰਬਕ ਚਾਨਣਾ ਪਾਇਆ। ਪ੍ਰਿੰਸੀਪਲ ਮੁਹੰਮਦ ਆਰਿਫ ਸੈਫੀ ਨੇ ਸੰਸਥਾ ਦੀਆਂ ਸ਼ਾਨਦਾਰ ਪ੍ਰਾਪਤੀਆਂ ਬਾਰੇ ਚਰਚਾ ਕਰਦਿਆਂ ਸਮੂਹ ਵਿਦਿਆਰਥੀਆਂ ਦੇ ਸੁਨਹਿਰੇ ਭਵਿੱਖ ਦੀ ਕਾਮਨਾ ਕੀਤੀ। ਉਨ੍ਹਾਂ ਵਿਦਿਆਰਥੀਆਂ ਨਾਲ ਸਵਾਲ, ਜਵਾਬ ਵੀ ਕੀਤੇ। ਅਖੀਰ ਵਿੱਚ ਹੋਣਹਾਰ ਵਿਦਿਆਰਥੀਆਂ ਨੂੰ ਇਨਾਮ ਦੇ ਕੇ ਸਨਮਾਨਤ ਕੀਤਾ ਗਿਆ।

## ਮਾਲਵਾ ਖਾਲਸਾ ਸਕੂਲ 'ਚ ਡੇਂਗੂ ਡੇਅ ਮਨਾਇਆ

ਫਿਰੋਜ਼ਪੁਰ (ਅਸ਼ੋਕ ਸ਼ਰਮਾ) : ਸਿਵਲ ਸਰਜਨ ਫਿਰੋਜ਼ਪੁਰ ਡਾ. ਰਾਜਿੰਦਰਪਾਲ ਤੇ ਜ਼ਿਲ੍ਹਾ ਐਡੀਡਿਮਾਲੋਜਿਸਟ ਡਾ. ਸਵਿੰਦਰ ਢਿੱਲੋਂ ਤੇ ਡਾ. ਯੁਵਰਾਜ ਨਾਰੰਗ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਵਰਲਡ ਡੇਂਗੂ ਡੇਅ ਸਿਵਲ ਹਸਪਤਾਲ ਫਿਰੋਜ਼ਪੁਰ ਤੇ ਮਾਲਵਾ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਫਿਰੋਜ਼ਪੁਰ ਵਿਖੇ ਮਨਾਇਆ ਗਿਆ, ਜਿਸ ਵਿੱਚ ਸਿਹਤ ਵਿਭਾਗ ਦੀ ਟੀਮ ਵੱਲੋਂ ਹਰਮੇਸ਼ ਚੰਦਰ ਏਐੱਮਓ, ਰਮਨ ਕੁਮਾਰ ਮਪਹਵ (ਮੇਲ), ਰਾਕੇਸ਼ ਕੁਮਾਰ, ਮਪਹਵ ਤੇ ਬਲਵਿੰਦਰ ਸਿੰਘ ਹਾਜ਼ਰ ਸਨ। ਇਸ ਮੌਕੇ ਸਕੂਲੀ ਬੱਚਿਆਂ ਨੂੰ ਡੇਂਗੂ ਬਾਰੇ ਜਾਣਕਾਰੀ ਦਿੰਦੇ ਦੱਸਿਆ ਕਿ ਡੇਂਗੂ ਦਾ ਮੱਛਰ ਸਾਫ ਪਾਣੀ 'ਤੇ ਪੈਦਾ ਹੁੰਦਾ ਹੈ, ਇਸ ਕਰਕੇ ਕਿਤੇ ਵੀ ਸਾਫ ਪਾਣੀ ਜਿਵੇਂ ਕੂਲਰਾਂ ਨੂੰ ਹਫਤੇ ਵਿੱਚ ਇੱਕ ਵਾਰ ਜ਼ਰੂਰ ਸਾਫ ਕੀਤਾ ਜਾਵੇ। ਫਰਿਜ ਦੇ ਬੈਕਸਾਈਡ 'ਤੇ ਵੇਸਟ ਪਾਣੀ ਦੀ ਟਰੇਅ ਨੂੰ ਵੀ ਸਾਫ ਕੀਤਾ ਜਾਵੇ। ਇਸ ਤੋਂ ਇਲਾਵਾ ਛੱਤ 'ਤੇ ਪਏ ਕਬਾੜ ਦੇ ਸਾਮਾਨ ਵਿੱਚ ਬਰਸਾਤ ਦਾ ਪਾਣੀ ਜਮ੍ਹਾਂ ਹੋ ਜਾਂਦਾ ਹੈ, ਨੂੰ ਵੀ ਸਾਫ ਰੱਖਿਆ ਜਾਵੇ ਤਾਂ ਜੋ ਡੇਂਗੂ ਦਾ ਮੱਛਰ ਪੈਦਾ ਨਾ ਹੋ ਸਕੇ। ਇਸ ਤੋਂ ਇਲਾਵਾ ਕੱਪੜੇ ਪੂਰੀ ਬਾਜੂ ਦੇ ਪਹਿਨੇ ਜਾਣ ਤੇ ਮੱਛਰ ਭਜਾਓ ਕਰੀਮਾਂ ਦੀ ਵਰਤੋਂ ਕੀਤੀ ਜਾਵੇ। ਬੁਖ਼ਾਰ ਹੋਣ 'ਤੇ ਨੇੜੇ ਦੀ ਸਿਹਤ ਸੰਸਥਾ ਤੋਂ ਖ਼ੂਨ ਦੀ ਜਾਂਚ ਕਰਵਾਈ ਜਾਵੇ, ਜੋ ਸਾਰੀਆਂ ਸਿਹਤ ਸੰਸਥਾਵਾਂ ਵਿੱਚ ਬਿਲਕੁਲ ਮੁਫਤ ਕੀਤੀ ਜਾਂਦੀ ਹੈ।

## ਕੈਂਬ੍ਰਿਜ ਕਾਨਵੈਂਟ ਸਕੂਲ ਕੋਟ ਈਸੇ ਖਾਂ ਦਾ ਸ਼ਾਨਦਾਰ ਪ੍ਰਦਰਸ਼ਨ

ਕੋਟ ਈਸੇ ਖਾਂ (ਅਰੋੜਾ)-ਕੈਂਬ੍ਰਿਜ ਕਾਨਵੈਂਟ ਸਕੂਲ ਕੋਟ-ਈਸੇ-ਖਾਂ ਦੇ 12ਵੀਂ ਜਮਾਤ ਦੇ ਸੀ.ਬੀ.ਐੱਸ.ਈ. ਬੋਰਡ ਵੱਲੋਂ ਐਲਾਨੇ ਨਤੀਜਿਆਂ 'ਚ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰ ਕੇ ਸਕੂਲ ਦਾ ਨਾਂ ਰੌਸ਼ਨ ਕੀਤਾ । ਕੈਂਬ੍ਰਿਜ ਕਾਨਵੈਂਟ ਸਕੂਲ ਦਾ 12ਵੀਂ ਜਮਾਤ ਦਾ ਨਤੀਜਾ 100 ਫੀਸਦੀ ਰਿਹਾ । ਇਤਾਂਸ਼ੀ ਮਲਹੋਤਰਾ ਨੇ ਸਾਇੰਸ ਸਟ੍ਰੀਮ 'ਚ 89 ਫ਼ੀਸਦੀ ਅੰਕ ਪ੍ਰਾਪਤ ਕਰ ਕੇ ਪਹਿਲਾ, ਨਵਜੋਤ ਸਿੰਘ ਨੇ 86 ਫ਼ੀਸਦੀ ਅੰਕ ਪ੍ਰਾਪਤ ਕਰ ਕੇ ਦੂਜਾ ਸਥਾਨ ਅਤੇ ਹਰਮਨਦੀਪ ਕੌਰ ਨੇ 82 ਫ਼ੀਸਦੀ ਅੰਕ ਪ੍ਰਾਪਤ ਕਰ ਕੇ ਤੀਜਾ ਸਥਾਨ ਹਾਸਲ ਕੀਤਾ , ਉੱਥੇ ਹੀ ਕਾਮਰਸ ਸਟ੍ਰੀਮ 'ਚ ਖ਼ੁਸ਼ੀ ਕਾਲੜਾ ਨੇ 85 ਫ਼ੀਸਦੀ ਅੰਕ ਪ੍ਰਾਪਤ ਕਰ ਕੇ ਪਹਿਲਾ, ਬਲਜੋਤ ਸਿੰਘ ਨੇ 80 ਫ਼ੀਸਦੀ ਅੰਕ ਪ੍ਰਾਪਤ ਕਰ ਕੇ ਦੂਜਾ ਅਤੇ ਪ੍ਰਭਜੋਤ ਸਿੰਘ ਨੇ 78 ਫ਼ੀਸਦੀ ਅੰਕ ਪ੍ਰਾਪਤ ਕਰ ਕੇ ਤੀਜਾ ਸਥਾਨ ਹਾਸਲ ਕੀਤਾ । ਇਸ ਮੌਕੇ ਸਕੂਲ ਦੇ ਚੇਅਰਮੈਨ ਸੰਦੀਪ ਮਾਲੜਾ, ਮਨਦੀਪ ਮਾਲੜਾ, ਐੱਮ.ਡੀ. ਮੈਡਮ ਕਾਜਲ ਮਾਲੜਾ, ਮੈਡਮ ਪੂਨਮ ਮਾਲੜਾ ਅਤੇ ਪ੍ਰਿੰ. ਮੈਡਮ ਮੰਜੂ ਅਰੋੜਾ ਨੇ ਸਾਰੇ ਵਿਦਿਆਰਥੀਆਂ, ਅਧਿਆਪਕਾਂ ਅਤੇ ਵਿਦਿਆਰਥੀਆਂ ਦੇ ਮਾਪਿਆਂ ਨੂੰ ਵਧਾਈ ਦਿੱਤੀ।

## ਗੁਰਦਵਾਰਾ ਕਲਗੀਧਰ ਸਾਹਿਬ 'ਚ ਗੁਰਮਤਿ ਸਮਾਗਮ

ਖੰਨਾ (ਸੁਖਵਿੰਦਰ ਸਿੰਘ ਭਾਦਲਾ, ਪਰਮਿੰਦਰ ਸਿੰਘ ਮੋਨੂੰ)-ਗੁਰਦੁਆਰਾ ਸ੍ਰੀ ਕਲਗੀਧਰ ਸਾਹਿਬ 'ਚ ਜੇਠ ਮਹੀਨੇ ਦੀ ਸੰਗਰਾਂਦ ਦੇ ਸੰਬੰਧ 'ਚ ਰਾਤ ਮੌਕੇ ਗੁਰਮਤਿ ਸਮਾਗਮ ਕੀਤੇ ਗਏ। ਸਮਾਗਮ 'ਚ ਸਭ ਤੋਂ ਪਹਿਲਾਂ ਹਜ਼ੂਰੀ ਰਾਗੀ ਭਾਈ ਗੁਰਚਰਨ ਸਿੰਘ ਦੇ ਰਾਗੀ ਜਥੇ ਨੇ ਗੁਰਬਾਣੀ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ। ਸਮਾਗਮ 'ਚ ਵਿਸ਼ੇਸ਼ ਤੌਰ 'ਤੇ ਪੁੱਜੇ ਕਥਾਵਾਚਕ ਭਾਈ ਮਨਦੀਪ ਸਿੰਘ ਮੁਰੀਦ ਸੰਗਰੂਰ ਵਾਲਿਆਂ ਨੇ ਗੁਰਬਾਣੀ ਕਥਾ ਤੇ ਗੁਰਮਤਿ ਵੀਚਾਰਾਂ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ, ਜਿਨ੍ਹਾਂ ਨੂੰ ਪ੍ਰਬੰਧਕ ਕਮੇਟੀ ਵੱਲੋਂ ਸਿਰੋਪਾ ਭੇਟ ਕੀਤਾ ਗਿਆ। ਭਾਈ ਮਨਦੀਪ ਸਿੰਘ ਮੁਰੀਦ ਨੇ ਸੰਗਤਾਂ ਨੂੰ ਗੁਰੂ ਸਾਹਿਬ ਜੀ ਦੇ ਦਰਸਾਏ ਮਾਰਗ 'ਤੇ ਚੱਲ ਕੇ ਜੀਵਨ ਸਫਲਾ ਕਰਨ ਲਈ ਪ੍ਰੇਰਿਤ ਕੀਤਾ। ਮੀਤ ਗ੍ਰੰਥੀ ਭਾਈ ਸਮਿੰਦਰ ਸਿੰਘ ਨੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ। ਸਮਾਗਮ ਦੀ ਸਮਾਪਤੀ ਉਪ੍ਰੰਤ ਗੁਰੂ ਕੇ ਲੰਗਰ ਅਤੁੱਟ ਵਰਤਾਏ। ਇਸ ਮੌਕੇ ਸੈਕਟਰੀ ਅਵਤਾਰ ਸਿੰਘ ਕੈਂਥ, ਰਵਿੰਦਰ ਸਿੰਘ ਬਬਲੂ, ਗੁਰਪ੍ਰੀਤ ਸਿੰਘ, ਰਵਿੰਦਰ ਮੋਹਨ ਟੋਨੀ, ਮਨਪ੍ਰੀਤ ਸਿੰਘ ਬੱਗਾ, ਸਤਿੰਦਰ ਸਿੰਘ ਕੋਹਲੀ, ਗੁਰਿੰਦਰ ਸਿੰਘ ਗਿੱਲ, ਰਜਿੰਦਰ ਸਿੰਘ ਲਾਈਨਮੈਨ, ਰਣਜੀਤ ਸਿੰਘ ਕਾਲੜਾ, ਮੀਤ ਗ੍ਰੰਥੀ ਸਮਿੰਦਰ ਸਿੰਘ, ਮੈਨੇਜਰ ਸਤਨਾਮ ਸਿੰਘ, ਪ੍ਰਿੰਸ ਬਾਂਗਾ, ਮਾਸਟਰ ਸੁਖਬੀਰ ਸਿੰਘ ਆਹਲੂਵਾਲੀਆ, ਜਰਨੈਲ ਸਿੰਘ, ਮਹਿੰਦਰ ਸਿੰਘ, ਭੁਪਿੰਦਰ ਸਿੰਘ ਚਾਨੇ, ਜਤਿੰਦਰਜੀਤ ਸਿੰਘ ਬਖਸੀ, ਜਸਕਰਨ ਸਿੰਘ, ਨਕੁਲ ਬੱਸੀ, ਸੇਵਾਦਾਰ ਅਵਤਾਰ ਸਿੰਘ, ਆਦਿ ਹਾਜ਼ਰ ਸਨ।

## ਮਜ਼ਦੂਰ ਮਸਲਿਆਂ 'ਤੇ ਮਾਨ ਸਰਕਾਰ ਦੀ ਕਰਾਂਗੇ ਘੇਰਾਬੰਦੀ : ਛਾਜਲੀ

ਦਿੜ੍ਹਬਾ (ਜਸਵੀਰ ਲਾਡੀ)-ਮਜ਼ਦੂਰ ਮੁਕਤੀ ਮੋਰਚਾ ਪੰਜਾਬ, ਜ਼ਿਲ੍ਹਾ ਸੰਗਰੂਰ ਦੀ ਚੌਥੀ ਜਥੇਬੰਦਕ ਕਾਨਫਰੰਸ ਸ਼ਾਂਤੀ ਨਿਕੇਤਨ ਧਰਮਸ਼ਾਲਾ ਸੁਨਾਮ ਵਿਖੇ ਘਮੰਡ ਸਿੰਘ ਖਾਲਸਾ, ਇੰਦਰਜੀਤ ਕੌਰ ਦਿਆਲਗੜ੍ਹ, ਕਾਂਤਾ ਖੋਖਰ, ਕਿੱਕਰ ਸਿੰਘ ਖਾਲਸਾ, ਪੱਪੂ ਸਿੰਘ ਖੋਖਰ, ਧਰਮਾ ਸਿੰਘ ਸੁਨਾਮ ਦੀ ਪ੍ਰਧਾਨਗੀ ਹੇਠ ਹੋਈ।

ਕਾਨਫਰੰਸ ਵਿਚ ਜ਼ਿਲ੍ਹੇ ਦੇ 35 ਪਿੰਡਾਂ 'ਚੋਂ ਵੱਖ-ਵੱਖ ਬਲਾਕਾਂ ਦੇ ਸਵਾ ਸੌ ਦੇ ਕਰੀਬ ਡੈਲੀਗੇਟ ਹਾਜ਼ਰ ਸਨ, ਜਿਨ੍ਹਾਂ ਵਿੱਚ ਵੱਡੀ ਗਿਣਤੀ ਮਜ਼ਦੂਰ ਔਰਤਾਂ ਦੀ ਸੀ। ਕਾਨਫਰੰਸ ਨੂੰ ਮਜ਼ਦੂਰ ਮੁਕਤੀ ਮੋਰਚਾ ਪੰਜਾਬ ਦੇ ਸੂਬਾ ਪ੍ਰਧਾਨ ਕਾਮਰੇਡ ਗੋਬਿੰਦ ਸਿੰਘ ਛਾਜਲੀ, ਸੂਬਾ ਜਨਰਲ ਸਕੱਤਰ ਗੁਰਪ੍ਰੀਤ ਸਿੰਘ ਰੂੜੇਕੇ, ਸੂਬਾ ਮੀਤ ਪ੍ਰਧਾਨ ਕਾਮਰੇਡ ਵਿਜੈ ਕੁਮਾਰ ਭੀਖੀ, ਸੀਪੀਆਈ (ਐਮ ਐਲ) ਲਿਬਰੇਸ਼ਨ ਪਾਰਟੀ ਦੇ ਆਗੂ ਕਾਮਰੇਡ ਸੁਖਦਰਸਨ ਸਿੰਘ ਨੱਤ, ਹਰਭਗਵਾਨ ਭੀਖੀ, ਕਾਮਰੇਡ ਘੁਮੰਡ ਸਿੰਘ ਖਾਲਸਾ ਉਗਰਾਹਾਂ, ਬਿੱਟੂ ਸਿੰਘ ਖੋਖਰ, ਪ੍ਰੇਮ ਸਿੰਘ ਖਡਿਆਲੀ, ਕੁਲਵੰਤ ਛਾਜਲੀ, ਮਨਜੀਤ ਕੌਰ ਆਲੋਅਰਖ ਤੇ ਇੰਦਰਜੀਤ ਕੌਰ ਜੇਜੀਆਂ ਨੇ ਸੰਬੋਧਨ ਕੀਤਾ। ਆਗੂਆਂ ਨੇ ਪਿਛਲੇ ਕੰਮਾਂ ਦੀ ਰਿਪੋਰਟ ਪੇਸ਼ ਕਰਨ ਤੋਂ ਬਾਅਦ ਮੋਦੀ ਹਕੂਮਤ ਦੀ ਤਾਨਾਸ਼ਾਹੀ ਨਫ਼ਰਤੀ ਜ਼ਹਿਰ ਘੋਲਣ ਵਾਲੀ ਫ਼ਾਸ਼ੀਵਾਦੀ ਹਕੂਮਤ ਨੂੰ ਕਰਨਾਟਕ ਵਿੱਚ ਮਿਲੀ ਹਾਰ ਨੂੰ ਸੰਵਿਧਾਨ ਅਤੇ ਲੋਕਤੰਤਰ ਦੀ ਜਿੱਤ ਕਰਾਰ ਦਿੱਤਾ। ਆਗੂਆਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਮੋਦੀ ਸਰਕਾਰ ਦੇਸ ਦੇ ਵੱਡੇ ਪੂੰਜੀਪਤੀ ਕਾਰਪੋਰੇਟ ਘਰਾਣਿਆਂ ਪੱਖੀ ਸਰਕਾਰ ਹੈ। ਇਸ ਸਰਕਾਰ ਨੇ ਦੇਸ ਦੀਆਂ ਜਨਤਕ ਅਦਾਰਿਆਂ ਜਿਵੇਂ ਬੈਂਕਾਂ, ਰੇਲਵੇ, ਏਅਰ ਇੰਡੀਆ, ਫੈਕਟਰੀਆਂ ਕਾਰਖਾਨੇ ਸਮੇਤ ਅਜ਼ਾਦੀ ਦੇ ਸੰਘਰਸ਼ ਦੇ ਚਿੰਨ੍ਹ ਦੇਸ਼ ਦੀ ਧਰੋਹਰ ਲਾਲ ਕਿਲ੍ਹੇ ਤੱਕ ਨੂੰ ਡਾਲਮੀਆ, ਅਡਾਨੀਆਂ, ਅੰਬਾਨੀਆਂ ਨੂੰ ਗਿਰਵੀ ਰੱਖ ਕੇ ਇਨ੍ਹਾਂ ਅਦਾਰਿਆਂ ਵਿੱਚ ਕੰਮ ਕਰਦੇ ਕਰੋੜਾਂ ਮਜ਼ਦੂਰਾਂ ਨੂੰ ਨੌਕਰੀਆਂ ਤੋਂ ਕੱਢ ਕੇ ਸੜਕ 'ਤੇ ਲਿਆ ਦਿੱਤਾ। ਦੇਸ ਦੇ ਮਜ਼ਦੂਰਾਂ ਦੀ ਖੁੱਲ੍ਹੀ ਲੁੱਟ, ਜੱਥੇਬੰਦ ਹੋਣ ਦੇ ਅਧਿਕਾਰ ਖੋਹ ਕੇ ਕਿਰਤ ਕਾਨੂੰਨਾਂ ਨੂੰ ਰੱਦ ਕਰਕੇ ਕਾਰਪੋਰੇਟ ਘਰਾਣਿਆਂ ਪੱਖੀ ਚਾਰ ਕੋਡ ਬਿੱਲ ਬਣਾ ਕੇ ਦੇਸ ਦੇ ਕਿਰਤੀਆਂ ਦੀ ਕਿਰਤ ਅਤੇ ਉਨ੍ਹਾਂ ਦੇ ਸੰਵਿਧਾਨਿਕ ਹੱਕਾਂ 'ਤੇ ਡਾਕਾ ਮਾਰਨ ਖਿਲਾਫ ਸਖਤ ਅੰਦੋਲਨ ਖੜਾ ਕਰਨ ਦੀ ਅਪੀਲ ਕੀਤੀ।

ਮਜ਼ਦੂਰ ਮੁਕਤੀ ਮੋਰਚਾ ਪੰਜਾਬ ਸਬੰਧਤ (ਆਇਰਲਾ) ਮਜ਼ਦੂਰਾਂ ਨੂੰ ਰੁਜ਼ਗਾਰ ਗਰੰਟੀ, ਕਰਜ਼ਾ ਮੁਕਤੀ ਅਤੇ ਨਸ਼ਿਆਂ ਖ਼ਿਲਾਫ਼ 'ਨਸ਼ਾ ਨਹੀਂ ਰੁਜ਼ਗਾਰ ਦਿਓ' ਮੁਹਿੰਮ ਤਹਿਤ ਲੋਕਾਂ ਨੂੰ ਲਾਮਬੰਦ ਕਰਕੇ ਸਰਕਾਰ ਖਿਲਾਫ਼ ਵੱਡੇ ਸੰਘਰਸ਼ ਦੀ ਤਿਆਰੀ ਕਰ ਰਿਹਾ ਹੈ।

## ਬਾਬਾ ਕਾਹਲਾ ਸਿੰਘ ਦੀ ਬਰਸੀ ਸ਼ਰਧਾ ਨਾਲ ਮਨਾਈ

ਮਾਛੀਵਾੜਾ ਸਾਹਿਬ, (ਸ਼ੈਂਕੀ ਸ਼ਰਮਾ,ਜਗਦੀਸ਼ ਰਾਏ)-ਮਾਛੀਵਾੜਾ ਦੇ ਗੁਰਦੁਆਰਾ ਸ੍ਰੀ ਚਰਨ ਕੰਵਲ ਸਾਹਿਬ ਵਿਖੇ ਗੁਰੂ ਗੋਬਿੰਦ ਸਿੰਘ ਜੀ ਦੇ ਅਨਿੰਨ ਸੇਵਕ ਬਾਬਾ ਕਾਹਲਾ ਸਿੰਘ ਦੀ ਬਰਸੀ ਸੰਗਤਾਂ ਵੱਲੋਂ ਬੜੀ ਸ਼ਰਧਾ ਨਾਲ ਮਨਾਈ ਗਈ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਬਾਬਾ ਮੋਹਣ ਸਿੰਘ ਨੇ ਦੱਸਿਆ ਕਿ ਬਾਬਾ ਕਾਹਲਾ ਸਿੰਘ ਵੱਲੋਂ



ਗੁਰਦੁਆਰਾ ਸ੍ਰੀ ਚਰਨ ਕੰਵਲ ਸਾਹਿਬ ਦੇ ਨੇੜੇ ਜ਼ਮੀਨ ਖਰੀਦ ਕੇ ਬਾਗ ਲਗਾਇਆ ਗਿਆ ਸੀ ਜਿਸ ਵਿਚ ਉਹ ਗੁਰਬਾਣੀ ਦਾ ਜਾਪ ਕਰਦੇ ਅਤੇ ਵਾਹਿਗੁਰੂ ਮੰਤਰ ਦਾ ਅਭਿਆਸ ਕਰਦੇ ਸਨ। ਬਾਬਾ ਜੀ ਵੱਲੋਂ ਬਿਨਾਂ ਕਿਸੇ ਭੇਦਭਾਵ ਦੇ ਹਰੇਕ ਧਰਮ ਤੇ ਜਾਤਪਾਤ ਤੋਂ ਉੱਪਰ ਉੱਠ ਕੇ ਸਮਾਜ ਸੇਵਾ ਵੀ ਕੀਤੀ। ਅੱਜ ਸਵੇਰੇ ਸੁਖਮਨੀ ਸਾਹਿਬ ਦੇ ਪਾਠਾਂ ਦੇ ਭੋਗ ਪਾਉਣ ਉਪਰੰਤ ਗੁਰੂ ਘਰ ਦੇ ਹਜ਼ੂਰੀ ਰਾਗੀ ਭਾਈ ਜਸਦੇਵ ਸਿੰਘ, ਭਾਈ ਸੁਖਵੀਰ ਸਿੰਘ ਤੇ ਭਾਈ ਹਰਵਿੰਦਰ ਸਿੰਘ ਵੱਲੋਂ ਰਸਭਿੰਨਾ ਕੀਰਤਨ ਕੀਤਾ ਗਿਆ। ਇਸ ਤੋਂ ਬਾਅਦ ਭਾਈ ਅਵਤਾਰ ਸਿੰਘ ਭੌਰਲਾ ਦੇ ਰਾਗੀ ਜਥੇ ਵੱਲੋਂ ਵੀ ਕੀਰਤਨ ਦੀ ਹਾਜ਼ਰੀ ਲਗਵਾਈ ਗਈ ਅਤੇ ਬਾਅਦ ਵਿਚ ਭਾਈ ਜਸਵੀਰ ਸਿੰਘ ਦਿੜ੍ਹਬਾ ਦੇ ਜਥੇ ਵੱਲੋਂ ਵੀ ਮਨੋਹਰ ਕੀਰਤਨ ਕੀਤਾ ਗਿਆ। ਅਖੀਰ 'ਚ ਭਾਈ ਬਲਵੀਰ ਸਿੰਘ ਵੀਰ ਦੇ ਢਾਡੀ ਜਥੇ ਵੱਲੋਂ ਜਿੱਥੇ ਗੁਰੂ ਇਤਿਹਾਸ ਨਾਲ ਸੰਬੰਧਤ ਪ੍ਰਸੰਗ ਸੁਣਾਏ ਉੱਥੇ ਬਾਬਾ ਕਾਹਲਾ ਸਿੰਘ ਦੇ ਜੀਵਨ ਨਾਲ ਸੰਬੰਧਿਤ ਵੀ ਵਾਰਾਂ ਪੇਸ਼ ਕੀਤੀਆਂ। ਇਸ ਮੌਕੇ ਮੈਨੇਜਰ ਕਰਮਜੀਤ ਸਿੰਘ ਨਾਭਾ, ਬਾਬਾ ਗੁਰਬਖ਼ਸ਼ ਸਿੰਘ ਲੱਲਕਲਾਂ, ਬਾਬਾ ਬਲਵਿੰਦਰ ਸਿੰਘ ਸਲੌਦੀ, ਬਾਬਾ ਮਲਕੀਤ ਸਿੰਘ ਪਵਾਤ, ਨਿਰਮਲ ਸਿੰਘ ਜੇਈ, ਭਾਈ ਗੁਰਦੀਪ ਸਿੰਘ ਸਲਾਣੀ, ਭਾਈ ਚੰਚਲ ਸਿੰਘ ਲੁਬਾਣਗੜ੍ਹ, ਭਾਈ ਪ੍ਰਮਾਤਮਾ ਸਿੰਘ ਲੱਲਕਲਾਂ, ਫੌਜੀ ਗੜ੍ਹੀ ਬੇਟ, ਅਵਤਾਰ ਸਿੰਘ ਬਰਮਾ, ਭਾਈ ਸੁਜਾਨ ਸਿੰਘ ਮੰਜਾਲੀ ਕਲਾਂ, ਭਾਈ ਹਰਜਿੰਦਰ ਸਿੰਘ ਗਿੱਲ, ਅਕਾਊਂਟੈਂਟ ਸੁਖਦੇਵ ਸਿੰਘ, ਕਥਾਵਾਚਕ ਇਕਨਾਮ ਸਿੰਘ, ਗ੍ਰੰਥੀ ਗੁਰਪ੍ਰੀਤ ਸਿੰਘ, ਗੁਰਨਾਮ ਸਿੰਘ ਖਾਲਸਾ, ਜਸਵੀਰ ਸਿੰਘ ਗਿੱਲ ਆਦਿ ਵੀ ਮੌਜੂਦ ਸਨ।

## ਡੇਂਗੂ ਦਿਵਸ ਸੰਬੰਧੀ ਜਾਗਰੂਕਤਾ ਸਮਾਗਮ



ਮਾਛੀਵਾੜਾ ਸਾਹਿਬ, (ਸ਼ੈਂਕੀ ਸ਼ਰਮਾ,ਜਗਦੀਸ਼ ਰਾਏ) - ਸੀ.ਐੱਚ.ਸੀ ਮਾਛੀਵਾੜਾ ਦੇ ਅਧੀਨ ਆਉਂਦੇ ਵੱਖ-ਵੱਖ ਸਿਹਤ ਕੇਂਦਰਾਂ ਅਤੇ ਸਕੂਲਾਂ ਵਿਚ ਸਰਕਾਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਡੇਂਗੂ ਦਿਵਸ ਸੰਬੰਧੀ ਜਾਗਰੂਕਤਾ ਸਮਾਗਮ ਕਰਵਾਏ ਗਏ। ਬਲਾਕ ਐਜੂਕੇਟਰ ਪ੍ਰਦੀਪ ਸਿੰਘ ਨੇ ਪਤਵੰਤਿਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਡੇਂਗੂ ਦਾ ਮੱਛਰ ਸਾਫ਼ ਖੜ੍ਹੇ ਪਾਣੀ ਵਿਚ ਪੈਦਾ ਹੁੰਦਾ ਹੈ, ਇਸ ਲਈ ਆਪਣੇ ਆਲੇ-ਦੁਆਲੇ ਪਾਣੀ ਜਮ੍ਹਾਂ ਨਾ ਹੋਣ ਦਿਓ, ਕੂਲਰਾਂ ਗਮਲਿਆਂ ਅਤੇ ਫਰਿਜ ਦੀ ਟ੍ਰੇਅ ਨੂੰ 'ਡਰਾਈ-ਡੇ' ਭਾਵ ਸ਼ੁੱਕਰਵਾਰ ਨੂੰ ਚੰਗੀ ਤਰ੍ਹਾਂ ਸੁਕਾਓ। ਉਨ੍ਹਾ ਅੱਗੇ ਕਿਹਾ ਕਿ ਤੇਜ਼ ਬੁਖ਼ਾਰ, ਅੱਖਾਂ ਦੇ ਪਿਛਲੇ ਹਿੱਸੇ ਵਿਚ ਦਰਦ, ਮਾਸਪੇਸ਼ੀਆਂ 'ਚ ਦਰਦ, ਸਰੀਰ 'ਤੇ ਲਾਲ ਧੱਫੜ ਅਤੇ ਮਸੂੜਿਆਂ ਚੋਂ ਖ਼ੂਨ ਵਗਣਾ ਡੇਂਗੂ ਦੇ ਮੁੱਖ ਲੱਛਣ ਹਨ। ਸਮਾਗਮਾਂ ਦੇ ਨਾਲ-ਨਾਲ ਨਰਸਿੰਗ ਵਿਦਿਆਰਥੀਆਂ ਦੇ ਪੋਸਟਰ ਬਣਾਉਣ ਦਾ ਮੁਕਾਬਲਾ ਵੀ ਕਰਵਾਇਆ ਗਿਆ। ਇਸ ਮੌਕੇ ਹੈਲਥ ਸੁਪਰਵਾਈਜ਼ਰ ਪਰਮਵੀਰ ਸਿੰਘ, ਸੁਖਵੀਰ ਸਿੰਘ, ਸਤਵੰਤ ਸਿੰਘ, ਗੁਰਪ੍ਰੀਤ ਕੌਰ, ਜਗਦੀਪ ਸਿੰਘ, ਸਮੂਹ ਸਟਾਫ਼ ਮੈਂਬਰ ਹਾਜ਼ਰ ਸਨ।

## ਸਿਵਲ ਹਸਪਤਾਲ ਖੰਨਾ 'ਚ ਰਾਸ਼ਟਰੀ ਡੇਂਗੂ ਦਿਵਸ ਮਨਾਇਆ

ਖੰਨਾ (ਸੁਖਵਿੰਦਰ ਸਿੰਘ ਭਾਦਲਾ, ਪਰਮਿੰਦਰ ਸਿੰਘ ਮੋਨੂੰ)-ਸਿਵਲ ਸਰਜਨ ਲੁਧਿਆਣਾ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਿਵਲ ਹਸਪਤਾਲ ਖੰਨਾ ਦੇ ਐਸ. ਐਮ. ਓ. ਡਾ. ਮਨਿੰਦਰ ਸਿੰਘ ਭਸੀਨ ਦੇ ਹੁਕਮ ਦੀ ਤਾਮੀਲ ਕਰਦਿਆਂ ਨੋਡਲ ਅਫਸਰ ਡਾ. ਕਿਰਨਦੀਪ ਕੌਰ ਦੀ ਯੋਗ ਅਗਵਾਈ ਹੇਠ ਸਿਵਲ ਹਸਪਤਾਲ ਖੰਨਾ, ਸਰਕਾਰੀ ਹਾਈ ਸਕੂਲ ਅਮਲੋਹ ਰੋਡ ਖੰਨਾ, ਸਰਕਾਰੀ ਪ੍ਰਾਇਮਰੀ ਸਕੂਲ ਨੰਬਰ 8 ਖੰਨਾ ਅਤੇ ਟੈਂਪੂ ਯੂਨੀਅਨ ਖੰਨਾ ਵਿਖੇ ਜਾਗਰੂਕਤਾ ਕੈਂਪ ਲਗਾ ਕੇ ਰਾਸ਼ਟਰੀ ਡੇਂਗੂ ਵਿਰੋਧੀ ਦਿਵਸ ਮਨਾਇਆ ਗਿਆ। ਇਸ ਮੌਕੇ ਸਿਹਤ ਸਿਹਤ ਸੁਪਰਵਾਈਜ਼ਰ ਜਰਨੈਲ ਸਿੰਘ ਮੀਰਪੁਰ ਦੱਸਿਆ ਕਿ ਡੇਂਗੂ ਬੁਖ਼ਾਰ ਮਾਦਾ ਮੱਛਰ ਏਡੀਜ਼ ਅਜੇਪਟੀ ਦੇ ਕੱਟਣ ਨਾਲ ਫੈਲਦਾ ਹੈ। ਇਹ ਮੱਛਰ ਸਾਫ, ਖੜ੍ਹੇ ਪਾਣੀ ਪਾਣੀ ਉਪਰ ਪੈਦਾ ਹੁੰਦੇ ਹਨ ਅਤੇ ਸਵੇਰ ਤੇ ਸ਼ਾਮ ਨੂੰ ਕੱਟਦੇ ਹਨ ਜਿਸ ਕਾਰਨ ਮਰੀਜ਼ ਨੂੰ ਤੇਜ਼ ਬੁਖ਼ਾਰ ਸਿਰਦਰਦ, ਉਲਟੀ ਆਉਣਾ, ਅੱਖਾਂ ਦੇ ਪਿਛਲੇ ਹਿੱਸੇ ਵਿਚ ਦਰਦ ਹੁੰਦਾ ਹੈ। ਜ਼ਿਆਦਾ ਗੰਭੀਰ ਹੋਣ ਤੇ ਨੱਕ ਅਤੇ ਮਸੂੜਿਆਂ ਵਿੱਚੋਂ ਖ਼ੂਨ ਦਾ ਰਿਸਾਅ ਹੋ ਸਕਦਾ ਹੈ। ਇਸ ਦੇ ਬਚਾਅ ਲਈ ਸਾਨੂੰ ਆਪਣੇ ਆਲੇ ਦੁਆਲੇ ਅਤੇ ਘਰਾਂ ਵਿੱਚ ਬਰਸਾਤੀ ਅਤੇ ਨਿਕਾਸੀ ਪਾਣੀ ਖੜ੍ਹਾ ਨਾ ਹੋਣ ਦਿਓ .ਕੂਲਰਾਂ, ਫ਼ਰਿਜਾਂ , ਪੰਛੀਆਂ ਨੂੰ ਪਾਣੀ ਰੱਖਣ ਵਾਲੇ ਬਰਤਨ ਅਤੇ ਕਬਾੜ ਆਦਿ ਨੂੰ ਹਫਤੇ ਵਿਚ ਇਕ ਵਾਰ ਜ਼ਰੂਰ ਸਾਫ਼ ਕਰੋ। ਪੂਰੀਆਂ ਬਾਹਵਾਂ ਵਾਲੇ ਕੱਪੜੇ ਪਾਓ, ਮੱਛਰਦਾਨੀਆਂ ਅਤੇ ਮੱਛਰ ਭਜਾਓ ਕਰੀਮਾਂ ਦਾ ਇਸਤੇਮਾਲ ਕਰੋ। ਬੁਖ਼ਾਰ ਹੋਣ 'ਤੇ ਨੇੜੇ ਦੇ ਸਿਵਲ ਹਸਪਤਾ ਅਤੇ ਸਿਹਤ ਕੇਂਦਰ ਵਿਚ ਆਪਣੀ ਜਾਂਚ ਕਰਵਾਓ। ਸਾਰੇ ਸਰਕਾਰੀ ਹਸਪਤਾਲਾਂ ਵਿਚ ਇਸ ਦਾ ਇਲਾਜ ਮੁਫ਼ਤ ਕੀਤਾ ਜਾਂਦਾ ਹੈ। ਇਸ ਮੌਕੇ ਜਗਦੀਪ ਸਿੰਘ, ਕੁਲਵਿੰਦਰ ਸਿੰਘ, ਦਿਲਬਹਾਰ, ਹਰਬੰਸ ਸਿੰਘ ਨੇ ਵੀ ਭਾਗ ਲਿਆ।

## ਈ ਡੀ ਵੱਲੋਂ ਡਾ. ਨਵਸ਼ਰਨ ਨਾਲ ਦੁਰਵਿਹਾਰ ਕਰਨ ਦੀ ਇਨਕਲਾਬੀ ਕੇਂਦਰ ਪੰਜਾਬ ਵੱਲੋਂ ਸਖਤ ਨਿਖੇਧੀ

ਲਹਿਰਾ ਮੁਹੱਬਤ, (ਭੀਮ ਸੈਨ ਹਦਵਾਰੀਆ)- ਡਾ. ਨਵਸ਼ਰਨ ਨਾਲ ਕੇਂਦਰ ਦੀ ਮੋਦੀ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਈ. ਡੀ. ਵੱਲੋਂ ਦੁਰਵਿਹਾਰ ਕਰਨ ਦੀ ਇਨਕਲਾਬੀ ਕੇਂਦਰ ਪੰਜਾਬ ਨੇ ਸਖਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ। ਇਨਕਲਾਬੀ ਕੇਂਦਰ ਦੇ ਸੂਬਾਈ ਆਗੂਆਂ ਜਗਜੀਤ ਸਿੰਘ ਲਹਿਰਾ ਮੁਹੱਬਤ ਅਤੇ ਮੁਖਤਿਆਰ ਸਿੰਘ ਪੂਹਲਾ ਨੇ ਪ੍ਰੈਸ ਨੂੰ ਜਾਰੀ ਕੀਤੇ ਬਿਆਨ ਰਾਹੀਂ ਦੱਸਿਆ ਕਿ ਰੰਗਮੰਚ ਦੀ ਸਿਰਮੌਰ ਕਲਗੀ ਭਾਅ ਜੀ ਗੁਰਸ਼ਰਨ ਸਿੰਘ ਉਰਫ ਭਾਈ ਮੰਨਾ ਸਿੰਘ ਦੀ ਬੇਟੀ ਜਮਹੂਰੀ ਹੱਕਾਂ ਦੀ ਜਾਣੀ ਪਛਾਣੀ ਸ਼ਖਸੀਅਤ ਡਾ. ਨਵਸ਼ਰਨ ਨੂੰ ਈ. ਡੀ. ਵੱਲੋਂ ਬੀਤੀ 10 ਮਈ ਨੂੰ ਆਪਣੇ ਦਫਤਰ ਬੁਲਾ ਕੇ 8 ਘੰਟੇ ਪੁੱਛਗਿੱਛ ਕਰਨਾ ਮੋਦੀ ਸਰਕਾਰ ਵੱਲੋਂ ਜਮਹੂਰੀ ਹੱਕਾਂ 'ਤੇ ਡਾਕਾ ਮਾਰਨ, ਲੋਕ ਹਿਤਾਂ ਲਈ ਉੱਠਦੀ ਅਵਾਜ਼ ਨੂੰ ਕੁਚਲਣ ਅਤੇ ਸੱਚ ਦੀ ਅਵਾਜ਼ ਨੂੰ ਬੰਦ ਕਰਨ ਦੀ ਗਹਿਰੀ ਸਾਜਿਸ਼ ਹੈ। ਡਾ. ਨਵਸ਼ਰਨ ਦਾ ਇਹੀਓ ਕਸੂਰ ਹੈ ਕਿ ਮੋਦੀ ਸਰਕਾਰ ਦੀਆਂ ਲੋਕ ਵਿਰੋਧੀ ਨੀਤੀਆਂ 'ਤੇ ਨੁਕਤਾਚੀਨੀ ਕਰਨ ਵਾਲੀ ਅਤੇ ਲੋਕਾਈ ਦੇ ਪੱਖ ਦਾ ਝੰਡਾਬਰਦਾਰ ਹੈ। ਪੁੱਛਗਿੱਛ ਦੌਰਾਨ ਕੇਂਦਰ ਦੀ ਮੋਦੀ ਸਰਕਾਰ ਦੀ ਜਬਰ ਨੀਤੀ ਸੰਬੰਧੀ ਖੋਜ ਕਿਤਾਬ ਛਪਵਾਉਣ ਨੂੰ ਦੇਸ਼-ਧ੍ਰੋਹੀ ਗਰਦਾਨਿਆ ਅਤੇ ਈ. ਡੀ. ਵੱਲੋਂ ਪੁੱਛਿਆ ਗਿਆ ਕਿ ਇਨ੍ਹਾਂ ਕਿਤਾਬਾਂ ਨੂੰ ਛਾਪਣ ਦਾ ਖਰਚਾ ਕਿੱਥੋਂ ਲਿਆ ਗਿਆ। ਡਾ. ਨਵਸ਼ਰਨ ਦੀ ਪੂਰੀ ਜ਼ਿੰਦਗੀ ਦੇ ਸਫ਼ਰ ਨੂੰ ਸਵਾਲਾਂ ਦੇ ਘੇਰੇ ਵਿੱਚ ਲਿਆਂਦਾ ਗਿਆ। ਮੋਦੀ ਸਰਕਾਰ ਦੀ ਸ਼ਹਿ 'ਤੇ ਈ. ਡੀ. ਦੇ ਡਾਇਰੈਕਟਰ ਵੱਲੋਂ ਡਾ. ਨਵਸ਼ਰਨ ਨਾਲ ਬਹੁਤ ਘਟੀਆ ਵਰਤਾਓ ਕੀਤਾ ਗਿਆ। ਆਗੂਆਂ ਨੇ ਜਮਹੂਰੀ ਸ਼ਕਤੀਆਂ ਅਤੇ ਬੁੱਧੀਜੀਵੀਆਂ ਦੀ ਜ਼ੁਬਾਨਬੰਦੀ ਦੇ ਖਿਲਾਫ਼ ਅਵਾਜ਼ ਬੁਲੰਦ ਕਰਨ ਲਈ ਇਨਸਾਫ ਪਸੰਦ ਲੋਕਾਂ ਨੂੰ ਅੱਗੇ ਆਉਣ ਦਾ ਸੱਦਾ ਦਿੱਤਾ ਤਾਂ ਕਿ ਮੋਦੀ ਸਰਕਾਰ ਦੇ ਫਾਸ਼ੀਵਾਦੀ ਹਮਲਿਆਂ ਨੂੰ ਰੋਕਿਆ ਜਾ ਸਕੇ।

## ਬੈਂਕ ਰਿਟਾਇਰੀਆਂ ਬਿੱਟੂ ਨੂੰ ਸੌਂਪਿਆ ਮੰਗ ਪੱਤਰ

ਲੁਧਿਆਣਾ (ਐਮ ਐਸ ਭਾਟੀਆ/ਰੈਕਟਰ ਕਥੂਰੀਆ)- ਆਲ ਇੰਡੀਆ ਬੈਂਕ ਰਿਟਾਇਰੀਜ਼ ਫੈਡਰੇਸ਼ਨ (ਏ.ਆਈ.ਬੀ.ਆਰ.ਐਫ) ਦੀ ਲੁਧਿਆਣਾ ਇਕਾਈ ਵੱਲੋਂ ਇਥੋਂ ਦੇ ਐਮ ਪੀ ਰਵਨੀਤ ਸਿੰਘ ਬਿੱਟੂ ਨੂੰ ਮੈਮੋਰੰਡਮ ਸੌਂਪਿਆ ਗਿਆ। ਵੱਖ ਵੱਖ ਬੈਂਕਾਂ ਤੋਂ ਆਏ ਸਾਥੀਆਂ ਨੇ ਵੱਡੀ ਗਿਣਤੀ ਵਿੱਚ ਇਕੱਠੇ ਹੋ ਕੇ ਮੈਮੋਰੰਡਮ ਦਿੱਤਾ। ਉਨ੍ਹਾਂ ਦੱਸਿਆ ਕਿ 1995 ਵਿੱਚ ਜਦੋਂ ਤੋਂ ਪੈਨਸ਼ਨ ਲਾਗੂ ਹੋਈ ਉਦੋਂ ਤੋਂ ਲੈ ਕੇ ਅੱਜ ਤੱਕ ਕਰਮਚਾਰੀਆਂ ਅਤੇ ਅਧਿਕਾਰੀਆਂ ਦਾ ਤਨਖਾਹਾਂ ਵਿੱਚ ਵਾਧੇ ਦਾ ਸਮਝੌਤਾ ਹਰ ਪੰਜ ਸਾਲ ਬਾਅਦ ਹੋ ਚੁੱਕਾ ਹੈ। ਪਰ ਪੈਨਸ਼ਨਰਾਂ ਦੀ ਪੈਨਸ਼ਨ ਵਿੱਚ ਅਪਡੇਸਨ ਨਹੀਂ ਕੀਤੀ ਗਈ। ਇਸ ਮੌਕੇ ਰਵਨੀਤ ਸਿੰਘ ਬਿੱਟੂ ਨੇ ਡੈਲੀਗੇਸ਼ਨ ਨੂੰ ਇਸ ਮਸਲੇ ਨੂੰ ਸੰਸਦ ਵਿੱਚ ਉਠਾਉਣ ਦਾ ਭਰੋਸਾ ਦਿੱਤਾ। ਡੈਲੀਗੇਸ਼ਨ ਵਿੱਚ ਲੁਧਿਆਣਾ ਏ ਆਈ ਬੀ ਆਰ ਐਫ ਦੇ ਸਕੱਤਰ ਦਰਸ਼ਨ ਸਿੰਘ ਗੈਹਲ, ਪ੍ਰਧਾਨ ਐਮ ਪੀ ਬੱਸੀ, ਚੇਅਰਮੈਨ ਵਿਨੋਦ ਸੂਦ ਤੋਂ ਇਲਾਵਾ ਐਮ ਐਸ ਭਾਟੀਆ, ਅਵਤਾਰ ਛਿੱਬੜ, ਪੀ ਐਸ ਸੈਣੀ, ਜਗਤਾਰ ਸਿੰਘ, ਆਤਮਜੀਤ ਸਿੰਘ, ਮੇਘ ਨਾਥ, ਸੁਭਾਸ਼ ਮਲਿਕ, ਐਮ.ਆਰ. ਗਰਗ, ਐਸ.ਕੇ.ਰਿਸ਼ੀ, ਐਮ.ਪੀ.ਭਗਤ, ਰਾਜੇਸ਼ ਅੱਤਰੀ ਅਤੇ ਵੱਡੀ ਗਿਣਤੀ ਵਿੱਚ ਸਾਥੀ ਸ਼ਾਮਲ ਹੋਏ।

## ਡਾਕਾ ਮਾਰਨ ਦੀ ਤਿਆਰੀ 'ਚ 5 ਨੌਜਵਾਨ ਮਾਰੂ ਹਥਿਆਰਾਂ ਸਮੇਤ ਕਾਬੂ

ਬਰੇਟਾ (ਰੀਤਵਾਲ)- ਪਿੰਡ ਗੋਰਖਨਾਥ 'ਚ ਪੈਂਦੇ ਭਾਖੜਾ ਪੁਲ ਦੇ ਪਾਸ ਡਾਕਾ ਮਾਰਨ ਦੇ ਮੰਤਵ ਨਾਲ ਇਕੱਠੇ ਹੋਏ ਮਾਰੂ ਹਥਿਆਰਾਂ, ਵਰਨਾ ਕਾਰਾਂ ਸਮੇਤ 5 ਨੌਜਵਾਨਾਂ ਨੂੰ ਪੁਲਸ ਵੱਲੋਂ ਕਾਬੂ ਕਰਨ ਦਾ ਸਮਾਚਾਰ ਮਿਲਿਆ ਹੈ। ਐਸ.ਐਚ.ਓ. ਬੂਟਾ ਸਿੰਘ ਨੇ ਦੱਸਿਆ ਕਿ ਦੌਰਾਨੇ ਗਸ਼ਤ ਮੁਖਬਰ ਖਾਸ ਨੇ ਪੁਲਿਸ ਨੂੰ ਇਤਲਾਹ ਦਿੱਤੀ ਕਿ ਕੁਝ ਨੌਜਵਾਨ ਪਿੰਡ ਗੋਰਖਨਾਥ ਵਿੱਚ ਪੈਂਦੇ ਭਾਖੜਾ ਪੁਲ ਦੇ ਪਾਸ ਡਾਕਾ ਮਾਰਨ ਦੀ ਤਿਆਰੀ ਕਰ ਰਹੇ ਸਨ, ਜਿਨ੍ਹਾਂ ਕੋਲ ਮਾਰੂ ਹਥਿਆਰ ਸਨ। ਮੌਕੇ 'ਤੇ ਪੁਲਸ ਵੱਲੋਂ ਰੇਡ ਕੀਤੀ ਅਤੇ ਨੌਜਵਾਨਾਂ ਨੂੰ ਵਰਨਾ ਕਾਰ ਅਤੇ ਮਾਰੂ ਹਥਿਆਰ ਸਮੇਤ ਕਾਬੂ ਕਰ ਲਿਆ। ਪੁਲਸ ਨੇ 5 ਨੌਜਵਾਨ ਅਤੇ 2/3 ਅਣਪਛਾਤੇ ਵਿਅਕਤੀ ਖਿਲਾਫ ਧਾਰਾ 399, 402 ਅਤੇ ਆਰਮਜ਼ ਐਕਟ ਤਹਿਤ ਮਾਮਲਾ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ। ਉਨ੍ਹਾਂ ਦੱਸਿਆ ਕਿ ਕਾਬੂ ਨੌਜਵਾਨ ਹਰਪਾਲ ਬੱਬੂ ਧਲੇਵਾ, ਜਸਪ੍ਰੀਤ ਜੱਸੀ ਸਮਾਉਂ, ਜਸਕਰਨ ਜੱਸਾ ਭੀਖੀ, ਰਵੀ ਸਿੰਘ ਬਰੇਟਾ, ਸ਼ਾਹਬਾਜ ਚਹਿਲ ਭੀਖੀ ਵਜੋਂ ਪਹਿਚਾਣ ਹੋਈ ਹੈ।

## ਸ਼ਹੀਦ ਗੁਰਤੇਜ ਸਿੰਘ ਦੇ ਪਿਤਾ ਨਮਿਤ ਭੋਗ ਸਮਾਗਮ 'ਚ ਸ਼ਾਮਲ ਹੋਏ ਸਾਬਕਾ ਡੀ ਆਈ ਜੀ ਚਹਿਲ

ਤਲਵੰਡੀ ਸਾਬੋ, (ਜਗਦੀਪ ਗਿੱਲ)- ਕੋਸ਼ਿਸ਼ ਚਾਹਲ ਚੈਰੀਟੇਬਲ ਟਰੱਸਟ ਦੇ ਸੰਚਾਲਕ ਹਰਿੰਦਰ ਸਿੰਘ ਚਾਹਲ ਸਾਬਕਾ ਡੀ.ਆਈ.ਜੀ ਵੱਲੋਂ ਅੱਜ ਆਪਣੇ ਜੱਦੀ ਪਿੰਡ ਨਥੇਹਾ ਵਿਖੇ ਸ਼ਹੀਦ ਨੌਜਵਾਨ ਫੌਜੀ ਗੁਰਤੇਜ ਸਿੰਘ ਦੇ ਪਿਤਾ ਜੰਗੀਰ ਸਿੰਘ ਦੇ ਭੋਗ ਸਮਾਗਮ ਵਿਚ ਸ਼ਿਰਕਤ ਕੀਤੀ ਗਈ। ਪਿਛਲੇ ਦਿਨਾਂ 'ਚ ਹਰਿੰਦਰ ਸਿੰਘ ਚਾਹਲ ਵੱਲੋਂ ਪਿੰਡ ਨਥੇਹਾ ਵਿਖੇ ਸ਼ਹੀਦ ਗੁਰਤੇਜ ਸਿੰਘ ਦੇ ਬੁੱਤ ਤੋਂ ਪਰਦਾ ਹਟਾਉਣ ਦੀ ਰਸਮ ਅਦਾ ਕੀਤੀ ਗਈ ਸੀ। ਇਸ ਉਪਰੰਤ ਉਨ੍ਹਾਂ ਪਿੰਡ ਵਿੱਚ ਨਸ਼ਿਆਂ ਵਿਰੁੱਧ ਬਣੀ "ਨਸ਼ਾ ਰੋਕੂ" ਕਮੇਟੀ ਨਾਲ ਮੀਟਿੰਗ ਕੀਤੀ ਤੇ ਕਮੇਟੀ ਵਿੱਚ ਕੁਝ ਨਵੇਂ ਮੈਂਬਰ ਭਰਤੀ ਕੀਤੇ ਗਏ। ਉਨ੍ਹਾਂ ਕਮੇਟੀ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਨਸ਼ਾ ਵਿਰੋਧੀ ਚਲਾਈ ਇਸ ਮੁਹਿੰਮ ਤਹਿਤ ਕਮੇਟੀ ਦੇ ਮੈਂਬਰ ਪੂਰੀ ਤਨਦੇਹੀ ਤੇ ਮਿਹਨਤ ਨਾਲ ਸੇਵਾ ਨਿਭਾ ਰਹੇ ਹਨ। ਉਨ੍ਹਾਂ ਕਿਹਾ ਕਿ ਉਨ੍ਹਾਂ ਵੱਲੋਂ ਕਮੇਟੀ ਨੂੰ ਪੂਰਾ ਸਹਿਯੋਗ ਦਿੱਤਾ ਜਾਵੇਗਾ। ਇਸ ਮੌਕੇ ਐਸ ਟੀ ਐਫ ਅਧਿਕਾਰੀ ਰਜਿੰਦਰ ਸਿੰਘ ਬਹਿਮਣ, ਸਰਪੰਚ ਜਗਸੀਰ ਸਿੰਘ, ਭਾਈ ਬਲਵੀਰ ਸਿੰਘ, ਸਾਬਕਾ ਸਰਪੰਚ ਕੁਲਵੰਤ ਸਿੰਘ ਚਾਹਲ, ਪਵਨ ਕੁਮਾਰ ਸਾਬਕਾ ਸਰਪੰਚ, ਜਰਨੈਲ ਸਿੰਘ ਮਿੱਠੂ, ਸੁਖਪਾਲ ਸਿੰਘ, ਗੁਰਲਾਭ ਸਿੰਘ ਆਦਿ ਸਮੇਤ ਹੋਰ ਪਤਵੰਤੇ ਹਾਜ਼ਰ ਸਨ।

## ਏਵੀਓਰ ਕਾਨਵੈਂਟ ਸਕੂਲ ਦਾ ਦਸਵੀਂ ਤੇ ਬਾਰ੍ਹਵੀਂ ਦਾ ਨਤੀਜਾ ਸ਼ਾਨਦਾਰ



ਮਾਛੀਵਾੜਾ ਸਾਹਿਬ, (ਸ਼ੈਂਕੀ ਸ਼ਰਮਾ,ਜਗਦੀਸ਼ ਰਾਏ) - ਏਵੀਓਰ ਕਾਨਵੈਂਟ ਸਕੂਲ ਮਾਛੀਵਾੜਾ ਸਾਹਿਬ ਦੇ ਵਿਦਿਆਰਥੀਆਂ ਨੇ 10ਵੀਂ ਅਤੇ 12ਵੀਂ ਜਮਾਤ ਦੀਆਂ ਬੋਰਡ ਪ੍ਰੀਖਿਆਵਾਂ ਵਿਚ ਸ਼ਾਨਦਾਰ ਪ੍ਰਦਰਸ਼ਨ ਕੀਤਾ। ਸਕੂਲ ਪ੍ਰਿੰ. ਗੁਰਿੰਦਰਪਾਲ ਸਿੰਘ ਨੇ ਦੱਸਿਆ ਕਿ ਇਸ ਪ੍ਰੀਖਿਆ ਵਿਚ ਕੁੱਲ 60 ਵਿਦਿਆਰਥੀ ਬੈਠੇ ਅਤੇ ਸਕੂਲ ਦਾ ਨਤੀਜਾ 100 ਫ਼ੀਸਦੀ ਰਿਹਾ। ਉਨ੍ਹਾ ਦੱਸਿਆ ਕਿ 10ਵੀਂ ਜਮਾਤ 'ਚੋਂ ਜਸ਼ਨਦੀਪ ਕੌਰ ਨੇ 96.6 ਪ੍ਰਤੀਸ਼ਤ ਅੰਕ ਲੈ ਕੇ ਪਹਿਲਾ, ਵੰਸ਼ਿਕਾ ਨੇ 95.8 ਪ੍ਰਤੀਸ਼ਤ ਅੰਕ ਲੈ ਕੇ ਦੂਜਾ ਅਤੇ ਸਿਮਰਦੀਪ ਕੌਰ ਨੇ 91.4 ਪ੍ਰਤੀਸ਼ਤ ਅੰਕ ਲੈ ਕੇ ਤੀਜਾ ਸਥਾਨ ਪ੍ਰਾਪਤ ਕੀਤਾ। ਇਸ ਤੋਂ ਇਲਾਵਾ 15 ਬੱਚਿਆਂ ਨੇ 80 ਤੋਂ 90 ਪ੍ਰਤੀਸ਼ਤ, 17 ਬੱਚਿਆਂ ਨੇ 70 ਤੋਂ 80 ਪ੍ਰਤੀਸ਼ਤ ਅਤੇ 15 ਬੱਚਿਆਂ ਨੇ 60 ਤੋਂ 70 ਪ੍ਰਤੀਸ਼ਤ ਵਿਚ ਅੰਕ ਪ੍ਰਾਪਤ ਕੀਤੇ। ਇਸੇ ਤਰ੍ਹਾਂ ਹੀ 12ਵੀਂ ਜਮਾਤ 'ਚੋਂ ਸਾਇੰਸ ਸਟਰੀਮ ਦੀ ਗੁਰਸਿਰਤ ਕੌਰ ਮਾਂਗਟ ਨੇ 92 ਪ੍ਰਤੀਸ਼ਤ ਅੰਕ ਲੈ ਕੇ ਪਹਿਲਾ, ਜਸ਼ਨਜੀਤ ਸਿੰਘ ਨੇ 90.2 ਪ੍ਰਤੀਸ਼ਤ ਅੰਕ ਲੈ ਕੇ ਦੂਜਾ ਸਥਾਨ ਪ੍ਰਾਪਤ ਕੀਤਾ। ਸਕੂਲ ਦੇ 18 ਵਿਦਿਆਰਥੀਆਂ ਨੇ 70 ਤੋਂ 90 ਪ੍ਰਤੀਸ਼ਤ ਵਿਚ ਅੰਕ ਪ੍ਰਾਪਤ ਕੀਤੇ। ਸਕੂਲ ਪ੍ਰਿੰਸੀਪਲ ਜੀ.ਪੀ. ਸਿੰਘ ਨੇ ਸ਼ਾਨਦਾਰ ਪ੍ਰਦਰਸ਼ਨ ਲਈ ਮਿਹਨਤੀ ਸਟਾਫ਼ ਮੈਂਬਰਾਂ, ਸਤਿਕਾਰਯੋਗ ਮਾਪਿਆਂ ਅਤੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ।

ਸਕੂਲ ਪ੍ਰਧਾਨ ਤੇਜਿੰਦਰਪਾਲ ਸਿੰਘ, ਵਾਈਸ ਪ੍ਰਧਾਨ ਹਰਿੰਦਰਪਾਲ ਸਿੰਘ, ਸੈਕਟਰੀ ਸਿਮਰਨਪ੍ਰੀਤ ਕੌਰ ਅਤੇ ਪ੍ਰਬੰਧਕੀ ਕਮੇਟੀ ਮੈਂਬਰ ਰੁਪਿੰਦਰ ਕੌਰ, ਜਸਵਿੰਦਰ ਕੌਰ ਨੇ ਸਮੂਹ ਸਟਾਫ਼ ਮੈਂਬਰ ਅਤੇ ਬੱਚਿਆਂ ਦੀ ਸਖ਼ਤ ਮਿਹਨਤ ਲਈ ਸ਼ਲਾਘਾ ਕੀਤੀ। ਇਸ ਮੌਕੇ ਕੋਆਰਡੀਨੇਟਰ ਮਨਦੀਪ ਕੌਰ ਸੇਖੋਂ, ਐੱਚ.ਓ.ਡੀ. ਹਰਮਨਪ੍ਰੀਤ ਕੌਰ, ਅਰਵਿੰਦਰ ਕੌਰ, ਬਲਜੀਤ ਕੌਰ, ਕਨਿਕਾ ਕੌਸ਼ਲ, ਨੀਰੂ ਖਨੇਜਾ, ਸੁਖਵਿੰਦਰ ਕੌਰ, ਪਰਮਿੰਦਰ ਕੌਰ, ਮਨਪ੍ਰੀਤ ਸਿੰਘ ਆਦਿ ਵੀ ਹਾਜ਼ਰ ਸਨ।

## ਹੋਲੀ ਹਾਰਟ 'ਚ ਮਨਾਇਆ ਗਿਆ ਮਦਰਜ ਡੇਅ

ਮਹਿਲ ਕਲਾਂ (ਬਲਵਿੰਦਰ ਸਿੰਘ) ਵਿੱਦਿਅਕ ਸੰਸਥਾ ਜੀ.ਹੋਲੀ ਹਾਰਟ ਪਬਲਿਕ ਸਕੂਲ ਵਿੱਚ 21ਵੀਂ ਸਦੀ ਦੇ ਵਿਦਿਆਰਥੀਆਂ ਵਿੱਚ ਪਰਵਾਰਕ ਕਦਰਾਂ-ਕੀਮਤਾਂ ਪੈਦਾ ਕਰਨ ਦੇ ਉਦੇਸ਼ ਨਾਲ਼ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਸ੍ਰੀਮਾਨ ਸੁਸ਼ੀਲ ਗੋਇਲ ਦੇ ਦਿਸ਼ਾ ਨਿਰਦੇਸ਼ਾ ਅਨੁਸਾਰ 'ਮਦਰਜ ਡੇਅ' ਬੜੇ ਨਾਲ਼ ਮਨਾਇਆ ਗਿਆ। ਪ੍ਰੋਗਰਾਮ ਦਾ ਉਦਘਾਟਨ ਸਕੂਲ ਪ੍ਰਬੰਧਕੀ ਕਮੇਟੀ ਮੈਂਬਰ ਸ੍ਰੀਮਾਨ ਇਸ਼ਾਨ ਗੋਇਲ, ਰਚਨਾ ਗੋਇਲ ਤੇ ਦੀਪਿਕਾ ਗੋਇਲ ਨੇ ਕੀਤਾ। ਇਸ ਦਿਨ ਨਰਸਰੀ ਤੋਂ ਕਲਾਸ ਦੂਜੀ ਤੱਕ ਦੇ ਵਿਦਿਆਰਥੀਆਂ ਦੇ ਮਾਤਾ-ਪਿਤਾ ਨੂੰ ਸਕੂਲ ਬੁਲਾਇਆ ਗਿਆ, ਜਿਸ ਦੌਰਾਨ ਬੱਚਿਆਂ ਦੀਆਂ ਮਾਂਵਾਂ ਲਈ ਖਾਸ ਪ੍ਰਕਾਰ ਦੀਆਂ ਗਤੀਵਿਧੀਆਂ ਦਾ ਪ੍ਰਬੰਧ ਕੀਤਾ ਗਿਆ। ਇਸ ਦਿਨ ਦਾ ਉਦੇਸ਼ ਇਹ ਸੀ ਕਿ ਹਰ ਇੱਕ ਦੀ ਜ਼ਿੰਦਗੀ ਵਿੱਚ ਮਾਂਵਾਂ ਦੀ ਅਹਿਮੀਅਤ ਦਾ ਅਹਿਸਾਸ ਕਰਾਉਣਾ ਸੀ।

ਅਲੱਗ-ਅਲੱਗ ਗਤੀਵਿਧੀਆ ਜਿਵੇਂ ਗ੍ਰੀਟਿੰਗ ਕਾਰਡ, ਆਪਣੀ ਮਾਂ ਨੂੰ ਪੱਤਰ, ਫੋਟੋ ਫਰੇਮ ਬਣਾਉਣਾ ਕਰਾਈਆਂ ਗਈਆਂ, ਜਿਸ ਵਿੱਚ ਵਿਦਿਆਰਥੀਆਂ ਨੇ ਪੂਰੇ ਉਤਸ਼ਾਹ ਨਾਲ ਭਾਗ ਲਿਆ। ਇਸ ਦੌਰਾਨ ਵਾਈਸ ਪ੍ਰਿੰਸੀਪਲ ਪੂਜਾ ਕੌਸ਼ਿਕ ਨੇ ਆਪਣੇ ਭਾਸ਼ਣ ਦੌਰਾਨ ਮਾਂਵਾਂ ਦੀ ਜ਼ਿੰਦਗੀ ਵਿੱਚ ਅਹਿਮੀਅਤ ਬਾਰੇ ਆਪਣੇ ਵਿਚਾਰ ਪੇਸ਼ ਕੀਤੇ।

## ਮਾਤਾ ਹਰਭਜਨ ਕੌਰ ਨੂੰ ਸ਼ਰਧਾਂਜਲੀਆਂ



ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)-ਸੀਨੀਅਰ ਅਕਾਲੀ ਆਗੂ ਤੇ ਸਾਬਕਾ ਕੌਂਸਲਰ ਮਨਜਿੰਦਰ ਸਿੰਘ ਰਾਣਾ ਸੇਖੋਂ ਦੇ ਮਾਤਾ ਸਵਰਗੀ ਹਰਭਜਨ ਕੌਰ ਸੇਖੋਂ ਦੀ ਅੰਤਿਮ ਅਰਦਾਸ ਮੌਕੇ ਪਾਠ ਦੇ ਭੋਗ ਗੁਰਦੁਆਰਾ ਗੜ੍ਹੀ ਸਾਹਿਬ (ਸਮਾਣਾ) ਵਿਖੇ ਪਾਏ ਗਏ, ਜਿੱਥੇ ਰਾਗੀ ਜੱਥੇ ਵੱਲੋਂ ਵੈਰਾਗਮਈ ਕੀਰਤਨ ਕੀਤਾ ਗਿਆ। ਇਸ ਮੌਕੇ ਸ਼ਰਧਾਂਜਲੀਆਂ ਭੇਟ ਕਰਨ ਵਾਲਿਆਂ ਵਿੱਚ ਸਾਬਕਾ ਕੈਬਨਿਟ ਮੰਤਰੀ ਸੁਰਜੀਤ ਸਿੰਘ ਰੱਖੜਾ, ਕ੍ਰਿਪਾਲ ਸਿੰਘ ਬਡੂੰਗਰ, ਗੁਰਬਖਸ਼ ਸਿੰਘ ਪੂਨੀਆਂ, ਸਾਬਕਾ ਨਗਰ ਕੌਂਸਲ ਪ੍ਰਧਾਨ ਕਪੂਰ ਚੰਦ ਬਾਂਸਲ, ਨਿਸ਼ਾਨ ਸਿੰਘ ਸੰਧੂ, ਹਰਜਿੰਦਰ ਸਿੰਘ ਜੌੜਾਮਾਜਰਾ, ਕੁਲਦੀਪ ਸਿੰਘ ਨੌਸੂਪੁਰ, ਸੁਰਜੀਤ ਸਿੰਘ ਅਬਲੋਵਾਲ, ਜਸਪਾਲ ਸਿੰਘ ਕਲਿਆਣ, ਸਤਵਿੰਦਰ ਸਿੰਘ ਟੌਹੜਾ, ਬਿੱਟੂ ਚੱਠਾ, ਨਗਰ ਕੌਂਸਲ ਪ੍ਰਧਾਨ ਅਸ਼ਵਨੀ ਗੁਪਤਾ, ਵਿਰਸਾ ਸਿੰਘ ਗਲੋਲੀ, ਅਗਰਵਾਲ ਧਰਮਸ਼ਾਲਾ ਪ੍ਰਧਾਨ ਮਦਨ ਮਿੱਤਲ, ਯਸ਼ਪਾਲ ਸਿੰਗਲਾ, ਰਾਜੂ ਸਚਦੇਵਾ, ਗਿਆਨ ਚੰਦ ਕਟਾਰੀਆ, ਰਮੇਸ਼ ਗਰਗ, ਜੀਵਨ ਗਰਗ, ਸੀ ਏ ਅਮਿਤ ਸਿੰਗਲਾ, ਡਾ. ਸੁਰਜੀਤ ਦਈਆ, ਠੇਕੇਦਾਰ ਪ੍ਰਮੋਦ ਸਿੰਗਲਾ, ਇੰਦਰਜੀਤ ਸਿੰਘ ਪ੍ਰਧਾਨ, ਅਮਰਜੀਤ ਸਿੰਘ ਪੰਜਾਰਥ, ਅਸ਼ੋਕ ਮੋਦਗਿੱਲ, ਜਤਿੰਦਰ ਦੇਵ, ਰਛਪਾਲ ਜੌੜਾਮਾਜਰਾ, ਮੱਘਰ ਸਿੰਘ ਬਸਪਾ, ਜਰਨੈਲ ਸਿੰਘ ਬਸਪਾ, ਰਾਜ ਸਿੰਘ ਪ੍ਰਧਾਨ, ਸੁਭਾਸ਼ ਪੰਜਰਥ, ਜਗਤਾਰ ਸਿੰਘ ਰਾਜਲਾ, ਸੁਰਜੀਤ ਸਿੰਘ ਰੱਖੜਾ, ਰਵਿੰਦਰ ਸਿੰਘ ਗੁਲਾਟੀ, ਸਮਾਜ ਸੇਵੀ ਲਖਵਿੰਦਰ ਸਿੰਘ ਜਵੰਦਾ, ਸੋਹਣ ਲਾਲ ਸ਼ਰਮਾ, ਮਨਜੀਤ ਸਿੰਘ ਭੋਲਾ, ਮੱਘਰ ਤੇ ਗੁਰਪ੍ਰੀਤ ਚੰਡੀਗੜ੍ਹੀਆ ਸਮੇਤ ਕਈ ਧਾਰਮਿਕ, ਰਾਜਨੀਤਕ ਤੇ ਸਮਾਜਿਕ ਆਗੂਆਂ ਤੋਂ ਇਲਾਵਾ ਵੱਡੀ ਗਿਣਤੀ 'ਚ ਇਲਾਕੇ ਦੇ ਲੋਕ ਹਾਜ਼ਰ ਸਨ।

## ਗੁਰੂਕੁਲ ਗਲੋਬਲ ਕਰਿਐਂਜਾ ਸਕੂਲ ਦੇ ਨਤੀਜੇ ਸ਼ਾਨਦਾਰ

ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)-ਸੀ ਬੀ ਐਸ ਈ ਬੋਰਡ ਵੱਲੋਂ ਐਲਾਨੇ ਗਏ ਦਸਵੀਂ ਤੇ ਬਾਰ੍ਹਵੀਂ ਜਮਾਤ ਦੇ ਨਤੀਜੇ ਵਿੱਚ ਗੁਰੂਕੁਲ ਗਲੋਬਲ ਕਰਿਐਂਜਾ ਸਕੂਲ ਦੇ ਵਿਦਿਆਰਥੀਆਂ ਨੇ ਬਾਜ਼ੀਆਂ ਮਾਰੀਆਂ ਹਨ। ਇਸ ਵਾਰ ਵੀ ਗੁਰੂਕੁਲ ਸਕੂਲ ਦਾ ਨਤੀਜਾ 100 ਫੀਸਦੀ ਰਿਹਾ ਤੇ ਸਾਰੇ ਵਿਦਿਆਰਥੀ ਪਹਿਲੇ ਦਰਜੇ ਵਿੱਚ ਪਾਸ ਹੋਏ। ਸਕੂਲ ਮੈਨੇਜਮੈਂਟ ਵੱਲੋਂ ਸਾਰੇ ਬੱਚਿਆਂ ਦੇ ਮਾਤਾ-ਪਿਤਾ ਤੇ ਸਮੂਹ ਸਟਾਫ ਮੈਂਬਰ ਨੂੰ ਮੁਬਾਰਕਾਂ ਦਿੰਦਿਆਂ ਮੱਲਾਂ ਮਾਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ ਗਿਆ। ਸ਼ਾਨਦਾਰ ਨਤੀਜੇ ਦੀ ਖੁਸ਼ੀ ਵਿੱਚ ਕੇਕ ਕੱਟਣ ਦੀ ਰਸਮ ਵੀ ਨਿਭਾਈ ਗਈ। ਇਸ ਮੌਕੇ ਸਮੂਹ ਅਧਿਆਪਕ ਸਾਹਿਬਾਨ, ਵਿਦਿਆਰਥੀ ਅਤੇ ਉਨ੍ਹਾਂ ਦੇ ਮਾਪੇ ਸਾਹਿਬਾਨ ਹਾਜ਼ਰ ਸਨ।

## ਭਾਸ਼ਾ ਵਿਭਾਗ ਵੱਲੋਂ ਕਵਿਤਾ ਕਾਰਜਸ਼ਾਲਾ

ਬਠਿੰਡਾ, (ਪਰਵਿੰਦਰ ਜੀਤ ਸਿੰਘ) ਭਾਸ਼ਾ ਵਿਭਾਗ ਪੰਜਾਬ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਤੇ ਜ਼ਿਲ੍ਹਾ ਭਾਸ਼ਾ ਅਫ਼ਸਰ ਕੀਰਤੀ ਕਿਰਪਾਲ ਦੀ ਅਗਵਾਈ 'ਚ ਜ਼ਿਲ੍ਹਾ ਭਾਸ਼ਾ ਦਫ਼ਤਰ ਵੱਲੋਂ ਕਵਿਤਾ ਕਾਰਜਸ਼ਾਲਾ ਪੰਜਾਬੀ ਯੂਨੀਵਰਸਿਟੀ ਕੈਂਪਸ, ਦਮਦਮਾ ਸਾਹਿਬ ਤਲਵੰਡੀ ਸਾਬੋ ਵਿਖੇ ਆਯੋਜਤ ਕੀਤੀ ਗਈ। ਇਸ ਕਾਰਜਸ਼ਾਲਾ ਵਿੱਚ ਸ਼ਾਇਰ ਜਗਵਿੰਦਰ ਜੋਧਾ ਅਤੇ ਸ਼ਾਇਰਾ ਸਿਮਰਨ ਅਕਸ ਨੇ ਸ਼ਿਰਕਤ ਕੀਤੀ। ਸੰਸਥਾ ਦੇ ਡਾਇਰੈਕਟਰ ਡਾ. ਜਸਬੀਰ ਸਿੰਘ ਹੁੰਦਲ ਨੇ ਮੁੱਖ ਮਹਿਮਾਨ 'ਤੇ ਕੈਂਪਸ ਦੇ ਭਾਸ਼ਾਵਾਂ ਵਿਭਾਗ ਦੇ ਮੁਖੀ ਡਾ ਕੁਮਾਰ ਸੁਸ਼ੀਲ ਵਿਸ਼ੇਸ਼ ਮਹਿਮਾਨ ਵਜੋਂ ਹਾਜ਼ਰ ਹੋਏ। ਸਵਾਗਤੀ ਭਾਸ਼ਣ ਦੌਰਾਨ ਜ਼ਿਲ੍ਹਾ ਭਾਸ਼ਾ ਅਫ਼ਸਰ ਨੇ ਕਿਹਾ ਕਿ ਇਹੋ ਜਿਹੀਆਂ ਕਾਰਜਸ਼ਾਲਾਵਾਂ ਰਾਹੀਂ ਸਮਰੱਥ ਸਾਹਿਤਕਾਰਾਂ ਨੂੰ ਵਿਦਿਆਰਥੀਆਂ ਦੇ ਰੂ-ਬ-ਰੂ ਕਰਨਾ ਹੀ ਭਾਸ਼ਾ ਵਿਭਾਗ ਪੰਜਾਬ ਦਾ ਮੁੱਖ ਮੰਤਵ ਹੈ ਤਾਂ ਜੁ ਵਿਦਿਆਰਥੀ ਸਾਹਿਤ ਦੀਆਂ ਬਾਰੀਕੀਆਂ ਤੋਂ ਜਾਣੂ ਹੋ ਸਕਣ।

ਮੁੱਖ ਮਹਿਮਾਨ ਵਜੋਂ ਪਹੁੰਚੇ ਡਾ. ਜਸਬੀਰ ਸਿੰਘ ਹੁੰਦਲ ਨੇ ਭਾਸਾ ਵਿਭਾਗ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ ਤੇ ਭਵਿੱਖ 'ਚ ਵੀ ਅਜਿਹੀਆਂ ਕਾਰਜਸ਼ਾਲਾਵਾਂ ਲਈ ਹਮੇਸ਼ਾ ਸਹਿਯੋਗ ਦੇਣ ਦਾ ਵਾਅਦਾ ਕੀਤਾ। ਇਸ ਮੌਕੇ ਡਾ. ਕੁਮਾਰ ਸੁਸ਼ੀਲ ਨੇ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਇਹ ਸੰਸਥਾ ਹਮੇਸ਼ਾ ਹੀ ਅਜਿਹੇ ਸਾਹਿਤਕ ਪ੍ਰੋਗਰਾਮ ਕਰਾਉਣ ਲਈ ਕਾਰਜਸ਼ੀਲ ਹੈ ਤਾਂ ਜੁ ਵਿਦਿਆਰਥੀਆਂ ਨੂੰ ਸਾਹਿਤ ਦੀ ਚੇਟਕ ਲੱਗ ਸਕੇ। ਇਸ ਦੌਰਾਨ ਵਿਦਿਆਰਥੀਆਂ ਨੇ ਵੀ ਮੌਲਿਕ ਕਵਿਤਾਵਾਂ ਦੀ ਪੇਸ਼ਕਾਰੀ ਕੀਤੀ। ਪ੍ਰੋਗਰਾਮ ਮੌਕੇ ਮੰਚ ਸੰਚਾਲਨ ਸਹਾਇਕ ਪ੍ਰੋਫੈਸਰ ਪੰਜਾਬੀ ਸਤਿਨਾਮ ਸਿੰਘ ਵਾਹਿਦ ਤੇ ਪ੍ਰੋ. ਸੁਖਜਿੰਦਰ ਕੌਰ ਨੇ ਕੀਤਾ।

## ਸੰਧਵਾਂ ਨੇ ਨਸ਼ੇ ਦੀ ਭੇਟ ਚੜੇ ਨੌਜਵਾਨ ਦੀ ਮਾਤਾ ਤੇ ਪਤਨੀ ਨਾਲ ਕੀਤਾ ਦੁੱਖ ਸਾਂਝਾ

### ਨਸ਼ਾ ਤਸਕਰਾਂ, ਚੋਰਾਂ ਤੇ ਲੁਟੇਰਿਆਂ ਖਿਲਾ.ਫ ਸਖਤ ਕਾਰਵਾਈ ਦੇ ਦਿੱਤੇ ਆਦੇਸ਼



ਕੋਟਕਪੂਰਾ, (ਰਛਪਾਲ ਭੁੱਲਰ) ਪਿੰਡ ਜਲਾਲੇਆਣਾ ਨੂੰ ਜਾਣ ਵਾਲੀ ਸੜਕ 'ਤੇ ਸਥਿਤ ਮੁਹੱਲਾ ਰਿਸ਼ੀ ਨਗਰ ਦੇ ਵਸਨੀਕ 28 ਸਾਲਾ ਨੌਜਵਾਨ ਗਗਨਦੀਪ ਸਿੰਘ ਦੀ ਨਸ਼ੇ ਦੀ ਭੇਟ ਚੜ੍ਹ ਜਾਣ ਕਾਰਨ ਹੋਈ ਮੌਤ ਦਾ ਅਫ਼ਸੋਸ ਕਰਨ ਲਈ ਪੁੱਜੇ ਕੁਲਤਾਰ ਸਿੰਘ ਸੰਧਵਾਂ ਸਪੀਕਰ ਪੰਜਾਬ ਵਿਧਾਨ ਸਭਾ ਨੇ ਜਿੱਥੇ ਪੁਲਸ ਪ੍ਰਸ਼ਾਸਨ ਨੂੰ ਨਸ਼ਾ ਤਸਕਰਾਂ, ਚੋਰਾਂ ਤੇ ਲੁਟੇਰਿਆਂ ਖਿਲਾਫ ਸਖਤ ਕਾਰਵਾਈ ਕਰਨ ਦੇ ਆਦੇਸ਼ ਦਿੱਤੇ, ਉੱਥੇ ਮੰਨਿਆ ਕਿ ਮ੍ਰਿਤਕ ਦੇ ਦੋ ਛੋਟੇ-ਛੋਟੇ ਮਾਸੂਮ ਬੱਚਿਆਂ ਸਮੇਤ ਪਤਨੀ ਅਤੇ ਮਾਤਾ ਦਾ ਵਿਰਲਾਪ ਝੱਲਿਆ ਨਹੀਂ ਜਾਂਦਾ, ਜਿੱਥੇ ਸਪੀਕਰ ਸੰਧਵਾਂ ਨੇ ਨਸ਼ੇ ਦੇ ਮੁਕੰਮਲ ਖਾਤਮੇ ਲਈ ਕੋਈ ਯੋਜਨਾ ਬਣਾਉਣ ਦੀ ਤਜਵੀਜ਼ ਦੱਸੀ, ਉੱਥੇ ਨਸ਼ਾ ਤਸਕਰਾਂ ਨੂੰ ਵੀ ਨਸੀਅਤ ਦਿੱਤੀ ਕਿ ਉਹ ਲੋਕਾਂ ਦੇ ਘਰ ਨਾ ਉਜਾੜਨ, ਨਹੀਂ ਤਾਂ ਉਨ੍ਹਾਂ ਨੂੰ ਵੀ ਇਸ ਦਾ ਖਮਿਆਜ਼ਾ ਇਕ ਦਿਨ ਜ਼ਰੂਰ ਭੁਗਤਣਾ ਪਵੇਗਾ। ਸਪੀਕਰ ਸੰਧਵਾਂ ਨੇ ਆਖਿਆ ਕਿ ਉਹ ਸਿਹਤ ਮੰਤਰੀ ਡਾ. ਬਲਵੀਰ ਸਿੰਘ ਨਾਲ ਗੱਲ ਕਰਕੇ ਨਸ਼ੇ ਵਿੱਚ ਗ੍ਰਸਤ ਹੋ ਚੁੱਕੇ ਨੌਜਵਾਨਾਂ ਦੇ ਮੁੜ ਵਸੇਬੇ ਦੇ ਨਾਲ ਨਾਲ ਡੀ.ਜੀ.ਪੀ. ਪੰਜਾਬ ਨਾਲ ਮੀਟਿੰਗ ਕਰਕੇ ਨਸ਼ਾ ਤਸਕਰਾਂ ਖਿਲਾਫ਼ ਸਖਤ ਕਾਰਵਾਈ ਦੀ ਯੋਜਨਾ ਬਣਾਉਣਗੇ। ਉਨ੍ਹਾਂ ਪੀੜਤ ਪਰਵਾਰ ਦੇ ਬੱਚਿਆਂ ਦੀ ਪਰਵਰਿਸ਼ ਕਰਨ ਦਾ ਵਿਸ਼ਵਾਸ ਦਿਵਾਉਂਦਿਆਂ ਮੰਨਿਆ ਕਿ ਇਸ ਗਲੀ ਵਿੱਚ ਥੋੜ੍ਹੇ ਸਮੇਂ 'ਚ ਇੱਕ ਨੌਜਵਾਨ ਲੜਕੀ ਸਮੇਤ ਤਿੰਨ ਵਿਅਕਤੀਆਂ ਦੇ ਨਸ਼ੇ ਦੀ ਭੇਟ ਚੜ੍ਹ ਜਾਣ ਵਾਲੀ ਘਟਨਾ ਬਹੁਤ ਹੀ ਹਿਰਦੇਵੇਦਕ ਹੈ। ਪੀੜਤ ਪਰਵਾਰ ਨੇ ਦੱਸਿਆ ਕਿ ਉਨ੍ਹਾਂ ਦੇ ਗੁਆਂਢ ਇਕ ਨੌਜਵਾਨ ਲੜਕੀ ਨਸ਼ੇ ਕਾਰਨ ਮੌਤ ਦੇ ਮੂੰਹ ਜਾ ਪਈ ਅਤੇ ਇਕ ਹੋਰ ਗੁਆਂਢੀ ਵੀ ਨਸ਼ੇ ਦੀ ਭੇਟ ਚੜ੍ਹ ਗਿਆ। ਪੀੜਤ ਪਰਵਾਰ ਮੁਤਾਬਕ ਮ੍ਰਿਤਕ ਲੜਕੇ ਗਗਨਦੀਪ ਸਿੰਘ ਦੇ ਪਿਤਾ ਦੀ ਕੁਝ ਸਮਾਂ ਪਹਿਲਾਂ ਹੋਈ ਮੌਤ ਕਰਕੇ ਹੁਣ ਪਰਵਾਰ ਵਿੱਚ ਵਿਧਵਾ ਨੂੰਹ-ਸੱਸ ਸਮੇਤ ਦੋ ਮਾਸੂਮ ਬੱਚੇ ਬਚੇ ਹਨ, ਜਿਨ੍ਹਾਂ ਨੂੰ ਆਪਣਾ ਭਵਿੱਖ ਹਨੇਰਾ ਜਾਪ ਰਿਹਾ ਹੈ। ਸਪੀਕਰ ਸੰਧਵਾਂ ਨੇ ਪੁਲਿਸ ਪ੍ਰਸ਼ਾਸਨ ਨੂੰ ਨਸ਼ਾ ਤਸਕਰਾਂ ਦੀ ਸੂਚੀ ਤਿਆਰ ਕਰਕੇ ਉਹਨਾਂ ਖਿਲਾਫ਼ ਸਖਤ ਕਾਰਵਾਈ ਕਰਨ ਦੀ ਹਦਾਇਤ ਕੀਤੀ। ਉਨ੍ਹਾਂ ਨਾਲ ਮਨਪ੍ਰੀਤ ਸਿੰਘ ਮਣੀ ਧਾਲੀਵਾਲ ਪੀਆਰਓ ਸਮੇਤ ਹੋਰ ਵੀ ਅਨੇਕਾਂ ਪਤਵੰਤੇ ਹਾਜ਼ਰ ਸਨ।

## ਰਿੰਕੂ ਨੂੰ ਜਿਤਾ ਕੇ ਲੋਕਾਂ ਆਪ ਸਰਕਾਰ ਦੀ ਵਧੀਆ ਕਾਰਗੁਜ਼ਾਰੀ 'ਤੇ ਮੋਹਰ ਲਗਾਈ : ਸਿੱਧੂ, ਰਾਜਪੂਤ



ਕੋਟ ਈਸੇ ਖਾਂ (ਅਰੋੜਾ)-ਜਲੰਧਰ ਲੋਕ ਸਭਾ ਜ਼ਿਮਨੀ ਚੋਣ ਵਿੱਚ ਆਦਮੀ ਪਾਰਟੀ ਦੇ ਉਮੀਦਵਾਰ ਸੁਸ਼ੀਲ ਕੁਮਾਰ ਰਿੰਕੂ ਦੀ ਜਿੱਤ ਨੇ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਵਧੀਆ ਕਾਰਗੁਜ਼ਾਰੀ 'ਤੇ ਮੋਹਰ ਲਗਾਈ ਹੈ ਅਤੇ ਇਹ ਜਿੱਤ ਲੋਕਾਂ ਦੀ ਜਿੱਤ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਨਗਰ ਪੰਚਾਇਤ ਦੇ ਪ੍ਰਧਾਨ ਸ਼ਿੰਦਰ ਕੌਰ ਤੇ ਪਤੀ ਪ੍ਰਕਾਸ਼ ਸਿੰਘ ਰਾਜਪੂਤ, ਕੌਂਸਲਰ ਗੁਰਪ੍ਰੀਤ ਸਿੰਘ ਸਿੱਧੂ ਤੇ ਹੋਰਨਾਂ ਆਪ ਆਗੂਆਂ ਨੇ ਪ੍ਰੈੱਸ ਨਾਲ ਸਾਂਝਾ ਕੀਤਾ। ਆਗੂਆਂ ਨੇ ਕਿਹਾ ਕਿ ਵਿਰੋਧੀ ਪਾਰਟੀਆਂ ਵੱਲੋਂ ਸਿਰਫ ਬਿਆਨਬਾਜ਼ੀ ਹੀ ਕੀਤੀ ਜਾਂਦੀ ਰਹੀ ਹੈ, ਜਦਕਿ ਉਥੋਂ ਦੇ ਲੋਕ ਵਿਕਾਸ ਨੂੰ ਤਰਸਦੇ ਰਹੇ ਹਨ, ਜਿਸ ਕਰਕੇ ਲੋਕਾਂ ਨੇ ਬਾਕੀ ਪਾਰਟੀਆਂ ਨੂੰ ਨਕਾਰਦੇ ਹੋਏ ਆਪ ਦੇ ਉਮੀਦਵਾਰ ਰਿੰਕੂ ਨੂੰ ਵੱਡੀ ਲੀਡ ਨਾਲ ਜਿਤਾ ਕੇ ਸਾਬਿਤ ਕਰ ਦਿੱਤਾ ਹੈ ਕਿ ਪੰਜਾਬ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸਰਕਾਰ ਬਹੁਤ ਸ਼ਲਾਘਾਯੋਗ ਕੰਮ ਕਰ ਰਹੀ ਹੈ ਤੇ ਇਤਿਹਾਸਕ ਫੈਸਲੇ ਲੈ ਰਹੀ ਹੈ। ਆਗੂਆਂ ਨੇ ਕਿਹਾ ਕਿ ਪਾਰਟੀ ਦੇ ਨਿਰਦੇਸ਼ਾਂ ਮੁਤਾਬਕ ਹਲਕਾ ਧਰਮਕੋਟ ਤੋਂ ਵਿਧਾਇਕ ਦਵਿੰਦਰਜੀਤ ਸਿੰਘ ਲਾਡੀ ਢੋਸ ਤੇ ਉਨ੍ਹਾ ਦੀ ਸਮੁੱਚੀ ਟੀਮ ਵੱਲੋਂ ਹਲਕਾ ਸ਼ਾਹਕੋਟ ਵਿਖੇ ਚੋਣਾਂ ਦੌਰਾਨ ਬਹੁਤ ਵਧੀਆ ਢੰਗ ਨਾਲ ਚੋਣ ਪ੍ਰਚਾਰ ਕੀਤਾ ਅਤੇ ਦਿਨ ਰਾਤ ਮਿਹਨਤ ਕਰਕੇ ਰਿੰਕੂ ਦੀ ਜਿੱਤ ਨੂੰ ਯਕੀਨੀ ਬਣਾਇਆ। ਆਗੂਆਂ ਨੇ ਕਿਹਾ ਕਿ ਆਮ ਆਦਮੀ ਪਾਰਟੀ ਵੱਲੋਂ ਪੰਜਾਬ ਵਾਸੀਆਂ ਨਾਲ ਕੀਤੇ ਜਾ ਰਹੇ ਵਾਅਦਿਆਂ ਨੂੰ ਸੁਚੱਜੇ ਢੰਗ ਨਾਲ ਪੂਰਾ ਕੀਤਾ ਜਾ ਰਿਹਾ ਹੈ ਤੇ ਪੰਜਾਬ ਦੇ ਲੋਕ ਵੀ ਆਮ ਆਦਮੀ ਪਾਰਟੀ ਨਾਲ ਡਟ ਕੇ ਖੜੇ ਹਨ। ਇਸ ਮੌਕੇ ਕਪਿਲ ਮਹਿਤਾ ਆਪ ਆਪੂ, ਗਗਨ ਅਰੋੜਾ ਆਪ ਆਗੂ ਆਦਿ ਹਾਜ਼ਰ ਸਨ।

# ਪੰਜਾਬ ਹਿਤੈਸ਼ੀ ਦਾਨਿਸ਼ਵਰਾਂ ਨੇ ਵਿਚਾਰਧਾਰਕ ਯੁੱਧ ਛੇੜਨ ਦਾ ਲਿਆ ਨਿਰਣਾ



**ਜਲੰਧਰ (ਨ ਜ਼ ਸ)-** -ਪੰਜਾਬ ਦੇ ਨਾਮਵਰ ਬੁੱਧੀਜੀਵੀਆਂ ਨੇ ਲੰਘੀ 14 ਅਪ੍ਰੈਲ ਨੂੰ ਦੇਸ਼ ਭਗਤ ਯਾਦਗਾਰ ਜਲੰਧਰ ਵਿਖੇ ਇਕ ਭਰਵੀਂ ਮੀਟਿੰਗ ਕਰਕੇ ਡੂੰਘੀ ਵਿਚਾਰ ਚਰਚਾ ਕਰਨ ਉਪਰੰਤ ਪੰਜਾਬ-ਪੰਜਾਬੀਅਤ ਦਾ ਰੁਤਬਾ ਬੁਲੰਦੀ 'ਤੇ ਲਿਜਾਣ ਅਤੇ ਪੰਜਾਬ ਦੋਖੀਆਂ ਨੂੰ ਬੇਪਰਦ ਕਰਨ ਲਈ ਸਮੂਹ ਪੰਜਾਬ ਹਿਤੈਸ਼ੀਆਂ ਨੂੰ ਨਾਲ ਲੈ ਕੇ ਧੁਰ ਹੇਠਾਂ ਤੱਕ ਵਿਚਾਰਧਾਰਕ ਮੁਹਿੰਮ ਚਲਾਉਣ ਅਤੇ ਜਮਹੂਰੀ ਲੀਹਾਂ 'ਤੇ ਗਰਜਵੀਂ ਅਵਾਜ਼ ਬੁਲੰਦ ਕਰਨ ਦਾ ਨਿਰਣਾ ਲਿਆ ਹੈ। ਮੀਟਿੰਗ ਵਿੱਚ ਵੱਖੋ-ਵੱਖ ਖੇਤਰਾਂ ਨਾਲ ਸੰਬੰਧਤ ਅਨੇਕਾਂ ਕੱਦਾਵਰ ਸ਼ਖ਼ਸੀਅਤਾਂ ਨੇ ਭਾਗ ਲਿਆ। ਪ੍ਰਧਾਨਗੀ ਪ੍ਰੋਫੈਸਰ ਬਾਵਾ ਸਿੰਘ, ਪ੍ਰੋ. ਜਗਮੋਹਨ ਸਿੰਘ, ਡਾ. ਕਰਮਜੀਤ ਸਿੰਘ, ਪ੍ਰੋ. ਜਗਰੂਪ ਸੇਖੋਂ ਅਤੇ ਪ੍ਰੋ. ਅਮਰਜੀਤ ਸਿੰਘ ਸਿੱਧੂ ਨੇ ਕੀਤੀ। ਕਾਰਵਾਈ ਪ੍ਰੋ. ਡਾ. ਕੁਲਦੀਪ ਸਿੰਘ ਨੇ ਚਲਾਈ। ਸਭ ਤੋਂ ਪਹਿਲਾਂ ਪ੍ਰੋ. ਬਾਵਾ ਸਿੰਘ ਨੇ ਮੀਟਿੰਗ ਸੱਦਣ ਦਾ ਉਦੇਸ਼ ਅਤੇ ਭਵਿੱਖ 'ਚ ਕਰਨ ਗੋਚਰੇ ਕਾਰਜਾਂ ਦਾ ਠੋਸ ਖਾਕਾ ਪੇਸ਼ ਕੀਤਾ। ਉਪਰੰਤ ਸਤਨਾਮ ਸਿੰਘ ਮਾਣਕ, ਬਲਬੀਰ ਸਿੰਘ ਜੰਡੂ, ਸਤਨਾਮ ਚਾਨਾ, ਮੰਗਤ ਰਾਮ ਪਾਸਲਾ, ਡਾ. ਕਮਲਜੀਤ ਢਿੱਲੋਂ, ਡਾ. ਜਗਜੀਤ ਸਿੰਘ ਚੀਮਾ, ਸਵਰਨ ਸਿੰਘ ਭੰਗੂ, ਸੁਸ਼ੀਲ ਦੋਸਾਂਝ, ਉਂਕਾਰ ਸਿੰਘ ਡੁਮੇਲੀ, ਪ੍ਰੋ. ਨਰਿੰਦਰ ਸਿੰਘ ਸੰਧੂ, ਡਾ. ਤੇਜਿੰਦਰ ਵਿਰਲੀ, ਮੱਖਣ ਕੁਹਾੜ, ਕਰਨੈਲ ਸਿੰਘ, ਜੋਗਿੰਦਰ ਜਿੰਦੂ, ਪ੍ਰੋ. ਦਰਸ਼ਨ ਸਿੰਘ ਬੁੱਟਰ, ਪ੍ਰੋ. ਅਜੀਤ ਸਿੰਘ ਲੰਗੇਰੀ ਨੇ ਉਕਤ ਸੇਧ ਵਿੱਚ ਆਪੋ-ਆਪਣੇ ਮੁੱਲਵਾਨ ਸੁਝਾਅ ਪੇਸ਼ ਕੀਤੇ। ਬੁਲਾਰਿਆਂ ਨੇ ਪੰਜਾਬੀਆਂ ਵੱਲੋਂ ਹੰਢਾਈ ਜਾ ਰਹੀ ਅਕਹਿ ਪੀੜ ਅਤੇ ਭਟਕਣਾ ਬਾਰੇ ਗੱਲ ਕੀਤੀ। ਉਨ੍ਹਾਂ '47 ਦੀ ਜਬਰੀ ਵੰਡ ਦੌਰਾਨ ਹੰਢਾਏ ਗਏ ਦਰਦ ਅਤੇ ਉਸ ਪਿੱਛੋਂ ਦਿੱਲੀ ਦੇ ਹਾਕਮਾਂ ਵੱਲੋਂ ਕੀਤੇ ਗਏ ਧੱਕਿਆਂ-ਵਿਤਕਰਿਆਂ ਦਾ ਵੇਰਵਾ ਪੇਸ਼ ਕਰਦਿਆਂ ਪੰਜਾਬ ਦੇ ਹੱਕਾਂ ਦੀ ਲੜਾਈ ਤੋਂ ਮੂੰਹ ਮੋੜ ਲੈਣ ਵਾਲੇ ਖੇਤਰੀ ਰਾਜਸੀ ਦਲਾਂ ਨੂੰ ਵੀ ਨਿਸ਼ਾਨੇ 'ਤੇ ਲਿਆ। ਬੁਲਾਰਿਆਂ ਨੇ ਇਹ ਵੀ ਕਿਹਾ ਕਿ ਪੰਜਾਬ ਵਾਸੀਆਂ ਦੇ ਬਹੁਤ ਮਸਲੇ ਦੇਸ਼ ਦੇ ਸਮੁੱਚੇ ਲੋਕਾਂ ਦੀ ਹੋਣੀ ਨਾਲੋਂ ਨਿਖੇੜ ਕੇ ਨਹੀਂ ਦੇਖੇ ਜਾ ਸਕਦੇ। ਉਨ੍ਹਾਂ ਇਹ ਗੱਲ ਜ਼ੋਰਦਾਰ ਢੰਗ ਨਾਲ ਰੱਖੀ ਕਿ ਪੰਜਾਬ ਦਾ ਸਮੁੱਚਾ ਸੰਕਟ ਕੇਂਦਰੀ ਹਕੂਮਤ ਦੀਆਂ ਆਰਥਕ ਨੀਤੀਆਂ ਅਤੇ ਮੂਲ ਕਿਰਦਾਰ ਨਾਲ ਬੱਝਾ ਹੋਇਆ ਹੈ। ਇਸ ਲਈ ਮਜ਼ਬੂਤ ਰਾਜਸੀ ਸ਼ਕਤੀ ਦੀ ਅਗਵਾਈ ਵਿਚ ਰਾਜਸੀ ਸੰਘਰਸ਼ ਲੜੇ ਬਗੈਰ ਉਕਤ ਬਹੁਪਰਤੀ ਸੰਕਟ 'ਚੋਂ ਨਿਕਲਣਾ ਅਸੰਭਵ ਹੈ। ਉਨ੍ਹਾਂ ਨੌਜਵਾਨੀ ਦੀ ਲੜਨ ਦੀ ਅਸੀਮ ਸ਼ਕਤੀ ਅਤੇ ਭਟਕਾਅ ਦੀ ਗੱਲ ਛੋਹਦਿਆਂ ਨਸ਼ਾ ਤਸਕਰੀ, ਅਪਰਾਧ, ਪ੍ਰਵਾਸ ਆਦਿ ਸਮੱਸਿਆਵਾਂ ਦੀ ਨਿਸ਼ਾਨਦੇਹੀ ਵੀ ਕੀਤੀ ਅਤੇ ਯੁਵਕਾਂ ਨਾਲ ਸਾਰਥਕ ਸੰਵਾਦ ਰਚਾਉਣ 'ਤੇ ਜ਼ੋਰ ਦਿੱਤਾ। ਮਿੱਟੀ, ਪਾਣੀ ਅਤੇ ਚੌਗਿਰਦੇ ਦੀ ਬਰਬਾਦੀ ਦੇ ਮਸਲੇ ਵੀ ਵਿਚਾਰ-ਚਰਚਾ ਦਾ ਹਿੱਸਾ ਬਣੇ। ਵਿਚਾਰ-ਚਰਚਾ ਚੋਂ ਇਹ ਨੁਕਤਾ ਪ੍ਰਮੁੱਖਤਾ ਨਾਲ ਉੱਭਰ ਕੇ ਸਾਹਮਣੇ ਆਇਆ ਕਿ ਇਸਤਰੀਆਂ ਅਤੇ ਦਲਿਤਾਂ ਦੇ ਦਰਦ ਨੂੰ ਸਮਝੇ ਬਗੈਰ ਅਤੇ ਉਨ੍ਹਾਂ ਨੂੰ ਪੰਜਾਬ ਦੇ ਭਵਿੱਖ ਦੀ ਰਾਖੀ ਦੇ ਸੰਗਰਾਮਾਂ ਦਾ ਅਹਿਮ ਅੰਗ ਬਣਾਏ ਬਗੈਰ ਜਿੱਤਣ ਦੇ ਕਿਆਸ ਵੀ ਨਹੀਂ ਲਾਏ ਜਾ ਸਕਦੇ। ਨਾਲ ਹੀ ਪੰਜਾਬੀਆਂ, ਖਾਸ ਕਰਕੇ ਨੌਜਵਾਨੀ ਨੂੰ ਕੁਰਾਹੇ ਪਾਉਣ ਦੀਆਂ ਹਾਕਮ ਜਮਾਤੀ ਸਾਜ਼ਿਸ਼ਾਂ ਅਤੇ ਏਜੰਸੀਆਂ ਦੇ ਇਸ਼ਾਰਿਆਂ 'ਤੇ ਉਕਤ ਕੁਕਰਮ ਦਾ ਸੂਤਰਧਾਰ ਬਣੀਆਂ ਅਰਾਜਕ ਸ਼ਕਤੀਆਂ ਤੋਂ ਸੁਚੇਤ ਰਹਿਣ ਦੀ ਅਪੀਲ ਵੀ ਕੀਤੀ ਗਈ। ਸਮੁੱਚੇ ਹਾਲਾਤ ਨੂੰ ਬਿਆਨ ਕਰਦੀ ਅਤੇ ਸਮੱਸਿਆਵਾਂ ਦੇ ਨਿੱਗਰ ਹੱਲ ਦਾ ਖਾਕਾ ਪੇਸ਼ ਕਰਦੀ ਪ੍ਰਚਾਰ ਸਮੱਗਰੀ ਛਾਪਣ ਦੇ ਵੀ ਸੁਝਾਅ ਆਏ। ਇਹ ਵਿਚਾਰ ਵੀ ਰੱਖਿਆ ਗਿਆ ਕਿ ਆਪ ਮੁਹਾਰੇ ਘੋਲਾਂ 'ਚ ਨਿੱਤਰੇ ਹੋਏ ਪੰਜਾਬ ਵਾਸੀਆਂ ਨੂੰ ਅੱਜ ਸੁਚੱਜੀ ਅਗਵਾਈ ਦੀ ਲੋੜ ਹੈ। ਸਭਨਾਂ ਬੁਲਾਰਿਆਂ ਨੇ ਪੰਜਾਬ ਦੇ ਜੁਝਾਰੂ ਵਿਰਸੇ ਅਤੇ ਸਾਂਝੀਵਾਲਤਾ ਦੀਆਂ ਅਮੀਰ ਪਰੰਪਰਾਵਾਂ ਨੂੰ ਨਾਲ ਲੈ ਕੇ ਚੱਲਣ ਦਾ ਸੁਝਾਅ ਪੇਸ਼ ਕੀਤਾ। ਭਾਅ ਜੀ ਗੁਰਸ਼ਰਨ ਸਿੰਘ ਦੀ ਸਪੁੱਤਰੀ ਡਾ. ਨਵਸ਼ਰਨ ਨੂੰ ਈ ਡੀ ਵੱਲੋਂ ਤੰਗ-ਪ੍ਰੇਸ਼ਾਨ ਕੀਤੇ ਜਾਣ ਦਾ ਗੰਭੀਰ ਨੋਟਿਸ ਲੈਂਦਿਆਂ ਮੀਟਿੰਗ ਨੇ ਇਹ ਯਰਕਾਊ ਹੱਥਕੰਡੇ ਫੌਰਨ ਬੰਦ ਕਰਨ ਦੀ ਮੰਗ ਕੀਤੀ। ਪ੍ਰੋ. ਜਗਮੋਹਨ ਸਿੰਘ ਨੇ ਸਮੁੱਚੀ ਬਹਿਸ ਨੂੰ ਸਮੇਟਦਿਆਂ ਬੁਲਾਰਿਆਂ ਦੀ ਭਾਵਨਾ ਅਤੇ ਠੋਸ ਸੁਝਾਵਾਂ ਅਨੁਸਾਰ ਅੱਗੇ ਵਧਣ ਦਾ ਭਰੋਸਾ ਦਿਵਾਇਆ। ਅੰਤ 'ਚ ਅਗਲੇਰੇ ਕਾਰਜਾਂ ਦੀ ਢੁਕਵੀਂ ਰੂਪ-ਰੇਖਾ ਤਿਆਰ ਕਰਨ ਲਈ 11 ਮੈਂਬਰੀ ਕਮੇਟੀ ਦੀ ਚੋਣ ਕੀਤੀ ਗਈ। ਇਹ ਵੀ ਨਿਰਣਾ ਕੀਤਾ ਗਿਆ ਕਿ ਆਰਜ਼ੀ ਰੂਪ 'ਚ ਬੁਲਾਈ ਗਈ ਇਸ ਮੀਟਿੰਗ ਦਾ ਘੇਰਾ ਹੋਰ ਵਿਸ਼ਾਲ ਕਰਨ ਲਈ ਨੇੜ ਭਵਿੱਖ 'ਚ ਉਪਰੋਕਤ ਕਮੇਟੀ ਵੱਲੋਂ ਵੱਡੀ ਇਕੱਤਰਤਾ ਸੱਦੀ ਜਾਵੇਗੀ। ਨਰਭਿੰਦਰ ਸਿੰਘ ਨੇ ਮੀਟਿੰਗ 'ਚ ਸ਼ਾਮਲ ਹੋਏ ਸਭਨਾਂ ਦਾਨਿਸ਼ਵਰਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ।

## ਨਗਰ ਨਿਗਮ ਦੀ ਟੀਮ ਨੇ ਪਲਾਸਟਿਕ ਦੇ ਲਿਫਾਫ਼ਿਆਂ ਦੀ ਵਿਕਰੀ ਰੋਕਣ ਲਈ ਚਲਾਨ ਕੱਟੇ



**ਹੁਸ਼ਿਆਰਪੁਰ, (ਓ ਪੀ ਰਾਣਾ, ਬਲਬੀਰ ਸਿੰਘ ਸੈਣੀ)** ਨਗਰ ਨਿਗਮ ਦੇ ਅਧਿਕਾਰੀਆਂ ਦੀ ਟੀਮ ਵੱਲੋਂ ਪਲਾਸਟਿਕ ਦੇ ਲਿਫਾਫਿਆਂ ਦੀ ਵਿਕਰੀ 'ਤੇ ਰੋਕ ਲਗਾਉਣ ਲਈ ਸ਼ਹਿਰ ਦੇ ਵੱਖ-ਵੱਖ ਖੇਤਰਾਂ ਵਿੱਚ ਚੈਕਿੰਗ ਕੀਤੀ ਗਈ। ਇਸ ਦੌਰਾਨ ਟੀਮ ਵਲੋਂ ਮੰਡੀ ਰਹੀਮਪੁਰ ਇਲਾਕੇ ਵਿਚ 2 ਚਲਾਨ ਕੀਤੇ ਗਏ ਅਤੇ ਸਿੰਗਲ ਯੂਜ਼ ਪਲਾਸਟਿਕ ਜ਼ਬਤ ਕਰ ਲਿਆ ਗਿਆ। ਇਸ ਦੌਰਾਨ ਨਗਰ ਨਿਗਮ ਦੇ ਕਮਿਸ਼ਨਰ ਕੋਮਲ ਮਿੱਤਲ ਵੱਲੋਂ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਗਈ ਕਿ ਸਿੰਗਲ ਯੂਜ਼ ਪਲਾਸਟਿਕ ਦੀ ਵਰਤੋਂ ਨਾ ਕੀਤੀ ਜਾਵੇ ਅਤੇ ਬਾਜ਼ਾਰ ਵਿੱਚ ਜਾਣ ਸਮੇਂ ਘਰੋਂ ਹੀ ਕੱਪੜੇ ਜਾਂ ਜੂਟ ਦੇ ਬਣੇ ਥੈਲੇ ਨਾਲ ਲੈ ਕੇ ਜਾਇਆ ਜਾਵੇ। ਇਸ ਤੋਂ ਇਲਾਵਾ ਉਨ੍ਹਾਂ ਵੱਲੋਂ ਇਹ ਵੀ ਚਿਤਾਵਨੀ ਦਿੱਤੀ ਗਈ ਕਿ ਜੇਕਰ ਕੋਈ ਵੀ ਵਿਅਕਤੀ ਜਾਂ ਦੁਕਾਨਦਾਰ ਸਿੰਗਲ ਯੂਜ਼ ਪਲਾਸਟਿਕ ਦੀ ਵਰਤੋਂ ਜਾਂ ਵਿਕਰੀ ਕਰਦਾ ਦਿਖਾਈ ਦਿੰਦਾ ਹੈ ਤਾਂ ਉਸ ਉੱਪਰ ਕਾਨੂੰਨੀ ਕਾਰਵਾਈ ਕਰਦੇ ਹੋਏ ਜ਼ੁਰਮਾਨਾ ਕੀਤਾ ਜਾਵੇਗਾ।

## ਐੱਸ ਡੀ ਕਾਲਜ ਲੜਕੀਆਂ ਦਾ ਬੀ ਐੱਸ ਸੀ ਫੈਸ਼ਨ ਡਿਜ਼ਾਈਨਿੰਗ 'ਚ ਸ਼ਾਨਦਾਰ ਪ੍ਰਦਰਸ਼ਨ



**ਜਲੰਧਰ (ਇਕਬਾਲ ਸਿੰਘ ਉਭੀ)**-ਪੀ.ਸੀ.ਐਮ.ਐਸ.ਡੀ ਕਾਲਜ ਫਾਰ ਵੂਮੈਨ ਜਲੰਧਰ ਦੇ ਬੀਐਸਸੀ ਫੈਸ਼ਨ ਡਿਜਾਈਨਿੰਗ ਸਮੈਸਟਰ ਤੀਜੇ ਦੇ ਵਿਦਿਆਰਥੀਆਂ ਦਾ ਗੁਰੂ ਨਾਨਕ ਦੇਵ ਯੂਨੀਵਰਸਿਟੀ ਦਾ ਨਤੀਜਾ ਸ਼ਾਨਦਾਰ ਰਿਹਾ। ਸਿਮਰਨ ਕੁੰਜਲ ਨੇ 454/500 ਅੰਕ (90.80%) ਪ੍ਰਾਪਤ ਕਰਕੇ ਯੂਨੀਵਰਸਿਟੀ ਵਿੱਚੋਂ ਦੂਜਾ ਸਥਾਨ ਪ੍ਰਾਪਤ ਕੀਤਾ। ਦਿਵੰਸ਼ੀ ਨੇ 445/500 (89%) ਅੰਕ ਪ੍ਰਾਪਤ ਕੀਤੇ ਅਤੇ ਯੂਨੀਵਰਸਿਟੀ ਵਿੱਚ ਚੌਥੇ ਸਥਾਨ 'ਤੇ ਰਹੀ। ਇਸ ਮੌਕੇ 'ਤੇ ਪ੍ਰਧਾਨ ਨਰੇਸ਼ ਕੁਮਾਰ ਬੁਧੀਆ , ਸੀਨੀਅਰ ਮੀਤ ਪ੍ਰਧਾਨ ਵਿਨੋਦ ਦਾਦਾ, ਪ੍ਰਬੰਧਕ ਕਮੇਟੀ ਦੇ ਮੈਂਬਰ ਅਤੇ ਪ੍ਰਿੰਸੀਪਲ ਪ੍ਰੋ. (ਡਾ.) ਪੂਜਾ ਪਰਾਸ਼ਰ ਨੇ ਵਿਦਿਆਰਥੀਆਂ ਦੀ ਸ਼ਲਾਘਾ ਕੀਤੀ ਅਤੇ ਫੈਕਲਟੀ ਨੂੰ ਉਨ੍ਹਾਂ ਦੇ ਸਮਰਪਿਤ ਯਤਨਾਂ ਲਈ ਵਧਾਈ ਵੀ ਦਿੱਤੀ।

## ਰਾਜੇਸ਼ ਜੋਸ਼ੀ ਨੇ ਨਵੇਂ ਜ਼ਿਲ੍ਹਾ ਮੈਨੇਜਰ ਲੀਡ ਬੈਂਕ ਵਜੋਂ ਲਿਆ ਚਾਰਜ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**-ਰਾਜੇਸ਼ ਜੋਸ਼ੀ ਵਲੋਂ ਜ਼ਿਲ੍ਹਾ ਮੈਨੇਜਰ ਲੀਡ ਬੈਂਕ (ਪੀ.ਐਨ.ਬੀ) ਹੁਸ਼ਿਆਰਪੁਰ ਵਜੋਂ ਚਾਰਜ ਲਿਆ ਗਿਆ ਹੈ। ਇਸ ਤੋਂ ਪਹਿਲਾਂ ਉਹ ਬਤੌਰ ਚੀਫ ਮੈਨੇਜਰ ਮੁੱਖ ਦਫ਼ਤਰ ਦਿੱਲੀ, ਬਟਾਲਾ ਅਤੇ ਕਪੂਰਥਲਾ ਵਿਖੇ ਸੇਵਾਵਾਂ ਨਿਭਾਅ ਚੁੱਕੇ ਹਨ ਅਤੇ ਇਸ ਵੇਲੇ ਪੰਜਾਬ ਨੈਸ਼ਨਲ ਬੈਂਕ ਦਾਨਾ ਮੰਡੀ ਬੰਗਾ ਵਿਖੇ ਸੇਵਾ ਨਿਭਾਅ ਰਹੇ ਸਨ। ਚਾਰਜ ਸੰਭਾਲਣ ਮੌਕੇ ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਜੀਵਨ ਦੀ ਸੁਰੱਖਿਆ ਲਈ ਸਰਕਾਰੀ ਬੀਮਾ ਯੋਜਨਾਵਾਂ ਦਾ ਵੱਧ ਤੋਂ ਵੱਧ ਲਾਭ ਉਠਾਉਣ। ਉਨ੍ਹਾਂ ਕਿਹਾ ਕਿ 2 ਲੱਖ ਰੁਪਏ ਦੇ ਬੀਮੇ ਲਈ ਸਾਲਾਨਾ ਰਾਸ਼ੀ ਕੇਵਲ 436 ਰੁਪਏ ਦੇ ਕੇ ਪ੍ਰਧਾਨ ਮੰਤਰੀ ਜੀਵਨ ਜੋਤੀ ਯੋਜਨਾ ਤੇ 12 ਰੁਪਏ ਸਾਲਾਨਾ ਦੇ ਕੇ ਪ੍ਰਧਾਨ ਮੰਤਰੀ ਸੁਰੱਖਿਆ ਬੀਮਾ ਯੋਜਨਾ ਦਾ ਲਾਭ ਉਠਾਇਆ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਇਸ ਯੋਜਨਾ ਦਾ ਲਾਭ ਲੈਣ ਲਈ ਉਮਰ 18 ਤੋਂ 50 ਸਾਲ ਹੋਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਯੋਜਨਾਵਾਂ ਸਬੰਧੀ ਜਲਦ ਹੀ ਪਿੰਡ ਪੱਧਰ 'ਤੇ ਕੈਂਪ ਲਗਾਏ ਜਾਣਗੇ। ਜ਼ਿਕਰਯੋਗ ਹੈ ਕਿ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਕਸਬੇ ਰਾਹੋਂ ਨਾਲ ਸਬੰਧ ਰੱਖਣ ਵਾਲੇ ਰਾਜੇਸ਼ ਜੋਸ਼ੀ ਨੇ 1986 ਵਿੱਚ ਬੈਂਕਿੰਗ ਸਰਵਿਸ ਸ਼ੁਰੂ ਕੀਤੀ ਸੀ ਅਤੇ ਉਹ 2006 ਵਿੱਚ ਮੈਨੇਜਰ, ਸਾਲ 2010 ਵਿੱਚ ਸੀਨੀਅਰ ਮੈਨੇਜਰ ਅਤੇ 2016 ਵਿੱਚ ਚੀਫ ਮੈਨੇਜਰ ਬਣੇ।

## ਜਨਾਗਲ ਵੰਸ਼ ਗੋਤ ਦਾ ਸਾਲਾਨਾ ਜੋੜ ਮੇਲਾ 21 ਨੂੰ

**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)**-ਜਨਾਗਲ ਵੰਸ਼ ਗੋਤ ਦਾ ਸਾਲਾਨਾ ਜੋੜ ਮੇਲਾ 21 ਮਈ ਦਿਨ ਐਤਵਾਰ ਨੂੰ ਸਮੂਹ ਜਨਾਗਲ ਪਰਵਾਰ ਵੱਲੋਂ ਬਹੁਤ ਹੀ ਸ਼ਰਧਾ ਭਾਵਨਾ ਨਾਲ ਪਿੰਡ ਸਦਰਪੁਰ ਵਿਖੇ ਮਨਾਇਆ ਜਾ ਰਿਹਾ ਹੈ। ਮੇਲੇ ਸੰਬੰਧੀ ਜਾਣਕਾਰੀ ਦਿੰਦਿਆਂ ਕੈਪਟਨ ਸਗਲੀ ਰਾਮ ਪ੍ਰਧਾਨ, ਸੋਹਣ ਲਾਲ, ਚਮਨ ਸਿੰਘ, ਦੌਲਤ ਰਾਮ, ਕੇਸਰ ਰਾਮ, ਭੌਂਦੂ ਰਾਮ ਜਲੰਧਰ ਨੇ ਦੱਸਿਆ ਕਿ ਪਿੰਡ ਸਦਰਪੁਰ (ਗੜ੍ਹਸ਼ੰਕਰ) ਸੀਤ ਬਾਬੇ ਮਿੱਠੇ ਦੇ ਸਥਾਨ 'ਤੇ ਕਰਵਾਏ ਜਾਣ ਵਾਲੇ ਜੋੜ ਮੇਲੇ ਦੇ ਸਮਾਗਮ ਦੌਰਾਨ ਚਾਦਰ ਤੇ ਨਿਸ਼ਾਨ ਸਾਹਿਬ ਦੀ ਰਸਮ ਸਵੇਰੇ 10 ਵਜੇ ਕੀਤੀ ਜਾਵੇਗੀ, ਉਪਰੰਤ ਧਾਰਮਕ ਪੰਡਾਲ ਸਜਾਇਆ ਜਾਵੇਗਾ, ਜਿਸ ਵਿੱਚ ਕੁਲਵਿੰਦਰ ਦਿਆਲਪੁਰੀ ਸਰਬਜੀਤ ਨਿੱਕਾ ਧਾਰਮਕ ਪ੍ਰੋਗਰਾਮ ਪੇਸ਼ ਕਰਨਗੇ। ਉਪਰੰਤ ਅਤੁੱਟ ਲੰਗਰ ਵਰਤਾਇਆ ਜਾਵੇਗਾ।

## ਪੱਤਰਕਾਰ ਹਰੀਸ਼ ਕਾਲੜਾ ਦਾ ਦਿਹਾਂਤ



**ਰੋਪੜ (ਬਿੰਦਰਾ)** ਪੰਜਾਬ ਚੰਡੀਗੜ੍ਹ ਜਰਨਲਿਸਟ ਯੂਨੀਅਨ ਜਿਲ੍ਹਾ ਰੋਪੜ ਦੇ ਜਨਰਲ ਸਕੱਤਰ ਹਰੀਸ਼ ਕਾਲੜਾ ਦਾ ਦੇਹਾਂਤ ਹੋ ਗਿਆ। ਉਹ ਕੈਂਸਰ ਦੀ ਨਾਮੁਰਾਦ ਬਿਮਾਰੀ ਦੇ ਸ਼ਿਕਾਰ ਸਨ। ਉਹ ਪਬਲਿਕ ਰਿਲੇਸ਼ਨ ਵਿਭਾਗ ਤੋਂ ਰਿਟਾਇਰ ਹੋਏ ਸਨ।

ਉਹਨਾਂ ਦੀ ਉਮਰ ਲਗਭਗ 64 ਸਾਲ ਸੀ, ਸ੍ਰੀ ਕਾਲੜਾ ਦਾ ਸੰਸਕਾਰ ਗਊਸ਼ਾਲਾ ਰੋਡ ਸ਼ਮਸ਼ਾਨ ਭੂਮੀ ਵਿੱਚ ਕੀਤਾ ਗਿਆ। ਇਸ ਮੌਕੇ ਰੂਪਨਗਰ ਪ੍ਰੈਸ ਕਲੱਬ ਦੇ ਪ੍ਰਧਾਨ ਬਹਾਦਰਜੀਤ ਸਿੰਘ, ਸਰਪ੍ਰਸਤ ਗੁਰਚਰਨ ਸਿੰਘ ਬਿੰਦਰਾ, ਜਨਰਲ ਸਕੱਤਰ ਸਤਨਾਮ ਸਿੰਘ ਸੱਤੀ, ਅਰੁਣ ਸ਼ਰਮਾ, ਸਰਬਜੀਤ ਸਿੰਘ ਕੋਟਲਾ ਨਿਹੰਗ, ਸਰਬਜੀਤ ਸਿੰਘ ਕਾਕਾ, ਕੰਵਲ ਭਾਰਜ, ਕੈਲਾਸ ਆਹੂਜਾ, ਪ੍ਰਭਾਤ ਭੱਟੀ, ਵਿਜੇ ਸ਼ਰਮਾ, ਸੁਰਜੀਤ ਸਿੰਘ ਗਾਂਧੀ ਤਜਿੰਦਰ ਸਿੰਘ, ਸੁਮੀਤ, ਰਾਜਿੰਦਰ ਸਿੰਘ ਸੈਣੀ, ਲਖਬੀਰ ਸਿੰਘ ਲੱਖਾ, ਹਰਮੀਤ ਬਿੰਦਰਾ, ਕੁਲਵਿੰਦਰ ਭਾਟੀਆ, ਬਾਬੂਸ਼ਾਹੀ ਚੈਨਲ ਦੇ ਬਲਜੀਤ ਬੱਲੀ, ਸੀਨੀਅਰ ਸਿਟੀਜਨ ਦੇ ਪ੍ਰਧਾਨ ਕਰਨੈਲ ਸਿੰਘ, ਸੈਣੀ ਭਵਨ ਦੇ ਪ੍ਰਧਾਨ ਅਜਮੇਰ ਸਿੰਘ, ਪ੍ਰਿੰਸੀਪਲ ਜਤਿੰਦਰ ਸਿੰਘ, ਅਵਤਾਰ ਸਿੰਘ ਬਰਾੜ, ਨਗਰ ਪਾਲਕਾ ਦੇ ਪ੍ਰਧਾਨ ਵਰਮਾ, ਸਾਬਕ ਪ੍ਰਧਾਨ ਮੱਕੜ ਆਦਿ ਤੋਂ ਇਲਾਵਾ ਚੰਡੀਗੜ੍ਹ ਤੋਂ ਲੋਕ ਸੰਪਰਕ ਵਿਭਾਗ ਦੇ ਐਡੀਸਨਲ ਡਾਇਰੈਕਟਰ ਉਪਿੰਦਰ ਸਿੰਘ ਲਾਂਬਾ, ਲੋਕ ਸੰਪਰਕ ਅਫਸਰ ਰੋਪੜ ਮਹਿਤਾ ਸਹਿਰ ਦੀਆਂ ਸਿਆਸੀ, ਧਾਰਮਿਕ ਅਤੇ ਸਮਾਜਿਕ ਹਸਤੀਆਂ ਵੱਡੀ ਗਿਣਤੀ ਵਿਚ ਪੁਜੀਆਂ ਹੋਈਆਂ ਸਨ।

## ਵਧ ਸਕਦੀ ਹੈ ਮਕਾਨ ਦੀ ਰਜਿਸਟਰੀ 'ਤੇ ਢਾਈ ਪਰਸੈਂਟ ਛੋਟ ਦੀ ਤੈਅ ਸੀਮਾ, ਕੈਬਨਿਟ ਮੀਟਿੰਗ 'ਚ ਹੋ ਸਕਦਾ ਫੈਸਲਾ

**ਜਲੰਧਰ (ਸੁਰਿੰਦਰ ਕੁਮਾਰ)**- ਪੰਜਾਬ ਕੈਬਨਿਟ ਦੀ ਮੀਟਿੰਗ ਕੱਲ੍ਹ ਜਲੰਧਰ ਵਿੱਚ ਹੋਣ ਜਾ ਰਹੀ ਹੈ। ਜਿਸ ਵਿੱਚ ਕਈ ਵੱਡੇ ਫੈਸਲਿਆਂ 'ਤੇ ਮੋਹਰ ਲੱਗ ਸਕਦੀ ਹੈ। ਇਸ ਤੋਂ ਇਲਾਵਾ ਸਰਕਾਰ ਮਕਾਨ ਦੀ ਰਜਿਸਟਰੀ 'ਤੇ ਢਾਈ ਪਰਸੈਂਟ ਦੀ ਛੋਟ ਦਾ ਸਮਾਂ ਵੀ ਵਧਾ ਸਕਦੀ ਹੈ। ਪੰਜਾਬ ਸਰਕਾਰ ਤੁਹਾਡੇ ਦੁਆਰ ਪ੍ਰੋਗਰਾਮ ਦੇ ਤਹਿਤ ਕੱਲ੍ਹ ਯਾਨੀ 17 ਮਈ ਨੂੰ ਜਲੰਧਰ ਦੇ ਸਰਕਟ ਹਾਊਸ ਵਿਖੇ ਪੰਜਾਬ ਕੈਬਨਿਟ ਦੀ ਮੀਟਿੰਗ ਹੋਣ ਜਾ ਰਹੀ ਹੈ। ਮੁੱਖ ਭਗਵੰਤ ਮਾਨ ਦੀ ਅਗਵਾਈ ਵਿੱਚ ਇਹ ਮੀਟਿੰਗ ਹੋਵੇਗੀ। ਇਸ ਮੀਟਿੰਗ ਵਿੱਚ ਮਕਾਨ ਦੀ ਰਜਿਸਟਰੀ ਦੇ ਢਾਈ ਪਰਸੈਂਟ ਛੋਟ ਦਾ ਸਮਾਂ ਪੰਜਾਬ ਸਰਕਾਰ ਵੱਲੋਂ ਵਧਾਇਆ ਜਾ ਸਕਦਾ ਹੈ। ਇਸ ਸੰਬੰਧ ਵਿੱਚ ਕੱਲ੍ਹ ਦੀ ਹੋਣ ਵਾਲੀ ਮੀਟਿੰਗ ਵਿੱਚ ਸੀ ਐੱਮ ਵੱਲੋਂ ਫੈਸਲਾ ਲਿਆ ਜਾ ਸਕਦਾ ਹੈ। ਕੁਝ ਮਹੀਨੇ ਪਹਿਲਾਂ ਮੁੱਖ ਮੰਤਰੀ ਭਗਵੰਤ ਮਾਨ ਸਰਕਾਰ ਨੇ ਲੋਕਾਂ ਨੂੰ ਰਾਹਤ ਦਿੰਦੇ ਹੋਏ ਜਾਇਦਾਦ ਦੀ ਰਜਿਸਟ੍ਰੇਸ਼ਨ 'ਤੇ ਲਾਗੂ ਸਟੈਂਪ ਡਿਊਟੀ ਅਤੇ ਫੀਸਾਂ ਵਿੱਚ 2.25 ਪ੍ਰਤੀਸ਼ਤ ਦੀ ਛੋਟ ਦੀ ਮਿਆਦ 15 ਮਈ ਤੱਕ ਵਧਾ ਦਿੱਤੀ ਗਈ ਹੈ। ਤੇ ਹੁਣ ਜਾਣਕਾਰੀ ਮਿਲ ਰਹੀ ਹੈ ਕਿ ਇਹ ਤੈਅ ਸੀਮਾ ਹੋਰ ਵਧਾਈ ਜਾ ਸਕਦੀ ਹੈ। ਜ਼ਿਕਰਯੋਗ ਹੈ ਕਿ ਸੂਬਾ ਸਰਕਾਰ ਨੇ ਪਹਿਲਾਂ ਇਸ ਸਕੀਮ ਨੂੰ 31 ਮਾਰਚ ਤੱਕ ਲਾਗੂ ਕੀਤਾ ਸੀ ਅਤੇ ਲੋਕਾਂ ਵੱਲੋਂ ਭਰਵਾਂ ਸਮਰਥਨ ਮਿਲਣ ਤੋਂ ਬਾਅਦ ਇਸ ਨੂੰ 30 ਅਪ੍ਰੈਲ ਤੱਕ ਵਧਾ ਦਿੱਤਾ ਗਿਆ ਸੀ। ਹੁਣ ਫੇਰ ਇਹ ਤਰੀਕ 15 ਮਈ ਤੱਕ ਵਧਾਈ ਪਰ ਹੁਣ ਇਸ ਦੀ ਤੈਅ ਸੀਮਾ ਹੋਰ ਵਧਾਈ ਜਾ ਸਕਦੀ ਹੈ। ਇਸ ਤੋਂ ਇਲਾਵਾ ਕੈਬਨਿਟ ਦੀ ਮੀਟਿੰਗ 'ਚ ਕਈ ਵਿਕਾਸ ਕਾਰਜਾਂ ਨੂੰ ਵੀ ਮਨਜ਼ੂਰੀ ਮਿਲ ਸਕਦੀ ਹੈ। ਮੀਟਿੰਗ 'ਚ ਪੁਰਾਣੇ ਲਟਕਦੇ ਮਸਲਿਆਂ ਨੂੰ ਹੱਲ ਕਰਨ 'ਤੇ ਵਿਚਾਰ ਹੋਵੇਗਾ ਅਤੇ ਤੁਰੰਤ ਫੈਸਲੇ ਲਏ ਜਾਣਗੇ। ਸੀ ਐੱਮ ਮਾਨ ਨੇ ਕਿਹਾ ਕਿ ਸਰਕਾਰ ਤੁਹਾਡੇ ਦੁਆਰ ਪ੍ਰੋਗਰਾਮ ਦਾ ਲੋਕਾਂ ਨੂੰ ਬਹੁਤ ਲਾਭ ਮਿਲੇਗਾ ਤੇ ਉਨ੍ਹਾਂ ਨੂੰ ਸੇਵਾਵਾਂ ਲੈਣ ਲਈ ਸਰਕਾਰੀ ਦਫਤਰਾਂ ਦੇ ਚੱਕਰ ਨਹੀਂ ਕੱਟਣੇ ਪੈਣਗੇ।

## ਪਿੰਡ ਕੰਧਾਲਾ ਸ਼ੇਖਾਂ ਵਿਖੇ ਐੱਫ ਪੀ ਓ ਵੱਲੋਂ ਅਗਾਂਹਵਧੂ ਕਿਸਾਨਾਂ ਨਾਲ ਮੀਟਿੰਗ




**ਅੱਡਾਂ ਸਰਾਂ/ਟਾਂਡਾ ( ਜਸਵੀਰ ਕਾਜਲ )-** ਰਜਤ ਛਾਬੜਾ ਡੀ.ਡੀ.ਐਮ.ਕਲੱਸਟਰ ਮੈਂਬਰ ਜਲੰਧਰ ਨਬਾਰਡ ਦੇ ਦਿਸ਼ਾਂ ਨਿਰਦੇਸ਼ਾਂ ਮੁਤਾਬਕ ਚਲਾਈ ਜਾ ਰਹੀ ਕਿਸਾਨ ਜਾਗਰੂਕਤਾ ਮੁਹਿਮ ਬਲਾਕ ਟਾਂਡਾ ਤਹਿਤ ਸੁਖਵਿੰਦਰਜੀਤ ਸਿੰਘ ਪ੍ਰਧਾਨ ਅਤੇ ਰਵਿੰਦਰ ਸਿੰਘ ਕਾਹਲੋਂ ਦੀ ਅਗਵਾਈ ਹੇਠ ਹਿਮਾਲਿਆ ਫਾਰਮਰ ਪ੍ਰੋਡਿਊਸਰ ਆਰਗੇਨਾਈਜੇਸ਼ਨ ਵੱਲੋਂ ਪਿੰਡ ਕੰਧਾਲਾ ਸ਼ੇਖਾਂ ਦੇ ਅਗਾਂਹਵਧੂ ਕਿਸਾਨਾ ਨਾਲ ਮੀਟਿੰਗ ਕੀਤੀ ਗਈ। ਇਸ ਮੌਕੇ ਕਿਸਾਨਾਂ ਨਾਲ ਐਫ.ਪੀ.ਓ. ਦੇ ਐਕਸ਼ਨ ਪਲਾਨ ਨੂੰ ਸਾਂਝਾ ਕੀਤਾ ਗਿਆ। ਕਿਸਾਨਾਂ ਦੀ ਆਮਦਨ ਵਿੱਚ ਵਾਧਾ ਕਰਨ ਲਈ ਗਰੇਡਿੰਗ, ਪ੍ਰੋਸੈਸਿੰਗ, ਪੈਕਜਿੰਗ, ਲੈਵਲਿੰਗ ਅਤੇ ਕੁਦਰਤੀ ਖੇਤੀ ਨੂੰ ਉਤਸ਼ਾਹਤ ਕਰਨ ਆਦਿ ਵਿਸ਼ਿਆਂ 'ਤੇ ਵਿਚਾਰ ਵਟਾਂਦਰਾ ਕੀਤਾ ਗਿਆ। ਇਸ ਮੌਕੇ ਰਵਿੰਦਰ ਸਿੰਘ ਕਾਹਲੋਂ ਪ੍ਰਧਾਨ ਸ਼ਹੀਦ ਭਗਤ ਸਿੰਘ ਕ੍ਰਾਂਤੀਕਾਰੀ ਸੁਸਾਇਟੀ ਨੇ ਕਿਹਾ ਕਿ ਕਿਸਾਨਾਂ ਦੀ ਆਰਥਕ ਹਾਲਤ ਨੂੰ ਬਿਹਤਰ ਕਰਨ ਅਤੇ ਉਨ੍ਹਾਂ ਦੀਆਂ ਫਸਲਾਂ ਦਾ ਸਹੀ ਮੁੱਲ ਪ੍ਰਾਪਤ ਕਰਨ ਲਈ ਇਕੱਠੇ ਹੋ ਕੇ ਖੇਤੀਬਾੜੀ ਦੀ ਵਿਉਂਤਬੰਦੀ ਕਰਨ ਲਈ ਐਫ.ਪੀ.ਓ. ਨਾਲ ਜੁੜਨਾ ਚਾਹੀਦਾ ਹੈ। ਇਸ ਮੌਕੇ ਬਰਿੰਦਰਪਾਲ ਸਿੰਘ ਏ.ਈ.ਓ. ਖੇਤੀਬਾੜੀ ਵਿਭਾਗ ਬਲਾਕ ਟਾਂਡਾ ਨੇ ਕਿਸਾਨਾਂ ਨੂੰ ਜ਼ਹਿਰ ਮੁਕਤ ਆਰਗੈਨਿਕ ਖੇਤੀ ਕਰਨ ਬਾਰੇ ਪ੍ਰੇਰਿਤ ਕੀਤਾ। ਇਸ ਮੌਕੇ ਸੁਮਨਾ ਸੀ.ਈ.ਓ. ਹਿਮਾਲਿਆ ਫਾਰਮਰ ਪ੍ਰੋਡੀਊਸਰ ਆਰਗੇਨਾਈਜੇਸ਼ਨ ਨੇ ਐਫ.ਪੀ.ਓ. ਦੇ ਮਾਧਿਅਮ ਰਾਹੀਂ ਮਿਲ ਰਹੀਆਂ ਟ੍ਰੇਨਿੰਗਾਂ, ਵਿਜ਼ਟ, ਘਰੇਲੂ ਬਗੀਚੀ ਆਦਿ ਵਿਸ਼ਿਆਂ 'ਤੇ ਜਾਣਕਾਰੀ ਦਿੱਤੀ। ਇਸ ਮੌਕੇ ਸੁਖਵਿੰਦਰ ਸਿੰਘ ਏ.ਐਸ.ਆਈ. ਖੇਤੀਬਾੜੀ ਵਿਭਾਗ ਬਲਾਕ ਟਾਂਡਾ ਨੇ ਐਗਰੀਕਲਚਰ ਡਿਪਾਰਟਮੈਂਟ ਵਿੱਚ ਮਿਲ ਰਹੀਆ ਸਹੂਲਤਾਂ ਬਾਰੇ ਜਾਣਕਾਰੀ ਦਿੱਤੀ। ਇਸ ਮੌਕੇ ਬਲਵੀਰ ਸਿੰਘ ਸਰਪੰਚ ਕੰਧਾਲਾ ਸ਼ੇਖਾਂ ਨੇ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਨਬਾਰਡ ਅਤੇ ਸੁਸਾਇਟੀ ਦੇ ਸਹਿਯੋਗ ਨਾਲ ਚਲਾਈ ਜਾ ਰਹੀ ਐਫ.ਪੀ.ਓ. ਇਕ ਸ਼ਲਾਘਾਯੋਗ ਉਪਰਾਲਾ ਹੈ। ਵੱਧ ਤੋਂ ਵੱਧ ਕਿਸਾਨਾਂ ਨੂੰ ਐਫ.ਪੀ.ਓ. ਨਾਲ ਜੁੜਨਾ ਚਾਹੀਦਾ ਹੈ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਇੰਦਰਵੀਰ ਸਿੰਘ ਜੀ.ਆਰ.ਐਸ., ਸੁਰਿੰਦਰ ਸਿੰਘ ਜੀ.ਆਰ.ਐਸ., ਦਵਿੰਦਰਪਾਲ ਸਿੰਘ ਨੇ ਵੀ ਸੰਬੋਧਨ ਕੀਤਾ। ਇਸ ਮੌਕੇ ਹਰਜਿੰਦਰਪਾਲ ਸਿੰਘ, ਮਹਿੰਦਰ ਸਿੰਘ, ਬਲਵੰਤ ਸਿੰਘ, ਤਰਨਵੀਰ ਸਿੰਘ, ਬਲਜੀਤ ਸਿੰਘ, ਦਰਸ਼ਨ ਸਿੰਘ ਆਦਿ ਹਾਜ਼ਰ ਸਨ।

## ਸੇਂਟ ਸੋਲਜਰ ਡਿਵਾਇਨ ਪਬਲਿਕ ਸਕੂਲ ਦੇ ਵਿਦਿਆਰਥੀਆਂ ਵੱਲੋਂ ਨਸ਼ਾ ਵਿਰੋਧੀ ਰੈਲੀ



**ਭੋਗਪੁਰ (ਕੁਲਵੀਰ ਸਿੰਘ ਕਾਹਲੋਂ)** -ਸੇਂਟ ਸੋਲਜਰ ਗਰੁੱਪ ਆਫ ਇੰਸਟੀਚਿਊਟ ਜਿੱਥੇ ਬੱਚਿਆਂ ਨੂੰ ਮਿਆਰੀ ਸਿੱਖਿਆ ਪ੍ਰਦਾਨ ਕਰਦਾ ਹੈ,ਇਸ ਦੇ ਨਾਲ ਨਾਲ ਹੀ ਬੱਚਿਆਂ ਨੂੰ ਸਮਾਜ ਸੇਵਾ ਅਤੇ ਮਾਨਵਤਾ ਦੀ ਸੇਵਾ ਕਰਨ ਲਈ ਵੀ ਪ੍ਰੇਰਿਤ ਕਰਦਾ ਹੈ। ਸੰਸਥਾ ਦੇ ਸਕੂਲਾਂ ਤੇ ਕਾਲਜਾਂ ਵੱਲੋਂ ਅਜਿਹੇ ਯਤਨ ਕੀਤੇ ਜਾਂਦੇ ਹਨ,ਜਿਸ ਨਾਲ ਬੱਚਿਆਂ 'ਚ ਸਮਾਜ ਪ੍ਰਤੀ ਆਪਣੀਆਂ ਜ਼ਿੰਮੇਵਾਰੀਆਂ ਲਈ ਭਾਵਨਾ ਵਿਕਸਤ ਹੋ ਸਕੇ। ਸੇਂਟ ਸੋਲਜਰ ਗਰੁੱਪ ਦੀ ਇਸ ਪਰੰਪਰਾ ਨੂੰ ਕਾਇਮ ਰੱਖਦੇ ਹੋਏ ਸੇਂਟ ਸੋਲਜਰ ਡਿਵਾਇਨ ਪਬਲਿਕ ਸਕੂਲ ਭੋਗਪੁਰ ਦੇ ਵਿਦਿਆਰਥੀਆਂ ਵੱਲੋਂ ਪਿੰਡ ਭਟਨੂਰਾ ਲੁਬਾਣਾ ਵਿਖੇ ਨਸ਼ਾ ਵਿਰੋਧੀ ਰੈਲੀ ਕੱਢੀ ਗਈ। ਵੱਖ ਵੱਖ ਨਸ਼ਾ ਵਿਰੋਧੀ ਸਲੋਗਨਾਂ ਅਤੇ ਨਾਅਰਿਆਂ ਰਾਹੀਂ ਲੋਕਾਂ ਨੂੰ ਜਾਗਰੂਕ ਕੀਤਾ ਗਿਆ। ਇਸ ਸ਼ਲਾਘਾਯੋਗ ਉਪਰਾਲੇ ਦੀ ਸੇਂਟ ਸੋਲਜਰ ਇੰਸਟੀਚਿਊਟ ਦੇ ਚੈਅਰਮੈਨ ਅਨਿਲ ਚੋਪੜਾ ਅਤੇ ਵਾਈਸ ਚੇਅਰਪਰਸਨ ਸੰਗੀਤਾ ਚੋਪੜਾ ਵਲੋਂ ਸਲਾਹੁਤਾ ਕੀਤੀ ਗਈ ਅਤੇ ਨਸ਼ਿਆਂ ਤੋਂ ਦੂਰ ਰਹਿਣ ਦੀ ਪ੍ਰੇਰਨਾ ਦਿੰਦੇ ਹੋਏ ਵਧੀਆ ਭਵਿੱਖ ਦੀ ਕਾਮਨਾ ਕੀਤੀ। ਸਕੂਲ ਡਾਇਰੈਕਟਰ ਅਮਰੀਕ ਸਿੰਘ ਮਿਨਹਾਸ ਦੀ ਅਗਵਾਈ 'ਚ ਇਹ ਰੈਲੀ ਕੱਢੀ ਗਈ। ਇਸ ਮੌਕੇ ਸਕੂਲ ਪ੍ਰਿੰਸੀਪਲ, ਸਟਾਫ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਪਿੰਡ ਭਟਨੂਰਾ ਲੁਬਾਣਾ ਦੇ ਸਰਪੰਚ ਤੇ ਪੰਚਾਇਤ ਮੈਂਬਰਾਂ ਦੁਆਰਾ ਵਿਸ਼ੇਸ਼ ਸਹਿਯੋਗ ਦਿੱਤਾ ਗਿਆ।

## ਪ੍ਰਦੀਪ ਦੁੱਗਲ ਨੇ ਜਲੰਧਰ ਦੇ ਵੋਟਰਾਂ ਤੇ ਸਪੋਟਰਾਂ ਦਾ ਕੀਤਾ ਧੰਨਵਾਦ

**ਫਿਲੌਰ (ਨਿਰਮਲ)**- ਜ਼ਿਮਨੀ ਚੋਣ ਲੋਕ ਸਭਾ ਹਲਕਾ ਜਲੰਧਰ ਤੋਂ ਆਮ ਆਦਮੀ ਪਾਰਟੀ ਉਮੀਦਵਾਰ ਸੁਸ਼ੀਲ ਕੁਮਾਰ ਰਿੰਕੂ ਦੀ ਵੱਡੇ ਫਰਕ ਨਾਲ ਜਿੱਤ ਦੀ ਖੁਸ਼ੀ ਵਿੱਚ ਵਿਧਾਨ ਸਭਾ ਹਲਕਾ ਫਿਲੌਰ ਦੇ ਸ਼ਹਿਰ ਗੁਰਾਇਆ ਦੀ ਟੀਮ ਵੱਲੋਂ ਆਮ ਆਦਮੀ ਪਾਰਟੀ ਦੇ ਜੁਆਇੰਟ ਟ੍ਰੇਡ ਵਿੰਗ ਪੰਜਾਬ ਪ੍ਰਦੀਪ ਦੁੱਗਲ ਦੀ ਪ੍ਰਧਾਨਗੀ ਹੇਠ ਜਿੱਤ ਦੀ ਖੁਸ਼ੀ 'ਚ ਲੱਡੂ ਵੰਡੇ ਗਏ ਅਤੇ ਸਮੂਹ ਸਾਥੀਆਂ, ਸਪੋਟਰਾਂ ਦਾ ਧੰਨਵਾਦ ਕੀਤਾ ਗਿਆ। ਜਿਨ੍ਹਾਂ ਨੇ ਰਾਤ-ਦਿਨ ਇਕ ਕਰਕੇ ਇਹ ਸੀਟ ਵੱਡੇ ਫਰਕ ਨਾਲ ਜਿੱਤ ਕੇ ਪਾਰਟੀ ਦੀ ਝੋਲੀ ਪਾਈ। ਇਸ ਮੌਕੇ ਉਨ੍ਹਾਂ ਕਿਹਾ ਕਿ ਇਹ ਇਮਾਨਦਾਰੀ 'ਤੇ ਸਚਾਈ ਦੀ ਜਿੱਤ ਹੈ। ਪੰਜਾਬ 'ਚ ਹੋ ਰਹੇ ਵਿਕਾਸ ਕੰਮਾਂ ਦੇ ਆਧਾਰ 'ਤੇ ਲੋਕਾਂ ਨੇ ਆਮ ਆਦਮੀ ਪਾਰਟੀ ਨੂੰ ਫਤਵਾ ਦਿੱਤਾ ਹੈ। ਲੋਕਾਂ ਵੱਲੋਂ ਪਿਛਲੇ ਇਕ ਸਾਲ ਵਿੱਚ ਸਰਕਾਰ ਦੇ ਕੰਮਕਾਜ ਤੋਂ ਲੋਕਾਂ ਨੇ ਖੁਸ਼ੀ ਦਾ ਪ੍ਰਗਟਾਵਾ ਕਰਦੇ ਹੋਏ ਇੰਨੀ ਵੱਡੀ ਲੀਡ ਨਾਲ ਜਿੱਤ ਦਵਾਈ।

ਉਨ੍ਹਾਂ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ 'ਤੇ ਮੁੱਖ ਮੰਤਰੀ ਪੰਜਾਬ ਸ.ਭਗਵੰਤ ਸਿੰਘ ਮਾਨ ਅਤੇ ਸੁਸ਼ੀਲ ਕੁਮਾਰ ਰਿੰਕੂ ਨੂੰ ਮੁਬਾਰਕਾਂ ਦਿੱਤੀਆ।

## ਪਾਬੰਦੀਸ਼ੁਦਾ ਗੋਲੀਆਂ ਤੇ ਸਰਿੰਜ ਸਮੇਤ ਗ੍ਰੰਥੀ ਨੂੰ ਪੁਲਸ ਕੋਲ ਫੜਾਉਣਾ ਅਤੇ ਛੁਡਾਉਣਾ ਬਣਿਆ ਵਿਵਾਦ ਦਾ ਕਾਰਨ



**ਬਿਲਗਾ (ਵਿਜੇ ਕੁਮਾਰ ਬਾਵਾ)**-ਬੀਤੇ ਦਿਨੀਂ ਗੁਰਦੁਆਰਾ ਸਾਹਿਬ ਦੇ ਆਰਜ਼ੀ ਗ੍ਰੰਥੀ ਦੀ ਸੇਵਾ ਨਿਭਾ ਰਹੇ ਹਰਪ੍ਰੀਤ ਸਿੰਘ ਨੂੰ ਪਬੰਦੀਸ਼ੁਦਾ ਗੋਲੀਆਂ ਅਤੇ ਸਰਿੰਜ ਸਮੇਤ ਨਗਰ ਬਿਲਗਾ ਦੇ ਨੌਜਵਾਨਾਂ ਨੇ ਫੜਿਆ ਅਤੇ ਉਨ੍ਹਾਂ ਨੇ ਪਿੰਡ ਦੇ ਮੋਹਤਬਰ ਵਿਅਕਤੀਆਂ ਅਤੇ ਗੁਰਦੁਆਰਾ ਸਾਹਿਬ ਦੇ ਮੈਨੇਜਰ ਕਮਲਜੀਤ ਸਿੰਘ ਦੇ ਸਾਹਮਣੇ ਪੁੱਛਿਆ ਤਾਂ ਉਸ ਨੇ ਮੰਨਿਆ ਕਿ ਉਹ ਨਸ਼ਾ ਕਰਦਾ ਹੈ ਅਤੇ ਜਿੱਥੋਂ ਨਸ਼ਾ ਲੈ ਕੇ ਆਉਂਦਾ ਹੈ ਉਸ ਦਾ ਨਾਂਅ ਪਤਾ ਵੀ ਦੱਸਿਆ। ਜਦੋਂ ਨਸ਼ੀਲਾ ਪਾਊਡਰ ਨਹੀਂ ਮਿਲਦਾ ਤਾਂ ਪਬੰਦੀਸ਼ੁਦਾ ਗੋਲੀਆਂ ਦਾ ਸੇਵਨ ਕਰਦਾ ਹੈ। ਉਸ ਨੇ ਦੱਸਿਆ ਕਿ ਇਹ ਗੋਲੀਆਂ ਮੈਂ ਪ੍ਰਦੀਪ ਸਿੰਘ ਵਾਸੀ ਬਿਲਗਾ ਕੋਲੋਂ ਲਿਆਂਦੀਆਂ ਹਨ। ਪਿੰਡ ਦੇ ਮੋਹਤਬਰ ਵਿਅਕਤੀਆਂ ਨੇ ਗੁਰਦੁਆਰਾ ਦੇ ਮੈਨੇਜਰ ਦੀ ਹਾਜ਼ਰੀ 'ਚ ਥਾਣਾ ਬਿਲਗਾ ਫੋਨ ਕਰ ਕੇ ਦੋਨਾਂ ਵਿਅਕਤੀਆਂ ਨੂੰ ਪੁਲਸ ਹਵਾਲੇ ਕਰ ਦਿੱਤਾ ਤਾਂ ਉਨ੍ਹਾਂ ਨੂੰ ਬਲਜੀਤ ਸਿੰਘ ਉਰਫ ਅਮਰੀਕ ਸਿੰਘ ਅਤੇ ਗੁਰਬੀਰ ਸਿੰਘ ਉਰਫ ਸੋਨੀ ਦੋਵੇਂ ਵਾਸੀ ਬਿਲਗਾ ਨੇ ਪੁਲਸ ਪਾਸੋਂ ਛੁਡਵਾ ਦਿੱਤਾ। ਕੁਝ ਹੀ ਸਮੇਂ ਵਿਚ ਇਹ ਅਫਵਾਹ ਫੈਲ ਗਈ ਕਿ ਸਾਬਕਾ ਚੇਅਰਮੈਨ ਜਸਜੀਤ ਸਿੰਘ ਸੰਨੀ ਦੇ ਕਹਿਣ 'ਤੇ ਪੁਲਸ ਨੇ ਫੜੇ ਨੌਜਵਾਨ ਛੱਡ ਦਿੱਤੇ। 15 ਮਈ ਨੂੰ ਜਸਜੀਤ ਸਿੰਘ ਸੰਨੀ ਨੇ ਪਿੰਡ ਦੇ ਮੋਹਤਬਰ ਵਿਅਕਤੀਆਂ ਤੇ ਨੌਜਵਾਨਾਂ ਨੂੰ ਇਕੱਠੇ ਕੀਤਾ ਤੇ ਪੁਲਸ ਥਾਣੇ ਗਏ। ਉਨ੍ਹਾਂ ਨੇ ਪੁੱਛਿਆ ਤਾਂ ਪੁਲਸ ਨੇ ਦੱਸਿਆ ਕਿ ਤੁਹਾਡੇ ਵੱਲੋਂ ਫੜਾਏ ਗਏ ਦੋਨਾਂ ਨੌਜਵਾਨਾਂ ਨੂੰ ਬਲਜੀਤ ਸਿੰਘ ਤੇ ਗੁਰਬੀਰ ਸਿੰਘ ਉਰਫ ਸੰਨੀ ਆਪਣੀ ਜੁੰਮੇਵਾਰੀ 'ਤੇ ਲੈ ਕੇ ਗਏ ਹਨ । ਜਸਜੀਤ ਸਿੰਘ ਸੰਨੀ ਨੇ ਕਿਹਾ ਕਿ ਉਨ੍ਹਾ ਨਸ਼ਾ ਕਰਨ ਵਾਲੇ ਵਿਅਕਤੀਆਂ ਨੂੰ ਨਹੀਂ ਛੁਡਵਾਇਆ, ਉਸ ਦਾ ਸਿਆਸੀ ਅਕਸ ਖਰਾਬ ਕਰਨ ਲਈ ਕੁਝ ਵਿਅਕਤੀਆਂ ਵੱਲੋਂ ਉਨ੍ਹਾ ਦਾ ਨਾਂਅ ਲਿਆ ਜਾ ਰਿਹਾ ਹੈ। ਇਸ ਸੰਬੰਧੀ ਜਦੋਂ ਪੱਤਰਕਾਰਾਂ ਨੇ ਬਲਜੀਤ ਸਿੰਘ ਨਾਲ ਸੰਪਰਕ ਕੀਤਾ ਤਾਂ ਉਨ੍ਹਾ ਕਿਹਾ ਕਿ ਹਰਪ੍ਰੀਤ ਸਿੰਘ ਤੇ ਪ੍ਰਦੀਪ ਸਿੰਘ ਨੂੰ ਆਪਣੀ ਜੁੰਮੇਵਾਰੀ 'ਤੇ ਲਿਆਂਦਾ ਹੈ, ਜਦੋਂ ਪੁਲਸ ਕਹੇਗੀ ਤਦ ਉਨ੍ਹਾਂ ਨੂੰ ਪੇਸ਼ ਕਰ ਦੇਣਗੇ । ਗੁਰਬੀਰ ਸਿੰਘ ਉਰਫ ਸੰਨੀ ਨੇ ਦੱਸਿਆ ਕਿ ਫੜਾਏ ਗਏ ਨੌਜਵਾਨਾਂ ਹਰਪ੍ਰੀਤ ਸਿੰਘ ਅਤੇ ਪ੍ਰਦੀਪ ਸਿੰਘ ਨੂੰ ਛੁਡਾਉਣ ਬਾਰੇ ਸਾਬਕਾ ਚੇਅਰਮੈਨ ਜਸਜੀਤ ਸਿੰਘ ਸੰਨੀ ਨੇ ਨਹੀਂ ਕਿਹਾ ਸੀ, ਮੈਂ ਅਤੇ ਬਲਜੀਤ ਸਿੰਘ ਨੇ ਉਨ੍ਹਾਂ ਨੂੰ ਆਪਣੀ ਮਰਜ਼ੀ ਨਾਲ ਆਪਣੀ ਜੁੰਮੇਵਾਰੀ 'ਤੇ ਲਿਆਂਦਾ ਹੈ।

## ਸੈਨਿਕ ਇੰਸਟੀਚਿਊਟ ਆਫ ਮੈਨੇਜਮੈਂਟ ਤੇ ਟੈਕਨਾਲੋਜੀ 'ਚ ਠੇਕੇ ਦੇ ਅਧਾਰ 'ਤੇ ਸਟਾਫ਼ ਦੀ ਨਿਯੁਕਤੀ ਲਈ ਅਰਜ਼ੀਆਂ ਦੀ ਮੰਗ

**ਜਲੰਧਰ :(ਸ਼ੈਲੀ ਐਲਬਰਟ)** ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਦਫਤਰ ਵਿਖੇ ਚੱਲ ਰਹੇ ਸੈਨਿਕ ਇੰਸਟੀਚਿਊਟ ਆਫ ਮੈਨੇਜਮੈਂਟ ਅਤੇ ਟੈਕਨਾਲੋਜੀ/ਸੈਨਿਕ ਵੋਕੇਸ਼ਨਲ ਟ੍ਰੇਨਿੰਗ ਸੈਂਟਰ ਵਿਖੇ 11 ਮਹੀਨੇ ਲਈ ਠੇਕੇ ਦੇ ਅਧਾਰ 'ਤੇ ਸਹਾਇਕ ਪ੍ਰੋਫੈਸਰ, ਲੈਬ ਅਸਿਸਟੈਂਟ ਅਤੇ ਟੀ.ਆਰ.ਜੀ.ਕਲਰਕ ਦੀ ਇਕ-ਇਕ ਅਸਾਮੀ 'ਤੇ ਨਿਯੁਕਤੀ ਲਈ ਅਰਜ਼ੀਆਂ ਦੀ ਮੰਗ ਕੀਤੀ ਗਈ ਹੈ। ਇਸ ਸੰਬੰਧੀ ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਅਫ਼ਸਰ ਦੇ ਬੁਲਾਰੇ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਹਾਇਕ ਪ੍ਰੋਫੈਸਰ ਦੀ ਅਸਾਮੀ ਲਈ ਉਮੀਦਵਾਰ ਦੀ ਯੋਗਤਾ ਯੂ.ਜੀ.ਸੀ. ਦੀਆਂ ਗਾਈਡਲਾਈਨਜ਼ ਅਨੁਸਾਰ ਹੋਣੀ ਚਾਹੀਦੀ ਹੈ। ਇਸੇ ਤਰ੍ਹਾਂ ਲੈਬ ਅਸਿਸਟੈਂਟ ਦੀ ਅਸਾਮੀ ਲਈ ਘੱਟੋ-ਘੱਟ ਯੋਗਤਾ ਪੀ.ਜੀ.ਡੀ.ਸੀ.ਏ. (ਉਚੇਰੀ ਸਿੱਖਿਆ ਨੂੰ ਪਹਿਲ ਦਿੱਤੀ ਜਾਵੇਗੀ) ਅਤੇ ਟੀ.ਆਰ.ਜੀ. ਕਲਰਕ ਦੀ ਅਸਾਮੀ ਲਈ ਉਮੀਦਵਾਰ ਦੀ ਯੋਗਤਾ ਸਾਬਕਾ ਸਰਵਿਸਮੈਨ ਕਲਰਕ/ਜੀ.ਡੀ. (ਐਸ.ਡੀ.) ਹੈ। ਉਨ੍ਹਾ ਇਹ ਵੀ ਦੱਸਿਆ ਕਿ ਸਹਾਇਕ ਪ੍ਰੋਫੈਸਰ ਨੂੰ 21600, ਲੈਬ ਅਸਿਸਟੈਂਟ ਨੂੰ 13500 ਅਤੇ ਟੀ.ਆਰ.ਜੀ. ਕਲਰਕ ਨੂੰ 12600 ਰੁਪਏ ਪ੍ਰਤੀ ਮਹੀਨਾ ਤਨਖਾਹ ਦਿੱਤੀ ਜਾਵੇਗੀ। ਬੁਲਾਰੇ ਨੇ ਕਿਹਾ ਕਿ ਚਾਹਵਾਨ ਉਮੀਦਵਾਰ ਆਪਣੇ ਦਸਤਾਵੇਜ਼ ਅਤੇ ਬਾਇਓਡਾਟਾ ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਦਫ਼ਤਰ , ਸ਼ਾਸਤਰੀ ਮਾਰਕੀਟ, ਲਾਡੋਵਾਲੀ ਰੋਡ ਜਲੰਧਰ ਵਿਖੇ 20 ਮਈ 2023 ਤੱਕ ਜਮ੍ਹਾਂ ਕਰਵਾ ਸਕਦੇ ਹਨ। ਉਨ੍ਹਾ ਕਿਹਾ ਕਿ ਸਾਬਕਾ ਸੈਨਿਕਾਂ ਅਤੇ ਉਨ੍ਹਾਂ ਦੇ ਆਸ਼ਰਿਤਾਂ ਨੂੰ ਤਰਜੀਹ ਦਿੱਤੀ ਜਾਵੇਗੀ।

## ਡਰੋਨ ਪਾਇਲਟ ਦੀਆਂ ਅਸਾਮੀਆਂ ਦੀ ਭਰਤੀ ਲਈ ਬਿਨੈਪੱਤਰ ਮੰਗੇ

**ਕਪੂਰਥਲਾ (ਬਲਵਿੰਦਰ ਸਿੰਘ ਧਾਲੀਵਾਲ)**-ਜ਼ਿਲ੍ਹੇ 'ਚ 100 ਡਰੋਨ ਪਾਇਲਟਾਂ ਦੀਆਂ ਅਸਾਮੀਆਂ ਦੀ ਭਰਤੀ ਲਈ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਕਪੂਰਥਲਾ ਵਿਖੇ 18 ਮਈ ਨੂੰ ਸਵੇਰੇ 9 ਵਜੇ ਇਕ ਵਿਸ਼ੇਸ਼ ਪਲੇਸਮੈਂਟ ਕੈਂਪ ਰਾਹੀਂ ਬਿਨੈਪੱਤਰਾਂ ਦੀ ਮੰਗ ਕੀਤੀ ਜਾ ਰਹੀ ਹੈ, ਜਿਸ ਤਹਿਤ ਚਾਹਵਾਨ ਉਮੀਦਵਾਰ ਰੋਜ਼ਗਾਰ ਬਿਊਰੋ ਦੇ ਦਫਤਰ ਵਿਖੇ ਆਪਣੇ ਅਸਲ ਸਰਟੀਫਿਕੇਟਾਂ ਨਾਲ ਪਹੁੰਚਣ ਯਕੀਨੀ ਬਣਾਉਣ। ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਓਰੋ ਅਫ਼ਸਰ ਨੀਲਮ ਮਹੇ ਨੇ ਦੱਸਿਆ ਕਿ ਡਰੋਨ ਪਾਇਲਟ ਦੀ ਅਸਾਮੀ ਲਈ 10+2 ,ਆਈ.ਟੀ.ਆਈ , ਡਿਪਲੋਮਾ ਹੋਲਡਰ ਅਤੇ ਗ੍ਰੈਜੂਏਟ ਪਾਸ ( ਲੜਕੇ ) ਪ੍ਰਾਰਥੀ ਬਿਨੈਪੱਤਰ ਦੇ ਸਕਦੇ ਹਨ। ਪ੍ਰਾਰਥੀ ਦੀ ਉਮਰ 19 ਤੋਂ 35 ਸਾਲ ਦੇ ਵਿਚਕਾਰ ਹੋਣੀ ਚਾਹੀਦੀ ਹੈ। ਚੋਣ ਹੋਣ 'ਤੇ ਤਨਖਾਹ 15000 ਰੁਪਏ ਤੋਂ 17000 ਰੁਪਏ ਹੋਵੇਗੀ, ਜਿਸ ਦੇ ਨਾਲ ਹੋਰ ਲਾਭ ਵੀ ਦਿਤੇ ਜਾਣਗੇ। ਚੋਣ ਦੌਰਾਨ ਨੌਕਰੀ ਦਾ ਸਥਾਨ ਕਪੂਰਥਲਾ ਅਤੇ ਇਸ ਦੇ ਆਸ ਪਾਸ ਦਾ ਹੋਵੇਗਾ । ਪ੍ਰਾਰਥੀ ਆਪਣੀ ਯੋਗਤਾ ਦੇ ਸਾਰੇ ਅਸਲ ਡਾਕੂਮੈਂਟਸ ਨਾਲ ਲੈ ਕੇ ਡੀ.ਸੀ. ਕੰਪਲੈਕਸ , ਪੰਜਵੀਂ ਮੰਜ਼ਲ, ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਕਪੂਰਥਲਾ ਵਿਖੇ ਪਹੁੰਚਣਾ ਯਕੀਨੀ ਬਣਾਉਣ।

## ਜਲ ਸਪਲਾਈ ਸੈਨੀਟੇਸ਼ਨ ਮਸਟਰੋਲ ਇੰਪਲਾਈਜ਼ ਯੂਨੀਅਨ ਅੱਜ ਕਰੇਗੀ ਪ੍ਰਿੰਸੀਪਲ ਸੈਕਟਰੀ ਦਾ ਘਿਰਾਓ-ਮਹੈਣੀਆ

**ਕਾਲਾ ਸੰਘਿਆਂ (ਮਨਜੀਤ ਮਾਨ)** ਜਲ ਸਪਲਾਈ ਸੈਨੀਟੇਸ਼ਨ ਮਸਟਰੋਲ ਇੰਪਲਾਈਜ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਸੁਖਨੰਦਨ ਸਿੰਘ ਮਹੈਣੀਆ ਅਤੇ ਸੂਬਾ ਪ੍ਰੈਸ ਸਕੱਤਰ ਸੰਜੀਵ ਕੌਂਡਲ ਨੇ ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ 17 ਮਈ ਨੂੰ ਜਥੇਬੰਦੀ ਵਲੋਂ ਅੰਮ੍ਰਿਤਸਰ ਵਿਖੇ ਮਹਿਕਮੇ ਦੇ ਪ੍ਰਿੰਸੀਪਲ ਸੈਕਟਰੀ ਡੀ ਕੇ ਤਿਵਾੜੀ ਅਤੇ ਮਹਿਕਮੇ ਦੇ ਐਚ ਓ ਡੀ ਮੁਹੰਮਦ ਇਸਫਾਕ ਦਾ ਘਿਰਾਓ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਫੀਲਡ ਮੁਲਾਜਮਾਂ ਦੀਆਂ ਪਿਛਲੇ ਲੰਬੇ ਸਮੇਂ ਤੋਂ ਚੱਲ ਰਹੀਆਂ ਮੰਗਾਂ ਦਾ ਕੋਈ ਵੀ ਹੱਲ ਨਹੀਂ ਹੋ ਰਿਹਾ ਜਿਸ ਕਾਰਨ ਮੁਲਾਜਮਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਮੁਲਾਜਮਾਂ ਦੀਆਂ ਮੁੱਖ ਮੰਗਾਂ ਵਿੱਚ ਦਰਜਾ ਤਿੰਨ ਅਤੇ ਦਰਜਾ ਚਾਰ ਮੁਲਾਜਮਾਂ ਨੂੰ ਟਾਈਮ ਸਕੇਲ ਨਾਲ ਅਗਲੀ ਤਰੱਕੀ ਦੇਣਾ , ਇੰਨਲਿਸਟਮੈਂਟ ਵਾਲੇ ਵਰਕਰਾਂ ਨੂੰ ਮਹਿਕਮੇ ਅੰਦਰ ਲਿਆਉਣਾ ਅਤੇ ਮਹਿਕਮੇ ਵਿੱਚ ਡਿਪਲੋਮਾ ਪਾਸ ਦਰਜਾ ਤਿੰਨ ਮੁਲਾਜਮਾਂ ਨੂੰ ਜੂਨੀਅਰ ਇੰਜੀਨੀਅਰ ਪ੍ਰਮੋਟ ਕਰਨ ਅਤੇ ਦਰਜਾ ਚਾਰ ਆਈ ਟੀ ਆਈ ਪਾਸ ਮੁਲਾਜਮਾਂ ਲਈ ਬਹੁਤ ਹੀ ਮਾਨਸਿਕ ਪ੍ਰੇਸ਼ਾਨ ਕੀਤਾ ਜਾ ਰਿਹਾ ਹੈ ਇਨਾਂ ਮੁਲਾਜਮਾਂ ਨੇ ਮਹਿਕਮੇ ਕੋਲੋਂ ਮਨਜ਼ੂਰੀ ਲੈ ਕੇ ਆਪਣੀ ਡਿਊਟੀ ਵਿੱਚ ਬਿਨਾਂ ਰੁਕਾਵਟ ਪਾਏ ਆਪਣਾ ਡਿਪਲੋਮਾ ਕੀਤਾ ਹੈ।

ਹੁਣ ਮਹਿਕਮੇ ਵੱਲੋਂ ਇਨਾਂ ਮੁਲਾਜਮਾਂ ਨੂੰ ਮਾਨਸਿਕ ਪ੍ਰੇਸ਼ਾਨ ਕਰਦੇ ਹੋਏ ਪ੍ਰਮੋਸ਼ਨ ਵਿੱਚ ਬੇਲੋੜੀਆਂ ਸ਼ਰਤਾਂ ਰੱਖੀਆਂ ਜਾ ਰਹੀਆਂ ਹਨ ਜਿਸ ਕਾਰਨ ਜਥੇਬੰਦੀ ਵਿੱਚ ਭਾਰੀ ਰੋਸ ਹੈ। ਇਨ੍ਹਾਂ ਮੰਗਾਂ ਨੂੰ ਪੂਰਾ ਕਰਨ ਲਈ ਹੀ 17 ਮਈ ਨੂੰ ਜਥੇਬੰਦੀ ਵਲੋਂ ਮਹਿਕਮੇ ਦੇ ਸੈਕਟਰੀ ਅਤੇ ਐਚ. ਓ. ਡੀ ਦਾ ਘਿਰਾਓ ਕੀਤਾ ਜਾਵੇਗਾ।

## 'ਆਪ' ਨੇ ਜ਼ਿਮਨੀ ਚੋਣ ਜਿੱਤ ਕੇ ਪੰਜਾਬ ਵਾਸੀਆਂ ਨੂੰ ਬਿਜਲੀ ਦਰਾਂ 'ਚ ਵਾਧਾ ਕਰਕੇ ਦਿੱਤਾ ਵੱਡਾ ਤੋਹਫ਼ਾ : ਖੋਸਲਾ



**ਕਾਲਾ ਸੰਘਿਆਂ (ਮਨਜੀਤ ਮਾਨ)**- ਅੱਜ ਡੈਮੋਕ੍ਰੇਟਿਕ ਭਾਰਤੀ ਲੋਕ ਦਲ ਦੀ ਇੱਕ ਅਹਿਮ ਮੀਟਿੰਗ ਪਾਰਟੀ ਦੇ ਰਾਸ਼ਟਰੀ ਪ੍ਰਧਾਨ ਗੁਰਮੁਖ ਸਿੰਘ ਖੋਸਲਾ ਦੀ ਅਗਵਾਈ ਹੇਠ ਹੋਈ। ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਗੁਰਮੁਖ ਸਿੰਘ ਖੋਸਲਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਨੇ ਜਲੰਧਰ ਲੋਕ ਸਭਾ ਚੋਣ ਜਿੱਤ ਕੇ 25 ਪੈਸੇ ਤੋਂ ਲੈ ਕੇ 80 ਪੈਸੇ ਪ੍ਰਤੀ ਯੂਨਿਟ ਬਿਜਲੀ ਦੀਆਂ ਦਰਾਂ ਵਿੱਚ ਵਾਧਾ ਕਰਕੇ ਪੰਜਾਬ ਵਾਸੀਆਂ ਨੂੰ ਵੱਡਾ ਤੋਹਫਾ ਦਿੱਤਾ ਹੈ। ਉਨ੍ਹਾ ਕਿਹਾ ਕਿ ਇਹ ਨਤੀਜਾ ਉਨ੍ਹਾਂ ਲੋਕਾਂ ਲਈ ਹੈ ਜੋ ਭਗਵੰਤ ਮਾਨ 'ਤੇ ਅੱਖਾਂ ਬੰਦ ਕਰਕੇ ਵਿਸ਼ਵਾਸ ਕਰ ਰਹੇ ਹਨ। ਖੋਸਲਾ ਨੇ ਕਿਹਾ ਕਿ ਹੁਣ ਆਮ ਆਦਮੀ ਪਾਰਟੀ ਮੱਧ ਵਰਗ ਤੋਂ ਲੈ ਕੇ ਵਪਾਰੀ ਵਰਗ ਤੋਂ ਪੈਸੇ ਲੁੱਟਣ ਦੀ ਤਿਆਰੀ ਕਰ ਰਹੀ ਹੈ। ਖੋਸਲਾ ਨੇ ਪੰਜਾਬ ਸਰਕਾਰ 'ਤੇ ਤਿੱਖੇ ਸ਼ਬਦਾਂ ਦੇ ਵਾਰ ਕਰਦੇ ਹੋਏ ਕਿਹਾ ਕਿ ਪੰਜਾਬ ਸਰਕਾਰ ਬਿਜਲੀ ਦਰਾਂ ਵਿੱਚ ਕੀਤੇ ਵਾਧੇ ਨੂੰ ਤੁਰੰਤ ਵਾਪਸ ਲਵੇ ਨਹੀਂ ਤਾਂ ਪੰਜਾਬ ਦੇ ਲੋਕ ਪੰਜਾਬ ਸਰਕਾਰ ਖਿਲਾਫ ਸੜਕਾਂ 'ਤੇ ਆਉਣ ਲਈ ਮਜਬੂਰ ਹੋਣਗੇ। ਇਸ ਮੌਕੇ ਡੈਮੋਕ੍ਰੇਟਿਕ ਭਾਰਤੀ ਲੋਕ ਦਲ ਵਿੱਚ ਨਵੀਆਂ ਨਿਯੁਕਤੀਆਂ ਕਰਦੇ ਹੋਏ ਕੈਪਟਨ ਪਰਮਜੀਤ ਸਿੰਘ ਨੂੰ ਪ੍ਰਧਾਨ ਜ਼ਿਲ੍ਹਾ ਫਰੀਦਕੋਟ ਨਿਯੁਕਤ ਕੀਤਾ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਬਾਊ ਸਿੰਘ ਰਾਸ਼ਟਰੀ ਸਕੱਤਰ, ਕੁਲਜੀਤ ਸਿੰਘ ਗਿੱਲ ਰਾਸ਼ਟਰੀ ਸਪੋਕਸਪਰਸਨ, ਕੇ ਕੇ ਸੱਭਰਵਾਲ ਸੀਨੀਅਰ ਆਗੂ, ਨਿੰਦਰ ਸਿੰਘ ਪ੍ਰਧਾਨ ਜ਼ਿਲ੍ਹਾ ਮੁਕਤਸਰ, ਗੁਰਨਾਮ ਸਿੰਘ, ਸੁੱਖਪ੍ਰੀਤ ਕੌਰ, ਸ਼ਿੰਦ ਕੌਰ, ਦਰਸ਼ਨ ਸਿੰਘ ਆਦਿ ਮੌਜੂਦ ਸਨ ।

## ਬਰਸਾਤਾਂ ਤੋਂ ਪਹਿਲਾਂ ਡਰੇਨਾਂ ਦੀ ਸਫ਼ਾਈ ਦਾ ਕੰਮ ਯਕੀਨੀ ਬਣਾਇਆ ਜਾਵੇ : ਕੋਮਲ

**ਹੁਸ਼ਿਆਰਪੁਰ,(ਬਲਵੀਰ ਸਿੰਘ ਸੈਣੀ)**-ਡਿਪਟੀ ਕਮਿਸ਼ਨਰ ਕੋਮਲ ਮਿੱਤਲ ਨੇ ਨਗਰ ਨਿਗਮ ਅਤੇ ਨਗਰ ਕੌਂਸਲਾਂ ਦੇ ਅਧਿਕਾਰੀਆਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਉਹ ਬਰਸਾਤਾਂ ਤੋਂ ਪਹਿਲਾਂ ਡਰੇਨਾਂ ਆਦਿ ਦੀ ਸਫ਼ਾਈ ਨੂੰ ਯਕੀਨੀ ਬਣਾਉਣ। ਉਨ੍ਹਾਂ ਕਿਹਾ ਕਿ ਸੀਵਰੇਜ ਅਤੇ ਪਾਣੀ ਦੀਆਂ ਪਾਈਪਾਂ ਦੀ ਮੁਰੰਮਤ ਨੂੰ ਯਕੀਨੀ ਬਣਾਇਆ ਜਾਵੇ ਤਾਂ ਜੋ ਸੀਵਰੇਜ ਦੇ ਪਾਣੀ ਨਾਲ ਪੀਣ ਵਾਲੇ ਪਾਣੀ ਦੇ ਮਿਲਣ ਦੀ ਸ਼ਿਕਾਇਤ ਨਾ ਆਵੇ। ਉਹ ਅੱਜ ਵੱਖ-ਵੱਖ ਵਿਭਾਗਾਂ ਦੇ ਕੰਮਾਂ ਦਾ ਜਾਇਜ਼ਾ ਲੈਣ ਲਈ ਮਹੀਨਾਵਾਰ ਮੀਟਿੰਗਾਂ ਦੌਰਾਨ ਅਧਿਕਾਰੀਆਂ ਨੂੰ ਸੰਬੋਧਨ ਕਰ ਰਹੇ ਸਨ। ਇਸ ਦੌਰਾਨ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਦਲਜੀਤ ਕੌਰ, ਐਸ.ਡੀ.ਐਮ ਦਸੂਹਾ ਉਜਸਵੀ ਅਲੰਕਾਰ, ਐਸ.ਡੀ.ਐਮ ਹੁਸ਼ਿਆਰਪੁਰ ਪ੍ਰੀਤਇੰਦਰ ਸਿੰਘ ਬੈਂਸ, ਐਸ.ਪੀ (ਹੈੱਡਕੁਆਰਟਰ) ਮਨਜੀਤ ਕੌਰ ਵੀ ਹਾਜ਼ਰ ਸਨ। ਡਿਪਟੀ ਕਮਿਸ਼ਨਰ ਨੇ ਤਹਿਸੀਲਦਾਰਾਂ ਅਤੇ ਨਾਇਬ ਤਹਿਸੀਲਦਾਰਾਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਰਿਕਵਰੀ ਸਬੰਧੀ ਮਾਮਲਿਆਂ ਵਿੱਚ ਗੰਭੀਰਤਾ ਦਿਖਾਈ ਜਾਵੇ ਅਤੇ ਡਿਫਾਲਟਰਾਂ ਦੀ ਸੂਚੀ ਬਣਾ ਕੇ ਅਗਲੇਰੀ ਕਾਰਵਾਈ ਸ਼ੁਰੂ ਕੀਤੀ ਜਾਵੇ। ਮੀਟਿੰਗ ਦੌਰਾਨ ਉਨ੍ਹਾਂ ਫ਼ਸਲੀ ਕਰਜ਼ਾ ਰਾਹਤ ਸਕੀਮਾਂ, ਅਦਾਲਤੀ ਕੇਸਾਂ ਅਤੇ ਹੋਰ ਵਿਸ਼ਿਆਂ ਬਾਰੇ ਜਾਣਕਾਰੀ ਹਾਸਲ ਕਰਕੇ ਲੰਬਿਤ ਪਏ ਕੇਸਾਂ ਦਾ ਜਲਦੀ ਨਿਪਟਾਰਾ ਕਰਨ ਦੀਆਂ ਹਦਾਇਤ ਵੀ ਕੀਤੀ। ਡਿਪਟੀ ਕਮਿਸ਼ਨਰ ਨੇ ਸਿਹਤ ਵਿਭਾਗ ਨੂੰ ਹਦਾਇਤ ਕਰਦਿਆਂ ਕਿਹਾ ਕਿ ਜ਼ਿਲ੍ਹੇ ਦੇ ਵਸਨੀਕਾਂ ਨੂੰ ਸਰਕਾਰੀ ਸਿਹਤ ਕੇਂਦਰਾਂ ਵਿੱਚ ਸੁਚਾਰੂ ਢੰਗ ਨਾਲ ਸਿਹਤ ਸਹੂਲਤਾਂ ਮੁਹੱਈਆ ਕਰਵਾਈਆਂ ਜਾਣ। ਉਨ੍ਹਾਂ ਕਿਹਾ ਕਿ ਇਸ ਤੋਂ ਇਲਾਵਾ ਡੇਂਗੂ ਦੀ ਰੋਕਥਾਮ ਲਈ ਮੁਹਿੰਮ ਵਜੋਂ ਗਤੀਵਿਧੀਆਂ ਸ਼ੁਰੂ ਕੀਤੀਆਂ ਜਾਣ। ਇਸ ਦੌਰਾਨ ਉਨ੍ਹਾਂ ਈ.ਓਜ਼ ਅਤੇ ਬੀ.ਡੀ.ਪੀ.ਓਜ਼ ਨੂੰ ਹਦਾਇਤ ਕੀਤੀ ਕਿ ਸ਼ਹਿਰੀ ਅਤੇ ਪੇਂਡੂ ਖੇਤਰਾਂ ਵਿੱਚ ਡੇਂਗੂ ਦੀ ਰੋਕਥਾਮ ਲਈ ਨਿਯਮਤ ਤੌਰ 'ਤੇ ਫੌਗਿੰਗ ਕਰਵਾਈ ਜਾਵੇ। ਉਨ੍ਹਾਂ ਕਿਹਾ ਕਿ ਡੇਂਗੂ ਦੇ ਲਾਰਵੇ ਦੀ ਜਾਂਚ ਕਰਨੀ ਯਕੀਨੀ ਬਣਾਈ ਜਾਵੇ, ਤਾਂ ਜੋ ਡੇਂਗੂ ਦੇ ਮੱਛਰ ਨੂੰ ਪੈਦਾ ਹੋਣ ਤੋਂ ਪਹਿਲਾਂ ਹੀ ਰੋਕਿਆ ਜਾ ਸਕੇ। ਇਸ ਦੌਰਾਨ ਉਨ੍ਹਾਂ ਡੇਂਗੂ ਅਤੇ ਮਲੇਰੀਏ ਤੋਂ ਬਚਾਅ ਸਬੰਧੀ ਜਾਗਰੂਕਤਾ ਪੈਂਫਲਿਟ ਵੀ ਜਾਰੀ ਕੀਤਾ।

ਮਹੀਨਾਵਾਰ ਮੀਟਿੰਗ ਦੌਰਾਨ ਉਨ੍ਹਾਂ ਕੋਵਿਡ-19 ਨਾਲ ਸਬੰਧਤ ਆਉਣ ਵਾਲੇ ਮਾਮਲਿਆਂ ਦੀ ਸਮੀਖਿਆ ਕੀਤੀ ਅਤੇ ਸਿਹਤ ਵਿਭਾਗ ਨੂੰ ਲੋੜੀਂਦੇ ਪ੍ਰੋਟੋਕੋਲ ਦੀ ਪਾਲਣਾ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਆਮ ਆਦਮੀ ਕਲੀਨਿਕਾਂ ਰਾਹੀਂ ਲੋਕਾਂ ਨੂੰ ਬਿਹਤਰ ਸਿਹਤ ਸਹੂਲਤਾਂ ਮੁਹੱਈਆ ਕਰਵਾਉਣਾ ਯਕੀਨੀ ਬਣਾਇਆ ਜਾਵੇ। ਇਸ ਦੌਰਾਨ ਉਨ੍ਹਾਂ ਸਕੂਲ ਸਿੱਖਿਆ ਵਿਭਾਗ ਦੇ ਸਮੱਗਰ ਸਿੱਖਿਆ ਅਭਿਆਨ ਅਤੇ ਹੋਰ ਪ੍ਰੋਗਰਾਮਾਂ ਬਾਰੇ ਵੀ ਜਾਣਕਾਰੀ ਹਾਸਲ ਕੀਤੀ। ਇਸ ਤੋਂ ਇਲਾਵਾ ਉਨ੍ਹਾਂ ਸਹਿਕਾਰਤਾ ਵਿਭਾਗ, ਪਸ਼ੂ ਪਾਲਣ ਵਿਭਾਗ, ਸਮਾਜਿਕ ਸੁਰੱਖਿਆ ਵਿਭਾਗ ਦੇ ਕੰਮਾਂ ਦਾ ਜਾਇਜ਼ਾ ਵੀ ਲਿਆ। ਇਸ ਮੌਕੇ ਹੋਰਨਾਂ ਵਿਭਾਗਾਂ ਦੇ ਅਧਿਕਾਰੀ ਵੀ ਹਾਜ਼ਰ ਸਨ।

## ਸੰਤ ਬਲਵੀਰ ਹਰੀ ਦਾ ਬਰਸੀ ਸਮਾਗਮ 21 ਨੂੰ

**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)**-ਕਸਬਾ ਰਾਹੋਂ ਦੇ ਪਿੰਡ ਦਰੀਆਪੁਰ ਵਿਖੇ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਸੰਤ ਬਲਵੀਰ ਹਰੀ ਡੇਰਾ ਮਸਤਗੜ੍ਹ ਸੱਲ੍ਹਕਲਾਂ ਵਾਲਿਆਂ ਦੀ ਯਾਦ 'ਚ 17 ਵਾਂ ਬਰਸੀ ਸਮਾਗਮ ਉਨ੍ਹਾ ਦੇ ਜੱਦੀ ਪਿੰਡ ਦਰੀਆਪੁਰ ਵਿਖੇ ਗੱਦੀਨਸ਼ੀਨ ਸੰਤ ਬਾਬਾ ਮਨਵੀਰ ਹਰੀ ਅਤੇ ਸਮੂਹ ਸੰਗਤਾਂ ਦੀ ਅਗਵਾਈ ਹੇਠ ਕਰਵਾਇਆ ਜਾ ਰਿਹਾ ਹੈ। ਇਸ ਸਮਾਗਮ ਸੰਬੰਧੀ ਜਾਣਕਾਰੀ ਦਿੰਦਿਆਂ ਬਾਬਾ ਗੁਰਨਾਮ ਦਾਸ ਨੇ ਦੱਸਿਆ ਕਿ 18 ਮਈ ਦਿਨ ਵੀਰਵਾਰ ਨੂੰ ਹਵਨ ਦੀ ਰਸਮ ਕੀਤੀ ਜਾਵੇਗੀ ਅਤੇ 19 ਮਈ ਨੂੰ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਕੀਤੇ ਜਾਣਗੇ ਅਤੇ 21 ਮਈ ਦਿਨ ਐਤਵਾਰ ਨੂੰ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣਗੇ। ਉਪਰੰਤ ਸੰਤ ਮਹਾਂਪੁਰਸ਼ ਸੰਗਤ ਨੂੰ ਕਥਾ ਕੀਰਤਨ ਰਾਹੀਂ ਨਿਹਾਲ ਕਰਨਗੇ। ਸਮਾਗਮ ਮੌਕੇ ਠੰਢੇ ਮਿੱਠੇ ਜਲ ਦੀ ਛਬੀਲ ਅਤੇ ਗੁਰੂ ਦੇ ਲੰਗਰ ਅਤੁੱਟ ਵਰਤਾਏ ਜਾਣਗੇ।

## ਕਜਲਾ ਗੋਤ ਦੇ ਜਠੇਰਿਆਂ ਦਾ ਮੇਲਾ 21 ਨੂੰ

**ਅੱਡਾ ਸਰਾਂ (ਜਸਵੀਰ ਕਾਜਲ)**-ਗੋਤ ਕਜਲਾ ਦੇ ਜਠੇਰਿਆਂ ਦਾ ਸਲਾਨਾ ਜੋੜ ਮੇਲਾ 21 ਮਈ ਦਿਨ ਐਤਵਾਰ ਨੂੰ ਸਮੂਹ ਕਜਲਾ ਪਰਵਾਰ ਵੱਲੋਂ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ ਜਾਵੇਗਾ । ਜਾਣਕਾਰੀ ਦਿੰਦਿਆਂ ਪ੍ਰਧਾਨ ਬੂਟਾ ਰਾਮ ਨਾਗਰਾ, ਕੈਸ਼ੀਅਰ ਅਵਤਾਰ ਰਾਮ, ਨਿਰਵੈਰ ਸਿੰਘ, ਕਾਲਾ ਮੁਜ਼ੱਫਰਪੁਰ , ਨੀਲਮ ਕਜਲਾ, ਜਸਵਿੰਦਰ ਸਿੰਘ, ਬਲਵਿੰਦਰ ਸਿੰਘ, ਡਾ. ਬਲਦੇਵ ਰਾਜ, ਗੁਰਮੇਲ ਸਿੰਘ ਨੇ ਦੱਸਿਆ ਕਿ ਮੇਲੇ ਸੰਬੰਧੀ ਸਾਰੀਆਂ ਤਿਆਰੀਆਂ ਮੁਕੰਮਲ ਹੋ ਗਈਆਂ ਹਨ। ਪਿੰਡ ਮਰਨਾਈਆਂ ਹੁਸ਼ਿਆਰਪੁਰ ਵਿਖੇ ਕਰਵਾਏ ਜਾਣ ਵਾਲੇ ਜੋੜ ਮੇਲੇ ਦੇ ਸਮਾਗਮ ਦੌਰਾਨ ਝੰਡਾ ਝੁਲਾਉਣ, ਚਾਦਰ ਚੜ੍ਹਾਉਣ ਤੇ ਚਿਰਾਗ ਰੋਸ਼ਨ ਕਰਨ ਦੀ ਰਸਮ ਸਵੇਰੇ 10 ਵਜੇ ਕੀਤੀ ਜਾਵੇਗੀ । ਉਪਰੰਤ ਧਾਰਮਕ ਪੰਡਾਲ ਸਜਾਇਆ ਜਾਵੇਗਾ, ਜਿਸ 'ਚ ਪੰਜਾਬ ਭਰ ਚੋਂ ਕਲਾਕਾਰ ਪਹੁੰਚ ਕੇ ਧਾਰਮਕ ਪ੍ਰੋਗਰਾਮ ਪੇਸ਼ ਕਰਨਗੇ।




## ਪੰਜਾਬ ਪੁਲਸ ਪੈਨਸ਼ਰਜ਼ ਭਲਾਈ ਸੰਸਥਾ ਦੀ ਚੋਣ 29 ਨੂੰ

**ਜਲੰਧਰ (ਸ਼ੈਲੀ ਐਲਬਰਟ)** ਪੰਜਾਬ ਪੁਲਸ ਪੈਂਸ਼ਨਰਜ ਭਲਾਈ ਸੰਸਥਾ ਜ਼ਿਲ੍ਹਾ ਜਲੰਧਰ ਦੇ ਸਮੂਹ ਮੈਂਬਰਾਂ ਚੋਣ 29 ਮਈ ਨੂੰ 10.00 ਵਜੇ ਸਵੇਰ ਤੋਂ ਸ਼ਾਮ 03.00 ਵਜੇ ਤੱਕ ਪੁਲਸ ਲਾਈਨਜ ਕਮਿਸ਼ਨਰੇਟ ਜਲੰਧਰ ਵਿੱਚ ਹੋਵੇਗੀ। ਨਾਮਜਦਗੀ ਪੱਤਰ 22 ਮਈ ਨੂੰ 10.30 ਵਜੇ ਸਵੇਰ ਤੋਂ ਦੁਪਿਹਰ 12.00 ਵਜੇ ਤੱਕ ਦਾਖਲ ਕੀਤੇ ਜਾਣਗੇ ।

## ਐੱਨ ਆਈ ਨੇ ਮਾਰੇ ਛਾਪੇ

**ਰੋਪੜ (ਬਿੰਦਰਾ)** ਐੱਨ ਆਈ ਏ ਵਲੋਂ ਤੜਕੇ ਰੋਪੜ ਜ਼ਿਲ੍ਹੇ ਦੇ ਤਿੰਨ ਪਿੰਡਾਂ ਵਿੱਚ ਛਾਪੇ ਮਾਰੇ ਜਿਸ ਵਿਚ ਤਹਿਸੀਲ ਸ੍ਰੀ ਅਨੰਦਪੁਰ ਸਾਹਿਬ ਦੇ ਪਿੰਡ ਲੋਦੀਪੁਰ, ਢਾਹੇ ਅਤੇ ਸ੍ਰੀ ਚਮਕੌਰ ਸਾਹਿਬ ਦੇ ਪਿੰਡ ਸਲਾਬਤਪੁਰ ਖੇੜੀ ਸ਼ਾਮਲ ਹਨ। ਗੈਂਗਸਟਰ ਹਰਪ੍ਰੀਤ ਸਿੰਘ ਬਾਬਾ ਦੇ ਘਰ ਵੀ ਛਾਪਾ ਮਾਰਿਆ ਗਿਆ।

## ਤਰਕਸ਼ੀਲ ਸੁਸਾਇਟੀ ਵੱਲੋਂ ਕੇਂਦਰ ਦੀ ਤਾਨਾਸ਼ਾਹੀ ਕਾਰਵਾਈ ਦੇ ਵਿਰੋਧ ਦਾ ਸੱਦਾ



**ਜਲੰਧਰ (ਨਵਾਂ ਜ਼ਮਾਨਾ ਸਰਵਿਸ)**-ਤਰਕਸ਼ੀਲ ਸੁਸਾਇਟੀ ਪੰਜਾਬ ਦੀ ਸੂਬਾ ਕਮੇਟੀ ਨੇ ਕੇਂਦਰੀ ਏਜੰਸੀ ਈਡੀ ਵਲੋਂ ਬਿਨਾਂ ਕਿਸੇ ਦੋਸ਼ ਦੇ ਜਮਹੂਰੀ ਅਤੇ ਮਨੁੱਖੀ ਅਧਿਕਾਰਾਂ ਦੀ ਕਾਰਕੁਨ ਅਤੇ ਨਾਮਵਰ ਵਿਦਵਾਨ ਡਾ. ਨਵਸਰਨ ਨੂੰ ਸੰਮਨ ਭੇਜ ਕੇ ਅੱਠ ਘੰਟੇ ਪੁੱਛ ਪੜਤਾਲ ਕਰਨ ਦੀ ਸਖਤ ਸ਼ਬਦਾਂ ਵਿਚ ਨਿਖੇਧੀ ਕੀਤੀ ਹੈ ਅਤੇ ਇਸਨੂੰ ਦੇਸ਼ ਦੀ ਸਮੁੱਚੀ ਲੋਕ ਪੱਖੀ ਜਮਹੂਰੀ ਲਹਿਰ ਉਤੇ ਵੱਡਾ ਹਮਲਾ ਕਰਾਰ ਦਿੰਦਿਆਂ ਸਮੂਹ ਲੋਕ ਪੱਖੀ ਅਤੇ ਜਮਹੂਰੀ ਜਨਤਕ ਜਥੇਬੰਦੀਆਂ ਨੂੰ ਬੁੱਧੀਜੀਵੀਆਂ ਦੇ ਖਿਲਾਫ ਮੋਦੀ ਹਕੂਮਤ ਦੀ ਇਸ ਤਾਨਾਸ਼ਾਹੀ ਕਾਰਵਾਈ ਦਾ ਵਿਰੋਧ ਕਰਨ ਦਾ ਸੱਦਾ ਦਿੱਤਾ ਹੈ। ਸਟੇਟ ਕਮੇਟੀ ਦੇ ਮੈਂਬਰਾਂ ਦੇ ਨਾਲ ਬਾਕੀ ਜੋਨਾਂ ਦੇ ਮੈਂਬਰ ਅਤੇ ਜਲੰਧਰ ਜੋਨ ਦੇ ਮੈਂਬਰ ਸੁਰਜੀਤ ਟਿੱਬਾ ਜੋਨ ਮੁੱਖੀ, ਜਸਵਿੰਦਰ ਫਗਵਾੜਾ, ਸੁਖਵੇਵ ਫਗਵਾੜਾ, ਸੰਦੀਪ ਦਰਦੀ, ਵਿਜੈ ਰਾਹੀ ਅਤੇ ਜਲੰਧਰ ਇਕਾਈ ਦੇ ਮੈਂਬਰ ਨਸੀਬ ਚੰਦ ਬੱਬੀ ਪ੍ਰਧਾਨ, ਮਦਨ ਬੰਗੜ, ਪਰਮਜੀਤ ਕਿਰਤੀ, ਸਰਪੰਚ ਰਮੇਸ ਚੌਂਕਾ ਅਤੇ ਵਿਸ਼ਵਾਮਿੱਤਰ ਹਾਜਰ ਸਨ। ਇਸ ਸਬੰਧੀ ਸੂਬਾ ਕਮੇਟੀ ਆਗੂਆਂ ਮਾਸਟਰ ਰਾਜਿੰਦਰ ਭਦੌੜ, ਹੇਮ ਰਾਜ ਸਟੇਨੋ,ਬਲਬੀਰ ਲੌਂਗੋਵਾਲ,ਰਾਮ ਸਵਰਨ ਲੱਖੇਵਾਲੀ, ਸੁਮੀਤ ਸਿੰਘ, ਰਾਜੇਸ ਅਕਲੀਆ ਅਤੇ ਜਸਵਿੰਦਰ ਫਗਵਾੜਾ ਨੇ ਪ੍ਰੈਸ ਬਿਆਨ ਰਾਹੀਂ ਮੋਦੀ ਹਕੂਮਤ ਦੀ ਗੈਰ ਜਮਹੂਰੀ ਕਾਰਵਾਈ ਦਾ ਸਖਤ ਵਿਰੋਧ ਕਰਦਿਆਂ ਕਿਹਾ ਕਿ ਡਾ.ਨਵਸਰਨ ਪਿਛਲੇ ਤਿੰਨ ਦਹਾਕਿਆਂ ਤੋਂ ਹਕੂਮਤਾਂ ਦੀਆਂ ਸਾਮਰਾਜੀ ਪੱਖੀ ਆਰਥਿਕ ਨੀਤੀਆਂ, ਫਿਰਕੂ ਹਮਲਿਆਂ,ਕਾਲੇ ਕਾਨੂੰਨਾਂ, ਝੂਠੇ ਕੇਸਾਂ ਤੇ ਨਜਾਇਜ ਗ੍ਰਿਫਤਾਰੀਆਂ ਦੇ ਸਤਾਏ ਹੋਏ ਕਿਸਾਨਾਂ,ਮਜਦੂਰਾਂ, ਔਰਤਾਂ,ਆਦਿਵਾਸੀਆਂ, ਦਲਿਤਾਂ ਅਤੇ ਹੋਰਨਾਂ ਪੀੜਤ ਵਰਗਾਂ ਦੇ ਜਮਹੂਰੀ ਹੱਕਾਂ ਦੀ ਰਾਖੀ ਲਈ ਲਗਾਤਾਰ ਸੰਘਰਸ਼ ਕਰਦੇ ਆ ਰਹੇ ਹਨ ਅਤੇ ਇਸੇ ਲਈ ਮੋਦੀ ਹਕੂਮਤ ਉਨ੍ਹਾਂ ਨੂੰ ਹੋਰਨਾਂ ਬੁੱਧੀਜੀਵੀਆਂ ਵਾਂਗ ਕਿਸੇ ਝੂਠੇ ਕੇਸ ਵਿੱਚ ਫਸਾ ਕੇ ਉਨ੍ਹਾਂ ਨੂੰ ਜੇਲ੍ਹ ਵਿੱਚ ਸੁੱਟਣਾ ਚਾਹੁੰਦੀ ਹੈ ਜਿਸਦਾ ਡਟਵਾਂ ਵਿਰੋਧ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਡਾ.ਨਵਸਰਨ ਨੇ ਆਪਣੇ ਪਿਤਾ ਪ੍ਰਸਿੱਧ ਨਾਟਕਕਾਰ ਭਾਅ ਜੀ ਗੁਰਸ਼ਰਨ ਸਿੰਘ ਦੀ ਇਨਕਲਾਬੀ ਵਿਰਾਸਤ ਉੱਤੇ ਪਹਿਰਾ ਦਿੰਦੇ ਹੋਏ ਹਮੇਸ਼ਾ ਜਮਹੂਰੀਅਤ,ਧਰਮ ਨਿਰਪੱਖਤਾ ਅਤੇ ਕਿਰਤੀ ਲੋਕਾਂ ਦੇ ਹੱਕਾਂ ਦੀ ਰਾਖੀ ਲਈ ਪੂਰੀ ਨਿਡਰਤਾ ਨਾਲ ਆਵਾਜ ਬੁਲੰਦ ਕੀਤੀ ਹੈ ਅਤੇ ਹੁਣ ਪੰਜਾਬ ਸਮੇਤ ਦੇ। ਭਰ ਦੀਆਂ ਤਮਾਮ ਲੋਕ ਪੱਖੀ ਜਮਹੂਰੀ ਜਨਤਕ ਜਥੇਬੰਦੀਆਂ ਕੇਂਦਰੀ ਏਜੰਸੀਆਂ ਵਲੋਂ ਡਾ. ਨਵਸਰਨ ਨਾਲ ਕੀਤੀ ਜਾ ਰਹੀ ਧੱਕੇਸ਼ਾਹੀ ਦੇ ਖਿਲਾਫ ਉਸ ਦੀ ਪਿੱਠ ਉੱਤੇ ਖੜੀਆਂ ਹਨ। ਤਰਕਸ਼ੀਲ ਆਗੂਆਂ ਨੇ ਮੋਦੀ ਸਰਕਾਰ ਤੋਂ ਮੰਗ ਕੀਤੀ ਕਿ ਪੁੱਛ ਪੜਤਾਲ ਦੇ ਨਾਂਅ ਹੇਠ ਡਾ. ਨਵਸਰਨ ਨੂੰ ਮਾਨਸਿਕ ਤੌਰ 'ਤੇ ਪ੍ਰੇਸ਼ਾਨ ਅਤੇ ਖਜਲ-ਖੁਆਰ ਕਰਨਾ ਬੰਦ ਕੀਤਾ ਜਾਵੇ।

## ਪੰਜਾਬ ਜੂਨੀਅਰ ਹਾਕੀ ਟੀਮ (ਲੜਕੇ) ਦੇ ਚੋਣ ਟਰਾਇਲ 20 ਨੂੰ

**ਜਲੰਧਰ ( ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)** ਹਾਕੀ ਇੰਡੀਆ ਵਲੋਂ 13ਵੀਂ ਹਾਕੀ ਇੰਡੀਆ ਜੂਨੀਅਰ ਰਾਸ਼ਟਰੀ ਹਾਕੀ ਚੈਂਪੀਅਨਸ਼ਿਪ (ਲੜਕੇ) 12 ਜੂਨ 2023 ਤੋਂ 22 ਜੂਨ 2023 ਤੱਕ ਉਡੀਸਾ ਦੇ ਸ਼ਹਿਰ ਰੋੜਕੇਲਾ ਵਿਖੇ ਕਰਵਾਈ ਜਾ ਰਹੀ ਹੈ।

ਪੰਜਾਬ ਜੂਨੀਅਰ ਟੀਮ ਦੀ ਚੋਣ ਲਈ ਚੋਣ ਟਰਾਇਲ 20 ਮਈ ਨੂੰ ਸਵੇਰੇ 8 ਵਜੇ ਉਲੰਪੀਅਨ ਸੁਰਜੀਤ ਹਾਕੀ ਸਟੇਡੀਅਮ ਜਲੰਧਰ ਵਿਖੇ ਕਰਵਾਏ ਜਾਣਗੇ। ਹਾਕੀ ਪੰਜਾਬ ਦੇ ਪ੍ਰਧਾਨ ਨਿਤਿਨ ਕੋਹਲੀ ਅਤੇ ਜਨਰਲ ਸਕੱਤਰ ਉਲੰਪੀਅਨ ਹਰਪ੍ਰੀਤ ਸਿੰਘ ਮੰਡੇਰ ਨੇ ਦੱਸਿਆ ਕਿ ਇਨ੍ਹਾਂ ਟਰਾਇਲਾਂ ਵਿੱਚ 1-1-2004 ਤੋਂ ਬਾਅਦ ਜਨਮੇ, ਪੰਜਾਬ ਨਾਲ ਸਬੰਧਤ ਖਿਡਾਰੀ ਹੀ ਭਾਗ ਲੈ ਸਕਦੇ ਹਨ।

ਚੋਣ ਟਰਾਇਲਾਂ ਸਮੇਂ ਖਿਡਾਰੀ ਆਪਣੇ ਅਸਲ ਦਸਤਾਵੇਜ਼ (ਆਧਾਰ ਕਾਰਡ, ਜਨਮ ਸਰਟੀਫੀਕੇਟ, ਸਕੂਲ ਸਰਟੀਫੀਕੇਟ, ਸਕੂਲ/ਕਾਲਜ ਆਈ ਡੀ ਕਾਰਡ, ਚਾਰ ਪਾਸਪੋਰਟ ਸਾਇਜ ਫੋਟੋ, ਫਾਰਮ 2 ਸਕੂਲ/ਕਾਲਜ ਤੋਂ ਅਟੈਸਟ) ਨਾਲ ਲੈ ਕੇ ਆਉਣ। ਚੁਣੇ ਗਏ ਖਿਡਾਰੀਆਂ ਦਾ ਕੋਚਿੰਗ ਕੈਂਪ ਵੀ ਲਗਾਇਆ

## ਸੀ ਟੀ ਵਰਲਡ ਸਕੂਲ 'ਚ ਮਨਾਇਆ ਮਾਂ ਦਿਵਸ



**ਜਲੰਧਰ -(ਸ਼ੈਲੀ ਐਲਬਰਟ)**- ਸੀਟੀ ਵਰਲਡ ਸਕੂਲ ਨੇ ਮਾਂ ਦਿਵਸ ਬੜੀ ਧੂਮਧਾਮ ਨਾਲ ਮਨਾਇਆ। ਪ੍ਰੋਗਰਾਮ ਦੀ ਸ਼ੁਰੂਆਤ ਪਿੰਸੀਪਲ ਮਧੂ ਸ਼ਰਮਾ ਦੇ ਸੰਬੋਧਨ ਨਾਲ ਹੋਈ ।

ਸੀਟੀ ਵਰਲਡ ਦੇ ਫੈਕਲਟੀ ਮੈਂਬਰਾਂ ਦੀ ਫੁਟ-ਟੈਪਿੰਗ ਪ੍ਰਦਰਸ਼ਨ ਦੁਆਰਾ ਦਰਸ਼ਕ ਮਗਨ ਹੋ ਗਏ। ਕਈ ਸ਼ਾਨਦਾਰ ਖੇਡਾਂ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਮਾਤਾਵਾਂ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ। ਵਿਦਿਆਰਥੀਆਂ ਦੀਆਂ ਡਿਜੀਟਲ ਇੱਛਾਵਾਂ ਨੂੰ ਸੀਟੀ ਵਰਲਡ ਦੁਆਰਾ ਵਿਸ਼ੇਸ਼ ਤੌਰ 'ਤੇ ਰਚੀਆਂ ਗਈਆਂ ਕਵਿਤਾਵਾਂ ਅਤੇ ਭਾਸ਼ਣਾਂ ਰਾਹੀਂ ਮਾਵਾਂ ਤੱਕ ਪਹੁੰਚਾਇਆ ਗਿਆ। ਮਾਵਾਂ ਦੇ ਆਤਮਵਿਸ਼ਵਾਸ ਨੂੰ ਵਧਾਉਣ ਲਈ ਵੱਖ-ਵੱਖ ਖਿਤਾਬ ਦਿੱਤੇ ਗਏ। ਇਸ ਮੌਕੇ ਕੇ.ਜੀ.ਵਿੰਗ ਦੇ ਨੰਨ੍ਹੇ-ਮੁੰਨੇ ਬੱਚਿਆਂ ਵੱਲੋਂ ਤਿਓਹਾਰਾਂ ਦੀ ਰਸਮ ਵੀ ਅਦਾ ਕੀਤੀ ਗਈ ਅਤੇ ਅਧਿਆਪਕਾਂ ਵੱਲੋਂ ਤੀਆਂ ਦੀ ਰਸਮ ਅਦਾ ਕੀਤੀ ਗਈ।ਸਮਾਗਮ ਦੀ ਸਮਾਪਤੀ ਇੱਕ ਸੰਗੀਤਮਈ ਧੁਨ ਨਾਲ ਹੋਈ ।

ਮਧੂ ਸ਼ਰਮਾ ਪ੍ਰਿੰਸੀਪਲ ਸੀਟੀ ਵਰਲਡ ਨੇ ਹਾਜ਼ਰੀਨ ਨੂੰ ਸੰਬੋਧਨ ਕਰਦਿਆਂ ਟਿੱਪਣੀ ਕੀਤੀ ਕਿ ਮਾਂ ਅਤੇ ਬੱਚੇ ਦੇ ਬਰਾਬਰ ਕੋਈ ਹੋਰ ਰਿਸ਼ਤਾ ਨਹੀਂ ਹੈ ਅਤੇ ਸਾਰੀਆਂ ਮਾਵਾਂ ਦਾ ਉਨ੍ਹਾਂ ਦੀ ਵਡਮੁੱਲੀ ਹਾਜ਼ਰੀ ਲਈ ਧੰਨਵਾਦ ਕੀਤਾ । ਸੀਟੀ ਗਰੁੱਪ ਦੇ ਚੇਅਰਮੈਨ ਚਰਨਜੀਤ ਸਿੰਘ ਚੰਨੀ, ਸੀਟੀ ਗਰੁੱਪ ਦੇ ਮੈਨੇਜਿੰਗ ਡਾਇਰੈਕਟਰ ਡਾ. ਮਨਬੀਰ ਸਿੰਘ, ਸੀਟੀ ਗਰੁੱਪ ਦੇ ਵਾਈਸ ਚੇਅਰਮੈਨ ਹਰਪ੍ਰੀਤ ਸਿੰਘ ਨੇ ਇਸ ਸਮਾਗਮ ਵਿੱਚ ਸ਼ਿਰਕਤ ਕੀਤੀ। ਉਨ੍ਹਾਂ ਸੀਟੀ ਵਰਲਡ ਸਕੂਲ ਨਾਲ ਸਮਾਂ ਬਿਤਾਉਣ ਲਈ ਮਾਤਾਵਾਂ ਦਾ ਧੰਨਵਾਦ ਕੀਤਾ ।

18-May-PAGE-9.qxd 5/17/2023 10:44 PM Page 1



# ਕਿਸਾਨਾਂ ਕੋਲੋਂ ਝੋਨੇ ਦੀ ਪਨੀਰੀ ਲਈ ਕੀਤੀ ਜਾ ਰਹੀ ਅੰਨ੍ਹੀ ਲੁੱਟ

**ਸੁਲਤਾਨਪੁਰ ਲੋਧੀ, (ਬਲਵਿੰਦਰ ਸਿੰਘ ਧਾਲੀਵਾਲ, ਰਾਜਵੀਰ ਸਿੰਘ)**-ਪੰਜਾਬ ਸਰਕਾਰ ਕਿਸਾਨਾਂ ਦੀ ਹੋ ਰਹੀ ਲੁੱਟ ਬੰਦ ਕਰਵਾਏ ਨਹੀਂ ਤਾਂ ਭਾਰਤੀ ਜਨਤਾ ਪਾਰਟੀ ਕਿਸਾਨਾਂ ਦੇ ਹੱਕ ਵਿਚ ਸੰਘਰਸ਼ ਕਰੇਗੀ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਭਾਜਪਾ ਦੇ ਜ਼ਿਲ੍ਹਾ ਮੀਤ ਪ੍ਰਧਾਨ ਅਤੇ ਹਲਕਾ ਸੁਲਤਾਨਪੁਰ ਲੋਧੀ ਦੇ ਇੰਚਾਰਜ ਕਰਨਜੀਤ ਸਿੰਘ ਆਹਲੀ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕੀਤਾ। ਉਨ੍ਹਾ ਕਿਹਾ ਕਿ ਕੁਝ ਦੁਕਾਨਦਾਰਾਂ ਵੱਲੋਂ ਝੋਨੇ ਦੀ ਪਨੀਰੀ ਦੇ ਬੀਜ ਦਾ ਮਨਮਰਜ਼ੀ ਦਾ ਭਾਅ ਲਗਾ ਕੇ ਭੋਲੇ-ਭਾਲੇ ਕਿਸਾਨਾਂ ਦੀ ਲੁੱਟ ਕੀਤੀ ਜਾ ਰਹੀ ਹੈ। ਉਨ੍ਹਾ ਕਿਹਾ ਕਿ ਜਦੋਂ ਕਿਸਾਨ ਆਪਣੇ ਦਿੱਤੇ ਗਏ ਪੈਸਿਆਂ ਦਾ ਬਿੱਲ ਮੰਗਦਾ ਹੈ ਤਾਂ ਉਸ ਨੂੰ ਕੋਰੀ ਨਾਂਅ ਕੀਤੀ ਜਾਂਦੀ ਹੈ ਅਤੇ ਕਿਹਾ ਜਾਂਦਾ ਹੈ ਕਿ ਜੇਕਰ ਪਨੀਰੀ ਲੈਣੀ ਹੈ ਤਾਂ ਲਵੋ ਨਹੀਂ ਤਾਂ ਆਪਣੇ ਰਾਹ ਪਵੋ। ਜਿਸ ਕਰਕੇ ਕਰਜ਼ਿਆਂ ਦੀ ਮਾਰ ਝੱਲ ਰਿਹਾ ਕਿਸਾਨ ਚੁੱਪ ਕਰ ਕੇ ਘਰ ਨੂੰ ਆ ਜਾਂਦਾ ਹੈ। ਉਨ੍ਹਾ ਦੋਸ਼ ਲਗਾਇਆ ਕਿ ਕੁਝ ਦੁਕਾਨਦਾਰਾਂ ਵੱਲੋਂ ਕਿਸਾਨਾਂ ਪਾਸੋਂ ਝੋਨੇ ਦੀ ਪਨੀਰੀ ਦੇ ਬੀਜ ਦੇ ਡੇਢ ਸੌ ਰੁਪਏ ਦੀ ਥਾਂ ਢਾਈ ਸੌ ਤੋਂ 300 ਰੁਪਏ



ਵਸੂਲੇ ਜਾ ਰਹੇ ਹਨ। ਉਨ੍ਹਾ ਪੰਜਾਬ ਸਰਕਾਰ ਪਾਸੋਂ ਮੰਗ ਕੀਤੀ ਕਿ ਕਿਸਾਨਾਂ ਦੀ ਬੇਲੋੜੀ ਲੁੱਟ ਕਰ ਰਹੇ ਅਜਿਹੇ ਦੁਕਾਨਦਾਰਾਂ ਨੂੰ ਨੱਥ ਪਾਈ ਜਾਵੇ ਅਤੇ ਉਨ੍ਹਾਂ ਵਿਰੁੱਧ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇ। ਉਨ੍ਹਾ ਦੱਸਿਆ ਕਿ ਇਸ ਸੰਬੰਧ ਵਿਚ ਉਨ੍ਹਾ ਸਥਾਨਕ ਐਸ ਡੀ ਐਮ ਅਤੇ ਖੇਤੀਬਾੜੀ ਅਧਿਕਾਰੀਆਂ ਨਾਲ ਵੀ ਗੱਲਬਾਤ ਕੀਤੀ ਹੈ ਜਿਨ੍ਹਾਂ ਨੇ ਕਾਰਵਾਈ ਦਾ ਪੂਰਾ ਭਰੋਸਾ ਵੀ ਦਿਵਾਇਆ ਹੈ। ਕਰਨਜੀਤ ਸਿੰਘ ਆਹਲੀ ਨੇ ਚਿਤਾਵਨੀ ਦਿੱਤੀ ਕਿ ਜੇਕਰ ਪੰਜਾਬ ਸਰਕਾਰ ਅਤੇ ਪ੍ਰਸ਼ਾਸਨ ਨੇ ਛੇਤੀ ਹੀ ਅਜਿਹੇ ਦੁਕਾਨਦਾਰਾਂ ਨੂੰ ਨੱਥ ਨਾ ਪਾਈ ਤਾਂ ਉਹ ਭਾਜਪਾ ਆਗੂਆਂ ਤੇ ਵਰਕਰਾਂ ਨੂੰ ਨਾਲ ਲੈ ਕੇ ਕਿਸਾਨਾਂ ਦੇ ਹੱਕ ਵਿੱਚ ਸੰਘਰਸ਼ ਕਰਨਗੇ। ਇਸ ਮੌਕੇ ਉਨ੍ਹਾ ਨੇ ਕਿਸਾਨਾਂ ਦੇ ਨਾਲ ਐਸ ਡੀ ਐਮ ਸੁਲਤਾਨਪੁਰ ਲੋਧੀ ਨੂੰ ਇੱਕ ਮੰਗ ਪੱਤਰ ਦੇ ਕੇ ਕਿਸਾਨਾਂ ਦੀ ਹੋ ਰਹੀ ਲੁੱਟ ਬੰਦ ਕਰਵਾਉਣ ਦੀ ਮੰਗ ਵੀ ਕੀਤੀ। ਇਸ ਮੌਕੇ ਉਨ੍ਹਾ ਨਾਲ ਭਾਜਪਾ ਦੇ ਕਬੀਰਪੁਰ ਸਰਕਲ ਦੇ ਪ੍ਰਧਾਨ ਗੁਰਮੇਜ ਸਿੰਘ, ਤਲਵੰਡੀ ਚੌਧਰੀਆਂ ਦੇ ਸਰਕਲ ਪ੍ਰਧਾਨ ਸ਼ਮਸ਼ੇਰ ਸਿੰਘ, ਕਬੀਰਪੁਰ ਸਰਕਲ ਦੇ ਜਨਰਲ ਸਕੱਤਰ ਜਿੰਦਰ ਪੰਡਿਤ, ਜ਼ਿਲ੍ਹਾ ਯੂਥ ਭਾਜਪਾ ਦੇ ਮੀਤ ਪ੍ਰਧਾਨ ਲਵਦੀਪ ਸਿੰਘ, ਕਸ਼ਮੀਰ ਸਿੰਘ ਸੰਧੂ, ਗੁਰਦਿਆਲ ਸਿੰਘ, ਗੁਰਭੇਜ ਸਿੰਘ ਭੇਜਾ, ਬਖਸ਼ੀਸ਼ ਸਿੰਘ ਆਹਲੀ, ਗੁਰਪ੍ਰੀਤ ਸਿੰਘ, ਸੁਰਿੰਦਰ ਸਿੰਘ ਤੁੜ ਜਨਰਲ ਸਕੱਤਰ ਤਲਵੰਡੀ ਚੌਧਰੀਆਂ, ਗੁਰਜੰਟ ਸਿੰਘ ਬਾਠ, ਬਲਜੀਤ ਸਿੰਘ ਤਲਵੰਡੀ, ਬਲਵਿੰਦਰ ਸਿੰਘ ਮੁਲਾਕਾਲਾ, ਪਰਮਜੀਤ ਸਿੰਘ ਦੀਪੇਵਾਲ, ਸੁਖਜਿੰਦਰ ਸਿੰਘ ਸੰਧੂ, ਪਿੰਕਾ ਬੂਸੋਵਾਲ, ਗੁਰਸਾਧ ਸਿੰਘ ਭਰੋਆਣਾ, ਹਰਨੇਕ ਸਿੰਘ ਪੰਨੂ ਆਦਿ ਵੀ ਹਾਜ਼ਰ ਸਨ।

# ਨਵੇਂ ਟੈਰਿਫ਼ ਨਾਲ ਮੁਫ਼ਤ 600 ਯੂਨਿਟ ਬਿਜਲੀ ਸਕੀਮ 'ਤੇ ਕੋਈ ਅਸਰ ਨਹੀਂ ਪਵੇਗਾ : ਈ ਟੀ ਓ

**ਚੰਡੀਗੜ੍ਹ, (ਗੁਰਜੀਤ ਬਿੱਲਾ)**—ਪੰਜਾਬ ਦੇ ਬਿਜਲੀ ਮੰਤਰੀ ਹਰਭਜਨ ਸਿੰਘ ਈ.ਟੀ.ਓ. ਨੇ ਭਰੋਸਾ ਦਿੱਤਾ ਹੈ ਕਿ ਬਿਜਲੀ ਦੀਆਂ ਨਵੀਆਂ ਦਰਾਂ ਦਾ ਸੂਬੇ ਦੇ ਆਮ ਲੋਕਾਂ 'ਤੇ ਕੋਈ ਅਸਰ ਨਹੀਂ ਪਵੇਗਾ ਕਿਉਂਕਿ ਵਧੀਆਂ ਬਿਜਲੀ ਦਰਾਂ ਦਾ ਖਰਚਾ ਸੂਬਾ ਸਰਕਾਰ ਵੱਲੋਂ ਸਹਿਣ ਕੀਤਾ ਜਾਵੇਗਾ। ਬਿਜਲੀ ਮੰਤਰੀ ਨੇ ਕਿਹਾ ਕਿ ਕਈ ਸੂਬਿਆਂ ਵਿੱਚ ਬਿਜਲੀ ਦੀਆਂ ਦਰਾਂ ਬਹੁਤ ਜ਼ਿਆਦਾ ਹਨ, ਜਦੋਂ ਕਿ ਪੰਜਾਬ ਵਿੱਚ ਬਿਜਲੀ ਦਰਾਂ ਬਾਕੀ ਸੂਬਿਆਂ ਨਾਲੋਂ ਘੱਟ ਹਨ।

ਪਿਛਲੇ ਇੱਕ ਸਾਲ ਦੌਰਾਨ ਬਿਜਲੀ ਦਰਾਂ ਵਿੱਚ ਕੋਈ ਵਾਧਾ ਨਹੀਂ ਕੀਤਾ ਗਿਆ। ਉਨ੍ਹਾਂ ਕਿਹਾ ਕਿ ਕਈ ਵਾਰ ਕੇਂਦਰ ਸਰਕਾਰ ਦੀਆਂ ਨੀਤੀਆਂ ਕਾਰਨ ਕੋਲੇ ਦੀ ਦਰਾਮਦ ਕਰਨੀ ਪੈਂਦੀ ਹੈ।

ਇਸੇ ਤਰ੍ਹਾਂ ਨਵੇਂ ਟਰਾਂਸਫਾਰਮਰ ਲਗਾਉਣ ਦੇ ਖਰਚੇ ਵਧ ਰਹੇ ਹਨ। ਕੈਬਨਿਟ ਮੰਤਰੀ ਨੇ ਦੁਹਰਾਇਆ ਕਿ ਕਿਸਾਨਾਂ ਨੂੰ ਮੁਫ਼ਤ ਬਿਜਲੀ, ਉਦਯੋਗ ਲਈ ਸਬਸਿਡੀ ਵਾਲੀ ਬਿਜਲੀ ਅਤੇ ਘਰੇਲੂ ਖਪਤਕਾਰਾਂ ਲਈ 600 ਯੂਨਿਟ ਮੁਫ਼ਤ ਬਿਜਲੀ ਪਹਿਲਾਂ ਵਾਂਗ ਹੀ ਜਾਰੀ ਰਹੇਗੀ। ਉਨ੍ਹਾਂ ਕਿਹਾ ਕਿ ਬਿਜਲੀ ਸਬਸਿਡੀ ਜਾਰੀ ਰਹੇਗੀ ਅਤੇ ਕੋਈ ਸਕੀਮ ਬੰਦ ਨਹੀਂ ਕੀਤੀ ਜਾਵੇਗੀ।

ਵਿਰੋਧੀ ਪਾਰਟੀਆਂ 'ਤੇ ਵਰ੍ਹਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਸਾਲ 'ਚ ਕਈ ਵਾਰ ਬਿਜਲੀ ਦਰਾਂ 'ਚ ਵਾਧਾ ਕਰਦੀਆਂ ਸਨ, ਜਦਕਿ ਸਾਡੀ ਸਰਕਾਰ ਨੇ ਇੱਕ ਸਾਲ ਬਾਅਦ ਬਿਜਲੀ ਦਰਾਂ 'ਚ ਮਾਮੂਲੀ ਵਾਧਾ ਕੀਤਾ ਹੈ, ਜਿਸ ਨਾਲ ਮੁਫ਼ਤ ਬਿਜਲੀ ਯੋਜਨਾ 'ਤੇ ਕੋਈ ਅਸਰ ਨਹੀਂ ਪਵੇਗਾ।

ਉਨ੍ਹਾਂ ਕਿਹਾ ਕਿ ਸਗੋਂ ਸਾਡੀ ਸਰਕਾਰ ਲਗਾਤਾਰ ਮੁਲਾਜ਼ਮਾਂ ਦੀ ਭਰਤੀ ਕਰਕੇ ਅਤੇ ਨਵੇਂ ਮੁਲਾਜ਼ਮਾਂ ਨੂੰ ਤਨਖਾਹ ਸਕੇਲ ਦੇ ਕੇ ਬਿਜਲੀ ਵਿਭਾਗ ਨੂੰ ਮਜ਼ਬੂਤ ਕਰਨ ਦਾ ਕੰਮ ਕਰ ਰਹੀ ਹੈ।

# ਹਲਕੇ ਦਾ ਵਿਕਾਸ ਪਹਿਲ ਦੇ ਆਧਾਰ 'ਤੇ ਕਰਾਂਗੇ - ਸਰਹਾਲ

**ਬਹਿਰਾਮ (ਅਵਤਾਰ ਕਲੇਰ)** ਪਿੰਡ ਸੂੰਢ ਵਿਖੇ ਸੀਵਰੇਜ ਸਿਸਟਮ ਪਾਉਣ , ਛੱਪੜ ਦੀ ਸਫਾਈ ਅਤੇ ਛੱਪੜ ਦੀ ਚਾਰਦੀਵਾਰੀ ਵਾਸਤੇ ਹਰਪਾਲ ਸਿੰਘ ਚੀਮਾ ਵਿੱਤ ਮੰਤਰੀ ਪੰਜਾਬ ਸਰਕਾਰ ਵਲੋਂ 15 ਲੱਖ ਰੁਪਏ ਦੀ ਗ੍ਰਾਂਟ ਭੇਜੀ ਹੈ । ਗ੍ਰਾਂਟ ਦਾ ਚੈੱਕ ਭੇਟ ਕਰਦਿਆਂ ਹਲਕਾ ਇੰਚਾਰਜ ਕੁਲਜੀਤ ਸਿੰਘ ਸਰਹਾਲ ਨੇ ਸੰਬੋਧਨ ਕਰਦਿਆਂ ਕਿਹਾ ਕਿ ਭਗਵੰਤ ਮਾਨ ਮੁੱਖ ਮੰਤਰੀ ਪੰਜਾਬ ਦੀ ਰਹਿਨੁਮਾਈ ਹੇਠ ਪੰਜਾਬ ਤਰੱਕੀ ਦੇ ਰਾਹ ਪੈ ਗਿਆ ਹੈ। ਉਨ੍ਹਾਂ ਦੱਸਿਆ ਕਿ ਬੰਗਾ ਹਲਕੇ ਦਾ ਵਿਕਾਸ ਪਾਰਟੀ ਤੋਂ ਉੱਪਰ ਉੱਠ ਕੇ ਪਹਿਲ ਦੇ ਆਧਾਰ 'ਤੇ ਕੀਤਾ ਜਾਵੇਗਾ । ਸਰਹਾਲ ਨੇ ਜਲੰਧਰ ਹਲਕੇ ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਸੁਸ਼ੀਲ ਕੁਮਾਰ ਰਿੰਕੂ ਦੇ



ਜਿੱਤਣ ਤੇ ਵਰਕਰਾਂ ਨੂੰ ਵਧਾਈ ਦਿੱਤੀ ਅਤੇ ਲੱਡੂ ਵੀ ਵੰਡੇ । ਇਸ ਮੌਕੇ ਸਰਪੰਚ ਤੀਰਥ ਕੌਰ , ਹਰਪਾਲ ਪਾਲੀ , ਪੰਚ ਸੁਖਵਿੰਦਰ ਸਿੰਘ , ਪੰਚ ਸੱਤਪਾਲ , ਸਾਬਕਾ ਸਰਪੰਚ ਪਰਮਿੰਦਰ ਸਿੰਘ ਮਕਸੂਦਪੁਰ , ਜਗਜੀਤ ਸਿੰਘ ਬਲਾਕੀਪੁਰ , ਕੁਲਵਿੰਦਰ ਭਾਟੀਆ , ਸੁਲੱਖਣ ਸਿੰਘ , ਬਸੰਤ ਸਿੰਘ , ਮਾਸਟਰ ਹਰਬੰਸ ਲਾਲ , ਮਨਜੀਤ ਸਿੰਘ , ਚਮਨ ਲਾਲ , ਬਾਬਾ ਜਗੀਰ ਸਿੰਘ , ਪਰਮਜੀਤ ਸੂੰਢ , ਸਤਵਿੰਦਰ ਸਿੰਘ ਭੋਗਲ ਅਤੇ ਨਗਰ ਨਿਵਾਸੀ ਹਾਜ਼ਰ ਸਨ ।

# 39ਵਾਂ ਸਾਲਾਨਾ ਗੁਰਮਤਿ ਸਮਾਗਮ 20 ਨੂੰ

**ਭੋਗਪੁਰ:-(ਗੁਰਪ੍ਰੀਤ ਸਿੰਘ ਭੋਗਲ)**-ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਕਿਰਪਾ ਸਦਕਾ ਡੇਰਾ ਬਾਬਾ ਸ੍ਰੀ ਚੰਦ ਜੀ ਮਹਾਰਾਜ ਅਸਥਾਨ ਪੁਬੋਵਾਲ ਜ਼ਿਲ੍ਹਾ ਊਨਾ ਹਿਮਾਚਲ ਪ੍ਰਦੇਸ਼ ਵਿਖੇ 39ਵਾਂ ਸਾਲਾਨਾ ਗੁਰਮਤਿ ਸਮਾਗਮ ਮਿਤੀ 20 ਮਈ 2023 ਨੂੰ ਸ਼ਰਧਾ ਪੂਰਵਕ ਮਨਾਇਆ ਜਾ ਰਿਹਾ ਹੈ। ਜਿਸ ਵਿਚ ਪੰਥ ਦੇ ਪ੍ਰਸਿੱਧ ਕੀਰਤਨੀ ਜਥੇ ਗੁਰਬਾਣੀ ਦੁਆਰਾ ਸੰਗਤਾਂ ਨੂੰ ਨਿਹਾਲ ਕਰਨਗੇ। ਸੰਤ ਬਾਬਾ ਸੰਤੋਸ ਦਾਸ ਜੀ ਨੇ ਸਮਾਗਮ ਦਾ ਵੇਰਵਾ ਦਿੰਦਿਆਂ ਹੋਇਆਂ ਕਿਹਾ ਕੇ ਨਿਸ਼ਾਨ ਸਾਹਿਬ ਦੀ ਸੇਵਾ 7 ਵਜੇ ਹੋਵੇਗੀ ਅਤੇ ਅਖੰਡ ਪਾਠ ਸਾਹਿਬ ਜੀਆਂ ਦੇ ਭੋਗ 9 ਵਜੇ ਪੈਣਗੇ ਅਤੇ ਉਪਰੰਤ ਪੰਥ ਦੇ ਪ੍ਰਸਿੱਧ ਕੀਰਤਨੀ ਜਥੇ ਗੁਰਬਾਣੀ ਦੁਆਰਾ ਸੰਗਤਾਂ ਨੂੰ 10 ਤੋਂ 2 ਵਜੇ ਤੱਕ ਨਿਹਾਲ ਕਰਨਗੇ। ਅਰਦਾਸ ਉਪਰੰਤ ਗੁਰੂ ਕਾ ਲੰਗਰ ਅਤੁੱਟ ਵਰਤੇਗਾ।

# ਸਬ-ਸਿਡਰੀ ਹੈੱਲਥ ਸੈਂਟਰ ਬਜ਼ੀਦਪੁਰ ਵਿਖੇ ਕੌਮੀ ਡੇਂਗੂ ਦਿਵਸ ਮਨਾਇਆ



**ਸ੍ਰੀ ਚਮਕੌਰ ਸਾਹਿਬ (ਕੁਲਵਿੰਦਰ ਕਾਲਾ)**-ਡਾ.ਪਰਮਿੰਦਰ ਕੁਮਾਰ ਸਿਵਲ ਸਰਜਨ ਰੂਪਨਗਰ ਦੇ ਦਿਸ਼ਾ ਨਿਰਦੇਸ਼ਾਂ ਅਤੇ ਡਾ.ਗੋਬਿੰਦ ਟੰਡਨ ਸੀਨੀਅਰ ਮੈਡੀਕਲ ਅਫਸਰ ਸੀ.ਐਚ.ਸੀ ਚਮਕੌਰ ਸਾਹਿਬ ਦੀ ਅਗਵਾਈ ਹੇਠ ਐਸ.ਐਚ.ਸੀ ਬਜ਼ੀਦਪੁਰ ਵਿਖੇ ਕੌਮੀ ਡੇਂਗੂ ਦਿਵਸ ਮਨਾਇਆ ਗਿਆ। ਇਸ ਮੌਕੇ 'ਤੇ ਡਾ.ਦਵਿੰਦਰਬੀਰ ਸਿੰਘ ਰੂਰਲ ਮੈਡੀਕਲ ਅਫਸਰ ਨੇ ਕਿਹਾ ਇਕੱਠ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਡੇਂਗੂ ਦੀ ਬਿਮਾਰੀ ਨੂੰ ਰੋਕਣ ਲਈ ਸਾਨੂੰ ਆਪ ਪਹਿਲਾਂ ਯਤਨ ਕਰਨੇ ਪੈਣਗੇ ਜਿਸ ਲਈ ਸਾਨੂੰ ਉਹਨਾਂ ਥਾਂਵਾ ਦੀ ਸ਼ਨਾਖ਼ਤ ਕਰਕੇ ਜਿਥੇ ਪਾਣੀ ਇਕੱਠਾ ਹੁੰਦਾ ਹੈ ਉਥੇ ਪਾਣੀ ਖੜ੍ਹਾ ਨਾ ਹੋਣ ਦਿੱਤਾ ਜਾਵੇ ਤੇ ਖੜ੍ਹੇ ਪਾਣੀ ਦਾ ਜੇਕਰ ਕੋਈ ਹੱਲ ਨਾ ਹੋਵੇ ਤਾਂ ਉਥੇ ਕਾਲੇ ਤੇਲ ਦਾ ਛਿੜਕਾਅ ਕੀਤਾ ਜਾਵੇ, ਕਿਉਂਕਿ ਸਾਫ ਪਾਣੀ ਜਿਨ੍ਹਾ ਥਾਂਵਾ 'ਤੇ ਖੜ੍ਹਾ ਹੋਵੇਗਾ ਉਥੇ ਡੇਂਗੂ ਦੇ ਮੱਛਰ ਦਾ ਲਾਰਵਾ ਪੈਦਾ ਹੁੰਦਾ ਹੈ। ਉਨ੍ਹਾਂ ਕਿਹਾ ਕਿ ਜੇਕਰ ਕਿਸੀ ਵਿਅਕਤੀ ਨੂੰ ਤੇਜ ਸਿਰ ਦਰਦ ਤੇ ਤੇਜ਼ ਬੁਖਾਰ ਹੋਵੇ,ਮਾਸ ਪੇਸ਼ੀਆਂ ਅਤੇ ਜੋੜਾਂ ਵਿੱਚ ਦਰਦ ਹੋਵੇ, ਅੱਖਾਂ ਦੇ ਪਿਛਲੇ ਹਿੱਸੇ ਵਿੱਚ ਦਰਦ ਜੀ ਕੱਚਾ ਹੋਣਾ ਅਤੇ ਉਲਟੀਆਂ ਲੱਗਣਾ, ਹਾਲਤ ਖਰਾਬ ਹੋਣ ਤੇ ਨੱਕ, ਮੂੰਹ ਅਤੇ ਮਸੂੜਿਆਂ ਵਿੱਚੋਂ ਖੂਨ ਵਗਣਾ ਆਦਿ ਲੱਛਣ ਹੋਣ ਤਾਂ ਇਹ ਡੇਂਗੂ ਦੇ ਲੱਛਣ ਹੋ ਸਕਦੇ ਹਨ। ਇਸ ਲਈ ਸਰਕਾਰੀ ਹਸਪਤਾਲ ਵਿੱਚ ਜਾ ਕੇ ਡਾਕਟਰ ਤੋਂ ਆਪਣਾ ਮੁਆਇਨਾ ਕਰਵਾ ਕੇ ਟੈਸਟ ਕਰਵਾਉਣਾ ਚਾਹੀਦਾ ਹੈ। ਡੇਂਗੂ ਦਾ ਟੈਸਟ ਜ਼ਿਲ੍ਹਾ ਪੱਧਰੀ ਸਰਕਾਰੀ ਹਸਪਤਾਲ ਵਿੱਚ ਮਾਈਕਰੋਬਾਇਓਲਾਜੀ ਲੈਬ ਵਿੱਚ ਕੀਤਾ ਜਾਂਦਾ ਹੈ ਅਤੇ ਡੇਂਗੂ ਦੀ ਪੁਸ਼ਟੀ ਹੋਣ 'ਤੇ ਮਰੀਜ਼ ਦਾ ਇਲਾਜ਼ ਸ਼ੁਰੂ ਕੀਤਾ ਜਾਂਦਾ ਹੈ। ਇਸ ਮੌਕੇ ਤੇ ਰਵਿੰਦਰ ਸਿੰਘ ਐਸ.ਆਈ, ਮਲਟੀਪਰਪਜ਼ ਹੈਲਥ ਵਰਕਰ ਪਰਦੀਪ ਕੁਮਾਰ, ਅਮਰੀਕ ਸਿੰਘ, ਲਖਵੀਰ ਸਿੰਘ ਅਤੇ ਪਤਵੰਤੇ ਸੱਜਣ ਹਾਜਰ ਸਨ।

# ਡੇਂਗੂ ਦੇ ਟੈਸਟ ਤੇ ਇਲਾਜ ਸਾਰੇ ਸਰਕਾਰੀ ਹਸਪਤਾਲਾਂ 'ਚ ਮੁਫ਼ਤ : ਡਾ. ਰਘਬੀਰ

**ਮਾਹਿਲਪੁਰ, (ਨਿਰਮਲ ਸਿੰਘ ਮੁੱਗੋਵਾਲ)**-ਰਾਸ਼ਟਰੀ ਡੇਂਗੂ ਦਿਵਸ ਦੇ ਮੌਕੇ ਪ੍ਰਾਇਮਰੀ ਹੈਲਥ ਸੈਂਟਰ ਪੋਸੀ ਦੇ ਸੀਨੀਅਰ ਮੈਡੀਕਲ ਅਫਸਰ ਡਾ. ਰਘਬੀਰ ਸਿੰਘ ਦੀ ਅਗਵਾਈ ਹੇਠ ਬਲਾਕ ਪੱਧਰੀ ਜਾਗਰੂਕਤਾ ਸੈਮੀਨਾਰ ਦੇ ਨਾਲ ਸਾਰੇ ਹੈਲਥ ਸੈਂਟਰਾਂ 'ਚ ਅਤੇ ਸਕੂਲਾਂ 'ਚ ਫੀਲਡ ਸਟਾਫ ਵੱਲੋਂ ਜਾਗਰੂਕਤਾ ਗਤੀਵਿਧੀਆ ਕੀਤੀਆਂ ਗਈਆਂ। ਬਲਾਕ ਪੱਧਰੀ ਸੈਮੀਨਾਰ ਦੌਰਾਨ ਸੰਬੋਧਨ ਕਰਦਿਆਂ ਡਾ. ਰਘਬੀਰ ਸਿੰਘ ਨੇ ਕਿਹਾ ਕਿ ਬਲਾਕ 'ਚ ਡੇਂਗੂ ਵਿਰੋਧੀ ਗਤੀਵਿਧੀਆਂ ਅਤੇ ਜਾਗਰੂਕਤਾ ਗਤੀਵਿਧੀਆਂ ਸ਼ੁਰੂ ਕਰ ਦਿੱਤੀਆਂ ਗਈਆਂ ਹਨ। ਸਿਹਤ ਵਿਭਾਗ ਵੱਲੋਂ ਬਲਾਕ ਦੇ ਸਾਰੇ ਸਕੂਲਾਂ ਵਿੱਚ ਜਾਗਰੂਕਤਾ ਮੁਹਿੰਮ ਚਲਾਈ ਗਈ ਹੈ ਤਾਂ ਜੋ ਵਿਦਿਆਰਥੀਆਂ ਨੂੰ ਇਨ੍ਹਾਂ ਬਿਮਾਰੀਆਂ ਤੋਂ ਬਚਾਅ ਸੰਬੰਧੀ ਜਾਗਰੂਕ ਕਰਕੇ ਉਨ੍ਹਾਂ ਦੇ ਘਰਾਂ ਤੋਂ ਡੇਂਗੂ ਮਲੇਰੀਆ ਫੈਲਾਉਣ ਵਾਲੇ ਮੱਛਰਾਂ ਦੀ ਪੈਦਾਇਸ਼ ਨੂੰ ਰੋਕਿਆ ਜਾ ਸਕੇ। ਉਨ੍ਹਾ ਕਿਹਾ ਕਿ ਡੇਂਗੂ ਦੀ ਬਿਮਾਰੀ ਤੋਂ ਡਰਨ ਦੀ ਲੋੜ ਨਹੀਂ, ਬਲਕਿ ਇਸ ਤੋਂ ਬਚਣ ਲਈ ਕੁਝ ਸਾਵਧਾਨੀਆਂ ਵਰਤਣ ਦੀ ਜ਼ਰੂਰਤ ਹੈ। ਡੇਂਗੂ ਬੁਖਾਰ ਏਡੀਜ਼ ਅਜੈਪਟੀ ਨਾਂਅ ਦੇ ਮੱਛਰ ਦੇ ਕੱਟਣ ਨਾਲ ਫੈਲਦਾ ਹੈ।



ਇਹ ਮੱਛਰ ਦਿਨ ਵੇਲੇ ਕੱਟਦਾ ਹੈ ਅਤੇ ਸਾਫ਼ ਪਾਣੀ ਵਿੱਚ ਪੈਦਾ ਹੁੰਦਾ ਹੈ। ਇਸ ਲਈ ਸਾਰਿਆਂ ਨੂੰ ਮੱਛਰ ਪੈਦਾ ਹੋਣ ਵਾਲੇ ਸੋਮਿਆਂ ਨੂੰ ਨਸ਼ਟ ਕਰਨਾ ਚਾਹੀਦਾ ਹੈ। ਘਰਾਂ 'ਚ ਵਾਧੂ ਬਰਤਨ ਜਿਵੇਂ ਟਾਇਰ, ਟੁੱਟੇ ਘੜੇ ਅਤੇ ਗਮਲੇ ਵਿੱਚ ਪਾਣੀ ਖੜ੍ਹਨ ਨਹੀਂ ਦੇਣਾ ਚਾਹੀਦਾ। ਮੱਛਰਦਾਨੀਆਂ ਅਤੇ ਮੱਛਰ ਭਜਾਉਣ ਵਾਲੀਆਂ ਕਰੀਮਾਂ ਵਰਤੋਂ, ਸਾਰੇ ਸਰੀਰ ਨੂੰ ਢਕਦੇ ਕੱਪੜੇ ਪਾਓ। ਘਰਾਂ ਦੇ ਆਲੇ ਦੁਆਲੇ ਪਾਣੀ ਨਾ ਖੜ੍ਹਾ ਹੋਣ ਦਿਓ, ਘਰ ਵਿੱਚ ਪਾਣੀ ਵਾਲੀਆਂ ਟੈਂਕੀਆਂ ਨੂੰ ਢਕ ਕੇ ਰੱਖੋ। ਜਸਵੀਰ ਸਿੰਘ ਹੈਲਥ ਇੰਸਪੈਕਟਰ ਨੇ ਕਿਹਾ ਕਿ ਵੱਖ-ਵੱਖ ਖੇਤਰਾਂ ਅਤੇ ਹਾਈ ਰਿਸਕ ਏਰੀਏ ਵਿੱਚ ਜਾ ਕੇ ਲੋਕਾਂ ਨੂੰ ਘਰਾਂ ਵਿੱਚ ਅਤੇ ਘਰਾਂ ਦੇ ਆਸ-ਪਾਸ ਪਾਣੀ ਜਮ੍ਹਾ ਨਾ ਹੋਣ ਸਬੰਧੀ ਜਾਣਕਾਰੀ ਦਿੱਤੀ ਜਾ ਰਹੀ ਹੈ ਅਤੇ ਖੜ੍ਹੇ ਪਾਣੀ ਵਿੱਚ ਲਾਰਵਾ ਵਿਰੋਧੀ ਸਪਰੇਅ ਕੀਤੀ ਜਾ ਰਹੀ ਹੈ ਅਤੇ ਲੋਕਾਂ ਨੂੰ ਡੇਂਗੂ ਪ੍ਰਤੀ ਜਾਣਕਾਰੀ ਦੇਣ ਲਈ ਜਾਗਰੂਕਤਾ ਪੈਂਫਲਿਟ ਵੰਡੇ ਜਾ ਰਹੇ ਹਨ। ਘਰਾਂ 'ਚ ਖੜ੍ਹੇ ਪਾਣੀ ਵਿੱਚ ਪੈਦਾ ਹੋ ਰਹੇ ਮੱਛਰਾਂ ਦੇ ਲਾਰਵੇ ਨੂੰ ਮੌਕੇ 'ਤੇ ਨਸ਼ਟ ਕਰਵਾਇਆ ਜਾ ਰਿਹਾ ਹੈ। ਉਨ੍ਹਾ ਅੱਗੇ ਦੱਸਿਆ ਕਿ ਜੇਕਰ ਕਿਸੇ ਵਿਅਕਤੀ ਨੂੰ ਇਸ ਸੰਬੰਧੀ ਕੋਈ ਲੱਛਣ ਜਿਵੇਂ ਤੇਜ਼ ਬੁਖਾਰ ਹੋਣਾ, ਸਿਰਦਰਦ, ਅੱਖਾਂ, ਜੋੜਾਂ ਅਤੇ ਸਰੀਰ ਵਿੱਚ ਦਰਦ, ਭੁੱਖ ਘੱਟ ਲੱਗਣਾ ਆਦਿ ਲੱਛਣ ਆਉਣ ਤਾਂ ਨੇੜੇ ਦੇ ਸਿਵਲ ਹਸਪਤਾਲ ਵਿੱਚ ਜਾ ਕੇ ਮਾਹਰ ਡਾਕਟਰ ਨਾਲ ਸੰਪਰਕ ਕੀਤਾ ਜਾਵੇ ਅਤੇ ਡੇਂਗੂ ਦਾ ਟੈਸਟ ਜ਼ਰੂਰ ਕਰਵਾਇਆ ਜਾਵੇ।

ਡੇਂਗੂ ਪਾਜ਼ੇਟਿਵ ਆਉਣ ਦੀ ਸੂਰਤ 'ਚ ਮਾਹਰ ਡਾਕਟਰ ਤੋਂ ਸੰਪੂਰਨ ਇਲਾਜ ਕਰਵਾਇਆ ਜਾਵੇ। ਡੇਂਗੂ ਦੇ ਟੈਸਟ ਅਤੇ ਇਲਾਜ ਸਾਰੇ ਸਰਕਾਰੀ ਹਸਪਤਾਲਾਂ ਵਿੱਚ ਮੁਫ਼ਤ ਕੀਤਾ ਜਾਂਦਾ ਹੈ। ਇਸ ਮੌਕੇ ਡਾ. ਨਵਲਦੀਪ ਸਿੰਘ, ਡਾ. ਰਮਨਦੀਪ ਕੌਰ, ਕੇਵਲ ਸਿੰਘ, ਨਰਸਿੰਗ ਸਿਸਟਰ ਪਰਮਜੀਤ ਕੌਰ, ਐਲ ਐਚ ਵੀ ਜੋਗਿੰਦਰ ਕੌਰ, ਪੂਜਾ ਗੋਗਨਾ ਏ ਐਨ ਐਮ, ਆਸ਼ਾ ਵਰਕਰਾਂ ਅਤੇ ਲੋਕ ਮੌਜੂਦ ਸਨ।

# ਹਸਪਤਾਲ ਅੱਗੇ ਲਾਸ਼ ਰੱਖ ਕੇ ਇਨਸਾ.ਫ ਦੀ ਮੰਗ

**ਫਿਲੌਰ (ਨਿਰਮਲ)**- ਫਿਲੌਰ ਦੇ ਨਿੱਜੀ ਹਸਪਤਾਲ 'ਚ ਔਰਤ ਦੀ ਮੌਤ ਉਪਰੰਤ ਪਰਵਾਰ ਵਾਲਿਆਂ ਵੱਲੋਂ ਹਸਪਤਾਲ ਅੱਗੇ ਔਰਤ ਦੀ ਲਾਸ਼ ਰੱਖ ਕੀਤੀ ਇਨਸਾਫ ਦੀ ਮੰਗ। ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਮ੍ਰਿਤਕ ਔਰਤ ਮਾਧੁਰੀ ਦੇ ਪਤੀ ਮਨੀ ਵਾਸੀ ਜਗਤਪੁਰਾ ਪੰਜਢੇਰਾ ਨੇ ਦੱਸਿਆ ਕਿ ਬੀਤੀ 11 ਮਈ ਨੂੰ ਉਨ੍ਹਾਂ ਆਪਣੀ ਪਤਨੀ ਨੂੰ ਡਲੀਵਰੀ ਲਈ ਫਿਲੌਰ ਦੇ ਨਿੱਜੀ ਹਸਪਤਾਲ ਵਿਖੇ ਦਾਖਲ ਕਰਵਾਇਆ। ਡਲੀਵਰੀ ਮੌਕੇ ਹਸਪਤਾਲ ਦੇ ਡਾਕਟਰਾਂ ਵੱਲੋਂ ਬਲੱਡ ਦੀ ਮੰਗ ਕੀਤੀ ਅਤੇ ਮੈਨੂੰ ਬਲੱਡ ਲੈਣ ਲਈ ਲੁਧਿਆਣਾ ਭੇਜ ਦਿੱਤਾ। ਜਦੋਂ ਮੈਂ ਬਲੱਡ ਲੈਣ ਕੇ ਆਇਆ ਤਾਂ ਡਲੀਵਰੀ ਹੋ ਚੁੱਕੀ ਸੀ ਅਤੇ ਮੇਰੀ ਪਤਨੀ ਦੇ ਬੇਟਾ ਹੋਇਆ। ਉਨ੍ਹਾਂ ਮੇਰੀ ਪਤਨੀ ਨੂੰ ਉਸ ਸਮੇਂ ਬਲੱਡ ਨਹੀਂ ਚੜ੍ਹਾਇਆ ਗਿਆ। ਪਰ ਉਸ ਤੋਂ 2 ਦਿਨ ਬਾਅਦ ਉਸ ਨੂੰ ਬਲੱਡ ਚੜ੍ਹਾਇਆ ਗਿਆ ਜਿਸ ਤੋਂ ਬਾਅਦ ਮੇਰੀ ਪਤਨੀ ਦੀ ਹਾਲਤ ਖਰਾਬ ਹੋ ਗਈ ਅਤੇ ਉਸ ਨੂੰ ਲੁਧਿਆਣਾ ਰੈਫਰ ਕਰ ਦਿੱਤਾ। ਜਦੋਂ ਡਾਕਟਰ ਨੂੰ ਕਿਹਾ ਕਿ ਸਾਡੇ ਕੋਲ ਪੈਸੇ ਨਹੀਂ ਹਨ ਤਾਂ ਡਾਕਟਰ ਨੇ ਕਿਹਾ ਕਿ ਕੋਈ ਨਾ ਐਧੇ ਪੈਸੇ ਮੈਂ ਲਗਵਾ ਦੇਵਾਂਗਾ। ਜਿਸ ਤੋਂ ਬਾਅਦ ਮਾਧੁਰੀ ਨੂੰ ਲੁਧਿਆਣਾ ਲਿਜਾਇਆ ਗਿਆ ਜਿੱਥੇ ਜਾ ਕੇ ਪਤਾ ਲੱਗਾ ਮਾਧਵੀ ਦੀਆਂ ਕਿਡਨੀਆਂ ਖਰਾਬ ਹੋ ਗਈਆ, ਜਿਹੜੀ ਕਾਰਨ ਉਸ ਨੂੰ 2 ਦਿਨ ਤੋਂ ਬਾਥਰੂਮ ਨਹੀਂ ਸੀ ਆ ਰਿਹਾ ਅਤੇ ਉਸ ਦਾ ਪੇਟ ਫੁੱਲ ਗਿਆ ਸੀ। ਲੁਧਿਆਣਾ ਹਸਪਤਾਲ ਵਿਖੇ ਫਿਲੌਰ ਹਸਪਤਾਲ ਤੋਂ ਡਾਕਟਰ ਸਾਡੇ ਨਾਲ ਗਿਆ ਸੀ। ਜਿੱਥੋਂ ਬੀਤੀ ਰਾਤ 9 ਵਜੇ ਦੇ ਕਰੀਬ ਮੈਂ ਡਾਕਟਰ ਨਾਲ ਫਿਲੌਰ ਆਪਣੇ ਘਰ ਆ ਗਿਆ। ਰਾਤ 2 ਵਜੇ ਦੇ ਕਰੀਬ ਮਾਧਵੀ ਦੀ ਮੌਤ ਹੋ ਗਈ। ਉਨ੍ਹਾਂ ਫਿਲੌਰ ਦੇ ਨਿੱਜੀ ਹਸਪਤਾਲ ਦੇ ਡਾਕਟਰਾਂ 'ਤੇ ਦੋਸ਼ ਲਗਾਇਆ ਕਿ ਉਨ੍ਹਾਂ ਦੀ ਅਣਗਹਿਲੀ ਕਾਰਨ ਮੇਰੀ ਪਤਨੀ ਦੀ ਮੌਤ ਹੋਈ ਹੈ। ਉਨ੍ਹਾਂ ਮਾਧਵੀ ਦੀ ਲਾਸ਼ ਹਸਪਤਾਲ ਅੱਗੇ ਰੱਖ ਕੇ ਇਨਸਾਫ ਦੀ ਮੰਗ ਕੀਤੀ। ਇਸ ਮੌਕੇ ਭਾਰਤੀ ਕਿਸਾਨ ਯੂਨੀਅਨ ਦੇ ਆਗੂ ਪਰਮਜੀਤ ਸਿੰਘ ਅਕਲਪੁਰ ਨੇ ਕਿਹਾ ਕਿ ਮ੍ਰਿਤਕ ਔਰਤ ਮਾਧਵੀ ਦੀ ਮੌਤ ਡਾਕਟਰ ਦੀ ਅਣਗਹਿਲੀ ਕਾਰਨ ਹੋਈ ਹੈ ਉਸ ਨੂੰ ਇਨਸਾਫ ਦਿਵਾਇਆ ਜਾਵੇਗਾ। ਇਸ ਸੰਬੰਧੀ ਡਾਕਟਰ ਬਾਠ ਨੇ ਕਿਹਾ ਕਿ ਮਾਧਵੀ ਦੀ ਮੌਤ ਬਲੱਡ ਰਿਐਕਸ਼ਨ ਹੋਣ ਨਾਲ ਹੋਈ ਲਗਦੀ ਹੈ। ਇਸ ਸੰਬੰਧੀ ਏ ਐਸ ਆਈ ਰਜਿੰਦਰ ਸਿੰਘ ਨੇ ਦੱਸਿਆ ਕਿ ਹਸਪਤਾਲ ਅੱਗੇ ਮਾਧਵੀ ਦੀ ਲਾਸ਼ ਰੱਖ ਕੇ ਪ੍ਰਦਰਸ਼ਨ ਕਰ ਰਹੇ ਹਨ। ਜਿਸ ਤੇ ਔਰਤ ਦਾ ਪੋਸਟਮਾਰਟਮ ਕਰਨ ਲਈ ਡਾਕਟਰ ਦਾ ਪੈਨਲ ਬਣਾਇਆ ਜਾਵੇਗਾ ਜੋ ਵੀ ਰਿਪੋਰਟ ਆਏਗੀ ਉਸ ਦੇ ਹਿਸਾਬ ਨਾਲ ਕਾਰਵਾਈ ਕੀਤੀ ਜਾਵੇਗੀ।

# ਬੱਚਿਆਂ ਦਾ ਕੀਤਾ ਜਾ ਰਿਹਾ ਟੈਟਨਸ ਤੇ ਡਿਪਥੀਰੀਆ ਤੋਂ ਟੀਕਾਕਰਨ

**ਨੂਰਪੁਰਬੇਦੀ (ਸੁਰਜੀਤ ਸਿੰਘ ਕਾਹਲੋਂ)**-ਸਿਵਲ ਸਰਜਨ ਰੂਪਨਗਰ ਡਾ.ਪਰਮਿੰਦਰ ਕੁਮਾਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਕਾਰਜਕਾਰੀ ਸੀਨੀਅਰ ਮੈਡੀਕਲ ਅਫਸਰ ਜਦੋਂ ਚੰਦਰ ਦੀ ਯੋਗ ਅਗਵਾਈ ਹੇਠ ਸਕੂਲ ਹੈਲਥ ਪ੍ਰੋਗਰਾਮ ਤਹਿਤ ਸਕੂਲਾਂ ਵਿੱਚ ਪੜ੍ਹਦੇ ਬੱਚਿਆਂ ਦਾ ਟੈਟਨਸ ਅਤੇ ਡਿਪਥੀਰੀਆ ਦੀ ਬਿਮਾਰੀ ਤੋਂ ਬਚਾਓ ਲਈ ਟੀਕਾਕਰਨ ਕੀਤਾ ਜਾ ਰਿਹਾ ਹੈ। ਡਾਕਟਰ ਵਿਧਾਨ ਚੰਦਰ ਨੇ ਦੱਸਿਆ ਕਿ ਇਸ ਪ੍ਰੋਗਰਾਮ ਤਹਿਤ ਸਰਕਾਰੀ, ਅਰਧ ਸਰਕਾਰੀ ਅਤੇ ਪ੍ਰਾਈਵੇਟ ਸਕੂਲਾਂ ਵਿੱਚ ਪੜ੍ਹਦੇ 5 ਸਾਲ, 10 ਸਾਲ ਅਤੇ 16 ਸਾਲ ਦੇ ਬੱਚਿਆਂ ਦਾ ਟੀਕਾਕਰਨ ਕੀਤਾ ਜਾਂਦਾ ਹੈ। ਇਸ ਦੇ ਨਾਲ਼ ਹੀ ਬੱਚਿਆਂ ਦਾ ਸੰਪੂਰਨ ਸਿਹਤ ਚੈੱਕਅਪ ਵੀ ਕੀਤਾ ਜਾਂਦਾ ਹੈ। ਇਸ ਕੰਮ ਲਈ ਵੱਖਰੇ ਤੌਰ 'ਤੇ ਆਰ.ਬ਼ੀ.ਐਸ.ਕੇ ਪ੍ਰੋਗਰਾਮ ਤਹਿਤ ਟੀਮਾਂ ਸਕੂਲਾਂ ਅਤੇ ਆਂਗਨਵਾੜੀ ਸੈਂਟਰਾਂ ਦੇ 18 ਸਾਲ ਦੀ ਉਮਰ ਤੱਕ ਦੇ ਬੱਚਿਆਂ ਦੀ ਸਿਹਤ ਦਾ ਨਿਰੀਖਣ ਕਰਦੀਆਂ ਹਨ ਅਤੇ ਜੇ ਕਿਸੇ ਬੱਚੇ ਨੂੰ ਕੋਈ ਬਿਮਾਰੀ ਜਿਵੇਂ ਦਿਲ ਦੀਆਂ ਬਿਮਾਰੀਆਂ, ਅੱਖਾਂ ਦੀਆਂ ਬਿਮਾਰੀਆਂ, ਚਮੜੀ ਦੀਆਂ ਬਿਮਾਰੀਆਂ, ਦੌਰੇ ਪੈਣਾ, ਹੱਡੀਆਂ ਦੇ ਵਿਕਾਰ ਹੋਣੇ ਆਦਿ ਦਾ ਮੁਫਤ ਇਲਾਜ ਕੀਤਾ ਜਾਂਦਾ ਹੈ। ਸਰਕਾਰੀ ਸਕੂਲ ਨੂਰਪੁਰ ਖੁਰਦ ਵਿਖੇ ਬੱਚਿਆਂ ਦਾ ਟੀਕਾਕਰਨ ਕੀਤਾ ਗਿਆ ਉਨਾਂ ਦੱਸਿਆ ਕਿ ਸਕੂਲਾਂ ਦੇ ਬੱਚਿਆਂ ਦੇ ਟੀਕਾਕਰਨ ਤੋਂ ਇਲਾਵਾ ਖ਼ੂਨ ਦੀ ਕਮੀ ਨੂੰ ਦੂਰ ਕਰਨ ਲਈ ਆਇਰਨ ਫੋਲਿਕ ਐਸਿਡ ਦੀਆਂ ਗੋਲੀਆਂ ਵੀ ਬੱਚਿਆਂ ਨੂੰ ਦਿੱਤੀਆਂ ਜਾਂਦੀਆਂ ਹਨ ਅਤੇ ਪੇਟ ਦੇ ਕੀੜਿਆਂ ਤੋਂ ਅਲਬੈਂਡਾਜ਼ੋਲ ਦੀਆਂ ਗੋਲ਼ੀਆਂ ਵੀ ਖਵਾਈਆਂ ਜਾਂਦੀਆਂ ਹਨ। ਇਸ ਮੌਕੇ ਸ਼੍ਰੀਮਤੀ ਜਸਬੀਰ ਕੌਰ ਕੌਰ, ਏ.ਐਨ.ਐਮ. ਆਸਾ ਵਰਕਰ ਅਤੇ ਸਕੂਲ ਦੇ ਅਧਿਆਪਕ ਬੱਚੇ ਆਦਿ ਹਾਜ਼ਰ ਸਨ।

# ਜੱਸਲ ਵੱਲੋਂ ਵਿਧਾਇਕ ਨੂੰ ਗੁੰਡਾ ਕਹਿਣ 'ਤੇ ਕਾਂਗਰਸ ਦਾ ਧਰਨਾ

**ਫਗਵਾੜਾ (ਡਾ. ਰਮਨ)** ਨਗਰ ਨਿਗਮ ਕਮਿਸ਼ਨਰ ਡਾ: ਨਯਨ ਜੱਸਲ ਵੱਲੋਂ ਫਗਵਾੜਾ ਦੇ ਵਿਧਾਇਕ ਬਲਵਿੰਦਰ ਸਿੰਘ ਧਾਲੀਵਾਲ ਨੂੰ ਆਪਣੇ ਦਫ਼ਤਰ ਵਿੱਚ ਕਥਿਤ ਤੌਰ 'ਤੇ ਗੁੰਡਾ ਕਹਿ ਕੇ ਸੰਬੋਧਨ ਕਰਨ ਦੇ ਵਿਰੋਧ ਵਿੱਚ ਵਿਧਾਇਕ ਧਾਲੀਵਾਲ ਦੀ ਅਗਵਾਈ ਹੇਠ ਕਾਂਗਰਸੀ ਵਰਕਰਾਂ ਵੱਲੋਂ ਨਿਗਮ ਦਫ਼ਤਰ ਅੱਗੇ ਧਰਨਾ ਦਿੱਤਾ। ਜਿਸਦਾ ਸਮਰਥਨ ਕਰਨ ਲਈ ਸ਼ਹਿਰ ਦੇ ਪਤਵੰਤੇ ਵੀ ਪੁੱਜੇ। ਜਿਹਨਾਂ ਵਿਚ ਪ੍ਰਮੁੱਖ ਤੌਰ 'ਤੇ ਇੰਪਰੂਵਮੈਂਟ ਟਰੱਸਟ ਦੇ ਸਾਬਕਾ ਚੇਅਰਮੈਨ ਤੇਜਸਵੀ ਭਾਰਦਵਾਜ, ਫਗਵਾੜਾ ਨਗਰ ਕੌਂਸਲ ਦੇ ਸਾਬਕਾ ਪ੍ਰਧਾਨ ਬਲਭਦਰ ਸੇਨ ਦੁੱਗਲ, ਸਾਬਕਾ ਮੰਡਲ ਭਾਜਪਾ ਪ੍ਰਧਾਨ ਪੰਕਜ ਚਾਵਲਾ, ਸਾਬਕਾ ਕੌਂਸਲਰ ਅਨੁਰਾਗ ਮਨਖੰਡ, ਸਾਬਕਾ ਕੌਂਸਲਰ ਰਾਜਕੁਮਾਰ ਗੁਪਤਾ, ਆਸ਼ੂ ਪੁਰੀ, ਸ਼ਿਵ ਸੈਨਾ ਆਗੂ ਗੁਰਦੀਪ ਸੈਣੀ, ਯੁਵਾ ਵਿਕਾਸ ਮੋਰਚਾ ਦੇ ਅਨੂ ਸਹੋਤਾ, ਅਸ਼ਵਨੀ ਸਹੋਤਾ ਅਤੇ ਸ਼ਹਿਰ ਦੀਆਂ ਕਈ ਧਾਰਮਿਕ, ਰਾਜਨੀਤਿਕ ਅਤੇ ਸਮਾਜਿਕ ਜਥੇਬੰਦੀਆਂ ਦੇ ਨੁਮਾਇੰਦੇ ਤੇ ਮਾਰਕੀਟ ਕਮੇਟੀਆਂ ਦੇ ਮੈਂਬਰ ਸ਼ਾਮਲ ਸਨ। ਸ਼ਹਿਰ ਵਾਸੀਆਂ ਨੇ ਇੱਕ ਸੁਰ ਵਿੱਚ ਕਿਹਾ ਕਿ ਜਨਤਾ ਦੇ ਚੁਣੇ ਹੋਏ ਵਿਧਾਇਕ ਲਈ ਗੁੰਡਾ ਸ਼ਬਦ ਦੀ ਵਰਤੋਂ ਕਰਨਾ ਨਿੰਦਣਯੋਗ ਹੈ। ਪ੍ਰਸ਼ਾਸਨਿਕ ਅਧਿਕਾਰੀਆਂ ਨੂੰ ਸਿਆਸਤ ਤੋਂ ਦੂਰ ਰਹਿਣਾ ਚਾਹੀਦਾ ਹੈ। ਸੱਤਾ ਬਦਲਦੀ ਰਹਿੰਦੀ ਹੈ ਇਸ ਲਈ ਅਫਸਰਾਂ ਨੂੰ ਸਾਰਿਆਂ ਦਾ ਸਤਿਕਾਰ ਕਰਨਾ ਚਾਹੀਦਾ ਹੈ। ਵਿਧਾਇਕ ਧਾਲੀਵਾਲ ਨੇ ਕਿਹਾ ਕਿ ਉਹ ਨਿਗਮ ਕਮਿਸ਼ਨਰ ਦੇ ਵਤੀਰੇ ਤੋਂ ਬਹੁਤ ਦੁਖੀ ਹਨ, ਇਸ ਲਈ ਉਹ ਸਥਾਨਕ ਸਰਕਾਰਾਂ ਵਿਭਾਗ ਦੇ ਉੱਚ ਅਧਿਕਾਰੀਆਂ, ਲੋਕਲ ਬਾਡੀਜ਼ ਮੰਤਰੀ ਅਤੇ ਪੰਜਾਬ ਦੀ ਭਗਵੰਤ ਮਾਨ ਸਰਕਾਰ ਤੋਂ ਮੰਗ ਕਰਦੇ ਹਨ ਕਿ ਏ.ਡੀ.ਸੀ ਕਮ ਕਾਰਪੋਰੇਸ਼ਨ ਕਮਿਸ਼ਨਰ ਵਿਰੁੱਧ ਬਣਦੀ ਕਾਰਵਾਈ ਕੀਤੀ ਜਾਵੇ। ਧਰਨਾ ਦੇਣ ਵਾਲਿਆਂ ਵਿੱਚ ਬਲਾਕ ਕਾਂਗਰਸ ਫਗਵਾੜਾ ਸ਼ਹਿਰੀ ਦੇ ਪ੍ਰਧਾਨ ਤਰਨਜੀਤ ਸਿੰਘ ਬੰਟੀ ਵਾਲੀਆ, ਦਿਹਾਤੀ ਪ੍ਰਧਾਨ ਜਸਵੰਤ ਸਿੰਘ ਨੀਟਾ ਜਗਪਾਲਪੁਰ, ਮਾਰਕੀਟ ਕਮੇਟੀ ਫਗਵਾੜਾ ਦੇ ਸਾਬਕਾ ਚੇਅਰਮੈਨ ਨਰੇਸ਼ ਭਾਰਦਵਾਜ, ਬਲਾਕ ਸਮਿਤੀ ਫਗਵਾੜਾ ਦੇ ਚੇਅਰਮੈਨ ਗੁਰਦਿਆਲ ਸਿੰਘ ਭੁੱਲਾਰਾਈ, ਸੀਨੀਅਰ ਆਗੂ ਵਿਨੋਦ ਵਰਮਾਨੀ, ਡੈਲੀਗੇਟ ਮੈਂਬਰ ਗੁਰਜੀਤ ਪਾਲ ਵਾਲੀਆ, ਸਾਬਕਾ ਕੌਂਸਲਰ ਦਰਸ਼ਨ ਲਾਲ ਧਰਮਸੋਤ, ਸਾਬਕਾ ਕੌਂਸਲਰ ਰਾਮਪਾਲ ਉੱਪਲ, ਸਾਬਕਾ ਕੌਂਸਲਰ ਜਤਿੰਦਰ ਵਰਮਾਨੀ, ਸੌਰਵ ਸ਼ਰਮਾ ਪ੍ਰਧਾਨ ਆਈਟੀ ਸੈੱਲ ਜ਼ਿਲ੍ਹਾ ਕਪੂਰਥਲਾ, ਪੰਕਜ ਘੇੜਾ, ਲਾਡੀ ਬੋਹਾਨੀ, ਵਿੱਕੀ ਵਾਲੀਆ, ਰਾਜ ਕੁਮਾਰ ਭਗਤਪੁਰਾ, ਸਰਜੀਵਨ ਲਤਾ ਸ਼ਰਮਾ, ਸ਼ਵਿੰਦਰ ਨਿਸ਼ਚਲ, ਹਰਸ਼ ਕੁਮਾਰ, ਰਣਜੀਤ ਰਾਣੀ, ਮਨਜੀਤ ਕੌਰ ਵਾਲੀਆ, ਸੁਰੇਸ਼ ਭੰਡਾਰੀ, ਜਤਿਨ ਭੰਡਾਰੀ, ਅਵਤਾਰ ਸਿੰਘ ਲਾਲੀ, ਸੁਖਵਿੰਦਰ ਸਿੰਘ ਕਾਲਾ ਸਰਪੰਚ ਅਠੋਲੀ, ਅਵਤਾਰ ਸਿੰਘ, ਸਤਨਾਮ ਸਿੰਘ, ਅਮਰਿੰਦਰ ਸਿੰਘ ਪੀ.ਏ. ਆਦਿ ਸ਼ਾਮਲ ਸਨ।

# ਮਿਡ-ਡੇ-ਮੀਲ ਵਰਕਰਾਂ ਨੂੰ 21 ਦੀ ਰੈਲੀ ਲਈ ਕੀਤਾ ਲਾਮਬੰਦ



**ਮੋਰਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਦਾ ਸੱਤਾ 'ਚ ਆਉਣ ਉਪਰੰਤ ਸਰਕਾਰੀ ਸਕੂਲਾਂ 'ਚ ਬੱਚਿਆਂ ਲਈ ਮਿਡ-ਡੇ-ਮੀਲ ਬਣਾਉਣ ਵਾਲੇ ਵਰਕਰਾਂ ਪ੍ਰਤੀ ਅਪਨਾਏ ਮਤਰੇਈ ਮਾਂ ਵਾਲੇ ਵਿਵਹਾਰ ਤੋਂ ਅੱਕ ਕੇ ਪੰਜਾਬ ਦੀ ਮਿਡ-ਡੇ-ਮੀਲ ਜੱਥੇਬੰਦੀ ਵੱਲੋਂ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੇ ਹਲਕੇ ਆਨੰਦਪੁਰ ਸਾਹਿਬ ਵਿਖੇ 21 ਮਈ ਨੂੰ ਇੱਕ ਵਿਸ਼ਾਲ ਰੈਲੀ ਕੀਤੀ ਜਾ ਰਹੀ ਹੈ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਮਿਡ-ਡੇ-ਮੀਲ ਯੂਨੀਅਨ ਪੰਜਾਬ ਦੇ ਜਨਰਲ ਸਕੱਤਰ ਕਮਲਜੀਤ ਕੌਰ ਖੜੌਦੀ ਨੇ ਕੋਟ ਫਤੂਹੀ ਬਲਾਕ ਦੀਆਂ ਮਿਡ-ਡੇ-ਮੀਲ ਵਰਕਰਾਂ ਦੇ ਅੱਡਾ ਈਸਪੁਰ ਵਿਖੇ ਹੋਏ ਇਕੱਠ ਨੂੰ ਸੰਬੋਧਨ ਕਰਦਿਆਂ ਕੀਤਾ। ਕੋਟ ਫਤੂਹੀ ਬਲਾਕ ਦੀ ਪ੍ਰਧਾਨ ਅਮਰਵੀਰ ਕੌਰ ਨੇ ਆਪਣੇ ਸੰਬੋਧਨ 'ਚ ਕਿਹਾ ਕਿ ਪੰਜਾਬ ਦੀ ਮੌਜੂਦਾ ਸਰਕਾਰ ਵੀ ਪਿਛਲੀਆਂ ਸਰਕਾਰਾਂ ਵਾਂਗ ਮਿਡ-ਡੇ-ਮੀਲ ਵਰਕਰਾਂ ਨਾਲ ਨਿਆਂ ਨਹੀਂ ਕਰ ਰਹੀ। ਮਿਡ-ਡੇ-ਮੀਲ ਵਰਕਰਾਂ ਪਿਛਲੇ 17-18 ਸਾਲਾਂ ਤੋਂ ਸਰਕਾਰੀ ਸਕੂਲਾਂ 'ਚ ਮਮੂਲੀ ਮਾਣਭੱਤੇ 'ਤੇ ਕੰਮ ਕਰ ਰਹੀਆਂ ਹਨ। ਪਰ ਕਿਸੇ ਵੀ ਸਰਕਾਰ ਨੇ ਇਹਨਾ ਦੀ ਸਾਰ ਨਹੀਂ ਲਈ। ਫੈਡਰੇਸ਼ਨ ਆਗੂ ਨਰਿੰਦਰ ਅਜਨੋਹਾ ਅਤੇ ਉਂਕਾਰ ਸਿੰਘ ਨੇ ਕਿਹਾ ਕਿ ਜਿੰਨੀ ਦੇਰ ਤੱਕ ਪੰਜਾਬ ਸਰਕਾਰ ਮਿਡ-ਡੇ-ਮੀਲ ਵਰਕਰਾਂ ਦੇ ਲਈ ਰੈਗੂਲਰ ਨੀਤੀ ਤਿਆਰ ਨਹੀਂ ਕਰਦੀ ਉਦੋਂ ਤੱਕ ਇਹਨਾਂ ਨੂੰ ਹਰਿਆਣਾ ਪੈਟਰਨ 'ਤੇ ਤਨਖਾਹ ਲਾਗੂ ਕਰੇ, ਗਰਮੀਆਂ-ਸਰਦੀਆਂ ਦੀਆਂ ਵਰਦੀਆਂ, ਸਿਹਤ ਬੀਮਾ, ਪੰਜਾਬ ਸਰਕਾਰ ਦੇ ਮੁਲਾਜਮਾਂ ਵਾਂਗ ਛੁੱਟੀਆਂ ਦੀ ਸਹੂਲਤ ਅਤੇ ਸਾਰੇ ਬਣਦੇ ਲਾਭ ਦੇਵੇ ਜੋ ਪੰਜਾਬ ਸਰਕਾਰ ਦੇ ਮੁਲਾਜਮਾਂ ਨੂੰ ਮਿਲਦੀਆਂ ਹਨ। ਇਸ ਮੌਕੇ ਮਿਡ-ਡੇ-ਮੀਲ ਵਰਕਰਾਂ ਨੇ ਸਰਕਾਰ ਖਿਲਾਫ ਜੰਮ ਕੇ ਨਾਅਰੇਬਾਜੀ ਕੀਤੀ ਅਤੇ ਸਰਕਾਰ ਨੂੰ ਚਿਤਾਵਨੀ ਦਿੱਤੀ ਕਿ ਭਰਾਤਰੀ ਜੱਥੇਬੰਦੀਆਂ ਦੇ ਸਹਿਯੋਗ ਨਾਲ 21 ਮਈ ਨੂੰ ਵਰਕਰ ਵੱਧ ਚੜ੍ਹ ਕੇ ਹਿੱਸਾ ਲੈਣਗੇ। ਇਸ ਮੌਕੇ ਮਹਿੰਦਰ ਪਾਲ, ਕੁਲਵੀਰ ਕੌਰ, ਨਰਿੰਦਰ ਕੌਰ , ਦਲਵੀਰ ਕੌਰ, ਸਤਵੀਰ ਕੌਰ, ਬਖਸੋ, ਸਰਬਜੀਤ ਕੌਰ, ਅਵਤਾਰ ਕੌਰ, ਰਾਜ ਕੁਮਾਰੀ, ਮੀਨੂੰ, ਸੁਨੀਤਾ ਅਤੇ ਹੋਰ ਵੱਡੀ ਗਿਣਤੀ ਵਿੱਚ ਮਿਡ-ਡੇ-ਮੀਲ ਵਰਕਰ ਹਾਜ਼ਰ ਸਨ।

# ਲੋਕ ਉਸਾਰੂ ਨੀਤੀਆਂ ਕਾਰਨ 'ਆਪ' ਦੀ ਹੋਈ ਜਿੱਤ : ਕਰਮਜੀਤ ਕੌੜਾ

**ਸੁਲਤਾਨਪੁਰ ਲੋਧੀ, (ਬਲਵਿੰਦਰ ਸਿੰਘ ਧਾਲੀਵਾਲ )**-ਲੋਕ ਸਭਾ ਹਲਕਾ ਜਲੰਧਰ ਦੀ ਜ਼ਿਮਨੀ ਚੋਣ 'ਚ ਆਮ ਆਦਮੀ ਪਾਰਟੀ ਦੀ ਹੋਈ ਸ਼ਾਨਦਾਰ ਜਿੱਤ ਨੇ ਸਾਬਤ ਕਰ ਦਿੱਤਾ ਹੈ ਕਿ ਪੰਜਾਬ ਦੇ ਲੋਕ ਆਮ ਆਦਮੀ ਪਾਰਟੀ ਦੀ ਕਾਰਗੁਜ਼ਾਰੀ ਤੋਂ ਪੂਰੀ ਤਰ੍ਹਾਂ ਸੰਤੁਸ਼ਟ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਜ਼ਿਲ੍ਹਾ ਕਪੂਰਥਲਾ ਦੇ ਕਿਸਾਨ ਵਿੰਗ ਦੇ ਪ੍ਰਧਾਨ ਅਤੇ ਸੀਨੀਅਰ ਆਪ ਆਗੂ ਕਰਮਜੀਤ ਸਿੰਘ ਕੌੜਾ ਨੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਕੀਤਾ। ਇਸ ਮੌਕੇ ਕਰਮਜੀਤ ਸਿੰਘ ਕੌੜਾ ਵੱਲੋਂ ਨਵ-ਨਿਯੁਕਤ ਮੈਂਬਰ ਪਾਰਲੀਮੈਂਟ ਸੁਸ਼ੀਲ ਕੁਮਾਰ ਰਿੰਕੂ ਦੀ ਜਿੱਤ 'ਤੇ ਖ਼ੁਸ਼ੀ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਦੀ ਅਗਵਾਈ ਵਿਚ ਹੋਏ ਵਿਕਾਸ ਕਾਰਜਾਂ ਤੇ ਲੋਕ ਉਸਾਰੂ ਨੀਤੀਆਂ ਤੋਂ ਪੰਜਾਬ ਦੇ ਲੋਕ ਪੂਰੀ ਤਰ੍ਹਾਂ ਸੰਤੁਸ਼ਟ ਹਨ। ਇਸ ਮੌਕੇ ਅੰਗਰੇਜ ਸਿੰਘ, ਮਨਜੀਤ ਸਿੰਘ, ਵਰਿੰਦਰਜੀਤ ਬਾਓ, ਜਸਵਿੰਦਰ ਟੀਟਾ, ਓਮ ਪ੍ਰਕਾਸ ਧੀਰ, ਰਮਨ ਜੈਨ ਆਦਿ ਮੌਜੂਦ ਸਨ।

# ਮਾਂ ਦਿਵਸ ਧੂਮਧਾਮ ਨਾਲ ਮਨਾਇਆ



**ਫਗਵਾੜਾ (ਜਸਵਿੰਦਰ ਢੱਡਾ)** ਕ੍ਰਿਏਟਿਵ ਏਜ ਅਕੈਡਮੀ, ਹਦੀਆਬਾਦ ਰੋਡ, ਫਗਵਾੜਾ ਵੱਲੋਂ ਮਾਂ ਦਿਵਸ ਬੜੀ ਧੂਮ-ਧਾਮ ਨਾਲ ਮਨਾਇਆ ਗਿਆ, ਜਿਸ ਵਿਚ ਫਗਵਾੜਾ ਸ਼ਹਿਰ ਦੇ ਪ੍ਰਸਿੱਧ ਪਿਰਾਮਿਡ ਕਾਲਜ, ਜੀ ਟੀ ਰੋਡ ਫਗਵਾੜਾ ਦੇ ਆਡੀਟੋਰੀਅਮ ਵਿਖੇ ਇਕ ਟੈਲੇਂਟ ਸ਼ੋਅ ਦਾ ਆਯੋਜਨ ਕੀਤਾ ਗਿਆ। ਇਸ ਸਮਾਗਮ ਵਿਚ ਸਮਾਜ ਸੇਵਿਕਾ ਮੈਡਮ ਅਨੀਤਾ ਸੋਮ ਪ੍ਰਕਾਸ਼ ਕੈਂਥ, ਡਾਇਰੈਕਟਰ ਪਿਰਾਮਿਡ ਕਾਲਜ ਡਾ ਵਿਵੇਕ ਮਿੱਤਲ, ਮਿਸ ਪੀਟੀਸੀ ਪੰਜਾਬੀ ਮੈਡਮ ਜਸਪ੍ਰੀਤ ਕੌਰ, ਡਾ. ਕੀਰਤੀ ਮਹਾਜਨ, ਮੈਡਮ ਮੋਨਿਕਾ, ਮੈਡਮ ਸਰਬਜੀਤ ਕੌਰ, ਡੀਐਸਪੀ ਫਗਵਾੜਾ ਜਸਪ੍ਰੀਤ ਸਿੰਘ, ਐਸਐਚਓ ਫਗਵਾੜਾ ਅਮਨਦੀਪ ਨਾਹਰ, ਜਸਕਰਨ ਸਿੰਘ ਬੇਦੀ, ਟਿੰਮੀ ਨਾਗਪਾਲ, ਗਾਇਕ ਦੀਪ ਸੰਦੀਪ, ਗਾਇਕ ਜਿੰਮੀ ਗਰੇਵਾਲ, ਮੈਡਮ ਹਰਿੰਦਰ ਸੇਠੀ ਅਤੇ ਗੌਰਵ ਚੌਹਾਨ ਵਿਸੇਸ ਮਹਿਮਾਨ ਵਜੋਂ ਪਹੁੰਚੇ . ਪ੍ਰੋਗਰਾਮ ਦੀ ਸੁਰੂਆਤ ਮੁੱਖ ਮਹਿਮਾਨ ਵੱਲੋਂ ਰੀਬਨ ਕੱਟ ਕੇ ਕੀਤੀ ਗਈ। ਇਸ ਉਪਰੰਤ ਸੈਂਟਰ ਪ੍ਰਬੰਧਕ ਅਸੀਸ ਗਾਂਧੀ ਵਲੋਂ ਫੁੱਲਾਂ ਦੇ ਗੁਲਦਸਤੇ ਭੇਟ ਕਰਕੇ ਆਏ ਹੋਏ ਮਹਿਮਾਨਾਂ ਦਾ ਸਵਾਗਤ ਕੀਤਾ ਗਿਆ। ਬੱਚਿਆਂ ਨੇ ਆਪਣੇ ਡਾਂਸ, ਕਵਿਤਾਵਾਂ ਰਾਹੀਂ ਆਪਣੀ ਮਾਂ ਲਈ ਆਪਣੇ ਪਿਆਰ ਦਾ ਇਜਹਾਰ ਕੀਤਾ ਹੈ। ਜਾਗ੍ਰਿਤ ਖੰਨਾ ਨੇ ਆਪਣੀ ਮਾਂ ਰਸਮੀ ਖੰਨਾ ਨਾਲ ਮਿਲ ਕੇ ਮਾਂ ਦੇ ਪਿਆਰ ਨੂੰ ਦਰਸਾਉਂਦੀ ਕਵਿਤਾ ਦਾ ਗਾਇਨ ਕੀਤਾ। ਮੈਡਮ ਅਨੀਤਾ ਸੋਮ ਪ੍ਰਕਾਸ਼ ਨੇ ਅਤੇ ਹੋਰ ਮੁਖ ਮਹਿਮਾਨਾਂ ਨੇ ਅਕੈਡਮੀ ਵਲੋਂ ਕੀਤੇ ਇਸ ਪ੍ਰੋਗਰਾਮ ਦੀ ਸ਼ਲਾਘਾ ਕੀਤੀ। ਇਸ ਮੌਕੇ ਮੈਨੇਜਿੰਗ ਡਾਇਰੈਕਟਰ ਦੀਕਸ਼ਾ ਗਾਂਧੀ ਨੇ ਸਾਰਿਆਂ ਨੂੰ ਮਾਂ ਦਿਵਸ ਦੀ ਵਧਾਈ ਦਿੱਤੀ।

# ਰਿਆਤ ਬਾਹਰਾ ਡੈਂਟਲ ਕਾਲਜ ਤੇ ਹਸਪਤਾਲ ਵਿਖੇ ਵ੍ਹਾਈਟ ਕੋਟ ਸਮਾਰੋਹ

**ਕੁਰਾਲੀ, (ਮੋਹਨ ਅੱਗਰਵਾਲ ਜੋਗਾ)** :- ਰਿਆਤ ਬਾਹਰਾ ਡੈਂਟਲ ਕਾਲਜ ਅਤੇ ਹਸਪਤਾਲ ਵੱਲੋਂ ਡਾਕਟਰ ਐਸਐਸ ਗਿੱਲ, ਡੀਨ ਮੈਡੀਕਲ ਸਾਇੰਸਜ਼, ਆਰ ਬੀ ਡੀ ਸੀ ਐਚ ਦੇ ਪ੍ਰਿੰਸੀਪਲ ਡਾ. ਅਕਸ਼ੈ ਕੁਮਾਰ ਸ਼ਰਮਾ ਅਤੇ ਡਾ. ਨੀਨਾ ਮਹਿਤਾ, ਡੀਨ ਅਕਾਦਮਿਕ ਮਾਮਲੇ ਦੀ ਅਗਵਾਈ ਹੇਠ ਇੱਕ ਐਂਟੀ-ਰੈਗਿੰਗ ਓਰੀਐਂਟੇਸ਼ਨ ਪ੍ਰੋਗਰਾਮ ਅਤੇ ਵਾਈਟ ਕੋਟ ਸਮਾਰੋਹ ਦਾ ਆਯੋਜਨ ਕੀਤਾ ਗਿਆ।ਇਸ ਦੌਰਾਨ ਡਾ. ਸਚਿਨ ਦੇਵ ਮਹਿਤਾ ਨੇ ਸਮਾਗਮ ਦੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਅਤੇ ਮਾਹਿਰ ਭਾਸ਼ਣ ਦਿੱਤਾ। ਇਸ ਸਮਾਗਮ ਵਿੱਚ ਬੀ ਡੀ ਐਸ ਪਹਿਲੇ ਅਤੇ ਦੂਜੇ ਸਾਲ ਦੇ ਫੈਕਲਟੀ ਮੈਂਬਰਾਂ ਅਤੇ ਵਿਦਿਆਰਥੀਆਂ ਨੇ ਭਾਗ ਲਿਆ। ਵਾਈਟ ਕੋਟ ਦੀ ਰਸਮ ਤੋਂ ਬਾਅਦ ਐਂਟੀ ਰੈਗਿੰਗ ਲੈਕਚਰ ਕਰਵਾਇਆ ਗਿਆ।ਇਸ ਮੌਕੇ ਪਹਿਲੇ ਸਾਲ ਦੇ ਬੈਚ ਨੇ ਦੰਦਾਂ ਦੇ ਡਾਕਟਰ ਵਜੋਂ ਸਹੁੰ ਚੁੱਕੀ ਅਤੇ ਆਪਣੇ ਕਿੱਤੇ ਪ੍ਰਤੀ ਸਮਰਪਿਤ ਰਹਿਣ ਦਾ ਪ੍ਰਣ ਲਿਆ। ਦੂਜੇ ਸਾਲ ਦੇ ਵਿਦਿਆਰਥੀਆਂ ਅਤੇ ਪਹਿਲੇ ਸਾਲ ਦੇ ਵਿਦਿਆਰਥੀਆਂ ਨੇ ਰੈਗਿੰਗ ਦੇ ਮਾੜੇ ਪ੍ਰਭਾਵਾਂ ਅਤੇ ਇਸ ਪ੍ਰਥਾ ਦੇ ਵਿਰੁੱਧ ਖੜ੍ਹੇ ਹੋਣ ਦੀ ਮਹੱਤਤਾ ਨੂੰ ਦਰਸਾਉਂਦਾ ਇੱਕ ਨਾਟਕ ਪੇਸ਼ ਕੀਤਾ।ਪ੍ਰੋਗਰਾਮ ਦੇ ਅੰਤ ਵਿੱਚ ਪਹਿਲੇ ਸਾਲ ਦੇ ਵਿਦਿਆਰਥੀਆਂ ਵੱਲੋਂ ਹੌਸਲੇ ਬੁਲੰਦ ਰੱਖਣ ਅਤੇ ਆਪਣੀ ਪ੍ਰਤਿਭਾ ਨੂੰ ਦਰਸ਼ਕਾਂ ਸਾਹਮਣੇ ਪੇਸ਼ ਕਰਨ ਲਈ ਇਕ ਸੱਭਿਆਚਾਰਕ ਪ੍ਰੋਗਰਾਮ ਵੀ ਪੇਸ਼ ਕੀਤਾ ਗਿਆ।




# ਉਰਦੂ ਆਮੋਜ ਦੀ ਸਿਖਲਾਈ ਪਹਿਲੀ ਜੁਲਾਈ ਤੋਂ

**ਐਸ. ਏ. ਐਸ. ਨਗਰ, ( ਗੁਰਜੀਤ ਬਿੱਲਾ )**-ਪੰਜਾਬ ਭਾਸ਼ਾ ਵਿਭਾਗ ਵੱਲੋਂ ਮੋਹਾਲੀ ਵਿਖੇ ਉਰਦੂ ਆਮੋਜ ਦੀ ਸਿਖਲਾਈ ਪਹਿਲੀ ਜੁਲਾਈ ਤੋਂ ਦੇਣ ਦਾ ਫੈਸਲਾ ਕੀਤਾ ਹੈ। ਇਸ ਦੀ ਜਾਣਕਾਰੀ ਦਿੰਦੇ ਹੋਏ ਭਾਸ਼ਾ ਵਿਭਾਗ ਦੇ ਇੱਕ ਬੁਲਾਰੇ ਨੇ ਦੱਸਿਆ ਕਿ ਭਾਸ਼ਾ ਵਿਭਾਗ, ਪੰਜਾਬ ਵਲੋਂ ਪੰਜਾਬੀ ਮਾਂ-ਬੋਲੀ ਲਈ ਜਿੱਥੇ ਸਾਹਿਤਕ ਗਤੀਵਿਧੀਆਂ ਕੀਤੀਆਂ ਜਾਂਦੀਆਂ ਹਨ, ਉੱਥੇ ਭਾਸ਼ਾਵਾਂ ਦੇ ਵਿਕਾਸ ਲਈ ਯਤਨ ਕੀਤੇ ਜਾ ਰਹੇ ਹਨ। ਵਿਭਾਗ ਨੂੰ ਉਰਦੂ ਸਿਖਲਾਈ ਸ਼ੁਰੂ ਕਰਨ ਲਈ ਵੀ ਬਹੁਤ ਸਾਰੇ ਸੁਝਾਅ ਮਿਲੇ ਸਨ। ਇਸ ਸੰਬਧੀ ਡਾਇਰੈਕਟਰ ਭਾਸ਼ਾ ਵਿਭਾਗ, ਪੰਜਾਬ ਵਲੋਂ ਦਫਤਰ ਜ਼ਿਲ੍ਹਾ ਭਾਸ਼ਾ ਅਫਸਰ ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਮੋਹਾਲੀ) ਵਿਖੇ ਇਸ ਸਾਲ ਪਹਿਲੀ ਜੁਲਾਈ ਤੋਂ ਉਰਦੂ ਆਮੋਜ ਸਿਖਲਾਈ ਕੇਂਦਰ ਸਥਾਪਤ ਕਰਨ ਦੀ ਪ੍ਰਵਾਨਗੀ ਦਿੱਤੀ ਗਈ ਹੈ। ਬੁਲਾਰੇ ਅਨੁਸਾਰ ਪਹਿਲੀ ਜੁਲਾਈ ਤੋਂ ਰੋਜਾਨਾ ਇੱਕ ਘੰਟੇ ਦੀ ਉਰਦੂ ਆਮੋਜ ਸਿਖਲਾਈ ਲਈ ਜਮਾਤ ਸੁਰੂ ਕੀਤੀ ਜਾ ਰਹੀ ਹੈ। ਉਰਦੂ ਆਮੋਜ ਦੀ ਸਿਖਲਾਈ ਲੈਣ ਦੇ ਚਾਹਵਾਨ ਉਮੀਦਵਾਰਾਂ ਤੋਂ ਯਕਮੁਸ਼ਤ 1000/- ਰੁਪਏ ਦਾਖਲਾ ਅਤੇ ਪ੍ਰੀਖਿਆ ਫੀਸ ਨਿਸ਼ਚਿਤ ਕੀਤੀ ਗਈ ਹੈ।

ਇਸ ਵਿਚ ਸਰਕਾਰੀ ਅਧਿਕਾਰੀ ਅਤੇ ਕਰਮਚਾਰੀ ਵੀ ਉਰਦੂ ਆਮੋਜ ਦੀ ਸਿਖਲਾਈ ਲੈਣ ਸਕਣਗੇ। ਇਸ ਬਾਰੇ ਬੇਨਤੀ ਪੱਤਰ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਕਮਰਾ ਨੰ: 520, ਚੌਥੀ ਮੰਜ਼ਲ, ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਮੋਹਾਲੀ) ਵਿਖੇ 25 ਜੂਨ ਤੱਕ ਦਸਤੀ ਜਮ੍ਹਾਂ ਕਰਵਾ ਸਕਦੇ ਹਨ।

# ਨਹਿਰਾਂ 'ਚ ਪਾਣੀ ਛੱਡਣ ਦਾ ਪ੍ਰੋਗਰਾਮ ਜਾਰੀ

**ਚੰਡੀਗੜ੍ਹ, (ਗੁਰਜੀਤ ਬਿੱਲਾ)**—ਸਾਉਣੀ ਦੇ ਮੌਸਮ ਲਈ ਨਹਿਰੀ ਪ੍ਰੋਗਰਾਮ ਦਾ ਐਲਾਨ ਕਰਦਿਆਂ ਜਲ ਸਰੋਤ ਵਿਭਾਗ, ਪੰਜਾਬ ਦੇ ਬੁਲਾਰੇ ਨੇ ਦੱਸਿਆ ਕਿ 15 ਤੋਂ 22 ਮਈ 2023 ਤੱਕ ਸਰਹਿੰਦ ਕੈਨਾਲ ਸਿਸਟਮ ਜਿਵੇਂ ਕਿ ਬਿਸਤ ਦੁਆਬ ਕੈਨਾਲ, ਸਿੱਧਵਾਂ ਬਰਾਂਚ, ਬਠਿੰਡਾ ਬ੍ਰਾਂਚ, ਪਟਿਆਲਾ ਫੀਡਰ ਅਤੇ ਅਬੋਹਰ ਬ੍ਰਾਂਚ ਕ੍ਰਮਵਾਰ ਪਹਿਲੀ, ਦੂਜੀ, ਤੀਜੀ, ਚੌਥੀ ਅਤੇ ਪੰਜਵੀਂ ਤਰਜੀਹ ਦੇ ਆਧਾਰ 'ਤੇ ਚੱਲਣਗੀਆਂ। ਭਾਖੜਾ ਮੇਨ ਲਾਈਨ ਵਿਚੋਂ ਨਿਕਲਦੀਆਂ ਨਹਿਰਾਂ ਜੋ ਕਿ ਗਰੁੱਪ 'ਏ' ਵਿੱਚ ਹੈ, ਨੂੰ ਪਹਿਲੀ ਤਰਜੀਹ ਦੇ ਆਧਾਰ 'ਤੇ ਪੂਰਾ ਪਾਣੀ ਮਿਲੇਗਾ। ਘੱਗਰ ਲਿੰਕ ਅਤੇ ਇਸ ਵਿਚੋਂ ਨਿਕਲਦੀ ਘੱਗਰ ਬ੍ਰਾਂਚ ਅਤੇ ਪੀ.ਐਨ.ਸ਼ੀ. ਜੋ ਗਰੁੱਪ 'ਬੀ' ਵਿੱਚ ਹਨ, ਨੂੰ ਦੂਜੀ ਤਰਜੀਹ ਦੇ ਅਧਾਰ 'ਤੇ ਬਾਕੀ ਬਚਦਾ ਪਾਣੀ ਮਿਲੇਗਾ। ਜਲ ਸਰੋਤ ਵਿਭਾਗ ਦੇ ਬੁਲਾਰੇ ਨੇ ਇਹ ਵੀ ਦੱਸਿਆ ਕਿ ਸਰਹੰਦ ਫੀਡਰ ਵਿਚੋਂ ਨਿਕਲਦੇ ਸਾਰੇ ਰਜਬਾਹੇ ਜਿਹੜੇ ਕਿ ਗਰੁੱਪ 'ਏ' ਵਿੱਚ ਹਨ, ਨੂੰ ਪਹਿਲੀ ਤਰਜੀਹ ਦੇ ਆਧਾਰ 'ਤੇ ਪੂਰਾ ਪਾਣੀ ਮਿਲੇਗਾ। ਸਰਹੰਦ ਫੀਡਰ ਵਿਚੋਂ ਨਿਕਲਦੀ ਅਬੋਹਰ ਬ੍ਰਾਂਚ ਲੋਅਰ ਅਤੇ ਇਸ ਦੇ ਰਜਬਾਹੇ ਜੋ ਕਿ ਗਰੁੱਪ 'ਬੀ' ਵਿੱਚ ਹੈ, ਨੂੰ ਦੂਜੀ ਤਰਜੀਹ ਦੇ ਆਧਾਰ 'ਤੇ ਬਾਕੀ ਬਚਦਾ ਪਾਣੀ ਮਿਲੇਗਾ। ਅੱਪਰ ਬਾਰੀ ਦੁਆਬ ਕੈਨਾਲ ਵਿਚੋਂ ਨਿਕਲਦੀ ਮੇਨ ਬ੍ਰਾਂਚ ਲੋਅਰ ਅਤੇ ਇਸ ਦੇ ਰਜਬਾਹਿਆਂ ਨੂੰ ਪਹਿਲੀ ਤਰਜੀਹ ਦੇ ਆਧਾਰ 'ਤੇ ਪੂਰਾ ਪਾਣੀ ਮਿਲੇਗਾ। ਲਾਹੌਰ ਬ੍ਰਾਂਚ, ਕਸੂਰ ਬ੍ਰਾਂਚ, ਸਭਰਾਉ ਬ੍ਰਾਂਚ ਅਤੇ ਇਹਨਾਂ ਦੇ ਰਜਬਾਹਿਆਂ ਨੂੰ ਕ੍ਰਮਵਾਰ ਬਾਕੀ ਬਚਦਾ ਪਾਣੀ ਮਿਲੇਗਾ।

# ਸੰਗੀਤ ਤੇ ਰੰਗਮੰਚ ਨਾਲ ਸੰਬੰਧਤ 6 ਰੋਜ਼ਾ ਵਰਕਸ਼ਾਪ ਭਲਕ ਤੋਂ

**ਕਪੂਰਥਲਾ (ਬਲਵਿੰਦਰ ਸਿੰਘ ਧਾਲੀਵਾਲ)**-ਜ਼ਿਲ੍ਹਾ ਭਾਸ਼ਾ ਵਿਭਾਗ ਕਪੂਰਥਲਾ ਦੇ ਸਹਿਯੋਗ ਨਾਲ ਇੰਡੀਅਨ ਪੀਪਲਜ਼ ਥੀਏਟਰ ਐਸੋਸੀਏਸ਼ਨ (ਇਪਟਾ) ਪੰਜਾਬ, ਜ਼ਿਲ੍ਹਾ ਕਪੂਰਥਲਾ ਵਲੋਂ ਗੁਰੂ ਨਾਨਕ ਜ਼ਿਲ੍ਹਾ ਲਾਇਬ੍ਰੇਰੀ ਨੇੜੇ ਪੁਰਾਣੀ ਕਚਿਹਰੀ ਕਪੂਰਥਲਾ ਵਿਖੇ ਸੰਗੀਤ ਅਤੇ ਰੰਗਮੰਚ ਨਾਲ ਸਬੰਧਤ 6 ਰੋਜ਼ਾ ਵਰਕਸ਼ਾਪ ਮਿਤੀ 19 ਮਈ ਤੋਂ 24 ਮਈ ਤੱਕ ਸਵੇਰੇ 10.00 ਤੋਂ 01.00 ਵਜੇ ਦੁਪਹਿਰ ਤੱਕ ਅਤੇ ਸ਼ਾਮ 04.00 ਤੋਂ 07.00 ਵਜੇ ਤੱਕ ਲਗਾਈ ਜਾ ਰਹੀ ਹੈ। ਇਪਟਾ ਕਪੂਰਥਲਾ ਦੇ ਪ੍ਰਧਾਨ ਡਾ. ਹਰਭਜਨ ਸਿੰਘ ਅਤੇ ਜ਼ਿਲ੍ਹਾ ਭਾਸ਼ਾ ਅਫ਼ਸਰ ਕਪੂਰਥਲਾ ਸ਼੍ਰੀਮਤੀ ਜਸਪ੍ਰੀਤ ਕੌਰ ਨੇ ਦੱਸਿਆ ਕਿ ਇਸ ਵਰਕਸ਼ਾਪ ਵਿੱਚ ਸੰਗੀਤ, ਨਾਟਕ, ਡਾਂਸ ਆਦਿ ਖੇਤਰ ਨਾਲ ਸੰਬੰਧਿਤ ਮਾਹਿਰਾਂ ਨੂੰ ਵਿਸ਼ੇਸ਼ ਤੌਰ 'ਤੇ ਬੁਲਾਇਆ ਜਾ ਰਿਹਾ ਹੈ, ਜੋ ਕਿ ਸੰਗੀਤ, ਨਾਟਕ, ਡਾਂਸ ਆਦਿ ਦੀਆਂ ਤਕਨੀਕਾਂ ਬਾਰੇ ਵੱਡਮੁੱਲੀ ਜਾਣਕਾਰੀ ਦੇ ਨਾਲ-ਨਾਲ ਤਿਆਰੀ ਵੀ ਕਰਵਾਉਣਗੇ। ਉਨ੍ਹਾ ਵਲੋਂ ਦੱਸਿਆ ਗਿਆ ਕਿ ਇਸ ਵਰਕਸ਼ਾਪ ਵਿੱਚ ਭਾਗ ਲੈਣ ਵਾਲੇ ਵਿਦਿਆਰਥੀਆਂ ਅਤੇ ਐਕਟੀਵਿਟੀ ਇੰਚਾਰਜ਼ਾਂ ਨੂੰ ਭਾਸ਼ਾ ਵਿਭਾਗ ਅਤੇ ਇਪਟਾ ਕਪੂਰਥਲਾ ਵਲੋਂ ਸਰਟੀਫਿਕੇਟ ਦੇ ਕੇ ਸਨਮਾਨਿਤ ਵੀ ਕੀਤਾ ਜਾਵੇਗਾ।

ਇਸ ਮੌਕੇ ਡਾ. ਹਰਭਜਨ ਸਿੰਘ ਨੇ ਦੱਸਿਆਂ ਕਿ ਰੰਗਮੰਚ ਇੱਕ ਅਜਿਹੀ ਕਲਾ ਹੈ ਜਿਸ ਨੂੰ ਗ੍ਰਹਿਣ ਕਰਕੇ ਅਸੀਂ ਬਹੁਤ ਵੱਡੇ ਮੁਕਾਮ ਤੇ ਪਹੁੰਚ ਸਕਦੇ ਹਾਂ ਅਤੇ ਕਿਹਾ ਕਿ ਵਾਲੀਵੁੱਡ ਸਟਾਰ ਰੰਗਮੰਚ ਦੀ ਕਲਾ ਵਿੱਚ ਭਰਪੂਰ ਤੇ ਮਾਹਿਰ ਹੋਣ ਸਦਕਾ ਹੀ ਪੂਰੀ ਦੁਨੀਆਂ ਵਿੱਚ ਛਾਏ ਹੋਏ ਹਨ। ਜ਼ਿਲ੍ਹਾ ਭਾਸ਼ਾ ਅਫ਼ਸਰ ਕਪੂਰਥਲਾ ਅਤੇ ਪ੍ਰਧਾਨ ਇਪਟਾ ਕਪੂਰਥਲਾ ਵਲੋਂ ਜ਼ਿਲ੍ਹੇ ਦੇ ਸਾਰੇ ਵਿਦਿਅਕ ਅਦਾਰੇ ਸਕੂਲਾਂ/ਕਾਲਜਾਂ ਨੂੰ ਅਪੀਲ ਕੀਤੀ ਹੈ ਕਿ ਇਸ 6 ਰੋਜ਼ਾ ਵਰਕਸ਼ਾਪ ਵਿੱਚ ਵਿਦਿਆਰਥੀਆਂ ਦੀ ਫ਼ਰੀ ਰਜਿਸਟ੍ਰੇਸ਼ਨ ਕਰਵਾ ਕੇ ਚਾਹਵਾਨ ਵਿਦਿਆਰਥੀਆਂ ਨੂੰ ਵਰਕਸ਼ਾਪ ਵਿੱਚ ਭਾਗ ਦਵਾਇਆ ਜਾਵੇ। ਰਜਿਸਟ੍ਰੇਸ਼ਨ ਕਰਵਾਉਣ ਸਬੰਧੀ ਵਧੇਰੇ ਜਾਣਕਾਰੀ ਲਈ ਇਪਟਾ ਕਪੂਰਥਲਾ ਦੇ ਜਨਰਲ ਸਕੱਤਰ ਦੀਪਕ ਕੁਮਾਰ ਮੋਬਾਇਲ ਨੰ:86995-20086 'ਤੇ ਸੰਪਰਕ ਕੀਤਾ ਜਾ ਸਕਦਾ ਹੈ।

# ਡਾ. ਨਵਸ਼ਰਨ ਨੂੰ ਪੁੱਛਗਿੱਛ ਬਹਾਨੇ ਤੰਗ ਪ੍ਰੇਸ਼ਾਨ ਕਰਨ ਦੀ ਜੀ ਟੀ ਯੂ ਵੱਲੋਂ ਸਖਤ ਨਿਖੇਧੀ



ਫਿਲੌਰ (ਨਿਰਮਲ, ਬੀ ਐਸ ਕੈਨੇਡੀ)- ਗੌਰਮਿੰਟ ਟੀਚਰਜ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਚਾਹਲ, ਜਨਰਲ ਸਕੱਤਰ ਗੁਰਬਿੰਦਰ ਸਿੰਘ ਸਸਕੌਰ, ਵਿੱਤ ਸਕੱਤਰ ਪ੍ਰਿੰਸੀਪਲ ਅਮਨਦੀਪ ਸ਼ਰਮਾ ਅਤੇ ਪ੍ਰੈਸ ਸਕੱਤਰ ਸੁਰਜੀਤ ਸਿੰਘ ਮੋਹਾਲੀ ਜਿਲਾ ਜਲੰਧਰ ਦੇ ਪ੍ਰਧਾਨ ਕਰਨੈਲ ਫਿਲੌਰ ਨੇ ਮੋਦੀ ਸਰਕਾਰ ਵੱਲੋਂ ਡਾ. ਨਵਸ਼ਰਨ ਨੂੰ ਪੁੱਛਗਿੱਛ ਬਹਾਨੇ ਤੰਗ ਕਰਨ ਦੀ ਸਖਤ ਨਿਖੇਧੀ ਕੀਤੀ ਹੈ। ਇਸ ਸਮੇਂ ਆਗੂਆਂ ਨੇ ਮੋਦੀ ਸਰਕਾਰ ਦੀ ਹੱਥ-ਠੋਕੀ ਏਜੰਸੀ ਈ.ਡੀ. ਵੱਲੋਂ ਜਮਹੂਰੀ ਹੱਕ ਕਾਰਕੁੰਨ ਡਾ. ਨਵਸ਼ਰਨ ਕੌਰ ਨੂੰ ਸਾਜਿਸ਼ ਤਹਿਤ ਤੰਗ ਕਰਨ ਦੀ ਨਿਖੇਧੀ ਕੀਤੀ ਹੈ। ਜੱਥੇਬੰਦੀ ਵੱਲੋਂ ਬਿਆਨ ਜਾਰੀ ਕਰਦੇ ਹੋਏ ਜੱਥੇਬੰਦੀਆਂ ਦੇ ਆਗੂਆਂ ਨੇ ਕਿਹਾ ਕਿ ਡਾ. ਨਵਸ਼ਰਨ ਨੂੰ ਪੀ.ਐਮ.ਐਲ.ਏ. ਕਾਨੂੰਨ ਤਹਿਤ ਸੰਮਨ ਭੇਜੇ ਗਏ ਹਨ, ਅੱਠ ਘੰਟੇ ਲੰਮੀ ਪੁੱਛ-ਪੜਤਾਲ ਕੀਤੀ ਗਈ ਹੈ ਅਤੇ ਖੱਜਲ-ਖੁਆਰ ਕੀਤਾ ਗਿਆ ਹੈ, ਧਮਕਾਇਆ ਗਿਆ ਹੈ। ਇਸਦਾ ਸਾਫ-ਸਪੱਸ਼ਟ ਮਕਸਦ ਉਹਨਾਂ ਦੀ ਲੋਕ ਹੱਕਾਂ ਲਈ ਉੱਠਣ ਵਾਲ਼ੀ ਅਵਾਜ ਨੂੰ ਬੰਦ ਕਰਾਉਣਾ ਹੈ।

ਡਾ. ਨਵਸ਼ਰਨ ਦੋ ਦਹਾਕਿਆਂ ਤੋਂ ਜਮਹੂਰੀ ਹੱਕਾਂ ਦੀ ਲਹਿਰ ਵਿੱਚ ਸਰਗਰਮ ਹਨ। ਉਹ ਨਿਡਰ ਹੋ ਕੇ ਵੱਖ-ਵੱਖ ਹਕੂਮਤਾਂ ਵੱਲੋਂ ਲੋਕਾਂ ਦੇ ਜਮਹੂਰੀ ਹੱਕਾਂ ਨੂੰ ਕੁਚਲਣ ਖਿਲਾਫ ਬੋਲਦੇ ਰਹੇ ਹਨ। ਉਨ੍ਹਾਂ ਮੋਦੀ ਹਕੂਮਤ ਦੀਆਂ ਲੋਕ ਦੋਖੀ ਨੀਤੀਆਂ ਖਿਲਾਫ ਵੀ ਲਗਾਤਾਰ ਅਵਾਜ ਬੁਲੰਦ ਕੀਤੀ ਹੈ। ਲੋਕ ਪੱਖ ਵਿੱਚ ਉੱਠਦੀ ਇਸ ਅਵਾਜ ਤੋਂ ਮੋਦੀ ਸਰਕਾਰ ਡਰ ਗਈ ਹੈ। ਇਸੇ ਲਈ ਡਾ. ਨਵਸ਼ਰਨ ਨੂੰ ਚੁੱਪ ਕਰਾਉਣ ਲਈ ਇਹ ਘਟੀਆ ਪੱਧਰ ਦੀ ਕਾਰਵਾਈ ਮੋਦੀ ਹਕੂਮਤ ਨੇ ਕੀਤੀ ਹੈ। ਜੱਥੇਬੰਦੀਆਂ ਨੇ ਮੰਗ ਕੀਤੀ ਹੈ ਕਿ ਮੋਦੀ ਸਰਕਾਰ ਡਾ. ਨਵਸ਼ਰਨ ਨੂੰ ਤੰਗ-ਪ੍ਰੇਸ਼ਾਨ ਕਰਨਾ ਬੰਦ ਕਰੇ। ਇਸ ਸਮੇਂ ਤੀਰਥ ਸਿੰਘ ਬਾਸੀ, ਕੁਲਦੀਪ ਸਿੰਘ ਦੌੜਕਾ, ਮੰਗਲ ਟਾਂਡਾ, ਮਨੋਹਰ ਲਾਲ ਸ਼ਰਮਾਂ, ਗੁਰਦੀਪ ਬਾਜਵਾ,ਬਲਵਿੰਦਰ ਸਿੰਘ ਭੁੱਟੋ, ਕੁਲਦੀਪ ਸਿੰਘ ਪੂਰੋਵਾਲ, ਗੁਰਪ੍ਰੀਤ ਅੰਮੀਵਾਲ, ਜੱਜਪਾਲ ਬਾਜੇਕੇ, ਹਰਿੰਦਰ ਬਰਨਾਲਾ, ਗੁਰਦਾਸ ਮਾਨਸਾ, ਸੁਭਾਸ਼ ਪਠਾਨਕੋਟ, ਸੁਖਚੈਨ ਕਪੂਰਥਲਾ, ਬੋਧ ਰਾਜ, ਪ੍ਰਭਜੀਤ ਸਿੰਘ ਰਸੂਲਪੁਰ, ਦੇਵੀ ਦਿਆਲ, ਸਤਵੰਤ ਸਿੰਘ, ਪੁਸ਼ਪਿੰਦਰ ਹਰਪਾਲਪੁਰ, ਜਗਜੀਤ ਸਿੰਘ ਮਾਨ, ਸੁੱਚਾ ਸਿੰਘ, ਪਰਮਜੀਤ ਸਿੰਘ ਸ਼ੇਰੇਵਾਲ, ਦਿਲਦਾਰ ਸਿੰਘ ਭੰਡਾਲ਼, ਮਨਜੀਤ ਬਰਾੜ, ਸਰਬਜੀਤ ਬਰਾੜ, ਰਵਿੰਦਰ ਸਿੰਘ ਪੱਪੀ, ਨਰਿੰਦਰ ਸਿੰਘ, ਦਿਲਬਾਗ ਸਿੰਘ ਆਦਿ ਹਾਜ਼ਰ ਸਨ।

# ਮਾਲਕੀ ਜ਼ਮੀਨ ਵਾਲੇ ਕਿਸਾਨਾਂ ਨੂੰ ਨੋਟਿਸ ਜਾਰੀ ਕਰਨ ਦੀ ਸੰਯੁਕਤ ਕਿਸਾਨ ਮੋਰਚੇ ਵੱਲੋਂ ਨਿੰਦਾ




**ਸੁਲਤਾਨ ਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ, ਰਾਜਵੀਰ ਸਿੰਘ)**-ਪਿੰਡ ਨੂਰੋਵਾਲ ਦੇ ਕਿਸਾਨਾਂ ਸਮੇਤ ਇਲਾਕੇ ਦੇ ਕੁਝ ਹੋਰ ਕਿਸਾਨਾਂ ਨੇ ਦਰਿਆ ਬਿਆਸ ਦੇ ਕੰਢੇ ਬੇਚਿਰਾਗ ਪਿੰਡ ਸ਼ੇਰਪੁਰ ਡੋਗਰਾ, ਸਬਦਲਪੁਰ ਦੀ ਸ਼ਾਮਲਾਤ ਜ਼ਮੀਨ ਨੂੰ ਸੰਨ 1960 ਤੋਂ ਅਬਾਦ ਕਰਕੇ ਇਸ ਨੂੰ ਵਾਹੀਯੋਗ ਬਣਾਇਆ ਤੇ 1980 ਵਿਚ ਉਸ ਸਮੇਂ ਦੀ ਸਰਕਾਰ ਨੇ ਕਾਸ਼ਤਕਾਰ ਕਿਸਾਨਾਂ ਕੋਲੋਂ ਕਿਸ਼ਤ ਰਾਹੀਂ ਪੈਸੇ ਲੈ ਕੇ ਉਨ੍ਹਾਂ ਨੂੰ ਮਾਲਕ ਬਣਾਇਆ,ਪਰ ਮੌਜੂਦਾ ਸਰਕਾਰ ਇਸ ਨੂੰ ਪੰਚਾਇਤ ਦੀ ਜ਼ਮੀਨ ਦੱਸ ਕੇ ਕਿਸਾਨਾਂ ਨੂੰ ਨੋਟਿਸ ਜਾਰੀ ਕਰ ਰਹੀ ਹੈ ਜਿਸ ਦੀ ਸੰਯੁਕਤ ਕਿਸਾਨ ਮੋਰਚਾ ਸੁਲਤਾਨਪੁਰ ਲੋਧੀ ਦੀਆਂ ਕਿਸਾਨ ਜਥੇਬੰਦੀਆਂ ਨਿੰਦਾ ਕੀਤੀ। ਇਸ ਮੌਕੇ ਕਿਰਤੀ ਕਿਸਾਨ ਯੂਨੀਅਨ ਪੰਜਾਬ ਦੇ ਸੂਬਾ ਜਨਰਲ ਸਕੱਤਰ ਰਸ਼ਪਾਲ ਸਿੰਘ ਨੇ ਦੱਸਿਆ ਕਿ ਇਨ੍ਹਾਂ ਕਿਸਾਨਾਂ ਨੇ ਕਈ ਵਾਰ ਇਹ ਜ਼ਮੀਨਾਂ ਅਬਾਦ ਕੀਤੀਆਂ ਤੇ ਕਈ ਵਾਰ ਦਰਿਆ ਬਿਆਸ ਇਨ੍ਹਾਂ ਜ਼ਮੀਨਾਂ ਨੂੰ ਬਰਬਾਦ ਕਰਕੇ ਗਿਆ ਹੈ। ਉਨ੍ਹਾ ਦੱਸਿਆ ਕਿ ਇਨ੍ਹਾਂ ਜ਼ਮੀਨਾਂ ਦੇ ਇੰਤਕਾਲ ਵੀ ਕਿਸਾਨਾਂ ਦੇ ਨਾਂਅ ਹਨ, ਪਰ ਅਫਸਰਸ਼ਾਹੀ ਬਿਨਾਂ ਮਤਲਬ ਇਨ੍ਹਾਂ ਕਿਸਾਨਾਂ ਨੂੰ ਨੋਟਿਸ ਜਾਰੀ ਕਰਕੇ ਕਹਿ ਰਹੀ ਹੈ ਕਿ ਉਹ ਪੈਸੇ ਜਮ੍ਹਾਂ ਕਰਵਾਉਣ ਨਹੀਂ ਤਾਂ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ । ਉਨ੍ਹਾ ਚਿਤਾਵਨੀ ਦਿੱਤੀ ਕਿ ਸੰਯੁਕਤ ਕਿਸਾਨ ਮੋਰਚਾ ਇਨ੍ਹਾਂ ਕਿਸਾਨਾਂ ਦੇ ਨਾਲ ਹੈ, ਜੇਕਰ ਇਨ੍ਹਾਂ ਕਿਸਾਨਾਂ ਨੂੰ ਬਿਨਾਂ ਮਤਲਬ ਤੰਗ ਪ੍ਰੇਸ਼ਾਨ ਕੀਤਾ ਗਿਆ ਤਾਂ ਉਹ ਡਟ ਕੇ ਵਿਰੋਧ ਕਰਨਗੇ । ਇਸ ਮੌਕੇ ਸੂਬਾ ਮੀਤ ਪ੍ਰਧਾਨ ਕਿਰਤੀ ਕਿਸਾਨ ਯੂਨੀਅਨ ਪੰਜਾਬ ਰਘਬੀਰ ਸਿੰਘ ਮਹਿਰਵਾਲ, ਹੁਕਮ ਸਿੰਘ ਨੂਰੋਵਾਲ, ਜਸਵਿੰਦਰ ਸਿੰਘ ਬਲਾਕ ਪ੍ਰਧਾਨ, ਰੇਸ਼ਮ ਸਿੰਘ, ਫੌਜਾ ਸਿੰਘ ਖਿਜਰਪੁਰ, ਗਿਆਨ ਸਿੰਘ, ਮਲਕੀਤ ਸਿੰਘ ਐਡਵੋਕੇਟ, ਗੁਰਦਿਆਲ ਸਿੰਘ, ਮਲਕੀਤ ਸਿੰਘ ਮੀਰੇ, ਕੁਲਦੀਪ ਸਿੰਘ ਡਿਪਟੀ, ਬਲਵਿੰਦਰ ਸਿੰਘ ਬਾਜਵਾ, ਜੀਤ ਸਿੰਘ, ਗੁਪਾਲ ਸਿੰਘ ਤਲਵੰਡੀ ਚੌਧਰੀਆਂ, ਗਿਆਨ ਸਿੰਘ, ਮਹਿੰਦਰ ਸਿੰਘ ਮੋਖੇ, ਪਰਸਨ ਲਾਲ ਭੋਲਾ, ਪਲਵਿੰਦਰ ਸਿੰਘ, ਸਰਵਣ ਸਿੰਘ ਭੌਰ , ਅਮਰਜੀਤ ਸਿੰਘ, ਸੁਖਵਿੰਦਰ ਸਿੰਘ, ਸੁਖਦੇਵ ਸਿੰਘ, ਕੁਲਦੀਪ ਸਿੰਘ , ਚਰਨਜੀਤ ਸਿੰਘ, ਰਾਮਦੂਰ ਸਿੰਘ ,ਕਮਲੇਡ ਕੁਲਵੰਤ ਸਿੰਘ, ਹਰਬੰਸ ਸਿੰਘ ਮੱਟੂ ,ਰਣਜੀਤ ਸਿੰਘ ਰਾਣਾ, ਦਿਆਲ ਸਿੰਘ, ਮਦਨ ਲਾਲ ਕੰਡਾ ,ਸੁਰਜੀਤ ਸਿੰਘ ਟਿੱਬਾ, ਜਸਬੀਰ ਸਿੰਘ,ਨਿਰਮਲ ਸਿੰਘ ਸੇਰਪੁਰ ਸੱਧਾ ਪੇਂਡੂ ਮਜ਼ਦੂਰ ਯੂਨੀਅਨ, ਦਿਆਲ ਸਿੰਘ ਦੀਪੇਵਾਲ, ਨਵਦੀਪ ਸਿੰਘ, ਜੋਗਿੰਦਰ ਸਿੰਘ ਜੋਸ, ਸੁਰਜੀਤ ਸਿੰਘ ਠੱਟਾ, ਨੰਬਰਦਾਰ ਹਰਵੰਤ ਸਿੰਘ ਮੋਠਾਂਵਾਲਾ, ਪਰਮਜੀਤ ਸਿੰਘ ਆਦਿ ਹਾਜ਼ਰ ਸਨ।

18-MAY-PAGE-10.qxd 5/17/2023 10:40 PM Page 1



# ਆਬਾਦਕਾਰ ਕਿਸਾਨਾਂ ਦੇ ਹੱਕ 'ਚ ਡਟੀਆਂ ਕਿਸਾਨ ਜਥੇਬੰਦੀਆਂ

**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਪਿੰਡ ਅਰਨੋਂ ਦੇ ਆਬਾਦਕਾਰ ਕਿਸਾਨਾਂ ਤੋਂ ਕਬਜ਼ਾ ਛੁਡਵਾਉਣ ਦੀ ਚੱਲ ਰਹੀ ਪ੍ਰਸ਼ਾਸਨਿਕ ਕਾਰਵਾਈ ਦੇ ਚੱਲਦਿਆਂ ਸੰਯੁਕਤ ਮੋਰਚੇ ਦੀ ਅਗਵਾਈ



ਵਿੱਚ ਕਿਸਾਨ ਜਥੇਬੰਦੀਆਂ ਅਬਾਦਕਾਰ ਕਿਸਾਨਾਂ ਦੇ ਹੱਕ ਵਿੱਚ ਡਟ ਗਈਆਂ ਹਨ। ਪ੍ਰਸ਼ਾਸਨ ਵੱਲੋਂ ਕਬਜ਼ਾ ਛੁਡਵਾਉਣ ਲਈ ਤਹਿ ਕੀਤੀ ਗਈ ਤਰੀਕ ਦੇ ਮੱਦੇ ਵਿਰੋਧ ਜਤਾਉਣ ਲਈ ਕਿਸਾਨ ਜਥੇਬੰਦੀਆਂ ਵੱਲੋਂ ਆਬਾਦਕਾਰਾਂ ਦੇ ਹੱਕ ਵਿੱਚ ਵਿਸ਼ਾਲ ਰੋਸ ਰੈਲੀ ਕੀਤੀ ਗਈ। ਦੂਜੇ ਪਾਸੇ ਅੱਜ ਕੋਈ ਵੀ ਪ੍ਰਸ਼ਾਸਨਿਕ ਅਧਿਕਾਰੀ ਅਰਨੋਂ ਵਿੱਚ ਨਹੀਂ ਬਹੁੜਿਆ। ਕਿਸਾਨਾਂ ਦੇ ਹੱਕ ਵਿਚ ਹਾਅ ਦਾ ਨਾਅਰਾ ਮਾਰਨ ਲਈ ਭਾਰਤੀ ਕਿਸਾਨ ਯੂਨੀਅਨ ਏਕਤਾ ਅਜ਼ਾਦ, ਭਾਰਤੀ ਕ੍ਰਾਂਤੀਕਾਰੀ ਕਿਸਾਨ ਯੂਨੀਅਨ, ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ, ਕੁੱਲ ਹਿੰਦ ਕਿਸਾਨ ਸਭਾ ਅਤੇ ਅਬਾਦਕਾਰ ਪਟੇਦਾਰ ਸੰਘਰਸ਼ ਸੰਮਤੀ ਹਰਿਆਣਾ ਆਦਿ ਦੇ ਨੁੰਮਾਇਦੇ ਸ਼ਾਮਲ ਹੋਏ। ਇਸ ਤਰ੍ਹਾਂ ਆਬਾਦਕਾਰ ਬਚਾਓ ਸੰਘਰਸ਼ ਕਮੇਟੀ ਦਾ ਵਿਸਥਾਰ ਕਰਦਿਆਂ ਸਥਾਨਕ ਕਿਸਾਨਾਂ ਵਿੱਚੋਂ ਜਸਬੀਰ ਸਿੰਘ, ਹਰਨੇਕ ਸਿੰਘ, ਸੁਖਵਿੰਦਰ ਸਿੰਘ, ਸਹਿਜੋਤ ਸਿੰਘ, ਕਮਲ ਸਿੰਘ ਜਸਵਿੰਦਰ ਸਿੰਘ ਕੇਹਰ ਸਿੰਘ, ਜੀਤ ਸਿੰਘ, ਦਮਨ ਸਿੰਘ, ਮਹਿੰਦਰ ਸਿੰਘ ਅਤੇ ਵਿਕਰਮਜੀਤ ਸਿੰਘ ਸਮੇਤ ਕਿਸਾਨ ਯੂਨੀਅਨਾਂ ਦੇ ਨੁਮਾਇੰਦਿਆਂ ਨੂੰ ਸ਼ਾਮਲ ਕੀਤਾ ਗਿਆ।

ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ ਦੇ ਸੂਬਾ ਆਗੂ ਸਤਵੰਤ ਸਿੰਘ ਵਜੀਦਪੁਰ ਨੇ ਸੰਬੋਧਨ ਕਰਦਿਆਂ ਦੱਸਿਆ ਕਿ ਪਾਕਿਸਤਾਨ ਤੋਂ ਉੱਜੜ ਕੇ ਆਏ ਕਿਸਾਨ ਜਿਨ੍ਹਾਂ ਇਸ ਤੋਂ ਕਿਤੇ ਵੱਧ ਜ਼ਮੀਨਾਂ ਪਿੱਛੇ ਛੱਡ ਕੇ ਆਏ ਨੇ, ਉਨ੍ਹਾਂ ਕਈ ਦਹਾਕਿਆਂ ਤੋਂ ਹੱਡਤੋੜਵੀਂ ਮਿਹਨਤ ਕਰਕੇ ਬੰਜਰ ਜਮੀਨਾਂ ਨੂੰ ਉਪਜਾਊ ਬਣਾਇਆ ਹੈ, ਹੁਣ ਜ਼ਮੀਨਾਂ ਆਬਾਦ ਹੋ ਗਈਆਂ ਤੇ ਸਰਕਾਰ ਕਬਜ਼ੇ ਕਰ ਰਹੀ ਹੈ। ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਹਰਦੇਵ ਸਿੰਘ ਨੇ ਕਿਹਾ ਇਹ ਅਬਾਦਕਾਰ 70 ਸਾਲਾਂ ਤੋਂ ਖੇਤੀ ਕਰ ਰਹੇ ਨੇ, ਉਦੋਂ ਸਰਕਾਰਾਂ ਨੂੰ ਕਿਉਂ ਨਹੀਂ ਯਾਦ ਆਇਆ। ਬਹੁਤੇ ਕਿਸਨਾਂ ਇਹਨਾਂ ਜ਼ਮੀਨਾਂ ਵਿੱਚ ਘਰ ਬਣਾਏ ਹੋਏ ਹਨ, ਹੁਣ ਇਨ੍ਹਾਂ ਜ਼ਮੀਨਾਂ ਤੇ ਸਰਕਾਰ ਹੱਕ ਜਤਾਕੇ ਪੁਲਸ ਦੀ ਮੱਦਦ ਲੈ ਕੇ ਬੁਲਡੋਜ਼ਰ ਦੀ ਯੂ ਪੀ ਨੀਤੀ ਨਾਲ ਕਬਜ਼ਾ ਕਰ ਰਹੀ ਹੈ। ਇਸ ਧੱਕੇ ਨੂੰ ਕਿਸਾਨ ਕਦੇ ਵੀ ਸਹਿਣ ਨਹੀਂ ਕਰਨਗੇ। ਜ਼ਿਲਾ ਪ੍ਰਧਾਨ ਰਣਜੀਤ ਸਿੰਘ ਸਵਾਜਪੁਰ ਨੇ ਦੱਸਿਆ ਕਿ ਭਰੋਸੇਯੋਗ ਸੂਤਰਾਂ ਤੋਂ ਪਤਾ ਲੱਗਾ ਕਿ ਮਾਨਯੋਗ ਸੁਪਰੀਮ ਕੋਰਟ ਵੱਲੋਂ ਅਬਾਦਕਾਰਾਂ ਕਿਸਾਨ ਨੂੰ ਸਟੇਅ ਦਿੱਤੀ ਗਈ ਹੈ।

ਜਥੇਬੰਦੀ ਦੇ ਜ਼ਿਲ੍ਹਾ ਪ੍ਰਧਾਨ ਰਣਜੀਤ ਸਿੰਘ ਸਵਾਜਪੁਰ ਨੇ ਵਿਆਖਿਆ ਸਾਹਿਤ ਜ਼ਮੀਨੀ ਵਿਵਾਦਾਂ ਬਾਰੇ ਬਾਰੀਕੀ ਨਾਲ ਚਾਨਣਾ ਪਾਉਂਦਿਆਂ ਦੱਸਿਆ ਕਿ ਕਿਵੇਂ ਸਰਕਾਰਾਂ ਹਮੇਸ਼ਾ ਰਸੂਖਵਾਨਾਂ ਦੇ ਹੱਕ ਵਿੱਚ ਤੇ ਗ਼ਰੀਬ ਕਿਸਾਨੀ ਦੇ ਵਿਰੁੱਧ ਚਲਦੀ ਆਈ ਹੈ। ਬਿਕਰਮਜੀਤ ਸਿੰਘ ਬਲਾਕ ਪ੍ਰਧਾਨ ਨੇ ਦੱਸਿਆ ਕਿ ਅਰਨੋ ਪਿੰਡ ਦੀ 575 ਏਕੜ ਜ਼ਮੀਨ ਵਿੱਚੋਂ 208 ਏਕੜ ਦੇ ਕਬਜਾ ਵਰੰਟ ਸਰਕਾਰ ਵੱਲੋਂ ਜਾਰੀ ਕੀਤੇ ਗਏ ਸਨ ਜਿਸ ਤੇ ਕਿਸਾਨਾਂ ਨੇ ਵੱਡਾ ਇਕੱਠ ਕਰਕੇ ਸਰਕਾਰ ਦੀ ਕੋਸ਼ਿਸ਼ ਨਾਕਾਮ ਕਰ ਦਿੱਤੀ।

# ਅਧਿਆਪਕ ਯੂਨੀਅਨਾਂ ਵੱਲੋਂ ਪੇ ਅਨਾਮਲੀ ਸੰਬੰਧੀ ਸੰਘਰਸ਼ ਦਾ ਐਲਾਨ




**ਜਲਾਲਾਬਾਦ, (ਸਤਨਾਮ ਸਿੰਘ/ਜੀਤ ਕਮਾਰ)** ਬਲਾਕ ਪ੍ਰਾਇਮਰੀ ਸਿੱਖਿਆ ਅਫਸਰ ਦਫਤਰ ਵਿਖੇ ਈਟੀਟੀ ਟੀਚਰ ਯੂਨੀਅਨ ਤੇ ਈਟੀਟੀ ਅਧਿਆਪਕ ਯੂਨੀਅਨ ਵੱਲੋਂ ਸਾਂਝੇ ਤੌਰ 'ਤੇ ਮੀਟਿੰਗ ਹੋਈ। ਮੀਟਿੰਗ ਦਾ ਮੁੱਖ ਏਜੰਡਾ ਅਧਿਆਪਕਾਂ ਦੀ ਹੱਕੀ ਮੰਗ ਪੇ ਅਨਾਮਲੀ ਲਾਉਣ ਸਬੰਧੀ ਸੀ। ਇਸ ਮੌਕੇ ਬੀਪੀਈਓ ਜਸਪਾਲ ਸਿੰਘ ਬਲਾਕ ਜਲਾਲਾਬਾਦ-1 ਦਫ਼ਤਰ ਮੌਜੂਦ ਨਾ ਹੋਣ ਕਰਕੇ ਫੋਨ ਰਾਹੀਂ ਗੱਲ ਕੀਤੀ ਗਈ। ਇਸੇ ਤਰ੍ਹਾਂ ਹੀ ਬਲਾਕ ਜਲਾਲਾਬਾਦ-2 ਨਰਿੰਦਰ ਸਿੰਘ ਬੀਪੀਈਓ ਸਾਹਿਬ ਛੁੱਟੀ 'ਤੇ ਸਨ, ਜਦੋਂਕਿ ਬਲਾਕ ਗੁਰੂਹਰਸਹਾਏ-3 ਦੇ ਬੀਪੀਈਓ ਮੈਡਮ ਸ੍ਰੀਮਤੀ ਸੁਸ਼ੀਲ ਕੁਮਾਰੀ ਮੀਟਿੰਗ ਵਿੱਚ ਹਾਜਰ ਸਨ।

ਆਗੂਆਂ ਨੇ ਦੱਸਿਆ ਕਿ ਉਕਤ ਤਿੰਨਾਂ ਬਲਾਕ ਦੇ ਬੀਪੀਈਓ ਸਾਹਿਬਾਨ ਦਾ ਕਹਿਣਾ ਸੀ ਕਿ ਪੇ ਅਨਾਮਲੀ ਲਾਉਣ ਲਈ ਜ਼ਿਲ੍ਹਾ ਸਿੱਖਿਆ ਅਫ਼ਸਰ ਫ਼ਾਜ਼ਿਲਕਾ ਤੋਂ ਆਗਿਆ ਮੰਗੀ ਗਈ ਹੈ। ਜਦੋਂ ਕਿ ਯੂਨੀਅਨ ਆਗੂ ਦਾ ਤਰਕ ਸੀਕਿ ਡੀਈਓ ਦਫ਼ਤਰ ਵੱਲੋਂ ਪਹਿਲਾਂ ਹੀ ਅਨਾਮਲੀ ਲਾਉਣ ਸਬੰਧੀ ਪੱਤਰ ਜਾਰੀ ਕਰ ਚੁੱਕੇ ਹਨ ਤੇ ਹੁਣ ਕਿਸੇ ਵੀ ਤਰ੍ਹਾਂ ਦੀ ਮਨਜ਼ੂਰੀ ਲੈਣ ਦੀ ਲੋੜ ਨਹੀਂ ਹੈ। ਯੂਨੀਅਨ ਆਗੂ ਤੇ ਅਧਿਆਪਕ ਇਸ ਲਈ ਵਿਰੋਧ ਕਰ ਰਹੇ ਸਨ ਕਿ ਇਨ੍ਹਾਂ ਦਫ਼ਤਰਾਂ ਵੱਲੋਂ ਅਧਿਆਪਕਾਂ ਨੂੰ ਜਾਣ ਬੁੱਝ ਕੇ ਖੱਜਲ-ਖੁਆਰ ਕੀਤਾ ਜਾ ਰਿਹਾ ਹੈ, ਜਦੋਂ ਕਿ ਪੰਜਾਬ ਸਰਕਾਰ ਵੱਲੋਂ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸਿੱਖਿਆ ਵਿਭਾਗ ਵੱਲੋਂ ਪੱਤਰ ਜਾਰੀ ਕਰ ਚੁੱਕੇ ਹਨ ਕਿ ਅਧਿਆਪਕਾਂ ਦੇ ਪੇ ਅਨਾਮਲੀ ਬਲਾਕ ਪ੍ਰਾਇਮਰੀ ਸਿੱਖਿਆ ਅਫਸਰ ਆਪਣੇ ਪੱਧਰ ਦੇ ਦੂਰ ਕਰਨਗੇ, ਪਰ ਤਿੰਨ ਦਫ਼ਤਰਾਂ ਵੱਲੋਂ ਅਧਿਆਪਕਾਂ ਨੂੰ ਟਾਲ ਮਟੋਲ ਦੀ ਨੀਤੀ ਤਹਿਤ ਖਰਾਬ ਕੀਤਾ ਜਾ ਰਿਹਾ ਹੈ। ਇਸ ਦੇ ਵਿਰੋਧ ਵਿੱਚ ਯੂਨੀਅਨ ਵੱਲੋਂ ਨਾਅਰੇਬਾਜ਼ੀ ਕੀਤੀ ਅਤੇ 17 ਮਈ ਨੂੰ 11:30 ਤੇ ਬੀਪੀਈਓ ਦਫਤਰ ਜਲਾਲਾਬਾਦ ਵਿਖੇ ਧਰਨਾ ਦੇਣ ਦੀ ਕਾਲ ਦਿੱਤੀ ਗਈ। ਈਟੀਟੀ ਟੀਚਰ ਯੂਨੀਅਨ ਅਤੇ ਈਟੀਟੀ ਅਧਿਆਪਕ ਯੂਨੀਅਨ ਵੱਲੋਂ ਸਾਂਝੇ ਤੌਰ 'ਤੇ ਅਧਿਆਪਕਾਂ ਨੂੰ ਅਪੀਲ ਕੀਤੀ ਕਿ ਵੱਧ ਤੋਂ ਵੱਧ ਇਸ ਧਰਨੇ ਵਿੱਚ ਸ਼ਾਮਲ ਹੋਣ ਤਾਂ ਜੁ ਸਾਡਾ ਬਣਦਾ ਹੱਕ ਲੈਣ ਵਿੱਚ ਸਫ਼ਲ ਹੋ ਸਕੀਏ। ਯੂਨੀਅਨ ਆਗੂ ਨੇ ਕਿਹਾ ਕਿ ਜ਼ਿਲ੍ਹਾ ਪ੍ਰੀਸ਼ਦ ਅਧੀਨ ਸੇਵਾਵਾਂ ਦੇ ਚੁੱਕੇ ਅਧਿਆਪਕ ਖਾਸ ਕਰ ਲੇਡੀਜ ਅਧਿਆਪਕ ਧਰਨੇ ਵਿੱਚ ਸ਼ਾਮਲ ਜਰੂਰ ਹੋਣ ਕਿਉਂ ਉਨ੍ਹਾਂ ਅਧਿਆਪਕਾਂ ਦੀ ਹਾਜਰੀ ਧਰਨੇ ਵਾਲੇ ਸਥਾਨ 'ਤੇ ਲਾਈ ਜਾਵੇਗੀ। ਜੇਕਰ ਫਿਰ ਵੀ ਸਬੰਧਤ ਅਧਿਆਪਕ ਧਰਨੇ ਤੋਂ ਗੈਰ ਹਾਜਰ ਰਹਿੰਦੇ ਹਨ ਤਾਂ ਬਕਾਇਆ ਸਬੰਧੀ ਜਾਂ ਹੋਰ ਦਫਤਰੀ ਕੰਮਾਂ ਲਈ ਯੂਨੀਅਨ ਸਹਿਯੋਗ ਦੇਣ ਤੋਂ ਅਸਮਰਥ ਹੋਵੇਗੀ।

ਉਨ੍ਹਾਂ ਕਿਹਾ ਕਿ ਸਮੂਹ ਅਹੁਦੇਦਾਰ, ਆਗੂ ਤੇ ਅਧਿਆਪਕ ਵਰਗ ਬੀਪੀਈਓ ਦਫਤਰ ਜਲਾਲਾਬਾਦ ਵਿਖੇ ਵੱਡੀ ਗਿਣਤੀ ਵਿੱਚ ਪਹੁੰਚਣਗੇ।

## ਗਗੜਾ 'ਚ ਰਾਸ਼ਟਰੀ ਡੇਂਗੂ ਦਿਵਸ ਮਨਾਇਆ



**ਖੰਨਾ, (ਸੁਖਵਿੰਦਰ ਸਿੰਘ ਭਾਦਲਾ, ਪਰਮਿੰਦਰ ਸਿੰਘ ਮੋਨੂੰ)** ਸੀ.ਐਚ.ਸੀ.ਮਾਨੂੰਪੁਰ ਦੇ ਐਸ.ਐਮ.ਓ. ਸ਼੍ਰੀ ਡਾ. ਰਵੀ ਦੱਤ ਦੀ ਯੋਗ ਅਗਵਾਈ ਤੇ ਸਿਵਲ ਸਰਜਨ ਲੁਧਿਆਣਾ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਤੰਦਰੁਸਤੀ ਸਿਹਤ ਕੇਂਦਰ ਮਾਣਕੀ ਦੇ ਅਧੀਨ ਪੈਂਦੇ ਪਿੰਡ ਗਗੜਾ ਵਿਖੇ ਰਾਸ਼ਟਰੀ ਡੇਂਗੂ ਵਰੋਧੀ ਦਿਵਸ ਮਨਾਇਆ ਗਿਆ। ਸਿਹਤ ਕ੍ਰਮਚਾਰੀ ਪਰਮਜੀਤ ਕੌਰ ਤੇ ਭੁਪਿੰਦਰ ਕੌਰ ਸੀ. ਐਚ.ਓ. ਨੇ ਦੱਸਿਆ ਕਿ ਡੇਂਗੂ ਬੁਖਾਰ ਮਾਦਾ ਮੱਛਰ ਏਡੀਜ ਅਜੇਪਟੀ ਦੇ ਕੱਟਣ ਨਾਲ ਫੈਲਦਾ ਹੈ। ਇਹ ਮੱਛਰ ਸਾਫ਼ ਖੜੇ ਪਾਣੀ ਉਪਰ ਪੈਦਾ ਹੁੰਦੇ ਹਨ ਤੇ ਸਵੇਰ ਤੇ ਸ਼ਾਮ ਨੂੰ ਕੱਟਦੇ ਹਨ, ਜਿਸ ਕਾਰਨ ਮਰੀਜ਼ ਨੂੰ ਤੇਜ਼ ਬੁਖ਼ਾਰ ਸਿਰਦਰਦ, ਉਲਟੀ ਆਉਣਾ, ਅੱਖਾਂ ਦੇ ਪਿਛਲੇ ਹਿੱਸੇ ਵਿੱਚ ਦਰਦ ਹੁੰਦਾ ਹੈ। ਜ਼ਿਆਦਾ ਗੰਭੀਰ ਹੋਣ 'ਤੇ ਨੱਕ ਅਤੇ ਮਸੂੜਿਆਂ ਵਿੱਚੋਂ ਖੂਨ ਦਾ ਰਿਸਾਅ ਹੋ ਸਕਦਾ ਹੈ। ਸਿਹਤ ਕ੍ਰਮਚਾਰੀ ਅਮਨਦੀਪ ਸਿੰਘ ਨੇ ਦੱਸਿਆ ਕਿ ਡੇਂਗੂ ਬੁਖਾਰ ਤੋਂ ਬਚਣ ਲਈ ਸਾਨੂੰ ਆਪਣੇ ਆਲੇ-ਦੁਆਲੇ ਅਤੇ ਘਰਾਂ ਵਿੱਚ ਬਰਸਾਤੀ ਤੇ ਨਿਕਾਸੀ ਪਾਣੀ ਖੜਾ ਨਾ ਹੋਣ ਦਿਓ। ਇਸ ਮੌਕੇ ਸਰਪੰਚ ਮਨਜੋਤ ਕੌਰ, ਆਸ਼ਾ ਵਰਕਰ ਜਸਵੀਰ ਕੌਰ, ਆਂਗਣਵਾੜੀ ਵਰਕਰ ਤੇਜਵੰਤ ਕੌਰ, ਦਲਜੀਤ ਕੌਰ, ਹੈਲਪਰ ਸ਼ਿੰਦਰਪਾਲ ਕੌਰ, ਰਾਜਵਿੰਦਰ ਕੌਰ ਤੋਂ ਇਲਾਵਾ ਪਤਵੰਤੇ ਤੇ ਪਿੰਡ ਵਾਸੀਆਂ ਨੇ ਭਾਗ ਲਿਆ।

## ਨੈਸ਼ਨਲ ਡੇਂਗੂ ਦਿਵਸ ਮਨਾਇਆ

**ਮਲੋਟ, (ਗੁਰਮੀਤ ਸਿੰਘ ਮੱਕੜ)** ਸਿਵਲ ਸਰਜਨ ਡਾ. ਰੰਜੂ ਸਿੰਗਲਾ ਦੇ ਦਿਸ਼ਾਂ ਨਿਰਦੇਸ਼ਾਂ ਅਨੁਸਾਰ ਤੇ ਸੀਨੀਅਰ ਮੈਡੀਕਲ ਅਫਸਰ ਡਾ. ਜਗਦੀਪ ਚਾਵਲਾ ਸੀ.ਐਚ.ਸੀ. ਆਲਮਵਾਲਾ ਦੀ ਯੋਗ ਅਗਵਾਈ ਹੇਠ ਸੀ.ਐਚ.ਸੀ ਆਲਮਵਾਲਾ ਵਿਖੇ ਨੈਸ਼ਨਲ ਡੇਂਗੂ ਦਿਵਸ ਮਨਾਇਆ ਗਿਆ। ਸਿਹਤ ਇੰਸਪੈਕਟਰ ਗੁਰਵਿੰਦਰ ਸਿੰਘ ਨੇ ਦੱਸਿਆ ਕਿ ਹਰੇਕ ਸਾਲ ਡੇਂਗੂ ਦੇ ਬਹੁਤ ਮਰੀਜ਼ ਪਾਏ ਜਾਂਦੇ ਹਨ, ਇਸ ਲਈ ਡੇਂਗੂ ਦੀ ਬਿਮਾਰੀ ਨੂੰ ਕੰਟਰੋਲ ਕਰਨ ਦੀ ਲੋੜ ਹੈ। ਉਨ੍ਹਾਂ ਦੱਸਿਆ ਕਿ ਸਿਹਤ ਵਿਭਾਗ ਵਲੋਂ ਹਰੇਕ ਸਾਲ ਮਈ ਮਹੀਨਾ ਡੇਂਗੂ ਮਹੀਨੇ ਵਜੋਂ ਮਨਾਇਆ ਜਾਂਦਾ ਹੈ ਅਤੇ 16 ਮਈ ਨੂੰ ਰਾਸ਼ਟਰੀ ਡੇਂਗੂ ਦਿਵਸ ਵਜੋਂ ਮਨਾਇਆ ਜਾਂਦਾ ਹੈ, ਜਿਸ ਨੂੰ ਮਨਾਉਣ ਦਾ ਮਕਸਦ ਇਸ ਦਿਨ ਆਮ ਲੋਕਾਂ, ਸਕੂਲਾਂ ਵਿਚ ਅਤੇ ਪਬਲਿਕ ਥਾਵਾਂ ਤੇ ਲੋਕਾਂ ਨੂੰ ਡੇਂਗੂ ਬਿਮਾਰੀ ਪ੍ਰਤੀ ਜਾਗਰੂਕ ਕਰਨਾ ਹੈ ਅਤੇ ਡੇਂਗੂ ਵਿਰੋਧੀ ਗਤੀਵਿਧੀਆਂ ਕਰਨਾ ਹੈ, ਜਿਸ ਤਹਿਤ ਸੀ.ਐਚ.ਸੀ ਆਲਮਵਾਲਾ ਦੇ ਸਿਹਤ ਸਟਾਫ਼ ਵਲੋਂ ਡੇਂਗੂ ਸਬੰਧੀ ਸ਼ਪੈਸ਼ਲ ਜਾਗਰੂਕਤਾ ਗਤੀਵਿਧੀਆਂ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਦੱਸਿਆ ਕਿ ਸਿਹਤ ਵਿਭਾਗ ਪੰਜਾਬ ਵਲੋਂ ਹਰ ਸ਼ੁੱਕਰਵਾਰ ਨੂੰ ਡ੍ਰਾਈ ਡੇਅ ਮਨਾਇਆ ਜਾਂਦਾ ਹੈ। ਉਸ ਦਿਨ ਕੂਲਰਾਂ, ਗਮਲਿਆਂ, ਫਰਿਜਾਂ ਦੀਆਂ ਟ੍ਰੇਆਂ, ਹੋਰ ਪਾਣੀ ਦੇ ਬਰਤਨਾਂ ਨੂੰ ਚੰਗੀ ਤਰ੍ਹਾਂ ਖਾਲੀ ਕਰਕੇ ਸੁਕਾ ਕੇ ਦੁਬਾਰਾ ਵਰਤੋਂ ਵਿਚ ਲਿਆਉਣਾ ਚਾਹੀਦਾ ਹੈ ਅਤੇ ਨੀਵੀਆਂ ਥਾਵਾਂ 'ਤੇ ਮਿੱਟੀ ਪਾ ਕੇ ਪੂਰ ਦੇਣੀਆਂ ਚਾਹੀਦੀਆਂ ਹਨ। ਸੌਣ ਲੱਗਿਆਂ ਮੱਛਰ ਭਜਾਉਣ ਵਾਲੀਆਂ ਕਰੀਮਾਂ ਦਾ ਇਸਤੇਮਾਲ ਕਰੋ ਅਤੇ ਸਰੀਰ 'ਤੇ ਢੱਕਣੇ ਕੱਪੜੇ ਪਾਓ। ਇਸ ਮੌਕੇ 'ਤੇ ਰਾਕੇਸ਼ ਗਿਰਧਰ, ਪਰਮਪਾਲ ਸਿੰਘ, ਪ੍ਰਦੀਪ ਚਾਵਲਾ ਸਮੂਹ ਸਟਾਫ ਮੈਂਬਰ ਤੇ ਲੋਕ ਸ਼ਾਮਲ ਸਨ।

## ਮੁੱਖ ਮੰਤਰੀ ਨੇ ਯੂ ਏ ਪੀ ਏ ਐਕਟ ਲਾਉਣ ਦੀ ਦਿੱਤੀ ਸਹਿਮਤੀ : ਦਾਦੂਵਾਲ

**ਤਲਵੰਡੀ ਸਾਬੋ (ਜਗਦੀਪ ਗਿੱਲ)**-ਸਾਬਕਾ ਪ੍ਰਧਾਨ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨਾਲ ਭਖਦੇ ਸਿੱਖ ਮਸਲਿਆਂ ਉੱਪਰ ਮੁੱਖ ਮੰਤਰੀ ਨਿਵਾਸ ਚੰਡੀਗੜ੍ਹ ਵਿਖੇ ਮੁਲਾਕਾਤ ਕੀਤੀ। ਮੀਡੀਆ ਵੱਲੋਂ ਪੁੱਛੇ ਜਾਣ ਤੇ ਜਥੇਦਾਰ ਦਾਦੂਵਾਲ ਦੇ ਸਹਾਇਕ ਭਾਈ ਜਗਮੀਤ ਸਿੰਘ ਬਰਾੜ ਨੇ ਦੱਸਿਆ ਕਿ ਮੀਟਿੰਗ ਵਿੱਚ ਜਥੇਦਾਰ ਦਾਦੂਵਾਲ ਨੇ ਭਖਦੇ ਸਿੱਖ ਮਸਲਿਆਂ ਜਿਵੇਂ ਵਾਰ ਵਾਰ ਪੰਜਾਬ ਵਿੱਚ ਬੇਅਦਬੀ ਦੀਆਂ ਵਾਪਰ ਰਹੀਆਂ ਘਟਨਾਵਾਂ ਦੇ ਦੋਸ਼ੀਆਂ ਉਪਰ ਯੂਏਪੀਏ ਐਕਟ ਲਾ ਕੇ ਸਖਤ ਸਜ਼ਾਵਾਂ ਦੇਣ ਦੀ ਮੰਗ ਕੀਤੀ। ਭਾਈ ਬਰਾੜ ਨੇ ਦੱਸਿਆ ਕਿ ਜਥੇਦਾਰ ਦਾਦੂਵਾਲ ਵੱਲੋਂ ਮੁੱਖ ਮੰਤਰੀ ਪੰਜਾਬ ਨੂੰ ਕਿਹਾ ਗਿਆ ਕਿ ਸਜ਼ਾਵਾਂ ਪੂਰੀਆਂ ਕਰ ਚੁੱਕੇ ਬੰਦੀ ਸਿੰਘਾਂ ਦੀ ਰਿਹਾਈ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਤੁਰੰਤ ਕਰਾਉਣ ਲਈ ਪੰਜਾਬ ਸਰਕਾਰ ਵੱਲੋਂ ਪ੍ਰਧਾਨ ਮੰਤਰੀ ਭਾਰਤ ਸਰਕਾਰ ਨੂੰ ਚਿੱਠੀ ਲਿਖੀ ਜਾਵੇ, ਸੱਚਖੰਡ ਸ੍ਰੀ ਦਰਬਾਰ ਸਾਹਿਬ ਦੇ ਕਥਾ ਕੀਰਤਨ ਜਿਸ ਦਾ ਪਹਿਲਾਂ ਤੋਂ ਹੋਇਆ ਟੈਂਡਰ ਜੁਲਾਈ ਵਿੱਚ ਖਤਮ ਹੋ ਰਿਹਾ ਹੈ, ਤੋਂ ਇੱਕ ਚੈਨਲ ਦਾ ਏਕਾਧਿਕਾਰ ਖਤਮ ਕਰਕੇ ਲਿੰਕ ਸਭ ਲਈ ਓਪਨ ਕਰਾਇਆ ਜਾਵੇ, ਡਿਬਰੂਗੜ੍ਹ ਭੇਜੇ ਗਏ ਸਿੱਖ ਨੌਜਵਾਨਾਂ ਉੱਪਰੋਂ ਐਨ ਐਸ ਏ ਐਕਟ ਹਟਾ ਕੇ ਰਿਹਾਅ ਕੀਤਾ ਜਾਵੇ, ਗੁਰਦੁਆਰਾ ਦੁਖ ਨਿਵਾਰਨ ਸਾਹਿਬ ਪਟਿਆਲਾ ਅਤੇ ਗੁਰਦੁਆਰਾ ਕੋਤਵਾਲੀ ਸਾਹਿਬ ਮੋਰਿੰਡਾ ਵਿੱਚ ਵਾਪਰੀ ਘਟਨਾ ਦੇ ਦੋਸ਼ੀਆਂ ਉੱਪਰ ਜਜ਼ਬਾਤੀ ਕਾਰਵਾਈ ਕਰਨ ਵਾਲੇ ਰੋਪੜ ਦੇ ਵਕੀਲ ਸਾਹਿਬ ਸਿੰਘ ਅਤੇ ਪਟਿਆਲਾ ਦੇ ਨਿਰਮਲਜੀਤ ਸਿੰਘ ਨੂੰ ਰਿਹਾਅ ਕੀਤਾ ਜਾਵੇ, ਕਿਉਂਕਿ ਉਨਾਂ ਨੇ ਗੁਰੂ ਕੀ ਬੇਅਦਬੀ ਦੀ ਘਟਨਾ ਦੇ ਰੋਸ ਵਿਚ ਕਾਰਵਾਈ ਕੀਤੀ ਹੈ, ਉਹ ਕੋਈ ਅਪਰਾਧਿਕ ਪਿਛੋਕੜ ਨਹੀਂ ਰੱਖਦੇ।

# ਸਿਹਤ ਵਿਭਾਗ ਵੱਲੋਂ ਡੇਂਗੂ ਤੋਂ ਬਚਾਅ ਸੰਬੰਧੀ ਜਾਗਰੂਕਤਾ ਰੈਲੀ



**ਮਮਦੋਟ, (ਜਸਬੀਰ ਸਿੰਘ ਕੰਬੋਜ)**-ਸਿਹਤ ਵਿਭਾਗ ਮਮਦੋਟ ਵੱਲੋਂ ਅੱਜ ਰਾਸ਼ਟਰੀ ਡੇਂਗੂ ਦਿਹਾੜੇ 'ਤੇ ਡੇਂਗੂ ਦੇ ਡੰਗ ਤੋਂ ਬਚਣ ਲਈ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ। ਡਾ. ਰੇਖਾ ਸੀਨੀਅਰ ਮੈਡੀਕਲ ਅਫਸਰ ਸੀ ਐਚ ਸੀ ਮਮਦੋਟ ਦੇ ਦਿਸ਼ਾ ਨਿਰਦੇਸ਼ਾਂ ਹੇਠ ਡੇਂਗੂ ਨੂੰ ਫੈਲਣ ਤੋਂ ਰੋਕਣ ਅਤੇ ਇਸ ਤੋਂ ਬਚਾਅ ਲਈ ਸਿਹਤ ਵਿਭਾਗ ਦੀ ਟੀਮ ਵੱਲੋਂ ਮਮਦੋਟ ਵਿਖੇ ਲੋਕਾਂ ਨੂੰ ਘਰਾਂ ਦੇ ਅੰਦਰ ਤੇ ਬਾਹਰ ਸਾਫ ਸਫਾਈ ਵੱਲ ਧਿਆਨ ਦੇਣ ਲਈ ਪ੍ਰੇਰਿਤ ਕੀਤਾ ਗਿਆ। ਇਸ ਮੌਕੇ ਸਕੂਲੀ ਬੱਚਿਆਂ ਵੱਲੋਂ ਰੈਲੀ ਕੱਢ ਕੇ ਲੋਕਾਂ ਨੂੰ ਡੇਂਗੂ ਦੇ ਕਾਰਨਾਂ, ਲੱਛਣਾਂ ਬਾਰੇ ਜਾਗਰੂਕ ਕੀਤਾ ਗਿਆ।

ਰੈਲੀ ਨੂੰ ਡਾ. ਰੇਖਾ ਵੱਲੋਂ ਹਰੀ ਝੰਡੀ ਵਿਖਾ ਕੇ ਰਵਾਨਾ ਕੀਤਾ ਗਿਆ। ਇਸ ਮੌਕੇ ਜਾਗਰੂਕ ਕਰਦਿਆਂ ਡਾ. ਰੇਖਾ ਤੇ ਅੰਕੁਸ਼ ਭੰਡਾਰੀ ਬੀ ਈ ਈ ਨੇ ਲੋਕਾਂ ਨੂੰ ਦੱਸਿਆ ਕਿ ਡੇਂਗੂ ਮੱਛਰ ਨਾਲ ਫੈਲਦਾ ਹੈ ਅਤੇ ਇਹ ਸਾਫ ਪਾਣੀ 'ਚ ਪਨਪਦਾ ਹੈ। ਉਨ੍ਹਾ ਦੱਸਿਆ ਕਿ ਇਹ ਮੱਛਰ ਦਿਨ ਦੇ 10 ਵਜੇ ਤੋਂ ਲੈ ਕੇ ਸ਼ਾਮ 4 ਵਜੇ ਤੱਕ ਕੱਟਦਾ ਹੈ ਜਿਸ ਨਾਲ ਵਿਅਕਤੀ ਦੇ ਪਲੇਟਲੈੱਟ (ਸੈੱਲ ) ਘਟ ਜਾਂਦੇ ਹਨ। ਉਨ੍ਹਾ ਲੋਕਾਂ ਨੂੰ ਅਪੀਲ ਕੀਤੀ ਕਿ ਜਦੋਂ ਵਿਅਕਤੀ ਦੇ ਪਲੇਟਲੈਟ ਘਟਦੇ ਹਨ ਤਾਂ ਉਹ ਤੁਰੰਤ ਨੇੜੇ ਦੇ ਸਰਕਾਰੀ ਹਸਪਤਾਲ ਵਿਚ ਜਾ ਕੇ ਆਪਣਾ ਇਲਾਜ ਕਰਵਾਉਣ। ਉਨ੍ਹਾ ਕਿਹਾ ਕਿ ਡੇਂਗੂ ਦਾ ਬੁਖਾਰ ਹੋਣ 'ਤੇ ਸਿਰਫ ਪੈਰਾਸੀਟਾਮੋਲ ਦੀ ਗੋਲੀ ਹੀ ਖਾਣੀ ਚਾਹੀਦੀ ਹੈ ਅਤੇ ਐਸਪਰੀਨ ਦੀ ਗੋਲੀ ਦੀ ਵਰਤੋਂ ਨਾ ਕੀਤੀ ਜਾਵੇ। ਮਲੇਰੀਏ ਤੇ ਡੇਂਗੂ ਵਾਲੇ ਮਰੀਜ਼ ਦੀ ਪਹਿਚਾਣ ਦੱਸਦਿਆਂ ਉਨ੍ਹਾ ਦੱਸਿਆ ਕਿ ਠੰਢ ਲੱਗਣੀ, ਕਾਂਬਾ ਛਿੜਨਾ, ਪੇਟ ਵਿਚ ਦਰਦ, ਭੁੱਖ ਘੱਟ ਲੱਗਣੀ ਜਾਂ ਨਾ ਲੱਗਣੀ, ਸਿਰ ਦਰਦ ਰਹਿਣਾ ਅਤੇ ਬੁਖ਼ਾਰ ਰਹਿਣਾ ਜੋ ਪਸੀਨਾ ਆਉਣ 'ਤੇ ਉਤਰ ਜਾਣਾ ਅਹਿਮ ਕਾਰਨ ਹਨ ਅਤੇ ਅਜਿਹਾ ਮਹਿਸੂਸ ਹੋਣ 'ਤੇ ਮਰੀਜ਼ ਨੂੰ ਤੁਰੰਤ ਡਾਕਟਰ ਨਾਲ ਸੰਪਰਕ ਕਰਨਾ ਚਾਹੀਦਾ ਹੈ। ਇਸ ਮੌਕੇ ਮੈਡਮ ਜਗਰੂਪ ਨਰਸਿੰਗ ਸਿਸਟਰ, ਨੰਦ ਲਾਲ ਧਵਨ, ਰਿਚਰਡ ਫਾਰਮੇਸੀ ਅਫਸਰ, ਮੈਡਮ ਆਸ਼ੂ, ਮੈਡਮ ਸੀਮਾ, ਮੈਡਮ ਰਿੰਪਲ, ਪਰਮਜੀਤ ਅਤੇ ਸਤਿੰਦਰ ਵਰਕਰ ਮੌਜੂਦ ਸਨ।

## ਭਾਜਪਾ ਮੰਡਲ ਦੀ ਵਿਸ਼ੇਸ਼ ਮੀਟਿੰਗ 'ਚ 56 ਕਾਰਜਕਾਰਨੀ ਮੈਂਬਰ ਨਿਯੁਕਤ

**ਜਗਰਾਉਂ (ਪੱਤਰ ਪ੍ਰੇਰਕ)** ਭਾਜਪਾ ਮੰਡਲ ਦੀ ਵਿਸ਼ੇਸ਼ ਮੀਟਿੰਗ ਮੰਡਲ ਪ੍ਰਧਾਨ ਗੁਰਪ੍ਰੀਤ ਸਿੰਘ ਟੋਨੀ ਵਰਮਾ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ ਜ਼ਿਲ੍ਹਾ ਜਗਰਾਉਂ ਦੇ ਪ੍ਰਧਾਨ ਮੇਜਰ ਸਿੰਘ ਦੇਤਵਾਲ, ਗੇਜਾ ਰਾਮ ਚੇਅਰਮੈਨ ਸਵੱਛਤਾ ਕਮਿਸ਼ਨ ਪੰਜਾਬ ਵਿਸ਼ੇਸ਼ਸ ਤੌਰ 'ਤੇ ਹਾਜ਼ਰ ਹੋਏ। ਮੀਟਿੰਗ ਵਿੱਚ ਮੰਡਲ ਪ੍ਰਧਾਨ ਨੇ ਆਪਣੀ ਨਵੀਂ ਕਾਰਜਕਾਰਨੀ ਕਮੇਟੀ ਦਾ ਐਲਾਨ ਕੀਤਾ। ਮੰਡਲ ਪ੍ਰਧਾਨ ਟੋਨੀ ਵਰਮਾ ਨੇ ਦੱਸਿਆ ਕਿ ਨਵੀਂ ਕਾਰਜਕਾਰਨੀ ਵਿੱਚ 6 ਮੀਤ ਪ੍ਰਧਾਨ, 2 ਜਨਰਲ ਸਕੱਤਰ, 6 ਸਕੱਤਰ, 1 ਖ਼ਜ਼ਾਨਚੀ ਤੇ 56 ਕਾਰਜਕਾਰਨੀ ਮੈਂਬਰ ਨਿਯੁਕਤ ਕੀਤੇ ਗਏ ਹਨ। ਨਵਨੀਤ ਗੁਪਤਾ, ਅਨਿਲ ਕੁਮਾਰ, ਸਤਪਾਲ ਸਿੰਘ, ਦੀਪਕ ਪੱਲਣ, ਦਵਿੰਦਰ ਕੁਮਾਰ, ਅਵਤਾਰ ਕੌਰ (ਸਾਰੇ ਮੀਤ ਪ੍ਰਧਾਨ), ਪ੍ਰਦੀਪ ਸ਼ਰਮਾ ਤੇ ਨਵੀਨ ਜੈਨ ਜਨਰਲ ਸਕੱਤਰ, ਬਲਜਿੰਦਰ ਸਿੰਘ, ਪੰਕਜ ਗਰੋਵਰ, ਸੰਮੀ ਮਹਿਤਾ, ਰਾਕੇਸ਼ ਸ਼ਰਮਾ, ਸ਼ਬਨਮ ਗਿੱਲ, ਵਿਕਰਮ ਸ਼ਰਮਾ ਜਗਰਾਉਂ ਮੰਡਲ ਟੀਮ ਵਿੱਚ (ਸਭ ਸਕੱਤਰ) ਖ਼ਜ਼ਾਨਚੀ ਸੁਰੇਸ਼ ਗਰਗ ਸਮੇਤ 56 ਭਾਜਪਾ ਵਰਕਰਾਂ ਨੂੰ ਕਾਰਜਕਾਰੀ ਮੈਂਬਰ ਨਿਯੁਕਤ ਕੀਤਾ ਗਿਆ। ਮੀਟਿੰਗ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਪ੍ਰਧਾਨ ਮੇਜਰ ਸਿੰਘ ਦੇਤਵਾਲ, ਚੇਅਰਮੈਨ ਗੇਜਾ ਰਾਮ, ਜ਼ਿਲ੍ਹਾ ਜਨਰਲ ਸਕੱਤਰ ਡਾ. ਰਜਿੰਦਰਾ ਸ਼ਰਮਾ ਤੇ ਜ਼ਿਲ੍ਹਾ ਸਕੱਤਰ ਸੁਮਿਤ ਅਰੋੜਾ ਨੇ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਦੀ ਅਗਵਾਈ 'ਚ ਭਾਰਤ ਦੇਸ ਅਤੇ ਹੋਰ ਦੇਸ ਦਿਨੋ-ਦਿਨ ਤਰੱਕੀ ਕਰ ਰਿਹਾ ਹੈ। ਅਧਿਕਾਰੀਆਂ ਨੇ ਦੱਸਿਆ ਕਿ ਭਾਰਤੀ ਜਨਤਾ ਪਾਰਟੀ ਚੋਣਾਂ ਤਾਂ ਨਹੀਂ ਜਿੱਤ ਸਕੀ, ਪਰ ਪਾਰਟੀ ਦੀ ਵੋਟ ਪ੍ਰਤੀਸ਼ਤਤਾ ਵਧੀ ਹੈ ਅਤੇ ਪਿੰਡਾਂ ਵਿੱਚ ਵੀ ਪਾਰਟੀ ਦੀ ਪਕੜ ਮਜਬੂਤ ਹੋ ਰਹੀ ਹੈ।

ਉਨ੍ਹਾਂ ਨਵ-ਨਿਯੁਕਤ ਅਹੁਦੇਦਾਰਾਂ ਨੂੰ ਜ਼ਿੰਮੇਵਾਰੀ ਸੌਂਪਦਿਆਂ ਭਾਜਪਾ ਆਗੂਆਂ ਨੂੰ ਅਪੀਲ ਕੀਤੀ ਕਿ ਭਾਜਪਾ ਦੇ ਮੁੱਖ ਨਾਅਰੇ 'ਅਬ ਕੀ ਬਾਰ 300 ਕੇ ਪਾਰ' 'ਤੇ ਚੱਲਦਿਆਂ ਇਸ ਨੂੰ ਆਪਣੀ ਜ਼ਿੰਮੇਵਾਰੀ ਸਮਝਦੇ ਹੋਏ ਅਹੁਦੇਦਾਰ ਭਾਜਪਾ ਦੀਆਂ ਨੀਤੀਆਂ 'ਤੇ ਅਮਲ ਕਰਨ, ਘਰ-ਘਰ ਤੇ ਕੇਂਦਰ ਵਿੱਚ ਲਗਾਤਾਰ ਤੀਜੀ ਵਾਰ ਸਰਕਾਰ ਬਣਾਉਣ ਵਿੱਚ ਆਪਣਾ ਅਹਿਮ ਯੋਗਦਾਨ ਦਿਓ।

# ਦੇਸ਼ ਭਗਤ ਯੂਨੀਵਰਸਿਟੀ ਤੇ ਹੋਲਾ ਇੰਡੀਆ ਵੱਲੋਂ ਸਪੇਨ ਦਾ ਟੂਰ

**ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)** -ਦੇਸ਼ ਭਗਤ ਯੂਨੀਵਰਸਿਟੀ, ਮੰਡੀ ਗੋਬਿੰਦਗੜ੍ਹ ਵੱਲੋਂ ਹੋਲਾ ਇੰਡੀਆ ਦੇ ਸਹਿਯੋਗ ਨਾਲ ਸਪੇਨ ਦੀ 2 ਹਫ਼ਤਿਆਂ ਦੇ ਟੂਰ ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਸ ਟੂਰ ਦਾ ਥੀਮ 'ਡਿਸਕਵਰਿੰਗ ਸਪੇਨ' ਹੈ। ਇਸ ਬਾਰੇ ਜਾਣਕਾਰੀ ਦੇਣ ਲਈ ਦੇਸ਼ ਭਗਤ ਯੂਨੀਵਰਸਿਟੀ ਵਿਖੇ ਇੱਕ ਵਿਸ਼ੇਸ਼ ਲੈਕਚਰ ਦਾ ਆਯੋਜਨ ਕੀਤਾ ਗਿਆ ਤਾਂ ਜੁ ਇਸ ਟੂਰ ਬਾਰੇ ਵਿਸਥਾਰਪੂਰਵਕ ਜਾਣਕਾਰੀ ਸਾਂਝੀ ਕੀਤੀ ਜਾ ਸਕੇ। ਸ਼੍ਰੀਮਤੀ ਸੀਮਾ ਪਠਾਣ, ਅਪ੍ਰੇਸ਼ਨਲ ਮੈਨੇਜਰ ਨੇ ਇਸ ਸਮਾਗਮ ਵਿੱਚ ਸ਼ਾਮਲ ਹੋਏ ਡਾ. ਜ਼ੋਰਾ ਸਿੰਘ, ਮਾਣਯੋਗ ਚਾਂਸਲਰ, ਦੇਸ਼ ਭਗਤ ਯੂਨੀਵਰਸਿਟੀ ਦਾ ਮੁੱਖ ਮਹਿਮਾਨ ਅਤੇ ਡਾ. ਤਜਿੰਦਰ ਕੌਰ, ਪ੍ਰੋ ਚਾਂਸਲਰ, ਡਾ. ਵਰਿੰਦਰ ਸਿੰਘ, ਵਾਈਸ ਚਾਂਸਲਰ, ਡਾ. ਐਲ.ਐਸ. ਬੇਦੀ, ਡੀਨ ਅਕਾਦਮਿਕ ਮਾਮਲੇ, ਕਰਨਲ ਪਰਦੀਪ ਕੁਮਾਰ, ਰਜਿਸਟਰਾਰ ਦਾ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਣ 'ਤੇ ਜੀ ਆਇਆਂ ਆਖਿਆ ਅਤੇ ਹੋਲਾ ਇੰਡੀਆ ਦੇ ਡਾਇਰੈਕਟਰ ਸ੍ਰੀਮਤੀ ਰਿਤੇਸ਼ ਵਸ਼ਿਸ਼ਟ ਸਮਾਗਮ ਵਿੱਚ ਮੁੱਖ ਬੁਲਾਰੇ ਸ਼ਾਮਲ ਹੋਏ।

ਡਾ. ਜ਼ੋਰਾ ਸਿੰਘ ਮਾਣਯੋਗ ਚਾਂਸਲਰ ਨੇ ਕਿਹਾ ਕਿ ਡੀਬੀਯੂ ਤੇ ਹੋਲਾ ਇੰਡੀਆ ਦਾ ਮੰਤਵ ਭਾਰਤ ਵਿੱਚ ਸਪੈਨਿਸ਼ ਭਾਸ਼ਾ, ਸਾਹਿਤ ਤੇ ਸੱਭਿਆਚਾਰ ਦੇ ਅਧਿਐਨ ਨੂੰ ਅੱਗੇ ਵਧਾਉਣਾ ਹੈ। ਦੇਸ਼ ਭਗਤ ਯੂਨੀਵਰਸਿਟੀ ਨੂੰ ਭਾਰਤ ਵਿੱਚ ਸਪੈਨਿਸ਼ ਭਾਸ਼ਾ ਦੇ ਅਧਿਐਨ ਦੇ ਵਧਦੇ ਖੇਤਰ ਵਿੱਚ ਸ਼ਾਮਲ ਹੋਣ 'ਤੇ ਮਾਣ ਹੈ। ਸੰਸਾਰ ਵਿੱਚ ਸਪੈਨਿਸ਼ ਬੋਲਣ ਵਾਲੇ ਲੋਕਾਂ ਦੀ ਗਿਣਤੀ 500 ਮਿਲੀਅਨ ਤੋਂ ਵੱਧ ਹੈ। ਡਾ. ਜ਼ੋਰਾ ਸਿੰਘ ਨੇ ਇਹ ਵੀ ਸਾਂਝਾ ਕੀਤਾ ਕਿ ਦੇਸ਼ ਭਗਤ ਯੂਨੀਵਰਸਿਟੀ ਦੇ ਵਿਦਿਆਰਥੀ ਇਸ ਮੌਕੇ ਰਾਹੀਂ ਉੱਚ ਪੱਧਰੀ ਭਾਸ਼ਾ ਦੀ ਸਿਖਲਾਈ ਤੇ ਮੁਹਾਰਤ ਵਾਲੇ ਭਾਰਤੀ ਅਤੇ ਵਿਦੇਸ਼ੀ ਫੈਕਲਟੀ ਮੈਂਬਰਾਂ ਦੀ ਵਿਆਪਕ ਅਧਿਆਪਨ ਮੁਹਾਰਤ ਦਾ ਵੱਧ ਤੋਂ ਵੱਧ ਲਾਭ ਉਠਾਉਣ ਦੇ ਯੋਗ ਹੋਣਗੇ।

ਸ਼੍ਰੀਮਤੀ ਰਿਤੇਸ਼ ਵਸ਼ਿਸ਼ਟ, ਡਾਇਰੈਕਟਰ, ਹੋਲਾ ਇੰਡੀਆ ਨੇ ਕਿਹਾ ਕਿ ਇਹ ਟੂਰ, ਮਨੋਰੰਜਨ ਤੇ ਗਿਆਨ ਦਾ ਸੁਮੇਲ ਹੈ। ਉਨ੍ਹਾਂ ਇਹ ਵੀ ਕਿਹਾ ਕਿ ਯੂਨੀਵਰਸਿਟੀ ਦੇ ਵਿਦਿਆਰਥੀਆਂ ਅਤੇ ਫੈਕਲਟੀ ਮੈਂਬਰਾਂ ਲਈ 40 ਘੰਟੇ ਦੇ ਸਪੈਨਿਸ਼ ਕੋਰਸ ਸਿੱਖਣ ਤੇ ਇਕ ਸਰਟੀਫਿਕੇਟ ਵੀ ਦਿੱਤਾ ਜਾਵੇਗਾ।

# ਨਗਰ ਕੌਂਸਲ ਨਾਭਾ ਪ੍ਰਾਪਰਟੀ ਟੈਕਸ ਰਿਕਵਰੀ 'ਚ ਪਹਿਲੇ ਸਥਾਨ 'ਤੇ

**ਨਾਭਾ (ਵਰਿੰਦਰ ਵਰਮਾ)** : ਪੰਜਾਬ ਸਰਕਾਰ ਵੱਲੋਂ ਪ੍ਰਾਪਰਟੀ ਟੈਕਸ ਇਕੱਠਾ ਕਰਨ ਦਾ ਜੋ ਟੀਚਾ ਨਗਰ ਕੌਂਸਲ ਨਾਭਾ ਨੂੰ ਦਿੱਤਾ ਸੀ, ਉਸ ਵਿੱਚ ਵਾਧਾ ਕਰਕੇ ਪੰਜਾਬ 'ਚੋਂ ਪਹਿਲਾ ਸਥਾਨ ਹਾਸਲ ਕੀਤਾ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਹਲਕਾ ਵਿਧਾਨ ਸਭਾ ਨਾਭਾ ਤੋਂ ਆਮ ਆਦਮੀ ਪਾਰਟੀ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਨੇ ਨਗਰ ਕੌਂਸਲ ਦਫਤਰ ਨਾਭਾ ਵਿਖੇ ਕੀਤਾ। ਉਨ੍ਹਾ ਕਿਹਾ ਕਿ ਨਗਰ ਕੌਂਸਲ ਨਾਭਾ ਪ੍ਰਧਾਨ ਸੁਜਾਤਾ ਚਾਵਲਾ ਦੇ ਯਤਨ ਸਦਕਾ ਨਗਰ ਕੌਂਸਲ ਬਹੁਤ ਇਮਾਨਦਾਰੀ ਨਾਲ ਕੰਮ ਕਰ ਰਹੀ ਹੈ, ਜਿਸ ਕਾਰਨ ਟੈਕਸ ਇਕੱਠਾ ਕਰਨ 'ਚ ਪਹਿਲਾ ਸਥਾਨ ਹਾਸਲ ਕੀਤਾ ਹੈ।

ਨਗਰ ਕੌਂਸਲ ਨਾਭਾ ਨੇ 2159 ਰਿਹਾਇਸ਼ੀ ਯੂਨਿਟਾਂ ਤੋਂ 17 ਲੱਖ 36 ਹਜ਼ਾਰ ਰੁਪਏ ਅਤੇ 1637 ਕਮਰਸ਼ੀਅਲ ਯੂਨਿਟ ਤੋਂ 1 ਕਰੋੜ 61 ਲੱਖ 20 ਹਜ਼ਾਰ ਰੁਪਏ ਕੁੱਲ 3791 ਯੂਨਿਟਾਂ ਤੋਂ 1 ਕਰੋੜ 78 ਲੱਖ 56 ਰੁਪਏ ਇਕੱਠੇ ਕੀਤੇ ਹਨ, ਜੋ ਕਿ ਸਰਕਾਰ ਵੱਲੋਂ ਦਿੱਤੇ ਟੀਚੇ ਤੋਂ ਵੱਧ ਹੈ। ਮਾਨ ਨੇ ਕਿਹਾ ਕਿ ਨਗਰ ਕੌਂਸਲ ਵੱਲੋਂ ਹਲਕੇ ਨੂੰ ਸੁੰਦਰ ਬਣਾਉਣ 'ਚ ਬਹੁਤ ਵੱਡਾ ਯੋਗਦਾਨ ਹੈ। ਸ਼ਹਿਰ ਵਿੱਚੋਂ ਗੰਦਗੀ ਦੇ ਡੰਪ ਨੂੰ ਖਤਮ ਕੀਤਾ ਜਾ ਚੁੱਕਿਆ ਹੈ। ਕਈ ਮਿੰਨੀ ਬੱਸ ਸਟੈਂਡ ਬਣਾਏ ਗਏ ਹਨ। ਇਸ ਨਾਲ ਰਾਹਗੀਰਾਂ ਨੂੰ ਬਹੁਤ ਅਰਾਮ ਮਿਲਿਆ ਹੈ। ਹੋਠੀ ਨੇ ਰਾਹਗੀਰਾਂ ਲਈ ਬੈਠਣ ਲਈ ਬੈਂਚ ਅਤੇ ਪੱਖੇ ਲਗਵਾਏ ਗਏ ਹਨ। ਉਨ੍ਹਾ ਕਿਹਾ ਕਿ ਮੇਰਾ ਇੱਕੋ ਇੱਕ ਸੁਪਨਾ ਹੈ ਕਿ ਆਪਣੇ ਸ਼ਹਿਰ ਨਾਭਾ ਨੂੰ ਸੂਬੇ ਪੰਜਾਬ 'ਚੋਂ ਇੱਕ ਨੰਬਰ 'ਤੇ ਲਿਆਂਦਾ ਜਾਵੇ। ਇਸ ਮੌਕੇ ਊਸ਼ਾ ਰਾਣੀ ਮੱਗੋ ਸੀਨੀਅਰ ਵਾਈਸ ਪ੍ਰਧਾਨ, ਅਪਰਅਪਾਰ ਸਿੰਘ ਕਾਰਜ ਸਾਧਕ ਅਫਸਰ, ਗੌਤਮ ਬਾਤਿਸ਼ ਕੌਂਸਲਰ, ਕ੍ਰਿਸ਼ਨ ਕੁਮਾਰ ਕੌਂਸਲਰ, ਸੰਜੇ ਮੱਗੋ, ਤੇਜਿੰਦਰ ਸਿੰਘ ਖਹਿਰਾ, ਪੰਕਜ ਕੁਮਾਰ ਪੱਪੂ, ਦੀਪਕ ਨਾਗਪਾਲ, ਪ੍ਰਿੰਸ ਸ਼ਰਮਾ, ਹਰਸਿਮਰਨ ਸਿੰਘ ਸਾਹਨੀ, ਮਨਪ੍ਰੀਤ ਸਿੰਘ ਕਾਲੀਆ, ਜਸਵੀਰ ਸਿੰਘ ਵਜੀਦਪੁਰ ਅਤੇ ਹੋਰ ਅਹੁਦੇਦਾਰ ਮੌਜੂਦ ਸਨ।

# ਕਿੱਕੀ ਢਿੱਲੋਂ ਆਮਦਨ ਤੋਂ ਵੱਧ ਜਾਇਦਾਦ ਦੇ ਮਾਮਲੇ 'ਚ ਗ੍ਰਿਫ਼ਤਾਰ

**ਫ਼ਰੀਦਕੋਟ (ਐਲਿਗਜ਼ੈਂਡਰ ਡਿਸੂਜ਼ਾ)** ਪੰਜਾਬ ਕਾਂਗਰਸ ਦੇ ਮੀਤ ਪ੍ਰਧਾਨ ਤੇ ਫ਼ਰੀਦਕੋਟ ਦੇ ਸਾਬਕਾ ਵਿਧਾਇਕ ਕੁਸ਼ਲਦੀਪ ਸਿੰਘ ਢਿੱਲੋਂ ਨੂੰ ਵਿਜੀਲੈਂਸ ਨੇ ਮੰਗਲਵਾਰ ਦੁਪਹਿਰ ਫ਼ਿਰੋਜ਼ਪੁਰ ਦੇ ਐਸਐਸਪੀ ਵਿਜੀਲੈਂਸ ਦਫ਼ਤਰ ਤੋਂ ਆਮਦਨ ਤੋਂ ਵੱਧ ਜਾਇਦਾਦ ਦੇ ਮਾਮਲੇ ਵਿੱਚ ਗ੍ਰਿਫ਼ਤਾਰ ਕਰ ਲਿਆ ਹੈ। ਵਿਜੀਲੈਂਸ ਦੀ ਜਾਂਚ ਤੋਂ ਬਾਅਦ ਸਾਬਕਾ ਵਿਧਾਇਕ ਗੁਰਸੇਵਕ ਸਿੰਘ ਵਾਸੀ ਪਿੰਡ ਧੰਨਾ, ਜ਼ਿਲ੍ਹਾ ਫ਼ਰੀਦਕੋਟ ਅਤੇ ਰਾਜਵਿੰਦਰ ਸਿੰਘ ਵਾਸੀ ਪਿੰਡ ਨਾਨਕਸਰ ਸ਼ਹੀਦ ਖ਼ਿਲਾਫ਼ ਭ੍ਰਿਸ਼ਟਾਚਾਰ ਦਾ ਮਾਮਲਾ ਦਰਜ ਕੀਤਾ ਗਿਆ ਹੈ। ਸੂਬੇ ਦੀ ਮੌਜੂਦਾ ਸਰਕਾਰ ਬਣਨ ਦੇ ਕੁਝ ਮਹੀਨਿਆਂ ਬਾਅਦ ਤੋਂ ਹੀ ਢਿੱਲੋਂ ਵਿਜੀਲੈਂਸ ਦੀ ਜਾਂਚ ਦਾ ਸਾਹਮਣਾ ਕਰ ਰਹੇ ਸਨ ਅਤੇ ਇਸ ਤੋਂ ਪਹਿਲਾਂ ਵੀ ਫਰੀਦਕੋਟ ਵਿਜੀਲੈਂਸ ਦੇ ਡੀਐਸਪੀ ਦਫਤਰ ਵਿੱਚ ਪੁੱਛਗਿੱਛ ਹੁੰਦੀ ਰਹੀ ਹੈ। ਏਨਾ ਹੀ ਨਹੀਂ, ਵਿਜੀਲੈਂਸ ਟੀਮ ਨੇ ਢਿੱਲੋਂ ਦੀ ਚੰਡੀਗੜ੍ਹ ਨੇੜੇ ਬਣਾਈ ਜਾ ਰਹੀ ਕੋਠੀ ਦਾ ਵੀ ਨਿਰੀਖਣ ਕੀਤਾ ਹੈ। ਵਿਜੀਲੈਂਸ ਦੇ ਬੁਲਾਰੇ ਨੇ ਦੱਸਿਆ ਕਿ ਬਿਊਰੋ ਵੱਲੋਂ ਉਨ੍ਹਾਂ ਦੀਆਂ ਸਾਰੀਆਂ ਚੱਲ ਅਤੇ ਅਚੱਲ ਜਾਇਦਾਦਾਂ ਦਾ ਮੁਲਾਂਕਣ ਕਰਨ ਲਈ 01-04-2017 ਤੋਂ 31-03-2022 ਤੱਕ ਪੰਜ ਸਾਲਾਂ ਦਾ ਸਮਾਂ ਨਿਰਧਾਰਤ ਕੀਤਾ ਗਿਆ ਸੀ। ਜਾਂਚ ਦੌਰਾਨ ਇਹ ਸਾਹਮਣੇ ਆਇਆ ਕਿ ਸਾਬਕਾ ਵਿਧਾਇਕ ਨੇ ਆਪਣੀ ਆਮਦਨ ਤੋਂ ਵੱਧ ਜਾਇਦਾਦ ਬਣਾਈ ਸੀ ਅਤੇ ਪਿੰਡ ਮੁਮਾਰਾ, ਤਹਿਸੀਲ ਸਾਦਿਕ, ਜ਼ਿਲ੍ਹਾ ਫਰੀਦਕੋਟ ਵਿੱਚ ਹੋਰ ਵਿਅਕਤੀਆਂ ਦੇ ਨਾਂਅ 'ਤੇ ਜਾਇਦਾਦਾਂ ਖਰੀਦੀਆਂ ਸਨ। ਇਹ ਵੀ ਪਾਇਆ ਗਿਆ ਕਿ ਉਨ੍ਹਾਂ ਆਪਣੀ ਆਮਦਨ ਦੇ ਸਰੋਤਾਂ ਦਾ ਲਗਭਗ 245 ਪ੍ਰਤੀਸ਼ਤ ਖਰਚ ਕੀਤਾ। ਇਸ ਸਬੰਧੀ ਉਪਰੋਕਤ ਸਾਰੇ ਮੁਲਜ਼ਮਾਂ ਖ਼ਿਲਾਫ਼ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀ ਧਾਰਾ 13 (1), 13 (2) ਤੇ ਆਈਪੀਸੀ ਦੀ ਧਾਰਾ 120ਬੀ ਤਹਿਤ ਵਿਜੀਲੈਂਸ ਬਿਓਰੋ ਦੇ ਥਾਣਾ ਫ਼ਿਰੋਜ਼ਪੁਰ ਦੀ ਰੇਂਜ ਵਿੱਚ ਮੁਕੱਦਮਾ ਦਰਜ ਕੀਤਾ ਗਿਆ ਹੈ।

# ਲੜਕੀਆਂ ਸਿੱਖਿਅਤ ਹੋਣ ਨਾਲ ਸਮਾਜ ਵੀ ਹੋਵੇਗਾ ਸਿੱਖਿਅਤ : ਡਾ. ਵਿਵੇਕ

**ਭੀਖੀ, (ਧਰਮਵੀਰ ਸ਼ਰਮਾ)**-ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਪੰਜਵੀਂ ਜਮਾਤ ਨਾਲ ਸਬੰਧਤ ਭੀਖੀ ਵਿੱਚੋਂ ਪਹਿਲੇ, ਦੂਜੇ ਤੇ ਤੀਜੇ ਨੰਬਰ 'ਤੇ ਆਉਣ ਵਾਲੀਆਂ ਲੜਕੀਆਂ ਨੂੰ ਸਨਮਾਨਤ ਕਰਨ ਲਈ ਇੱਕ ਸਮਾਰੋਹ ਸਥਾਨਕ ਸ਼ਿਵ ਮੰਦਰ ਵਿਖੇ ਪੰਜਾਬ ਕੈਮਿਸਟ ਐਸੋਸੀਏਸ਼ਨ ਬਲਾਕ ਭੀਖੀ ਵੱਲੋਂ ਕੀਤਾ ਗਿਆ, ਜਿਸ ਵਿੱਚ ਮੁੱਖ ਮਹਿਮਾਨ ਵਜੋਂ ਡਾ. ਵਿਵੇਕ ਜਿੰਦਲ ਦਿਲ ਦੀਆਂ ਬਿਮਾਰੀਆਂ ਦੇ ਮਾਹਰ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।

ਇਸ ਮੌਕੇ ਬੋਲਦਿਆਂ ਡਾ. ਵਿਵੇਕ ਜਿੰਦਲ ਨੇ ਕਿਹਾ ਕਿ ਲੜਕੀਆਂ ਦੇ ਸਿੱਖਿਅਤ ਹੋਣ ਨਾਲ ਹੀ ਸਮਾਜ ਸਿੱਖਿਅਤ ਹੋਵੇਗਾ ਤਾਂ ਹੀ ਅਗਲੀਆਂ ਪੀੜ੍ਹੀਆਂ ਤਰੱਕੀ ਕਰ ਸਕਣਗੀਆਂ। ਉਨ੍ਹਾਂ ਕਿਹਾ ਕਿ ਸਾਨੂੰ ਲੜਕੀਆਂ ਨੂੰ ਸਿੱਖਿਆ ਦਿਵਾਉਣ ਲਈ ਅੱਗੇ ਆਉਣਾ ਹੋਵੇਗਾ ਤਾਂ ਕਿ ਸਾਡਾ ਸਮਾਜ ਤਰੱਕੀ ਕਰ ਸਕੇ। ਇਸ ਮੌਕੇ ਮੰਨਤ ਨੇ 500 'ਚੋਂ 500 ਅੰਕ ਲੈ ਕੇ ਪਹਿਲਾ, ਜੋਤੀ ਸ਼ਰਮਾ ਨੇ 494 ਅੰਕ ਲੈ ਕੇ ਦੂਸਰਾ ਤੇ ਸਿਮਰਨਪ੍ਰੀਤ ਕੌਰ ਨੇ 492 ਅੰਕ ਲੈ ਕੇ ਤੀਸਰਾ ਸਥਾਨ ਹਾਸਲ ਕੀਤਾ ਸੀ, ਜਿਨ੍ਹਾਂ ਨੂੰ ਪੰਜਾਬ ਕੈਮਿਸਟ ਐਸੋਸੀਏਸ਼ਨ ਬਲਾਕ ਭੀਖੀ ਵੱਲੋਂ ਸਨਮਾਨ ਚਿੰਨ੍ਹ ਤੇ ਨਗਦ ਰਾਸ਼ੀ ਦੇ ਕੇ ਸਨਮਾਨਤ ਕੀਤਾ ਗਿਆ ਅਤੇ ਪੜ੍ਹਾਈ 'ਚ ਅੱਵਲ ਰਹਿਣ ਵਾਲੀ ਕੋਮਲ ਸ਼ਰਮਾ ਨੂੰ ਵੀ ਸਨਮਾਨਤ ਕੀਤਾ ਗਿਆ। ਇਸ ਮੌਕੇ ਮੈਨੇਜਰ ਗੌਰਵ ਮਿਗਲਾਨੀ, ਸ਼ਾਮ ਸੁੰਦਰ ਗੋਇਲ, ਡਾ. ਪ੍ਰਿੰਸ ਸਿੰਗਲਾ, ਹਰਪ੍ਰੀਤ ਹੈਪੀ, ਸ਼ੁਭਮ ਮਾਨਸਾ, ਰਜਨੀਸ਼ ਸ਼ਰਮਾ ਕਾਲਾ, ਬਲਾਕ ਪ੍ਰਧਾਨ ਮਨਪ੍ਰੀਤ ਚਹਿਲ, ਗੋਰਾ ਲਾਲ, ਅਰੁਣ ਕੁਮਾਰ, ਰਣਬੀਰ ਸਿੰਘ, ਨਿਰਮਲ ਚੰਦ, ਮੋਹਿਤ ਜਿੰਦਲ, ਸੋਨੂੰ ਸ਼ਰਮਾ, ਗੁਰਪ੍ਰੀਤ ਸਿੰਘ ਹੀਰੋ, ਲਛਮਣ ਸਿੰਘ ਦਲਜੀਤ ਤੇ ਆਰਕੀਟੈਕਟ ਮਨੋਜ ਗੋਇਲ ਤੇ ਹੋਰ ਹਾਜ਼ਰ ਸਨ।

## ਯਾਸਿਕਾ ਨੇ 96 ਫੀਸਦੀ ਅੰਕ ਪ੍ਰਾਪਤ ਕਰਕੇ ਪੂਰੇ ਜ਼ਿਲ੍ਹੇ 'ਚੋਂ ਕੀਤਾ ਪਹਿਲਾ ਰੈਂਕ ਹਾਸਲ

**ਬਾਘਾਪੁਰਾਣਾ (ਮਨੀ ਸਿੰਗਲਾ)** ਸੀ ਬੀ ਐਸ ਸੀ ਬੋਰਡ ਵੱਲੋਂ ਐਲਾਨੇ ਗਏ ਬਾਰ੍ਹਵੀਂ ਦੇ ਨਤੀਜੇ ਵਿੱਚ ਯਸੀਕਾ, ਜੋ ਮੋਗਾ ਦੇ ਕਿਚਲੂ ਸਕੂਲ ਦੀ ਬਾਰ੍ਹਵੀਂ ਜਮਾਤ ਵਿਦਿਆਰਥਣ ਹੈ, ਨੇ ਕਾਮਰਸ ਵਿੱਚ 500 ਵਿੱਚੋਂ 480 ਅੰਕ ਹਾਸਲ ਕਰ 96 ਫੀਸਦੀ ਅੰਕ ਨਾਲ ਪੂਰੇ ਮੋਗਾ ਜ਼ਿਲ੍ਹੇ ਵਿੱਚ ਪਹਿਲਾਂ ਰੈਂਕ ਹਾਸਲ ਕਰਨ ਤੇ ਉਸਦੇ ਪਰਵਾਰ ਦੀ ਖ਼ੁਸ਼ੀ ਦਾ ਠਿਕਾਣਾ ਨਾ ਰਿਹਾ। ਜਦੋਂ ਉਨ੍ਹਾਂ ਨੂੰ ਪਤਾ ਲੱਗਾ ਕਿ ਯਸਿਕਾ ਨੇ ਪੂਰੇ ਮੋਗਾ ਜ਼ਿਲ੍ਹੇ ਵਿੱਚ ਪਹਿਲਾਂ ਸਥਾਨ ਹਾਸਲ ਕੀਤਾ ਹੈ ਤਾਂ ਉਨ੍ਹਾਂ ਦੇ ਘਰ ਵਧਾਈਆਂ ਦੇਣ ਵਾਲਿਆਂ ਦਾ ਤਾਂਤਾ ਲੱਗ ਗਿਆ।

ਪਿਤਾ ਵਿਮਲ ਗਰਗ ਵਿੱਕੀ ਨੇ ਦੱਸਿਆ ਕਿ ਅਸੀਂ ਕਦੇ ਵੀ ਮੁੰਡੇ ਕੁੜੀ ਵਿੱਚ ਫ਼ਰਕ ਨਹੀਂ ਸਮਝਿਆ ਅਤੇ ਨਾ ਹੀ ਕਦੇ ਬੱਚਿਆਂ ਨੂੰ ਪੜ੍ਹਾਈ ਲਈ ਮਜਬੂਰ ਕੀਤਾ।

## ਪਿੰਡਾਂ ਦੇ ਵਿਕਾਸ ਲਈ ਵੰਡੇ 80 ਲੱਖ ਰੁਪਏ ਦੇ ਚੈੱਕ

**ਮੂਨਕ (ਰਾਜਪਾਲ ਸਿੰਗਲਾ)** ਹਲਕਾ ਵਿਧਾਇਕ ਐਡਵੋਕੇਟ ਬਰਿੰਦਰ ਗੋਇਲ ਨੇ ਸਬ ਡਵੀਜਨ ਮੂਨਕ ਦੇ ਵੱਖ-ਵੱਖ ਪਿੰਡਾਂ ਦੇ ਵਿਕਾਸ ਲਈ ਪੰਚਾਇਤਾਂ ਨੂੰ 80 ਲੱਖ ਰੁਪਏ ਦੇ ਚੈੱਕ ਭੇਂਟ ਕਰਦਿਆਂ ਕਿਹਾ ਕਿ ਸਰਕਾਰ ਦਾ ਖ਼ਜ਼ਾਨਾ ਭਰਪੂਰ ਹੈ। ਸ਼ਹਿਰਾਂ ਅਤੇ ਪਿੰਡਾਂ ਦੇ ਵਿਕਾਸ ਲਈ ਪੈਸੇ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਸੂਬੇ ਅੰਦਰ ਪਹਿਲੀ ਵਾਰ ਕੱਟੜ ਇਮਾਨਦਾਰ ਸਰਕਾਰ ਆਈ ਹੈ, ਪਿਛਲੀਆਂ ਸਰਕਾਰਾਂ ਸਮੇਂ ਵਿਕਾਸ ਲਈ ਆਇਆ ਪੈਸਾ ਭ੍ਰਿਸ਼ਟਾਚਾਰ ਦੀ ਭੇਟ ਚੜ੍ਹਦਾ ਰਿਹਾ, ਪਰ ਉਨ੍ਹਾਂ ਭ੍ਰਿਸ਼ਟਾਚਾਰੀਆਂ ਲਈ ਸਿੱਧਾ ਰਸਤਾ ਜੇਲ੍ਹ ਹੈ। ਵਿਧਾਇਕ ਗੋਇਲ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਇਕੋ ਇੱਕ ਨਿਸ਼ਾਨਾ ਪੰਜਾਬ ਨੂੰ ਰੰਗਲਾ ਪੰਜਾਬ ਬਣਾਉਣਾ ਹੈ, ਇਸ ਲਈ ਸਰਕਾਰੀ ਖ਼ਜ਼ਾਨਾ ਕਦੇ ਖਾਲੀ ਨਹੀਂ ਹੋ ਸਕਦਾ। ਵਿਧਾਇਕ ਗੋਇਲ ਨੇ ਕਿਹਾ ਕਿ 80 ਲੱਖ ਰੁਪਏ ਦੇ ਵਿਕਾਸ ਕੰਮਾਂ ਲਈ ਜੋ ਚੈੱਕ ਵੰਡੇ ਗਏ ਹਨ, ਇਸਦੇ ਤਹਿਤ ਪਿੰਡਾਂ ਅੰਦਰ ਸੀਚੇਵਾਲ ਮਾਡਲ ਦੇ ਤਹਿਤ ਗੰਦੇ ਪਾਣੀ ਦੀ ਨਿਕਾਸੀ, ਸੋਲਰ ਲਾਈਟਾਂ ਲਾਉਣ ਦੇ ਨਾਲ-ਨਾਲ ਪਿਛਲੇ ਸਮੇਂ ਹਲਕੇ ਦੇ ਪਿੰਡ ਸਲੇਮਗੜ੍ਹ ਦੇ ਸ਼ਹੀਦ ਹੋਏ ਫੌਜੀ ਸ਼ਮਸ਼ੇਰ ਸਿੰਘ ਦੀ ਯਾਦ ਵਿਚ ਯਾਦਗਾਰੀ ਗੇਟ ਬਣਾਉਣਾ ਵੀ ਸ਼ਾਮਲ ਹੈ। ਉਨ੍ਹਾਂ ਕਿਹਾ ਕਿ ਸਮੁੱਚੇ ਹਲਕੇ ਵਿਚ 8 ਕਰੋੜ ਰੁਪਏ ਦੀ ਲਾਗਤ ਦੇ ਵਿਕਾਸ ਕੰਮ ਚੱਲ ਰਹੇ ਹਨ, ਹਲਕੇ ਦੇ 7 ਪਿੰਡਾਂ ਵਿਚ ਪੰਚਾਇਤ ਘਰ ਬਣਾਏ ਜਾ ਰਹੇ ਹਨ ਅਤੇ 5 ਪਿੰਡਾਂ ਵਿੱਚ ਲਾਇਬ੍ਰੇਰੀਆਂ ਬਣਾਈਆਂ ਜਾ ਰਹੀਆਂ ਹਨ, ਲਹਿਰਾਗਾਗਾ ਵਿਖੇ ਵਿਕਾਸ ਲਈ 4 ਕਰੋੜ ਰੁਪਏ ਤੋਂ ਵੱਧ ਦੇ ਟੈਂਡਰ ਲਾ ਕੇ ਵਰਕ ਆਰਡਰ ਜਾਰੀ ਕਰ ਦਿੱਤੇ ਗਏ ਹਨ।

## ਸਿਵਲ ਹਸਪਤਾਲ 'ਚ ਪੂਰੀਆਂ ਸਿਹਤ ਸਹੂਲਤਾਂ ਦੇਣ ਦੀ ਮੰਗ

**ਬਰੇਟਾ (ਗੋਬਿੰਦ ਸ਼ਰਮਾ)** ਇਲਾਕਾ ਵਿਕਾਸ ਕਮੇਟੀ ਲੰਮੇ ਸਮੇਂ ਤੋਂ ਇਲਾਕੇ ਦੀਆਂ ਮੰਗਾਂ ਸਬੰਧੀ ਸਰਕਾਰ ਤੇ ਪ੍ਰਸ਼ਾਸਨ ਕੋਲ ਆਵਾਜ਼ ਉਠਾਉਂਦੀ ਆ ਰਹੀ ਹੈ। ਇਸੇ ਲੜੀ ਤਹਿਤ ਪਿਛਲੇ ਦਿਨੀਂ ਸਿਹਤ ਕੇਂਦਰ ਵਿਖੇ ਸਿਹਤ ਸਹੂਲਤਾਂ ਪੂਰੀਆਂ ਨਾ ਹੋਣ ਕਾਰਨ ਇਲਾਕੇ ਦੇ ਲੋਕਾਂ ਨੂੰ ਆ ਰਹੀਆਂ ਮੁਸ਼ਕਲਾਂ ਸਬੰਧੀ ਕਈ ਮੀਟਿੰਗਾਂ ਕੀਤੀਆਂ ਗਈਆਂ। ਇਸ ਤੋਂ ਬਾਅਦ ਸਿਹਤ ਮੰਤਰੀ ਤੱਕ ਪਹੁੰਚ ਕਰਕੇ ਮੰਗ ਪੱਤਰ ਦੇਣ ਦਾ ਫੈਸਲਾ ਹੋਇਆ। ਮੰਗ ਪੱਤਰ 'ਚ ਮੰਗ ਕੀਤੀ ਗਈ ਹੈ ਕਿ ਹਫਤੇ ਦੇ ਸੱਤ ਦਿਨ 24 ਘੰਟੇ ਮਾਹਿਰ ਡਾਕਟਰਾਂ ਦੀਆਂ ਸੇਵਾਵਾਂ ਯਕੀਨੀ ਬਣਾਇਆਂ ਜਾਣ। ਆਮ ਟੈਸਟਾਂ ਤੇ ਜਣੇਪੇ ਸਬੰਧੀ ਬੁਨਿਆਦੀ ਸਹੂਲਤਾਂ ਦਿੱਤੀਆਂ ਜਾਣ, ਪੈਰਾ ਮੈਡੀਕਲ ਸਟਾਫ ਦੀਆਂ ਸਾਰੀਆਂ ਪੋਸਟਾਂ ਭਰੀਆਂ ਜਾਣ, ਦੂਜੇ ਥਾਂਵਾਂ 'ਤੇ ਆਰਜ਼ੀ ਪ੍ਰਬੰਧ ਅਧੀਨ ਭੇਜੇ ਜਾਂਦੇ ਕ੍ਰਮਚਾਰੀਆਂ ਦੀ ਹਾਜਰੀ ਇਸੇ ਹਸਪਤਾਲ ਵਿੱਚ ਅਮਲੀ ਰੂਪ ਵਿੱਚ ਯਕੀਨੀ ਬਣਾਈ ਜਾਵੇ ਤੇ ਐਸ ਐਮ ਓ ਦੀ ਨਿਯੁਕਤੀ ਵੀ ਪੱਕੇ ਤੌਰ 'ਤੇ ਕੀਤੀ ਜਾਵੇ। ਮਾਣਯੋਗ ਸਿਹਤ ਮੰਤਰੀ ਨੇ ਸਾਰੀਆਂ ਮੰਗਾਂ ਪੂਰੀਆਂ ਕਰਨ ਦਾ ਭਰੋਸਾ ਦਿੱਤਾ ਹੈ।

## ਪਾਬੰਦੀਸ਼ੁਦਾ ਕੈਪਸੂਲ ਬਰਾਮਦ, ਦੁਕਾਨ ਸੀਲ, ਮਾਲਕ ਖਿਲਾਫ ਮਾਮਲਾ ਦਰਜ

**ਬਰੇਟਾ (ਗੀਤਵਾਲ)** ਜ਼ਿਲ੍ਹੇ ਨੂੰ ਨਸ਼ਾ ਮੁਕਤ ਬਨਾਉਣ ਲਈ ਐਸ.ਐਸ.ਪੀ. ਮਾਨਸਾ ਡਾ. ਨਾਨਕ ਸਿੰਘ ਦੀ ਯੋਗ ਅਗਵਾਈ ਹੇਠ ਸਿਹਤ ਵਿਭਾਗ ਦੀ ਟੀਮ ਨਾਲ ਪੁਲਿਸ ਵੱਲੋਂ ਪਾਬੰਦੀਸ਼ੁਦਾ ਲੱਖਾਂ ਰੁਪਏ ਦੇ ਕੈਪਸੂਲ ਬਰਾਮਦ ਕਰਕੇ ਇੱਕ ਮੈਡੀਕਲ ਸਟੋਰ ਨੂੰ ਸੀਲ ਕਰਨ ਦਾ ਸਮਾਚਾਰ ਮਿਲਿਆ ਹੈ। ਇਕੱਤਰ ਜਾਣਕਾਰੀ ਅਨੁਸਾਰ ਜ਼ਿਲ੍ਹਾ ਡਰੱਗ ਕੰਟਰੋਲਰ ਸ਼ੀਸ਼ਨ ਮਿੱਤਲ ਨੇ ਪੁਲਸ ਦੀ ਸਾਂਝੀ ਚੈਕਿੰਗ ਦੌਰਾਨ ਸ਼ਹਿਰ ਦੇ ਗਰਗ ਮੈਡੀਕਲ ਸਟੋਰ 'ਤੇ ਛਾਪਾਮਾਰੀ ਕੀਤੀ ਗਈ ਤਾਂ ਜਿੱਥੇ ਪਾਬੰਦੀਸ਼ੁਦਾ 14 ਹਜ਼ਾਰ 837 ਕੈਪਸੂਲ ਬਰਾਮਦ ਕੀਤੇ ਗਏ, ਜਿਨ੍ਹਾਂ ਦੀ ਬਜ਼ਾਰੀ ਕੀਮਤ 2 ਲੱਖ 77 ਹਜ਼ਾਰ ਰੁਪਏ ਹੈ। ਦੁਕਾਨ ਮਾਲਕ ਮੌਕੇ ਤੇ ਕੈਪਸੂਲਾਂ ਸੰਬੰਧੀ ਕੋਈ ਰਿਕਾਰਡ ਪੇਸ਼ ਨਾ ਕਰ ਸਕਿਆ, ਜਿੱਥੇ ਸਿਹਤ ਵਿਭਾਗ ਦੇ ਨਿਯਮਾਂ ਅਨੁਸਾਰ ਪੁਲਿਸ ਦੀ ਹਾਜ਼ਰੀ ਵਿੱਚ ਕੈਪਸੂਲਾਂ ਨੂੰ ਕਬਜ਼ੇ ਵਿੱਚ ਲੈਂਦਿਆਂ ਜਿੱਥੇ ਦੁਕਾਨ ਨੂੰ ਸੀਲ ਕਰ ਦਿੱਤਾ ਗਿਆ, ਉਥੇ ਦੁਕਾਨ ਮਾਲਕ ਜੀਵਨ ਕੁਮਾਰ ਦੇ ਖਿਲਾਫ਼ ਧਾਰਾ 188 ਅਧੀਨ ਮਾਮਲਾ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ। ਐਸ.ਐਚ.ਓ. ਬੂਟਾ ਸਿੰਘ ਨੇ ਦੱਸਿਆ ਕਿ ਜ਼ਿਲ੍ਹੇ ਨੂੰ ਨਸ਼ਾ ਮੁਕਤ ਬਨਾਉਣ ਲਈ ਪੁਲਸ ਅਤੇ ਸਿਹਤ ਵਿਭਾਗ ਵੱਲੋਂ ਸਾਂਝੇ ਰੂਪ ਵਿੱਚ ਟੀਮਾਂ ਬਣਾ ਕੇ ਚੈਕਿੰਗ ਕੀਤੀ ਜਾ ਰਹੀ ਹੈ। ਉਨ੍ਹਾਂ ਨਸ਼ੇ ਦੇ ਸੌਦਾਗਰਾਂ ਨੂੰ ਤਾੜਨਾ ਕਰਦਿਆਂ ਕਿਹਾ ਕਿ ਨਸ਼ਾ ਵੇਚਣ ਜਾਂ ਕਰਨ ਵਾਲਿਆਂ ਨੂੰ ਕਿਸੇ ਵੀ ਕੀਮਤ 'ਤੇ ਬਖਸ਼ਿਆ ਨਹੀਂ ਜਾਵੇਗਾ। ਦੱਸਣਯੋਗ ਹੈ ਕਿ ਅਜਿਹੇ ਮਾਮਲਿਆਂ ਨੂੰ ਲੈ ਕੇ ਪਹਿਲਾਂ ਵੀ ਇਸ ਦੁਕਾਨਦਾਰ ਤੇ ਕਈ ਵਾਰ ਵਿਭਾਗ ਦੀ ਰੇਡ ਵੱਜ ਚੁੱਕੀ ਹੈ ਅਤੇ ਇੱਕਾ ਦੁੱਕਾ ਵਾਰ ਇਹ ਮਾਲਕ ਜੇਲ ਦੀ ਹਵਾ ਵੀ ਖਾ ਚੁੱਕਾ ਹੈ। ਜ਼ਿਕਰਯੋਗ ਹੈ ਕਿ ਪਿਛਲੇ ਕਾਫੀ ਦਿਨਾਂ ਤੋਂ ਮਾਨਸਾ ਸ਼ਹਿਰ ਦੀਆਂ ਕੁਝ ਮੈਡੀਕਲ ਦੁਕਾਨਾਂ ਤੇ ਨਸ਼ੀਲੀਆਂ ਦਵਾਈਆਂ ਵੇਚਣ ਦਾ ਮਾਮਲਾ ਸੋਸ਼ਲ ਮੀਡੀਆ 'ਤੇ ਖੂਬ ਵਾਇਰਲ ਹੋ ਰਿਹਾ ਹੈ, ਜਿਸ 'ਚ ਵਿਭਾਗ ਦੇ ਕੁਝ ਅਧਿਕਾਰੀਆਂ ਦੀ ਮਿਲੀ ਭੁਗਤ ਵੀ ਦੱਸੀ ਜਾ ਰਹੀ ਹੈ।

## ਲੌਂਗੋਵਾਲ ਦੇ ਨਵੋਦਿਆ 'ਚ ਦਾਖਲੇ ਲਈ ਅੰਤਮ ਮਿਤੀ 31 ਮਈ

**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ, ਕੁਲਦੀਪ ਅਤਰੀ)**- ਸਥਾਨਕ ਜਵਾਹਰ ਨਵੋਦਿਆ ਵਿਦਿਆਲਿਆ ਦੀ ਪ੍ਰਿੰਸੀਪਲ ਮੈਡਮ ਸੁਧਾ ਸ਼ਰਮਾ ਨੇ ਦੱਸਿਆ ਕਿ ਇਸ ਸੰਸਥਾ ਵਿਚ ਗਿਆਰ੍ਹਵੀਂ ਸ਼੍ਰੇਣੀ ਲਈ ਖਾਲੀ ਪਈਆਂ ਸੀਟਾਂ ਵਿਚ ਦਾਖਲੇ ਲਈ ਆਨਲਾਈਨ ਫਾਰਮ ਭਰਨ ਦੀ ਅੰਤਿਮ ਮਿਤੀ 31 ਮਈ ਰੱਖੀ ਗਈ ਹੈ। ਪਰ ਇਸ ਵਿਦਿਆਲਿਆ ਸੰਮਤੀ ਦੇ ਸਾਈਟ 'ਤੇ 11 ਤੋਂ ਫਾਰਮ ਭਰਨੇ ਆਰੰਭ ਹੋ ਗਏ ਸਨ। ਦਾਖਲਾ ਪ੍ਰੀਖਿਆ 22 ਜੁਲਾਈ ਨੂੰ ਨਵੋਦਿਆ ਵਿਦਿਆਲਿਆ ਲੌਂਗੋਵਾਲ ਵਿਖੇ ਹੋਵੇਗੀ। ਅਪਲਾਈ ਕਰਨ ਵਾਲਾ ਵਿਦਿਆਰਥੀ ਜ਼ਿਲ੍ਹਾ ਸੰਗਰੂਰ ਦੇ ਕਿਸੇ ਵੀ ਸਰਕਾਰੀ ਜਾਂ ਮਾਨਤਾ ਪ੍ਰਾਪਤ ਸਕੂਲ ਦੇ ਸੈਸ਼ਨ 2022-23 ਵਿੱਚ ਦਸਵੀਂ ਸ਼੍ਰੇਣੀ ਵਿੱਚ ਪੜ੍ਹਦਾ ਹੋਵੇ ਅਤੇ ਉਸ ਦੀ ਜਨਮ ਮਿਤੀ ਪਹਿਲੀ ਜੂਨ 2006 ਤੋਂ 31 ਜੁਲਾਈ 2008 ਦੇ ਦਰਮਿਆਨ ਹੋਵੇ।

# ਕੋਕਾ ਕੋਲਾ ਫੈਕਟਰੀ ਦੇ ਮੁਲਾਜ਼ਮਾਂ ਨੇ ਮੰਗਾਂ ਸੰਬੰਧੀ ਵਧੀਕ ਡਿਪਟੀ ਕਮਿਸ਼ਨਰ ਨਾਲ ਮੀਟਿੰਗ ਕੀਤੀ

**ਫ਼ਤਿਹਗੜ੍ਹ ਸਾਹਿਬ, (ਪ੍ਰਮੋਦ ਭਾਰਦਵਾਜ)** ਪਿੰਡ ਨਬੀਪੁਰ ਦੀ ਕੋਕਾ ਕੋਲਾ ਫੈਕਟਰੀ ਦੇ ਮੁਲਾਜ਼ਮਾਂ ਨੇ ਆਪਣੀਆਂ ਮੰਗਾਂ ਸਬੰਧੀ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਸ਼੍ਰੀਮਤੀ ਅਨੁਪ੍ਰਿਤਾ ਜੌਹਲ ਨਾਲ ਮੀਟਿੰਗ ਕੀਤੀ ਤੇ ਆਪਣੀਆਂ ਮੰਗਾਂ ਬਾਰੇ ਵਿਸਥਾਰ ਸਹਿਤ ਦੱਸਿਆ। ਕੋਕਾ ਕੋਲਾ ਫੈਕਟਰੀ ਦੇ ਮੁਲਾਜ਼ਮਾਂ ਦੀਆਂ ਮੰਗਾਂ ਬਾਰੇ ਡਿਪਟੀ ਕਮਿਸ਼ਨਰ ਸ਼੍ਰੀਮਤੀ ਪਰਨੀਤ ਸ਼ੇਰਗਿੱਲ ਨੇ ਵਧੀਕ ਡਿਪਟੀ ਕਮਿਸ਼ਨਰ (ਜ), ਡਿਪਟੀ ਡਾਇਰੈਕਟਰ ਫੈਕਟਰੀ, ਸਹਾਇਕ ਲੇਬਰ ਕਮਿਸ਼ਨਰ, ਪੁਲਸ ਵਿਭਾਗ ਅਤੇ ਤਹਿਸੀਲਦਾਰ ਨਾਲ ਵੀ ਅਹਿਮ ਮੀਟਿੰਗ ਕੀਤੀ ਤੇ ਹਾਲਾਤ ਦਾ ਜਾਇਜ਼ਾ ਲਿਆ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਕੋਕਾ ਕੋਲਾ ਫੈਕਟਰੀ ਨਬੀਪੁਰ ਦੇ ਮੁਲਾਜ਼ਮਾਂ ਦੀਆਂ ਮੰਗਾਂ ਬਾਰੇ ਜ਼ਿਲ੍ਹਾ ਪ੍ਰਸ਼ਾਸ਼ਨ ਵੱਲੋਂ ਲਗਾਤਾਰ ਪ੍ਰਬੰਧਕਾਂ ਨਾਲ ਗੱਲਬਾਤ ਕੀਤੀ ਜਾ ਰਹੀ ਹੈ ਤੇ ਮੁਲਾਜ਼ਮਾਂ ਦੀਆਂ ਕਈ ਮੰਗਾਂ ਬਾਰੇ ਪ੍ਰਬੰਧਕਾਂ ਨੇ ਸਿਧਾਂਤਕ ਤੌਰ 'ਤੇ ਹਾਮੀ ਵੀ ਭਰੀ ਹੈ। ਉਨ੍ਹਾਂ ਮੁਲਾਜ਼ਮਾਂ ਨੂੰ ਅਪੀਲ ਕੀਤੀ ਕਿ ਆਮ ਲੋਕਾਂ ਨੂੰ ਧਰਨੇ ਕਾਰਨ ਹੋ ਰਹੀ ਪ੍ਰੇਸ਼ਾਨੀ ਨੂੰ ਮੁੱਖ ਰੱਖਦਿਆਂ ਧਰਨਾ ਦੇਣ ਤੋਂ ਗੁਰੇਜ਼ ਕਰਨਾ ਚਾਹੀਦਾ ਹੈ, ਕਿਉਂਕਿ ਧਰਨੇ ਕਾਰਨ ਆਮ ਲੋਕਾਂ ਦੀ ਰੋਜ਼ਾਨਾਂ ਜ਼ਿੰਦਗੀ ਵਿੱਚ ਕਈ ਮੁਸ਼ਕਲਾਂ ਦਰਪੇਸ਼ ਆ ਰਹੀਆਂ ਹਨ।

ਸ਼੍ਰੀਮਤੀ ਸ਼ੇਰਗਿੱਲ ਨੇ ਦੱਸਿਆ ਕਿ ਕੋਕਾ ਕੋਲਾ ਦੇ ਮੁਲਾਜ਼ਮਾਂ ਵੱਲੋਂ ਫੈਕਟਰੀ 'ਤੇ ਵਾਤਾਵਰਣ ਦੂਸ਼ਿਤ ਕਰਨ ਤੇ ਕੈਂਸਰ ਵਰਗੀਆਂ ਬਿਮਾਰੀਆਂ ਫੈਲਾਉਣ ਬਾਰੇ ਜੋ ਦੋਸ਼ ਲਾਏ ਜਾ ਰਹੇ ਹਨ, ਉਸ ਬਾਰੇ ਪ੍ਰਸ਼ਾਸਨ ਵੱਲੋਂ ਜਲ ਸਪਲਾਈ ਅਤੇ ਪ੍ਰਦੂਸ਼ਣ ਕੰਟਰੋਲ ਬੋਰਡ ਰਾਹੀਂ ਜਾਂਚ ਕਰਵਾਈ ਗਈ ਹੈ, ਜਿਸਦੀ ਮੁੱਢਲੀ ਰਿਪੋਰਟ ਵਿੱਚ ਅਜਿਹੀ ਕੋਈ ਗੱਲ ਸਾਹਮਣੇ ਨਹੀਂ ਆਈ, ਫੇਰ ਵੀ ਸਬੰਧਤ ਵਿਭਾਗਾਂ ਨੂੰ ਇਸਦੀ ਹੋਰ ਡੂੰਘਾਈ ਨਾਲ ਜਾਂਚ ਕਰਨ ਦੇ ਆਦੇਸ਼ ਦਿੱਤੇ ਗਏ ਹਨ।

ਫੈਕਟਰੀ ਮੁਲਾਜ਼ਮਾਂ ਨੇ ਦੱਸਿਆ ਕਿ ਕੰਪਨੀ ਵੱਲੋਂ 2012 ਵਿੱਚ ਜਿਹੜੇ ਮੁਲਾਜ਼ਮ ਕੱਢੇ ਗਏ ਸਨ, ਉਨ੍ਹਾਂ ਨੂੰ ਵਾਪਸ ਰੱਖਿਆ ਜਾਵੇ। ਇਸ ਦਾ ਕੋਰਟ ਕੇਸ ਚੱਲ ਰਿਹਾ ਹੈ ਅਤੇ ਇਸ ਸਬੰਧੀ ਫੈਸਲਾ ਅਦਾਲਤ ਵੱਲੋਂ ਹੀ ਕੀਤਾ ਜਾਵੇਗਾ। ਮੁਲਾਜ਼ਮਾਂ ਵੱਲੋਂ ਆਪਣੀਆਂ ਤਨਖਾਹਾਂ ਵਿੱਚ ਵਾਧਾ ਕਰਨ ਦੀ ਮੰਗ ਬਾਰੇ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਉਨ੍ਹਾਂ ਪ੍ਰਬੰਧਕਾਂ ਨਾਲ ਇਸ ਬਾਰੇ ਗੱਲਬਾਤ ਕੀਤੀ ਹੈ, ਜਿਸ 'ਤੇ ਪ੍ਰਬੰਧਕਾਂ ਨੇ ਇਹ ਵਾਧਾ ਕਰਨ ਦੀ ਸਿਧਾਂਤਕ ਹਾਮੀ ਭਰੀ ਹੈ। ਪ੍ਰਬੰਧਕਾਂ ਨੇ ਕਿਹਾ ਹੈ ਕਿ ਇੱਕੋ ਸਮੇਂ ਏਨਾ ਵਾਧਾ ਨਹੀਂ ਕੀਤਾ ਜਾ ਸਕਦਾ, ਪ੍ਰੰਤੂ ਮੁਲਾਜ਼ਮਾਂ ਦੀਆਂ ਤਨਖਾਹਾਂ ਵਿੱਚ ਹੌਲੀ-ਹੌਲੀ ਕਰਕੇ ਨਿਰੰਤਰ ਵਾਧਾ ਕਰ ਦਿੱਤਾ ਜਾਵੇਗਾ। ਮੁਲਾਜ਼ਮਾਂ ਵੱਲੋਂ ਓਵਰ ਟਾਇਮ ਦੇਣ ਦੀ ਕੀਤੀ ਜਾ ਰਹੀ ਮੰਗ ਤੇ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਇਸ ਬਾਰੇ ਪੜਤਾਲ ਕਰਾਈ ਜਾ ਰਹੀ ਹੈ ਤੇ ਪੜਤਾਲ ਵਿੱਚ ਜੋ ਕੁਝ ਵੀ ਸਾਹਮਣੇ ਆਵੇਗਾ ਤਾਂ ਅਗਲੀ ਕਾਰਵਾਈ ਤੁਰੰਤ ਕਰ ਦਿੱਤੀ ਜਾਵੇਗੀ। ਉਨ੍ਹਾਂ ਮੁਲਾਜ਼ਮਾਂ ਨੂੰ ਇਹ ਵੀ ਕਿਹਾ ਕਿ ਪ੍ਰਸ਼ਾਸਨ ਉਨ੍ਹਾਂ ਦੀਆਂ ਜਾਇਜ਼ਾ ਮੰਗ ਬਾਰੇ ਫੈਕਟਰੀ ਪ੍ਰਬੰਧਕਾਂ ਨਾਲ ਲਗਾਤਾਰ ਸੰਪਰਕ ਵਿੱਚ ਹੈ। ਇਸ ਲਈ ਮੁਲਾਜ਼ਮ ਧਰਨਾ ਨਾ ਦੇਣ, ਕਿਉਂਕਿ ਇਸ ਨਾਲ ਆਮ ਲੋਕਾਂ ਨੂੰ ਭਾਰੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈਂਦਾ ਹੈ।

# ਸਕੂਲ ਦੀ ਨਵੀਂ ਇਮਾਰਤ ਦਾ ਵਿਧਾਇਕ ਨੇ ਰੱਖਿਆ ਨੀਂਹ ਪੱਥਰ

## ਸਰਕਾਰ ਸਕੂਲਾਂ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰੇਗੀ : ਬਾਜੀਗਰ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਪਿੰਡ ਬਣਵਾਲਾ ਦੇ ਸਰਕਾਰੀ ਐਲੀਮੈਂਟਰੀ ਸਕੂਲ ਦੀ ਗਰਾਮ ਪੰਚਾਇਤ ਬਣਵਾਲਾ ਦੇ ਸਹਿਯੋਗ ਨਾਲ ਮਨਾਈ ਜਾਣ ਵਾਲੀ ਨਵੀਂ ਬਣਨ ਵਾਲੀ ਇਮਾਰਤ ਦਾ ਨੀਂਹ-ਪੱਥਰ ਵਿਧਾਨ ਸਭਾ ਹਲਕਾ ਸ਼ੁਤਰਾਣਾ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਨੇ ਰੱਖਿਆ। ਪਿੰਡ ਦੇ ਸਰਪੰਚ ਗੁਰਦਰਸ਼ਨ ਸਿੰਘ ਤੇ ਸਕੂਲ ਦੇ ਮੁੱਖ ਅਧਿਆਪਕ ਸੁਖਪਾਲ ਸਿੰਘ ਦੀ ਅਗਵਾਈ ਵਿੱਚ ਕਰਵਾਏ ਸਮਾਗਮ ਵਿੱਚ ਬਲਾਕ ਸਿੱਖਿਆ ਅਫਸਰ ਪਾਤੜਾਂ ਪ੍ਰੇਮ ਕੁਮਾਰ, ਟਰੱਕ ਯੂਨੀਅਨ ਪਾਤੜਾਂ ਦੇ ਪ੍ਰਧਾਨ ਰਣਜੀਤ ਸਿੰਘ ਡਰੋਲੀ, ਆਪ ਦੇ ਬਲਾਕ ਪ੍ਰਧਾਨ ਮਹਿੰਗਾ ਸਿੰਘ ਬਰਾੜ, ਸ਼ਹਿਰੀ ਪ੍ਰਧਾਨ ਮਦਨ ਲਾਲ ਤੇ ਆਪ ਆਗੂ ਲਾਭ ਸਿੰਘ ਡਰੋਲੀ ਸ਼ਾਮਲ ਹੋਏ। ਨਵੀਂ ਇਮਾਰਤ ਦਾ ਨੀਂਹ ਪੱਥਰ ਰੱਖਣ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਹਲਕਾ ਵਿਧਾਇਕ ਕੁਲਵੰਤ ਸਿੰਘ ਬਾਜੀਗਰ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਸਿੱਖਿਆ ਦੇ ਪੱਧਰ ਨੂੰ ਉੱਚਾ ਚੁੱਕਣ ਲਈ ਲਗਾਤਾਰ ਯਤਨਸ਼ੀਲ ਹੈ। ਘੱਗਾ ਵਿਖੇ ਸਕੂਲ ਆਫ ਐਮੀਨੈਂਸ ਸ਼ੁਰੂ ਹੋਣ ਦੀ ਗੱਲ ਕਰਦਿਆਂ ਉਨ੍ਹਾ ਕਿਹਾ ਕਿ ਆਉਣ ਵਾਲੇ ਕੁਝ ਸਮੇਂ ਅੰਦਰ ਹਲਕੇ ਵਿੱਚ ਦਰਜਨ ਦੇ ਕਰੀਬ ਸਕੂਲ ਅੱਪਗਰੇਡ ਕੀਤੇ ਜਾ ਰਹੇ ਹਨ। ਇਸ ਦੌਰਾਨ ਗ੍ਰਾਮ ਪੰਚਾਇਤ ਬਣਵਾਲਾ ਨੇ ਪਿੰਡ ਦੇ ਹਾਈ ਸਕੂਲ ਨੂੰ ਸੀਨੀਅਰ ਸੈਕੰਡਰੀ ਸਕੂਲ ਵਜੋਂ ਅੱਪਗ੍ਰੇਡ ਕਰਨ ਦੀ ਮੰਗ ਕੀਤੀ, ਜਿਸ 'ਤੇ ਹਲਕਾ ਵਿਧਾਇਕ ਨੇ ਜਲਦੀ ਉਨ੍ਹਾਂ ਨੂੰ ਮੰਗ ਪੂਰੀ ਕਰਨ ਦਾ ਭਰੋਸਾ ਦਿੱਤਾ।

# ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੇ) ਮਾਨਸਾ ਵਿਖੇ ਰਾਸ਼ਟਰੀ ਡੇਂਗੂ ਦਿਵਸ



**ਮਾਨਸਾ (ਪਮਾਰ)**-ਪੰਜਾਬ ਸਰਕਾਰ ਦੁਆਰਾ ਲੋਕਾਂ ਨੂੰ ਵਧੀਆ ਅਤੇ ਮਿਆਰੀ ਸਿਹਤ ਸਹੂਲਤਾਂ ਮੁਹੱਈਆ ਕਰਾਉਣ ਦੇ ਮਕਸਦ ਨਾਲ ਡਾ. ਅਸ਼ਵਨੀ ਕੁਮਾਰ ਸਿਵਲ ਸਰਜਨ ਮਾਨਸਾ ਦੇ ਹੁਕਮਾਂ 'ਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੇ) ਮਾਨਸਾ ਵਿਖੇ ਰਾਸ਼ਟਰੀ ਡੇਂਗੂ ਦਿਵਸ ਮਨਾਇਆ ਗਿਆ। ਡਾ.ਰਣਜੀਤ ਸਿੰਘ ਰਾਏ ਸਹਾਇਕ ਸਿਵਲ ਸਰਜਨ ਮਾਨਸਾ ਨੇ ਸਕੂਲ ਵਿਦਿਆਰਥੀਆਂ ਨੂੰ ਡੇਂਗੂ ਦੀ ਜਾਣਕਾਰੀ ਲੈਣ 'ਤੇ ਜ਼ੋਰ ਦਿੱਤਾ । ਇਸ ਪ੍ਰੋਗਰਾਮ 'ਚ ਡਾ. ਰੁਪਾਲੀ ਜ਼ਿਲ੍ਹਾ ਐਪੀਡੀਮਾਲੋਜਿਸਟ ਨੇ ਦੱਸਿਆ ਕਿ ਰਾਸ਼ਟਰੀ ਡੇਂਗੂ ਦਿਵਸ ਮਨਾਉਣ ਦਾ ਮੁੱਖ ਮਕਸਦ ਲੋਕਾਂ ਨੂੰ ਡੇਂਗੂ ਪ੍ਰਤੀ ਜਾਗਰੂਕ ਕਰਨਾ ਹੈ ਅਤੇ ਇਸ ਸਾਲ ਦਾ ਥੀਮ 'ਡੇਂਗੂ ਨੂੰ ਹਰਾਉਣ ਲਈ, ਜਨ ਭਾਗੀਦਾਰੀ ਅਪਣਾਓ' ਹੈ। ਡੇਂਗੂ ਬੁਖਾਰ ਏਡੀਜ ਇਜਿਪਟੀ ਮੱਛਰ ਦੇ ਕੱਟਣ ਨਾਲ ਫੈਲਦਾ ਹੈ, ਇਹ ਮੱਛਰ ਦਿਨ ਦੀ ਰੌਸ਼ਨੀ ਵੇਲੇ ਕੱਟਦਾ ਹੈ। ਬਰਸਾਤੀ ਮੌਸਮ ਸ਼ੁਰੂ ਹੋਣ 'ਤੇ ਡੇਂਗੂ ਬੁਖਾਰ ਦਾ ਫੈਲਾਅ ਵਧ ਜਾਂਦਾ ਹੈ। ਖਾਸ ਕਰ ਜੁਲਾਈ ਤੋਂ ਸਤੰਬਰ ਤੱਕ ਸਾਨੂੰ ਇਸ ਵੱਲ ਵਿਸ਼ੇਸ਼ ਧਿਆਨ ਦੇਣ ਦੀ ਲੋੜ ਹੁੰਦੀ ਹੈ। ਸਾਨੂੰ ਆਪਣੇ ਘਰਾਂ ਦੀਆਂ ਛੱਤਾਂ ਅਤੇ ਆਲੇ ਦੁਆਲੇ ਕਿਤੇ ਵੀ ਪਾਣੀ ਖੜ੍ਹਾ ਨਹੀਂ ਹੋਣ ਦੇਣਾ ਚਾਹੀਦਾ। ਦਰਸ਼ਨ ਸਿੰਘ ਉਪ ਸਮੂਹ ਸਿੱਖਿਆ ਅਤੇ ਸੂਚਨਾ ਅਫਸਰ ਨੇ ਹਰ ਸ਼ੁੱਕਰਵਾਰ ਹਰ ਹਫਤੇ ਕੂਲਰਾਂ ਦਾ ਪਾਣੀ ਬਦਲਣ ਦੀ ਸਲਾਹ ਦਿੱਤੀ। ਸਕੂਲ ਵਿਖੇ ਡੇਂਗੂ ਦਿਵਸ ਦੇ ਪ੍ਰੋਗਰਾਮ ਵਿਚ ਗੁਰਜੰਟ ਸਿੰਘ ਸਹਾਇਕ ਮਲੇਰੀਆ ਅਫ਼ਸਰ ਨੇ ਵੀ ਸ਼ਿਕਰਤ ਕੀਤੀ। ਉਨ੍ਹਾ ਲੋਕਾਂ ਨੂੰ ਅਪੀਲ ਕੀਤੀ ਕਿ ਆਲੇ ਦੁਆਲੇ ਕਿਤੇ ਵੀ ਮੱਛਰ ਨਹੀਂ ਪਨਪਣਾ ਚਾਹੀਦਾ, ਸਾਨੂੰ ਮੱਛਰ ਤੋਂ ਬਚਣ ਲਈ ਐਂਟੀ ਮਾਸਕਿਟੋ ਕਰੀਮ ਅਤੇ ਮੱਛਰਦਾਨੀਆਂ ਦੀ ਵਰਤੋਂ ਕਰਨੀ ਚਾਹੀਦੀ ਹੈ, ਨਾਲੀਆਂ ਅਤੇ ਟੋਭਿਆਂ ਵਿੱਚ ਖੜ੍ਹੇ ਪਾਣੀ 'ਤੇ ਕਾਲਾ ਤੇਲ ਛਿੜਕਣਾ ਚਾਹੀਦਾ ਹੈ। ਡੇਂਗੂ ਦੇ ਬਚਾਅ ਲਈ ਸਿਹਤ ਵਿਭਾਗ ਵੱਲੋਂ ਪਿੰਡਾਂ 'ਚ ਟੋਭਿਆਂ 'ਚ ਗੰਬੂਜ਼ੀਆਂ ਮੱਛੀਆਂ ਛੱਡੀਆਂ ਜਾਂਦੀਆਂ ਜੋ ਇਸ ਦੇ ਲਾਰਵੇ ਨੂੰ ਖਾ ਜਾਂਦੀਆਂ ਹਨ ਤਾਂ ਕਿ ਮੱਛਰ ਪੈਦਾ ਹੀ ਨਾ ਹੋਵੇ। ਇਸ ਤੋਂ ਇਲਾਵਾ ਕੇਵਲ ਸਿੰਘ ਸਹਾਇਕ ਮਲੇਰੀਆ ਅਫਸਰ (ਰਿਟਾ.) ਨੇ ਕਿਹਾ ਕਿ ਡੇਂਗੂ ਹੋਣ 'ਤੇ ਘਬਰਾਉਣਾ ਨਹੀਂ ਚਾਹੀਦਾ ਸਗੋਂ ਘਰ ਵਿੱਚ ਹੀ ਅਰਾਮ ਕਰਨਾ ਚਾਹੀਦਾ ਹੈ। ਡੇਂਗੂ ਹੋਣ 'ਤੇ ਸਰਕਾਰੀ ਹਸਪਤਾਲ ਟੈਸਟ ਮੁਫਤ ਕਰਵਾਉਣਾ ਚਾਹੀਦਾ ਹੈ। ਇਸ ਮੌਕੇ ਕੰਵਲਜੀਤ ਕੌਰ ਪ੍ਰਿੰਸੀਪਲ ਨੇ ਪੇਟਿੰਗ ਮੁਕਾਬਲੇ ਵਿੱਚ ਜੇਤੂ ਵਿਦਿਆਰਥੀਆਂ ਗੁਰਮੀਤ ਗੋਰਬ, ਅਨਮੋਲਪ੍ਰੀਤ ਸਿੰਘ, ਹਰਮਨਦੀਪ ਸਿੰਘ ਨੂੰ ਇਨਾਮ ਦੇ ਕੇ ਸਨਮਾਨਤ ਕੀਤਾ। ਲੈਕਚਰਾਰ ਜਸਵਿੰਦਰ ਸਿੰਘ, ਗੁਰਿੰਦਰਜੀਤ, ਕ੍ਰਿਸ਼ਨ ਕੁਮਾਰ , ਸਮੂਹ ਸਕੂਲ ਅਧਿਆਪਕ ਅਤੇ ਸਕੂਲ ਕਮੇਟੀ ਮੈਂਬਰ ਵੀ ਇਸ ਸਮੇਂ ਹਾਜ਼ਰ ਸਨ ।

# ਸੰਤ ਹਰਨਾਮ ਸਿੰਘ ਦੀ ਯਾਦ 'ਚ ਛੇਵਾਂ ਸਾਲਾਨਾ ਬਰਸੀ ਸਮਾਗਮ

**ਮਹਿਲ ਕਲਾਂ, (ਬਲਵਿੰਦਰ ਵਜੀਦਕੇ,ਪ੍ਰਦੀਪ ਲੋਹਗੜ੍ਹ)**- ਨਾਨਕਸਰ ਸੰਪਰਦਾਇ ਦੇ 13 ਵੇਂ ਠਾਠ ਨਾਨਕਸਰ ਮਹਿਲ ਕਲਾਂ (ਬਰਨਾਲਾ) ਵਿਖੇ ਸੱਚਖੰਡ ਵਾਸੀ ਸੰਤ ਹਰਨਾਮ ਸਿੰਘ,



ਬਾਬਾ ਜੰਗ ਸਿੰਘ, ਬਾਬਾ ਬਿੱਕਰ ਸਿੰਘ ਤੇ ਹਜ਼ੂਰੀ ਰਾਗੀ ਭਾਈ ਹਰੀ ਸਿੰਘ ਦੀ ਮਿੱਠੀ ਯਾਦ ਨੂੰ ਸਮਰਪਤ ਛੇਵਾਂ ਸਾਲਾਨਾ ਬਰਸੀ ਸਮਾਗਮ ਮੁੱਖ ਸੇਵਾਦਾਰ ਸੰਤ ਕੇਹਰ ਸਿੰਘ ਨਾਨਕਸਰ ਮਹਿਲ ਕਲਾਂ ਦੀ ਅਗਵਾਈ ਹੇਠ ਸਮੂਹ ਸੰਗਤਾਂ ਦੇ ਸਹਿਯੋਗ ਸਦਕਾ ਸ਼ਰਧਾ ਭਾਵਨਾ ਨਾਲ ਕਰਵਾਇਆ ਗਿਆ। ਇਸ ਮੌਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸ੍ਰੀ ਅਖੰਡ ਪਾਠਾਂ ਦੇ ਭੋਗ ਉਪਰੰਤ ਸੰਤ ਸੁਰਿੰਦਰ ਸਿੰਘ ਫਰੀਦ ਕਮਾਲਪੁਰਾ, ਬਾਬਾ ਬਲਦੇਵ ਸਿੰਘ ਲੁਧਿਆਣਾ, ਬਾਬਾ ਤਰਲੋਕ ਸਿੰਘ ਸਿੱਧਵਾਂ ਬੇਟ, ਬਾਬਾ ਹਾਕਮ ਸਿੰਘ ਗੰਡਾ ਸਿੰਘ ਵਾਲਾ, ਬਾਬਾ ਇਕਬਾਲ ਸਿੰਘ ਬਰਨਾਲਾ, ਬਾਬਾ ਸ਼ੇਰ ਸਿੰਘ ਖਾਲਸਾ ਨੇ ਪ੍ਰਬੰਧਕਾਂ ਦੇ ਇਸ ਉੱਦਮ ਦੀ ਸ਼ਲਾਘਾ ਕਰਦਿਆਂ ਸੰਗਤਾਂ ਨੂੰ ਕਲੇਰਾਂ ਵਾਲੇ ਮਹਾਂਪੁਰਖਾਂ ਸੰਤ ਬਾਬਾ ਨੰਦ ਸਿੰਘ, ਸੰਤ ਬਾਬਾ ਈਸ਼ਰ ਸਿੰਘ ਦੀਆਂ ਸਿੱਖਿਆਵਾਂ ਅਨੁਸਾਰ ਪਰਵਾਰਾਂ ਸਮੇਤ ਅੰਮਿਤਪਾਨ ਕਰਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਨਾਲ ਜੁੜਨ ਦੀ ਅਪੀਲ ਕੀਤੀ। ਮਹੰਤ ਗੁਰਪ੍ਰੀਤ ਸਿੰਘ, ਬਾਬਾ ਗੁਰਦੀਪ ਸਿੰਘ, ਭਾਈ ਰਾਜਵਿੰਦਰ ਸਿੰਘ ਕਲਾਲ ਮਾਜਰਾ, ਭਾਈ ਹਰਭਜਨ ਸਿੰਘ ਧਨੇਰ, ਬਾਬਾ ਸੁਖਵਿੰਦਰ ਸਿੰਘ ਕੱਟੂ ਵਾਲਿਆਂ, ਭਾਈ ਗੁਰਦੀਪ ਸਿੰਘ, ਰਾਗੀ ਭੋਲਾ ਸਿੰਘ ਸਹਿਜੜਾ ਨੇ ਕਥਾ ਕੀਰਤਨ ਦੁਆਰਾ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ। ਮੁੱਖ ਸੇਵਾਦਾਰ ਸੰਤ ਕੇਹਰ ਸਿੰਘ ਨੇ ਸਮੂਹ ਸੰਗਤਾਂ ਨੂੰ ਜੀ ਆਇਆਂ ਨੂੰ ਆਖਦਿਆਂ ਵੱਖ ਵੱਖ ਸ਼ਖਸੀਅਤਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ। ਇਸ ਮੌਕੇ ਬਾਬਾ ਲਖਵੀਰ ਸਿੰਘ ਬਾਰਨਹਾੜਾ, ਮਹੰਤ ਚਮਕੌਰ ਸਿੰਘ ਲੋਹਗੜ੍ਹ, ਬਾਬਾ ਬਲਵੀਰ ਸਿੰਘ ਘੋਨਾ, ਨੰ: ਮਹਿੰਦਰ ਸਿੰਘ ਢੀਂਡਸਾ, ਭਾਈ ਹਰਬੰਸ ਸਿੰਘ ਮਹਿਲਵੀਂ, ਜਗਰਾਜ ਸਿੰਘ ਧਨੌਲਾ, ਸਮਾਜ ਸੇਵੀ ਸਰਬਜੀਤ ਸਿੰਘ ਸ਼ੰਭੂ, ਭਾਈ ਮਨਜੀਤ ਸਿੰਘ ਸਹਿਜੜਾ, ਭਾਈ ਜਸਵਿੰਦਰ ਸਿੰਘ ਲਾਡੀ, ਅਮਰਜੀਤ ਸਿੰਘ ਬੱਸੀਆਂ, ਭਾਈ ਸਤਨਾਮ ਸਿੰਘ, ਜਥੇ: ਦਰਸ਼ਨ ਸਿੰਘ ਖਾਲਸਾ, ਅਮਰਜੀਤ ਸਿੰਘ ਮਹਿਲ ਕਲਾਂ, ਜਸਪ੍ਰੀਤ ਸਿੰਘ ਭੰਮੀਪੁਰਾ, ਵਰਿੰਦਰ ਸਿੰਘ ਟਿਵਾਣਾ, ਅਰਸ਼ਦੀਪ ਸਿੰਘ ਨਿਹਾਲੂਵਾਲ, ਜਗਸੀਰ ਸਿੰਘ ਧਾਲੀਵਾਲ, ਹਰਮਨਦੀਪ ਸਿੰਘ ਬੰਟੀ, ਮਨਪ੍ਰੀਤ ਸਿੰਘ ਸਰੋਏ, ਜਸਵੀਰ ਸਿੰਘ ਸ਼ੀਰਾ, ਗੁਰਦੇਵ ਸਿੰਘ ਰਾਹਲ, ਗੁਰਪ੍ਰੀਤ ਸਿੰਘ ਸੋਢਾ, ਬਲਵੀਰ ਸਿੰਘ, ਆਦਿ ਤੋਂ ਇਲਾਵਾ ਵੱਡੀ ਗਿਣਤੀ 'ਚ ਸੰਗਤਾਂ ਹਾਜ਼ਰ ਸਨ ।

CMYK

# ਕਣਕ ਚੋਰੀ ਕਰਨ ਵਾਲੇ ਦੋ ਵਿਅਕਤੀ ਕਾਬੂ



ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ) ਥਾਣਾ ਖੇਮਕਰਨ ਦੀ ਪੁਲਸ ਨੇ ਖੇਮਕਰਨ ਦੀ ਦਾਣਾ ਮੰਡੀ 'ਚੋਂ ਕਣਕ ਚੋਰੀ ਕਰਨ ਵਾਲੇ ਦੋ ਵਿਅਕਤੀਆਂ ਨੂੰ ਕਾਬੂ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ। ਇਸ ਸੰਬੰਧੀ ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਥਾਣਾ ਖੇਮਕਰਨ ਦੇ ਮੁਖੀ ਇੰਸਪੈਕਟਰ ਕੰਵਲਜੀਤ ਰਾਏ ਨੇ ਦੱਸਿਆ ਕਿ ਪੁਲਸ ਨੂੰ ਦਰਜ ਕਰਵਾਏ ਬਿਆਨਾਂ 'ਚ ਮੁਦਈ ਸਰਬਮੀਤ ਸਿੰਘ ਪੁੱਤਰ ਸੰਤੋਖ ਸਿੰਘ ਵਾਸੀ ਮੀਆਂਵਾਲ ਨੇ ਪੁਲਸ ਥਾਣਾ ਖੇਮਕਰਨ ਵਿਖੇ ਇਤਲਾਹ ਦਿੱਤੀ ਕਿ ਉਹ ਦਾਣਾ ਮੰਡੀ ਖੇਮਕਰਨ ਵਿਖੇ ਆੜ੍ਹਤ ਕਰਦਾ ਹੈ ਅਤੇ ਇਸ ਸਮੇਂ ਮੰਡੀਆਂ ਵਿੱਚ ਕਣਕ ਦਾ ਸੀਜਨ ਚੱਲ ਰਿਹਾ ਹੈ। ਜਿਸ ਦੌਰਾਨ ਉਨ੍ਹਾਂ ਵੱਲੋਂ ਕਣਕ ਖਰੀਦੀ ਜਾ ਰਹੀ ਹੈ ਅਤੇ ਉਸ ਨੂੰ ਸਹੀ ਢੰਗ ਨਾਲ ਸਾਂਭ- ਸੰਭਾਲ ਲਈ ਰੱਖਿਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ 12/13 ਮਈ ਦੀ ਦਰਮਿਆਨੀ ਰਾਤ ਕੁਝ ਚੋਰਾਂ ਦੁਆਰਾ ਕਣਕ ਦੇ 187 ਨਗ ਚੋਰੀ ਕਰ ਲਏ। ਜਿਸ ਦੀ ਵੀਡੀਓ ਸੀਸੀਟੀਵੀ ਕੈਮਰੇ ਵਿੱਚ ਕੈਦ ਹੋ ਗਈ । ਜਿਸ 'ਚ ਚੋਰੀ ਕਰਨ ਵਾਲੇ ਉਕਤ ਵਿਅਕਤੀ ਸੋਨੂੰ ਪੁੱਤਰ ਬਾਜ ਸਿੰਘ ਅੰਗਰੇਜ ਸਿੰਘ ਪੁੱਤਰ ਬਾਜ ਸਿੰਘ ਅਤੇ ਕਾਲਾ ਮਸੀਹ ਪੁੱਤਰ ਪਿਆਰਾ ਸਿੰਘ ਸਾਰੇ ਵਾਸੀ ਖੇਮਕਰਨ ਚਾਰ ਪੰਜ ਅਣਪਛਾਤੇ ਬੰਦਿਆਂ ਨਾਲ ਮਿਲ ਕੇ ਕਣਕ ਚੋਰੀ ਕਰਕੇ ਲਿਜਾ ਰਹੇ ਹਨ। ਇੰਸਪੈਕਟਰ ਕੰਵਲਜੀਤ ਰਾਏ ਨੇ ਦੱਸਿਆ ਕਿ ਉਕਤ ਮਾਮਲੇ ਸੰਬੰਧੀ ਮਿਲੀ ਦਰਖਾਸਤ 'ਤੇ ਤੁਰੰਤ ਕਾਰਵਾਈ ਕਰਦਿਆਂ ਉਕਤ ਕਣਕ ਦੇ ਚੋਰੀ ਹੋਏ ਨਗਾ ਸਮੇਤ ਚੋਰਾ ਨੂੰ ਕਾਬੂ ਕਰ ਲਿਆ। ਜਿਸ ਵਿੱਚ ਕਣਕ ਚੋਰੀ ਦੇ ਮਾਮਲੇ 'ਚ ਉਕਤ ਚੋਰਾ ਖਿਲਾਫ ਕਾਰਵਾਈ ਕਰਦੇ ਹੋਏ ਆਈਪੀਸੀ ਦੀ ਧਾਰਾ 457/ 380 ਦੇ ਤਹਿਤ ਮੁਕੱਦਮਾ ਦਰਜ ਕਰਕੇ ਦੋ ਮੁਲਜਮਾ ਨੂੰ ਹਿਰਾਸਤ ਵਿਚ ਲੈ ਕੇ ਕਾਰਵਾਈ ਆਰੰਭ ਕਰ ਦਿੱਤੀ ਹੈ।

# ਸੀ ਪੀ ਆਈ ਨੇ ਜਨ ਸੰਪਰਕ ਮੁਹਿੰਮ ਤਹਿਤ ਪਿੰਡ 'ਚ ਵੱਖ-ਵੱਖ ਥਾਈਂ ਕੀਤੇ ਇਕੱਠ



ਸਰਹਾਲੀ ਕਲਾਂ (ਹਰਪ੍ਰੀਤ ਸਿੰਘ ਚੰਬਾ)- ਭਾਰਤੀ ਕਮਿਊਨਿਸਟ ਪਾਰਟੀ ਦੇ ਪਿੰਡ ਸਰਹਾਲੀ ਕਲਾ ਵਿਖੇ 14 ਅਪ੍ਰੈਲ ਤੋਂ 15 ਮਈ ਤੱਕ ਚੱਲ ਰਹੀ ਜਨ ਸੰਪਰਕ ਮੁਹਿੰਮ ਤਹਿਤ ਪਿੰਡ ਦੇ ਵੱਖ-ਵੱਖ ਥਾਵਾਂ 'ਤੇ ਇਕੱਠ ਕੀਤਾ ਗਿਆ ਜਿਸ ਦੀ ਅਗਵਾਈ ਕਾਮਰੇਡ ਕਰਮ ਸਿੰਘ, ਕਾਮਰੇਡ ਜਗੀਰ ਸਿੰਘ ਸਰਹਾਲੀ ਕਲਾ ਨੇ ਕੀਤੀ। ਇਕੱਠ ਨੂੰ ਸੰਬੋਧਨ ਕਰਦਿਆਂ ਭਾਰਤੀ ਕਮਿਊਨਿਸਟ ਪਾਰਟੀ ਦੇ ਨੈਸ਼ਨਲ ਕੌਂਸਲ ਮੈਂਬਰ ਕਾਮਰੇਡ ਪ੍ਰਿਥੀਪਾਲ ਸਿੰਘ ਮਾੜੀ ਮੇਘਾ, ਭਾਰਤੀ ਕਮਿਊਨਿਸਟ ਪਾਰਟੀ ਦੀ ਸੂਬਾ ਸਕੱਤਰੇਤ ਮੈਂਬਰ ਕਾਮਰੇਡ ਦੇਵੀ ਕੁਮਾਰੀ ਸਰਹਾਲੀ ਕਲਾਂ, ਜ਼ਿਲ੍ਹਾ ਸਹਾਇਕ ਸਕੱਤਰ ਕਾਮਰੇਡ ਗੁਰਦਿਆਲ ਸਿੰਘ ਖਡੂਰ ਸਾਹਿਬ ਅਤੇ ਬਲਾਕ ਸਕੱਤਰ ਕਾਮਰੇਡ ਬਲਵਿੰਦਰ ਸਿੰਘ ਦਦੇਹਰ ਸਹਿਬ ਨੇ ਆਪਣੇ ਸਾਂਝੇ ਬਿਆਨ ਵਿੱਚ ਕਿਹਾ ਕਿ ਕੇਂਦਰ ਦੀ ਅਗਵਾਈ ਵਾਲੀ ਭਾਜਪਾ ਸਰਕਾਰ ਜਦੋਂ ਦੀ ਸੱਤਾ ਵਿੱਚ ਆਈ ਹੈ ਆਮ ਲੋਕਾਂ ਦਾ ਜਿਊਣਾ ਦੁੱਭਰ ਹੋ ਗਿਆ ਹੈ, ਦੇਸ਼ ਦੀ ਡਿੱਗ ਰਹੀ ਆਰਥਿਕਤਾ ਤੋਂ ਲੋਕਾਂ ਦਾ ਧਿਆਨ ਹਟਾਉਣ ਲਈ ਲੋਕਾਂ ਨੂੰ ਫਿਰਕੂ ਲੀਹਾਂ ਤੇ ਵੰਡਿਆ ਜਾ ਰਿਹਾ ਹੈ। ਲਗਾਤਾਰ ਵੱਧ ਰਹੀ ਮਹਿੰਗਾਈ, ਬੇਰੋਜ਼ਗਾਰੀ, ਨੋਟਬੰਦੀ, ਜੀਐਸਟੀ, ਕਰੋਨਾ ਦੌਰਾਨ ਕੁਪ੍ਰਬੰਧ ਨੇ ਆਮ ਲੋਕਾਂ ਤੇ ਛੋਟੇ ਕਾਰੋਬਾਰੀਆਂ ਨੂੰ ਹੋਰ ਹਾਸ਼ੀਏ 'ਤੇ ਧੱਕ ਦਿੱਤਾ ਹੈ। ਖਾਣ ਪੀਣ ਵਾਲੀਆਂ ਵਸਤੂਆਂ ਦੇ ਅਸਮਾਨੀ ਛੂੰਹਦੇ ਭਾਅ ਗਰੀਬ ਲੋਕਾਂ ਦੀ ਪਹੁੰਚ ਤੋਂ ਬਾਹਰ ਹੋ ਗਏ ਹਨ। ਮੋਦੀ ਸਰਕਾਰ ਦੇਸ਼ ਦੀਆਂ ਸੰਵਿਧਾਨਿਕ ਸੰਸਥਾਵਾਂ ਨੂੰ ਤਹਿਸ ਨਹਿਸ ਕਰ ਕੇ ਦੇਸ਼ ਨੂੰ ਤਾਨਾਸ਼ਾਹੀ ਵੱਲ ਲਿਜਾ ਰਿਹਾ ਹੈ। ਆਮ ਜਨਤਾ ਖੇਤ ਮਜ਼ਦੂਰ, ਕਿਸਾਨ, ਮਨਰੇਗਾ ਮਜ਼ਦੂਰ, ਨੌਜਵਾਨ, ਔਰਤਾਂ ਅਤੇ ਛੋਟੇ ਕਾਰੋਬਾਰੀ ਲੋਕਾਂ ਦੀਆਂ ਜਾਇਜ਼ ਮੰਗਾਂ ਛੱਡ ਕੇ ਸਿਰਫ ਕਾਰਪੋਰੇਟ ਘਰਾਣਿਆਂ ਨੂੰ ਲਾਭ ਪਹੁੰਚਾਏ ਜਾ ਰਹੇ ਹਨ। ਦੇਸ਼ ਦਾ ਸਰਮਾਇਆ ਅਡਾਨੀਆਂ ਅੰਬਾਨੀਆਂ ਨੂੰ ਲੁਟਾਇਆ ਜਾ ਰਿਹਾ ਹੈ। ਦੇਸ਼ ਵਿੱਚ 35 ਫੀਸਦੀ ਅਬਾਦੀ ਦਲਿਤ ਲੋਕਾਂ ਦੀ ਹੈ ਜਿਸ ਵਿੱਚ ਵੱਡੀ ਗਿਣਤੀ ਵਿੱਚ ਖੇਤ ਮਜ਼ਦੂਰ ਹਨ। ਮਸ਼ੀਨੀਕਰਨ ਹੋਣ ਕਰਕੇ ਗਰੀਬ ਲੋਕਾਂ ਦਾ ਰੋਜ਼ਗਾਰ ਛੁੱਟ ਗਿਆ। ਸਰਕਾਰ ਨੇ ਇਨ੍ਹਾ ਕਾਮਿਆਂ ਲਈ ਕਿਸੇ ਬਦਲਵੇ ਕੰਮ ਦਾ ਪ੍ਰਬੰਧ ਨਹੀਂ ਕੀਤਾ। ਇਨ੍ਹਾ ਮਜ਼ਦੂਰਾਂ ਲਈ ਮਨਰੇਗਾ ਇੱਕ ਸਹਾਰਾ ਹੈ। ਮੋਦੀ ਸਰਕਾਰ ਨੇ ਮਨਰੇਗਾ ਵਰਕਰਾਂ ਦੇ ਬਜਟ ਵਿੱਚ 35 ਫੀਸਦੀ ਕਟੌਤੀ ਕਰਕੇ ਗਰੀਬ ਲੋਕਾਂ ਨਾਲ ਬਹੁਤ ਵੱਡਾ ਧੱਕਾ ਕੀਤਾ ਹੈ। ਇਨ੍ਹਾਂ ਖੇਤ ਮਜ਼ਦੂਰਾ ਦੇ ਭਖਦੇ ਮਸਲਿਆਂ ਨੂੰ ਲੈ ਕੇ ਭਾਰਤੀ ਖੇਤ ਮਜ਼ਦੂਰ ਯੂਨੀਅਨ ਵੱਲੋਂ 30 ਮਈ ਨੂੰ ਦਿੱਲੀ ਦੇ ਜੰਤਰ-ਮੰਤਰ ਵਿਖੇ ਦੇਸ਼ ਵਿਆਪੀ ਰੈਲੀ ਕੀਤੀ ਜਾ ਰਹੀ ਹੈ ਜਿਸ ਵਿੱਚ ਮਨਰੇਗਾ ਮਜ਼ਦੂਰਾਂ ਨੂੰ ਪੂਰਾ ਸਾਲ ਕੰਮ ਅਤੇ ਕੰਮ ਦਿਹਾੜੀ ਸੱਤ ਸੋ ਰੁਪਏ ਦਿਤੀ ਜਾਵੇ। ਕੰਮ ਮੰਗਣ ਤੇ ਕੰਮ ਅਤੇ ਕੀਤੇ ਹੋਏ ਕੰਮ ਦਾ ਭੁਗਤਾਨ ਪੰਦਰਾ ਦਿਨ ਦੇ ਅੰਦਰ ਅੰਦਰ ਕੀਤਾ ਜਾਵੇ। ਮਜ਼ਦੂਰਾਂ ਸਿਰ ਚੜ੍ਹਿਆ ਕਰਜਾ ਮਾਈਕਰੋ ਫਾਇਨਾਂਸ ਕੰਪਨੀਆਂ ਸਮੇਤ ਮੁਆਫ ਕੀਤਾ ਜਾਵੇ। ਅਤੇ ਵਿਧਵਾ ਤੇ ਬੁਢਾਪਾ ਪੈਨਸ਼ਨ ਪੰਜ ਹਜ਼ਾਰ ਰੁਪਏ ਕੀਤੀ ਜਾਵੇ। ਉਨਾਂ ਪਿੰਡਾਂ ਦੇ ਕਾਮੇ ਲੋਕਾਂ ਨੂੰ ਅਪੀਲ ਕੀਤੀ ਕਿ 30 ਮਈ ਨੂੰ ਵੱਡੀ ਗਿਣਤੀ ਵਿੱਚ ਦਿੱਲੀ ਦੇ ਜੰਤਰ-ਮੰਤਰ ਵਿਖੇ ਪਹੁੰਚ ਕੇ ਰੈਲੀ ਨੂੰ ਕਾਮਯਾਬ ਕੀਤਾ ਜਾਵੇ ਅਤੇ ਪੂੰਜੀਪਤੀਆਂ ਦਾ ਰਾਜ ਪ੍ਰਬੰਧ ਖਤਮ ਕਰਕੇ ਕਿਰਤੀ ਲੋਕਾਂ ਦਾ ਰਾਜ ਪ੍ਰਬੰਧ ਕਾਇਮ ਕੀਤਾ ਜਾਵੇ। ਇਸ ਮੌਕੇ ਹਾਜ਼ਰ ਆਗੂ ਕਾਮਰੇਡ ਸੇਵਾ ਸਿੰਘ ਦਦੇਹਰ ਸਾਹਿਬ, ਕਾਮਰੇਡ ਜੱਸਾ ਸਿੰਘ ਖਡੂਰ ਸਾਹਿਬ, ਕਾਮਰੇਡ ਸਾਬੀ, ਸਤਨਾਮ ਸਿੰਘ, ਦਇਆ, ਰਾਜਵਿੰਦਰ ਕੌਰ ਰੀਨਾ ਸਰਹਾਲੀ ਕਲਾ ਆਦਿ ਹਾਜ਼ਰ ਸਨ।

# ਦਿਹਾਤੀ ਮਜ਼ਦੂਰ ਸਭਾ ਵੱਲੋਂ ਪਹੂਵਿੰਡ ਵਿਖੇ ਪਲਾਟਾਂ ਦੀ ਪ੍ਰਾਪਤੀ ਲਈ ਪੱਕਾ ਮੋਰਚਾ ਜਾਰੀ



ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ) ਦਿਹਾਤੀ ਮਜ਼ਦੂਰ ਸਭਾ ਵੱਲੋਂ ਪਿੰਡ ਪਹੂਵਿੰਡ ਵਿਖੇ ਪਲਾਟਾਂ ਦੀ ਪ੍ਰਾਪਤੀ ਲਈ ਲੱਗਾ ਪੱਕਾ ਮੋਰਚਾ 14ਵੇਂ ਦਿਨ 'ਚ ਦਾਖਲ ਹੋ ਗਿਆ ਹੈ। ਧਰਨੇ 'ਚ ਬੈਠੀਆਂ ਮਜ਼ਦੂਰ ਔਰਤਾਂ 'ਤੇ ਮਰਦਾਂ ਨੂੰ ਸੰਬੋਧਨ ਕਰਦਿਆਂ ਦਿਹਾਤੀ ਮਜ਼ਦੂਰ ਸਭਾ ਦੇ ਜਿਲ੍ਹਾ ਜਰਨਲ ਸਕੱਤਰ ਚਮਨ ਲਾਲ ਦਰਾਜਕੇ, ਤਹਿਸੀਲ ਸਕੱਤਰ ਸਵਿੰਦਰ ਸਿੰਘ ਚੱਕ ਨੇ ਕਿਹਾ ਕਿ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਮਜ਼ਦੂਰਾਂ ਦੀ ਸਾਰ ਨਹੀਂ ਲਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਆਪ ਸਰਕਾਰ ਦੀ ਨਲਾਇਕੀ ਕਾਰਨ 5-5 ਮਰਲੇ ਦੇ ਪਲਾਟਾਂ ਦੀ ਪ੍ਰਾਪਤੀ ਲਈ ਮਜ਼ਦੂਰ ਔਰਤਾਂ ਅਤੇ ਮਰਦਾਂ ਨੂੰ ਬੱਚਿਆਂ ਸਮੇਤ ਧਰਨਾ ਲਗਾਉਣਾ ਪੈ ਰਿਹਾ ਹੈ।

ਇਸ ਮੌਕੇ ਆਗੂਆਂ ਨੇ ਪੰਜਾਬ ਦੇ ਮੁੱਖ ਮੰਤਰੀ ਅਤੇ ਡੀ ਸੀ ਤਰਨ ਤਾਰਨ ਤੋਂ ਮੰਗ ਕਰਦਿਆਂ ਕਿਹਾ ਕਿ ਪਿਛਲੀ ਕਾਂਗਰਸ ਸਰਕਾਰ ਵੱਲੋਂ ਮਜ਼ਦੂਰਾਂ ਨੂੰ ਦਿੱਤੇ ਹੋਏ ਪਲਾਟਾਂ ਦਾ ਕਬਜਾ ਤੁਰੰਤ ਦਿੱਤਾ ਜਾਵੇ। ਉਥੇ ਹੀ ਦਿਹਾਤੀ ਮਜਦੂਰ ਸਭਾ ਦੇ ਆਗੂਆਂ ਨੇ ਪੰਜਾਬ ਸਰਕਾਰ ਨੂੰ ਸਖਤ ਤਾੜਨਾ ਕਰਦਿਆਂ ਕਿਹਾ ਕਿ ਜੇਕਰ ਮਜਦੂਰਾਂ ਦੀਆਂ ਮੰਗਾਂ ਵੱਲ ਧਿਆਨ ਨਾ ਦਿੱਤਾ ਗਿਆ ਤਾਂ ਆਉਣ ਵਾਲੇ ਦਿਨਾਂ 'ਚ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ। ਇਸ ਮੌਕੇ ਜਥੇਬੰਦੀ ਦੇ ਸੀਨੀਅਰ ਆਗੂ ਡਾਕਟਰ ਗੁਰਬਖਸ਼ ਸਿੰਘ ਪਹੂਵਿੰਡ, ਜਸਵੰਤ ਸਿੰਘ ਭਿੱਖੀਵਿੰਡ, ਚੰਦ ਸਿੰਘ ਤੂਤ, ਸੋਨੂੰ ਸ਼ਹੀਦ 'ਤੇ ਬਿੱਟੂ ਨਾਰਲਾ ਆਦਿ ਆਗੂ ਹਾਜ਼ਰ ਸਨ।

# ਪੰਜਾਬ ਸਟੇਟ ਮਨਿਸਟੀਰੀਅਲ ਸਰਵਿਸਿਜ਼ ਯੂਨੀਅਨ ਦੀ ਚੀਮਾ ਨਾਲ ਸੁਖਾਵੇਂ ਮਾਹੌਲ 'ਚ ਹੋਈ ਮੀਟਿੰਗ



ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ )-ਪੰਜਾਬ ਸਟੇਟ ਮਨਿਸਟੀਰੀਅਲ ਸਰਵਿਸਿਜ ਯੂਨੀਅਨ ਦੇ ਸੂਬਾ ਪ੍ਰਧਾਨ ਵਾਸਵੀਰ ਸਿੰਘ ਭੁੱਲਰ ਦੀ ਅਗਵਾਈ ਹੇਠ ਪੰਜਾਬ ਸਰਕਾਰ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨਾਲ ਪੰਜਾਬ ਭਵਨ ਵਿਖੇ ਮੀਟਿੰਗ ਹੋਈ। ਜਿਸ ਬਾਰੇ ਜਾਣਕਾਰੀ ਦਿੰਦਿਆ ਭੁੱਲਰ ਨੇ ਦੱਸਿਆ ਕਿ ਮੀਟਿੰਗ ਬਹੁਤ ਹੀ ਖੁੱਲ੍ਹੇ ਸਮੇਂ 'ਚ ਹੋਈ ਹੈ। ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਸਾਡੀਆਂ ਸਾਰੀਆਂ ਮੰਗਾਂ ਨੂੰ ਬੜੇ ਹੀ ਵਿਸਥਾਰ ਨਾਲ ਸੁਣਨ ਤੋਂ ਬਾਅਦ ਹੱਲ ਕਰਨ ਦਾ ਭਰੋਸਾ ਦਿੱਤਾ ਹੈ। ਭੁੱਲਰ ਨੇ ਦੱਸਿਆ ਕਿ ਮੰਤਰੀ ਚੀਮਾ ਨੇ ਕਈਆਂ ਸਾਡੀਆਂ ਮੰਗਾਂ ਦੀ ਗੰਭੀਰਤਾ ਨੂੰ ਦੇਖਦਿਆਂ 29 ਮਈ ਦੀ ਪੈਨਲ ਮੀਟਿੰਗ ਦਿੱਤੀ ਗਈ ਹੈ। ਮੰਗਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੰਦਿਆਂ ਭੁੱਲਰ ਨੇ ਦੱਸਿਆ ਕਿ 01/04/2004 ਤੋਂ ਬਾਅਦ ਭਰਤੀ ਹੋਏ ਮੁਲਾਜਮਾਂ ਲਈ ਪੁਰਾਣੀ ਪੈਨਸ਼ਨ ਸਕੀਮ ਤੁਰੰਤ ਬਹਾਲ ਕਰਨ ਸੰਬੰਧੀ ਨੋਟੀਫਿਕੇਸ਼ਨ ਪੂਰਨ ਰੂਪ 'ਚ ਤੁਰੰਤ ਜਾਰੀ ਕਰਨ ਅਤੇ ਛੇਵੇਂ ਤਨਖਾਹ ਕਮਿਸਨ ਦੀ ਜਾਰੀ ਰਿਪੋਰਟ ਵਿੱਚ ਸੋਧ ਕਰਦੇ ਹੋਏ 31/12/2015 ਨੂੰ ਮਿਲੀ ਆਖਰੀ ਬੇਸਿਕ ਤਨਖਾਹ ਉਪਰ 125% ਡੀ.ਏ ਦਾ ਰਲੇਵਾਂ ਕਰਕੇ ਉਸ ਉੱਪਰ 20% ਲਾਭ ਦੇਣ ਦੀ ਮੰਗ ਰੱਖੀ ਗਈ। ਇਸੇ ਤਰ੍ਹਾਂ ਕਈ ਹੋਰ ਮੰਗਾਂ ਵੀ ਰੱਖੀਆਂ ਗਈਆਂ। ਵਾਸਵੀਰ ਸਿੰਘ ਭੁੱਲਰ ਨੇ ਦੱਸਿਆ ਕਿ ਸਾਡੇ ਵੱਲੋਂ 20 ਮਈ ਨੂੰ ਲੁਧਿਆਣਾ ਵਿਖੇ ਪੀ ਐੱਸ ਐਮ ਐੱਸ ਯੂ ਦੀ ਜੋ ਸੂਬਾ ਪੱਧਰੀ ਮੀਟਿੰਗ ਰੱਖੀ ਗਈ ਸੀ ਉਹ ਹਾਲ ਦੀ ਘੜੀ ਟਾਲ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਅਗਲਾ ਪ੍ਰੋਗਰਾਮ 29 ਮਈ ਦੀ ਮੀਟਿੰਗ ਦੇ ਸਿੱਟਿਆਂ ਨੂੰ ਦੇਖਕੇ ਦਿੱਤਾ ਜਾਵੇਗਾ। ਇਸ ਮੌਕੇ ਸੀਨੀਅਰ ਮੀਤ ਪ੍ਰਧਾਨ ਮਨੋਹਰ ਲਾਲ, ਸੁਖਦੇਵ ਸਿੰਘ ਹਵਾਸ, ਅਮਰੀਕ ਸਿੰਘ ਸੰਧੂ, ਅਨੁਰਿਧ ਮੋਦਗਿੱਲ, ਮਨਜਿੰਦਰ ਸਿੰਘ ਸੰਧੂ, ਜਗਦੀਸ਼ ਠਾਕੁਰ, ਨਵ ਵਰਿੰਦਰ ਸਿੰਘ ਨਵੀਂ, ਤਜਿੰਦਰ ਨੰਗਲ, ਜਸਵੀਰ ਸਿੰਘ ਧਾਮੀ, ਸੰਦੀਪ ਸਿੰਘ ਸੰਧੀ, ਅਤੁਲ ਸਰਮਾ, ਪ੍ਰਦੀਪ ਵਿਨਾਇਕ, ਗੁਰਪ੍ਰੀਤ ਸਿੰਘ ਮਹਿਦੂਦਾਂ, ਹਾਜ਼ਰ ਸਨ।

ਮੀਟਿੰਗ ਵਿੱਚ ਹਾਜ਼ਰ ਸੂਬਾ ਅਹੁਦੇਦਾਰ ਸਹਿਬਾਨ ਨੇ ਸਰਬਸੰਮਤੀ ਨਾਲ ਫੈਸਲਾ ਕੀਤਾ ਹੈ ਕਿ ਸਰਕਾਰ ਨਾਲ ਮੀਟਿੰਗਾਂ ਦਾ ਸਿਲਸਿਲਾ ਲਗਾਤਾਰ ਚਲਦਾ ਹੋਣ ਕਰਕੇ ਮੁਲਾਜਮਾਂ ਦੇ ਹਿੱਤਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਸਰਕਾਰ ਤੇ ਜਥੇਬੰਦੀ ਦਾ ਦਬਾਅ ਬਣਾਇਆ ਰਹੇ ਇਸ ਕਰਕੇ ਪੀ ਐੱਸ ਐਮ ਐਸ ਯੂ ਦੀ 20 ਮਈ ਦੀ ਸੂਬਾ ਪੱਧਰੀ ਮੀਟਿੰਗ 29 ਮਈ ਦੀ ਸਰਕਾਰ ਨਾਲ ਹੋਣ ਵਾਲੀ ਮੀਟਿੰਗ ਤੋਂ ਬਾਅਦ ਹੋਵੇਗੀ ਅਤੇ 17 ਮਈ ਨੂੰ ਹੋਣ ਵਾਲੇ ਜਿਲ੍ਹਾ ਪੱਧਰੀ ਰੋਸ ਮਾਰਚ ਦਾ ਸੰਘਰਸ਼ ਮੁਲਤਵੀ ਕੀਤਾ ਜਾਂਦਾ ਹੈ।

# ਭਾਸ਼ਾ ਵਿਭਾਗ ਨੇ ਸਾਹਿਤਕ ਕਾਰਜਸ਼ਾਲਾ ਲਗਾਈ



ਧਾਰੀਵਾਲ/ਗੁਰਦਾਸਪੁਰ (ਮਨਦੀਪ ਸਿੰਘ ਵਿੱਕੀ, ਜਨਕ ਮਹਾਜਨ)- ਪੰਜਾਬ ਸਰਕਾਰ ਦੇ ਉਚੇਰੀ ਸਿੱਖਿਆ ਤੇ ਭਾਸ਼ਾਵਾਂ ਵਿਭਾਗ ਅਧੀਨ ਸੰਯੁਕਤ ਨਿਰਦੇਸ਼ਕ ਡਾ. ਵੀਰਪਾਲ ਕੌਰ ਦੀ ਰਹਿਨੁਮਾਈ ਅਤੇ ਗੁਰਦਾਸਪੁਰ ਦੇ ਜ਼ਿਲ੍ਹਾ ਭਾਸ਼ਾ ਅਫ਼ਸਰ ਡਾ. ਪਰਮਜੀਤ ਸਿੰਘ ਕਲਸੀ (ਨੈਸ਼ਨਲ ਐਵਾਰਡੀ) ਦੀ ਅਗਵਾਈ ਹੇਠ ਸਥਾਨਿਕ ਐੱਚ.ਆਰ.ਏ. ਇੰਟਰਨੈਸ਼ਨਲ ਸਕੂਲ 'ਚ ਭਾਸ਼ਾ ਵਿਭਾਗ, ਪੰਜਾਬ ਦੀ ਜ਼ਿਲ੍ਹਾ ਪੱਧਰੀ ਸਾਹਿਤਕ ਕਾਰਜਸ਼ਾਲਾ (ਕਵਿਤਾ) ਲਗਾਈ ਗਈ। ਜਿਸ ਵਿੱਚ ਮੁੱਖ ਮਹਿਮਾਨ ਵਜੋਂ ਬਿਜਲੀ ਵਿਭਾਗ ਦੇ ਡਿਪਟੀ ਚੀਫ਼ ਇੰਜੀਨੀਅਰ ਅਰਵਿੰਦਰਜੀਤ ਸਿੰਘ ਬੋਪਾਰਾਏ ਸ਼ਾਮਲ ਹੋਏ, ਜਦੋਂ ਕਿ ਯੂ.ਕੇ. ਲੰਡਨ ਤੋਂ ਅੰਤਰਰਾਸ਼ਟਰੀ ਸਾਹਿਤਕਾਰ ਲਖਵਿੰਦਰ ਸਿੰਘ ਸੁਲੇਮਪੁਰੀ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਕਾਰਜਸ਼ਾਲਾ ਦੀ ਪ੍ਰਧਾਨਗੀ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਸਤਿਆਸੇਨ ਰਾਜੇ ਅਗਰਵਾਲ ਨੇ ਕੀਤੀ। ਸਮਾਰੋਹ ਦਾ ਆਗ਼ਾਜ਼ ਸ਼ਮ੍ਹਾਂ ਰੌਸ਼ਨ ਕਰਕੇ ਕੀਤਾ ਗਿਆ ਅਤੇ ਸਕੂਲ ਪ੍ਰਿੰਸੀਪਲ ਸੁਮਨ ਸ਼ੁਕਲਾ ਵੱਲੋਂ ਮੁੱਖ ਮਹਿਮਾਨ, ਵਿਸ਼ੇਸ਼ ਮਹਿਮਾਨ ਤੇ ਸਹਿਤਕ ਹਸਤੀਆਂ ਨੂੰ ਇਸ ਵਰਕਸ਼ਾਪ ਵਿੱਚ ਸ਼ਮੂਲੀਅਤ ਕਰਨ 'ਤੇ ਨਿੱਘਾ ਜੀ ਆਇਆਂ ਕਿਹਾ ਗਿਆ। ਜ਼ਿਲ੍ਹਾ ਭਾਸ਼ਾ ਅਫ਼ਸਰ ਡਾ. ਪਰਮਜੀਤ ਸਿੰਘ ਕਲਸੀ ਵੱਲੋਂ ਵਰਕਸ਼ਾਪ ਦੇ ਅਰੰਭ ਵਿੱਚ ਕਵਿਤਾ ਦੀ ਸਿਧਾਂਤਕ ਜਾਣਕਾਰੀ ਦੇਣ ਦੇ ਨਾਲ-ਨਾਲ ਇਸ ਦੇ ਵੱਖ-ਵੱਖ ਰੂਪਾਂ ਜਿਵੇਂ ਗੀਤ, ਗ਼ਜ਼ਲ, ਰੁਬਾਈ, ਦੋਹੜਾ, ਸ਼ਬਦ ਬਾਰੇ ਸੰਖੇਪ ਜਾਣਕਾਰੀ ਸਾਂਝੀ ਕੀਤੀ। ਕਾਰਜਸ਼ਾਲਾ ਦੇ ਦੂਸਰੇ ਪੜਾਅ ਵਿੱਚ ਸਾਹਿਤਕ ਵਿਧਾ ਕਵਿਤਾ ਤੇ ਇਸ ਦੇ ਵਿਭਿੰਨ ਰੂਪਾਂ ਦੀ ਵਿਹਾਰਕ ਜਾਣਕਾਰੀ ਦਿੱਤੀ ਗਈ। ਸਭ ਤੋਂ ਪਹਿਲਾਂ ਸਕੂਲ ਦੇ ਦਸ ਵਿਦਿਆਰਥੀਆਂ ਵੱਲੋਂ ਕਵਿਤਾ ਨੂੰ ਵੱਖ-ਵੱਖ ਅੰਦਾਜ਼ ਵਿੱਚ ਗਾ ਕੇ ਸੁਣਾਇਆ ਗਿਆ। ਉਪਰੰਤ ਪੰਜਾਬੀ ਜਗਤ ਦੇ ਗੂੜ੍ਹੇ ਹੋਏ ਸ਼ਾਇਰਾਂ ਨੇ ਆਪਣੀਆਂ ਨਜ਼ਮਾਂ ਵੱਖ-ਵੱਖ ਅੰਦਾਜ਼ ਵਿੱਚ ਸੁਣਾ ਕੇ ਕਵਿਤਾ ਦੇ ਵਿਹਾਰਕ ਪਹਿਲੂ ਨੂੰ ਸਰੋਤਿਆਂ ਦੇ ਸਨਮੁਖ ਕੀਤਾ। ਨਾਮੀ ਗਾਇਕ ਪ੍ਰੀਤ ਰਾਣਾ ਨੇ ਦੋਗਾਣਾ, ਕਵਿੱਤਰੀ ਜੋਤੀ ਭਗਤ ਨੇ ਨਜ਼ਮ, ਪ੍ਰਤਾਪ ਪਾਰਸ ਨੇ ਗੀਤ, ਕਹਾਣੀਕਾਰ ਤਰਸੇਮ ਸਿੰਘ ਭੰਗੂ ਨੇ ਕਵਿਤਾ ਦੇ ਮਾਧਿਅਮ ਰਾਹੀਂ ਕਹਾਣੀ ਸੁਣਾਉਣ, ਗੁਰਮੀਤ ਸਿੰਘ ਬਾਜਵਾ ਨੇ ਦੋਹੜੇ ਸੁਣਾਏ, ਜਦੋਂ ਕਿ ਅੰਤਰਰਾਸ਼ਟਰੀ ਲੇਖਕ ਲਖਵਿੰਦਰ ਸਿੰਘ ਲੱਖਾ ਸੁਲੇਮਪੁਰੀ ਨੇ ਆਪਣੀ ਵਿਸ਼ਵ-ਪ੍ਰਸਿੱਧ ਰਚਨਾ 'ਅੰਮ੍ਰਿਤਸਰ ਵੱਲ ਜਾਂਦੇ ਰਾਹੀਓ' ਸ਼ਬਦ ਸੁਣਾਉਣ ਦੇ ਨਾਲ-ਨਾਲ ਪੰਜਾਬੀ ਭਾਸ਼ਾ ਦੇ ਗੀਤਾਂ ਦਾ ਗਾਇਨ ਕਰਕੇ ਹਾਜ਼ਰ ਸਰੋਤਿਆਂ ਨੂੰ ਕਵਿਤਾ ਦੀ ਵਿਹਾਰਕ ਸੋਝੀ ਦਾ ਗਿਆਨ ਕਰਵਾਇਆ। ਮੁੱਖ ਮਹਿਮਾਨ ਅਰਵਿੰਦਰਜੀਤ ਸਿੰਘ ਬੋਪਾਰਾਏ ਡਿਪਟੀ ਚੀਫ਼ ਇੰਜੀਨੀਅਰ ਗੁਰਦਾਸਪੁਰ ਨੇ 'ਕਵਿਤਾ ਕਿਵੇਂ ਸਿਰਜੀ ਜਾਂਦੀ ਹੈ?' ਬਾਰੇ ਆਪਣੇ ਬਿਜਲੀ ਵਿਭਾਗ ਨਾਲ ਸਬੰਧਤ ਅਨੁਭਵ ਨੂੰ ਕਵਿਤਾ ਦੀ ਸਿਰਜਣਾ ਨਾਲ ਜੋੜ ਕੇ ਦੱਸਿਆ ਅਤੇ ਸਰੋਤਿਆਂ ਨੂੰ ਵੱਖਰੇ ਅੰਦਾਜ਼ ਵਿੱਚ ਕੀਲਿਆ। ਇਸ ਸਹਿਤਕ ਵਰਕਸ਼ਾਪ ਦੇ ਅੰਤ ਵਿੱਚ ਭਾਸ਼ਾ ਵਿਭਾਗ ਦੇ ਦਫ਼ਤਰ ਗੁਰਦਾਸਪੁਰ ਵੱਲੋਂ ਮੁੱਖ ਮਹਿਮਾਨ, ਵਿਸ਼ੇਸ਼ ਮਹਿਮਾਨਾਂ, ਹਾਜ਼ਰ ਸਾਹਿਤਕਾਰਾਂ, ਪ੍ਰਧਾਨਗੀ ਵਕਤਾ, ਸਕੂਲ ਪ੍ਰਿੰਸੀਪਲ ਅਤੇ ਭਾਗੀਦਾਰਾਂ ਨੂੰ ਸਨਮਾਨ-ਚਿੰਨ੍ਹ ਤੇ ਪ੍ਰਸੰਸਾ-ਪੱਤਰ ਦੇ ਕੇ ਉਤਸ਼ਾਹਿਤ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸਕੂਲ ਪ੍ਰਬੰਧਕ ਨੀਲੋਫਰ ਠਾਕੁਰ, ਸੇਲ ਮੈਨੇਜਰ ਸ਼ਾਮ ਸਿੰਘ, ਐੱਸ.ਡੀ.ਓ. ਰਜਿੰਦਰ ਸਿੰਘ, ਸਮਾਜ ਸੇਵੀ ਬਲਦੇਵ ਸਿੰਘ ਬਾਜਵਾ, ਸਰਵਣ ਸਿੰਘ ਕਲਸੀ ਤੇ ਸਕੂਲ ਦਾ ਸਟਾਫ਼ ਆਦਿ ਹਾਜ਼ਰ ਸਨ।

# ਆਬਾਦੀ ਈਦਗਾਹ ਦੇ ਲੋਕ ਅੱਜ ਵੀ ਨਰਕ ਭਰੀ ਜ਼ਿੰਦਗੀ ਜਿਊਣ ਲਈ ਮਜਬੂਰ



ਮਜੀਠਾ (ਸੋਇਮ ਆਨੰਦ)-ਮਜੀਠਾ ਦੀ ਵਾਰਡ ਨੰਬਰ 5 ਈਦਗਾਹ ਵਾਲਿਆਂ ਦੇ ਕਹਿਣ ਉੱਤੇ ਪਿੰਡ ਦੀਆਂ ਗਲੀਆਂ ਦਾ ਜਾਇਜ਼ਾ ਲਿਆ ਅਤੇ ਵੇਖਿਆ ਕਿ ਗਲੀਆਂ ਦਾ ਪਾਣੀ 2-2 ਫੁੱਟ ਤੋਂ ਵੀ ਵੱਧ ਕੇ ਲੋਕਾਂ ਦੇ ਘਰਾਂ ਤੱਕ ਪਹੁੰਚਾਇਆ ਹੋਇਆ ਸੀ। ਵਾਰਡ ਦੇ ਲੋਕਾਂ ਨੇ ਦੱਸਿਆ ਕੇ ਕਈ ਸਾਲਾਂ ਤੋਂ ਅਸੀਂ ਨਰਕ ਭਰੀ ਜ਼ਿੰਦਗੀ ਬਤੀਤ ਕਰ ਰਹੇ ਹਾਂ ਇਸ ਗੰਦਗੀ ਦੇ ਕਾਰਨ ਬੱਚੇ ਅਤੇ ਵੱਡੇ ਸਭ ਡੇਂਗੂ ਅਤੇ ਮਲੇਰੀਏ ਤੋਂ ਇਲਾਵਾ ਕਈ ਹੋਰ ਬਿਮਾਰੀਆਂ ਦਾ ਸ਼ਿਕਾਰ ਹੋ ਰਹੇ ਹਨ

ਉਨ੍ਹਾਂ ਦੇ ਮੁਤਾਬਕ ਪਿਛਲੀ ਐਮ. ਸੀ . ਦੀਆਂ ਇਲੈਕਸ਼ਨਾਂ ਵਿੱਚ ਸਾਡੇ ਪਿੰਡ ਨਾਲ ਧਰੋਹ ਹੋਇਆ ਸੀ। ਇਲੈਕਸ਼ਨ ਤੋਂ ਪਹਿਲਾਂ ਵਾਰਡ ਦੇ ਐਮ.ਸੀ. ਨਾਨਕ ਸਿੰਘ ਪ੍ਰਧਾਨ ਨੇ ਸਾਡੇ ਪਿੰਡ ਵਿੱਚ ਪਾਣੀ ਦੇ ਨਿਕਾਸ ਲਈ ਪਹਿਲਾਂ ਪੋਰੇ ਰੱਖਵਾ ਦਿੱਤੇ ਸੀ ਪਰ ਸੀਟ ਮਹਿਲਾ ਦੀ ਰਿਜ਼ਰਵ ਹੋਣ ਕਾਰਨ ਵਾਰਡ ਦੇ ਵੋਟਰਾਂ ਵੱਲੋਂ ਨਾਨਕ ਪ੍ਰਧਾਨ ਦੀ ਨੂੰਹ ਨੂੰ ਐਮ. ਸੀ. ਬਣਾ ਦਿੱਤਾ। ਐਮ. ਸੀ. ਬਣਨ ਤੋਂ ਬਾਅਦ ਹੀ ਓਹ ਪੋਰੇ ਵਾਪਿਸ ਚੁੱਕਵਾ ਲਏ ਸਨ ਸੋ ਕਿ ਵਾਰਡ ਵਾਸਤੇ ਇੱਕ ਵੱਡਾ ਧੋਖਾ ਸੀ। ਇਹ ਸਭ ਕੁਝ ਵੇਲੇ ਦੇ ਅਧਿਕਾਰੀਆਂ ਦੀ ਮਿਲੀਭੁਗਤ ਸੀ। ਵਾਰਡ ਵਿਚ ਇੱਕ ਤਰਫ਼ ਮੰਦਿਰ ਹੈ ਅਤੇ ਦੂਜੀ ਤਰਫ਼ ਗੁਰਦਵਾਰਾ ਸਾਹਿਬ ਅਤੇ ਉਸ ਦੇ ਨਾਲ ਨਾਲ ਹੀ ਆਂਗਣਵਾੜੀ ਸਕੂਲ ਹੈ, ਜਿਸ ਕਾਰਨ ਸਕੂਲ ਦੇ ਬੱਚੇ ਕਈ ਵਾਰ ਗੰਦੇ ਪਾਣੀ ਵਿੱਚ ਡਿੱਗ ਚੁੱਕੇ ਹਨ ਅਤੇ ਸਕੂਲ ਤੋਂ ਗ਼ੈਰ ਹਾਜ਼ਰ ਹੋ ਜਾਂਦੇ ਹਨ। ਪਿੰਡ ਦੀਆਂ ਬਜ਼ੁਰਗ ਔਰਤਾਂ ਨੇ ਅਤੇ ਮਰਦਾਂ ਨੇ ਪੱਤਰਕਾਰਾਂ ਨੂੰ ਸਾਂਝੇ ਤੌਰ ਕਿਹਾ ਕਿ ਸਾਡੇ ਪਿੰਡ ਦੇ ਹਾਲਤ ਦੇਖ ਕੇ ਪਿੰਡ ਵਿੱਚ ਬਾਹਰ ਦੇ ਲੋਕ ਰਿਸ਼ਤਾ ਤੱਕ ਨਹੀਂ ਕਰਦੇ, ਜੇਕਰ ਰਿਸ਼ਤਾ ਹੋ ਵੀ ਜਾਂਦਾ ਹੈ ਤਾਂ ਬਰਾਤ ਜਾ ਡੋਲੀ ਦੇ ਨਿਕਲਣ ਨੂੰ ਕੋਈ ਵੀ ਗਲੀ ਸਹੀ ਨਹੀਂ ਹੈ ਓਹਨਾ ਨੇ ਦੁੱਖੀ ਮਨ ਨਾਲ ਇਹ ਵੀ ਦੱਸਿਆ ਕੇ ਜੇਕਰ ਸਾਡੇ ਪਿੰਡ ਵਿਚ ਕਿਸੇ ਦੇ ਘਰ ਮਾੜਾ ਸਮਾਂ ਆ ਜਾਵੇ ਤਾਂ ਸ਼ਮਸ਼ਾਨ ਘਾਟ ਤੱਕ ਪਹੁੰਚਣ ਲਈ ਵੀ ਇਸੇ ਗੰਦੇ ਪਾਣੀ ਵਿੱਚ ਨਿਕਲਣਾ ਪੈਂਦਾ ਹੈ ਪਿੰਡ ਵਾਲ਼ਿਆਂ ਵਲੋਂ ਰਲ ਕੇ ਕਈ ਵਾਰ ਪ੍ਰਸ਼ਾਸਨ ਨੂੰ ਗੁਹਾਰ ਲਗਾਈ ਪਰ ਪ੍ਰਸ਼ਾਸਨ ਵੱਲੋਂ ਨਾਨਕ ਪ੍ਰਧਾਨ ਦੀ ਉੱਚੀ ਪੁਹੰਚ ਹੋਣ ਕਾਰਨ ਵਾਰਡ ਵਾਸੀ ਅਜੇ ਤੱਕ ਨਰਕ ਦੀ ਜ਼ਿੰਦਗੀ ਭੋਗ ਰਹੇ ਹਨ। ਹੁਣ ਦੁਬਾਰਾ ਵਾਰਡ ਵਾਸੀਆਂ ਨੇ ਇਕੱਠੇ ਹੋ ਕੇ ਲਿਖਤੀ ਰੂਪ ਵਿੱਚ ਆਪਣੀਆਂ ਆ ਰਹੀਆਂ ਮੁਸ਼ਕਿਲਾਂ ਬਾਰੇ ਆਪਣਾ ਮੰਗ ਪੱਤਰ ਐੱਸ. ਡੀ. ਐਮ. ਮਜੀਠਾ ਡਾ ਗੁਰਨੂਰ ਕੌਰ ਢਿੱਲੋਂ ਨੂੰ ਸੌਂਪਿਆ ਤੇ ਮੈਡਮ ਵਲੋਂ ਵਾਰਡ ਵਾਸੀਆਂ ਨੂੰ ਭੋਰਸਾ ਦਿੱਤਾ ਕਿ ਜਲਦ ਤੋਂ ਜਲਦ ਆਪ ਦੀਆਂ ਮੁਸ਼ਕਲਾਂ ਦੂਰ ਕੀਤੀਆਂ ਜਾਣਗੀਆਂ।

# ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਤੇ ਬੀ ਕੇ ਯੂ ਏਕਤਾ ਆਜ਼ਾਦ ਵੱਲੋਂ ਨਹਿਰੀ ਵਿਭਾਗ ਦੇ ਦਫ਼ਤਰਾਂ ਅੱਗੇ ਲੱਗਣਗੇ ਮੋਰਚੇ





ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਪੰਜਾਬ ਅੰਦਰ ਪਾਣੀਆਂ ਦਾ ਸੰਕਟ ਮੂੰਹ ਅੱਡੀ ਖੜਾ ਹੈ ਅਤੇ ਇਸ ਨਾਲ ਨਜਿੱਠਣ ਲਈ ਦਰਿਆਈ ਪਾਣੀਆਂ ਦੀ ਖੇਤੀ ਅਤੇ ਧਰਤੀ ਹੇਠਲੇ ਪਾਣੀ ਦੀ ਮੁੜ ਭਰਪਾਈ, ਫੈਕਟਰੀਆਂ ਦੁਆਰਾ ਕੀਤਾ ਜਲ ਪ੍ਰਦੂਸ਼ਣ ਰੋਕਣ ਅਤੇ ਝੋਨੇ ਦੀ ਫਸਲ ਲਈ ਨਹਿਰੀ ਪਾਣੀ ਸਬੰਧੀ ਹੋਰ ਮੰਗਾਂ ਨੂੰ ਲੈ ਕੇ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਅਤੇ ਬੀ. ਕੇ. ਯੂ. ਏਕਤਾ ਆਜ਼ਾਦ ਵੱਲੋਂ ਤਾਲਮੇਲਵੇ ਰੂਪ ਵਿਚ ਪੰਜਾਬ ਦੇ ਨਹਿਰੀ ਵਿਭਾਗ ਦੇ ਸੱਤ ਮੁੱਖ ਦਫਤਰਾਂ ਜਿਨ੍ਹਾਂ ਵਿੱਚ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਵੱਲੋਂ ਜਲੰਧਰ, ਮੋਗਾ, ਫਿਰੋਜ਼ਪੁਰ, ਅੰਮ੍ਰਿਤਸਰ, ਗੁਰਦਾਸਪੁਰ ਅਤੇ ਬੀ ਕੇ ਯੂ ਏਕਤਾ ਆਜ਼ਾਦ ਵੱਲੋਂ ਪਟਿਆਲਾ ਅਤੇ ਸੰਗਰੂਰ ਵਿਖੇ 29, 30 ਅਤੇ 31 ਮਈ ਨੂੰ ਧਰਨੇ ਲੱਗਣ ਜਾ ਰਹੇ ਹਨ। ਇਹ ਜਾਣਕਾਰੀ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਤੋਂ ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਸਭਰਾ ਤੇ ਜਨਰਲ ਸਕੱਤਰ ਰਾਣਾ ਰਣਬੀਰ ਸਿੰਘ ਅਤੇ ਬੀ. ਕੇ. ਯੂ. ਏਕਤਾ ਆਜ਼ਾਦ ਦੇ ਸੂਬਾ ਆਗੂ ਜਸਵਿੰਦਰ ਸਿੰਘ ਲੌਂਗੋਵਾਲ ਅਤੇ ਮਨਜੀਤ ਸਿੰਘ ਨਿਆਲ ਨੇ ਕਿਹਾ ਕਿ ਸਰਕਾਰ ਵੱਲੋਂ ਟੇਲਾਂ ਤੱਕ ਨਹਿਰੀ ਪਾਣੀ ਪਹੁੰਚਾਉਣ ਦੇ ਦਾਅਵੇ ਕਰਨਾ ਵਧੀਆ ਗੱਲ ਹੈ ਪਰ ਮਸਲਾ ਨਹਿਰੀ ਪਾਣੀ ਖੇਤ ਖੇਤ ਪਹੁੰਚ ਕੇ ਹੱਲ ਹੋਵੇਗਾ।ਅੱਜ ਦੀ ਤਰੀਕ ਵਿਚ 7.8 ਮਿਲੀਅਨ ਏਕੜ ਫੁੱਟ ਦਰਿਆਈ ਪਾਣੀ ਬਰਬਾਦ ਹੋ ਰਿਹਾ ਹੈ ਜਦ ਕਿ ਅੱਜ ਤੱਕ ਦੀਆਂ ਸਰਕਾਰਾਂ ਦੀ ਢਿੱਲੀ ਕਾਰਗੁਜ਼ਾਰੀ ਕਾਰਨ ਕਿਸਾਨ ਧਰਤੀ ਹੇਠਲਾ ਕਮੇਟੀ ਅਤੇ ਪੀਣ ਵਾਲਾ ਪਾਣੀ ਕੱਢਣ ਤੇ ਮਜਬੂਰ ਹੋਇਆ ਹੈ। ਪੰਜਾਬ ਦਾ ਨਹਿਰੀ ਸਿੰਚਾਈ ਹੇਠ ਰਕਬਾ ਘਟਿਆ ਹੈ ਜਦ ਕਿ ਸਾਇੰਸਦਾਨ ਧਰਤੀ ਹੇਠਲੇ ਡਿੱਗ ਰਹੇ ਪਾਣੀ ਦੇ ਪੱਧਰ ਸਬੰਧੀ ਪਿਛਲੇ 2-3 ਦਹਾਕਿਆਂ ਤੋਂ ਸਰਕਾਰਾਂ ਨੂੰ ਅਗਾਹ ਕਰ ਰਹੇ ਹਨ ਪਰ ਨਵੀ ਸਰਕਾਰ ਵੱਲੋ ਵੀ ਕੋਈ ਅਜਿਹੀ ਨੀਤੀ ਨਹੀਂ ਲਿਆਂਦੀ ਗਈ ਹੈ। ਮੋਰਚੇ ਦੀ ਮੰਗ ਹੈ ਕਿ ਨਹਿਰੀ ਮੋਘਿਆਂ ਕੋਲ ਬੋਰ ਵੈੱਲ ਬਣਾ ਕੇ ਖੇਤੀ ਵਰਤੋਂ ਤੋਂ ਵਾਧੂ ਪਾਣੀ ਓਹਨਾ ਜਰੀਏ ਧਰਤੀ ਹੇਠ ਪਾ ਕੇ ਧਰਤੀ ਹੇਠਲੇ ਪਾਣੀ ਦਾ ਪੱਧਰ ਉਚਾ ਚੁੱਕਣ ਲਈ ਕਦਮ ਚੁੱਕੇ ਜਾਣ। ਜ਼ਮੀਦੋਜ਼ ਪਾਈਪ ਲਾਇਨ ਪਾ ਕੇ ਪਾਣੀ ਖੇਤਾਂ ਤੱਕ ਪੁੱਜਦਾ ਕੀਤਾ ਜਾਵੇ, ਨਹਿਰੀ ਪਾਣੀ ਦੀ ਮਾਤਰਾ ਦੁੱਗਣੀ ਕੀਤੀ ਜਾਵੇ ਪਾਣੀ ਪ੍ਰਦੂਸ਼ਣ ਕਰਕੇ ਪ੍ਰਦੂਸ਼ਣ ਕੰਟਰੋਲ ਬੋਰਡ ਦੇ ਮਾਪਦੰਡਾਂ ਨੂੰ ਤੋੜ ਰਹੀਆਂ ਸਾਰੀਆਂ ਫੈਕਟਰੀਆਂ ਖਿਲਾਫ ਮਿਸਾਲੀ ਕਾਰਵਾਈ ਕੀਤੀ ਜਾਵੇ। ਪੰਜਾਬ ਦੇ ਪਾਣੀਆਂ ਤੇ ਸੰਸਾਰ ਬੈਂਕ ਦਾ ਕਬਜ਼ਾ ਕਰਵਾਉਣ ਵਾਲੀਆਂ ਨੀਤੀਆਂ ਵਾਪਿਸ ਲਾਈਆਂ ਜਾਣ ਅਤੇ ਪੇਂਡੂ ਜਲ ਸਪਲਾਈ ਸਿਸਟਮ ਨੂੰ ਮੁੜ ਦਰੁਸਤ ਰੂਪ ਚ ਲਾਗੂ ਕੀਤਾ ਜਾਵੇ। ਪਾਣੀ ਨੂੰ ਬਚਾਉਣ ਦੇ ਫੌਰੀ ਕਦਮ ਦੇ ਤੌਰ ਤੇ ਝੋਨੇ ਹੇਠ ਰਕਬਾ ਘਟ ਕਰਵਾਉਣ ਲਈ ਤੇਲ ਬੀਜ, ਦਾਲਾਂ ਅਤੇ ਮੱਕੀ ਆਦਿ ਘਟ ਪਾਣੀ ਲੈਣ ਵਾਲੀਆਂ ਫਸਲਾ ਤੇ ਐੱਮ ਐੱਸ ਪੀ ਤੇ ਖਰੀਦ ਦੀ ਗਰੰਟੀ ਦਿੱਤੀ ਜਾਵੇ। ਓਹਨਾ ਕਿਹਾ ਕਿ ਹੋਰ ਵੀ ਸੁਝਾਅ ਅਤੇ ਮੰਗਾਂ ਜਿਨ੍ਹਾਂ ਤੇ ਸਰਕਾਰ ਨੂੰ ਗੌਰ ਕਰਨਾ ਪਵੇਗਾ ਤਾਂ ਜੋ ਸਰਕਾਰਾਂ ਦੀਆ ਕਾਰਪੋਰੇਟ ਪੱਖੀ ਨੀਤੀਆਂ ਕਰਕੇ ਉਜਾੜੇ ਵੱਲ ਵੱਧ ਰਹੇ ਹਾਲਾਤਾਂ ਨੂੰ ਕਾਬੂ ਕੀਤਾ ਜਾ ਸਕੇ। ਉਨ੍ਹਾਂ ਕਿਸਾਨਾਂ ਨੂੰ ਵੀ ਅਪੀਲ ਕੀਤੀ ਕਿ ਮੋਟਰਾਂ ਦੀ ਵਰਤੋਂ ਘੱਟ ਕਰਕੇ ਝੋਨੇ ਦੀ ਫਸਲ ਲਈ ਨਹਿਰੀ ਪਾਣੀ ਦੀ ਵਰਤੋਂ ਅਤੇ ਮੰਗ ਕੀਤੀ ਜਾਵੇ। ਅਖੀਰ ਤੇ ਆਗੂਆਂ ਨੇ ਕਿਹਾ ਕਿ ਅਗਰ ਸਰਕਾਰ ਅਤੇ ਪ੍ਰਸ਼ਾਸ਼ਨ ਮੋਰਚੇ ਦੀਆਂ ਮੰਗਾਂ ਤੇ ਟੇਬਲ ਟਾਕ ਨਾਲ ਹੱਲ ਵੱਲ ਨਹੀਂ ਵਧਦਾ ਤਾਂ ਤੀਜੇ ਦਿਨ ਸਬੰਧਿਤ ਅਫਸਰਾਂ ਦੇ ਦਫਤਰ ਘੇਰੇ ਜਾਣਗੇ।

# ਥਰੈਸ਼ਰ ਹਾਦਸਿਆਂ ਦੌਰਾਨ ਅੰਗ ਗੁਆ ਚੁੱਕੇ ਵਿਅਕਤੀਆਂ ਨੂੰ ਦਿੱਤੇ ਚੈੱਕ




ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)=ਕਾਦੀਆਂ ਤੋਂ ਆਮ ਪਾਰਟੀ ਦੇ ਹਲਕਾ ਇੰਚਾਰਜ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਨੇ ਥਰੈਸ਼ਰ ਹਾਦਸਿਆਂ ਦੌਰੈਨ ਆਪਣੇ ਹੱਥ, ਬਾਂਹ ਤੋਂ ਨਕਾਰੇ ਹੋ ਚੁੱਕੇ ਵਿਅਕਤੀਆਂ ਦੀ ਸਕੀਮ ਤਹਿਤ ਮਾਰਕੀਟ ਕਮੇਟੀ ਕਾਹਨੂੰਵਾਨ ਅਧੀਨ ਪੈਂਦੇ ਦੋ ਪਿੰਡਾਂ ਦੇ ਅਪਾਹਜ ਹੋਏ ਵਿਅਕਤੀਆਂ ਨੂੰ ਚੈੱਕ ਦੇ ਕੇ ਮਾਲੀ ਸਹਾਇਤਾ ਕੀਤੀ।

ਇਸ ਮੌਕੇ ਅਪਾਹਜ ਹੋਏ ਦੋ ਵਿਅਕਤੀਆਂ ਵਿੱਚ ਇਕ ਪੁਰਸ਼ ਤੇ ਇਕ ਔਰਤ ਨੂੰ ਚੈੱਕ ਰਾਸ਼ੀ ਵੰਡੀ ਗਈ ਜਿਸ ਵਿਚ ਗੁਰਮੇਲ ਸਿੰਘ ਪੁੱਤਰ ਰੋਸ਼ਨ ਸਿੰਘ ਪਿੰਡ ਲੰਗਰਕੋਟ ਅਤੇ ਨਿਰਮਲ ਕੌਰ ਪਤਨੀ ਸਤਨਾਮ ਸਿੰਘ ਪਿੰਡ ਫੱਤੂਬੱਰਕਤ ਵਾਸੀਆਂ ਨੂੰ ਇਹ ਰਾਸ਼ੀ 75000 ਦੇ ਚੈੱਕ ਦਿੱਤੇ ਗਏ। ਇਸ ਮੌਕੇ ਜਗਰੂਪ ਸਿੰਘ ਸੇਖਵਾਂ ਕਿਹਾ ਕਿ ਆਮ ਪਾਰਟੀ ਦੀ ਸਰਕਾਰ ਪੰਜਾਬ ਵਿੱਚ ਆਉਣ ਨਾਲ ਲੋਕਾਂ ਵਿੱਚ ਭਾਰੀ ਉਤਸ਼ਾਹ ਹੈ।

ਜੇਕਰ ਉਨ੍ਹਾਂ ਦੇ ਹਲਕੇ ਵਿੱਚ ਕਿਸੇ ਵੀ ਵਿਅਕਤੀ ਨੂੰ ਕੋਈ ਮੁਸ਼ਕਿਲ ਆਉਂਦੀ ਹੈ ਤਾਂ ਉਨ੍ਹਾਂ ਨੂੰ ਦੱਸਿਆ ਜਾਵੇ। ਲੋਕ ਸੇਵਾ ਵਿਚ ਉਹ ਹਰ ਵਕਤ ਹਾਜ਼ਰ ਹਨ।

ਇਸ ਮੌਕੇ ਜਤਿੰਦਰ ਸਿੰਘ ਸਕੱਤਰ ਮਾਰਕੀਟ ਕਮੇਟੀ ਕਾਹਨੂੰਵਾਨ, ਗੁਰਦੀਪ ਸਿੰਘ ਲੇਖਾਕਾਰ, ਰਛਪਾਲ ਸਿੰਘ ਮੰਡੀ ਸੁਪਰਵਾਈਜ਼ਰ, ਗੁਰਪ੍ਰੀਤ ਸਿੰਘ ਆਕਸਨ ਰਿਕਾਰਡ, ਸੁਖਦੇਵ ਸਿੰਘ ਗੋਲਡੀ, ਰਮਨ ਵਾਹਲਾ, ਤਰਲੋਕ ਸਿੰਘ ਸੇਖਵਾਂ, ਮਨਦੀਪ ਸਿੰਘ ਸੇਖਵਾਂ, ਡਾ. ਕਾਲੀਆ, ਕਾਮਰੇਡ ਗੁਰਮੇਜ ਸਿੰਘ ਆਦਿ ਹਾਜ਼ਰ ਸਨ।

# 'ਵਰਕਸ਼ਾਪ ਆਨ ਆਟਿਜ਼ਮ' ਆਯੋਜਿਤ



ਮਾਨਾਂਵਾਲਾ/ਅੰਮ੍ਰਿਤਸਰ (ਮਨਦੀਪ ਸਿੰਘ ਜੰਮੂ/ਨਰਿੰਦਰਜੀਤ ਸਿੰਘ)-ਆਲ ਇੰਡੀਆ ਪਿੰਗਲਵਾੜਾ ਚੈਰੀਟੇਬਲ ਸੁਸਾਇਟੀ ਅੰਮ੍ਰਿਤਸਰ ਦੇ ਅਧੀਨ ਚੱਲਦੇ ਭਗਤ ਪੂਰਨ ਸਿੰਘ ਇੰਸਟੀਚਿਊਟ ਫਾਰ ਸਪੈਸ਼ਲ ਨੀਡਜ਼ ਮਾਨਾਂਵਾਲਾ ਵੱਲੋਂ 'ਵਰਕਸ਼ਾਪ ਆਨ ਆਟਿਜ਼ਮ' ਦਾ ਆਯੋਜਨ ਕੀਤਾ ਗਿਆ। ਇਸ ਵਰਕਸ਼ਾਪ ਵਿੱਚ ਜਲੰਧਰ ਤੋਂ ਐਨ.ਜੀ.ਓ. ਸੋਚ ਆਟਿਜ਼ਮ ਸੋਸਾਇਟੀ ਆਫ ਪੰਜਾਬ ਚਲਾ ਰਹੇ ਮਿਸਜ਼ ਅੰਜਲੀ ਦਾਦਾ ਵੱਲੋਂ ਆਟਿਜ਼ਮ ਦੇ ਵਿਸ਼ੇ ਉੱਪਰ ਵਿਦਿਆਰਥੀਆਂ ਨੂੰ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਆਟਿਜ਼ਮ ਵਾਲੇ ਬੱਚਿਆਂ ਨੂੰ ਕਿਸੇ ਵੀ ਖੇਤਰ ਵਿੱਚ ਘੱਟ ਨਾ ਮੰਨਿਆ ਜਾਵੇ ਕਿਉਂਕਿ ਇਨਾਂ ਬੱਚਿਆਂ ਵਿੱਚ ਵੀ ਬਹੁਤ ਕੁਝ ਕਰ ਗੁਜ਼ਰਨ ਦੀ ਯੋਗਤਾ ਹੁੰਦੀ ਹੈ। ਇਸ ਮੌਕੇ ਡਾ. ਜਗਦੀਪਕ ਸਿੰਘ, ਮੀਤ ਪ੍ਰਧਾਨ ਪਿੰਗਲਵਾੜਾ, ਕਰਨਲ ਦਰਸ਼ਨ ਸਿੰਘ ਬਾਵਾ, ਸੁਨੀਤਾ ਨਈਅਰ, ਦਿਲਬਾਗ ਸਿੰਘ ਕੋਆਰਡੀਨੇਟਰ, ਗੁਲਸ਼ਨ ਰੰਜਨ, ਡਾ. ਅਕਸ਼ੈ ਸ਼ਰਮਾ, ਡਾ. ਸੱਤਿਆ , ਅਮਰਜੋਤ ਕੌਰ, ਪ੍ਰਭਜੋਤ ਕੌਰ, ਅਨੁਰਾਧਾ, ਮਨਦੀਪ ਕੌਰ ਜੰਮੂ, ਨਰੇਸ਼ ਕਾਲੀਆ, ਅਨੀਤਾ ਬੱਤਰਾ, ਨਰਿੰਦਰਪਾਲ ਸਿੰਘ ਸੋਹਲ ਅਤੇ ਵੱਖ-ਵੱਖ ਬ੍ਰਾਂਚਾਂ ਅਤੇ ਵਾਰਡਾਂ ਦੇ ਇੰਚਾਰਜ ਹਾਜ਼ਰ ਸਨ। ਇਸ ਮੌਕੇ ਮਿਸਜ਼ ਅੰਜਲੀ ਦਾਦਾ ਨੂੰ ਡਾ: ਜਗਦੀਪਕ ਸਿੰਘ ਅਤੇ ਕਰਨਲ ਦਰਸ਼ਨ ਸਿੰਘ ਬਾਵਾ ਵੱਲੋਂ ਸਨਮਾਨਿਤ ਕੀਤਾ ਗਿਆ। ਇਸ ਵਰਕਸ਼ਾਪ ਵਿੱਚ ਸਪੈਸ਼ਲ ਨੀਡਜ਼ ਦਾ ਡਿਪਲੋਮਾ ਕਰ ਰਹੀਆਂ ਵਿਦਿਆਰਥਣਾਂ ਅਤੇ ਸ੍ਰੀ ਗੁਰੂ ਰਾਮਦਾਸ ਯੂਨੀਵਰਸਿਟੀ ਹੈਲਥ ਐਂਡ ਸਾਇੰਸਜ਼ ਦੇ ਵਿਦਿਆਰਥੀਆਂ ਨੇ ਵੀ ਭਾਗ ਲਿਆ।

# ਪੈਨਸ਼ਨਰਾਂ ਨਾਲੋਂ ਫੈਮਿਲੀ ਪੈਨਸ਼ਨਰਾਂ ਨੂੰ ਸਹਾਇਤਾ ਦੀ ਵਧੇਰੇ ਲੋੜ: ਸ਼ਰਮਾ/ਚੌਧਰੀ



ਪੱਟੀ, (ਬਲਦੇਵ ਸਿੰਘ ਕਿਰਤੋਵਾਲ/ਸ਼ਮਸ਼ੇਰ ਸਿੰਘ ਯੋਧਾ)- ਪੈਨਸ਼ਨਰਜ਼ ਐਂਡ ਫੈਮਿਲੀ ਪੈਨਸ਼ਨਰਜ਼ ਐਸੋਸੀਏਸ਼ਨ ਪੱਟੀ (ਤਰਨ ਤਾਰਨ) ਦੀ ਇਕਾਈ ਦੀ ਜਨਰਲ ਮੀਟਿੰਗ ਜੋਧ ਬੀਰ ਸ਼ਰਮਾ ਦੀ ਪ੍ਰਧਾਨਗੀ ਹੇਠ ਆਯੋਜਿਤ ਹੋਈ।

ਮੀਟਿੰਗ ਦੀ ਕਾਰਵਾਈ ਆਰੰਭ ਕਰਦਿਆਂ ਜਨਰਲ ਸਕੱਤਰ ਵਿਜੇ ਕੁਮਾਰ ਵਿਨਾਇਕ ਨੇ ਮੀਟਿੰਗ ਲਈ ਆਏ ਪੈਨਸ਼ਨਰਜ਼ ਨੂੰ ਜੀ ਆਇਆਂ ਆਖਿਆ ਅਤੇ ਮੀਟਿੰਗ ਦਾ ਏਜੰਡਾ ਦੱਸਿਆ। ਪ੍ਰਧਾਨ ਜੋਧ ਬੀਰ ਸ਼ਰਮਾ ਅਤੇ ਮੀਤ ਪ੍ਰਧਾਨ ਮੋਹਨ ਸਿੰਘ ਚੌਧਰੀ ਨੇ ਦੱਸਿਆ ਕਿ ਪੈਨਸ਼ਨਰਜ਼ ਨਾਲੋਂ ਫੈਮਿਲੀ ਪੈਨਸ਼ਨਰਜ਼ ਦੀਆਂ ਪੈਨਸ਼ਨਾਂ ਦੀ ਜਾਂਚ ਦੌਰਾਨ ਵੇਖਣ ਵਿੱਚ ਆਇਆ ਹੈ ਕਿ ਜ਼ਿਆਦਾਤਰ ਫੈਮਿਲੀ ਪੈਨਸ਼ਨਰਜ਼ ਨੂੰ ਆਪਣੀ ਪੈਨਸ਼ਨ ਅਤੇ ਭੱਤਿਆਂ ਬਾਰੇ ਕੋਈ ਜਾਣਕਾਰੀ ਨਹੀਂ।

ਬਹੁਤ ਘੱਟ ਫੈਮਿਲੀ ਪੈਨਸ਼ਨਰਜ ਤਨਖਾਹ ਕਮਿਸ਼ਨ ਦੀਆਂ ਪੈਨਸ਼ਨਰਜ ਪ੍ਰਤੀ ਸਿਫਾਰਸ਼ਾਂ ਤੋਂ ਜਾਣੂ ਹਨ। ਜਥੇਬੰਦਕ ਸਕੱਤਰ ਗੁਰਦੇਵ ਸਿੰਘ ਅਤੇ ਪ੍ਰੈੱਸ ਸਕੱਤਰ ਸਰਬਜੀਤ ਸਿੰਘ ਨੇ ਸਰਕਾਰ ਦੀ ਪੈਨਸ਼ਨਰਜ਼ ਪ੍ਰਤੀ ਲਾਪਰਵਾਹੀ ਦੀ ਆਲੋਚਨਾ ਕੀਤੀ। ਉਨ੍ਹਾਂ ਕਿਹਾ ਕਿ ਪੈਨਸ਼ਨਰਾਂ ਦੇ ਮੁੱਦੇ ਪਹਿਲ ਦੇ ਆਧਾਰ 'ਤੇ ਹੱਲ ਕਰਾਉਣ ਲਈ ਜਥੇਬੰਦਕ ਯਤਨ ਕੀਤੇ ਜਾਣਗੇ। ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਸੀਨੀਅਰ ਮੀਤ ਪ੍ਰਧਾਨ ਪ੍ਰਿੰ. ਸੁੱਖਾ ਸਿੰਘ, ਪ੍ਰਚਾਰ ਸਕੱਤਰ ਅਰਜਨ ਸਿੰਘ, ਹਰਦੀਪ ਸਿੰਘ ਦਿਆਲਪੁਰ ਅਤੇ ਧੀਰਾ ਸਿੰਘ , ਅਮਰਜੀਤ ਸਿੰਘ, ਆਰ. ਪੀ. ਸਿੰਘ ਪਾਸੀ, ਗੁਰਦਿਆਲ ਸਿੰਘ, ਐਡਵੋਕੇਟ ਵਰਿੰਦਰ ਕੁਮਾਰ ਸ਼ਰਮਾ, ਸਤਿੰਦਰਪਾਲ ਸਿੰਘ, ਮੰਗਤ ਰਾਮ, ਸ਼ਤਰੂਘਨ, ਦਿਆਲ ਸਿੰਘ ਨੰਦਪੁਰ, ਵਜੀਰ ਸਿੰਘ ਖਾਲੜਾ, ਗੋਪਾਲ ਸਿੰਘ, ਸਵਰਨ ਸਿੰਘ, ਰਮੇਸ਼ ਕੁਮਾਰ , ਗੁਰਬਚਨ ਸਿੰਘ, ਬਲਵਿੰਦਰ ਸਿੰਘ, ਦੇਵ ਰਾਜ ਸ਼ਰਮਾ, ਰਕੇਸ਼ ਕੁਮਾਰ ਟਾਹ, ਭੁਪਿੰਦਰ ਪਾਲ, ਤਰਲੋਕ ਚੰਦ, ਗੁਰਬਚਨ ਸਿੰਘ, ਅਨੋਖ ਸਿੰਘ, ਅਮਰ ਸਿੰਘ, ਦੇਵ ਰਾਜ ਸ਼ਰਮਾ, ਮੰਗਤ ਰਾਮ, ਗੁਰਪ੍ਰਤਾਪ ਸਿੰਘ ਅਤੇ ਅਸ਼ੋਕ ਕੁਮਾਰ ਸਭਰਾ ਆਦਿ ਸ਼ਾਮਲ ਹੋਏ।

# ਮਾਈਨਜ਼ ਤੇ ਜਿਆਲੋਜੀ ਵਿਭਾਗ ਨੇ ਕੱਢਿਆ ਕਲੱਸਟਰ 22 ਖੱਡਾਂ ਦਾ ਡਰਾਅ



ਪਠਾਨਕੋਟ: ( ਦਵਿੰਦਰ ਸਿੰਘ) ਮਾਈਨਿੰਗ ਅਤੇ ਜਿਆਲੋਜੀ ਵਿਭਾਗ ਪੰਜਾਬ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਲੋਟਸ ਅਵੈਲੂਸ਼ਨ ਕਮੇਟੀ ਦੁਆਰਾ 1 ਨੰਬਰ ਟੈਂਡਰ ਦਾ ਡਰਾਅ ਆਫ ਲੋਟ ਡਿਪਟੀ ਕਮਿਸ਼ਨਰ ਕੰਪਲੈਕਸ, ਮਲਕਪੁਰ ਪਠਾਨਕੋਟ ਵਿਖੇ ਕੱਢਿਆ ਗਿਆ। ਇਸ ਪ੍ਰਗਟਾਵਾ ਹਰਬੀਰ ਸਿੰਘ ਡਿਪਟੀ ਕਮਿਸ਼ਨਰ ਪਠਾਨਕੋਟ ਵੱਲੋਂ ਕੀਤਾ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਵਿਸ਼ਵਪਾਲ ਗੋਇਲ ਐਕਸੀਅਨ ਡਰੈਨਜ ਮਾਈਨਿੰਗ, ਰਾਮ ਲੁਭਾਇਆ ਜਿਲ੍ਹਾ ਲੋਕ ਸੰਪਰਕ ਅਫਸਰ ਪਠਾਨਕੋਟ ਅਤੇ ਹੋਰ ਵਿਭਾਗੀ ਅਧਿਕਾਰੀ ਹਾਜ਼ਰ ਸਨ। ਮਾਈਨਿੰਗ ਅਤੇ ਜਿਆਲੋਜੀ ਵਿਭਾਗ ਵੱਲੋਂ ਜਿਲ੍ਹਾ ਪ੍ਰਬੰਧਕੀ ਕੰਪਲੈਕਸ ਮਲਿਕਪੁਰ ਦੇ ਮੀਟਿੰਗ ਹਾਲ 'ਚ ਵਿਭਾਗ ਵੱਲੋਂ ਕਲੱਸਟਰ 22 ਦੇ ਲਈ ਵੱਖ ਵੱਖ ਪਰਚੀਆਂ ਪਾਈਆਂ ਗਈਆਂ। ਇਸ ਤੋਂ ਪਹਿਲਾ ਇੱਕ ਇੱਕ ਪਰਚੀ ਪੜ ਕੇ ਸੁਣਾਈ ਗਈ। ਇਸ ਮੌਕੇ ਹਰਬੀਰ ਸਿੰਘ ਡਿਪਟੀ ਕਮਿਸ਼ਨਰ ਪਠਾਨਕੋਟ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਜਿਲ੍ਹਾ ਪਠਾਨਕੋਟ ਅੰਦਰ ਪਿਛਲੇ ਸਮੇਂ ਦੌਰਾਨ ਮਾਈਨਿੰਗ ਲਈ ਨਵੀਆਂ ਖੱਡਾਂ ਦਾ ਪਤਾ ਲਗਾਉਣ ਲਈ ਇੱਕ ਸਰਵੇ ਕਰਵਾਇਆ ਗਿਆ ਸੀ, ਜਿਸ 'ਚ ਜਿਲ੍ਹਾ ਪਠਾਨਕੋਟ ਅੰਦਰ ਜਿੱਥੇ ਮਾਈਟਿੰਗ ਹੋ ਸਕਦੀ ਹੈ ਉਨ੍ਹਾਂ ਸਥਾਨਾਂ ਦੀ ਚੋਣ ਕੀਤੀ ਗਈ ਸੀ। ਇਸ ਤੋਂ ਬਾਅਦ ਲੋਕਾਂ ਦੇ ਦਾਅਵੇ ਇਤਰਾਜ ਲੈਣ ਤੋਂ ਬਾਅਦ ਸਰਵੇ ਰਿਪੋਰਟ ਨੂੰ ਆਨ ਲਾਈਨ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਮਾਈਨਜ਼ ਅਤੇ ਜਿਆਲੋਜੀ ਵਿਭਾਗ ਵੱਲੋਂ ਸਾਰੀਆਂ ਪ੍ਰੀਕ੍ਰਿਆ ਦੇ ਅਧੀਨ ਪਹਿਲਾ ਹੀ ਕਲੱਸਟਰ 9, 10, 11 ਅਤੇ 12 ਦੇ ਡਰਾਅ ਕੱਢੇ ਗਏ ਸਨ ਅਤੇ ਅੱਜ ਕਲੱਸਟ 22 ਦੇ ਲਈ ਵੱਖ ਵੱਖ ਪਰਚੀਆਂ ਪਾਈਆਂ ਗਈਆਂ ਜਿਸ 'ਚ ਬਿਆਕੌਨ ਐਨੋਵੇਸ਼ਨ ਟੈਕਨਾਲੋਜੀ ਦੇ ਨਾਂਅ ਦੀ ਪਰਚੀ ਨਿਕਲੀ। ਉਨ੍ਹਾਂ ਦੱਸਿਆ ਕਿ ਅੱਜ ਦੇ ਡਰਾਅ ਦੀ ਪ੍ਰੀਕ੍ਰਿਆਂ ਨਿਯਮਾਂ ਦੇ ਅਧਾਰ 'ਤੇ ਕੀਤੀ ਗਈ।

# ਨਦੀਨਾਂ ਨਾਲ ਨਜਿੱਠਣ 'ਚ ਮਦਦ ਕਰਨ ਲਈ ਦੋ ਨਵੇਂ ਪ੍ਰੋਡਕਟ ਲਾਂਚ

ਜਲਧਰ : ਲਾਂਚ ਚਾਵਲ ਅਤੇ ਚਾਹ ਜੜੀ-ਬੂਟੀਆਂ ਦੇ ਬਾਜਾਰਾਂ 'ਚ ਕੰਪਨੀ ਦੀ ਪੇਸ਼ਕਸ਼ ਦਾ ਵਿਸਥਾਰ ਕਰਦਾ ਹੈ, ਜੋ ਉਤਪਾਦਕਾਂ ਦੀਆਂ ਲੋੜਾਂ ਨੂੰ ਪੂਰਾ ਕਰਦੇ ਹਨ। ਭਾਰਤ ਦੁਨੀਆ ਵਿੱਚ ਦੂਜਾ ਸਭ ਤੋਂ ਵੱਡਾ ਉਤਪਾਦਕ ਹੈ। ਹਾਲਾਂਕਿ, ਭਾਰਤ ਵਿੱਚ ਚਾਵਲ ਅਤੇ ਚਾਹ ਉਤਪਾਦਕਾਂ ਲਈ ਇੱਕ ਵੱਡੀ ਚੁਣੌਤੀ ਵਾਲੇ ਨਦੀਨਾਂ ਦਾ ਨਿਯੰਤਰਣ ਹੈ, ਜੋ ਉਹਨਾਂ ਨੂੰ ਉੱਚ ਗੁਣਵੱਤਾ ਦੀ ਪੈਦਾਵਾਰ ਪ੍ਰਾਪਤ ਕਰਨ ਤੋਂ ਰੋਕਦੀ ਹੈ। ਘਾਹ ਵਾਲੀ ਨਦੀਨ ਈਚਿਨੋਚਲੋਆ ਦਾ ਕੁਸਲ ਅਤੇ ਭਰੋਸੇਮੰਦ ਨਦੀਨ ਨਿਯੰਤਰਣ ਪ੍ਰਦਾਨ ਕਰਦਾ ਹੈ। ਇਹ ਪਾਇਨੀਅਰਿੰਗ ਹੱਲ ਦੇ ਸਰਗਰਮ ਸਾਮੱਗਰੀ, ਨੂੰ ਇੱਕ ਵਿਸ਼ੇਸ਼ ਫਾਰਮੂਲੇ ਨਾਲ ਸ਼ਾਮਲ ਕਰਦਾ ਹੈ। ਇਸ ਦੀ ਕਿਰਿਆ ਦਾ ਢੰਗ ਝੋਨੇ ਦੀਆਂ ਬਹੁਤ ਸਾਰੀਆਂ ਪ੍ਰਸਿੱਧ ਨਦੀਨਨਾਸ਼ਕਾਂ ਤੋਂ ਵੱਖਰਾ ਹੈ।

ਕਿਕਸੋਰ ਐਕਟਿਵ ਦੁਆਰਾ ਸੰਚਾਲਿਤ ਚਾਹ ਦੇ ਬਾਗਾਂ 'ਚ ਪ੍ਰਭਾਵਸ਼ਾਲੀ ਬੂਟੀ ਪ੍ਰਬੰਧਨ ਲਈ ਇੱਕ ਨਵੀਨਤਾਕਾਰੀ ਹੱਲ ਹੈ। ਚਾਹ ਦੇ ਬਾਗਾਂ ਵਿੱਚ ਫਸਲ ਉੱਗਣ ਤੋਂ ਬਾਅਦ ਇਸਦੀ ਵਰਤੋਂ ਸਿੱਧੇ ਤੌਰ 'ਤੇ ਕੀਤੀ ਜਾ ਸਕਦੀ ਹੈ।

# ਅੰਤਿਮ ਅਰਦਾਸ ਮੌਕੇ ਗੁਰਮਿੰਦਰ ਸਿੰਘ ਬੇਦੀ ਤੇ ਕੁਲਵਿੰਦਰ ਸਿੰਘ ਬੇਦੀ ਨੂੰ ਦਸਤਾਰਾਂ ਭੇਟ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਪਾਵਰਕਾਮ ਦੇ ਸਾਬਕਾ ਅਸਿਸਟੈਂਟ ਇੰਜ: ਬਾਬਾ ਅਮਰਜੀਤ ਸਿੰਘ ਬੇਦੀ ਵਾਸੀ ਡੇਰਾ ਬਾਬਾ ਨਾਨਕ ਜੋ ਕੁਝ ਦਿਨ ਪਹਿਲਾਂ ਅਕਾਲ ਚਲਾਣਾ ਕਰ ਗਏ ਸਨ। ਉਨ੍ਹਾਂ ਦੀ ਆਤਮਿਕ ਸਾਂਤੀ ਲਈ ਰੱਖੇ ਸ੍ਰੀ ਆਖੰਡ ਪਾਠ ਸਾਹਿਬ ਦੇ ਭੋਗ ਅੱਜ ਉਨਾਂ ਦੇ ਗ੍ਰਹਿ ਵਿਖੇ ਪਾਏ ਗਏ । ਉਪਰੰਤ ਅੰਤਿਮ ਅਰਦਾਸ, ਕੀਰਤਨ ਤੇ ਸ਼ਰਧਾਂਜਲੀ ਸਮਾਗਮ ਸਥਾਨਕ 10 ਡੋਗਰਾ ਮਾਰਗ ਸਥਿਤ ਗੁਰਦੁਆਰਾ ਬਾਬਾ ਸ੍ਰੀ ਚੰਦ ਵਿਖੇ ਕਰਵਾਇਆ ਗਿਆ ।

ਇਸ ਅੰਤਿਮ ਅਰਦਾਸ ਮੌਕੇ ਵੱਖ-ਵੱਖ ਪਾਰਟੀਆ ਦੀ ਲੀਡਰਸ਼ਿਪ ਤੋਂ ਇਲਾਵਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਆਗੂ ਸਾਹਿਬਾਨ ਸੰਤ ਸਮਾਜ ਤੇ ਧਾਰਮਿਕ ਸੰਸਥਾਵਾਂ ਦੇ ਆਗੂਆਂ ਨੇ ਵੱਡੀ ਗਿਣਤੀ ਵਿਚ ਪਹੁੰਚ ਕੇ ਬਾਬਾ ਅਮਰਜੀਤ ਸਿੰਘ ਬੇਦੀ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ। ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਜਥੇਦਾਰ ਅਮਰੀਕ ਸਿੰਘ ਸਾਹਪੁਰ ਮੈਂਬਰ ਐਸਜੀਪੀਸੀ, ਮੈਨੇਜਰ ਬਲਜੀਤ ਸਿੰਘ ਤਲਵੰਡੀ ਰਾਮਾ, ਮੈਨੇਜਰ ਰਣਜੀਤ ਸਿੰਘ ਕਲਿਆਨਪੁਰ, ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਵੱਲੋ ਮੈਨਜਰ ਬਲਜੀਤ ਸਿੰਘ , ਚਰਨਜੀਤ ਸਿੰਘ ਬੇਦੀ, ਕਰਨੈਲ ਸਿੰਘ ਦਾਊਦੀਆ ਵੱਲੋਂ ਬਾਬਾ ਅਮਰਜੀਤ ਸਿੰਘ ਬੇਦੀ ਦੇ ਸਪੁੱਤਰ ਸਾਬਕਾ ਕੌਂਸਲਰ ਕੁਲਵਿੰਦਰ ਸਿੰਘ ਬੇਦੀ (ਜੁਗਨੂੰ) ਅਤੇ ਗੁਰਮਿੰਦਰ ਸਿੰਘ ਨੂੰ ਦਸਤਾਰਾਂ ਭੇਟ ਕੀਤੀਆਂ ਗਈਆਂ।

# ਡਾ. ਸ਼ਾਹੀ ਵੱਲੋਂ ਹੋਮਿਓਪੈਥਿਕ ਵਿਭਾਗ ਸੀ ਐੱਚ ਸੀ ਧਾਰੀਵਾਲ ਦੇ ਪ੍ਰਬੰਧਾਂ ਦਾ ਨਿਰੀਖਣ



ਧਾਰੀਵਾਲ (ਮਨਦੀਪ ਸਿੰਘ ਵਿੱਕੀ)- ਡਾ: ਹਰਦੀਪ ਸਿੰਘ ਸ਼ਾਹੀ ਜ਼ਿਲ੍ਹਾ ਹੋਮਿਓਪੈਥਿਕ ਅਫਸਰ ਗੁਰਦਾਸਪੁਰ ਵੱਲੋਂ ਹੋਮਿਓਪੈਥਿਕ ਵਿਭਾਗ ਸੀ.ਐਚ.ਸੀ ਧਾਰੀਵਾਲ ਦੇ ਪ੍ਰਬੰਧਾਂ ਦਾ ਨਿਰੀਖਣ ਕੀਤਾ ਗਿਆ। ਇਸ ਮੌਕੇ ਡਾ: ਮਨਿੰਦਰਜੀਤ ਸਿੰਘ ਐੱਸ.ਐੱਮ.ਓ ਧਾਰੀਵਾਲ ਵੀ ਮੌਜੂਦ ਸਨ। ਇਸ ਮੌਕੇ ਜ਼ਿਲ੍ਹਾ ਹੋਮਿਓਪੈਥਿਕ ਅਫਸਰ ਡਾ:ਸ਼ਾਹੀ ਨੇ ਕਿਹਾ ਕਿ ਪੰਜਾਬ ਸਰਕਾਰ ਦੀਆਂ ਹਦਾਇਤਾਂ ਮੁਤਾਬਿਕ ਹੋਮਿਓਪੈਥਿਕ ਵਿਭਾਗ ਵਿੱਚ ਲੋਕਾਂ ਨੂੰ ਵਧੀਆਂ ਸਿਹਤ ਸਹੂਲਤਾਂ ਦੇਣ ਦੇ ਨਾਲ ਸਟਾਫ ਦਾ ਸਮੇਂ ਦੇ ਪਾਬੰਧ ਹੋਣਾ ਵੀ ਜ਼ਰੂਰੀ ਹੈ। ਡਾ: ਹਰਦੀਪ ਸਿੰਘ ਸਾਹੀ ਨੇ ਸੀ.ਐੱਚ.ਸੀ.ਧਾਰੀਵਾਲ ਵਿਖੇ ਸਥਿਤ ਹੋਮਿਓਪੈਥਿਕ ਡਿਸਪੈਂਸਰੀ ਵਿੱਚ ਪ੍ਰਬੰਧਾਂ, ਸਾਫ ਸਫਾਈ ਅਤੇ ਮਰੀਜ਼ਾਂ ਨੂੰ ਮਿਲਣ ਵਾਲੀਆਂ ਸਹੂਲਤਾਂ ਤੋਂ ਸੰਤੁਸ਼ਟੀ ਪ੍ਰਗਟਾਉਂਦੇ ਹੋਏ ਕਿਹਾ ਡਾ: ਅਮਰਿੰਦਰ ਸਿੰਘ ਕਲੇਰ ਮੈਡੀਕਲ ਅਫਸਰ ਹੋਮਿਓਪੈਥੀ ਸੀ.ਐਚ.ਸੀ ਧਾਰੀਵਾਲ ਵੱਲੋਂ ਹੋਮਿਓਪੈਥਿਕ ਵਿਭਾਗ ਵਿੱਚ ਕੀਤੇ ਜਾ ਰਹੇ ਕੰਮ ਪ੍ਰਸ਼ੰਸਾਯੋਗ ਹਨ। ਇਸ ਮੌਕੇ ਹੋਮਿਓਪੈਥੀ ਅਫਸਰ ਡਾ: ਅਮਰਿੰਦਰ ਸਿੰਘ ਕਲੇਰ, ਰਾਜ ਕੁਮਾਰ ਹੋਮਿਓਪੈਥਿਕ ਡਿਸਪੈਂਸਰ, ਦਲਜੀਤ ਕੌਰ ਨਰਸਿੰਗ ਸਿਸਟਰ, ਤਸਵੀਰ ਸਿੰਘ, ਹਰਿੰਦਰ ਸਿੰਘ, ਸੁਖਚੈਨ ਸਿੰਘ, ਅਵਤਾਰ ਮਸੀਹ ਆਦਿ ਹਾਜ਼ਰ ਸਨ।

# ਬਾਬਾ ਅਮਰਜੀਤ ਸਿੰਘ ਬੇਦੀ ਨੂੰ ਵੱਖ-ਵੱਖ ਸਿਆਸੀ ਤੇ ਸਮਾਜ ਸੇਵੀ ਆਗੂਆਂ ਵੱਲੋਂ ਭਾਵਭਿੰਨੀ ਸ਼ਰਧਾਂਜਲੀ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)- ਸਥਾਨਕ ਕਸਬੇ ਦੇ ਸਾਬਕਾ ਕੌਂਸਲਰ ਕੁਲਵਿੰਦਰ ਸਿੰਘ ਬੇਦੀ (ਜੁਗਨੂੰ) ਅਤੇ ਗੁਰਮਿੰਦਰ ਸਿੰਘ ਬੇਦੀ ਦੇ ਪਿਤਾ ਪਾਵਰਕਾਮ ਦੇ ਸਾਬਕਾ ਅਸਿਸਟੈਂਟ ਇੰਜ: ਬਾਬਾ ਅਮਰਜੀਤ ਸਿੰਘ ਬੇਦੀ (75) ਵਾਸੀ ਡੇਰਾ ਬਾਬਾ ਨਾਨਕ ਜੋ ਕੁਝ ਦਿਨ ਪਹਿਲਾਂ ਅਕਾਲ ਚਲਾਣਾ ਕਰ ਗਏ ਸਨ। ਉਨ੍ਹਾਂ ਦੀ ਆਤਮਿਕ ਸ਼ਾਂਤੀ ਲਈ ਰੱਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਅੱਜ ਉਨਾ ਦੇ ਗ੍ਰਹਿ ਵਿਖੇ ਪਾਏ ਗਏ , ਉਪਰੰਤ ਅੰਤਿਮ ਅਰਦਾਸ,ਕੀਰਤਨ ਤੇ ਸਰਧਾਂਜਲੀ ਸਮਾਗਮ ਸਥਾਨਕ 10 ਡੋਗਰਾ ਮਾਰਗ ਸਥਿਤ ਗੁਰਦੁਆਰਾ ਬਾਬਾ ਸ੍ਰੀ ਚੰਦ ਵਿਖੇ ਕਰਵਾਇਆ ਗਿਆ। ਇਸ ਮੌਕੇ ਭਾਈ ਮਨਜਿੰਦਰ ਸਿੰਘ ਧਾਰੋਵਾਲੀ ਹਜ਼ੂਰੀ ਰਾਗੀ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਡੇਰਾ ਬਾਬਾ ਨਾਨਕ ਦੇ ਕੀਰਤਨੀ ਜਥੇ ਵੱਲੋਂ ਵਿਰਾਗਮਈ ਕੀਰਤਨ ਕੀਤਾ ਗਿਆ ,ਉਪਰੰਤ ਹੈਡ ਗ੍ਰੰਥੀ ਭਾਈ ਬਾਬਾ ਭੁਪਿੰਦਰ ਸਿੰਘ ਵੱਲੋਂ ਬਾਬਾ ਅਮਰਜੀਤ ਸਿੰਘ ਬੇਦੀ ਦੀ ਆਤਮਿਕ ਸ਼ਾਂਤੀ ਅਤੇ ਸਰਬਤ ਦੇ ਭਲੇ ਦੀ ਅਰਦਾਸ ਕੀਤੀ ਗਈ। ਇਸ ਮੌਕੇ ਉਨਾਂ ਦੇ ਪਰਿਵਾਰਕ ਮੈਂਬਰ ਬਾਬਾ ਕੁਲਜੀਤ ਸਿੰਘ ਬੇਦੀ ਡਿਪਟੀ ਮੇਅਰ ਮੋਹਾਲੀ ਵੱਲੋਂ ਅਮਰਜੀਤ ਸਿੰਘ ਬੇਦੀ ਨੂੰ ਸਰਧਾਜਲੀ ਦੇਣ ਉਪਰੰਤ ਬੇਦੀ ਪਰਿਵਾਰ ਵੱਲੋ ਆਈਆ ਹੋਈਆ ਸੰਗਤਾਂ ਦਾ ਵਿਸ਼ੇਸ਼ ਤੌਰ ਤੇ ਧੰਨਵਾਦ ਕੀਤਾ ਅਤੇ ਕਿਹਾ ਕਿ ਸਵ: ਬਾਬਾ ਅਮਰਜੀਤ ਸਿੰਘ ਬੇਦੀ ਦੇ ਅਕਾਲ ਚਲਾਣਾ ਕਰ ਜਾਣ ਨਾਲ ਪਰਿਵਾਰ ਨੂੰ ਬਹੁਤ ਵੱਡਾ ਘਾਟਾ ਪਿਆ ਹੈ , ਜੋ ਕਦੇ ਪੂਰਾ ਨਹੀਂ ਹੋ ਸਕਦਾ। ਉਨਾਂ ਕਿਹਾ ਕਿ ਉਨਾਂ ਦੇ ਸਪੁੱਤਰ ਗੁਰਮਿੰਦਰ ਸਿੰਘ ਬੇਦੀ ਅਤੇ ਕੁਲਵਿੰਦਰ ਸਿੰਘ ਬੇਦੀ (ਜੁਗਨੂੰ) ਵੀ ਆਪਣੇ ਪਿਤਾ ਦੇ ਨਕਸ਼ੇ ਕਦਮ ਤੇ ਚੱਲਦਿਆ ਉਸੇ ਤਰਾ ਸਮਾਜ ਦੀ ਸੇਵਾ ਕਰਦੇ ਰਹਿਣਗੇ।

ਇਸ ਮੌਕੇ ਰਾਜਨੀਤਕ, ਧਾਰਮਿਕ, ਸਮਾਜ ਸੇਵੀ, ਆਗੂਆਂ ਤੋਂ ਇਲਾਵਾ ਜਥੇਦਾਰ ਅਮਰੀਕ ਸਿੰਘ ਸਾਹਪੁਰ ਗੋਰਾਇਆ ਮੈਂਬਰ ਐਸਜੀਪੀਸੀ, ਸਾਬਕਾ ਨਗਰ ਕੌਂਸਲ ਪ੍ਰਧਾਨ ਐਡਵੋਕੇਟ ਪ੍ਰਮੀਤ ਸਿੰਘ ਬੇਦੀ, ਸੀਨੀਅਰ ਅਕਾਲੀ ਆਗੂ ਜਥੇਦਾਰ ਅਮਰੀਕ ਸਿੰਘ ਖਲੀਲਪੁਰ, ਐਡੀਸ਼ਨਲ ਐਡਵੋਕੇਟ ਜਰਨਲ ਪੰਜਾਬ ਮੁਕੇਸ਼ ਬੇਰੀ,ਪੱਤਰਕਾਰ ਨਰਿੰਦਰਜੀਤ ਸਿੰਘ ਅੰਮ੍ਰਿਤਸਰ, ਚੇਅਰਮੈਨ ਕੰਵਲਜੀਤ ਸਿੰਘ ਖੁਸ਼ਹਾਲਪੁਰ, ਚੇਅਰਮੈਨ ਮਨਮੋਹਨ ਸਿੰਘ ਪੱਖੋਕੇ, ਚੇਅਰਮੈਨ ਸੁੱਚਾ ਸਿੰਘ ਮੰਮਣ, ਸੀਨੀ: ਅਕਾਲੀ ਆਗੂ ਰਜਿੰਦਰ ਸਿੰਘ ਵੇਰੋਕੇ, ਸਾਬਕਾ ਐਸਡੀਓ ਨਵਜੋਤ ਸਿੰਘ ਨਿੱਕੋਸਰਾ, ਸਾਬਕਾ ਐਸਡੀਓ ਯੂਸਫ ਮਸੀਹ, ਮੈਨੇਜਰ ਬਲਜੀਤ ਸਿੰਘ ਤਲਵੰਡੀ ਰਾਮਾ, ਮੈਨੇਜਰ ਰਣਜੀਤ ਸਿੰਘ ਕਲਿਆਨਪੁਰ, ਮੱਖਣ ਸਿੰਘ ਜੌੜੀਆਂ ਕਲਾਂ, ਦਿਲਬਾਗ ਸਿੰਘ ਮੰਗੀਆਂ, ਆਮ ਪਾਰਟੀ ਆਗੂ ਸਤਨਾਮ ਸਿੰਘ ਹਰੂਵਾਲ, ਬਰਜਿੰਦਰ ਸਿੰਘ ਸਰਪੰਚ, ਸੁੱਚਾ ਸਿੰਘ, ਆਮ ਆਦਮੀ ਪਾਰਟੀ ਆਗੂ ਹਰਜੀਤ ਸਿੰਘ ਠੇਠਰਕੇ, ਬਾਬਾ ਮਨਜੀਤ ਸਿੰਘ ਬੇਦੀ, ਗੁਰਮੀਤ ਸਿੰਘ ਸਰਪੰਚ ਖਾਸਾਂਵਾਲੀ, ਡਾ: ਤਰਲੋਚਣ ਸਿੰਘ ਸੌਖੀ, ਜੇਈ ਜਸਪਾਲ ਸਿੰਘ ਬੇਦੀ, ਸੁੱਚਾ ਸਿੰਘ ਕਾਹਲਾਂਵਾਲੀ, ਡਾ: ਸੁਧੀਰ ਸ਼ਰਮਾ, ਮਾਸਟਰ ਦਵਿੰਦਰ ਕੁਮਾਰ, ਦੇਸ ਰਾਜ ਕਾਨੂੰਗੋ, ਸੁਰਿੰਦਰ ਸਿੰਘ ਰਿੰਪਲ, ਸਾਬਕਾ ਕੌਂਸਲਰ ਧਰਮਪਾਲ ਸਿੰਘ ਮੱਤਰੀ, ਅਸ਼ੋਕ ਕਾਮਰੇਡ, ਸਾਬਕਾ ਜ਼ਿਲ੍ਹਾ ਸਿੱਖਿਆ ਅਫਸਰ ਵਿਨੋਦ ਕੁਮਾਰ ਮੱਤਰੀ, ਸੱਜਣ ਸਿੰਘ ਖਲੀਲਪੁਰ, ਸਤਿੰਦਰ ਸਿੰਘ ਖਲੀਲਪੁਰ, ਹੈਪੀ ਬੇਦੀ, ਕੁਲਬੀਰ ਸਿੰਘ ਬੇਦੀ, ਸੋਨੂੰ ਬੇਦੀ, ਸਾਬਕਾ ਨਗਰ ਕੌਂਸਲ ਪ੍ਰਧਾਨ ਹਰਭਜਨ ਸਿੰਘ ਬੇਦੀ, ਜੇਈ ਚੰਦਰ ਮੋਹਨ ਮਹਾਜਨ, ਹਰਜੋਤ ਸਿੰਘ ਬੇਦੀ, ਕੁਲਦੀਪ ਸਿੰਘ ਬੇਦੀ, ਅਮਰਦੀਪ ਸਿੰਘ ਬੇਦੀ, ਚਰਨਜੀਤ ਸਿੰਘ ਬੇਦੀ, ਕਰਨੈਲ ਸਿੰਘ ਦਾਊਦੀਆ, ਸਾਬਕਾ ਕੌਂਸਲਰ ਦਲਜੀਤ ਸਿੰਘ ਜੋਸ, ਸਾਬਕਾ ਕੌਂਸਲਰ ਬਲਦੇਵ ਰਾਜ ਡਾਇਮੰਡ, ਪ੍ਰਿੰ: ਹਰਜੀਤ ਸਿੰਘ ਬੇਦੀ, ਪ੍ਰੇਮ ਨਾਥ, ਇੰਦਰਜੀਤ ਸਿੰਘ, ਪਰਮਿੰਦਰ ਸਿੰਘ ਬੇਦੀ, ਅੰਮਿਤ ਮਹਾਜਨ, ਰਾਜੇਸ਼ ਹਾਂਡਾ, ਪਵਨ ਕੁਮਾਰ ਪੰਮਾ, ਕੌਂਸਲਰ ਸੱਤਪਾਲ ਸ਼ੌਕੀ, ਅਸ਼ੋਕ ਕੁਮਾਰ ਮਰਵਾਹਾ, ਮਨਮੋਹਨ ਸਿੰਘ ਚਾਕਾਂਵਾਲੀ, ਅਮਰਜੀਤ ਸਿੰਘ ਸਾਧਾਂਵਾਲੀ, ਸੁਰਜੀਤ ਸਿੰਘ ਖੁਸ਼ਹਾਲਪੁਰ, ਰਜਤ ਮਰਵਾਹਾ, ਮੈਨਜਰ ਬਲਜੀਤ ਸਿੰਘ ਪ੍ਰਧਾਨ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ, ਜਗਜੀਤ ਸਿੰਘ ਠੇਠਰਕੇ, ਅਮਰਜੀਤ ਸਿੰਘ ਬੰਬ, ਅਮਰਜੀਤ ਸਿੰਘ ਝੰਗੀ, ਸ਼ਮਸ਼ੇਰ ਸਿੰਘ ਸ਼ੇਰਾ, ਬਲਵਿੰਦਰ ਸਿੰਘ ਬਿੱਲੂ, ਗੁਰਪ੍ਰੀਤ ਸਿੰਘ ਬਾਦਲ, ਮਿੰਟਾ ਰੰਧਾਵਾ, ਦਰਸ਼ਨ ਸਿੰਘ ਰੰਧਾਵਾ, ਕੌਂਸਲਰ ਕੁਲਵੰਤ ਕੌਰ, ਡਾ: ਮੰਨੂ ਬੇਦੀ, ਮਾਸਟਰ ਨਰਿੰਦਰ ਸਿੰਘ, ਮਾਸਟਰ ਗੁਰਵਿੰਦਰ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਇਲਾਕੇ ਦੇ ਲੋਕ ਤੇ ਬੇਦੀ ਪਰਿਵਾਰ ਦੇ ਰਿਸ਼ਤੇਦਾਰ ਹਾਜ਼ਰ ਸਨ।

18-MAY-PAGE-12.qxd 5/17/2023 10:43 PM Page 1



# ਰਵਾਇਤੀ ਪਾਰਟੀਆਂ ਲੋਕਾਂ ਨੂੰ ਧਰਮਾਂ, ਜਾਤਾਂ ਦੇ ਮੁੱਦੇ 'ਤੇ ਹੋਰ ਗੁੰਮਰਾਹ ਨਹੀਂ ਕਰ ਸਕਦੀਆਂ : ਕੰਗ




ਚੰਡੀਗੜ੍ਹ (ਨਵਾਂ ਜ਼ਮਾਨਾ ਸਰਵਿਸ)-ਮੰਗਲਵਾਰ ਨੂੰ ਚੰਡੀਗੜ੍ਹ ਵਿਖੇ ਪਾਰਟੀ ਦੇ ਮੁੱਖ ਦਫਤਰ ਵਿੱਚ ਕੀਤੀ ਪ੍ਰੈੱਸ ਕਾਨਫਰੰਸ ਦੌਰਾਨ ਪੱਤਰਕਾਰਾਂ ਨੂੰ ਮੁਖਾਤਿਬ ਹੁੰਦਿਆਂ 'ਆਪ' ਪੰਜਾਬ ਦੇ ਪ੍ਰਮੁੱਖ ਬੁਲਾਰੇ ਮਲਵਿੰਦਰ ਸਿੰਘ ਕੰਗ ਨੇ ਜਲੰਧਰ ਜ਼ਿਮਨੀ ਚੋਣ ਵਿੱਚ ਪਾਰਟੀ ਦੀ ਹੋਈ ਜਿੱਤ ਦਾ ਸਿਹਰਾ ਸਥਾਨਕ ਵਾਸੀਆਂ ਨੂੰ ਦਿੰਦਿਆਂ ਜਿੱਥੇ ਆਮ ਆਦਮੀ ਪਾਰਟੀ ਦੀ ਮੁੱਦਿਆਂ ਦੀ ਰਾਜਨੀਤੀ ਨੂੰ ਵੋਟ ਦੇਣ ਲਈ ਉਨ੍ਹਾਂ ਦਾ ਧੰਨਵਾਦ ਕੀਤਾ ਉੱਥੇ ਉਨ੍ਹਾਂ 'ਸਰਕਾਰ ਤੁਹਾਡੇ ਦੁਆਰ' ਅਧੀਨ ਜਲੰਧਰ ਵਿਖੇ ਭਲਕੇ ਹੋਣ ਜਾ ਰਹੀ ਕੈਬਨਿਟ ਮੀਟਿੰਗ ਬਾਰੇ ਵੀ ਜਾਣਕਾਰੀ ਦਿੱਤੀ। ਕੰਗ ਨੇ ਲੋਕ ਸਭਾ ਜ਼ਿਮਨੀ ਚੋਣ ਵਿੱਚ ਪਾਰਟੀ ਨੂੰ ਵੱਡੇ ਫਰਕ ਨਾਲ ਜਿਤਾਉਣ ਲਈ ਲੋਕਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਸ ਚੋਣ ਨੇ ਇਹ ਸਿੱਧ ਕਰ ਦਿੱਤਾ ਕਿ ਲੋਕ ਹੁਣ ਰਵਾਇਤੀ ਪਾਰਟੀਆਂ ਵੱਲੋਂ ਕੀਤੀ ਜਾਂਦੀ ਧਰਮਾਂ, ਜਾਤਾਂ ਦੀ ਰਾਜਨੀਤੀ ਨੂੰ ਪੂਰੀ ਤਰ੍ਹਾਂ ਨਕਾਰ ਚੁੱਕੇ ਹਨ ਅਤੇ ਉਨ੍ਹਾਂ ਨੇ 'ਆਪ' ਦੀ ਮੁੱਦਿਆਂ ਅਤੇ ਕੰਮ ਦੀ ਰਾਜਨੀਤੀ ਉੱਪਰ ਆਪਣੀ ਮੁਹਰ ਲਾ ਦਿੱਤੀ ਹੈ। ਕੰਗ ਨੇ ਕਿਹਾ ਕਿ ਅਸੀਂ ਜਲੰਧਰ ਵਾਸੀਆਂ ਵਿਚਾਲੇ ਮਾਨ ਸਰਕਾਰ ਵੱਲੋਂ ਇੱਕ ਸਾਲ ਵਿੱਚ ਕੀਤੇ ਕੰਮਾਂ ਦੇ ਆਧਾਰ 'ਤੇ ਵੋਟ ਮੰਗਣ ਗਏ। ਅਸੀਂ ਉਨ੍ਹਾਂ ਨੂੰ ਮਹਿਜ ਇੱਕ ਸਾਲ ਵਿੱਚ 29000 ਤੋਂ ਵੱਧ ਨੌਜਵਾਨਾਂ ਨੂੰ ਦਿੱਤੀਆਂ ਨੌਕਰੀਆਂ ਬਾਰੇ ਦੱਸਿਆ, ਅਸੀਂ ਦੱਸਿਆ ਕਿ ਕਿਵੇਂ ਮਾਨ ਸਰਕਾਰ ਪੰਜਾਬ ਨੂੰ ਭ੍ਰਿਸ਼ਟਾਚਾਰ ਮੁਕਤ ਕਰ ਰਹੀ ਹੈ, ਇੱਕ ਵਿਧਾਇਕ - ਇੱਕ ਪੈਨਸ਼ਨ, ਦਸ ਹਜਾਰ ਏਕੜ ਤੋਂ ਵਧੇਰੇ ਰਸੂਖਦਾਰਾਂ ਕੋਲੋਂ ਛੁਡਵਾਈ ਸਰਕਾਰੀ ਜਮੀਨ, ਮੁਹੱਲਾ ਕਲੀਨਿਕ, ਸਕੂਲ ਆਫ ਐਮੀਨੈਂਸ ਅਤੇ ਲੋਕਾਂ ਨੂੰ ਮੁਫਤ 600 ਯੂਨਿਟ ਬਿਜਲੀ ਸਮੇਤ ਪੂਰੀਆਂ ਕੀਤੀਆਂ ਜਾ ਰਹੀਆਂ ਗਾਰੰਟੀਆਂ ਬਾਰੇ ਦੱਸਦਿਆਂ ਉਨ੍ਹਾਂ ਨੂੰ ਵੋਟ ਲਈ ਬੇਨਤੀ ਕੀਤੀ। ਵਿਰੋਧੀਆਂ 'ਤੇ ਵਰ੍ਹਦਿਆਂ ਉਨ੍ਹਾਂ ਕਿਹਾ ਕਿ ਅਕਾਲੀ, ਭਾਜਪਾ, ਕਾਂਗਰਸ ਸਭ ਨੇ ਜਲੰਧਰ ਜ਼ਿਮਨੀ ਚੋਣ ਦੌਰਾਨ ਨਾਕਾਰਤਮਕ ਪ੍ਰਚਾਰ ਕਰਦਿਆਂ ਸਾਨੂੰ ਗਾਲ੍ਹਾਂ ਕੱਢੀਆਂ, ਸਾਡੇ ਖਿਲਾਫ ਕੂੜ-ਪ੍ਰਚਾਰ ਕੀਤਾ, ਪਰ ਉਹ ਸਭ ਲੋਕਾਂ ਦੀ ਨਬਜ ਪਛਾਨਣ ਵਿੱਚ ਨਾਕਾਮਯਾਬ ਰਹੇ। ਉਨ੍ਹਾਂ ਚੋਣ ਪ੍ਰਚਾਰ ਦੌਰਾਨ ਅਕਾਲੀ ਆਗੂ ਮਜੀਠੀਆ ਵੱਲੋਂ ਕਰਤਾਰਪੁਰ ਤੋਂ 'ਆਪ' ਵਿਧਾਇਕ ਬਲਕਾਰ ਸਿੰਘ ਨੂੰ ਕੱਢੀਆਂ ਗਾਲ੍ਹਾਂ ਦੀ ਜੰਮ ਕੇ ਆਲੋਚਨਾ ਕੀਤੀ। ਇਸ ਦੌਰਾਨ ਕੰਗ ਨੇ ਕਾਂਗਰਸ ਦੇ ਸੀਨੀਅਰ ਆਗੂ ਪ੍ਰਤਾਪ ਬਾਜਵਾ ਵੱਲੋਂ ਚੋਣ ਤੋਂ ਪਹਿਲਾਂ ਕੀਤੇ ਗਏ ਜਿੱਤ ਦੇ ਵੱਡੇ-ਵੱਡੇ ਦਾਅਵਿਆਂ ਉੱਪਰ ਵੀ ਤੰਜ ਕੱਸਿਆ। ਕੰਗ ਨੇ ਕਿਹਾ ਕਿ ਅਕਾਲੀ ਦਲ ਖੁਦ ਨੂੰ ਸਿੱਖਾਂ ਦੀ ਪਾਰਟੀ ਕਹਿੰਦੀ ਹੈ, ਭਾਜਪਾ ਹਿੰਦੂਆਂ ਦੀ ਅਤੇ ਬਸਪਾ ਨੂੰ ਇਹ ਸਭ ਦਲਿਤਾਂ ਦੀ ਪਾਰਟੀ ਆਖਦੇ ਹਨ। ਇਨ੍ਹਾਂ ਸਭ ਦੀ ਇਸ ਵੰਡ-ਪਾਊ ਸਿਆਸਤ ਵਿਚਾਲੇ ਸਿਰਫ ਆਮ ਆਦਮੀ ਪਾਰਟੀ ਹੀ ਐਸੀ ਹੈ ਜੋ ਪੰਜਾਬ ਸਮੇਤ ਦੇਸ਼ ਦੇ ਹਰ ਵਰਗ, ਭਾਈਚਾਰੇ ਦੀ ਪਾਰਟੀ ਹੈ। ਜੋ ਸਭ ਦਾ ਵਿਕਾਸ ਚਾਹੁੰਦੀ ਹੈ। ਇਸੇ ਕਰਕੇ ਤਾਂ ਪੰਜਾਬ ਅਤੇ ਦਿੱਲੀ ਵਾਸੀਆਂ ਨੇ ਸਾਨੂੰ ਭਾਰੀ ਬਹੁਮਤ ਦਿੱਤਾ। 2019 ਲੋਕ ਸਭਾ ਚੋਣਾਂ ਵਿੱਚ ਜਲੰਧਰ ਵਿੱਚ ਮਿਲੀਆਂ ਪੱਚੀ ਹਜਾਰ ਵੋਟਾਂ ਇਸ ਵਾਰ ਵੱਧ ਕੇ ਤਿੰਨ ਲੱਖ ਤੋਂ ਵੀ ਉੱਪਰ ਹੋ ਗਈਆਂ। ਕਾਂਗਰਸ ਜੋ 2019 ਲੋਕ-ਸਭਾ ਚੋਣਾਂ ਵਿੱਚ ਜਲੰਧਰ ਦੇ 5 ਵਿਧਾਨ ਸਭਾ ਹਲਕਿਆਂ ਵਿੱਚ ਜੇਤੂ ਰਹੀ ਸੀ, ਉਹ ਇਸ ਜ਼ਿਮਨੀ ਚੋਣ ਵਿੱਚ ਪ੍ਰਗਟ ਸਿੰਘ ਵਰਗੇ ਸੀਨੀਅਰ ਕਾਂਗਰਸੀ ਆਗੂ ਸਮੇਤ ਆਪਣੇ ਸਾਰੇ ਹਲਕਿਆਂ ਤੋਂ ਬੁਰੀ ਤਰ੍ਹਾਂ ਹਾਰ ਗਈ। ਮਾਨ ਸਰਕਾਰ ਜਲੰਧਰ ਦੇ ਸਰਵਪੱਖੀ ਵਿਕਾਸ ਲਈ ਬਹੁਤ ਗੰਭੀਰਤਾ ਨਾਲ ਕੰਮ ਕਰ ਰਹੀ ਹੈ ਅਤੇ ਸਾਡਾ ਇਹ ਟੀਚਾ ਹੈ ਕਿ 2024 ਦੀਆਂ ਲੋਕ ਸਭਾ ਚੋਣਾਂ ਵਿੱਚ ਅਸੀਂ ਜਲੰਧਰ ਨੂੰ ਇੱਕ ਮਾਡਲ ਦੇ ਤੌਰ 'ਤੇ ਪੂਰੇ ਦੇਸ਼ ਅੱਗੇ ਪੇਸ਼ ਕਰਾਂਗੇ।

# ਪਰਾਲੀ ਦੀ ਸਾਂਭ-ਸੰਭਾਲ ਲਈ ਬੇਲਰ ਤੇ ਰੇਕਰ ਮਸ਼ੀਨਾਂ ਲਈ ਅਰਜ਼ੀਆਂ ਦੀ ਮੰਗ

**ਕੁਰਾਲੀ (ਮੋਹਨ ਅੱਗਰਵਾਲ)**-ਜ਼ਿਲ੍ਹਾ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਪ੍ਰਸ਼ਾਸਨ ਦੁਆਰਾ ਮੈਕਸ ਸੁਪਰ ਸਪੈਸ਼ੀਐਲਟੀ ਹਸਪਤਾਲ ਦੀ ਸਹਾਇਤਾ ਨਾਲ ਪਰਾਲੀ ਦੀ ਸਾਂਭ-ਸੰਭਾਲ ਹਿੱਤ ਸੀ.ਈ.ਆਰ. ਫੰਡ ਦੀ ਵਰਤੋਂ ਨਾਲ ਝੋਨੇ ਦੀ ਪਰਾਲੀ ਦੀਆਂ ਗੰਢਾਂ ਬਨਾਉਣ ਵਾਲੀ ਮਸ਼ੀਨ ਤਿੰਨ ਬੇਲਰ ਅਤੇ ਤਿੰਨ ਰੇਕਰ ਕਿਸਾਨ / ਕਿਸਾਨ ਗਰੁੱਪਾਂ/ ਗ੍ਰਾਮ ਪੰਚਾਇਤਾਂ/ ਸਹਿਕਾਰੀ ਸਭਾਵਾਂ ਨੂੰ ਸੀ.ਆਰ.ਐਮ. ਸਕੀਮ ਅਨੁਸਾਰ 50 ਪ੍ਰਤੀਸ਼ਤ ਸਬਸਿਡੀ ਤੇ ਮੁਹੱਈਆ ਕਰਵਾਉਣ ਲਈ ਮਿਤੀ 30.05.2023 ਤੱਕ ਕਿਸਾਨ ਪਾਸੋਂ ਅਰਜੀਆਂ ਮੰਗੀਆਂ ਗਈਆਂ ਹਨ । ਡਾ. ਗੁਰਬਚਨ ਸਿੰਘ ਮੁੱਖ ਖੇਤੀਬਾੜੀ ਅਫ਼ਸਰ ਨੇ ਦੱਸਿਆ ਕਿ ਡਿਪਟੀ ਕਮਿਸ਼ਨਰ ਸ੍ਰੀਮਤੀ ਆਸ਼ਿਕਾ ਜੈਨ ਆਈ.ਏ.ਐਸ ਦੇ ਦਿਸ਼ਾ-ਨਿਰਦੇਸ਼ ਅਨੁਸਾਰ ਸਾਲ 2023 ਦੌਰਾਨ ਪ੍ਰਸ਼ਾਸਨ ਵੱਲੋਂ ਪਰਾਲੀ ਦੀਆਂ ਗੰਢਾਂ ਬਣਾਉਣ ਵਾਲੀ ਮਸ਼ੀਨ ਬੇਲਰ ਅਤੇ ਰੇਕਰ ਮੁਹੱਈਆ ਕਰਵਾਉਣ ਲਈ ਪ੍ਰੋਗਰਾਮ ਬਣਾਇਆ ਗਿਆ ਹੈ।

ਉਹ ਕਿਸਾਨ/ ਕਿਸਾਨ ਗਰੁੱਪ/ ਗ੍ਰਾਮ ਪੰਚਾਇਤਾਂ ਅਤੇ ਸਹਿਕਾਰੀ ਸਭਾਵਾਂ ਜੋ ਪਰਾਲੀ ਦੀਆਂ ਗੰਢਾਂ ਬਣਾਉਣ ਦੇ ਚਾਹਵਾਨ ਹਨ ਪਾਸੋਂ ਮਿਤੀ 30.05.2023 ਤੱਕ ਅਰਜੀਆਂ ਦੀ ਮੰਗ ਕੀਤੀ ਗਈ ਹੈ। ਉਨ੍ਹਾਂ ਨੇ ਇਹ ਵੀ ਦੱਸਿਆ ਕਿ ਇਨ੍ਹਾਂ ਮਸ਼ੀਨਾਂ ਦੀ ਵਰਤੋਂ ਨਾਲ ਜਿੱਥੇ ਕਿਸਾਨ ਆਪਣੇ ਖੇਤਾਂ ਦੀ ਪਰਾਲੀ ਦੀਆਂ ਗੰਢਾਂ ਬਣਾਉਣਗੇ ਉਸ ਦੇ ਨਾਲ ਹੀ ਹੋਰ ਲੋੜਵੰਦ ਕਿਸਾਨਾਂ ਦੇ ਖੇਤਾਂ ਵਿੱਚ ਪਰਾਲੀ ਇਕੱਠੀ ਕਰਕੇ ਗੰਢਾਂ ਤਿਆਰ ਕਰਨ ਅਤੇ ਸਬੰਧਤ ਫਰਮਾਂ ਨੂੰ ਸਪਲਾਈ ਕਰਨਗੇ।

# ਡੇਂਗੂ ਦਿਵਸ ਮੌਕੇ ਸਕੂਲੀ ਵਿਦਿਆਰਥਣਾਂ ਨੂੰ ਕੀਤਾ ਜਾਗਰੂਕ




**ਸ਼ਾਹਕੋਟ (ਗਿਆਨ ਸੈਦਪੁਰੀ)**-ਸਿਹਤ ਵਿਭਾਗ ਵੱਲੋਂ ਮੰਗਲਵਾਰ ਨੂੰ ਰਾਸ਼ਟਰੀ ਡੇਂਗੂ ਦਿਹਾੜਾ ਮਨਾਇਆ ਗਿਆ। ਸਿਵਲ ਸਰਜਨ ਜਲੰਧਰ ਡਾ. ਰਮਨ ਸ਼ਰਮਾ ਅਤੇ ਸੀ ਐਚ ਸੀ ਸ਼ਾਹਕੋਟ ਦੇ ਸੀਨੀਅਰ ਮੈਡੀਕਲ ਅਫਸਰ ਡਾ. ਦਵਿੰਦਰਪਾਲ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਸਰਕਾਰੀ ਹਾਈ ਸਕੂਲ ਲੜਕੀਆਂ ਵਿਖੇ ਬਲਾਕ ਪੱਧਰੀ ਸੈਮੀਨਾਰ ਕੀਤਾ ਗਿਆ, ਜਿਸ ਵਿੱਚ ਸਕੂਲ ਦੀਆਂ ਬੱਚੀਆਂ ਅਤੇ ਸਟਾਫ ਮੈਂਬਰਾਂ ਨੂੰ ਡੇਂਗੂ ਮੱਛਰ ਦੀ ਰੋਕਥਾਮ ਦੇ ਉਪਰਾਲਿਆਂ ਬਾਰੇ ਜਾਣੂ ਕਰਵਾਇਆ ਗਿਆ। ਉਨ੍ਹਾਂ ਨੂੰ ਹਰ ਐਤਵਾਰ ਆਪਣੇ ਘਰਾਂ ਅਤੇ ਆਸ-ਪਾਸ ਸਾਫ-ਸਫਾਈ ਰੱਖਣ ਲਈ ਪ੍ਰੇਰਿਆ ਗਿਆ। ਸਕੂਲ ਵਿਦਿਆਰਥਣਾਂ ਨੂੰ ਸੰਬੋਧਨ ਕਰਦਿਆਂ ਬੀ ਈ ਈ ਚੰਦਨ ਮਿਸ਼ਰਾ ਨੇ ਕਿਹਾ ਕਿ ਇਸ ਸਾਲ 'ਡੇਂਗੂ ਨੂੰ ਹਰਾਉਣ ਲਈ ਸਾਂਝੇਦਾਰੀ ਕਰੋ' ਥੀਮ ਦੇ ਨਾਲ ਇਹ ਦਿਹਾੜਾ ਮਨਾਇਆ ਜਾ ਰਿਹਾ ਹੈ। ਡੇਂਗੂ ਮੱਛਰ ਭਾਵੇਂ ਬਰਸਾਤਾਂ ਅਤੇ ਉਸ ਤੋਂ ਬਾਅਦ ਜ਼ੋਰ ਫੜਦਾ ਹੈ, ਪਰੰਤੂ ਉਸ ਦੀ ਰੋਕਥਾਮ ਦੀਆਂ ਤਿਆਰੀਆਂ ਹੁਣੇ ਤੋਂ ਸ਼ੁਰੂ ਕਰਨ ਦੀ ਲੋੜ ਹੈ। ਡੇਂਗੂ ਦਾ ਮੱਛਰ ਸਾਡੇ ਘਰਾਂ ਦੇ ਅੰਦਰ ਫਰਿੱਜਾਂ ਦੀਆਂ ਟਰੇਆਂ, ਕੂਲਰਾਂ, ਪੰਛੀਆਂ ਨੂੰ ਪਾਣੀ ਪਿਲਾਉਣ ਲਈ ਕੋਠੇ 'ਤੇ ਰੱਖੇ ਭਾਂਡਿਆਂ ਜਾਂ ਹੋਰ ਟੁੱਟੇ-ਭੱਜੇ ਸਮਾਨ, ਬੇਕਾਰ ਪਏ ਟਾਇਰਾਂ ਜਾਂ ਹੋਰ ਅਜੀਹੇ ਥਾਵਾਂ 'ਤੇ ਆਪਣੇ ਆਂਡੇ ਦਿੰਦਾ ਹੈ ਅਤੇ ਇੱਕ ਹਫ਼ਤੇ 'ਚ ਇਹ ਮੱਛਰ ਬਣ ਜਾਂਦਾ ਹੈ। ਇਸ ਲਈ ਜ਼ਰੂਰੀ ਹੈ ਕਿ ਆਲੇ-ਦੁਆਲੇ ਪਾਣੀ ਨਾ ਖੜ੍ਹਾ ਹੋਣ ਦਿੱਤਾ ਜਾਵੇ। ਫਰਿੱਜਾਂ, ਕੂਲਰਾਂ ਅਤੇ ਅਜਿਹੇ ਹੋਰ ਸਥਾਨਾਂ ਦੀ ਹਫ਼ਤੇ 'ਚ ਘੱਟੋ-ਘੱਟ ਇੱਕ ਵਾਰ ਸਫਾਈ ਕੀਤੀ ਜਾਵੇ, ਜਿੱਥੇ ਪਾਣੀ ਖੜ੍ਹਾ ਹੁੰਦਾ ਹੈ। ਇਸੇ ਲਈ ਵਿਭਾਗ ਵੱਲੋਂ ਹਰ ਐਤਵਾਰ, ਡੇਂਗੂ 'ਤੇ ਵਾਰ ਨਾਅਰੇ ਤਹਿਤ ਹਰ ਐਤਵਾਰ ਨੂੰ ਸਵੇਰੇ ਦਸ ਵਜੇ ਦਸ ਮਿੰਟ ਕੱਢ ਕੇ ਸਫਾਈ ਕਰਨ ਬਾਰੇ ਜਾਗਰੂਕ ਕੀਤਾ ਜਾ ਰਿਹਾ ਹੈ। ਡੇਂਗੂ ਬੁਖਾਰ ਦੀਆਂ ਆਮ ਨਿਸ਼ਾਨੀਆਂ ਹਨ- ਤੇਜ਼ ਅਤੇ ਅਚਾਨਕ ਆਉਣ ਵਾਲਾ ਬੁਖਾਰ, ਬਹੁਤ ਤੇਜ਼ ਸਿਰਦਰਦ, ਅੱਖਾਂ ਦੇ ਪਿਛਲੇ ਪਾਸੇ ਦਰਦ, ਹੱਡੀਆਂ ਦੇ ਜੋੜਾਂ ਅਤੇ ਮਾਸਪੇਸ਼ੀਆਂ ਵਿੱਚ ਦਰਦ, ਥਕਾਵਟ, ਉਲਟੀ ਅਤੇ ਸਰੀਰ ਦੇ ਨਿਸ਼ਾਨ ਜੋ ਬੁਖਾਰ ਹੋਣ ਤੋਂ ਪੰਜ-ਸੱਤ ਦਿਨ ਬਾਅਦ ਹੋਣ। ਜੇਕਰ ਕਿਸੇ ਮਰੀਜ਼ ਵਿੱਚ ਅਜਿਹੇ ਲੱਛਣ ਦਿਖਾਈ ਦੇਣ, ਤਾਂ ਉਹ ਤੁਰੰਤ ਆਪਣੀ ਜਾਂਚ ਕਰਵਾਉਣ ਅਤੇ ਇਲਾਜ ਸ਼ੁਰੂ ਕਰਵਾਉਣ। ਇਸ ਮੌਕੇ ਸਕੂਲ ਹੈਡਮਾਸਟਰ ਸਰਬਜੀਤ ਸਿੰਘ, ਅਧਿਆਪਕ ਅਮਨਦੀਪ ਸਿੰਘ, ਅਧਿਆਪਕਾ ਸੰਤੋਸ਼ ਕੁਮਾਰੀ, ਜਸਬੀਰ ਕੌਰ, ਵੀਨਾ ਰਾਣੀ, ਗੁਰਜਿੰਦਰ ਕੌਰ, ਸੰਦੀਪ ਕੌਰ, ਗਗਨਦੀਪ ਕੌਰ, ਸਿਹਤ ਵਿਭਾਗ ਤੋਂ ਐਲ ਐਚ ਵੀ ਰਾਜਿੰਦਰਪਾਲ ਕੌਰ, ਏ ਐਨ ਐਮ ਨਰਿੰਦਰ ਕੌਰ, ਮਲਟੀਪਰਪਜ਼ ਹੈਲਥ ਵਰਕਰ ਗਣੇਸ਼ ਕੁਮਾਰ ਅਤੇ ਬਲਕਾਰ ਸਿੰਘ ਮੌਜੂਦ ਸਨ।

# ਨਾੜ ਨੂੰ ਲਗਾਈ ਅੱਗ, ਪ੍ਰਸ਼ਾਸਨ ਨੇ ਧਾਰੀ ਚੁੱਪੀ

**ਭੋਗਪੁਰ-(ਗੁਰਪ੍ਰੀਤ ਸਿੰਘ ਭੋਗਲ)**-ਪੰਜਾਬ ਸਰਕਾਰ ਵੱਲੋਂ ਫਸਲਾਂ ਦੇ ਨਾੜ ਨੂੰ ਅੱਗ ਦੇ ਹਵਾਲੇ ਕਰਨ ਦੀਆਂ ਅਪੀਲਾਂ ਦੇ ਬਾਵਜੂਦ ਕਿਸਾਨਾਂ ਵੱਲੋਂ ਨਾੜ ਨੂੰ ਖੇਤਾਂ ਵਿੱਚ ਜਲਾਉਣ ਦੇ ਰੁਝਾਨ ਬਾਦਸਤੂਰ ਜਾਰੀ ਹਨ। ਇਸਦੀ ਇਕ ਮਿਸਾਲ ਭੋਗਪੁਰ ਇਲਾਕੇ ਦੀ ਹੈ ਜਿਥੋਂ ਦੇ ਵੱਖ ਵੱਖ ਪਿੰਡਾਂ ਵਿੱਚ ਅੱਜ-ਕੱਲ੍ਹ ਕਣਕ ਦੇ ਨਾੜ ਨੂੰ ਵੱਡੀ ਪੱਧਰ 'ਤੇ ਅੱਗ ਦੇ ਹਵਾਲੇ ਕੀਤਾ ਜਾ ਰਿਹਾ ਹੈ, ਜਿਸ ਨਾਲ ਜਿੱਥੇ ਖੇਤਾਂ ਵਿੱਚ ਜੀਵ-ਜੰਤੂ ਅਤੇ ਬੂਟੇ ਸੜ ਕੇ ਸੁਆਹ ਹੋ ਰਹੇ ਹਨ, ਉੱਥੇ ਸੜਕਾਂ ਕਿਨਾਰੇ ਲੱਗੇ ਦਰਖ਼ਤ ਵੀ ਬਰਬਾਦ ਹੋ ਰਹੇ ਹਨ। ਇਸ ਸਬੰਧੀ ਖੇਤੀਬਾੜੀ ਵਿਭਾਗ, ਵਣ ਵਿਭਾਗ ਅਤੇ ਸਬੰਧਤ ਪ੍ਰਸ਼ਾਸਨ ਚੁੱਪੀ ਧਾਰੀ ਬੈਠਾ ਹੈ। ਦੱਸਣਯੋਗ ਹੈ ਕਿ ਘੋੜਾਵਾਹੀ, ਲਾਹਦੜਾ, ਮਾਨਕਰਾਏ, ਇੱਟਾਂ ਬੱਧੀ, ਧੰਮੂਲੀ ਅਤੇ ਹੋਰ ਵੀ ਆਲੇ-ਦੁਆਲੇ ਕਣਕ ਦੀ ਨਾੜ ਨੂੰ ਪਿਛਲੇ ਲਗਪਗ ਇੱਕ ਹਫਤੇ ਤੋਂ ਅੱਗ ਲਗਾਈ ਜਾ ਰਹੀ ਹੈ। ਇਸ ਨਾਲ ਉਕਤ ਸੜਕਾਂ 'ਤੇ ਜਿਥੇ ਅਕਸਰ ਧੂੰਆਂ ਆਵਾਜਾਈ ਨੂੰ ਪ੍ਰਭਾਵਿਤ ਕਰਦਾ ਹੈ ਉਥੇ ਹੀ ਇਨ੍ਹਾਂ ਸੜਕਾਂ ਦੁਆਲੇ ਲੱਗੇ ਦਰੱਖਤ ਵੀ ਅੱਗ ਦੀ ਭੇਟ ਚੜ੍ਹਦੇ ਜਾ ਰਹੇ ਹਨ। ਕਿਸਾਨਾਂ ਵੱਲੋਂ ਖੇਤਾਂ ਵਿੱਚ ਝੋਨੇ ਦੀ ਬਿਜਾਈ ਕਰਨ ਦੇ ਉਦੇਸ਼ ਨਾਲ ਕਣਕ ਦੀ ਨਾੜ ਨੂੰ ਵਾਹਣ ਦੀ ਥਾਂ ਖੇਤਾਂ ਵਿੱਚ ਹੀ ਅੱਗ ਦੇ ਹਵਾਲੇ ਕੀਤਾ ਜਾ ਰਿਹਾ ਹੈ। ਅੱਗ ਲਾਉਣ ਤੋਂ ਬਾਅਦ ਕਿਸਾਨਾਂ ਵੱਲੋਂ ਖੇਤਾਂ ਵਿੱਚ ਬਿਨਾਂ ਵਜ੍ਹਾ ਪਾਣੀ ਛੱਡਿਆ ਜਾਂਦਾ ਹੈ ਜਿਸ ਨਾਲ ਪਾਣੀ ਦੀ ਵੱਡੀ ਬਰਬਾਦੀ ਕੀਤੀ ਜਾ ਰਹੀ ਹੈ। ਇਲਾਕੇ ਦੇ ਲਗਭਗ ਸਾਰੇ ਪਿੰਡਾਂ ਵਿਚ ਖੇਤਾਂ ਵਿੱਚ ਕਣਕ ਦੀ ਨਾੜ ਨੂੰ ਲਗਾਈ ਅੱਗ ਨਾਲ ਖੇਤ ਸੁਆਹ ਨਾਲ ਭਰੇ ਹੋਏ ਹਨ। ਇਸ ਬਾਰੇ ਵਾਤਾਵਰਣ ਪ੍ਰੇਮੀ ਅਮਰਜੀਤ ਸਿੰਘ ਭੰਗੂ ਪਿੰਡ ਚਾੜਕੇ ਨੇ ਕਿਹਾ ਕਿ ਰੋਜ਼ਾਨਾ ਅੱਗ ਲਾਉਣ ਦੀਆਂ ਘਟਨਾਵਾਂ ਵਾਪਰ ਰਹੀਆਂ ਹਨ ਪਰ ਪ੍ਰਸ਼ਾਸਨ ਨੂੰ ਇਸ ਪਾਸੇ ਵੱਲ ਜਰੂਰ ਧਿਆਨ ਦੇਣਾ ਚਾਹੀਦਾ ਹੈ।

# ਸ੍ਰੀ ਗੁਰੂ ਅਰਜਨ ਦੇਵ ਦਾ ਸ਼ਹੀਦੀ ਸਮਾਗਮ 21 ਤੋਂ

**ਨੂਰਮਹਿਲ ( ਬਾਲ ਕ੍ਰਿਸ਼ਨ ਬਾਲੀ )**-ਪਿੰਡ ਸੁੰਨੜ ਕਲਾਂ ਤੋਂ ਸੈਦੋਵਾਲ ਤੱਗੜਾ ਰੋਡ ਨਜਦੀਕ ਧੰਨ ਧੰਨ ਬਾਬੇ ਸ਼ਹੀਦਾਂ ਜੀ ਦਾ ਪਵਿੱਤਰ ਅਸਥਾਨ ਜਿੱਥੇ ਹਰ ਸਾਲ ਧੰਨ ਧੰਨ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਨ 'ਤੇ ਧਾਰਮਿਕ ਸਮਾਗਮ ਕਰਵਾਇਆ ਜਾਂਦਾ ਹੈ। ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਗਿਆਨ ਸਿੰਘ ਨੇ ਦੱਸਿਆ ਕਿ ਸ਼ਹੀਦਾਂ ਦੇ ਸਰਤਾਜ ਧੰਨ ਧੰਨ ਸ੍ਰੀ ਗੁਰੂ ਅਰਜਨ ਦੇਵ ਜੀ ਦਾ ਸਾਲਾਨਾ ਸ਼ਹੀਦੀ ਸਮਾਗਮ 21, 22, 23, ਮਈ 2023, ਐਤਵਾਰ, ਸੋਮਵਾਰ, ਮੰਗਲਵਾਰ, ਬੜੀ ਸ਼ਰਧਾ ਪੂਰਵਕ ਮਨਾਇਆ ਜਾ ਰਿਹਾ ਹੈ। 21 ਮਈ ਆਰੰਭ ਸ੍ਰੀ ਆਖੰਡ ਪਾਠ ਸਾਹਿਬ , 22 ਮਈ ਨਿਸ਼ਾਨ ਸਾਹਿਬ ਦੇ ਚੋਅਲੇ ਦੀ ਸੇਵਾ 7 ਤੋਂ 10 ਵਜੇ ਤੱਕ, 23 ਮਈ ਭੋਗ ਸ੍ਰੀ ਆਖੰਡ ਪਾਠ ਸਾਹਿਬ 10.30 ਸਵੇਰੇ ਉਪਰੰਤ ਢਾਡੀ ਜੱਥਾ ਜਤਿੰਦਰ ਸਿੰਘ ਨੂਰਪੁਰੀ, ਢਾਡੀ ਜੱਥਾ ਬੀਬੀ ਦਲੇਰ ਕੌਰ ਖਾਲਸਾ ਦੁਪਹਿਰ 2.30 ਵਜੇ ਤੱਕ ਢਾਡੀ ਵਾਰਾਂ ਨਾਲ ਸੰਗਤਾਂ ਨੂੰ ਨਿਹਾਲ ਕਰਨਗੇ ।

# ਐੱਲ ਪੀ ਯੂ ਦੇ ਸਾਬਕਾ ਵਿਦਿਆਰਥੀ ਵੱਲੋਂ ਤਾਈਵਾਨ ਦਾ ਦੌਰਾ




**ਜਲੰਧਰ -(ਸ਼ੈਲੀ ਐਲਬਰਟ)**- ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐੱਲ.ਪੀ.ਯੂ) ਦੇ ਨਵੀਨਤਾਕਾਰੀ ਖੇਤੀ ਉਦਯੋਗਪਤੀ, ਸੁਮੰਤ ਬਿੰਦਲ ਨੂੰ ਹਾਲ ਹੀ 'ਚ ਤਾਈਵਾਨ ਦੇ ਵਰਲਡ ਵੈਜੀਟੇਬਲ ਸੈਂਟਰ ਕੰਸੋਰਟੀਅਮ ਵਿੱਚ ਖੇਤੀ ਖੋਜ ਅਤੇ ਵਿਕਾਸ ਗਤੀਵਿਧੀਆਂ ਨੂੰ ਪਹਿਲਾਂ ਨਾਲੋਂ ਮਜ਼ਬੂਤ ਬਣਾਉਣ ਲਈ ਸੱਦਾ ਦਿੱਤਾ ਗਿਆ ਸੀ। ਏਸ਼ੀਆ ਅਤੇ ਪੈਸੀਫਿਕ ਸੀਡ ਐਸੋਸੀਏਸ਼ਨ ਨੇ ਉਸ ਦੀ ਕਨਸੋਰਟੀਅਮ ਮੈਂਬਰਸ਼ਿਪ ਦੀ ਸਹੂਲਤ ਦਿੱਤੀ । ਐਲ ਪੀ ਯੂ ਦੇ ਐਮ ਐਸ ਸੀ ਪਲਾਂਟ ਬਰੀਡਿੰਗ ਦੇ ਪ੍ਰੋਗਰਾਮ ਦਾ ਪਾਸ ਆਊਟ ਵਿਦਿਆਰਥੀ ਸੁਮੰਤ ਇਸ ਸਮੇਂ ਆਰ ਕੇ ਸੀਡ ਫਾਰਮਜ਼ (ਆਰ) ਦਾ ਡਾਇਰੈਕਟਰ ਹੈ। ਸੁਮੰਤ ਦੀ ਸਬਜ਼ੀਆਂ ਦੀਆਂ ਸੁਧਰੀਆਂ ਕਿਸਮਾਂ ਦੇ ਵਿਕਾਸ ਲਈ ਪੌਦਿਆਂ ਦੇ ਪ੍ਰਜਨਨ ਵਿੱਚ ਡੂੰਘੀ ਦਿਲਚਸਪੀ ਹੈ । ਐਲ ਪੀ ਯੂ ਵਿੱਚ ਪੜ੍ਹਦੇ ਹੋਏ ਸੁਮੰਤ ਨੇ ਪੀ ਐਚ ਡੀ ਪ੍ਰੋਗਰਾਮ ਲਈ ਆਸਟ੍ਰੇਲੀਅਨ ਨੈਸ਼ਨਲ ਯੂਨੀਵਰਸਿਟੀ ਦੀ ਇੱਕ ਕਰੋੜ ਰੁਪਏ ਤੋਂ ਵੱਧ ਦੀ ਸਕਾਲਰਸ਼ਿਪ ਪ੍ਰਾਪਤ ਕੀਤੀ। ਉਸ ਨੇ ਆਸਟ੍ਰੇਲੀਆ ਵਿੱਚ ਭਾਰਤ ਦੇ ਵਿਸ਼ਾਲ ਖੇਤੀਬਾੜੀ ਖੇਤਰਾਂ ਵਿੱਚ ਪ੍ਰਾਪਤ ਕੀਤੇ ਗਿਆਨ ਦੀ ਵਰਤੋਂ ਦੇਸ਼ ਅਤੇ ਇਸ ਦੇ ਕਿਸਾਨਾਂ ਦੀ ਬਿਹਤਰੀ ਲਈ ਕੀਤੀ । ਐਲ ਪੀ ਯੂ ਦੇ ਚਾਂਸਲਰ ਡਾ. ਅਸ਼ੋਕ ਕੁਮਾਰ ਮਿੱਤਲ ਨੇ ਸੁਮੰਤ ਨੂੰ ਦੁਰਲੱਭ ਮੀਲ ਪੱਥਰ ਹਾਸਲ ਕਰਨ ਲਈ ਵਧਾਈ ਦਿੱਤੀ । ਸੁਮੰਤ ਦਾ ਮੰਨਣਾ ਹੈ ਕਿ ਐਲ ਪੀ ਯੂ ਦੇ ਸਹੀ ਮਾਰਗਦਰਸ਼ਨ ਤੋਂ ਬਿਨਾਂ, ਉਸ ਲਈ ਅਜਿਹੀ ਗਲੋਬਲ ਮਾਨਤਾ ਪ੍ਰਾਪਤ ਕਰਨਾ ਸੰਭਵ ਨਹੀਂ ਸੀ। ਉਸ ਨੇ ਇਹ ਵੀ ਸਾਂਝਾ ਕੀਤਾ ਕਿ ਐਲ ਪੀ ਯੂ ਦੇ ਇੱਕ ਸਮੈਸਟਰ ਦੌਰਾਨ ਉਸ ਨੇ 8 ਦੇਸ਼ਾਂ ਦੀਆਂ 65 ਕਿਸਮਾਂ ਦੇ ਲੂਫਾ (ਟੋਰੀ) ਤੇ ਉੱਲੀ ਖੋਜ ਲਈ ਤਾਈਵਾਨ ਦੇ ਵਿਸ਼ਵ ਸਬਜ਼ੀ ਕੇਂਦਰ ਵਿੱਚ ਛੇ ਮਹੀਨੇ ਦਾ ਇੱਕ ਮੁਫਤ ਖੋਜ ਫੈਲੋਸ਼ਿਪ ਪ੍ਰੋਗਰਾਮ ਵੀ ਪ੍ਰਾਪਤ ਕੀਤਾ ਸੀ । ਵਰਲਡ ਵੈਜੀਟੇਬਲ ਸੈਂਟਰ ਇੱਕ ਅੰਤਰਰਾਸ਼ਟਰੀ ਖੇਤੀਬਾੜੀ ਖੋਜ ਅਤੇ ਵਿਕਾਸ ਕੇਂਦਰ ਹੈ, ਜਿਸ ਦਾ ਉਦੇਸ਼ ਦੁਨੀਆ ਵਿੱਚ ਗਰੀਬੀ ਅਤੇ ਕੁਪੋਸ਼ਣ ਨੂੰ ਦੂਰ ਕਰਨਾ ਹੈ। ਇਸ ਦਾ ਉਦੇਸ਼ ਪੌਸ਼ਟਿਕ, ਸਿਹਤ ਨੂੰ ਉਤਸ਼ਾਹਿਤ ਕਰਨ ਵਾਲੀਆਂ ਸਬਜ਼ੀਆਂ ਦੇ ਉਤਪਾਦਨ ਅਤੇ ਖਪਤ ਨੂੰ ਵਧਾਉਣਾ ਹੈ, ਜਿੱਥੇ ਵਰਲਡ ਵੈਜ ਵੱਖ-ਵੱਖ ਖੋਜ ਸਾਂਝੇਦਾਰੀਆਂ ਬਣਾ ਕੇ ਆਪਣਾ ਮਿਸ਼ਨ ਪੂਰਾ ਕਰਦਾ ਹੈ।

# ਆਦਿ ਧਰਮ ਮੰਡਲ ਦਾ ਸਥਾਪਨਾ ਦਿਵਸ 11 ਜੂਨ ਨੂੰ



**ਨੂਰਮਹਿਲ ( ਬਾਲ ਕ੍ਰਿਸ਼ਨ ਬਾਲੀ )** - ਸਮੂਹ ਸੰਤ ਸਮਾਜ ਵਲੋਂ ਆਦਿ ਧਰਮ ਮੰਡਲ ਸਥਾਪਨਾ ਸੰਤ ਸਮਾਜ ਦੇ ਆਗੂ ਸੰਤ ਸਰਵਨ ਦਾਸ ਜੀ ਗੱਦੀਨਸ਼ੀਨ ਡੇਰਾ ਸੰਤ ਟਹਿਲ ਦਾਸ ਜੀ ਸਲੇਮ ਟਾਬਰੀ ਲੁਧਿਆਣਾ ਅਤੇ ਸੰਤ ਸਤਵਿੰਦਰ ਹੀਰਾ ਸ੍ਰੀ ਖੁਰਾਲਗੜ੍ਹ ਸਾਹਿਬ ਨੇ ਦੱਸਿਆ ਕਿ ਇਸ ਸਮਾਗਮ ਵਿਚ ਭਾਰਤ ਭਰ ਤੋਂ ਆਗੂ ਅਤੇ ਲੋਕ ਪੁੱਜ ਰਹੇ ਹਨ । ਉਹਨਾਂ ਦੱਸਿਆ ਕਿ ਇਸ ਸਮਾਗਮ ਵਿਚ ਪਛੜੇ ਵਰਗ ਨਾਲ ਸੰਬੰਧਤ ਮੰਗਾਂ ਅਤੇ ਰਾਖਵੇਂਕਰਨ ਸੰਬੰਧੀ ਵਿਚਾਰ ਵਟਾਂਦਰਾ ਕੀਤਾ ਜਾਵੇਗਾ ਅਤੇ ਮੌਜੂਦਾ ਸਰਕਾਰ ਨੂੰ ਇਹਨਾਂ ਮੰਗਾਂ ਨੂੰ ਲਾਗੂ ਕਰਵਾਉਣ ਲਈ ਪ੍ਰੋਗਰਾਮ ਉਲੀਕਿਆ ਜਾਵੇਗਾ । ਉਹਨਾਂ ਦੱਸਿਆ ਕਿ ਆਦਿ ਧਰਮ ਮੰਡਲ ਦੀ ਸਥਾਪਨਾ 1926 ਵਿਚ ਕੀਤੀ ਗਈ ਸੀ ਅਤੇ ਅੱਜ ਤਕਰੀਬਨ 98 ਸਾਲ ਹੋ ਗਏ ਹਨ ਪ੍ਰੰਤੂ ਪੱਛੜੇ ਵਰਗ ਨੂੰ ਉਹਨਾਂ ਦੇ ਬਣਦੇ ਹੱਕ ਨਹੀਂ ਮਿਲ ਰਹੇ । ਉਹਨਾਂ ਸਮੂਹ ਇਨਸਾਫ ਪਸੰਦ ਸੰਗਤਾਂ ਨੂੰ ਇਸ ਸਮਾਗਮ ਵਿੱਚ ਪੁੱਜਣ ਦੀ ਅਪੀਲ ਕੀਤੀ ।

# ਵਿਦਿਆਰਥਣ ਦੀ ਆਈ ਆਈ ਟੀ ਬੰਬੇ ਵਿਜ਼ਿਟ ਲਈ ਚੋਣ



**ਜਲੰਧਰ -(ਸ਼ੈਲੀ ਐਲਬਰਟ)**- ਆਈ.ਕੇ.ਗੁਜਰਾਲ ਪੰਜਾਬ ਟੈਕਨੀਕਲ ਯੂਨੀਵਰਸਿਟੀ ਅੰਮ੍ਰਿਤਸਰ ਕੈਂਪਸ ਦੀ ਬੀ.ਟੈਕ (ਕੰਪਿਊਟਰ ਸਾਇੰਸ ਅਤੇ ਇੰਜਨੀਅਰਿੰਗ) ਛੇਵੇਂ ਸਮੈਸਟਰ ਦੀ ਵਿਦਿਆਰਥਣ ਮਨਵੀਨ ਕੌਰ ਨੂੰ ਭਾਰਤ ਸਰਕਾਰ ਦੇ ਯੁਵਾ ਸੰਗਮ ਪ੍ਰੋਗਰਾਮ ਤਹਿਤ ਇੰਡੀਅਨ ਇੰਸਟੀਚਿਊਟ ਆਫ਼ ਟੈਕਨਾਲੋਜੀ ਬੰਬੇ (ਆਈ.ਆਈ.ਟੀ.) ਜਾਣ ਲਈ ਚੁਣਿਆ ਗਿਆ ਹੈ। ਯੁਵਾ ਸੰਗਮ ਭਾਰਤ ਸਰਕਾਰ ਦੀ ਇੱਕ ਪਹਿਲਕਦਮੀ ਹੈ ਜੋ ਲੋਕਾਂ ਨੂੰ ਲੋਕਾਂ ਨਾਲ ਜੋੜਨ ਲਈ ਖਾਸ ਤੌਰ ਤੇ ਦੇਸ਼ ਭਰ ਦੇ ਨੌਜਵਾਨਾਂ ਵਿੱਚ ਮਜ਼ਬੂਤ ਕਰਨ ਲਈ ਹੈ। ਇਹ ਨੌਜਵਾਨਾਂ ਦੇ ਐਕਸਪੋਜ਼ਰ ਟੂਰ ਕਰਵਾਉਣ 'ਤੇ ਕੇਂਦਰਿਤ ਕਰਦਾ ਹੈ, ਜਿਸ ਵਿੱਚ ਮੁੱਖ ਤੌਰ 'ਤੇ ਦੇਸ਼ ਭਰ ਤੋਂ ਭਾਰਤ ਦੇ ਵੱਖ-ਵੱਖ ਰਾਜਾਂ ਵਿੱਚ ਉੱਚ ਵਿੱਦਿਅਕ ਸੰਸਥਾਵਾਂ ਵਿੱਚ ਪੜ੍ਹ ਰਹੇ ਵਿਦਿਆਰਥੀ ਸ਼ਾਮਲ ਹੁੰਦੇ ਹਨ।ਆਈ.ਕੇ.ਜੀ ਪੀ.ਟੀ.ਯੂ ਦੀ ਵਿਦਿਆਰਣ ਮਨਵੀਨ ਆਪਣੀ ਫੇਰੀ ਦੌਰਾਨ ਪੰਜ ਵਿਆਪਕ ਖੇਤਰਾਂ - ਸੈਰ-ਸਪਾਟਾ, ਪਰੰਪਰਾ (ਰਵਾਇਤਾਂ), ਪ੍ਰਗਤੀ (ਵਿਕਾਸ) ਅਤੇ ਪਰਸਪਰ ਸੰਪਰਕ (ਲੋਕਾਂ ਤੋਂ ਲੋਕਾਂ ਨਾਲ ਜੁੜਨ), ਪ੍ਰੋਡਿਓਗਿਕ (ਤਕਨਾਲੋਜੀ) ਦੇ ਤਹਿਤ ਇੱਕ ਬਹੁ-ਆਯਾਮੀ ਐਕਸਪੋਜ਼ਰ ਕਰੇਗੀ। ਮਹਾਰਾਸ਼ਟਰ ਵਿੱਚ ਆਈ.ਆਈ.ਟੀ ਬੰਬੇ ਦੀ ਉਸ ਦੀ ਫੇਰੀ ਪੂਰੀ ਤਰ੍ਹਾਂ ਭਾਰਤ ਸਰਕਾਰ ਵੱਲੋਂ ਸਪਾਂਸਰ ਕੀਤੀ ਗਈ ਹੈ। ਇਸ ਵਿਲੱਖਣ ਯੁਵਾ ਸੰਗਮ ਪ੍ਰੋਗਰਾਮ ਤਹਿਤ ਚੁਣੇ ਜਾਣ 'ਤੇ ਆਪਣੀ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਮਨਵੀਨ ਕੌਰ ਨੇ ਪੰਜਾਬ ਦੇ ਵਿਦਿਆਰਥੀਆਂ ਲਈ ਅਜਿਹੇ ਰਾਸ਼ਟਰੀ ਪੱਧਰ ਦੇ ਐਕਸਪੋਜ਼ਰ ਲਈ ਸਰਕਾਰ ਦੇ ਯਤਨਾਂ ਦੀ ਸ਼ਲਾਘਾ ਕੀਤੀ ਹੈ, ਇਸ ਨਾਲ ਜਿੱਥੇ ਇੱਕ ਰਾਜ ਦੇ ਨੌਜਵਾਨਾਂ ਨੂੰ ਦੂਜੇ ਰਾਜਾਂ ਦੇ ਸੱਭਿਆਚਾਰ ਨੂੰ ਸਮਝਣ ਦਾ ਮੌਕਾ ਮਿਲਦਾ ਹੈ, ਓਥੇ ਹੀ ਉਸ ਰਾਜ ਨੂੰ ਨੇੜੇ ਤੋਂ ਜਾਨਣ ਦਾ ਮੌਕਾ ਮਿਲਦਾ ਹੈ। ਆਈ.ਕੇ.ਜੀ ਪੀ.ਟੀ.ਯੂ ਅੰਮ੍ਰਿਤਸਰ ਕੈਂਪਸ ਦੇ ਡਾਇਰੈਕਟਰ ਡਾ. ਅਮਿਤ ਸਰੀਨ, ਕੈਂਪਸ ਦੇ ਡਿਪਟੀ ਰਜਿਸਟਰਾਰ ਸੌਰਭ ਸ਼ਰਮਾ ਅਤੇ ਸੀ.ਐਸ.ਈ ਦੇ ਕੋਆਰਡੀਨੇਟਰ ਵਿਭਾਗ ਡਾ. ਵਿਪੁਲ ਸ਼ਰਮਾ ਨੇ ਉਸ ਦੀ ਚੋਣ 'ਤੇ ਵਧਾਈ ਦਿੱਤੀ।

# ਖ਼ਾਲਸਾ ਕਾਲਜ 'ਚ ਵਿਦਿਆਰਥੀਆਂ ਨੂੰ ਵਜ਼ੀਫ਼ੇ ਦੇ ਚੈੱਕ ਤਕਸੀਮ



**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)** ਬੱਬਰ ਅਕਾਲੀ ਮੈਮੋਰੀਅਲ ਖ਼ਾਲਸਾ ਕਾਲਜ ਗੜ੍ਹਸ਼ੰਕਰ ਵਿਖੇ ਠੇਕੇਦਾਰ ਸੁਰਿੰਦਰ ਸਿੰਘ ਭੁੱਲੇਵਾਲ ਰਾਠਾਂ ਸਾਬਕਾ ਵਿਧਾਇਕ ਤੇ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਕਾਲਜ ਦੇ ਵਿਦਿਆਰਥੀਆਂ ਨੂੰ ਕਰਨਲ ਓ.ਪੀ. ਲਾਂਬਾ ਅਤੇ ਕ੍ਰਿਸ਼ਨਾ ਲਾਂਬਾ ਮੈਰਿਟ ਅਵਾਰਡ ਅਤੇ ਆਈ.ਆਈ.ਆਈ. ਸੁਸਾਇਟੀ ਆਫ਼ ਸਾਇੰਸ ਸਟੂਡੈਂਟਸ ਦੀਆਂ ਵਜੀਫ਼ਾ ਸਕੀਮਾਂ ਦੇ ਚੈੱਕ ਵੰਡੇ ਗਏ। ਇਸ ਮੌਕੇ ਬੀ.ਐੱਸਸੀ. ਨਾਨ ਮੈਡੀਕਲ ਭਾਗ ਦੂਜਾ ਦੀ ਵਿਦਿਆਰਥਣ ਸਪਨਾ ਅਤੇ ਬੀ.ਐੱਸ.ਸੀ. ਮੈਡੀਕਲ ਭਾਗ ਪਹਿਲਾ ਦੀ ਵਿਦਿਆਰਥਣ ਕਿਰਨਦੀਪ ਕੌਰ ਨੂੰ 5-5 ਹਜ਼ਾਰ ਰੁਪਏ ਦੇ ਵਜੀਫ਼ੇ ਦੇ ਚੈੱਕ ਦਿੱਤੇ ਗਏ। ਬੀ.ਐੱਸਸੀ. ਬੀ.ਐੱਡ. ਭਾਗ ਪਹਿਲਾ ਦੀ ਵਿਦਿਆਰਥਣ ਸਿਮਰਨ ਕੌਰ ਨੂੰ 5 ਹਜ਼ਾਰ ਰੁਪਏ ਅਤੇ ਬੀ.ਐੱਸਸੀ. ਭਾਗ ਤੀਜਾ ਦੀ ਵਿਦਿਆਥਣ ਦਲਜੀਤ ਕੌਰ ਨੂੰ 5 ਹਜ਼ਾਰ ਰੁਪਏ ਦਾ ਚੈੱਕ ਅਤੇ ਬੀ.ਐੱਸਸੀ. ਬੀ.ਐੱਡ. ਦੀ ਵਿਦਿਆਰਥਣ ਵਿਸ਼ਾਲੀ ਚੌਧਰੀ ਨੂੰ 3500 ਰੁਪਏ ਦੀ ਵਜੀਫ਼ਾ ਰਾਸ਼ੀ ਦਾ ਚੈੱਕ ਸੌਂਪਿਆ ਗਿਆ। ਇਸ ਮੌਕੇ ਚੈੱਕ ਤਕਸੀਮ ਕਰਦਿਆਂ ਠੇਕੇਦਾਰ ਸੁਰਿੰਦਰ ਸਿੰਘ ਭੁੱਲੇਵਾਲ ਰਾਠਾਂ ਨੇ ਜਿਥੇ ਵਜ਼ੀਫ਼ਾ ਸਕੀਮਾਂ ਦੀ ਸ਼ਲਾਘਾ ਕੀਤੀ ਉਥੇ ਉਨ੍ਹਾਂ ਕਿਹਾ ਕਿ ਇਹ ਵਿੱਤੀ ਮਦਦ ਲੋੜਵੰਦ ਵਿਦਿਆਰਥੀਆਂ ਦੀ ਪੜ੍ਹਾਈ ਵਿਚ ਵੱਡੀ ਮਦਦ ਸਾਬਤ ਹੁੰਦੀ ਹੈ। ਉਨ੍ਹਾਂ ਲੋੜਵੰਦ ਤੇ ਹੋਣਹਾਰ ਵਿਦਿਆਰਥੀਆਂ ਲਈ ਅਜਿਹੇ ਉਪਰਾਲੇ ਕਰਨ ਲਈ ਪ੍ਰੇਰਿਤ ਕੀਤਾ। ਕਾਲਜ ਦੇ ਕਾਰਜਕਾਰੀ ਪ੍ਰਿੰਸੀਪਲ ਪ੍ਰੋ. ਲਖਵਿੰਦਰਜੀਤ ਕੌਰ ਨੇ ਵੱਖ-ਵੱਖ ਵਜ਼ੀਫ਼ਾ ਸਕੀਮਾਂ 'ਤੇ ਚਾਨਣਾ ਪਾਉਂਦੇ ਹੋਏ ਆਈਆਈਆਈ ਸੁਸਾਇਟੀ ਦੇ ਮੈਂਬਰਾਂ ਅਤੇ ਓ.ਪੀ. ਲਾਂਬਾ ਅਤੇ ਕ੍ਰਿਸ਼ਨਾ ਲਾਂਬਾ ਮੈਰਿਟ ਅਵਾਰਡ ਐਸੋਸੀਏਸ਼ਨ ਦਾ ਵਜ਼ੀਫ਼ਾ ਰਾਸ਼ੀ ਜਾਰੀ ਕਰਨ ਲਈ ਧੰਨਵਾਦ ਕੀਤਾ।

# ਸ਼ਹੀਦੀ ਦਿਹਾੜੇ ਨੂੰ ਸਮਰਪਿਤ ਵਿਸ਼ਾਲ ਨਗਰ ਕੀਰਤਨ ਸਜਾਏ



**ਮੇਹਟੀਆਣਾ(ਜਗਤਾਰ ਸਿੰਘ ਭੁੰਗਰਨੀ)** ਪਿੰਡ ਹਰਬੰਸਪੁਰਾ (ਜਗਜੀਤਪੁਰ) ਵਿਖੇ ਗੁਰਦੁਆਰਾ ਸ਼ਹੀਦਾਂ ਸਿੰਘਾਂ ਦੇ ਅਸਥਾਨ ਸਮੂਹ ਨਗਰ ਨਿਵਾਸੀਆਂ, ਗ੍ਰਾਮ ਪੰਚਾਇਤ, ਐਨ ਆਰ ਆਈ ਵੀਰਾਂ, ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਇਲਾਕੇ ਦੇ ਸਹਿਯੋਗ ਨਾਲ ਸ਼ਹੀਦਾਂ ਦੇ ਸਿਰਤਾਜ, ਸ਼ਾਂਤੀ ਦੇ ਪੁੰਜ ਧੰਨ ਧੰਨ ਸ੍ਰੀ ਗੁਰੂ ਅਰਜਨ ਦੇਵ ਦੇ ਦਿਹਾੜੇ ਨੂੰ ਸਮਰਪਿਤ ਵਿਸ਼ਾਲ ਨਗਰ ਕੀਰਤਨ ਸਜਾਏ ਗਏ। ਨਗਰ ਕੀਰਤਨ ਦੌਰਾਨ ਭਾਈ ਬਲਵੀਰ ਸਿੰਘ ਨੰਗਲ ਖੇੜਾ, ਭਾਈ ਭਗਵਾਨ ਸਿੰਘ ਹੈੱਡ ਗ੍ਰੰਥੀ ਸਾਹਨੀ, ਭਾਈ ਸਤਨਾਮ ਸਿੰਘ ਹੈੱਡ ਗ੍ਰੰਥੀ ਹਰਬੰਸਪੁਰਾ, ਭਾਈ ਗੁਰਦਿਆਲ ਸਿੰਘ ਲੱਖਪੁਰ ਇੰਟਰਨੈਸ਼ਨਲ ਢਾਡੀ ਜੱਥਾ ਆਦਿ ਨੇ ਗੁਰਬਾਣੀ ਗੁਰਇਤਿਹਾਸ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਇਸ ਮੌਕੇ ਪ੍ਰਬੰਧਕਾਂ ਵੱਲੋਂ ਸਹਿਯੋਗੀਆਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਨਗਰ ਕੀਰਤਨ ਦੌਰਾਨ ਨੀਲੀਆ ਫੌਜਾ ਗੱਤਕਾ ਅਖਾੜਾ, ਮਿਸਲ ਗੁਰੂ ਹਰਿਗੋਬਿੰਦਗੜ੍ਹ ਮਹਿਤਾ ਚੌਂਕ ਆਦਿ ਨੇ ਆਪਣੇ ਗੱਤਕੇ ਦੇ ਜੌਹਰ ਦਿਖਾਏ ਗਏ। ਇਸ ਮੌਕੇ ਵਿਸ਼ਾਲ ਨਗਰ ਕੀਰਤਨ ਦੌਰਾਨ ਮਹਿੰਦਰ ਸਿੰਘ, ਤੀਰਥ ਸਿੰਘ, ਮੇਜਰ ਸਿੰਘ, ਜਰਨੈਲ ਸਿੰਘ, ਸਤਪਾਲ ਸਿੰਘ, ਅਜੈਬ ਸਿੰਘ, ਬਾਬਾ ਸਤਨਾਮ ਸਿੰਘ ਹੈੱਡ ਗ੍ਰੰਥੀ, ਮੇਜਰ ਸਿੰਘ ਖਾਲਸਾ, ਰਣਧੀਰ ਸਿੰਘ, ਗੁਰਮੁੱਖ ਸਿੰਘ, ਜੋਗਾ ਸਿੰਘ, ਸੋਹਣ ਸਿੰਘ, ਜਸਵੀਰ ਸਿੰਘ, ਲਖਵਿੰਦਰ ਸਿੰਘ, ਰਛਪਾਲ ਸਿੰਘ, ਟਹਿਲ ਸਿੰਘ, ਰਣਜੋਧ ਸਿੰਘ, ਹਰਜੀਤ ਸਿੰਘ ਆਦਿ ਹਾਜ਼ਰ ਸਨ।

# ਸਕੂਲ ਟੀਚਰਜ਼ ਫੈਡਰੇਸ਼ਨ ਆਫ ਇੰਡੀਆ ਵੱਲੋਂ ਰਾਸ਼ਟਰ ਪੱਧਰੀ ਅੰਦੋਲਨ ਦਾ ਸੱਦਾ



**ਮਹਿਤਪੁਰ (ਰਾਜਾ)** ਰਾਸ਼ਟਰੀ ਸਿੱਖਿਆ ਨੀਤੀ-2020 ਨੂੰ ਰੱਦ ਕਰਨ ਅਤੇ ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨ ਦੀ ਮੰਗ ਨੂੰ ਲੈ ਕੇ ਪਿੰਡ ਪੱਧਰ ਤੋਂ ਲੈ ਕੇ ਰਾਸ਼ਟਰੀ ਪੱਧਰ ਤੱਕ ਸਾਂਝਾ ਅੰਦੋਲਨ ਕੀਤਾ ਜਾਵੇਗਾ। ਕੇਰਲ ਦੀ ਰਾਜਧਾਨੀ ਤਿਰੂਵਨੰਤਪੁਰਮ ਵਿੱਚ ਪਿਛਲੇ ਦਿਨੀ ਸਕੂਲ ਟੀਚਰਜ ਫੈਡਰੇਸ਼ਨ ਆਫ ਇੰਡੀਆ (ਐਸਟੀਐਫਆਈ) ਦੀ ਦੋ ਦਿਨਾਂ ਰਾਸ਼ਟਰੀ ਪੱਧਰ ਦੀ ਮੀਟਿੰਗ ਹੋਈ। ਮੀਟਿੰਗ ਵਿੱਚ ਕੌਮੀ ਸਿੱਖਿਆ ਨੀਤੀ-2020 ਨੂੰ ਰੱਦ ਕਰਨ ਅਤੇ ਪੁਰਾਣੀ ਪੈਨਸ਼ਨ ਸਕੀਮ ਮੁੜ ਸੁਰੂ ਕਰਨ ਦੀ ਮੰਗ ਲਈ ਪਿੰਡ ਪੱਧਰ ਤੋਂ ਲੈ ਕੇ ਕੌਮੀ ਪੱਧਰ ਤੱਕ ਸਾਂਝੇ ਅੰਦੋਲਨ ਦਾ ਸੱਦਾ ਦਿੱਤਾ ਗਿਆ। ਫੈਡਰੇਸ਼ਨ ਦੇ ਸਕੱਤਰੇਤ ਅਤੇ ਰਾਸ਼ਟਰੀ ਕਾਰਜਕਾਰਨੀ ਕਮੇਟੀ ਦੀ ਇੱਕ ਮੀਟਿੰਗ ਕੇਰਲ ਦੀ ਸਭ ਤੋਂ ਵੱਡੀ ਅਧਿਆਪਕ ਜਥੇਬੰਦੀ ਕੇਰਲ ਸਕੂਲ ਟੀਚਰਜ ਐਸੋਸੀਏਸਨ (ਕੇਐਸਟੀਏ) ਦੇ ਸੂਬਾ ਦਫਤਰ ਵਿੱਚ ਹੋਈ। ਇਸ ਤੋਂ ਇਲਾਵਾ ਫੈਡਰੇਸ਼ਨ ਦੀ ਕੌਮੀ ਜਨਰਲ ਕੌਂਸਲ ਦੀ ਮੀਟਿੰਗ ਵੀ ਹੋਈ। ਮੀਟਿੰਗਾਂ ਵਿੱਚ ਫੈਡਰੇਸ਼ਨ ਅਧੀਨ ਆਉਂਦੀਆਂ 24 ਜਥੇਬੰਦੀਆਂ ਵਿੱਚੋਂ 21 ਦੇ ਆਗੂ ਹਾਜਰ ਸਨ। ਮੀਟਿੰਗਾਂ ਦਾ ਸੰਚਾਲਨ ਫੈਡਰੇਸਨ ਦੇ ਪ੍ਰਧਾਨ ਕੇ. ਸੀ. ਹਰੀਕ੍ਰਿਸ਼ਨਨ ਨੇ ਕੀਤਾ। ਜਥੇਬੰਦੀ ਦੇ ਜਨਰਲ ਸਕੱਤਰ ਸੀ.ਐਨ.ਭਾਰਤੀ ਨੇ ਜਥੇਬੰਦੀ ਦੇ ਪਿਛਲੇ ਇੱਕ ਸਾਲ ਦੇ ਪ੍ਰੋਗਰਾਮਾਂ ਦਾ ਮੁਲਾਂਕਣ ਕੀਤਾ ਅਤੇ ਭਵਿੱਖ ਦੇ ਅੰਦੋਲਨ ਦਾ ਪ੍ਰੋਗਰਾਮ ਉਲੀਕਿਆ। ਪਿਛਲੇ ਦਿਨਾਂ ਦੀ ਸਥਿਤੀ ਦਾ ਮੁਲਾਂਕਣ ਕਰਦਿਆਂ, ਸੀ ਐਨ ਭਾਰਤੀ ਨੇ ਕਿਹਾ ਕਿ ਕੇਂਦਰ ਦੀ ਭਾਜਪਾ ਸਰਕਾਰ ਕਿਸੇ ਵੀ ਅਸਹਿਮਤੀ ਵਾਲੇ ਵਿਚਾਰਾਂ ਨੂੰ ਬੋਲਣ ਨਹੀਂ ਦੇ ਰਹੀ ਅਤੇ ਟਰੇਡ ਯੂਨੀਅਨਾਂ ਨੂੰ ਵਿਰੋਧ ਪ੍ਰਦਰਸ਼ਨ ਕਰਨ ਦੀ ਇਜਾਜਤ ਨਹੀਂ ਦੇ ਰਹੀ ਹੈ। ਕੇਂਦਰ ਸਰਕਾਰ ਦੀ ਅਸਹਿਣਸ਼ੀਲਤਾ, ਕੇਂਦਰੀ ਸਿੱਖਿਆ ਮੰਤਰੀ ਦੇ ਸਿੱਧੇ ਬਿਆਨ ਤੋਂ ਉਜਾਗਰ ਹੋ ਗਈ ਹੈ ਕਿ ਉਹ ਮੰਗ ਨਹੀਂ ਮੰਨ ਸਕਦੇ। ਰਾਸ਼ਟਰੀ ਸਿੱਖਿਆ ਨੀਤੀ - 2020 ਅਤੇ ਰਾਸ਼ਟਰੀ ਪਾਠਕ੍ਰਮ ਫਰੇਮਵਰਕ - 2023 ਨੂੰ ਰੱਦ ਕਰਨਾ, ਪਾਠਕ੍ਰਮ ਵਿੱਚ ਕਟੌਤੀ ਦੇ ਨਾਂਅ 'ਤੇ ਪਾਠਕ੍ਰਮ ਦੇ ਚੁਣੇ ਹੋਏ ਹਿੱਸਿਆਂ ਨੂੰ ਬਾਹਰ ਕਰਨ ਅਤੇ ਦੇਸ਼ ਵਿੱਚ ਪੁਰਾਣੀ ਪੈਨਸ਼ਨ ਸਕੀਮ ਨੂੰ ਮੁੜ ਸੁਰੂ ਕਰਨ , ਇੱਕ ਜਮਹੂਰੀ ਮਾਹੌਲ ਨੂੰ ਬਹਾਲ ਕਰਨ, ਸਮਾਜਿਕ ਸਦਭਾਵਨਾ ਨੂੰ ਕਾਇਮ ਰੱਖਣ, ਸਮਾਜ ਦੇ ਸ਼ੋਸ਼ਿਤ ਅਤੇ ਵਾਂਝੇ ਵਰਗਾਂ ਦੇ ਹੱਕਾਂ ਦੀ ਰਾਖੀ ਲਈ, ਵਿਦਿਆਰਥੀਆਂ ਅਤੇ ਅਧਿਆਪਕਾਂ ਦੇ ਹਿੱਤਾਂ ਦੀ ਰਾਖੀ ਲਈ, ਕੌਮ ਦੇ ਲੋਕਾਂ ਨੂੰ ਜਥੇਬੰਦ ਕਰਕੇ ਦੇਸ ਭਰ ਵਿੱਚ ਇੱਕ ਮਜ਼ਬੂਤ ਲਹਿਰ ਖੜ੍ਹੀ ਕਰਨ ਦਾ ਫੈਸਲਾ ਕੀਤਾ ਗਿਆ। ਪੰਜਾਬ ਤੋਂ ਉਨ੍ਹਾਂ ਦੇ ਨਾਲ, ਸੁੱਚਾ ਸਿੰਘ ਜ਼ਿਲ੍ਹਾ ਪ੍ਰਧਾਨ ਰੂਪਨਗਰ ਅਤੇ ਮਨਜੀਤ ਕੌਰ ਈ ਟੀ ਟੀ ਅਧਿਆਪਕ ਵੀ ਜਨਰਲ ਕੌਂਸਲ ਵਿੱਚ ਹਾਜਰ ਸਨ।

# 'ਆਪ' ਦੀ ਜਿੱਤ ਨੇ ਸਰਕਾਰ ਦੇ ਕੰਮਾਂ 'ਤੇ ਲਗਾਈ ਮੋਹਰ- ਜੱਸਲ



**ਆਦਮਪੁਰ ( ਪਰਮਜੀਤ ਸਿੰਘ )**:- ਜਲੰਧਰ ਜ਼ਿਮਨੀ ਚੋਣ ਵਿਚ ਆਮ ਆਦਮੀ ਪਾਰਟੀ ਦੀ ਜਿੱਤ ਨੇ ਪੰਜਾਬ ਦੀ ਭਗਵੰਤ ਮਾਨ ਸਰਕਾਰ ਦੇ 14 ਮਹੀਨਿਆਂ ਦੇ ਕੰਮਾਂ 'ਤੇ ਜਨਤਾ ਨੇ ਮੋਹਰ ਲਗਾ ਦਿੱਤੀ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਦੋਆਬੇ ਦੇ ਸੀਨੀਅਰ ਆਗੂ ਜਗਦੀਸ਼ ਕੁਮਾਰ ਜੱਸਲ ਨੇ ਆਦਮਪੁਰ ਸ਼ਹਿਰ ਵਿਚ ਕੱਢੇ ਗਏ ਧੰਨਵਾਦੀ ਰੋਡ ਪੈਦਲ ਮਾਰਚ ਦੌਰਾਨ ਕੀਤਾ। ਇਸ ਮੌਕੇ ਹਲਕਾ ਟਾਂਡਾ ਤੋਂ ਵਿਧਾਇਕ ਜਸਵੀਰ ਸਿੰਘ ਰਾਜਾ, ਹਲਕਾ ਦਸੂਹਾ ਤੋਂ ਵਿਧਾਇਕ ਕਰਮਵੀਰ ਸਿੰਘ ਘੁੰਮਣ ਵੀ ਹਾਜ਼ਰ ਸਨ। ਇਸ ਮੌਕੇ ਜਗਦੀਸ਼ ਕੁਮਾਰ ਜੱਸਲ ਨੇ ਕਿਹਾ ਕਿ ਪੇਂਡੂ ਵਿਕਾਸ ਤੇ ਪੰਚਾਇਤ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੂੰ ਆਮ ਆਦਮੀ ਪਾਰਟੀ ਦੀ ਹਾਈਕਮਾਂਡ ਵੱਲੋਂ ਆਦਮਪੁਰ ਹਲਕੇ ਦਾ ਇੰਚਾਰਜ ਲਗਾਇਆ ਸੀ ਅਤੇ ਆਦਮਪੁਰ ਹਲਕੇ ਵਿਚੋਂ ਰਿਕਾਰਡ ਤੋੜ ਵੋਟਾਂ ਨਾਲ ਹੋਈ ਜਿੱਤ ਨੇ ਸਾਬਤ ਕਰ ਦਿੱਤਾ ਹੈ ਕਿ ਆਮ ਆਦਮੀ ਪਾਰਟੀ ਵੱਲੋਂ ਕੀਤੇ ਕੰਮ ਜਿਵੇਂ 600 ਯੂਨਿਟ ਬਿਜਲੀ ਮੁਆਫ਼, ਮੁਹੱਲਾ ਕਲੀਨਿਕ, ਸਿਹਤ ਸਹੂਲਤਾਂ, 7 ਟੋਲ ਪਲਾਜ਼ਾ ਬੰਦ ਕਰਨੇ ਆਦਿ ਕੰਮ ਲੋਕਾਂ ਦੇ ਹੱਕ ਵਿਚ ਕੀਤੇ ਗਏ ਹਨ।

# ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਦਸਮੇਸ਼ ਨਗਰ ਵਿਖੇ ਪ੍ਰਬੰਧਕ ਕਮੇਟੀ ਦੀ ਚੋਣ

**ਟਾਂਡਾ ਉੜਮੁੜ, ( ਜਸਵਿੰਦਰ ਸੰਧੂ ,ਉਂਕਾਰ ਸਿੰਘ )**- ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਦਸਮੇਸ਼ ਨਗਰ ਟਾਂਡਾ ਦੀ ਨਵੀਂ ਪ੍ਰਬੰਧਕ ਕਮੇਟੀ ਦੀ ਚੋਣ ਕੀਤੀ ਗਈ। ਸਰਬਸੰਮਤੀ ਨਾਲ ਚੁਣੀ 11 ਮੈਂਬਰੀ ਕਮੇਟੀ ਵਿੱਚ ਗੁਰਦੀਪ ਸਿੰਘ ਨੂੰ ਪ੍ਰਧਾਨ, ਸਰਧਾ ਸਿੰਘ ਤੇ ਹਰਵਿੰਦਰ ਸਿੰਘ ਨੂੰ ਸੀਨੀਅਰ ਮੀਤ ਪ੍ਰਧਾਨ, ਸੁਰਜੀਤ ਸਿੰਘ ਨੂੰ ਜਨਰਲ ਸਕੱਤਰ, ਮਨਜੀਤ ਸਿੰਘ ਮੀਤ ਸਕੱਤਰ, ਸੁਖਵਿੰਦਰ ਸਿੰਘ ਰਤਨ ਨੂੰ ਪ੍ਰਚਾਰ ਸਕੱਤਰ, ਦਵਿੰਦਰ ਸਿੰਘ ਨੂੰ ਖਜਾਨਚੀ, ਮਨਜੀਤ ਸਿੰਘ ਨੂੰ ਉਪ ਖਜਾਨਚੀ, ਮਾਸਟਰ ਜਸਬੀਰ ਸਿੰਘ ਨੂੰ ਲੇਖਾਕਾਰ, ਸਰਵਜੀਤ ਸਿੰਘ ਨੂੰ ਉਪ-ਲੇਖਾਕਾਰ, ਅਵਤਾਰ ਸਿੰਘ ਤਾਰੀ ਨੂੰ ਸਲਾਹਕਾਰ ਚੁਣਿਆ ਗਿਆ। ਨਵ-ਨਿਯੁਕਤ ਪ੍ਰਧਾਨ ਗੁਰਦੀਪ ਸਿੰਘ ਨੇ ਸਮੂਹ ਕਮੇਟੀ ਮੈਂਬਰਾਂ ਅਤੇ ਸੰਗਤਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਗੁਰੂ ਘਰ ਦੀ ਸੇਵਾ, ਅੰਦਰ ਗੁਰਮਤਿ ਦਾ ਪ੍ਰਚਾਰ ਅਤੇ ਪ੍ਰਸਾਰ ਸਭਨਾਂ ਦੇ ਸਹਿਯੋਗ ਨਾਲ ਕੀਤਾ ਜਾਵੇਗਾ।

ਨਵੇਂ ਚੁਣੇ ਗਏ ਅਹੁਦੇਦਾਰਾਂ ਨੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ। ਇਸ ਮੌਕੇ ਰਮਿੰਦਰ ਸਿੰਘ, ਗਗਨਿੰਦਰ ਸਿੰਘ ,ਸੁਖਦੇਵ ਸਿੰਘ, ਹਰਿੰਦਰ ਸਿੰਘ, ਮਨਜੀਤ ਸਿੰਘ ,ਜਸਵੀਰ ਸਿੰਘ ਸਾਬਕਾ ਸਕੱਤਰ, ਕਾਬਲ ਸਿੰਘ, ਧਨਵੀਰ ਸਿੰਘ, ਬਚਿੱਤਰ ਸਿੰਘ ਅਤੇ ਬਾਬਾ ਜੋਰਾਵਰ ਸਿੰਘ ਸਭਾ ਦੇ ਮੈਂਬਰ ਆਦਿ ਹਾਜਰ ਸਨ।



# ਟਰਾਂਸਫਾਰਮਰਾਂ ਦੀਆਂ ਚੋਰੀਆਂ ਤੇ ਝੋਨੇ ਦੇ ਸੀਜ਼ਨ ਦੇ ਸੰਬੰਧ 'ਚ ਕੀਤੀ ਮੀਟਿੰਗ



**ਮਹਿਤਪੁਰ (ਰਾਜਾ)** ਇਲਾਕੇ ਅਤੇ ਆਲੇ-ਦੁਆਲੇ ਪਿੰਡਾਂ ਵਿੱਚ ਟਰਾਂਸਫਾਰਮਰਾਂ ਦੀਆਂ ਵਧ ਰਹੀਆਂ ਚੋਰੀ ਦੀਆਂ ਵਾਰਦਾਤਾਂ ਤੇ ਅਗਲੇ ਮਹੀਨੇ ਆਉਣ ਵਾਲੇ ਝੋਨੇ ਦੇ ਸੀਜਨ ਨੂੰ ਮੁੱਖ ਰੱਖਦੇ ਹੋਏ ਬਿਜਲੀ ਦਫਤਰ ਮਹਿਤਪੁਰ ਵਿਖੇ ਇੱਕ ਮੀਟਿੰਗ ਰੱਖੀ ਗਈ। ਜਿਸ ਵਿੱਚ ਵੱਖ ਵੱਖ ਪਿੰਡਾਂ ਦੇ ਮੋਹਤਬਰ, ਕਿਸਾਨ ਵੱਡੀ ਗਿਣਤੀ ਵਿੱਚ ਪਹੁੰਚੇ। ਪੁਲਸ ਥਾਣਾ ਮੁੱਖੀ ਸਬ ਇੰਸਪੈਕਟਰ ਵਰਿੰਦਰ ਸਿੰਘ ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਪਹੁੰਚੇ। ਇਸ ਮੌਕੇ ਇੰਜ: ਪਰਮਿੰਦਰ ਸਿੰਘ ਭੁੱਟੋ ਐਸ ਡੀ ਓ ਨੇ ਲੋਕਾਂ ਨਾਲ ਚੋਰੀ ਦੇ ਮਸਲੇ ਨੂੰ ਰੋਕਣ 'ਤੇ ਵਿਚਾਰ ਵਟਾਂਦਰਾ ਕੀਤਾ ਤੇ ਮਹਿਕਮੇ ਦਾ ਸਾਥ ਦੇਣ ਲਈ ਕਿਹਾ ਗਿਆ। ਭੁੱਟੋ ਨੇ ਕਿਹਾ ਜੇ ਕਿਸੇ ਨੂੰ ਚੋਰੀ ਦੇ ਸਬੰਧ ਵਿੱਚ ਕਿਸੇ 'ਤੇ ਕੋਈ ਸ਼ੱਕ ਹੋਵੇ ਤਾਂ ਤੁਰੰਤ ਬਿਨਾਂ ਕਿਸੇ ਡਰ ਪੁਲਸ ਥਾਣਾ ਵਿਖੇ ਸ਼ਿਕਾਇਤ ਕੀਤੀ ਜਾਵੇ। ਥਾਣਾ ਮੁੱਖੀ ਨੇ ਕਿਹਾ ਕਿ ਚੋਰੀ ਦੇ ਮਸਲੇ ਵਿੱਚ ਦੋ ਦੋਸ਼ੀਆਂ ਨੂੰ ਕਾਬੂ ਕੀਤਾ ਹੈ ਜਿਨ੍ਹਾਂ ਤੋਂ ਪੁੱਛ ਗਿੱਛ ਕੀਤੀ ਜਾ ਰਹੀ ਹੈ। ਉਨ੍ਹਾਂ ਕਿਸਾਨਾਂ ਨੂੰ ਕਿਹਾ ਕਿ ਜੇ ਕਿਸੇ ਵਿਅੱਕਤੀ 'ਤੇ ਕੋਈ ਸ਼ੱਕ ਹੋਵੇ ਤਾ ਤੁਰੰਤ ਪੁਲਸ ਥਾਣੇ ਨਾਲ ਸੰਪਰਕ ਕਰੇ। ਭੁੱਟੋ ਨੇ ਕਿਹਾ ਕਿ ਅਗਲੇ ਮਹੀਨੇ ਝੋਨੇ ਦਾ ਸੀਜਨ ਹੈ ਤੇ ਸਟਾਫ ਦੀ ਬਹੁਤ ਕਮੀ ਹੈ। ਜਿਸ ਲਈ ਸਾਰੇ ਕਿਸਾਨ ਵੀਰਾਂ ਨੂੰ ਅਪੀਲ ਕਰਦੇ ਹਾ ਕਿ ਸਾਡਾ ਸਾਥ ਦਿੱਤਾ ਜਾਵੇ। ਇਸ ਮੌਕੇ ਇੰਜ: ਮੁਖਤਿਆਰ ਸਿੰਘ ਜੇ ਈ, ਮੁਲਾਜਮ ਗਗਨਦੀਪ ਸਿੰਘ, ਨਿਰਮਲ ਕਿਸ਼ੋਰ, ਕਸ਼ਮੀਰ ਸਿੰਘ ਪੰਨੂ ਦੋਆਬਾ ਕਿਸਾਨ ਯੂਨੀਅਨ ਪ੍ਰਧਾਨ, ਕੁਲਬੀਰ ਸਿੰਘ, ਮਨਦੀਪ ਸਮਰਾ, ਸੁਖਵਿੰਦਰ ਸਿੰਘ ਸੰਗਲਤੋੜ, ਦਲਜੀਤ ਸਿੰਘ, ਸੁਖਦੇਵ ਸਿੰਘ, ਜਸਵੀਰ ਸਿੰਘ, ਸਤਨਾਮ ਸਿੰਘ, ਪਹਿਲਵਾਨ ਸਿੰਘ, ਜਸਪਾਲ ਸਿੰਘ, ਬਲਦੇਵ ਸਿੰਘ, ਅਮਨਦੀਪ ਸਿੰਘ, ਕੁਲਬੀਰ ਸਿੰਘ ਡਾਕਟਰ, ਬਲਕਾਰ ਸਿੰਘ, ਗਰਜੀਤ ਸਿੰਘ, ਰਾਜ ਕੁਮਾਰ ਆਦਿ ਵੱਡੀ ਗਿਣਤੀ ਵਿੱਚ ਕਿਸਾਨ ਹਾਜਰ ਸਨ।

# ਵਿਦਿਆਰਥੀਆਂ ਨੂੰ ਥੈਲੇਸੀਮੀਆ ਬਾਰੇ ਕੀਤਾ ਜਾਗਰੂਕ

**ਜਲੰਧਰ ( ਇਕਬਾਲ ਸਿੰਘ ਉੱਭੀ )** ਵਿਦਿਆਰਥੀਆਂ ਨੂੰ ਥੈਲੇਸੀਮੀਆ ਬਾਰੇ ਜਾਗਰੂਕ ਕਰਨ ਲਈ ਡਿਪਸ ਕਾਲਜ ਆਫ ਐਜੂਕੇਸ਼ਨ ਰਾੜਾ ਮੋੜ ਵਿਖੇ ਥੈਲੇਸੀਮੀਆ ਸਬੰਧੀ ਪ੍ਰਿੰਸੀਪਲ ਡਾ: ਜੋਤੀ ਗੁਪਤਾ ਦੀ ਪ੍ਰਧਾਨਗੀ ਹੇਠ ਜਾਗਰੂਕਤਾ ਮੁਹਿਮ ਚਲਾਈ ਗਈ। ਇਸ ਮੌਕੇ ਬੀ.ਐੱਡ ਦੇ ਵਿਦਿਆਰਥੀਆਂ ਕੰਵਲਜੀਤ ਕੌਰ, ਸੁਭਮ, ਗੁਰਜੀਤ ਕੌਰ ਨੇ ਆਪਣੇ ਭਾਸ਼ਣ ਦੌਰਾਨ ਦੱਸਿਆ ਕਿ ਥੈਲੇਸੀਮੀਆ ਇੱਕ ਜੈਨੇਟਿਕ ਬਿਮਾਰੀ ਹੈ ਅਤੇ ਆਉਣ ਵਾਲੀ ਪੀੜ੍ਹੀ ਨੂੰ ਇਸ ਤੋਂ ਬਚਾਉਣ ਲਈ ਜਰੂਰੀ ਹੈ ਕਿ ਅਸੀਂ ਗਰਭ ਅਵਸਥਾ ਦੇ ਪਹਿਲੇ ਤਿਮਾਹੀ ਵਿੱਚ ਹੀ ਥੈਲੇਸੀਮੀਆ ਦੀ ਜਾਂਚ ਕਰਵਾ ਕੇ ਇਸ ਨੂੰ ਵਧਣ ਤੋਂ ਰੋਕ ਸਕੀਏ। ਇਹ ਭਾਰਤ ਦੇ ਉੱਤਰ ਪੂਰਬੀ ਰਾਜਾਂ ਵਿੱਚ ਆਮ ਬਿਮਾਰੀ ਹੈ ਅਤੇ ਇਹ ਬਿਮਾਰੀ 50% ਖੇਤਰਾਂ ਵਿੱਚ ਫੈਲੀ ਹੋਈ ਹੈ। ਭਾਰਤ ਵਿੱਚ ਇਹ ਪਹਿਲੀ ਵਾਰ 1938 ਵਿੱਚ ਸਾਹਮਣੇ ਆਇਆ ਸੀ। ਇਹ ਪਹਿਲੀ ਵਾਰ 1994 ਵਿੱਚ ਥੈਲੇਸੀਮੀਆ ਇੰਟਰਨੈਸ਼ਨਲ ਫੈਡਰੇਸ਼ਨ ਦੁਆਰਾ ਸੁਰੂ ਕੀਤਾ ਗਿਆ ਸੀ। ਇਸ ਮੌਕੇ ਅਧਿਆਪਕਾਂ ਨੇ ਬੱਚਿਆਂ ਨੂੰ ਜਾਗਰੂਕ ਕਰਦਿਆਂ ਦੱਸਿਆ ਕਿ ਇਸ ਦਾ ਇਲਾਜ ਖੂਨ ਚੜ੍ਹਾਉਣਾ, ਚੈਲੇਸਨ ਥੈਰੇਪੀ ਅਤੇ ਬੋਨ ਮੈਰੋ ਟ੍ਰਾਂਸਪਲਾਂਟ ਹੈ। ਬੋਨ ਮੈਰੋ ਟਰਾਂਸਪਲਾਂਟ ਬਹੁਤ ਮਹਿੰਗਾ ਹੁੰਦਾ ਹੈ ਅਤੇ ਡੋਨਰ ਮਿਲਣਾ ਬਹੁਤ ਮੁਸਕਲ ਹੁੰਦਾ ਹੈ। ਇਸ ਮੌਕੇ ਪ੍ਰਿੰਸੀਪਲ ਨੇ ਕਿਹਾ ਕਿ ਇਸ ਦੇ ਲੱਛਣਾਂ ਨੂੰ ਕਦੇ ਵੀ ਨਜਰਅੰਦਾਜ ਨਹੀਂ ਕਰਨਾ ਚਾਹੀਦਾ। ਅਧਿਆਪਕ ਹੋਣ ਦੇ ਨਾਤੇ ਸਾਨੂੰ ਸਾਰਿਆਂ ਨੂੰ ਇਸ ਬਾਰੇ ਲੋਕਾਂ ਨੂੰ ਜਾਗਰੂਕ ਕਰਨਾ ਚਾਹੀਦਾ ਹੈ ਤਾਂ ਜੋ ਆਉਣ ਵਾਲੇ ਸਮੇਂ ਵਿੱਚ ਇਸ ਬਿਮਾਰੀ ਨੂੰ ਘੱਟ ਕੀਤਾ ਜਾ ਸਕੇ।

# ਬਾਬਾ ਪੰਜ ਪੀਰ ਬਲਾਕ ਮਾਜਰੀ ਵਿਖੇ ਸਾਲਾਨਾ ਭੰਡਾਰਾ ਕਰਵਾਇਆ



**ਮੋਰਿੰਡਾ (ਜੈਜੀ ਸਰਦਾਰ)** ਬਾਬਾ ਪੰਜ ਪੀਰ ਬਲਾਕ ਮਾਜਰੀ ਵਿਖੇ ਸਾਲਾਨਾ ਭੰਡਾਰਾ ਕਰਵਾਇਆ ਗਿਆ। ਇਸ ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਵਿਜੇ ਸ਼ਰਮਾ ਟਿੰਕੂ ਇੰਚਾਰਜ ਵਿਧਾਨ ਸਭਾ ਹਲਕਾ ਖਰੜ ਨੇ ਸ਼ਿਰਕਤ ਕੀਤੀ ਤੇ ਕਿਹਾ ਕਿ ਸਾਨੂੰ ਸਾਰਿਆਂ ਨੂੰ ਰਲ ਮਿਲ ਕੇ ਅਜਿਹੇ ਧਾਰਮਿਕ ਸਮਾਗਮ ਕਰਵਾਉਣੇ ਚਾਹੀਦੇ ਹਨ ਤਾਂ ਜੋ ਆਪਸੀ ਭਾਈਚਾਰਕ ਸਾਂਝ ਕਾਇਮ ਰਹਿ ਸਕੇ। ਉਨ੍ਹਾਂ ਨਾਲ ਰਣਜੀਤ ਸਿੰਘ ਸਰਪੰਚ ਨਗਲੀਆ,ਹੰਸਰਾਜ ਸਿੰਘ ਬੂਥਗੜ੍ਹ ਚੇਅਰਮੈਨ ਐੱਸ ਸੀ ਵਿੰਗ ਜ਼ਿਲ੍ਹਾ ਮੁਹਾਲੀ,ਹਰਨੇਕ ਸਿੰਘ ਤੱਕੀਪੁਰ ਅਤੇ ਬੂਟਾ ਖਾਨ ਚਾਹੜਮਾਜਰਾ ਨੇ ਹਾਜਰੀ ਲਗਵਾਈ। ਵੱਖ-ਵੱਖ ਕਲਾਕਾਰਾਂ ਵਲੋਂ ਸਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ ਗਿਆ। ਇਸ ਸਮਾਗਮ ਨੂੰ ਸਫਲ ਬਣਾਉਣ ਲਈ ਕਮੇਟੀ ਦੇ ਮੈਂਬਰ ਅਜੈਬ ਸਿੰਘ,ਰਹਿਮਤ ਸ਼ਾਹ ਮਸਤਾਨ ਗੱਦੀਨਸ਼ੀਨ,ਬੱਬੂ ਖਿਜਰਾਬਾਦ,ਬਲਵੀਰ ਸਿੰਘ,ਜਸਵੀਰ ਸਿੰਘ,ਸੋਨੂ ਸਿਆਲਬਾ,ਨਰਿੰਦਰ ਸਿੰਘ,ਗਤੀਮ ਸਾਬਰੀ ਆਦਿ ਨੇ ਅਹਿਮ ਯੋਗਦਾਨ ਪਾਇਆ।

# ਮਹੰਤ ਰਾਜਿੰਦਰ ਗਿਰੀ ਦਾ ਕੀਤਾ ਵਿਸ਼ੇਸ਼ ਸਨਮਾਨ



**ਬਹਿਰਾਮ (ਅਵਤਾਰ ਕਲੇਰ)** ਸੱਚੇ ਮਨ ਅਤੇ ਸ਼ਰਧਾ ਨਾਲ ਬਾਬਾ ਜੀ ਦੇ ਚਰਨਾਂ ਵਿੱਚ ਕੀਤੀ ਬੇਨਤੀ ਜ਼ਰੂਰ ਪੂਰੀ ਹੁੰਦੀ ਹੈ । ਬਾਬਾ ਜੀ ਬਹੁਤ ਦਿਆਲੂ ਤੇ ਨਿਮਰਤਾ ਵਾਲੇ ਹਨ ਉਹ ਆਪਣੇ ਭਗਤਾਂ ਦੀ ਹਮੇਸ਼ਾ ਲਾਜ ਰੱਖਦੇ ਹਨ । ਇਹ ਪ੍ਰਵਚਨ ਦਿਓਟ ਸਿੱਧ ਮੰਦਰ ਬਾਬਾ ਬਾਲਕ ਨਾਥ ਹਿਮਾਚਲ ਪ੍ਰਦੇਸ਼ ਦੇ ਗੱਦੀ ਨਸ਼ੀਨ ਮਹੰਤ ਰਾਜਿੰਦਰ ਗਿਰੀ ਨੇ ਸਿੱਧ ਬਾਬਾ ਬਾਲਕ ਨਾਥ ਮੰਦਰ ਲਲਵਾਨ ਵਿਖੇ ਵਿਸ਼ੇਸ਼ ਤੌਰ 'ਤੇ ਸੰਗਤਾਂ ਨਾਲ ਸਾਂਝੇ ਕੀਤੇ । ਲਲਵਾਨ ਮੰਦਰ ਦੇ ਮੁੱਖ ਸੇਵਾਦਾਰ ਭਗਤ ਸੋਢੀ ਰਾਮ ਵਲੋਂ ਜਿਥੇ ਮਹੰਤ ਰਾਜਿੰਦਰ ਗਿਰੀ ਨੂੰ ਜੀ ਆਇਆਂ ਨੂੰ ਆਖਿਆ ਉਥੇ ਉਨ੍ਹਾਂ ਦਾ ਵਿਸ਼ੇਸ਼ ਸਨਮਾਨ ਵੀ ਕੀਤਾ ਗਿਆ। ਅਤੁੱਟ ਭੰਡਾਰਾ ਵਰਤਾਇਆ ਗਿਆ । ਇਸ ਮੌਕੇ ਬੀਬੀ ਪਰਮਜੀਤ ਕੌਰ, ਪ੍ਰਿੰਸੀਪਲ ਜਸਵਿੰਦਰ ਕੌਰ, ਜੈ ਭਗਵਾਨ ਦਿੱਲੀ,ਸ਼ਾਮ ਲਾਲ ਦਿੱਲੀ,ਬਾਬਾ ਮੰਗਲ ਸ਼ਾਹ ਕੰਗਰੋੜ, ਜਸਵੰਤ ਸਿੰਘ ਬਿੰਦ ਸੀਨੀਅਰ ਮੈਡੀਕਲ ਅਫਸਰ,ਰਿੰਕੂ ਬਸਰਾ ,ਇੰਦਰਜੀਤ ਚੰਡੀਗੜ੍ਹ ,ਜਗਨ ਨਾਥ ਮਾਹਿਲਪੁਰ,ਫਤਿਹਜੋਰਾਂ ਕਰੀਹਾ , ਡਾ. ਪ੍ਰਭਦਿਆਲ ਹੀਰ,ਬਾਬਾ ਪ੍ਰੇਮ ਸ਼ਾਹ ਜੰਡਿਆਲੀ,ਜਿੰਦਰ ਕੰਗਰੋੜ ,ਬਹਾਦਰ ਸਿੰਘ ਰਿਹਾਣਾ ਜੱਟਾਂ,ਮਨੋਹਰ ਲਾਲ, ਜੋਗਿੰਦਰ ਰਾਮ ਆਦਿ ਸੰਗਤਾਂ ਹਾਜਰ ਸਨ।

# ਪ੍ਰਭਪ੍ਰੀਤ ਦਾ ਯੂ ਕੇ ਸਟੱਡੀ ਵੀਜ਼ਾ ਲੱਗਿਆ

**ਸੁਲਤਾਨਪੁਰ ਲੋਧੀ, ( ਹਨੀ )**-ਦੋਆਬਾ ਐਜੂਕੇਸ਼ਨਲ ਐਂਡ ਸੋਸਲ ਵੈਲਫੇਅਰ ਚੈਰੀਟੇਬਲ ਸੁਸਾਇਟੀ ਦੇ ਪ੍ਰਬੰਧ ਅਧੀਨ ਚੱਲ ਰਹੀ ਸੰਸਥਾ ਫਤਹਿ ਇੰਗਲਿਸ਼ ਅਕੈਡਮੀ ਦੀ ਆਨਰੇਰੀ ਮੈਨੇਜਰ ਮੈਡਮ ਇੰਦਰਜੀਤ ਕੌਰ ਖਾਲਸਾ ਨੇ ਦੱਸਿਆ ਕਿ ਫਤਿਹ ਇੰਗਲਿਸ਼ ਅਕੈਡਮੀ ਗਾਜੀਪੁਰ ਰੋਡ ਸੁਲਤਾਨਪੁਰ ਲੋਧੀ ਵਿਖੇ ਬਤੌਰ ਕਾਊਂਸਲਰ ਕੰਮ ਕਰਦੀ ਮੈਡਮ ਪ੍ਰਭਪ੍ਰੀਤ ਕੌਰ ਪੁੱਤਰੀ ਸਰਵਣ ਸਿੰਘ ਪਾਂਧੀ ਦਾ ਸਟੱਡੀ ਵੀਜਾ ਲਗਵਾਇਆ ਗਿਆ ਹੈ। ਉਨ੍ਹਾਂ ਨੇ ਦੱਸਿਆ ਕਿ ਪ੍ਰਭਪ੍ਰੀਤ ਕੌਰ ਨੇ ਆਈਲੈਟਸ ਦੇ ਪੇਪਰ ਵਿੱਚੋਂ 6. 5 ਬੈਂਡ ਪ੍ਰਾਪਤ ਕੀਤੇ ਅਤੇ ਯੂ ਕੇ ਸਟੱਡੀ ਵੀਜੇ ਲਈ ਅਪਲਾਈ ਕੀਤਾ। ਉਨ੍ਹਾਂ ਦੱਸਿਆ ਕਿ ਪ੍ਰਭਪ੍ਰੀਤ ਕੌਰ ਆਪਣੀ ਅਗਲੀ ਪੜ੍ਹਾਈ ਲਈ ਯੂਨੀਵਰਸਿਟੀ ਆਫ ਬੈਡਫੋਰਡ ਸਾਇਰ ਲਿਊਟਨ ਇੰਗਲੈਂਡ ਵਿਖੇ ਜਾ ਰਹੀ ਹੈ। ਇਸ ਦੌਰਾਨ ਸੁਸਾਇਟੀ ਦੇ ਪ੍ਰਬੰਧਕ ਸੁਖਦੇਵ ਸਿੰਘ ਖਾਲਸਾ ਵੀ ਹਾਜਰ ਸਨ। ਇਸ ਮੌਕੇ ਪ੍ਰਭਪ੍ਰੀਤ ਕੌਰ, ਜਸਮੀਤ ਕੌਰ, ਹਰਕਿਰਨ ਕੌਰ, ਇਸ਼ਮੀਤ ਸਿੰਘ ਵੀ ਹਾਜਰ ਸਨ।



# ਆਈਲੈਟਸ ਸੈਂਟਰਾਂ ਦੇ ਸੰਚਾਲਕਾਂ ਨਾਲ ਡੀ ਐੱਸ ਪੀ ਨੇ ਕੀਤੀ ਮੀਟਿੰਗ




**ਟਾਂਡਾ ਉੜਮੁੜ ( ਉਂਕਾਰ ਸਿੰਘ ਜਸਵਿੰਦਰ ਸੰਧੂ )**- ਡੀ.ਐੱਸ.ਪੀ ਦਫਤਰ ਟਾਂਡਾ ਵਿਖੇ ਡੀ.ਐੱਸ.ਪੀ.ਕੁਲਵੰਤ ਸਿੰਘ ਨੇ ਆਈਲੈਟਸ ਸੈਂਟਰਾਂ ਦੇ ਸੰਚਾਲਕਾਂ ਨਾਲ ਮੀਟਿੰਗ ਕੀਤੀ ਅਤੇ ਕਿਹਾ ਕਿ ਪੰਜਾਬ ਟਰੈਵਲ ਪ੍ਰੋਫੈਸ਼ਨਲ ਰੈਗੂਲੇਸਨ ਐਕਟ 2014 ਤਹਿਤ ਨਿਰਧਾਰਤ ਨਿਯਮਾਂ ਦੀ ਉਲੰਘਣਾ ਕਰਨ ਵਾਲੇ ਇਮੀਗ੍ਰੇਸ਼ਨ ਸਲਾਹਕਾਰਾਂ ਅਤੇ ਆਈਲੈਟਸ ਸੈਂਟਰਾਂ ਵਿਰੁੱਧ ਸਖਤ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਸਾਰੇ ਕੇਂਦਰਾਂ ਕੋਲ ਲਾਇਸੈਂਸ ਹੋਣਾ ਚਾਹੀਦਾ ਹੈ ਅਤੇ ਸਰਕਾਰ ਵੱਲੋਂ ਜਾਰੀ ਹਦਾਇਤਾਂ ਦੀ ਪਾਲਣਾ ਕਰਨੀ ਚਾਹੀਦੀ ਹੈ। ਇਸ ਮੌਕੇ ਆਈਲੈਟਸ ਅਤੇ ਇਮੀਗ੍ਰੇਸ਼ਨ ਕੰਸਲਟੈਂਟ ਐਸੋਸੀਏਸ਼ਨ ਦੇ ਮੈਂਬਰਾਂ ਹਰਦੀਪ ਜੌਹਲ, ਤਜਿੰਦਰ ਸਿੰਘ ਢਿੱਲੋਂ, ਸੁਖਨਿੰਦਰ ਸਿੰਘ ਕਲੋਟੀ, ਬਲਜਿੰਦਰ ਸਿੰਘ, ਅਮਨਦੀਪ ਸਿੰਘ, ਕਵਲਜੀਤ ਸ਼ਰਮਾ,ਹਰਕਵਲ ਸਿੰਘ, ਰਣਜੀਤ ਕੁਮਾਰ ਨੇ ਦਸਿਆ ਕਿ ਉਹ ਆਪਣੇ ਸੈਂਟਰਾਂ ਨੂੰ ਪੰਜਾਬ ਸਰਕਾਰ ਤੋਂ ਲਾਇਸੰਸ ਲੈ ਕੇ ਚਲਾ ਰਹੇ ਹਨ । ਪਰ ਟਾਂਡਾ ਇਲਾਕੇ ਵਿਚ ਕੁਝ ਲੋਕ ਬਿਨਾਂ ਲਾਇਸੈਂਸ ਆਪਣੇ ਘਰਾਂ ਵਿਚ ਆਈਲੈਟਸ ਦੀ ਕੋਚਿੰਗ ਦੇ ਰਹੇ ਹਨ ਜੋ ਕਿ ਕਾਨੂੰਨ ਦੇ ਵਿਰੁੱਧ ਹੈ। ਉਨ੍ਹਾਂ ਅਜਿਹੇ ਲੋਕਾਂ ਖਿਲਾਫ ਕਾਰਵਾਈ ਦੀ ਮੰਗ ਕੀਤੀ ।



**ਪੰਜਾਬ ਅਤੇ ਹਰਿਆਣਾ ਬਾਰ ਕੌਂਸਲ ਨੇ ਯੁਵਾ ਵਕੀਲ ਯੁਵਰਾਜ ਸਿੰਘ ਜੀ ਨੂੰ ਬਤੌਰ ਮੈਂਬਰ(Co-opted Member) ਨਿਯੁਕਤ ਕੀਤਾ ਇਸ ਮੌਕੇ ਉਹਨਾਂ ਨੇ ਬਾਰ ਕੌਂਸਲ ਦਾ ਧੰਨਵਾਦ ਕੀਤਾ ਅਤੇ ਭਰੋਸਾ ਦਵਾਇਆ ਕੇ ਜੋ ਜੁੰਮੇਵਾਰੀ ਉਹਨਾਂ ਨੂੰ ਮਿਲੀ ਹੈ ਉਹ ਉਸ ਨੂੰ ਪੂਰੀ ਜੁੰਮੇਵਾਰੀ ਨਾਲ ਨਿਭਾਉਣਗੇ। ਉਹਨਾਂ ਦਸਿਆ ਕਿ ਉਹ ਬਾਰ ਕੌਂਸਲ ਦੇ ਸਾਥ ਨਾਲ ਮਾਨਯੋਗ ਵਕੀਲਾਂ ਦੀ ਹਰ ਸਮੱਸਿਆ ਨੂੰ ਹੱਲ ਕਰਨ ਦੀ ਪੂਰੀ ਇਮਾਨਦਾਰੀ ਨਾਲ ਕੋਸ਼ਿਸ਼ ਕਰਨਗੇ।**